28-JUNE-PAGE-1.qxd 6/27/2025 9:27 PM Page 1

ਸ਼ਨੀਵਾਰ, 28 ਜੂਨ, 2025
14 ਹਾੜ { ਨਾਨਕਸ਼ਾਹੀ 557 / ਬਿਕਰਮੀ 2082
ਜਿਲਦ/VOL. : 74
ਅੰਕ/NO. : 27

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • SATURDAY, 28 JUNE, 2025
ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

You Tube nawan zamana TV

ਕੀਮਤ/PRICE : 5.00 ਰੁਪਏ  Regd. No : L-4/Pb-JL-0023/2024-26, (R.N.I.)-00068/57  E-mail : nawanzamana@gmail.com  www.nawanzamana.in  ਸਫ਼ੇ : 12

## ਭਾਰਤ ਨਾਲ ਬਹੁਤ ਵੱਡਾ ਵਪਾਰ ਸਮਝੌਤਾ ਛੇਤੀ ਹੀ : ਟਰੰਪ

**ਵਾਸ਼ਿੰਗਟਨ** : ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਕਿਹਾ ਹੈ ਕਿ ਛੇਤੀ ਹੀ ਭਾਰਤ ਨਾਲ ਇੱਕ 'ਬਹੁਤ ਵੱਡਾ' ਵਪਾਰ ਸਮਝੌਤਾ ਹੋਣ ਵਾਲਾ ਹੈ, ਜੋ ਦੋਵਾਂ ਦੇਸ਼ਾਂ ਦਰਮਿਆਨ ਲੰਮੇ ਸਮੇਂ ਤੋਂ ਉਡੀਕੇ ਜਾ ਰਹੇ ਦੁਵੱਲੇ ਵਪਾਰ ਸਮਝੌਤੇ ਦੀ ਗੱਲਬਾਤ ਪ੍ਰਕਿਰਿਆ ਵਿੱਚ ਮਹੱਤਵਪੂਰਨ ਪੇਸ਼ਕਦਮੀ ਦਾ ਸੰਕੇਤ ਹੈ। ਟਰੰਪ ਨੇ ਸ਼ੁੱਕਰਵਾਰ ਵ੍ਹਾਈਟ ਹਾਊਸ ਵਿਚ 'ਬਿੱਗ ਬਿਊਟੀਫੁਲ ਬਿੱਲ' ਪ੍ਰੋਗਰਾਮ ਵਿਚ ਬੋਲਦਿਆਂ ਕਿਹਾ, "ਸਾਡੇ ਕੁਝ ਵਧੀਆ ਸੌਦੇ ਹੋ ਰਹੇ ਹਨ। ਅਸੀਂ ਛੇਤੀ ਹੀ ਭਾਰਤ ਨਾਲ ਇਕ ਵੱਡਾ ਵਪਾਰਕ ਸਮਝੌਤਾ ਕਰਨ ਜਾ ਰਹੇ ਹਾਂ।" ਟਰੰਪ ਨੇ ਕਿਹਾ ਕਿ ਅਮਰੀਕਾ ਨੇ ਚੀਨ ਨਾਲ ਇੱਕ ਵਪਾਰ ਸਮਝੌਤਾ ਕੀਤਾ ਹੈ। ਹਾਲਾਂਕਿ ਉਨ੍ਹਾ ਇਸ ਸਮਝੌਤੇ ਦੇ ਵੇਰਵਿਆਂ ਬਾਰੇ ਤਫਸੀਲ ਵਿੱਚ ਨਹੀਂ ਦੱਸਿਆ।

ਉਨ੍ਹਾ ਕਿਹਾ, "ਹਰ ਕੋਈ (ਵਪਾਰਕ) ਸੌਦਾ ਕਰਨਾ ਚਾਹੁੰਦਾ ਹੈ ਅਤੇ ਇਸ ਦਾ ਹਿੱਸਾ ਬਣਨਾ ਚਾਹੁੰਦਾ ਹੈ। ਅਸੀਂ ਕੱਲ੍ਹ ਹੀ ਚੀਨ ਨਾਲ ਦਸਤਖਤ ਕੀਤੇ ਹਨ। ਸਾਡੇ ਕੁਝ ਵਧੀਆ ਸੌਦੇ ਹੋ ਰਹੇ ਹਨ।" ਉਨ੍ਹਾ ਕਿਹਾ, "ਅਸੀਂ ਸਾਰਿਆਂ ਨਾਲ ਸੌਦੇ ਨਹੀਂ ਕਰਾਂਗੇ। ਅਸੀਂ ਕੁਝ ਲੋਕਾਂ ਨੂੰ ਬਸ ਪੱਤਰ ਭੇਜ ਕੇ ਕਹਾਂਗਾ ਕਿ ਤੁਹਾਡਾ ਬਹੁਤ-ਬਹੁਤ ਧੰਨਵਾਦ, ਤੁਸੀਂ 25, 35, 45 ਫੀਸਦ (ਟੈਕਸ ਦੀ) ਅਦਾਇਗੀ ਕਰੋਗੇ। ਅਜਿਹਾ ਕਰਨਾ ਸੌਖਾ ਤਰੀਕਾ ਹੈ।"



ਟਰੰਪ ਦੀਆਂ ਟਿੱਪਣੀਆਂ ਉਸ ਸਮੇਂ ਆਈਆਂ ਹਨ, ਜਦੋਂ ਮੁੱਖ ਵਾਰਤਾਕਾਰ ਰਾਜੇਸ਼ ਅਗਰਵਾਲ ਦੀ ਅਗਵਾਈ ਵਾਲੀ ਇੱਕ ਭਾਰਤੀ ਟੀਮ ਵੀਰਵਾਰ ਅਮਰੀਕਾ ਨਾਲ ਵਪਾਰਕ ਗੱਲਬਾਤ ਦੇ ਅਗਲੇ ਦੌਰ ਲਈ ਵਾਸ਼ਿੰਗਟਨ ਪਹੁੰਚੀ ਹੈ। ਦੋਵੇਂ ਦੇਸ਼ ਅੰਤਰਮ ਵਪਾਰ ਸਮਝੌਤੇ ਲਈ ਗੱਲਬਾਤ ਕਰ ਰਹੇ ਹਨ ਅਤੇ 9 ਜੁਲਾਈ ਤੋਂ ਪਹਿਲਾਂ ਸਮਝੌਤੇ ਨੂੰ ਅੰਤਮ ਰੂਪ ਦੇਣ ਦੀ ਕੋਸ਼ਿਸ਼ ਕਰ ਰਹੇ ਹਨ। ਟਰੰਪ ਪ੍ਰਸ਼ਾਸਨ ਨੇ 2 ਅਪਰੈਲ ਨੂੰ ਅਮਰੀਕਾ ਵੱਲੋਂ ਐਲਾਨੇ ਗਏ ਉੱਚ ਟੈਰਿਫਾਂ ਨੂੰ 9 ਜੁਲਾਈ ਤੱਕ ਮੁਅੱਤਲ ਕਰ ਦਿੱਤਾ ਸੀ। ਭਾਰਤ ਲਈ ਖੇਤੀਬਾੜੀ ਅਤੇ ਡੇਅਰੀ ਖੇਤਰ ਅਮਰੀਕਾ ਨੂੰ ਡਿਊਟੀ ਰਿਆਇਤਾਂ ਦੇਣ ਲਈ ਮੁਸ਼ਕਲ ਅਤੇ ਚੁਣੌਤੀਪੂਰਨ ਖੇਤਰ ਹਨ।

ਭਾਰਤ ਨੇ ਹੁਣ ਤੱਕ ਦਸਤਖਤ ਕੀਤੇ ਗਏ ਆਪਣੇ ਕਿਸੇ ਵੀ ਮੁਕਤ ਵਪਾਰ ਸਮਝੌਤਿਆਂ ਵਿੱਚ ਡੇਅਰੀ ਨੂੰ ਨਹੀਂ ਖੋਲ੍ਹਿਆ ਹੈ। ਅਮਰੀਕਾ ਕੁਝ ਉਦਯੋਗਿਕ ਵਸਤਾਂ, ਆਟੋਮੋਬਾਈਲਜ਼, ਖਾਸ ਕਰਕੇ ਇਲੈਕਟ੍ਰਿਕ ਵਾਹਨ, ਵਾਈਨ, ਪੈਟਰੋ ਕੈਮੀਕਲ ਉਤਪਾਦ, ਡੇਅਰੀ ਅਤੇ ਸੇਬ, ਰੁੱਖਾਂ ਦੇ ਗਿਰੀਦਾਰ ਅਤੇ ਜੈਨੇਟਿਕ ਤੌਰ 'ਤੇ ਸੋਧੀਆਂ ਫਸਲਾਂ ਵਰਗੀਆਂ ਖੇਤੀਬਾੜੀ ਵਸਤਾਂ 'ਤੇ ਡਿਊਟੀ ਰਿਆਇਤਾਂ ਚਾਹੁੰਦਾ ਹੈ। ਭਾਰਤ ਪ੍ਰਸਤਾਵਤ ਵਪਾਰ ਸਮਝੌਤੇ ਵਿੱਚ ਟੈਕਸਟਾਈਲ, ਰਤਨ ਅਤੇ ਗਹਿਣੇ, ਚਮੜੇ ਦੇ ਸਮਾਨ, ਕੱਪੜੇ, ਪਲਾਸਟਿਕ, ਰਸਾਇਣ, ਝੀਂਗਾ, ਤੇਲ ਬੀਜ, ਅੰਗੂਰ ਅਤੇ ਕੇਲੇ ਵਰਗੇ ਕਿਰਤ-ਸੰਵੇਦਨਸ਼ੀਲ ਖੇਤਰਾਂ ਲਈ ਡਿਊਟੀ ਰਿਆਇਤਾਂ ਦੀ ਮੰਗ ਕਰ ਰਿਹਾ ਹੈ।

ਟਰੰਪ ਦੇ ਭਾਰਤ ਨਾਲ ਵਪਾਰਕ ਸਮਝੌਤਾ ਸਿਰੇ ਚੜ੍ਹਨ ਦੇ ਦਾਅਵੇ ਤੋਂ ਬਾਅਦ, ਕਾਂਗਰਸ ਨੇ ਮੋਦੀ ਸਰਕਾਰ 'ਤੇ ਤਨਜ਼ ਕੱਸਦਿਆਂ ਕਿਹਾ ਕਿ ਹੁਣ ਭਾਰਤ ਨਾਲ ਜੁੜੇ ਅਹਿਮ ਫੈਸਲਿਆਂ ਬਾਰੇ ਜਾਣਕਾਰੀ ਵ੍ਹਾਈਟ ਹਾਊਸ ਤੋਂ ਆ ਰਹੀ ਹੈ। ਕਾਂਗਰਸ ਦੇ ਜਨਰਲ ਸਕੱਤਰ ਜੈਰਾਮ ਰਮੇਸ਼ ਨੇ ਐਕਸ 'ਤੇ ਇਕ ਪੋਸਟ ਵਿਚ ਕਿਹਾ, "ਰਾਸ਼ਟਰਪਤੀ ਟਰੰਪ ਨੇ 16 ਵਾਰ ਦੁਹਰਾਇਆ ਹੈ ਕਿ ਉਨ੍ਹਾ ਨੇ ਭਾਰਤ ਅਤੇ ਪਾਕਿਸਤਾਨ ਵਿਚਕਾਰ ਜੰਗਬੰਦੀ ਲਈ ਵਪਾਰ ਸਮਝੌਤੇ ਨੂੰ ਇੱਕ ਸਾਧਨ ਵਜੋਂ ਵਰਤਿਆ। ਹੁਣ ਉਨ੍ਹਾ ਨੇ ਐਲਾਨ ਕੀਤਾ ਹੈ ਕਿ ਭਾਰਤ-ਅਮਰੀਕਾ ਵਪਾਰ ਸਮਝੌਤੇ 'ਤੇ ਕੁਝ ਦਿਨਾਂ ਵਿੱਚ ਦਸਤਖਤ ਹੋਣ ਜਾ ਰਹੇ ਹਨ।" ਉਨ੍ਹਾਂ ਕਿਹਾ, "ਉਹ (ਟਰੰਪ) ਇਸ ਨੂੰ 'ਬਹੁਤ ਵੱਡਾ ਸੌਦਾ' ਕਹਿ ਰਹੇ ਹਨ। ਉਮੀਦ ਹੈ ਕਿ ਇਹ ਸੱਚਮੁੱਚ ਇੱਕ ਵੱਡਾ ਸੌਦਾ ਹੈ, ਕਿਉਂਕਿ ਇਸੇ ਕਰਕੇ 'ਅਪ੍ਰੇਸ਼ਨ ਸਿੰਧੂਰ' ਅਚਾਨਕ ਰੱਦ ਕਰ ਦਿੱਤਾ ਗਿਆ ਸੀ।"

## ਸਾਥੀ ਬਲਵਿੰਦਰ ਸਿੰਘ ਸੰਧੂ ਦੇ ਸੰਘਰਸ਼ਮਈ ਜੀਵਨ ਤੋਂ ਪ੍ਰੇਰਨਾ ਲੈਣ ਦੀ ਲੋੜ : ਨਿਰਮਲ ਧਾਲੀਵਾਲ

### ਕਿਰਤ ਦੀ ਲਹਿਰ ਨੂੰ ਮਜ਼ਬੂਤ ਕਰਕੇ ਹੀ ਮਜ਼ਦੂਰ ਵਰਗ ਦੇ ਖਿਲਾਫ ਹੋ ਰਹੇ ਹਮਲਿਆਂ ਨੂੰ ਰੋਕਿਆ ਜਾ ਸਕਦੈ : ਜਗਰੂਪ

### ਰੋਡਵੇਜ਼ ਮੁਲਾਜ਼ਮਾਂ, ਪੈਨਸ਼ਨਰਾਂ, ਮਜ਼ਦੂਰਾਂ ਤੇ ਕਈ ਹੋਰ ਜਥੇਬੰਦੀਆਂ ਨੇ ਮਨਾਈ 22ਵੀਂ ਬਰਸੀ

**ਮੋਗਾ (ਇਕਬਾਲ ਸਿੰਘ ਖਹਿਰਾ)**

ਪੰਜਾਬ ਗੌਰਮਿੰਟ ਟਰਾਂਸਪੋਰਟ ਵਰਕਰਜ਼ ਯੂਨੀਅਨ ਏਟਕ ਦੇ ਸਾਬਕਾ ਪ੍ਰਮੁੱਖ ਆਗੂ ਬਲਵਿੰਦਰ ਸਿੰਘ ਸੰਧੂ ਦਾ 22ਵਾਂ ਬਰਸੀ ਸਮਾਗਮ ਸ਼ੁੱਕਰਵਾਰ ਸਥਾਨਕ ਸ਼ਹੀਦ ਕਾਮਰੇਡ ਨਛੱਤਰ ਸਿੰਘ ਧਾਲੀਵਾਲ ਯਾਦਗਾਰੀ ਭਵਨ ਵਿਖੇ ਪੂਰੀ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਸਭ ਤੋਂ ਪਹਿਲਾਂ ਪੰਜਾਬ ਏਟਕ ਦੇ ਸੂਬਾਈ ਜਨਰਲ ਸਕੱਤਰ ਨਿਰਮਲ ਸਿੰਘ ਧਾਲੀਵਾਲ, ਰੁਜ਼ਗਾਰ ਪ੍ਰਾਪਤੀ ਮੁਹਿੰਮ ਦੇ ਸੂਬਾ ਸਲਾਹਕਾਰ ਜਗਰੂਪ ਸਿੰਘ , ਪੰਜਾਬ ਗੌਰਮਿੰਟ ਟਰਾਂਸਪੋਰਟ ਵਰਕਰਜ਼ ਯੂਨੀਅਨ ਦੇ ਸੂਬਾ ਜਨਰਲ ਸਕੱਤਰ ਗੁਰਜੰਟ ਸਿੰਘ ਕੋਕਰੀ, ਪੰਜਾਬ ਪੈਨਸ਼ਨਰਜ਼ ਯੂਨੀਅਨ ਦੇ ਸੂਬਾਈ ਮੁੱਖ ਜਥੇਬੰਦਕ ਸਕੱਤਰ ਅਵਤਾਰ ਸਿੰਘ ਤਾਰੀ, ਬਲਰਾਜ ਸਿੰਘ ਭੰਗੂ ਤੇ ਸੂਬਾ ਜਨਰਲ ਸਕੱਤਰ ਪ੍ਰੇਮ ਚਾਵਲਾ, ਡਾਕਟਰ ਇੰਦਰਵੀਰ ਗਿੱਲ ਸੂਬਾ ਮੀਤ ਪ੍ਰਧਾਨ ਐਪਸੋ, ਨਰੇਗਾ ਮਜ਼ਦੂਰਾਂ ਦੇ ਸੂਬਾਈ ਆਗੂ ਜਗਸੀਰ ਸਿੰਘ ਖੋਸਾ, ਪੈਨਸ਼ਨਰ ਆਗੂ ਬਚਿੱਤਰ ਸਿੰਘ ਧੋਥੜ, ਪੋਹਲਾ ਸਿੰਘ ਬਰਾੜ, ਪਾਵਰਕਾਮ ਪੈਨਸ਼ਨਰ ਆਗੂ ਗੁਰਮੇਲ ਸਿੰਘ ਨਾਹਰ, ਦਰਸ਼ਨ ਲਾਲ, ਇੰਜੀਨੀਅਰ ਸਵਰਨ ਸਿੰਘ ਖੋਸਾ, ਗੁਰਮੀਤ ਸਿੰਘ ਧਾਲੀਵਾਲ, ਹਰਪਾਲ ਸਿੰਘ ਐਡਵੋਕੇਟ ਅਤੇ ਪੰਜਾਬ ਗੌਰਮਿੰਟ ਟਰਾਂਸਪੋਰਟ ਵਰਕਰਜ਼ ਯੂਨੀਅਨ ਦੇ ਸੂਬਾਈ ਆਗੂ ਸੁਰਿੰਦਰ ਸਿੰਘ ਬਰਾੜ ਨੇ ਕਾਮਰੇਡ ਬਲਵਿੰਦਰ ਸਿੰਘ ਸੰਧੂ ਦੀ ਫੋਟੋ ਸਾਹਮਣੇ ਨਾਹਰਿਆਂ ਦੀ ਗੂੰਜ ਵਿੱਚ ਫੁੱਲ ਅਰਪਣ ਕੀਤੇ।



ਸਮਾਗਮ ਨੂੰ ਸੰਬੋਧਨ ਕਰਦੇ ਹੋਏ ਨਿਰਮਲ ਸਿੰਘ ਧਾਲੀਵਾਲ ਨੇ ਸਾਥੀ ਬਲਵਿੰਦਰ ਸਿੰਘ ਸੰਧੂ ਦੇ ਸੰਘਰਸ਼ਮਈ ਜੀਵਨ ਬਾਰੇ ਵਿਸਥਾਰ ਸਹਿਤ ਰੋਸ਼ਨੀ ਪਾਈ। ਉਹਨਾ ਕਿਹਾ ਕਿ ਅੱਜ ਦੀਆਂ ਹੁਕਮਰਾਨ ਸਰਕਾਰਾਂ ਕਾਰਪੋਰੇਟ ਸੈਕਟਰ ਦੇ ਦਬਾਅ ਹੇਠ ਲਗਾਤਾਰ ਲੋਕ, ਮੁਲਾਜ਼ਮ ਅਤੇ ਪੈਨਸ਼ਨਰ ਵਿਰੋਧੀ ਨੀਤੀਆਂ ਲਾਗੂ ਕਰ ਰਹੀਆਂ ਹਨ। ਉਹਨਾ ਕਿਹਾ ਕਿ ਕਿਰਤ ਦੀ ਧਿਰ ਨੂੰ ਮਜਬੂਤ ਕਰਕੇ ਹੀ ਇਹਨਾਂ ਨੀਤੀਆਂ ਦਾ ਜਵਾਬ ਤਿੱਖੇ ਸੰਘਰਸ਼ਾਂ ਰਾਹੀਂ ਦਿੱਤਾ ਜਾ ਸਕਦਾ ਹੈ। ਉਹਨਾ ਕੇਂਦਰੀ ਹੁਕਮਰਾਨ ਮੋਦੀ ਸਰਕਾਰ ਦੀਆਂ ਲੋਕ ਵਿਰੋਧੀ ਨੀਤੀਆਂ ਖਿਲਾਫ 9 ਜੁਲਾਈ ਦੀ ਦੇਸ਼-ਵਿਆਪੀ ਹੜਤਾਲ ਨੂੰ ਸਫਲ ਬਣਾਉਣ ਅਤੇ ਹੋਣ ਵਾਲੀਆਂ ਵੱਖ-ਵੱਖ ਪੱਧਰ ਦੀਆਂ ਰੈਲੀਆਂ ਵਿੱਚ ਭਰਵੀਂ ਸ਼ਮੂਲੀਅਤ ਕਰਨ ਦਾ ਸੱਦਾ ਦਿੱਤਾ।

ਰੁਜ਼ਗਾਰ ਪ੍ਰਾਪਤੀ ਮੁਹਿੰਮ ਦੇ ਸੂਬਾ ਸਲਾਹਕਾਰ ਜਗਰੂਪ ਸਿੰਘ ਨੇ ਕਿਹਾ ਕਿ ਕਾਮਰੇਡ ਬਲਵਿੰਦਰ ਸਿੰਘ ਸੰਧੂ ਇੱਕ ਦੂਰਅੰਦੇਸ਼ ਅਤੇ ਆਪਣੀ ਗੱਲ ਨੂੰ ਦਲੇਰੀ ਨਾਲ ਕਹਿਣ ਦੀ ਜੁਅਰਤ ਰੱਖਦੇ ਸਨ। ਉਹਨਾ ਮੌਜੂਦਾ ਦੌਰ ਦੌਰਾਨ ਟਰੇਡ ਯੂਨੀਅਨ ਲਹਿਰ ਨੂੰ ਸਾਡੀ ਕਿਰਤ ਸ਼ਕਤੀ ਦਾ ਵੱਧ ਮੁੱਲ ਕਿਵੇਂ ਲੈਣਾ ਹੈ, ਇਸ ਬਾਰੇ ਸਾਨੂੰ ਸਾਰਿਆਂ ਨੂੰ ਸੋਚਣਾ ਅਤੇ ਅਗਲੇ ਕਦਮ ਉਠਾਉਣੇ ਚਾਹੀਦੇ ਹਨ। ਉਹਨਾ ਕਿਹਾ ਕਿ ਆਰਟੀਫਿਸ਼ੀਅਲ ਇੰਟੈਲੀਜੈਂਸੀ (ਏ ਆਈ) ਨੇ ਸਾਡੀਆਂ ਬੌਧਿਕਤਾ 'ਤੇ ਕਬਜ਼ਾ ਕਰ ਲਿਆ ਹੈ। ਵੱਖ-ਵੱਖ ਬੁਲਾਰਿਆਂ ਨੇ ਸਾਥੀ ਬਲਵਿੰਦਰ ਸਿੰਘ ਸੰਧੂ ਦੇ ਜੀਵਨ ਬਾਰੇ ਵਿਸਥਾਰ ਸਹਿਤ ਰੋਸ਼ਨੀ ਪਾਈ ਅਤੇ ਮੋਦੀ ਅਤੇ ਪੰਜਾਬ ਸਰਕਾਰ ਦੀਆਂ ਲੋਕ, ਮੁਲਾਜ਼ਮ ਅਤੇ ਪੈਨਸ਼ਨਰ ਨੀਤੀਆਂ ਦੇ ਖਿਲਾਫ ਆਪਣੇ ਆਪ ਨੂੰ ਹੋਰ ਲਾਮਬੰਦ ਕਰਕੇ ਸੰਘਰਸ਼ ਕਰਨ ਦਾ ਸੱਦਾ ਦਿੱਤਾ। ਇਸ ਤੋਂ ਇਲਾਵਾ ਪੰਜਾਬ ਸਰਕਾਰ ਵੱਲੋਂ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੇ ਵੱਖ-ਵੱਖ ਏਰੀਅਰ ਬਿੱਲਾਂ, ਜੀ ਪੀ ਫੰਡ ਬਿੱਲਾਂ ਅਤੇ ਲੀਵ ਇਨ ਕੈਸ਼ਮੈਂਟ ਦੇ ਬਿੱਲਾਂ ਦੀਆਂ ਅਦਾਇਗੀਆਂ ਨਾ ਕਰਨ ਦੀ ਖਿਲਾਫ ਆਪਣੇ ਰੋਸ ਦਾ ਪ੍ਰਗਟਾਵਾ ਕਰਨ ਲਈ ਪੰਜਾਬ ਪੈਨਸ਼ਨਰਜ਼ ਯੂਨੀਅਨ ਵੱਲੋਂ 3 ਜੁਲਾਈ ਵੀਰਵਾਰ ਨੂੰ ਪੰਜਾਬ ਵਿੱਚ ਸਾਰੇ ਖਜ਼ਾਨਾ ਦਫ਼ਤਰਾਂ ਸਾਹਮਣੇ ਵਿੱਤ ਮੰਤਰੀ ਪੰਜਾਬ ਦੀਆਂ ਅਰਥੀਆਂ ਫੂਕੀਆਂ ਜਾਣਗੀਆਂ। ਇਸ ਐਕਸ਼ਨ ਵਿੱਚ ਵੱਡੀ ਗਿਣਤੀ ਵਿੱਚ ਪੈਨਸ਼ਨਰਜ਼ ਸਾਥੀ ਸ਼ਾਮਲ ਹੋ ਕੇ ਪੰਜਾਬ ਸਰਕਾਰ ਦਾ ਪਿੱਟ-ਸਿਆਪਾ ਕਰਨਗੇ।

ਹੋਰਨਾਂ ਤੋਂ ਇਲਾਵਾ ਨਸੀਬ ਸਿੰਘ ਜੜੌਤ, ਮਹਿੰਦਰ ਸਿੰਘ, ਹਰਬੰਸ ਸਿੰਘ ਰੋਪੜ, ਪ੍ਰਿਤਪਾਲ ਸਿੰਘ ਪੰਡੋਰੀ, ਸਤਪਾਲ ਸਿੰਘ ਸਹਿਗਲ, ਅਜਮੇਰ ਸਿੰਘ ਦੱਦਾਹੂਰ, ਇਕਬਾਲ ਸਿੰਘ ਢੁੱਡੀ, ਸੋਮ ਨਾਥ ਅਰੋੜਾ, ਜਗਦੀਸ਼ ਸਿੰਘ ਜਗਰਾਉਂ, ਅਜੇ ਸਨੋਤਰਾ, ਸਵਰਨ ਸਿੰਘ ਤਰਨ ਤਾਰਨ, ਮਨਜੀਤ ਸਿੰਘ ਮਨਸੂਰਾਂ, ਦਰਸ਼ਨ ਸਿੰਘ ਥਰੀਕੇ, ਸੰਤੋਖ ਸਿੰਘ, ਗੁਰਮੁਖ ਸਿੰਘ, ਦਵਿੰਦਰ ਪਾਲ ਸਿੰਘ ਜਲੰਧਰ, ਗੁਰਦੀਪ ਸਿੰਘ ਮੁੱਲਾਪੁਰ, ਰਾਜਵੀਰ ਸਿੰਘ ਸੰਧੂ, ਗੁਰਪ੍ਰੀਤ ਸਿੰਘ ਮੋਗਾ, ਸਤਨਾਮ ਸਿੰਘ ਸਿਵੀਆਂ, ਓਮ ਪ੍ਰਕਾਸ਼ ਫਿਰੋਜਪੁਰ, ਬੱਬੂ ਫਿਰੋਜ਼ਪੁਰ, ਨਛੱਤਰ ਸਿੰਘ ਭਾਣਾ, ਕੁਲਦੀਪ ਸਿੰਘ ਸਹਿਦੇਵ ਤੇ ਬੂਟਾ ਸਿੰਘ ਭੱਟੀ ਆਦਿ ਹਾਜ਼ਰ ਸਨ।

### ਬਾਘਣੀ ਤੇ 4 ਬੱਚਿਆਂ ਦੀ ਮੌਤ

**ਬੇਂਗਲੁਰੂ** : ਹੁਗਿਅਮ ਜੰਗਲ ਰੇਂਜ ਦੇ ਅਧੀਨ ਮਾਲੇ ਮਹਦੇਸ਼ਵਰ ਪਹਾੜੀਆਂ ਵਿੱਚ ਇੱਕ ਮਾਦਾ ਬਾਘ ਅਤੇ ਚਾਰ ਬੱਚਿਆਂ ਦੀ ਮੌਤ ਹੋ ਗਈ। ਅਧਿਕਾਰੀਆਂ ਨੇ ਦੱਸਿਆ ਕਿ ਸ਼ੁੱਕਰਵਾਰ ਇਲਾਕੇ ਵਿੱਚ ਇੱਕ ਗਾਂ ਦੀ ਸੜੀ ਲਾਸ਼ ਮਿਲਣ ਨਾਲ ਇਹ ਸ਼ੱਕ ਹੋਰ ਪੱਕਾ ਹੋਇਆ ਹੈ ਕਿ ਮੌਤਾਂ ਜ਼ਹਿਰ ਕਾਰਨ ਹੋਈਆਂ ਹੋ ਸਕਦੀਆਂ ਹਨ।

### ਆਸਾਰਾਮ ਨੂੰ ਹੋਰ ਰਾਹਤ

**ਅਹਿਮਦਾਬਾਦ** : ਗੁਜਰਾਤ ਹਾਈ ਕੋਰਟ ਨੇ ਸ਼ੁੱਕਰਵਾਰ ਖੁਦਸਾਖਤਾ ਸੰਤ ਆਸਾਰਾਮ (86) ਨੂੰ 2013 ਦੇ ਆਪਣੇ ਆਸ਼ਰਮ 'ਚ ਨਾਬਾਲਗਾ ਨਾਲ ਜਬਰ-ਜ਼ਨਾਹ ਦੇ ਕੇਸ ਵਿੱਚ ਮਿਲੀ ਅੰਤ੍ਰਿਮ ਜ਼ਮਾਨਤ 7 ਜੁਲਾਈ ਤੱਕ ਵਧਾ ਦਿੱਤੀ। ਇਸ ਕੇਸ ਵਿੱਚ ਉਹ ਉਮਰ ਕੈਦ ਦੀ ਸਜ਼ਾ ਕੱਟ ਰਿਹਾ ਹੈ। ਇਸ ਤੋਂ ਪਹਿਲਾਂ ਮੈਡੀਕਲ ਆਧਾਰ 'ਤੇ 28 ਮਾਰਚ ਨੂੰ ਤਿੰਨ ਮਹੀਨਿਆਂ ਲਈ ਅੰਤਰਿਮ ਜ਼ਮਾਨਤ ਦਿੱਤੀ ਗਈ ਸੀ।

### ਚਨਾਬ ਚੜ੍ਹਿਆ

**ਰਾਮਬਨ** : ਜੰਮੂ-ਕਸ਼ਮੀਰ ਦੇ ਕੁਝ ਹਿੱਸਿਆਂ ਵਿੱਚ ਭਾਰੀ ਮੀਂਹ ਕਾਰਨ ਚਨਾਬ ਦਰਿਆ ਦੇ ਪਾਣੀ ਦਾ ਪੱਧਰ ਵਧ ਗਿਆ ਹੈ, ਜਿਸ ਨਾਲ ਬਗਲੀਹਾਰ ਹਾਈਡਰੋਇਲੈਕਟ੍ਰਿਕ ਪਾਵਰ ਪ੍ਰੋਜੈਕਟ ਵਿੱਚ ਹੜ੍ਹ ਆ ਗਿਆ ਹੈ। ਕਿਸ਼ਤਵਾੜ-ਰਾਮਬਨ ਰੇਂਜ ਦੇ ਡੀ ਆਈ ਜੀ ਸ਼੍ਰੀਧਰ ਪਾਟਿਲ ਨੇ ਲੋਕਾਂ ਨੂੰ ਦਰਿਆਵਾਂ ਦੇ ਨੇੜੇ ਨਾ ਜਾਣ ਦੀ ਅਪੀਲ ਕੀਤੀ ਹੈ।

### ਆਪ ਵਿਧਾਇਕ ਡਾ. ਕਸ਼ਮੀਰ ਸਿੰਘ ਸੋਹਲ ਦਾ ਦੇਹਾਂਤ



**ਅੰਮ੍ਰਿਤਸਰ** : ਤਰਨ ਤਾਰਨ ਅਸੈਂਬਲੀ ਹਲਕੇ ਤੋਂ ਆਪ ਦੇ ਵਿਧਾਇਕ ਡਾ. ਕਸ਼ਮੀਰ ਸਿੰਘ ਸੋਹਲ (66) ਦਾ ਦੇਹਾਂਤ ਹੋ ਗਿਆ ਹੈ। ਉਹ ਕੈਂਸਰ ਨਾਲ ਜੂਝ ਰਹੇ ਸਨ ਤੇ ਇੱਥੇ ਐਸਕੋਰਟ ਹਸਪਤਾਲ ਵਿੱਚ ਆਖਰੀ ਸਾਹ ਲਏ। ਉਨ੍ਹਾ ਦੇ ਪਰਵਾਰ ਵਿਚ ਪਤਨੀ ਨਵਜੋਤ ਕੌਰ ਹੁੰਦਲ, ਇੱਕ ਪੁੱਤਰ ਅਤੇ ਧੀ ਹਨ। ਦੋਵੇਂ ਬੱਚੇ ਡਾਕਟਰ ਹਨ। ਉਨ੍ਹਾ 2022 ਦੀ ਚੋਣ ਵਿੱਚ ਅਕਾਲੀ ਦਲ ਦੇ ਉਮੀਦਵਾਰ ਹਰਮੀਤ ਸਿੰਘ ਸੰਧੂ ਅਤੇ ਕਾਂਗਰਸ ਪਾਰਟੀ ਦੇ ਡਾ. ਧਰਮਵੀਰ ਅਗਨੀਹੋਤਰੀ ਨੂੰ ਹਰਾਇਆ ਸੀ।

## ਜੱਗੂ ਭਗਵਾਨਪੁਰੀਏ ਦੀ ਮਾਂ ਤੇ ਚਚੇਰੇ ਭਰਾ ਦੀ ਹੱਤਿਆ

**ਬਟਾਲਾ** : ਗੈਂਗਸਟਰ ਜੱਗੂ ਭਗਵਾਨਪੁਰੀਆ ਦੀ ਮਾਂ ਅਤੇ ਚਚੇਰੇ ਭਰਾ ਨੂੰ ਵੀਰਵਾਰ ਦੇਰ ਰਾਤ ਦੋ ਮੋਟਰਸਾਈਕਲ ਸਵਾਰ ਹਮਲਾਵਰਾਂ ਨੇ ਗੋਲੀ ਮਾਰ ਕੇ ਹਲਾਕ ਕਰ ਦਿੱਤਾ। ਪੁਲਸ ਸੂਤਰਾਂ ਮੁਤਾਬਕ ਭਗਵਾਨਪੁਰੀਆ ਦੀ ਮਾਂ ਹਰਜੀਤ ਕੌਰ, ਜੋ ਬਟਾਲਾ-ਡੇਰਾ ਬਾਬਾ ਨਾਨਕ ਰੋਡ 'ਤੇ ਸਥਿਤ ਭਗਵਾਨਪੁਰੀਆ ਦੇ ਜੱਦੀ ਪਿੰਡ ਭਗਵਾਨਪੁਰ ਦੀ ਸਾਬਕਾ ਸਰਪੰਚ ਸੀ ਅਤੇ ਉਸ ਦਾ ਭਤੀਜਾ ਕਰਨਵੀਰ ਸਿੰਘ ਬਟਾਲਾ ਦੇ ਸਿਵਲ ਲਾਈਨਜ਼ ਇਲਾਕੇ ਦੇ ਕਾਦੀਆਂ ਰੋਡ 'ਤੇ ਆਪਣੀ ਰਿਹਾਇਸ਼ ਦੇ ਸਾਹਮਣੇ ਆਪਣੀ ਸਕਾਰਪਿਓ ਵਿੱਚ ਬੈਠੇ ਹੀ ਸਨ ਕਿ ਦੋ ਵਿਅਕਤੀ ਮੋਟਰਸਾਈਕਲ 'ਤੇ ਆਏ ਅਤੇ ਇੱਕ ਦਰਜਨ ਤੋਂ ਵੱਧ ਗੋਲੀਆਂ ਚਲਾ ਦਿੱਤੀਆਂ।



ਰਾਹਗੀਰਾਂ ਨੇ ਦੋਵਾਂ ਜ਼ਖਮੀਆਂ ਨੂੰ ਸਿਵਲ ਹਸਪਤਾਲ ਪਹੁੰਚਾਇਆ ਤੇ ਪੁਲਸ ਕੰਟਰੋਲ ਰੂਮ ਨੂੰ ਸੂਚਤ ਕੀਤਾ ਗਿਆ। ਕਰਨਵੀਰ ਹਸਪਤਾਲ ਜਾਂਦੇ ਸਮੇਂ ਰਸਤੇ ਵਿੱਚ ਹੀ ਦਮ ਤੋੜ ਗਿਆ। ਹਰਜੀਤ ਕੌਰ, ਜਿਸ ਨੂੰ ਡਾਕਟਰਾਂ ਨੇ ਅੰਮ੍ਰਿਤਸਰ ਦੇ ਇੱਕ ਹਸਪਤਾਲ ਵਿੱਚ ਰੈਫਰ ਕੀਤਾ ਸੀ, ਦੀ ਵੀ ਰਾਹ ਵਿੱਚ ਹੀ ਮੌਤ ਹੋ ਗਈ। ਬੰਬੀਹਾ ਗੈਂਗ ਦੇ ਗੈਂਗਸਟਰ ਡੋਨੀ ਬੱਲ, ਬਿੱਲਾ ਮਾਂਗਾ, ਪ੍ਰਭ ਦਾਸੂਵਾਲ ਅਤੇ ਕੌਸ਼ਲ ਚੌਧਰੀ ਨੇ ਹਮਲੇ ਦੀ ਜ਼ਿੰਮੇਵਾਰੀ ਲੈਂਦਿਆਂ ਸੋਸ਼ਲ ਮੀਡੀਆ 'ਤੇ ਪੋਸਟ ਸਾਂਝੀ ਕੀਤੀ ਹੈ। ਇਸ ਵਿੱਚ ਕਿਹਾ ਗਿਆ, "ਕਰਨਬੀਰ ਸਿੰਘ ਹੀ ਜੱਗੂ ਭਗਵਾਨਪੁਰੀਏ ਦਾ ਸਾਰਾ ਕੰਮ ਸੰਭਾਲਦਾ ਸੀ ਅਤੇ ਜੱਗੂ ਦੇ ਭਗੌੜੇ ਸਾਥੀਆਂ ਅਤੇ ਹਥਿਆਰਾਂ ਨੂੰ ਵੀ ਸਾਂਭਦਾ ਸੀ। ਅਸੀਂ ਕਰਨਬੀਰ ਨੂੰ ਮਾਰ ਕੇ ਆਪਣੇ ਭਰਾ ਗੋਰੇ ਬਰਿਆਰ ਦਾ ਬਦਲਾ ਲਿਆ ਹੈ।" ਪੋਸਟ ਵਿੱਚ ਅੱਗੇ ਲਿਖਿਆ ਹੈ, "ਅੱਜ ਅਸੀਂ ਜਾਇਜ਼ ਮਾਰਿਆ ਹੈ ਅਤੇ ਜੇਕਰ ਕੋਈ ਸਾਡਾ ਭਰਾ ਨਾਜਾਇਜ਼ ਮਾਰਿਆ ਜਾਂਦਾ ਹੈ ਤਾਂ ਉਸ ਦਾ ਵੀ ਬਦਲਾ ਲੈਂਦੇ ਰਹਾਂਗੇ।" ਉਨ੍ਹਾਂ ਕਿਹਾ ਕਿ ਉਨ੍ਹਾਂ ਨੇ ਗੁਰਪ੍ਰੀਤ ਸਿੰਘ ਉਰਫ ਗੋਰਾ ਬਰਿਆਰ ਦੇ ਕਤਲ ਦਾ ਬਦਲਾ ਲੈਣ ਲਈ ਦੋਵਾਂ ਨੂੰ ਗੋਲੀ ਮਾਰ ਦਿੱਤੀ ਹੈ। ਮਈ ਵਿੱਚ ਭਗਵਾਨਪੁਰੀਆ ਗੈਂਗ ਦੇ ਮੈਂਬਰਾਂ ਨੇ ਘੁਮਾਣ-ਸ੍ਰੀ ਹਰਗੋਬਿੰਦਪੁਰ ਸੜਕ 'ਤੇ ਇੱਕ ਪੈਟਰੋਲ ਪੰਪ ਦੇ ਨੇੜੇ ਹੋਈ ਗੋਲੀਬਾਰੀ ਵਿੱਚ ਗੋਰਾ ਨੂੰ ਮਾਰ ਦਿੱਤਾ ਸੀ। ਪੁਲਸ ਸੂਤਰਾਂ ਦਾ ਕਹਿਣਾ ਹੈ ਕਿ ਬੰਬੀਹਾ ਦੇ ਅੱਧਾ ਦਰਜਨ ਤੋਂ ਵੱਧ ਸਾਥੀ ਅਤੇ ਦੋਸਤ ਹਨ, ਜਿਨ੍ਹਾਂ ਵਿੱਚ ਕੁਝ ਵਿਦੇਸ਼ ਵਿੱਚ ਰਹਿੰਦੇ ਹਨ ਅਤੇ ਕੁਝ ਪੰਜਾਬ ਦੀਆਂ ਜੇਲ੍ਹਾਂ ਵਿੱਚ ਬੰਦ ਹਨ, ਜੋ ਉਸ ਦੇ ਗੈਂਗ ਨੂੰ ਚਲਾ ਰਹੇ ਹਨ ਅਤੇ ਸੋਸ਼ਲ ਮੀਡੀਆ 'ਤੇ ਆਪਣੀਆਂ ਸਰਗਰਮੀਆਂ ਨੂੰ ਅਪਡੇਟ ਕਰ ਰਹੇ ਹਨ।

## ਮੁੱਖ ਮੰਤਰੀ ਦੇ ਕਾਫਲੇ ਦੀਆਂ 19 ਗੱਡੀਆਂ ਨਿੱਸਲ



**ਰਤਲਾਮ** : ਮੱਧ ਪ੍ਰਦੇਸ਼ ਦੇ ਮੁੱਖ ਮੰਤਰੀ ਮੋਹਨ ਯਾਦਵ ਦੇ ਸ਼ੁੱਕਰਵਾਰ ਦੇ ਰਤਲਾਮ ਦੌਰੇ ਤੋਂ ਪਹਿਲਾਂ ਵੱਡੀ ਲਾਪਰਵਾਹੀ ਸਾਹਮਣੇ ਆਈ, ਜਦੋਂ ਉਨ੍ਹਾ ਦੇ ਕਾਫਲੇ ਵਿੱਚ ਸ਼ਾਮਲ 19 ਇਨੋਵਾ ਦੋਸੀਗਾਓਂ ਦੇ ਪੈਟਰੋਲ ਪੰਪ ਤੋਂ ਡੀਜ਼ਲ ਭਰਵਾਉਣ ਤੋਂ ਬਾਅਦ ਅੱਧੇ ਰਸਤੇ ਵਿੱਚ ਹੀ ਰੁਕ ਗਈਆਂ। ਇਹ ਘਟਨਾ ਵੀਰਵਾਰ ਰਾਤ ਲਗਭਗ 10 ਵਜੇ ਵਾਪਰੀ। ਮੁੱਖ ਮੰਤਰੀ ਦੇ ਕਾਫਲੇ ਦੀਆਂ ਗੱਡੀਆਂ ਨੇ ਸ਼ਹਿਰ ਦੀ ਹੱਦ 'ਤੇ ਸਥਿਤ ਭਾਰਤ ਪੈਟਰੋਲੀਅਮ ਦੇ ਸ਼ਕਤੀ ਫਿਊਲਜ਼ ਪੈਟਰੋਲ ਪੰਪ ਤੋਂ • ਬਾਕੀ ਸਫਾ 2 'ਤੇ

## ਮਜੀਠੀਆ ਖਿਲਾਫ ਇੱਕ ਹੋਰ ਐੱਫ ਆਈ ਆਰ ਦੀ ਤਿਆਰੀ

**ਮੁਹਾਲੀ** : ਵਿਜੀਲੈਂਸ ਵੱਲੋਂ ਡਰੱਗ ਮਨੀ ਮਾਮਲੇ ਵਿੱਚ ਗ੍ਰਿਫਤਾਰ ਕੀਤੇ ਗਏ ਅਕਾਲੀ ਆਗੂ ਬਿਕਰਮ ਸਿੰਘ ਮਜੀਠੀਆ ਖਿਲਾਫ ਇੱਕ ਹੋਰ ਐੱਫ ਆਈ ਆਰ ਦਰਜ ਕਰਨ ਦੀ ਤਿਆਰੀ ਚੱਲ ਰਹੀ ਹੈ। ਮਜੀਠੀਆ ਦੇ ਘਰ 'ਤੇ ਛਾਪੇਮਾਰੀ ਦੌਰਾਨ ਉਨ੍ਹਾ ਦੇ ਸਮਰਥਕਾਂ ਨੇ ਕਥਿਤ ਤੌਰ 'ਤੇ ਪੁਲਸ ਵਿਰੁੱਧ ਹਿੰਸਾ ਭੜਕਾਈ। ਜਾਂਚ ਟੀਮ ਨੇ ਮਜੀਠੀਆ 'ਤੇ ਵਿਜੀਲੈਂਸ ਅਧਿਕਾਰੀਆਂ ਨੂੰ ਡਰਾਉਣ-ਧਮਕਾਉਣ, ਧੱਕਾ-ਮੁੱਕੀ, ਸਬੂਤਾਂ ਨੂੰ ਨਸ਼ਟ ਕਰਨ ਦੀ ਸਾਜ਼ਿਸ਼ ਘੜਨ ਅਤੇ ਆਪਣੇ ਸਮਰਥਕਾਂ ਨੂੰ ਪੁਲਸ 'ਤੇ ਹਮਲੇ ਲਈ ਉਕਸਾਉਣ ਦਾ ਦੋਸ਼ ਲਗਾਇਆ ਹੈ। ਵਿਜੀਲੈਂਸ ਟੀਮ ਦੀ ਸ਼ਿਕਾਇਤ ਮੁਤਾਬਕ ਮਜੀਠੀਆ ਨੇ ਸਮਰਥਕਾਂ ਨੂੰ ਵਿਜੀਲੈਂਸ ਟੀਮ ਵੱਲੋਂ ਕੀਤੀ ਜਾਂਚ ਵਿਚ ਅੜਿੱਕਾ ਪਾਉਣ ਲਈ ਉਕਸਾਇਆ ਅਤੇ ਟੀਮ 'ਤੇ ਹਮਲਾ ਇਸ ਲਈ ਕੀਤਾ ਗਿਆ ਤਾਂ ਜੋ ਉਨ੍ਹਾਂ ਨੂੰ ਮਹੱਤਵਪੂਰਨ ਸਬੂਤ ਇਕੱਠੇ ਕਰਨ ਤੋਂ ਰੋਕਿਆ ਜਾ ਸਕੇ।

## ਨੀਟ ਪ੍ਰੀਖਿਆ ਪਾਸ ਕਰਨ ਵਾਲੇ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਦਾ ਸਨਮਾਨ

**ਚੰਡੀਗੜ੍ਹ (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸ਼ੁੱਕਰਵਾਰ ਕਿਹਾ ਕਿ ਸੂਬਾ ਸਰਕਾਰ ਪੰਜਾਬ ਵਿੱਚ ਸਿੱਖਿਆ ਖ਼ੇਤਰ ਨੂੰ ਹੁਲਾਰਾ ਦੇਣ ਲਈ ਲੀਕ ਤੋਂ ਹਟਵੀਆਂ ਪਹਿਲਕਦਮੀਆਂ ਉੱਤੇ ਚੱਲ ਰਹੀ ਹੈ।




ਨੀਟ ਪ੍ਰੀਖਿਆ ਪਾਸ ਕਰਨ ਵਾਲੇ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਦਾ ਸਨਮਾਨ ਕਰਨ ਲਈ ਰੱਖੇ ਸਮਾਰੋਹ ਦੌਰਾਨ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਸਿੱਖਿਆ ਖ਼ੇਤਰ ਵਿੱਚ ਪਿਛਲੇ ਤਿੰਨ ਸਾਲਾਂ ਵਿੱਚ ਮਿਸਾਲੀ ਤਬਦੀਲੀ ਦੇਖਣ ਨੂੰ ਮਿਲੀ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਕ੍ਰਾਂਤੀਕਾਰੀ ਕਦਮਾਂ ਨਾਲ ਸਿੱਖਿਆ ਖ਼ੇਤਰ ਨੂੰ ਵੱਡਾ ਹੁਲਾਰਾ ਮਿਲਿਆ ਹੈ, ਜਿਸ ਕਾਰਨ ਇਨ੍ਹੀਂ ਦਿਨੀਂ ਵਿਦਿਆਰਥੀ ਹਰੇਕ ਖ਼ੇਤਰ ਵਿੱਚ ਸਫ਼ਲਤਾ ਦੇ ਝੰਡੇ ਗੱਡ ਰਹੇ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਅੱਜ ਦਾ ਦਿਨ ਇਤਿਹਾਸਕ ਹੈ ਕਿਉਂਕਿ ਸਰਕਾਰੀ ਸਕੂਲਾਂ ਦੇ 509 ਵਿਦਿਆਰਥੀਆਂ ਨੇ ਨੀਟ ਦੀ ਵੱਕਾਰੀ ਪ੍ਰੀਖਿਆ ਪਾਸ ਕੀਤੀ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਸਿੱਖਿਆ, ਸਿਹਤ, ਬੁਨਿਆਦੀ ਢਾਂਚਾ, ਸਨਅਤ, ਖੇਡਾਂ ਤੇ ਨੌਕਰੀਆਂ ਦੇ ਨਾਲ-ਨਾਲ ਨਸ਼ਿਆਂ ਦਾ ਖ਼ਾਤਮਾ ਸੂਬਾ ਸਰਕਾਰ ਦੇ ਤਰਜੀਹੀ ਖ਼ੇਤਰਾਂ ਵਿੱਚੋਂ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਦੇ ਇਤਿਹਾਸ ਵਿੱਚ ਪਹਿਲੀ ਦਫ਼ਾ ਸੂਬਾ ਸਰਕਾਰ ਨੇ 'ਯੁੱਧ ਨਸ਼ਿਆਂ ਵਿਰੁੱਧ' ਦੇ ਰੂਪ ਵਿੱਚ ਵਿਆਪਕ ਲੋਕ ਲਹਿਰ ਸ਼ੁਰੂ ਕੀਤੀ ਹੈ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਪੰਜਾਬ ਵਿੱਚੋਂ ਨਸ਼ਿਆਂ ਦੇ ਖ਼ਤਰੇ ਦੀ ਜੜ੍ਹ ਵੱਢਣ ਲਈ ਹਰ ਹਰਬਾ ਵਰਤੇਗੀ। ਉਨ੍ਹਾ ਕਿਹਾ ਕਿ ਨਸ਼ਾ ਤਸਕਰੀ ਵਿੱਚ • ਬਾਕੀ ਸਫਾ 2 'ਤੇ

### ਸਾਂਝਾ ਪੰਥਕ ਮੰਚ ਬਣਾਉਣ 'ਤੇ ਚਰਚਾ

**ਅੰਮ੍ਰਿਤਸਰ** : ਸ਼੍ਰੋਮਣੀ ਅਕਾਲੀ ਦਲ ਦੇ ਗਠਨ ਲਈ ਸ੍ਰੀ ਅਕਾਲ ਤਖਤ ਤੋਂ ਬਣੀ ਭਰਤੀ ਕਮੇਟੀ ਅਤੇ ਸੰਸਦ ਮੈਂਬਰ ਅੰਮ੍ਰਿਤਪਾਲ ਸਿੰਘ ਦੀ ਜਥੇਬੰਦੀ 'ਅਕਾਲੀ ਦਲ ਵਾਰਸ ਪੰਜਾਬ ਦੇ' ਦੇ ਆਗੂਆਂ ਵਿਚਾਲੇ ਸ਼ੁੱਕਰਵਾਰ ਹੋਈ ਮੀਟਿੰਗ ਵਿੱਚ ਸਾਂਝਾ ਪੰਥਕ ਮੰਚ ਬਣਾਉਣ ਬਾਰੇ ਵਿਚਾਰ ਚਰਚਾ ਕੀਤੀ ਗਈ। ਜੱਲੂਪੁਰ ਖੈੜਾ ਵਿਖੇ ਅੰਮ੍ਰਿਤਪਾਲ ਸਿੰਘ ਦੇ ਘਰ ਹੋਈ ਮੀਟਿੰਗ ਵਿੱਚ ਭਰਤੀ ਕਮੇਟੀ ਦੀ ਮੈਂਬਰ ਬੀਬੀ ਸਤਵੰਤ ਕੌਰ, ਮਨਪ੍ਰੀਤ ਸਿੰਘ ਇਆਲੀ, ਜਥੇਦਾਰ ਸੰਤਾ ਸਿੰਘ ਉਮੈਦਪੁਰੀ, ਜਥੇਦਾਰ ਗੁਰਪ੍ਰਤਾਪ ਸਿੰਘ ਵਡਾਲਾ, ਇਕਬਾਲ ਸਿੰਘ ਝੂੰਦਾ ਸ਼ਾਮਲ ਸਨ। ਇਨ੍ਹਾਂ ਦੇ ਨਾਲ ਭਾਈ • ਬਾਕੀ ਸਫਾ 2 'ਤੇ

## ਅੱਜ-ਨਾਮਾ

ਪੱਤਰ ਫੇਰ ਇੱਕ ਕੇਂਦਰ ਨੇ ਭੇਜ ਧਰਿਆ,
ਚਿੱਠੀ ਹਰਿਆਣੇ-ਪੰਜਾਬ ਨੂੰ ਪਾਈ ਬੇਲੀ।
ਕਿਹਾ ਜੀ ਪਾਣੀ ਦੇ ਮੁੱਦੇ 'ਤੇ ਕਰੋ ਮੀਟਿੰਗ,
ਹਦਾਇਤ ਕੋਰਟ ਤੋਂ ਆਖਦੇ ਆਈ ਬੇਲੀ।
ਜੇਕਰ ਹੁੰਦੀ ਤਾਂ ਆਪ ਵਿਚਾਰ ਕਰ ਲਉ,
ਨਹੀਂ ਤਾਂ ਕਰੂਗੀ ਕੋਰਟ ਸੁਣਵਾਈ ਬੇਲੀ।
ਸਰਕਾਰ ਕੇਂਦਰ ਦੀ ਚਾਹੇ ਨਾ ਵਿੱਚ ਪੈਣਾ,
ਕੱਢਣੀ ਮੁਸ਼ਕਲ ਆ ਲੱਤ ਅੜਾਈ ਬੇਲੀ।
ਝੁਕਣ ਵਾਲੇ ਤਾਂ ਰਾਜ ਨਹੀਂ ਦੋਏ ਦਿੱਸਣ,
ਹੁੰਦੀ ਆ ਪੰਜਾਬ ਨਾਲ ਬੇਨਿਆਈਂ ਬੇਲੀ।
ਠੀਕ ਨਾ ਨਿਕਲੇ ਪੰਜਾਬ ਦੇ ਰਾਜ-ਕਰਤੇ,
ਗੁਆਇਆ ਰਾਜ ਦਾ ਹੱਕ ਅਜਾਈਂ ਬੇਲੀ।

-ਤੀਸ ਮਾਰ ਖਾਂ

## ਰਾਜਨਾਥ ਵੱਲੋਂ ਸਰਹੱਦੀ ਨਿਸ਼ਾਨਦੇਹੀ ਦੇ ਪੱਕੇ ਹੱਲ ਲਈ ਚੀਨ 'ਤੇ ਜ਼ੋਰ

**ਨਵੀਂ ਦਿੱਲੀ** : ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਆਪਣੇ ਚੀਨੀ ਹਮਰੁਤਬਾ ਐਡਮਿਰਲ ਦੋਂਗ ਜੂਨ ਨਾਲ ਮੀਟਿੰਗ ਦੌਰਾਨ ਦੋਵਾਂ ਦੇਸ਼ਾਂ ਨੂੰ ਸਰਹੱਦੀ ਨਿਸ਼ਾਨਦੇਹੀ ਦੇ ਮਾਮਲੇ ਦਾ 'ਪੱਕਾ ਹੱਲ' ਕੱਢਣ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ ਹੈ। ਉਨ੍ਹਾ ਅਸਲ ਕੰਟਰੋਲ ਲਕੀਰ (ਐੱਲ ਏ ਸੀ) ਦੇ ਨਾਲ ਫੌਜਾਂ ਦੇ ਟਕਰਾਅ ਵਾਲੀ ਸਥਿਤੀ ਨੂੰ ਪੱਕੇ ਤੌਰ 'ਤੇ ਘਟਾਉਣ ਲਈ ਇੱਕ ਰੋਡਮੈਪ ਸੁਝਾਇਆ ਹੈ।



ਦੋਵੇਂ ਮੰਤਰੀਆਂ ਨੇ ਵੀਰਵਾਰ ਸ਼ਾਮ ਨੂੰ ਚੀਨ ਦੇ ਕਿੰਗਦਾਓ ਵਿੱਚ ਸ਼ੰਘਾਈ ਸਹਿਯੋਗ ਸੰਗਠਨ (ਐੱਸ ਸੀ ਓ) ਦੇ ਰੱਖਿਆ ਮੰਤਰੀਆਂ ਦੀ ਮੀਟਿੰਗ ਦੌਰਾਨ ਮੁਲਾਕਾਤ ਕੀਤੀ ਸੀ। ਰੱਖਿਆ ਮੰਤਰਾਲੇ ਨੇ ਸ਼ੁੱਕਰਵਾਰ ਕਿਹਾ ਕਿ ਦੋਹਾਂ ਨੇ ਭਾਰਤ-ਚੀਨ ਸਰਹੱਦ 'ਤੇ ਅਮਨ ਬਣਾਈ ਰੱਖਣ ਦੀ ਜ਼ਰੂਰਤ 'ਤੇ ਡੂੰਘਾਈ ਨਾਲ ਚਰਚਾ ਕੀਤੀ। ਰਾਜਨਾਥ ਸਿੰਘ ਨੇ ਸਰਹੱਦ ਪ੍ਰਬੰਧਨ ਅਤੇ ਇਸ ਮੁੱਦੇ 'ਤੇ ਸਥਾਪਤ ਵਿਧੀ ਨੂੰ ਸੁਰਜੀਤ ਕਰਕੇ ਸਰਹੱਦੀ ਹੱਦਬੰਦੀ ਦੇ ਸਥਾਈ ਹੱਲ ਦੀ ਲੋੜ 'ਤੇ ਜ਼ੋਰ ਦਿੱਤਾ। ਰਾਜਨਾਥ ਸਿੰਘ ਨੇ ਅਸਲ ਕੰਟਰੋਲ ਲਕੀਰ 'ਤੇ ਗੁੰਝਲਦਾਰ ਮੁੱਦਿਆਂ ਨੂੰ ਹੱਲ ਕਰਨ ਦੀ ਜ਼ਰੂਰਤ ਨੂੰ ਉਜਾਗਰ ਕੀਤਾ। ਉਨ੍ਹਾ ਅੱਗੇ ਕਿਹਾ, "ਸਥਾਈ ਸ਼ਮੂਲੀਅਤ ਅਤੇ ਡੀ-ਐਸਕੇਲੇਸ਼ਨ ਦਾ ਇੱਕ ਢਾਂਚਾਗਤ ਰੋਡਮੈਪ ਹੋਣਾ ਜ਼ਰੂਰੀ ਹੈ।"

ਰੱਖਿਆ ਮੰਤਰੀ ਨੇ ਪੂਰਬੀ ਲੱਦਾਖ ਵਿੱਚ ਐੱਲ ਏ ਸੀ ਦੇ ਨਾਲ ਅਪਰੈਲ 2020 ਦੇ ਫੌਜੀ ਟਕਰਾਅ ਦਾ ਹਵਾਲਾ ਦਿੱਤਾ ਅਤੇ ਇਸ ਤੋਂ ਬਾਅਦ ਜ਼ਮੀਨੀ ਕਾਰਵਾਈ ਕਰਕੇ ਆਪਸੀ ਭਰੋਸੇ ਨੂੰ ਲੱਗੇ ਖੋਰੇ ਨੂੰ ਪੂਰਾ ਕਰਨ ਦਾ ਸੱਦਾ ਦਿੱਤਾ।

ਦੋਵਾਂ ਮੰਤਰੀਆਂ ਨੇ ਦੁਵੱਲੇ ਸੰਬੰਧਾਂ ਵਿੱਚ ਆਮ ਸਥਿਤੀ ਵਾਪਸ ਲਿਆਉਣ ਲਈ ਦੋਵਾਂ ਧਿਰਾਂ ਵੱਲੋਂ ਕੀਤੇ ਜਾ ਰਹੇ ਕੰਮ ਨੂੰ ਸਵੀਕਾਰ ਕੀਤਾ।

### ਸੁਖੋਈ ਬੇੜਾ ਅੱਪਗ੍ਰੇਡ ਕਰਨ ਲਈ ਰੂਸੀ ਰੱਖਿਆ ਮੰਤਰੀ ਨਾਲ ਗੱਲਬਾਤ

**ਨਵੀਂ ਦਿੱਲੀ** : ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਆਪਣੇ ਰੂਸੀ ਹਮਰੁਤਬਾ ਆਂਦਰੇ ਬੇਲੋਸ਼ੋਵ ਨਾਲ ਚੀਨ ਦੇ ਸ਼ਹਿਰ ਕਿੰਗਦਾਓ ਵਿੱਚ ਵਿਸ਼ੇਸ਼ ਗੱਲਬਾਤ ਕੀਤੀ। ਇਸ ਦੌਰਾਨ ਭਾਰਤ ਦੇ ਸੁਖੋਈ ਲੜਾਕੂ ਬੇੜੇ ਨੂੰ ਅੱਪਗ੍ਰੇਡ ਕਰਨਾ, ਹਵਾ ਤੋਂ ਹਵਾ ਵਿੱਚ ਮਾਰ ਕਰਨ ਵਾਲੀਆਂ ਮਿਜ਼ਾਈਲਾਂ ਦਾ ਉਤਪਾਦਨ ਅਤੇ ਐੱਸ-400 ਮਿਜ਼ਾਈਲ ਪ੍ਰਣਾਲੀਆਂ ਦੀਆਂ ਦੋ ਖੇਪਾਂ ਦੀ ਤੇਜ਼ੀ ਨਾਲ ਸਪਲਾਈ ਮੁੱਖ ਮੁੱਦੇ ਰਹੇ। ਦੋਵੇਂ ਰੱਖਿਆ ਮੰਤਰੀਆਂ ਨੇ ਵੀਰਵਾਰ ਨੂੰ ਸ਼ੰਘਾਈ ਸਹਿਯੋਗ ਸੰਗਠਨ ਦੀ ਇੱਕ ਕਨਕਲੇਵ ਦੇ ਨਾਲ-ਨਾਲ ਦੁਵੱਲੀ ਬੈਠਕ ਕੀਤੀ।



ਭਾਰਤੀ ਹਵਾਈ ਸੈਨਾ ਲਗਭਗ 260 ਸੁਖੋਈ 30-ਐੱਮ ਕੇ ਆਈ ਜੈੱਟਾਂ ਦਾ ਸੰਚਾਲਨ ਕਰ ਰਹੀ ਹੈ ਅਤੇ ਉਹ ਇੱਕ ਯੋਜਨਾ ਤਹਿਤ ਬੇੜੇ ਨੂੰ ਅੱਪਗ੍ਰੇਡ ਕਰਨ ਦੀ ਕੋਸ਼ਿਸ਼ ਕਰ ਰਹੀ ਹੈ। ਰੂਸੀ ਮੂਲ ਦੇ ਸੁਖੋਈ ਜੈੱਟਾਂ ਨੇ ਪਿਛਲੇ ਮਹੀਨੇ 'ਅਪ੍ਰੇਸ਼ਨ ਸਿੰਧੂਰ' ਵਿੱਚ ਮੁੱਖ ਭੂਮਿਕਾ ਨਿਭਾਈ ਸੀ। ਰੱਖਿਆ ਮੰਤਰਾਲੇ ਨੇ ਸ਼ੁੱਕਰਵਾਰ ਕਿਹਾ ਕਿ ਸਿੰਘ ਅਤੇ ਬੇਲੋਸ਼ੋਵ ਨੇ ਮੌਜੂਦਾ ਭੂ-ਰਾਜਨੀਤਕ ਸਥਿਤੀਆਂ, ਸਰਹੱਦ ਪਾਰਲੇ ਅੱਤਵਾਦ ਅਤੇ ਭਾਰਤ-ਰੂਸ ਰੱਖਿਆ ਸਹਿਯੋਗ ਸਮੇਤ ਕਈ ਵਿਸ਼ਿਆਂ 'ਤੇ ਡੂੰਘਾਈ ਨਾਲ ਚਰਚਾ ਕੀਤੀ। ਰੂਸੀ ਰੱਖਿਆ ਮੰਤਰੀ ਨੇ ਭਾਰਤ-ਰੂਸ ਦੇ ਲੰਮੇ ਸਮੇਂ ਤੋਂ ਚੱਲ ਰਹੇ ਸੰਬੰਧਾਂ 'ਤੇ ਜ਼ੋਰ ਦਿੱਤਾ ਅਤੇ ਭਿਆਨਕ ਅਤੇ ਬੁਜ਼ਦਿਲਾਨਾ ਪਹਿਲਗਾਮ ਅੱਤਵਾਦੀ ਹਮਲੇ 'ਤੇ ਭਾਰਤ ਨਾਲ ਇਕਜੁੱਟਤਾ ਪ੍ਰਗਟਾਈ।

ਰੂਸ ਪਹਿਲਾਂ ਹੀ 5.5 ਅਰਬ ਡਾਲਰ ਦੇ ਸੌਦੇ ਤਹਿਤ ਭਾਰਤ ਨੂੰ ਲੰਮੀ ਦੂਰੀ ਦੀਆਂ ਮਿਜ਼ਾਈਲ ਪ੍ਰਣਾਲੀਆਂ ਦੀਆਂ ਤਿੰਨ ਯੂਨਿਟਾਂ ਦੀ ਸਪਲਾਈ ਕਰ ਚੁੱਕਾ ਹੈ। ਇਨ੍ਹਾਂ ਮਿਜ਼ਾਈਲ ਪ੍ਰਣਾਲੀਆਂ ਦੀ ਵਰਤੋਂ ਭਾਰਤੀ ਹਵਾਈ ਸੈਨਾ ਵੱਲੋਂ ਪਾਕਿਸਤਾਨ ਨਾਲ 7-10 ਮਈ ਦੇ ਫੌਜੀ ਸੰਘਰਸ਼ ਦੌਰਾਨ ਵਿਆਪਕ ਰੂਪ ਵਿੱਚ ਕੀਤੀ ਗਈ ਸੀ। ਰਾਜਨਾਥ ਸਿੰਘ ਨੇ ਬੇਲਾਰੂਸ, ਤਾਜਿਕਸਤਾਨ ਅਤੇ ਕਜ਼ਾਖ਼ਸਤਾਨ ਦੇ ਆਪਣੇ ਹਮਰੁਤਬਾ ਨਾਲ ਵੀ ਦੁਵੱਲੀਆਂ ਮੀਟਿੰਗਾਂ ਕੀਤੀਆਂ।

28-JUNE-PAGE-1.qxd 6/27/2025 9:28 PM Page 2



## ਨੌਜਵਾਨ ਨਸ਼ਿਆਂ ਤੋਂ ਦੂਰ ਰਹਿ ਕੇ ਖੇਡਾਂ ਤੇ ਪੜ੍ਹਾਈ ਦੇ ਜ਼ਰੀਏ ਆਪਣਾ ਭਵਿੱਖ ਰੁਸ਼ਨਾਉਣ : ਡੀ ਸੀ

### ਅਧਿਕਾਰੀਆਂ ਤੇ ਮੁਲਾਜ਼ਮਾਂ ਨੇ ਨਸ਼ਿਆਂ ਤੋਂ ਦੂਰ ਰਹਿਣ ਦਾ ਲਿਆ ਅਹਿਦ



**ਮਾਨਸਾ (ਆਤਮਾ ਸਿੰਘ ਪਮਾਰ)**-ਡਿਪਟੀ ਕਮਿਸ਼ਨਰ ਸ੍ਰ. ਕੁਲਵੰਤ ਸਿੰਘ ਆਈ.ਏ.ਐੱਸ. ਦੀ ਪ੍ਰਧਾਨਗੀ ਹੇਠ ਜ਼ਿਲ੍ਹਾ ਸਮਾਜਿਕ ਸੁਰੱਖਿਆ ਵਿਭਾਗ ਵੱਲੋਂ ਅੰਤਰ-ਰਾਸ਼ਟਰੀ ਨਸ਼ਾ ਵਿਰੋਧੀ ਦਿਵਸ ਮਨਾਇਆ ਗਿਆ। ਇਸ ਮੌਕੇ ਐੱਸ.ਡੀ.ਐੱਮ. ਬੁਢਲਾਡਾ ਗਗਨਦੀਪ ਸਿੰਘ ਤੇ ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ ਲਵਲੀਨ ਬੜਿੰਗ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ। ਇਸ ਮੌਕੇ ਬੋਲਦਿਆਂ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਨੌਜਵਾਨਾਂ ਦਾ ਸਮਾਜ ਤੇ ਦੇਸ਼ ਦੇ ਵਿਕਾਸ ਵਿੱਚ ਮਹੱਤਵਪੂਰਨ ਯੋਗਦਾਨ ਹੁੰਦਾ ਹੈ। ਇਸ ਲਈ ਸਾਨੂੰ ਨੌਜਵਾਨਾਂ ਨੂੰ ਪ੍ਰੇਰਿਤ ਕਰਨਾ ਚਾਹੀਦਾ ਹੈ ਕਿ ਉਹ ਨਸ਼ਿਆਂ ਵੱਲ ਧਿਆਨ ਨਾ ਦੇ ਕੇ ਖੇਡਾਂ ਤੇ ਪੜ੍ਹਾਈ ਵੱਲ ਦਿਲਚਸਪੀ ਦਿਖਾਉਣ ਤੇ ਆਪਣਾ ਭਵਿੱਖ ਰੁਸ਼ਨਾਉਣ। ਉਨ੍ਹਾਂ ਲੋਕਾਂ ਨੂੰ ਵੀ ਅਪੀਲ ਕੀਤੀ ਕਿ ਜੇਕਰ ਤੁਹਾਡੇ ਆਸ-ਪਾਸ ਕੋਈ ਵਿਅਕਤੀ ਨਸ਼ਿਆਂ ਦਾ ਆਦੀ ਹੋ ਚੁੱਕਾ ਹੈ ਤਾਂ ਉਸ ਨੂੰ ਸਮਝਾ ਕੇ ਨਸ਼ਾ ਛੁਡਾਊ ਕੇਂਦਰ ਜਾਂ ਕਿਸੇ ਨੇੜੇ ਦੀ ਸਿਹਤ ਸੰਸਥਾ ਵਿਖੇ ਉਸ ਦਾ ਇਲਾਜ ਕਰਵਾਉਣਾ ਚਾਹੀਦਾ ਹੈ। ਉਨ੍ਹਾਂ ਦੱਸਿਆ ਕਿ ਨਸ਼ਿਆਂ ਨਾਲ ਪੀੜਤ ਵਿਅਕਤੀ ਨੂੰ ਸਹੀ ਇਲਾਜ ਦੀ ਜ਼ਰੂਰਤ ਹੁੰਦੀ ਹੈ। ਇਸ ਲਈ ਸਾਨੂੰ ਚਾਹੀਦਾ ਹੈ ਕਿ ਨਸ਼ਿਆਂ ਦੇ ਚੁੰਗਲ 'ਚ ਫਸੇ ਵਿਅਕਤੀ ਨਾਲ ਵਿਤਕਰਾ ਜਾਂ ਨਫਰਤ ਕਰਨ ਦੀ ਬਜਾਇ ਉਸ ਦਾ ਸਹੀ ਇਲਾਜ ਕਰਵਾਇਆ ਜਾਵੇ। ਇਸ ਦੌਰਾਨ ਡਿਪਟੀ ਕਮਿਸ਼ਨਰ ਵੱਲੋਂ ਹਾਜ਼ਰੀਨ ਨੂੰ ਸਹੁੰ ਚੁੱਕਵਾਈ ਗਈ। ਇਸ ਮੌਕੇ ਸੁਖਰਾਜ ਸਿੰਘ ਪੀ ਏ, ਅਵਤਾਰ ਸਿੰਘ, ਗੁਰਮੀਤ ਸਿੰਘ ਗਾਗੋਵਾਲ, ਮਨੋਜ ਕੁਮਾਰ, ਕਾਰਤਿਕ ਸਿੰਗਲਾ, ਸੰਜੀਵ ਕੁਮਾਰ, ਹਰੀਸ਼ ਕੁਮਾਰ ਰੀਡਰ, ਕਮਲਪ੍ਰੀਤ, ਚੰਚਲ ਸ਼ਰਮਾ, ਗੁਰਮੀਤ ਕੌਰ, ਹਰਜੀਤ ਕੌਰ ਸਟੈਨੋ, ਗੁਰਤੇਜ ਸਿੰਘ, ਸੰਦੀਪ ਕੁਮਾਰ, ਗੁਰਪ੍ਰਕਾਸ਼ ਸਿੰਘ ਤੇ ਜਸਬੀਰ ਸਿੰਘ ਤੋਂ ਇਲਾਵਾ ਡਿਪਟੀ ਕਮਿਸ਼ਨਰ ਦਫ਼ਤਰ ਦੇ ਹੋਰ ਮੁਲਾਜ਼ਮ ਮੌਜੂਦ ਸਨ।

# ਲੇਖਕਾਂ, ਡਾਕਟਰਾਂ ਤੇ ਹੋਰ ਨਾਗਰਿਕਾਂ ਵੱਲੋਂ ਇਜ਼ਰਾਈਲ ਤੇ ਈਰਾਨ ਵਿਚਕਾਰ ਜੰਗਬੰਦੀ ਦਾ ਸਵਾਗਤ

### ਸਥਾਈ ਸ਼ਾਂਤੀ ਲਈ ਕਦਮਾਂ ਦੀ ਮੰਗ



**ਲੁਧਿਆਣਾ (ਐੱਮ ਐੱਸ ਭਾਟੀਆ)**-ਇੰਡੀਅਨ ਡਾਕਟਰਜ਼ ਫਾਰ ਪੀਸ ਐਂਡ ਡਿਵੈਲਪਮੈਂਟ (ਆਈਡੀਪੀਡੀ) ਤੇ ਪੰਜਾਬੀ ਸਾਹਿਤ ਅਕਾਦਮੀ ਵੱਲੋਂ ਬੁਲਾਈ ਗਈ ਕੁਝ ਪ੍ਰਮੁੱਖ ਨਾਗਰਿਕਾਂ ਤੇ ਸੰਗਠਨਾਂ ਦੀ ਪੰਜਾਬੀ ਭਵਨ ਲੁਧਿਆਣਾ ਵਿਖੇ ਹੋਈ ਮੀਟਿੰਗ ਨੇ ਇਜ਼ਰਾਈਲ ਤੇ ਈਰਾਨ ਵਿਚਕਾਰ ਜੰਗਬੰਦੀ ਦਾ ਸਵਾਗਤ ਕੀਤਾ ਤੇ ਉਮੀਦ ਪ੍ਰਗਟਾਈ ਕਿ ਇਹ ਖੇਤਰ ਵਿੱਚ ਸਥਾਈ ਸ਼ਾਂਤੀ ਦਾ ਰਾਹ ਪੱਧਰਾ ਕਰੇਗੀ। [illegible] ਇਜ਼ਰਾਈਲ ਨੂੰ ਅੰਤਰਰਾਸ਼ਟਰੀ ਮਾਨਵਤਾਵਾਦੀ ਕਾਨੂੰਨਾਂ ਦੀ ਪਾਲਣਾ ਕਰਨ ਲਈ ਮਜਬੂਰ ਕੀਤਾ ਜਾਣਾ ਚਾਹੀਦਾ ਹੈ, ਜੋ ਕਿ ਲੋਕ ਰਾਏ ਨਾਲ ਅਸੰਭਵ ਨਹੀਂ ਹੈ। ਉਨ੍ਹਾਂ ਅੱਗੇ ਮਹਿਸੂਸ ਕੀਤਾ ਕਿ ਰੂਸ ਤੇ ਯੂਕਰੇਨ ਵਿਚਕਾਰ ਜਾਰੀ ਜੰਗ ਤੁਰੰਤ ਖਤਮ ਹੋਣੀ ਚਾਹੀਦੀ ਹੈ। ਯੂਐੱਨਓ ਨੂੰ ਆਪਣੇ ਫੈਸਲਿਆਂ ਨੂੰ ਲਾਗੂ ਕਰਨ ਲਈ ਵਧੇਰੇ ਪ੍ਰਭਾਵਸ਼ਾਲੀ ਬਣਾਇਆ ਜਾਣਾ ਚਾਹੀਦਾ ਹੈ।ਭਾਰਤ ਤੇ ਪਾਕਿਸਤਾਨ ਵਿਚਕਾਰ ਲਗਾਤਾਰ ਤਣਾਅ ਬਾਰੇ ਚਿੰਤਤ ਮੀਟਿੰਗ ਨੇ ਖੇਤਰ ਵਿੱਚ ਅੱਤਵਾਦ ਨੂੰ ਖਤਮ ਕਰਨ ਲਈ ਇੱਕ ਸਮਝੌਤੇ 'ਤੇ ਪਹੁੰਚਣ ਤੇ ਦੋਵਾਂ ਦੇਸ਼ਾਂ ਵਿਚਕਾਰ ਮੁੱਦਿਆਂ ਨੂੰ ਆਪਸੀ ਗੱਲਬਾਤ ਰਾਹੀਂ ਹੱਲ ਕਰਨ ਦਾ ਸੱਦਾ ਦਿੱਤਾ। ਮੀਟਿੰਗ ਨੇ ਪ੍ਰਮਾਣੂ ਹਥਿਆਰਾਂ ਦੀ ਵਰਤੋਂ ਦੇ ਵਧਦੇ ਖ਼ਤਰੇ 'ਤੇ ਚਿੰਤਾ ਦਾ ਵੀ ਪ੍ਰਗਟਾਵਾ ਕੀਤਾ ਤੇ ਸਮੂਹਕ ਵਿਨਾਸ਼ ਦੇ ਹਥਿਆਰਾਂ ਦੇ ਪੂਰੀ ਤਰ੍ਹਾਂ ਖਾਤਮੇ ਦੀ ਮੰਗ ਕੀਤੀ।ਪ੍ਰਮਾਣੂ ਹਥਿਆਰ ਰੱਖਣ ਵਾਲੇ ਦੇਸ਼ਾਂ ਨੂੰ ਪ੍ਰਮਾਣੂ ਹਥਿਆਰਾਂ ਦੀ ਮਨਾਹੀ ਬਾਰੇ ਸੰਧੀ ਵਿੱਚ ਸ਼ਾਮਲ ਹੋਣਾ ਚਾਹੀਦਾ ਹੈ, ਜਿਸ ਨੂੰ ਜੁਲਾਈ 2017 ਵਿੱਚ ਸੰਯੁਕਤ ਰਾਸ਼ਟਰ ਦੀ ਜਨਰਲ ਅਸੈਂਬਲੀ ਦੁਆਰਾ ਪਾਸ ਕੀਤਾ ਗਿਆ ਸੀ।ਮੀਟਿੰਗ ਨੇ ਕਈ ਅਫਰੀਕੀ ਦੇਸ਼ਾਂ ਵਿੱਚ ਚੱਲ ਰਹੇ ਟਕਰਾਵਾਂ 'ਤੇ ਵੀ ਗੰਭੀਰ ਚਿੰਤਾ ਪ੍ਰਗਟ ਕੀਤੀ, ਜਿਸ ਨਾਲ ਭੁੱਖਮਰੀ ਤੇ ਗਰੀਬੀ ਵਧ ਰਹੀ ਹੈ, ਉੱਥੇ ਚੱਲ ਰਹੀਆਂ ਲੜਾਈਆਂ ਨੂੰ ਰੋਕਣ ਤੇ ਉਨ੍ਹਾਂ ਦੇ ਮਸਲਿਆਂ ਨੂੰ ਹੱਲ ਕਰਵਾਉਣ ਲਈ ਸੰਯੁਕਤ ਰਾਸ਼ਟਰ ਸੰਘ ਨੂੰ ਭੂਮਿਕਾ ਅਦਾ ਕਰਨੀ ਚਾਹੀਦੀ ਹੈ। ਭਾਰਤ ਇਸ ਵਿੱਚ ਵੱਡੀ ਭੂਮਿਕਾ ਨਿਭਾ ਸਕਦਾ ਹੈ, ਕਿਉਂਕਿ ਇਕ ਸਮਾਂ ਭਾਰਤ ਦੁਨੀਆ ਦੀ ਅਮਨ ਲਹਿਰ ਦਾ ਮੋਢੀ ਸੀ ਤੇ ਗੁੱਟ-ਨਿਰਲੇਪ ਲਹਿਰ ਰਾਹੀਂ ਵਿਕਾਸਸ਼ੀਲ ਦੇਸ਼ਾਂ ਦਾ ਆਗੂ ਵੀ ਰਿਹਾ ਹੈ।ਮੀਟਿੰਗ 'ਚ ਦੱਸਿਆ ਗਿਆ ਕਿ ਸ਼ਾਂਤੀ, ਸਦਭਾਵਨਾ, ਨਿਸ਼ਸਤਰੀਕਰਨ ਤੇ ਪ੍ਰਮਾਣੂ ਹਥਿਆਰਾਂ ਦੇ ਖਾਤਮੇ ਦੇ ਵਿਚਾਰ ਨੂੰ ਉਤਸ਼ਾਹਤ ਕਰਨ ਲਈ 3 ਅਗਸਤ 2025 ਨੂੰ ਪੰਜਾਬ ਰਾਜ ਪੱਧਰੀ ਸੰਮੇਲਨ ਕੀਤਾ ਜਾਵੇਗਾ।ਅਸੀਂ ਸਾਰੇ ਇਸ ਮੰਚ ਤੋਂ ਸ਼ਾਂਤੀ ਪਸੰਦ ਨਾਗਰਿਕਾਂ ਨੂੰ ਉਸ ਸੰਮੇਲਨ ਵਿੱਚ ਸ਼ਾਮਲ ਹੋਣ ਤੇ ਜੰਗ ਦੇ ਪੈਦਾ ਕੀਤੇ ਮਹੌਲ ਖਿਲਾਫ਼ ਡੱਟ ਜਾਣ ਦੀ ਅਪੀਲ ਕਰਦੇ ਹਾਂ।

## ਜ਼ਿਲ੍ਹਾ ਯੂਥ ਪ੍ਰਧਾਨ ਵੱਲੋਂ ਮਜੀਠੀਆ ਦੀ ਗ੍ਰਿਫਤਾਰੀ ਦੀ ਨਿੰਦਾ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਸਾਬਕਾ ਕੈਬਨਿਟ ਮੰਤਰੀ ਬਿਕਰਮ ਸਿੰਘ ਮਜੀਠੀਆ ਦੀ ਗ੍ਰਿਫਤਾਰੀ ਨੂੰ ਗੈਰ-ਕਾਨੂੰਨੀ ਠਹਿਰਾਉਂਦੇ ਹੋਏ ਸ਼੍ਰੋਮਣੀ ਅਕਾਲੀ ਦਲ ਦੇ ਜ਼ਿਲ੍ਹਾ ਮੋਗਾ ਦੇ ਯੂਥ ਪ੍ਰਧਾਨ ਹਰਜੋਤ ਸਿੰਘ ਡੈਮਰੂ ਨੇ ਆਖਿਆ ਕਿ ਅਜਿਹਾ ਕਰ ਕੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਇਕ ਵਾਰ ਫੇਰ ਬੁਜ਼ਦਿਲੀ ਦਾ ਪ੍ਰਗਟਾਵਾ ਕੀਤਾ ਹੈ।ਡੈਮਰੂ ਨੇ ਆਖਿਆ ਕਿ ਮਜੀਠੀਆ ਲਗਾਤਾਰ ਪੰਜਾਬ ਸਰਕਾਰ ਦੇ ਕਾਰਨਾਮੇ, ਕਾਲੀਆਂ ਕਰਤੂਤਾਂ, ਉਨ੍ਹਾਂ ਦੇ ਮੰਤਰੀਆਂ ਦੀਆਂ ਅਸ਼ਲੀਲ ਗੱਲਾਂ ਤੇ ਭ੍ਰਿਸ਼ਟਾਚਾਰ ਨੂੰ ਬੇਬਾਕੀ ਨਾਲ ਲੋਕਾਂ ਸਾਹਮਣੇ ਰੱਖ ਰਹੇ ਹਨ, ਪਰ ਮੁੱਖ ਮੰਤਰੀ ਨੇ ਉਨ੍ਹਾਂ ਦੀ ਅਵਾਜ਼ ਦਬਾਉਣ ਲਈ ਉਨ੍ਹਾਂ ਦੀ ਗ੍ਰਿਫਤਾਰੀ ਕੀਤੀ ਗਈ ਹੈ।ਉਨ੍ਹਾਂ ਇਸ ਗ੍ਰਿਫਤਾਰੀ ਨੂੰ ਰਾਜਨੀਤਕ ਬਦਲੇ ਦੀ ਕਾਰਵਾਈ ਕਰਾਰ ਦਿੰਦਿਆਂ ਕਿਹਾ ਕਿ ਪੰਜਾਬ ਦੀ ਭਗਵੰਤ ਮਾਨ ਸਰਕਾਰ ਵੱਲੋਂ ਨਿਰਦੋਸ਼ ਅਕਾਲੀ ਆਗੂਆਂ ਨੂੰ ਝੂਠੇ ਕੇਸਾਂ ਵਿੱਚ ਫਸਾ ਕੇ ਦਬਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਅਕਾਲੀ ਦਲ ਦੇ ਆਗੂਆਂ ਨੇ ਹਮੇਸ਼ਾ ਪੰਜਾਬ ਦੀ ਅਖੰਡਤਾ ਤੇ ਲੋਕਤੰਤਰ ਦੀ ਰੱਖਿਆ ਲਈ ਅੱਗੇ ਰਹਿ ਕੇ ਭੂਮਿਕਾ ਨਿਭਾਈ ਹੈ।ਉਨ੍ਹਾਂ ਦੱਸਿਆ ਕਿ ਬਿਕਰਮ ਸਿੰਘ ਮਜੀਠੀਆ ਖਿਲਾਫ ਪਹਿਲਾਂ ਵੀ ਰਾਜਨੀਤਕ ਪ੍ਰੇਰਿਤ ਕੇਸ ਬਣਾਏ ਗਏ, ਪਰ ਉਹ ਹਰ ਵਾਰੀ ਕਾਨੂੰਨੀ ਤੌਰ 'ਤੇ ਇਨਸਾਫ ਲੈ ਕੇ ਬਾਹਰ ਆਏ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਲੋਕਾਂ ਨੂੰ ਰੋਜ਼ਗਾਰ, ਸਿਹਤ, ਸਿੱਖਿਆ ਤੇ ਕਿਸਾਨੀ ਮੁੱਦਿਆਂ ਤੋਂ ਭਟਕਾ ਕੇ ਅਕਾਲੀ ਦਲ 'ਤੇ ਨਿਸ਼ਾਨਾ ਸਾਧ ਰਹੀ ਹੈ।

ਉਨ੍ਹਾਂ ਕਿਹਾ ਕਿ ਇਹ ਗ੍ਰਿਫਤਾਰੀ ਸੰਵਿਧਾਨਕ ਪ੍ਰਕਿਰਿਆ ਦੀ ਉਲੰਘਣਾ ਹੈ ਤੇ ਲੋਕਤੰਤਰ ਵਿੱਚ ਇਸ ਦੀ ਕੋਈ ਥਾਂ ਨਹੀਂ।ਇਸ ਮੌਕੇ ਜ਼ਿਲ੍ਹਾ ਪ੍ਰਧਾਨ ਹਰਜੋਤ ਡੈਮਰੂ ਨੇ ਆਖਿਆ ਕਿ ਬਦਲਖੋਰੀ ਦੀ ਨੀਤੀ ਨਾਲ ਪੰਜਾਬ ਸਰਕਾਰ ਵੱਲੋਂ ਹਰ ਹਫ਼ਤੇ ਕੋਈ ਨਾ ਕੋਈ ਝੂਠਾ ਇਲਜ਼ਾਮ ਲਾ ਕੇ ਅਕਾਲੀ ਆਗੂਆਂ ਨੂੰ ਬਦਨਾਮ ਕਰਨ ਦੀ ਕੋਸ਼ਿਸ਼ ਕੀਤੀ ਜਾਂਦੀ ਹੈ, ਪਰ ਅਕਾਲੀ ਵਰਕਰ ਕਿਸੇ ਵੀ ਤਾਣ ਜਾਂ ਦਬਾਅ ਤੋਂ ਡਰਣ ਵਾਲਾ ਨਹੀਂ ਅਤੇ ਅਸੀਂ ਇਹ ਲੜਾਈ ਨਿਰਦੋਸ਼ਤਾ ਤੇ ਨਿਆਂ ਲਈ ਲੜਾਂਗੇ। ਉਨ੍ਹਾਂ ਮੰਗ ਕੀਤੀ ਕਿ ਮਜੀਠੀਆ ਨੂੰ ਤੁਰੰਤ ਰਿਹਾਅ ਕੀਤਾ ਜਾਵੇ ਤੇ ਸੰਵਿਧਾਨ ਅਨੁਸਾਰ ਚੱਲ ਰਹੀ ਅਕਾਲੀ ਦਲ ਦੀ ਗਤੀਵਿਧੀ 'ਤੇ ਬੇਵਜ੍ਹਾ ਰੋਕ ਨਾ ਲਾਈ ਜਾਵੇ।ਇਸ ਮੌਕੇ ਉਨ੍ਹਾਂ ਕਿਹਾ ਕਿ ਜੇਕਰ ਬਿਕਰਮ ਮਜੀਠੀਆ ਨੂੰ ਤੁਰੰਤ ਰਿਹਾਅ ਨਾ ਕੀਤਾ ਗਿਆ ਤਾਂ ਸ਼੍ਰੋਮਣੀ ਅਕਾਲੀ ਦਲ ਹਰ ਸੰਘਰਸ਼ ਕਰਨ ਲਈ ਤਿਆਰ ਹੈ।ਇਸ ਮੌਕੇ ਉਨ੍ਹਾਂ ਨਾਲ ਹੋਰ ਪਾਰਟੀ ਆਗੂ ਤੇ ਵਰਕਰ ਹਾਜ਼ਰ ਸਨ।

## ਗੁਰੂ ਅਮਰਦਾਸ ਅਪਾਹਜ ਆਸ਼ਰਮ ਸਰਾਭਾ ਵਿਖੇ ਨਸ਼ਾ ਵਿਰੋਧੀ ਦਿਵਸ ਮਨਾਇਆ



**ਜਗਰਾਉਂ (ਨਛੱਤਰ ਸੰਧੂ)**-ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਗੁਰੂ ਅਮਰਦਾਸ ਅਪਾਹਜ ਆਸ਼ਰਮ ਪਿੰਡ ਸਰਾਭਾ ਵਿਖੇ ਨਸ਼ਾ ਵਿਰੋਧੀ ਅੰਤਰਰਾਸ਼ਟਰੀ ਦਿਵਸ ਮਨਾਇਆ ਗਿਆ, ਜਿੱਥੇ ਲੋਕਾਂ ਨੂੰ ਨਸ਼ਿਆਂ ਦੇ ਕੋਹੜ ਤੋਂ ਪਾਸਾ ਵੱਟਣ ਲਈ ਜਾਗਰੂਕ ਕੀਤਾ ਗਿਆ। ਇਸ ਮੌਕੇ ਵਿਧਾਨ ਸਭਾ ਹਲਕਾ ਲੁਧਿਆਣਾ ਦੱਖਣੀ ਤੋਂ ਵਿਧਾਇਕ ਰਾਜਿੰਦਰਪਾਲ ਕੌਰ ਛੀਨਾ, ਡਾ. ਪ੍ਰਗਤੀ ਆਈ.ਏ.ਐੱਸ. (ਯੂ.ਟੀ.), ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ ਇੰਦਰਪ੍ਰੀਤ ਕੌਰ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਲੋਕਾਂ ਨੇ ਸ਼ਮੂਲੀਅਤ ਕੀਤੀ। ਵਿਧਾਇਕ ਰਾਜਿੰਦਰਪਾਲ ਕੌਰ ਛੀਨਾ ਵੱਲੋਂ ਨਸ਼ਾ ਵਿਰੋਧੀ ਮੁਹਿੰਮ ਵਿੱਚ ਸਰਗਰਮੀ ਨਾਲ ਸ਼ਾਮਲ ਹੋਣ ਤੇ ਪ੍ਰੋਗਰਾਮ ਨਾਲ ਜੁੜੀਆਂ ਗਤੀਵਿਧੀਆਂ ਵਿੱਚ ਨਿੱਜੀ ਤੌਰ 'ਤੇ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ ਗਿਆ। ਉਨ੍ਹਾਂ ਕਿਹਾ ਕਿ ਨਸ਼ਾ ਮੁਕਤ ਭਾਰਤ ਮੁਹਿੰਮ ਤਹਿਤ ਨਸ਼ਿਆਂ ਦੀ ਸਪਲਾਈ ਨੂੰ ਰੋਕਣ, ਆਊਟਰੀਚ ਤੇ ਜਾਗਰੂਕਤਾ ਪਹਿਲਕਦਮੀਆਂ ਕਰਨ ਅਤੇ ਨਸ਼ਿਆਂ ਦੀ ਮੰਗ ਨੂੰ ਘਟਾਉਣ 'ਤੇ ਕੇਂਦਰਤ ਤਿੰਨ-ਪੱਖੀ ਰਣਨੀਤੀ ਨੂੰ ਲਾਗੂ ਕੀਤਾ ਜਾਵੇ। ਉਨ੍ਹਾਂ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਸਮਾਜ, ਖਾਸ ਕਰਕੇ ਨੌਜਵਾਨਾਂ ਨੂੰ ਜਾਗਰੂਕ ਕਰਨ ਲਈ ਵਿਆਪਕ ਜਾਗਰੂਕਤਾ ਗਤੀਵਿਧੀਆਂ ਦੀ ਯੋਜਨਾ ਬਣਾਉਣ ਤੇ ਚਲਾਉਣ 'ਤੇ ਵੀ ਜ਼ੋਰ ਦਿੱਤਾ।

# ਟਰਾਂਸਪੋਰਟ ਮੰਤਰੀ ਲਾਲਜੀਤ ਭੁੱਲਰ ਦੀ ਪੀ ਆਰ ਟੀ ਸੀ ਮੁੱਖ ਦਫਤਰ ਵਿਖੇ ਆਮਦ

- ਚੇਅਰਮੈਨ ਹਡਾਣਾ ਨਾਲ ਮਹਿਕਮੇ ਦਾ ਪੱਧਰ ਹੋਰ ਚੁੱਕਣ ਲਈ ਵਿਸ਼ੇਸ਼ ਗੱਲਬਾਤ
- ਵਿਰਕ ਨੇ ਟਰਾਂਸਪੋਰਟ ਮੰਤਰੀ ਦੀ ਮੌਜੂਦਗੀ 'ਚ ਡਾਇਰੈਕਟਰ ਦਾ ਅਹੁਦਾ ਸੰਭਾਲਿਆ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬ ਦੇ ਟਰਾਂਸਪੋਰਟ ਮੰਤਰੀ ਲਾਲਜੀਤ ਸਿੰਘ ਭੁੱਲਰ ਤੇ ਚੇਅਰਮੈਨ ਰਣਜੋਧ ਸਿੰਘ ਹਡਾਣਾ ਵਿੱਚ ਪੀਆਰਟੀਸੀ ਮਹਿਕਮੇ ਦਾ ਪੱਧਰ ਉੱਚਾ ਚੁੱਕਣ ਤੇ ਨਿਵੇਕਲੀਆਂ ਤਕਨੀਕਾਂ ਨਾਲ ਕੰਮ ਕਰਨ ਸੰਬੰਧੀ ਲੰਮੀ ਗੱਲਬਾਤ ਹੋਈ।ਦੱਸਣਯੋਗ ਹੈ ਕਿ ਕਾਰਪੋਰੇਸ਼ਨ ਦਾ ਡਾਇਰੈਕਟਰ ਨਿਯੁਕਤ ਕੀਤੇ ਗਏ ਗੁਰਪ੍ਰੀਤ ਸਿੰਘ ਵਿਰਕ ਨੂੰ ਟਰਾਂਸਪੋਰਟ ਮੰਤਰੀ ਸ੍ਰੀ ਲਾਲਜੀਤ ਸਿੰਘ ਭੁੱਲਰ ਦੁਆਰਾ ਪਟਿਆਲਾ ਮੁੱਖ ਦਫਤਰ ਪਹੁੰਚ ਕੇ ਅਧਿਕਾਰਤ ਤੌਰ 'ਤੇ ਵਿਭਾਗ ਵਿੱਚ ਸ਼ਾਮਲ ਵੀ ਕਰਵਾਇਆ ਗਿਆ।ਇਸ ਮੌਕੇ ਆਪ ਪੰਜਾਬ ਜਨਰਲ ਸਕੱਤਰ ਹਰਚੰਦ ਸਿੰਘ ਬਰਸਟ ਚੇਅਰਮੈਨ ਮੰਡੀ ਬੋਰਡ, ਹਲਕਾ ਵਿਧਾਇਕ ਡੇਰਾਬੱਸੀ ਕੁਲਜੀਤ ਸਿੰਘ ਰੰਧਾਵਾ, ਚੇਅਰਮੈਨ ਪੀਆਰਟੀਸੀ ਰਣਜੋਧ ਸਿੰਘ ਹਡਾਣਾ, ਵਾਈਸ ਚੇਅਰਮੈਨ ਬਲਵਿੰਦਰ ਸਿੰਘ ਝਾੜਵਾਂ, ਐੱਮ ਡੀ ਬਿਕਰਮਜੀਤ ਸਿੰਘ ਸ਼ੇਰਗਿੱਲ, ਮੇਅਰ ਪਟਿਆਲਾ ਕੁੰਦਨ ਗੋਗੀਆ, ਜ਼ਿਲ੍ਹਾ ਮੋਹਾਲੀ ਦੇ ਪ੍ਰਧਾਨ ਸ੍ਰੀਮਤੀ ਪ੍ਰਭਜੋਤ ਕੌਰ ਉਚੇਚੇ ਤੌਰ 'ਤੇ ਹਾਜ਼ਰ ਰਹੇ।

ਇਸ ਮੌਕੇ ਲਾਲਜੀਤ ਸਿੰਘ ਭੁੱਲਰ ਨੇ ਉਪਰੋਕਤ ਡਾਇਰੈਕਟਰ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਇਸੇ ਤਰਾਂ ਵਰਕਰਾਂ ਨੂੰ ਪਾਰਟੀ ਵੱਲੋਂ ਪੂਰਾ ਮਾਣ ਤੇ ਸਤਿਕਾਰ ਦਿੱਤਾ ਜਾਂਦਾ ਰਹੇਗਾ।ਭਵਿੱਖ ਵਿੱਚ ਵੀ ਵਲੰਟੀਅਰਾਂ ਨੂੰ ਮੈਰਿਟ ਦੇ ਆਧਾਰ 'ਤੇ ਅਹੁਦੇਦਾਰੀਆਂ ਮਿਲਣਗੀਆਂ ਤੇ ਗੁਰਪ੍ਰੀਤ ਵਿਰਕ ਪਾਰਟੀ ਦੁਆਰਾ ਦਿੱਤੀ ਜ਼ਿੰਮੇਵਾਰੀ ਪੂਰੀ ਤਨਦੇਹੀ ਤੇ ਇਮਾਨਦਾਰੀ ਨਾਲ਼ ਨਿਭਾਉਣਗੇ।ਉਨ੍ਹਾਂ ਕਿਹਾ ਕਿ ਇਸ ਤੋਂ ਇਲਾਵਾ ਇਹ ਦੌਰਾ ਪੰਜਾਬ ਵਿੱਚ ਜਨਤਕ ਆਵਾਜਾਈ ਵਿੱਚ ਹੋਰ ਸੁਧਾਰ ਕਰਨ, ਬੱਸਾਂ ਦੀ ਗੁਣਵੱਤਾ ਵਧਾਉਣ ਤੇ ਯਾਤਰੀਆਂ ਨੂੰ ਬਿਹਤਰ ਸਹੂਲਤਾਂ ਮੁਹੱਈਆ ਕਰਵਾਉਣ ਦੇ ਇਰਾਦੇ ਨਾਲ ਕੀਤਾ ਗਿਆ ਸੀ।ਇਸ ਦੌਰਾਨ ਉਨ੍ਹਾਂ ਪੀਆਰਟੀਸੀ ਦੀਆਂ ਬੱਸਾਂ, ਵਰਕਸ਼ਾਪਾਂ, ਟਿਕਟ ਬੁਕਿੰਗ ਸਿਸਟਮ ਤੇ ਸਟਾਫ ਦੀਆਂ ਸਹੂਲਤਾਂ ਦਾ ਮੁਆਇਨਾ ਕਰਦਿਆਂ ਚੰਗੇ ਕਾਰਜ ਦੀ ਤਾਰੀਫ ਕੀਤੀ।ਚੇਅਰਮੈਨ ਹਡਾਣਾ ਨੇ ਮੰਤਰੀ ਲਾਲਜੀਤ ਸਿੰਘ ਭੁੱਲਰ ਦੀ ਆਮਦ ਦੌਰਾਨ ਹੋਈ ਗੱਲਬਾਤ ਬਾਰੇ ਜ਼ਿਕਰ ਕਰਦਿਆਂ ਕਿਹਾ ਕਿ ਪੰਜਾਬ ਦੀ ਜਨਤਾ ਲਈ ਸੁਰੱਖਿਅਤ, ਸਮਰੱਥ ਤੇ ਆਧੁਨਿਕ ਆਵਾਜਾਈ ਸੇਵਾਵਾਂ ਮੁਹੱਈਆ ਕਰਵਾਉਣ ਲਈ ਤੇ ਹੋਰ ਨਿਖਾਰ ਲਿਆਉਣ ਲਈ ਖਾਸ ਗੱਲਬਾਤ ਹੋਈ।ਉਨ੍ਹਾਂ ਕਿਹਾ ਕਿ ਪੀ ਆਰ ਟੀ ਸੀ ਮਹਿਕਮਾ ਪੰਜਾਬ ਦੇ ਲੋਕਾਂ ਦੀ ਸੇਵਾ ਕਰਨ ਲਈ ਸਮਰਪਤ ਹੈ ਤੇ ਅਸੀਂ ਯਾਤਰੀਆਂ ਦੀਆਂ ਲੋੜਾਂ ਨੂੰ ਪੂਰਾ ਕਰਨ ਲਈ ਹਰ ਸੰਭਵ ਕੋਸ਼ਿਸ਼ ਕਰਾਂਗੇ।

## ਐੱਸ ਡੀ ਐੱਮ ਵੱਲੋਂ ਸ਼ਹਿਰ ਤੇ ਪਿੰਡਾਂ ਦੀ ਸਾਫ-ਸਫਾਈ ਦੇ ਕੰਮਾਂ ਦਾ ਜਾਇਜ਼ਾ



**ਸਮਾਣਾ (ਇਕਬਾਲ ਸਿੰਘ ਬੱਲ)**-ਮੌਨਸੂਨ ਸੀਜ਼ਨ ਦੇ ਮੱਦੇਨਜ਼ਰ ਐੱਸ ਡੀ ਐੱਮ ਰਿਚਾ ਗੋਇਲ ਨੇ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਵੱਲੋਂ ਪ੍ਰਾਪਤ ਹਦਾਇਤਾਂ ਅਨੁਸਾਰ ਸਬ ਡਵੀਜ਼ਨ ਸਮਾਣਾ ਅਧੀਨ ਆਉਂਦੇ ਸ਼ਹਿਰ ਸਮਾਣਾ ਤੇ ਤਹਿਸੀਲ ਸਮਾਣਾ ਦੇ ਪਿੰਡਾਂ ਦੀ ਸਾਫ ਸਫਾਈ ਦੇ ਕੰਮਾਂ ਦਾ ਜਾਇਜਜ਼ ਲਿਆ।ਉਨ੍ਹਾਂ ਵੱਖ ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਕਰਦਿਆਂ ਪਿਛਲੇ ਸਮੇਂ ਵਿੱਚ ਕੀਤੇ ਗਏ ਕੰਮਾਂ ਦੀ ਪ੍ਰਗਤੀ ਰਿਪੋਰਟ ਰੀਵਿਊ ਕੀਤੀ।ਡਰੇਨੇਜ ਵਿਭਾਗ ਵੱਲੋਂ ਸਰਾਏਂ ਪੱਤੀ ਡਰੇਨ, ਸਮਾਣਾ ਮੰਡੀ ਦਾ ਡਰੇਨ ਤੇ ਚੰਬੋ ਵਾਲੀ ਚੋਅ ਦੀ ਸਫਾਈ ਦਾ ਕੰਮ ਕੀਤਾ ਜਾ ਰਿਹਾ ਹੈ, ਜਿਸ ਦਾ ਮੌਕੇ 'ਤੇ ਜਾ ਕੇ ਜਾਇਜ਼ਾ ਲਿਆ ਅਤੇ ਇੱਕ ਹਫਤੇ ਦੇ ਅੰਦਰ ਅੰਦਰ ਕੰਮ ਮੁਕੰਮਲ ਕਰਨ ਦੀ ਹਦਾਇਤ ਕੀਤੀ। ਕਾਰਜਸਾਧਕ ਅਫਸਰ ਨਗਰ ਕੌਂਸਲ ਬਰਜਿੰਦਰ ਸਿੰਘ ਨੇ ਦੱਸਿਆ ਕਿ ਸਮਾਣਾ ਸ਼ਹਿਰ ਦੀਆਂ ਡਰੇਨਜ਼ ਦੀ ਸਫਾਈ ਦਾ ਕੰਮ ਕਾਫੀ ਹੱਦ ਤੱਕ ਮੁਕੰਮਲ ਹੋ ਚੁੱਕਾ ਹੈ ਤੇ ਬਾਕੀ ਰਹਿੰਦਾ ਕੰਮ 5 ਜੁਲਾਈ 2025 ਤੋਂ ਪਹਿਲਾਂ ਪਹਿਲਾਂ ਮੁਕੰਮਲ ਕਰ ਲਿਆ ਜਾਵੇਗਾ।ਉਪ ਮੰਡਲ ਇੰਜੀਨੀਅਰ ਪੰਜਾਬ ਵਾਟਰ ਸਪਲਾਈ ਤੇ ਸੀਵਰੇਜ ਬੋਰਡ ਸਮਾਣਾ ਨੇ ਦੱਸਿਆ ਕਿ ਪੰਜ ਪੀਰ, ਪੰਜਾਬੀ ਬਾਗ, ਵੜੈਚਾਂ ਪੱਤੀ, ਦਰਦੀ ਕਲੌਨੀ ਤੇ ਦੁਸਹਿਰਾ ਗਰਾਊਂਡ ਏਰੀਏ ਦੇ ਮੇਨ ਸੀਵਰ ਦੀ ਸਫਾਈ ਕੀਤੀ ਜਾ ਚੁੱਕੀ ਹੈ।ਬੱਸ ਸਟੈਂਡ ਸਮਾਣਾ ਦੇ ਨੇੜੇ ਡੀਸਿਲਟਿੰਗ ਦਾ ਕੰਮ ਪ੍ਰਗਤੀ ਅਧੀਨ ਹੈ ਤੇ ਤਹਿਸੀਲ ਰੋਡ, ਭਵਾਨੀਗੜ੍ਹ ਰੋਡ ਦੀ ਡੀਸਿਲਟਿੰਗ ਦਾ ਕੰਮ 30 ਜੂਨ 2025 ਤੱਕ ਪੂਰਾ ਕਰ ਦਿੱਤਾ ਜਾਵੇਗਾ।ਬੀ.ਡੀ.ਪੀ.ਓ. ਸਮਾਣਾ ਵੱਲੋਂ ਰਿਪੋਰਟ ਕੀਤੀ ਗਈ ਤਹਿਸੀਲ ਸਮਾਣਾ ਅਧੀਨ ਆਉਂਦੇ 4-5 ਪਿੰਡਾਂ ਤੋਂ ਬਿਨਾਂ ਸਾਰੇ ਪਿੰਡਾਂ ਦੀ ਡਰੇਨ ਦੀ ਸਫਾਈ ਦਾ ਕੰਮ ਪੂਰਾ ਹੋ ਚੁੱਕਾ ਹੈ।ਮੀਟਿੰਗ ਉਪਰੰਤ ਸਮਾਣਾ ਸ਼ਹਿਰ ਵਿੱਚ ਵੱਖ ਵੱਖ ਜਗ੍ਹਾ ਦਾ ਮੌਕਾ ਵੀ ਦੇਖਿਆ ਗਿਆ।ਮੌਕੇ 'ਤੇ ਮੌਜੂਦ ਪਬਲਿਕ/ਦੁਕਾਨਦਾਰਾਂ ਨਾਲ ਇਸ ਸਬੰਧੀ ਗੱਲਬਾਤ ਕੀਤੀ ਗਈ ਤਾਂ ਉਨ੍ਹਾਂ ਵੱਲੋਂ ਮੰਗ ਕੀਤੀ ਗਈ ਕਿ ਬੱਸ ਸਟੈਂਡ ਰੋਡ 'ਤੇ ਪਏ ਟੋਇਆਂ ਨੂੰ ਜਲਦੀ ਤੋਂ ਜਲਦੀ ਰਿਪੇਅਰ ਕਰਵਾਇਆ ਜਾਵੇ।ਉਸ ਸਬੰਧੀ ਐੱਸ ਡੀ ਐੱਮ ਨੇ ਨਗਰ ਕੌਂਸਲ ਸਮਾਣਾ ਨੂੰ ਹਦਾਇਤ ਕੀਤੀ ਕਿ ਇਸ ਸਬੰਧੀ ਟੈਂਡਰ ਪ੍ਰਕਿਰਿਆ ਮੁਕੰਮਲ ਹੋਣ ਤੱਕ ਆਰਜ਼ੀ ਤੌਰ 'ਤੇ ਟੋਇਆਂ ਦੀ ਰਿਪੇਅਰ ਕੀਤੀ ਜਾਵੇ।ਉਪ ਮੰਡਲ ਮੈਜਿਸਟਰੇਟ ਨੇ ਮੌਕੇ ਉੱਪਰ ਮੌਜੂਦ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਬਾਕੀ ਰਹਿੰਦੇ ਕੰਮ ਜਲਦੀ ਤੋਂ ਜਲਦੀ ਮੁਕੰਮਲ ਕੀਤੇ ਜਾਣ ਤਾਂ ਜੋ ਮੌਨਸੂਨ ਸੀਜ਼ਨ ਦੌਰਾਨ ਆਮ ਪਬਲਿਕ ਨੂੰ ਕਿਸੇ ਵੀ ਤਰ੍ਹਾਂ ਦੀ ਮੁਸ਼ਕਲ ਦਾ ਸਾਹਮਣਾ ਨਾ ਕਰਨਾ ਪਵੇ।

## ਪੈਨਸ਼ਨਰਜ਼ ਐਸੋਸੀਏਸ਼ਨ ਪਾਵਰਕਾਮ ਸਰਕਲ ਫਰੀਦਕੋਟ ਦੀ ਮੀਟਿੰਗ



**ਮੋਗਾ (ਇਕਬਾਲ ਸਿੰਘ ਖਹਿਰਾ)**-ਪੈਨਸ਼ਨਰਜ ਐਸੋਸੀਏਸ਼ਨ ਪਾਵਰਕਾਮ ਸਰਕਲ ਫਰੀਦਕੋਟ ਦੀ ਕਾਰਜਕਾਰੀ ਦੀ ਮੀਟਿੰਗ ਪ੍ਰਧਾਨ ਸਾਥੀ ਬਲੌਰ ਸਿੰਘ ਦੀ ਪ੍ਰਧਾਨਗੀ ਹੇਠ ਰੈਸਟ ਹਾਊਸ ਮੋਗਾ ਵਿਖੇ ਹੋਈ, ਜਿਸ ਵਿੱਚ ਵੱਖ ਵੱਖ ਡਵੀਜ਼ਨ ਦੇ ਪ੍ਰਧਾਨ/ਸਕੱਤਰ ਨੇ ਹਿੱਸਾ ਲਿਆ। ਮੀਟਿੰਗ ਦੀ ਕਾਰਵਾਈ ਸ਼ੁਰੂ ਕਰਦੇ ਹੋਏ ਸਾਥੀ ਬਲੌਰ ਸਿੰਘ ਪ੍ਰਧਾਨ ਨੇ ਦੱਸਿਆ ਕਿ ਸਟੇਟ ਵਰਕਿੰਗ ਕਮੇਟੀ ਦੀ ਮੀਟਿੰਗ 11 ਜੂਨ 25 ਨੂੰ ਫਗਵਾੜਾ ਵਿਖੇ ਹੋਈ, ਜਿਸ ਵਿੱਚ ਸਟੇਟ ਡੈਲੀਗੇਟ ਅਜਲਾਸ 12 ਜੁਲਾਈ 25 ਨੂੰ ਗੁਰਾਇਆ ਵਿਖੇ ਕਰਾਉਣ ਦਾ ਫੈਸਲਾ ਕੀਤਾ ਗਿਆ, ਜਿਸ ਵਿੱਚ ਸਟੇਟ ਕਮੇਟੀ ਦੀ ਚੋਣ ਕੀਤੀ ਜਾਵੇਗੀ। ਵੱਖ ਵੱਖ ਡਵੀਜ਼ਨ ਵੱਲੋਂ ਡੈਲੀਗੇਟ ਲਿਸਟਾਂ ਸਾਥੀ ਸੁਰਿੰਦਰਪਾਲ ਸਿੰਘ ਸਰਕਲ ਸਕੱਤਰ ਕੋਲ ਦਿੱਤੀਆਂ ਤੇ ਡੈਲੀਗੇਟ ਫੀਸ ਜਮ੍ਹਾਂ ਕਰਵਾਈ ਗਈ। ਮੀਟਿੰਗ ਵਿੱਚ ਪਾਵਰਕਾਮ ਮੈਨੇਜਮੈਂਟ ਕੋਲੋਂ ਮੰਗ ਕੀਤੀ ਗਈ ਕਿ 75 ਸਾਲ ਤੋਂ ਹੇਠਾਂ ਵਾਲੇ ਪੈਨਸ਼ਨਰ ਸਾਥੀਆਂ ਨੂੰ ਸੋਧੇ ਸਕੇਲਾਂ ਦਾ ਏਰੀਅਰ ਤੁਰੰਤ ਦਿੱਤਾ ਜਾਵੇ, 31-12-15 ਤੋਂ ਪਹਿਲਾਂ ਸੇਵਾਮੁਕਤ ਪੈਨਸ਼ਨਰਜ਼ ਦੀਆਂ ਪੈਨਸ਼ਨਾਂ 2.59 ਦਾ ਫੈਕਟਰ ਲਾ ਕੇ ਸੋਧੀਆਂ ਜਾਣ, ਡੀ ਏ ਦੀਆਂ ਬਕਾਇਆ ਕਿਸ਼ਤਾਂ ਦਿੱਤੀਆਂ ਜਾਣ। ਇਸ ਮੀਟਿੰਗ ਵਿੱਚ ਸਾਥੀ ਬੰਤ ਸਿੰਘ, ਅਮਰਜੀਤ ਸਿੰਘ, ਬਲਵਿੰਦਰ ਸਿੰਘ ਵਿੱਤ ਸਕੱਤਰ, ਕੁੰਡਾ ਸਿੰਘ, ਜਗਰੂਪ ਸਿੰਘ ਪ੍ਰਧਾਨ, ਜੋਗਿੰਦਰ ਸਿੰਘ ਸਕੱਤਰ, ਮਿੱਠੂ ਸਿੰਘ ਪ੍ਰਧਾਨ, ਜਸਵੀਰ ਸਿੰਘ ਸਕੱਤਰ, ਬਲਵੰਤ ਸਿੰਘ ਪ੍ਰਧਾਨ, ਭੋਲਾ ਰਾਮ ਸਕੱਤਰ, ਸਾਥੀ ਪੂਰਨ ਸਿੰਘ ਸਕੱਤਰ, ਬਲਵਿੰਦਰ ਸਿੰਘ ਵਿੱਤ ਸਕੱਤਰ ਸਰਕਲ ਫਰੀਦਕੋਟ ਸ਼ਾਮਲ ਹੋਏ।

## ਮਲੇਰੀਆ ਵਿਰੋਧੀ ਜਾਗਰੂਕਤਾ ਕੈਂਪ ਲਾਇਆ



**ਹਠੂਰ (ਨਛੱਤਰ ਸੰਧੂ)**-ਐੱਸ ਐੱਮ ਓ ਇੰਚਾਰਜ ਸੀ ਐੱਚ ਸੀ ਹਠੂਰ ਡਾਕਟਰ ਵਰੁਨ ਸੱਗੜ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਤੇ ਪ੍ਰਕਾਸ ਸਿੰਘ ਹੈਲਥ ਇੰਸਪੈਕਟਰ ਸੀ ਐੱਚ ਸੀ ਹਠੂਰ ਦੀ ਯੋਗ ਅਗਵਾਈ ਵਿੱਚ ਆਯੂਸ਼ਮਾਨ ਅਰੋਗਿਆ ਕੇਂਦਰ ਲੱਖਾ ਅਧੀਨ ਸੀ ਐੱਚ ਸੀ ਹਠੂਰ ਵਿਖੇ ਐਂਟੀ ਮਲੇਰੀਆ ਵਿਰੋਧੀ ਜਾਗਰੂਕਤਾ ਕੈਂਪ ਲਗਾਇਆ ਗਿਆ। ਇਸ ਕੈਂਪ ਵਿੱਚ ਪ੍ਰਕਾਸ ਸਿੰਘ ਹੈਲਥ ਇੰਸਪੈਕਟਰ ਸੀ ਐੱਚ ਸੀ ਹਠੂਰ ਵੱਲੋਂ ਲੋਕਾਂ ਨੂੰ ਇਸ ਸਬੰਧੀ ਵਿਸਥਾਰ ਸਹਿਤ ਜਾਣਕਾਰੀ ਦਿੱਤੀ ਗਈ, ਜਿਵੇਂ ਕਿ ਮਲੇਰੀਆ ਬੁਖਾਰ ਦੇ ਲੱਛਣ ਜਿਵੇਂ ਕਿ ਠੰਢ ਤੇ ਕਾਂਬੇ ਨਾਲ ਬੁਖਾਰ ਤੇਜ਼ ਬੁਖਾਰ ਤੇ ਸਿਰ ਦਰਦ ਹੋਣਾ ਬੁਖਾਰ ਉਤਰਨ ਤੋਂ ਬਾਅਦ ਥਕਾਵਟ ਤੇ ਕਮਜ਼ੋਰੀ ਹੋਣਾ ਤੇ ਸਰੀਰ ਨੂੰ ਪਸੀਨਾ ਆਉਣਾ ਆਦਿ ਅਤੇ ਬਚਾਓ ਸਬੰਧੀ ਆਪਣੇ ਘਰਾਂ ਦੇ ਆਲੇ ਦੁਆਲੇ ਛੋਟੇ ਟੋਇਆਂ ਵਿੱਚ ਪਾਣੀ ਇਕੱਠਾ ਨਾ ਹੋਣ ਦਿਓ ਤੇ ਟੋਇਆਂ ਨੂੰ ਮਿੱਟੀ ਨਾਲ ਭਰ ਦਿਓ ਛੱਪੜਾਂ ਵਿੱਚ ਖੜ੍ਹੇ ਪਾਣੀ ਤੇ ਕਾਲੇ ਤੇਲ ਦਾ ਛਿੜਕਾਓ ਕਰੋ। ਕੱਪੜੇ ਅਜਿਹੇ ਪਹਿਨੋ, ਜਿਸ ਨਾਲ ਪੂਰਾ ਸਰੀਰ ਢਕਿਆ ਹੋਵੇ ਤਾਂ ਕਿ ਤੁਹਾਨੂੰ ਮੱਛਰ ਨਾ ਕੱਟ ਸਕੇ, ਸੌਣ ਸਮੇਂ ਮੱਛਰਦਾਨੀ ਮੱਛਰ ਭਜਾਉਣ ਵਾਲੀਆਂ ਕਰੀਮਾਂ ਤੇ ਤੇਲ ਆਦਿ ਦਾ ਇਸਤੇਮਾਲ ਕਰੋ। ਇਸ ਕੈਂਪ ਵਿੱਚ ਦਵਿੰਦਰ ਕੌਰ ਸੀ ਐੱਚ ਓ, ਏ ਐੱਨ ਐੱਮ ਮਨਿੰਦਰ ਕੌਰ, ਆਸ਼ਾ ਵਰਕਰ ਪ੍ਰਭਜੋਤ ਕੌਰ, ਸੁਰਜੀਤ ਕੌਰ, ਅਮਨਦੀਪ ਕੌਰ, ਕਮਲਜੀਤ ਕੌਰ, ਸਰਵੇਸ ਦੇਵੀ, ਸ਼ਿਵਾਂਗੀ ਗੁਪਤਾ, ਕਨ੍ਹੱਈਆ ਲਾਲ, ਅਕਾਸ਼ ਗੁਪਤਾ, ਹਰਨੇਕ ਸਿੰਘ, ਭੁਪਿੰਦਰ ਸਿੰਘ, ਦਰਸ਼ਨ ਸਿੰਘ, ਮਹਿੰਦਰ ਸਿੰਘ, ਬਿੱਕਰ ਸਿੰਘ, ਕੁਲਦੀਪ ਸਿੰਘ ਹਾਜ਼ਰ ਸਨ।

## ਦਲਜੀਤ ਸੂਬੇਦਾਰ ਦੀ ਮੁੜ ਅਕਾਲੀ ਦਲ 'ਚ ਵਾਪਸੀ, ਮਲੂਕਾ ਵੱਲੋਂ ਸਵਾਗਤ



**ਬਠਿੰਡਾ (ਰਾਜੀਵ ਗੋਇਲ)**-ਕਸਬਾ ਭਗਤਾ ਤੋਂ ਵੱਖ ਹੋ ਕੇ ਬਣੇ ਸੁਰਜੀਤ ਨਗਰ ਦੇ ਸਾਬਕਾ ਸਰਪੰਚ ਦਲਜੀਤ ਸਿੰਘ ਸੂਬੇਦਾਰ, ਜਿਹੜੇ ਕਿ ਕੁਝ ਸਮਾਂ ਪਹਿਲਾਂ ਆਮ ਆਦਮੀ ਪਾਰਟੀ 'ਚ ਸ਼ਾਮਲ ਹੋ ਗਏ ਸਨ, ਵੱਲੋਂ ਅਕਾਲੀ ਦਲ 'ਚ ਮੁੜ ਘਰ ਵਾਪਸੀ ਕਰ ਲਈ ਗਈ ਹੈ। ਇਸ ਮੌਕੇ ਸਿਕੰਦਰ ਸਿੰਘ ਮਲੂਕਾ ਵੱਲੋਂ ਸੂਬੇਦਾਰ ਦਾ ਮੁੜ ਘਰ ਵਾਪਸੀ 'ਤੇ ਸਵਾਗਤ ਕੀਤਾ ਗਿਆ। ਗੱਲਬਾਤ ਕਰਦਿਆਂ ਮਲੂਕਾ ਨੇ ਕਿਹਾ ਕਿ ਜਿਉਂ-ਜਿਉਂ 2027 ਦੀਆਂ ਵਿਧਾਨ ਸਭਾ ਚੋਣਾਂ ਦਾ ਸਮਾਂ ਨੇੜੇ ਆ ਰਿਹਾ ਹੈ, ਤਿਉਂ-ਤਿਉਂ ਪਾਰਟੀ ਨੂੰ ਛੱਡ ਕੇ ਗਏ ਵਰਕਰ ਮੁੜ ਘਰ ਵਾਪਸੀ ਕਰ ਰਹੇ ਹਨ। ਆਪ 'ਤੇ ਨਿਸ਼ਾਨਾ ਸਾਧਦਿਆਂ ਉਹਨਾਂ ਕਿਹਾ ਕਿ ਆਪ ਵੱਲੋਂ ਬਦਲਾਖੋਰੀ ਦੀ ਰਾਜਨੀਤੀ ਕੀਤੀ ਜਾ ਰਹੀ ਹੈ ਤੇ ਆਪਣੇ ਅਸਲ ਮੁੱਦਿਆਂ ਤੋਂ ਭਟਕ ਕੇ ਲੋਕਾਂ ਨਾਲ ਕੀਤੇ ਵਾਅਦੇ ਪੂਰੇ ਕਰਨ ਦੀ ਥਾਂ ਆਮ ਜਨਤਾ ਦਾ ਧਿਆਨ ਭਟਕਾਉਣ 'ਤੇ ਲੱਗੀ ਹੋਈ ਹੈ। ਇਸ ਮੌਕੇ ਸਤਿਨਾਮ ਸਿੰਘ ਭਾਈਰੂਪਾ, ਗਗਨਦੀਪ ਸਿੰਘ ਗਰੇਵਾਲ, ਰਾਕੇਸ਼ ਕੁਮਾਰ, ਬਾਦਲ ਸਿੰਘ, ਹਰਜਿੰਦਰ ਸਿੰਘ, ਹਰਦੇਵ ਸਿੰਘ ਗੋਗੀ ਬਰਾੜ, ਸਤਵਿੰਦਰ ਪਾਲ ਸਿੰਘ ਸਮੇਤ ਹੋਰ ਵੀ ਆਗੂ ਤੇ ਵਰਕਰ ਹਾਜ਼ਰ ਸਨ।

## ਕੋਲਕਾਤਾ 'ਚ ਵਿਦਿਆਰਥਣ ਨਾਲ ਗੈਂਗਰੇਪ, ਤਿੰਨ ਗ੍ਰਿਫਤਾਰ

**ਕੋਲਕਾਤਾ** : ਕੋਲਕਾਤਾ ਦੇ ਇੱਕ ਲਾਅ ਕਾਲਜ ਵਿੱਚ 24 ਸਾਲਾ ਵਿਦਿਆਰਥਣ ਨਾਲ ਵੀਰਵਾਰ ਇੱਕ ਸਾਬਕਾ ਵਿਦਿਆਰਥੀ ਤੇ ਕਾਲਜ ਵਿੱਚ ਪੀੜਤਾ ਦੇ ਦੋ ਸੀਨੀਅਰ ਵਿਦਿਆਰਥੀ ਸਾਥੀਆਂ ਨੇ ਗੈਂਗਰੇਪ ਕੀਤਾ।

ਪੁਲਸ ਅਧਿਕਾਰੀ ਨੇ ਸ਼ੁੱਕਰਵਾਰ ਦੱਸਿਆ ਕਿ ਤਿੰਨਾਂ ਮੁਲਜ਼ਮਾਂ ਨੂੰ ਗ੍ਰਿਫਤਾਰ ਕਰਕੇ ਚਾਰ ਦਿਨਾਂ ਦਾ ਰਿਮਾਂਡ ਹਾਸਲ ਕੀਤਾ ਗਿਆ ਹੈ। ਪੀੜਤਾ ਨੇ ਪੁਲਸ ਨੂੰ ਲਿਖਾਈ ਰਿਪੋਰਟ ਵਿੱਚ ਦੱਸਿਆ ਕਿ ਉਸ ਨਾਲ ਗਾਰਡ ਰੂਮ ਵਿੱਚ ਗੈਂਗਰੇਪ ਕੀਤਾ ਗਿਆ। ਉਸ ਨੇ ਦੱਸਿਆ ਕਿ ਉਸ ਨੇ 31 ਸਾਲਾ ਮੁੱਖ ਮੁਲਜ਼ਮ ਮੋਨੋਜੀਤ ਮਿਸ਼ਰਾ ਦੀ ਵਿਆਹ ਦੀ ਪੇਸ਼ਕਸ਼ ਠੁਕਰਾ ਦਿੱਤੀ ਸੀ।

ਸਾਊਥ ਕਲਕੱਤਾ ਲਾਅ ਕਾਲਜ ਵਿੱਚ ਹੋਈ ਇਸ ਭਿਆਨਕ ਘਟਨਾ ਨੇ ਪਿਛਲੇ ਸਾਲ ਅਗਸਤ ਵਿੱਚ ਸ਼ਹਿਰ ਦੇ ਆਰ ਜੀ ਕਰ ਮੈਡੀਕਲ ਕਾਲਜ ਦੇ ਅੰਦਰ ਇੱਕ ਇੰਟਰਨ ਨਾਲ ਬਲਾਤਕਾਰ ਅਤੇ ਕਤਲ ਦੀ ਘਟਨਾ ਦੀਆਂ ਭਿਆਨਕ ਯਾਦਾਂ ਨੂੰ ਤਾਜ਼ਾ ਕਰ ਦਿੱਤਾ ਹੈ, ਜਿਸ ਕਾਰਨ ਸਿਆਸੀ ਤੌਰ 'ਤੇ ਵੀ ਭਾਰੀ ਹਲਚਲ ਪੈਦਾ ਹੋ ਗਈ ਸੀ।

ਕਾਲਜ ਦੇ ਸੂਤਰਾਂ ਨੇ ਦੱਸਿਆ ਕਿ ਹਾਲ ਹੀ ਵਿੱਚ ਵਾਪਰੀ ਘਟਨਾ ਦਾ ਮੁੱਖ ਮੁਲਜ਼ਮ ਕਾਲਜ ਦਾ ਇੱਕ ਸਾਬਕਾ ਵਿਦਿਆਰਥੀ ਹੈ ਅਤੇ ਉਹ ਸੈਸ਼ਨ ਅਦਾਲਤ ਵਿੱਚ ਕ੍ਰਿਮੀਨਲ ਵਕੀਲ ਵਜੋਂ ਪ੍ਰੈਕਟਿਸ ਕਰ ਰਿਹਾ ਹੈ। ਮੁੱਖ ਮੁਲਜ਼ਮ ਦੇ ਸੋਸ਼ਲ ਮੀਡੀਆ ਹੈਂਡਲਾਂ ਤੋਂ ਪਤਾ ਚੱਲਿਆ ਕਿ ਉਹ ਕਾਲਜ ਦੀ ਤ੍ਰਿਣਮੂਲ ਕਾਂਗਰਸ ਛਾਤਰਾ ਪ੍ਰੀਸ਼ਦ ਇਕਾਈ ਦਾ ਸਾਬਕਾ ਪ੍ਰਧਾਨ ਅਤੇ ਦੱਖਣੀ ਕੋਲਕਾਤਾ ਵਿੰਗ ਦਾ ਜਥੇਬੰਦਕ ਸਕੱਤਰ ਹੈ।

# ਨਸ਼ਾ ਤਸਕਰਾਂ ਖਿਲਾਫ ਮੁਖਬਰੀ ਕਰਨ ਵਾਲੇ ਨੌਜਵਾਨ ਦੀ ਕੁੱਟਮਾਰ, ਇੱਕ ਗ੍ਰਿਫਤਾਰ

### ਪੁਲਸ ਨੇ ਸਮਾਜ ਵਿਰੋਧੀ ਅਨਸਰਾਂ ਨੂੰ ਦਿੱਤੀ ਸਖਤ ਚਿਤਾਵਨੀ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਫਿਰੋਜ਼ਪੁਰ ਪੁਲਸ ਨੇ ਨਸ਼ਾ ਤਸਕਰੀ ਦੇ ਮਾਮਲੇ ਵਿੱਚ ਮੁਖਬਰੀ ਕਰਨ ਵਾਲੇ ਨੌਜਵਾਨ ਵਿਸ਼ਾਲ, ਪੁੱਤਰ ਵਿਜੈ ਕੁਮਾਰ ਵਾਸੀ ਪਿੰਡ ਨਵਾਂ ਪੂਰਬਾ ਦੀ ਕੁੱਟਮਾਰ ਦੀ ਵਾਇਰਲ ਵੀਡੀਓ ਦੇ ਸਬੰਧ ਵਿੱਚ ਕਾਰਵਾਈ ਕਰਦਿਆਂ ਇੱਕ ਮੁੱਖ ਦੋਸ਼ੀ ਸਿਮਰਜੀਤ ਸਿੰਘ ਉਰਫ ਹਨੀ ਨੂੰ ਗ੍ਰਿਫਤਾਰ ਕੀਤਾ ਹੈ। ਇਹ ਜਾਣਕਾਰੀ ਹਰਮਨਬੀਰ ਸਿੰਘ ਗਿੱਲ ਆਈਪੀਐੱਸ, ਡੀਆਈਜੀ ਫਿਰੋਜ਼ਪੁਰ ਰੇਂਜ ਤੇ ਭੁਪਿੰਦਰ ਸਿੰਘ ਪੀਪੀਐੱਸ ਸੀਨੀਅਰ ਕਪਤਾਨ ਪੁਲਸ ਫਿਰੋਜ਼ਪੁਰ ਨੇ ਪ੍ਰੈੱਸ ਨੂੰ ਸੰਬੋਧਨ ਕਰਦਿਆਂ ਦਿੱਤੀ। 24 ਜੂਨ 2025 ਨੂੰ ਸੋਸ਼ਲ ਮੀਡੀਆ 'ਤੇ ਵਾਇਰਲ ਹੋਈ ਵੀਡੀਓ ਵਿੱਚ ਵਿਸ਼ਾਲ ਦੀ ਕੁੱਟਮਾਰ ਦੀ ਘਟਨਾ ਸਾਹਮਣੇ ਆਈ ਸੀ। ਜਾਣਕਾਰੀ ਮੁਤਾਬਿਕ ਵਿਸ਼ਾਲ ਨੇ ਨਸ਼ਾ ਤਸਕਰਾਂ ਦੇ ਖਿਲਾਫ ਪੁਲਸ ਨੂੰ ਸੂਚਨਾ ਦਿੱਤੀ ਸੀ, ਜਿਸ ਦੇ ਬਦਲੇ ਵਜੋਂ ਕੁਝ ਵਿਅਕਤੀਆਂ ਨੇ ਉਸ ਨੂੰ ਬੁਰੀ ਤਰ੍ਹਾਂ ਕੁੱਟਿਆ। ਇਸ ਮਾਮਲੇ ਵਿੱਚ ਪੁਲਸ ਨੇ ਮੁਕੱਦਮਾ ਨੰਬਰ 87 ਮਿਤੀ 25 ਜੂਨ 2024, ਅ/ਧ 126(2), 115(2), 191(3), 190 ਬੀਐੱਨਐੱਸ ਤੇ ਜੁਰਮ 67 ਆਈਟੀ ਐਕਟ 2000 ਦੇ ਤਹਿਤ ਥਾਣਾ ਕੁੱਲਗੜ੍ਹੀ ਵਿੱਚ ਕੇਸ ਦਰਜ ਕੀਤਾ। ਦੋਸ਼ੀਆਨ ਵਿਚ ਸਿਮਰਜੀਤ ਸਿੰਘ ਉਰਫ ਹਨੀ, ਮਨੀ ਪੁੱਤਰ ਪੱਪੂ, ਵਿਸ਼ਾਲ ਪੁੱਤਰ ਸ਼ਾਮ ਲਾਲ, ਟੋਨੀ ਪੁੱਤਰ ਰੋਸ਼ਨ ਲਾਲ ਤੇ ਕਰਨ ਪੁੱਤਰ ਕ੍ਰਿਸ਼ਨ ਕੁਮਾਰ ਸ਼ਾਮਲ ਹਨ।

ਪੁਲਸ ਨੇ ਸਿਮਰਜੀਤ ਸਿੰਘ ਨੂੰ ਗ੍ਰਿਫਤਾਰ ਕਰਨ ਲਈ ਪਿੰਡ ਨਵਾਂ ਪੂਰਬਾ ਵਿਖੇ ਰੇਡ ਕੀਤੀ। ਰੇਡ ਦੌਰਾਨ ਸਿਮਰਜੀਤ ਨੇ ਪੁਲਸ ਨੂੰ ਦੇਖ ਕੇ ਭੱਜਣ ਦੀ ਕੋਸ਼ਿਸ਼ ਕੀਤੀ ਤੇ ਘਰ ਦੀ ਛੱਤ ਤੋਂ ਛਾਲ ਮਾਰ ਦਿੱਤੀ, ਜਿਸ ਕਾਰਨ ਉਸ ਦਾ ਇੱਕ ਗਿੱਟਾ ਟੁੱਟ ਗਿਆ। ਉਸ ਨੂੰ ਇਲਾਜ ਲਈ ਹਸਪਤਾਲ ਦਾਖਲ ਕਰਵਾਇਆ ਗਿਆ ਹੈ। ਬਾਕੀ ਦੋਸ਼ੀਆਨ ਦੀ ਗ੍ਰਿਫਤਾਰੀ ਲਈ ਰੇਡ ਜਾਰੀ ਹਨ ਤੇ ਪੁਲਸ ਨੇ ਜਲਦੀ ਹੀ ਉਨ੍ਹਾਂ ਨੂੰ ਕਾਬੂ ਕਰਨ ਦਾ ਦਾਅਵਾ ਕੀਤਾ ਹੈ। ਹਰਮਨਬੀਰ ਸਿੰਘ ਗਿੱਲ ਨੇ ਸਪੱਸ਼ਟ ਕੀਤਾ ਕਿ ਨਸ਼ਾ ਤਸਕਰੀ ਤੇ ਸਮਾਜ ਵਿਰੋਧੀ ਅਨਸਰਾਂ ਨਾਲ ਸਖਤੀ ਨਾਲ ਨਜਿੱਠਿਆ ਜਾਵੇਗਾ। ਉਨ੍ਹਾਂ ਕਿਹਾ ਕਿ ਅਜਿਹੀਆਂ ਬਦਮਾਸ਼ੀਆਂ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ ਤੇ ਦੋਸ਼ੀਆਨ ਵਿਰੁੱਧ ਸਖਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਪੁਲਸ ਪਬਲਿਕ ਦੀ ਸੁਰੱਖਿਆ ਤੇ ਜਾਨ-ਮਾਲ ਦੀ ਰਾਖੀ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਸਿਮਰਜੀਤ ਸਿੰਘ ਖਿਲਾਫ ਪਹਿਲਾਂ ਵੀ ਕਈ ਮੁਕੱਦਮੇ ਦਰਜ ਹਨ, ਜਿਨ੍ਹਾਂ ਵਿੱਚ ਚੋਰੀ, ਨਸ਼ਾ ਤਸਕਰੀ ਤੇ ਹਥਿਆਰ ਐਕਟ ਨਾਲ ਸਬੰਧਤ ਮਾਮਲੇ ਸ਼ਾਮਲ ਹਨ। ਇਹ ਮੁਕੱਦਮੇ ਫਿਰੋਜ਼ਪੁਰ, ਤਲਵੰਡੀ ਭਾਈ ਤੇ ਮੋਹਾਲੀ ਦੇ ਵੱਖ-ਵੱਖ ਥਾਣਿਆਂ ਵਿੱਚ ਦਰਜ ਹਨ।

## ...ਸਫ਼ਾ 1 ਦੇ ਬਾਕੀ

### ਮੁੱਖ ਮੰਤਰੀ ਦੇ ਕਾਫਲੇ ...

ਡੀਜ਼ਲ ਭਰਵਾਇਆ ਸੀ। ਡੀਜ਼ਲ ਭਰਵਾਉਣ ਤੋਂ ਬਾਅਦ ਜਦੋਂ ਗੱਡੀਆਂ ਅੱਗੇ ਵਧੀਆਂ, ਤਾਂ ਕੁਝ ਦੂਰ ਜਾ ਕੇ ਇੱਕ-ਇੱਕ ਕਰਕੇ ਬੰਦ ਹੋ ਗਈਆਂ। ਇਸ ਤੋਂ ਬਾਅਦ ਗੱਡੀਆਂ ਨੂੰ ਧੱਕਾ ਮਾਰ ਕੇ ਸੜਕ ਦੇ ਕਿਨਾਰੇ ਖੜ੍ਹਾ ਕਰਨਾ ਪਿਆ, ਜਿਸ ਦੀ ਵੀਡੀਓ ਸੋਸ਼ਲ ਮੀਡੀਆ 'ਤੇ ਤੇਜ਼ੀ ਨਾਲ ਵਾਇਰਲ ਹੋ ਰਹੀ ਹੈ।

ਜਾਂਚ ਦੌਰਾਨ ਖੁਲਾਸਾ ਹੋਇਆ ਕਿ ਕਾਰਾਂ ਦੀਆਂ ਡੀਜ਼ਲ ਟੈਂਕੀਆਂ ਵਿੱਚ 20 ਲਿਟਰ ਡੀਜ਼ਲ 'ਚ ਕਰੀਬ ਅੱਧਾ ਪਾਣੀ ਮਿਲਿਆ ਹੋਇਆ ਸੀ। ਇਹ ਜਾਣਕਾਰੀ ਮਿਲਦੇ ਹੀ ਅਧਿਕਾਰੀਆਂ ਵਿੱਚ ਭਾਜੜਾਂ ਪੈ ਗਈਆਂ। ਪ੍ਰਸ਼ਾਸਨ ਨੇ ਤੁਰੰਤ ਕਾਰਵਾਈ ਕਰਦੇ ਹੋਏ ਪੈਟਰੋਲ ਪੰਪ ਨੂੰ ਸੀਲ ਕਰ ਦਿੱਤਾ ਹੈ ਅਤੇ ਤੇਲ ਦੇ ਨਮੂਨੇ ਜਾਂਚ ਲਈ ਭੇਜ ਦਿੱਤੇ ਗਏ ਹਨ। ਅਧਿਕਾਰੀ ਇਸ ਗੱਲ ਦੀ ਜਾਂਚ ਕਰ ਰਹੇ ਹਨ ਕਿ ਕੀ ਇਹ ਗਲਤੀ ਮੀਂਹ ਦਾ ਪਾਣੀ ਟੈਂਕੀ ਵਿੱਚ ਲੀਕ ਹੋਣ ਕਾਰਨ ਹੋਈ ਹੈ ਜਾਂ ਇਹ ਕਿਸੇ ਦੀ ਲਾਪਰਵਾਹੀ ਦਾ ਨਤੀਜਾ ਹੈ। ਇਨ੍ਹਾਂ ਗੱਡੀਆਂ ਦੇ ਖਰਾਬ ਹੋਣ ਤੋਂ ਬਾਅਦ ਇੰਦੌਰ ਤੋਂ ਬਦਲਵੀਆਂ ਗੱਡੀਆਂ ਮੰਗਵਾਈਆਂ ਗਈਆਂ।

### ਨੀਟ ਪ੍ਰੀਖਿਆ ਪਾਸ ਕਰਨ...

ਸ਼ਾਮਲ ਮੁਲਜ਼ਮਾਂ ਨੂੰ ਸੂਬਾ ਸਰਕਾਰ ਵੱਲੋਂ ਸਲਾਖਾਂ ਪਿੱਛੇ ਡੱਕਿਆ ਜਾ ਰਿਹਾ ਹੈ।ਉਨ੍ਹਾ ਕਿਹਾ ਕਿ ਪਿਛਲੀਆਂ ਸਰਕਾਰਾਂ ਵੱਲੋਂ 70 ਸਾਲਾਂ ਤੋਂ ਫੈਲਾਈ ਬਦਅਮਨੀ ਨੂੰ ਦਰੁਸਤ ਕਰਨ ਲਈ ਸਰਕਾਰ ਨੇ ਆਪਣਾ ਅਹੁਦਾ ਸੰਭਾਲਣ ਦੇ ਪਹਿਲੇ ਦਿਨ ਤੋਂ ਕੰਮ ਸ਼ੁਰੂ ਕੀਤਾ ਹੋਇਆ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਦੇ ਉਦਾਸੀਨ ਰਵੱਈਏ ਕਾਰਨ ਸਾਡੇ ਨੌਜਵਾਨ ਸਰਕਾਰੀ ਨੌਕਰੀਆਂ ਲਈ ਉਮਰ ਹੱਦ ਟੱਪ ਗਏ।ਇਸ ਪ੍ਰੋਗਰਾਮ ਦੌਰਾਨ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਤੇ ਹੋਰ ਵੀ ਹਾਜ਼ਰ ਸਨ।

### ਸਾਂਝਾ ਪੰਥਕ ਮੰਚ ...

ਦਇਆ ਸਿੰਘ ਲਹੌਰੀਆ ਨੇ ਵੀ ਸ਼ਿਰਕਤ ਕੀਤੀ।

ਇਸ ਮੌਕੇ 'ਅਕਾਲੀ ਦਲ ਵਾਰਿਸ ਪੰਜਾਬ ਦੇ' ਦੇ ਆਗੂਆਂ ਨੇ ਭਰਤੀ ਕਮੇਟੀ ਵੱਲੋਂ ਪੰਥਕ ਏਕਤਾ ਦੇ ਕੀਤੇ ਜਾ ਰਹੇ ਯਤਨਾਂ ਦਾ ਸਵਾਗਤ ਕੀਤਾ। ਇਸ ਮੌਕੇ ਭਰਤੀ ਕਮੇਟੀ ਅਤੇ ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਇਹ ਫੈਸਲਾ ਹੋਇਆ ਕਿ ਸ੍ਰੀ ਅਕਾਲ ਤਖਤ ਸਾਹਿਬ ਨੂੰ ਸਮਰਪਤ ਪੰਥਕ ਧਿਰਾਂ ਨਾਲ ਤਾਲਮੇਲ ਕਰ ਕੇ ਸਮੁੱਚੀਆਂ ਪੰਥਕ ਧਿਰਾਂ ਨੂੰ ਇਕ ਪਲੇਟਫਾਰਮ 'ਤੇ ਇਕੱਠੇ ਕਰਨ ਦੇ ਸਾਂਝੇ ਯਤਨ ਕੀਤੇ ਜਾਣਗੇ ਤਾਂ ਕਿ ਕੌਮ ਨੂੰ ਪੰਥਕ ਸੰਕਟ 'ਚੋਂ ਕੱਢ ਕੇ ਚੜ੍ਹਦੀ ਕਲਾ ਵੱਲ ਲਿਜਾਇਆ ਜਾ ਸਕੇ। ਇਸ ਸਮੇਂ 'ਅਕਾਲੀ ਦਲ ਵਾਰਿਸ ਪੰਜਾਬ ਦੇ' ਦੀ ਪੰਜ ਮੈਂਬਰੀ ਕਮੇਟੀ ਦੇ ਮੈਂਬਰ ਬਾਪੂ ਤਰਸੇਮ ਸਿੰਘ, ਭਾਈ ਸਰਬਜੀਤ ਸਿੰਘ ਖਾਲਸਾ ਐੱਮ ਪੀ ਫਰੀਦਕੋਟ, ਅਮਰਜੀਤ ਸਿੰਘ ਵਣਚਿੜੀ, ਹਰਭਜਨ ਸਿੰਘ ਤੁੜ ਤੇ ਸੁਰਜੀਤ ਸਿੰਘ ਦੌਲਤਪੁਰ ਹਾਜ਼ਰ ਸਨ।

## ਕਾਂਗਰਸ ਕਮੇਟੀ ਦੀ ਮੀਟਿੰਗ 'ਚ 2027 ਦੀਆਂ ਚੋਣਾਂ ਸੰਬੰਧੀ ਵਿਚਾਰਾਂ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਕਾਂਗਰਸ ਪਾਰਟੀ ਦੇ ਕਾਂਗਰਸ ਡਿਪਾਰਟਮੈਂਟ ਦੀ ਮੀਟਿੰਗ ਸੀਨੀਅਰ ਕਾਂਗਰਸੀ ਆਗੂ ਜੰਗਬਹਾਦਰ ਸਿੰਘ ਚੰਡੀਗੜ੍ਹ ਤੇ ਪ੍ਰਮਿੰਦਰ ਸਿੰਘ ਵਾਇਸ ਚੇਅਰਮੈਨ ਸਮਾਣਾ ਦੀ ਸਰਪ੍ਰਸਤੀ ਹੇਠ ਅਕਬਰ ਰੋਡ ਕਾਂਗਰਸ ਪਾਰਟੀ ਦੇ ਦਫਤਰ ਵਿੱਚ ਆਲ ਇੰਡੀਆ ਦੇ ਚੇਅਰਮੈਨ ਰਜਿੰਦਰ ਕੁਮਾਰ ਗੌਤਮ ਨਾਲ ਮੀਟਿੰਗ ਕੀਤੀ ਗਈ, ਜਿਸ ਵਿੱਚ ਕਾਂਗਰਸ ਪਾਰਟੀ ਦੇ ਐੱਸ ਸੀ ਡਿਪਾਰਟਮੇਂਟ ਵਿੱਚ ਆ ਰਹੀਆਂ ਕਾਂਗਰਸ ਪਾਰਟੀ ਦੇ ਵਰਕਰਾਂ ਨੂੰ ਮੁਸ਼ਕਲ ਸੰਬੰਧੀ ਜਾਣਕਾਰੀ ਸਾਂਝੀ ਕੀਤੀ ਤੇ 2027 ਦੀਆਂ ਚੋਣਾਂ ਸੰਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ। ਅਤੇ ਆਲ ਇੰਡੀਆ ਕਾਂਗਰਸ ਪਾਰਟੀ ਦੇ ਸ੍ਰੀ ਰਜਿੰਦਰ ਕੁਮਾਰ ਗੌਤਮ ਨੇ ਵਿਸ਼ਵਾਸ ਦਿਵਾਇਆ ਕਿ ਕਾਂਗਰਸ ਪਾਰਟੀ ਦੇ ਵਰਕਰਾਂ ਨੂੰ ਕੋਈ ਵੀ ਮੁਸ਼ਕਲ ਨਹੀਂ ਆਉਣ ਦਿੱਤੀ ਜਾਵੇਗੀ, ਜਿਸ ਵਿੱਚ ਮਲੇਰਕੋਟਲਾ ਜ਼ਿਲ੍ਹਾ ਤੋਂ ਗੁਰਜੀਤ ਸਿੰਘ ਦੁਗਰੀ, ਗੁਰਮੀਤ ਸਿੰਘ, ਹਰਪ੍ਰੀਤ ਸਿੰਘ ਚੋਪੜਾ, ਕੁਲਵੰਤ ਸਿੰਘ ਮੁਹਾਲੀ, ਪਿਆਰਾ ਸਿੰਘ ਇੰਸਾਂ ਮਾਹਮਦਪੁਰ ਸਮਾਜ ਸੇਵਕ ਕਾਂਗਰਸ ਪਾਰਟੀ ਦੇ ਜੁਝਾਰੂ ਵਰਕਰਾਂ ਤੇ ਸੀਨੀਅਰ ਕਾਂਗਰਸੀ ਆਗੂਆਂ ਨੇ ਸ਼ਮੂਲੀਅਤ ਕੀਤੀ।

## ਕਾਰ ਤੇ ਸਕੂਟਰੀ ਦੀ ਟੱਕਰ 'ਚ ਇਕ ਜ਼ਖਮੀਂ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਫਿਰੋਜ਼ਪੁਰ ਦੇ ਕਿਲ੍ਹੇ ਵਾਲਾ ਚੌਕ ਵਿਖੇ ਕਾਰ ਤੇ ਸਕੂਟਰੀ ਦੀ ਟੱਕਰ ਵਿੱਚ ਸਕੂਟਰੀ ਸਵਾਰ ਦੇ ਜ਼ਖਮੀਂ ਹੋਣ ਦੀ ਖਬਰ ਮਿਲੀ ਹੈ। ਇਸ ਸਬੰਧੀ ਥਾਣਾ ਸਦਰ ਫਿਰੋਜ਼ਪੁਰ ਪੁਲਸ ਨੇ ਕਾਰ ਚਾਲਕ ਖਿਲਾਫ 281, 125-ਏ, 125-ਬੀ, 324 (4) ਬੀਐੱਨਐੱਸ ਤਹਿਤ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿੱਚ ਦਲੀਪ ਸਿੰਘ ਪੁੱਤਰ ਸੁੱਚਾ ਸਿੰਘ ਵਾਸੀ ਪਿੰਡ ਜਤਾਲਾ ਨੇ ਦੱਸਿਆ ਕਿ ਉਹ 31 ਮਈ 2025 ਨੂੰ ਆਪਣੀ ਐਕਟਿਵਾ 'ਤੇ ਸਵਾਰ ਹੋ ਕੇ ਆਪਣੀ ਦਵਾਈ ਲੈਣ ਲਈ ਫਿਰੋਜ਼ਪੁਰ ਕੈਂਟ ਜਾ ਰਿਹਾ ਸੀ ਤੇ ਉਹ ਕਿਲ੍ਹੇਵਾਲਾ ਚੌਕ ਮੇਨ ਰੋਡ ਫਿਰੋਜ਼ਪੁਰ-ਫਾਜ਼ਿਲਕਾ ਆਪਣੇ ਹੱਥ ਸਕੂਟਰੀ ਕੱਚੀ ਜਗ੍ਹਾ 'ਤੇ ਰੋਕ ਆਪਣੇ ਜਵਾਈ ਨਵਜੋਤ ਸਿੰਘ ਪੁੱਤਰ ਜੱਜ ਸਿੰਘ ਵਾਸੀ ਟਿੱਬੀ ਕਲਾਂ ਜੋ ਕੈਂਟ ਫਿਰੋਜ਼ਪੁਰ ਤੋਂ ਉਸ ਨੂੰ ਦਵਾਈ ਫੜਾਉਣ ਲਈ ਕਾਰ 'ਤੇ ਆ ਰਿਹਾ ਸੀ, ਉਹ ਉਸ ਦੀ ਉਡੀਕ ਕਰ ਰਿਹਾ ਸੀ ਤਾਂ ਇਸੇ ਦੌਰਾਨ ਫਾਜ਼ਿਲਕਾ ਸਾਇਡ ਤੋਂ ਇਕ ਸਵਿਫਟ ਕਾਰ ਨੰਬਰ ਪੀਬੀ 05 ਏਕਓ 8590 ਤੇਜ਼ ਰਫਤਾਰ ਨਾਲ ਬਿਨ੍ਹਾ ਹਾਰਨ ਦਿੱਤੇ ਡਰਾਈਵਰ ਨੇ ਲਾਪ੍ਰਵਾਹੀ ਨਾਲ ਉਸ ਦੇ ਵੇਖਦੇ ਵੇਖਦੇ ਲਿਆ ਕੇ ਉਸ ਦੀ ਸਕੂਟਰੀ ਵਿੱਚ ਮਾਰੀ। ਉਹ ਸਮੇਤ ਸਕੂਟਰੀ ਉਕਤ ਕਾਰ ਦੇ ਵਿੱਚ ਵੱਜਣ ਕਾਰਨ ਰੋਡ ਦੇ ਪੱਛਮ ਦਿਸ਼ਾ ਖਤਾਨਾ ਵਿੱਚ ਸਮੇਤ ਸਕੂਟਰੀ ਕਰੀਬ 15-20 ਫੁੱਟ ਹੇਠਾਂ ਡਿੱਗ ਪਿਆ। ਦਲੀਪ ਸਿੰਘ ਨੇ ਦੱਸਿਆ ਕਿ ਉਸ ਦੇ ਸਰੀਰ 'ਤੇ ਗੁੱਝੀਆਂ ਸੱਟਾਂ ਵੱਜਣ ਕਾਰਨ ਪਸਲੀਆਂ, ਗੋਡੇ ਦੀ ਹੱਡੀ 'ਤੇ ਸੱਟਾਂ ਵੱਜੀਆਂ। ਫਿਰ ਉਸ ਦੇ ਜਵਾਈ ਨੇ ਮੌਕੇ 'ਤੇ ਆ ਕੇ ਇਲਾਜ ਲਈ ਆਪਣੀ ਗੱਡੀ 'ਤੇ ਬਿਠਾ ਕੇ ਅਨਿਲ ਬਾਗੀ ਹਸਪਤਾਲ ਫਿਰੋਜ਼ਪੁਰ ਵਿਖੇ ਦਾਖਲ ਕਰਵਾਇਆ। ਇਸ ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਜਗਤਾਰ ਸਿੰਘ ਨੇ ਦੱਸਿਆ ਕਿ ਪੁਲਸ ਨੇ ਕਾਰ ਚਾਲਕ ਜਤਿੰਦਰ ਸਿੰਘ ਪੁੱਤਰ ਹਰਜਿੰਦਰ ਸਿੰਘ ਵਾਸੀ ਵਾਹਕੇ ਖਿਲਾਫ ਮਾਮਲਾ ਦਰਜ ਕਰ ਲਿਆ ਹੈ।

## ਸਰਪੰਚ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਵੱਲੋਂ ਡੀ ਸੀ ਨਾਲ ਮੀਟਿੰਗ



**ਸੁਨਾਮ/ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)**-ਸਰਪੰਚ ਯੂਨੀਅਨ ਜ਼ਿਲ੍ਹਾ ਸੰਗਰੂਰ ਦੇ ਪ੍ਰਧਾਨ ਮਨਿੰਦਰ ਸਿੰਘ ਲਖਮੀਰਵਾਲਾ ਨੇ ਸੰਗਰੂਰ ਦੇ ਡਿਪਟੀ ਕਮਿਸ਼ਨਰ ਸ੍ਰੀ ਸੰਦੀਪ ਰਿਸ਼ੀ ਨਾਲ ਇੱਕ ਵਿਸ਼ੇਸ਼ ਮੀਟਿੰਗ ਕੀਤੀ।ਇਸ ਮੀਟਿੰਗ ਦੌਰਾਨ ਸਰਪੰਚਾਂ ਨੂੰ ਆ ਰਹੀਆਂ ਵੱਖ-ਵੱਖ ਮੁਸ਼ਕਲਾਂ ਤੇ ਸਮੱਸਿਆਵਾਂ ਸਬੰਧੀ ਵਿਸਥਾਰ ਨਾਲ ਵਿਚਾਰ ਵਟਾਂਦਰਾ ਕੀਤਾ ਗਿਆ।ਮੁੱਖ ਤੌਰ 'ਤੇ ਪਿੰਡਾਂ ਵਿੱਚ ਤਿਆਰੀ ਹੋਣ ਵਾਲੇ ਵਿਕਾਸ ਕਾਰਜਾਂ ਵਿੱਚ ਵਰਤੀਆਂ ਜਾਣ ਵਾਲੀਆਂ ਇੱਟਾਂ ਦੇ ਵਧਦੇ ਰੇਟ ਬਾਰੇ ਗੰਭੀਰ ਚਰਚਾ ਕੀਤੀ ਗਈ।ਮਨਿੰਦਰ ਸਿੰਘ ਲਖਮੀਰਵਾਲਾ ਨੇ ਦੱਸਿਆ ਕਿ ਸਰਕਾਰ ਵੱਲੋਂ ਸਰਪੰਚਾਂ ਨੂੰ ਇੱਟਾਂ ਦੀ ਕੀਮਤ 6300 ਰੁਪਏ ਪ੍ਰਤੀ ਹਜ਼ਾਰ ਦੇ ਹਿਸਾਬ ਨਾਲ ਦਿੱਤੀ ਜਾਂਦੀ ਹੈ, ਜਦਕਿ ਮੌਜੂਦਾ ਰੇਟ 7000 ਰੁਪਏ ਦੇ ਲਗਭਗ ਹੋ ਚੁੱਕੇ ਹਨ, ਜਿਸ ਕਾਰਨ ਪੰਚਾਇਤਾਂ ਨੂੰ ਵਿਕਾਸ ਕਾਰਜ ਚਲਾਉਣ ਵਿੱਚ ਮੁਸ਼ਕਲਾਂ ਆ ਰਹੀਆਂ ਹਨ।ਇਸ ਤੋਂ ਇਲਾਵਾ ਹੋਰ ਕਈ ਪ੍ਰਸ਼ਾਸਨਕ ਤੇ ਆਰਥਿਕ ਦਿੱਕਤਾਂ ਬਾਰੇ ਵੀ ਡਿਪਟੀ ਕਮਿਸ਼ਨਰ ਸਾਹਿਬ ਨੂੰ ਜਾਣੂ ਕਰਵਾਇਆ ਗਿਆ।ਡੀ. ਸੀ. ਸੰਦੀਪ ਰਿਸ਼ੀ ਨੇ ਯਕੀਨ ਦਿਵਾਇਆ ਕਿ ਉਹ ਸਰਪੰਚ ਯੂਨੀਅਨ ਵੱਲੋਂ ਰੱਖੀਆਂ ਗਈਆਂ ਮੰਗਾਂ ਨੂੰ ਗੰਭੀਰਤਾ ਨਾਲ ਲੈ ਕੇ ਉੱਚ ਅਧਿਕਾਰੀਆਂ ਤੱਕ ਪਹੁੰਚਾਉਣਗੇ ਤੇ ਉਨ੍ਹਾਂ ਦਾ ਯਥਾਸੰਭਵ ਹੱਲ ਕਰਵਾਇਆ ਜਾਵੇਗਾ।

## ਹੋਮਗਾਰਡ ਜਵਾਨ ਜੱਗਾ ਸਿੰਘ ਨੂੰ ਰਿਟਾਇਰ ਹੋਣ 'ਤੇ ਕੀਤਾ ਸਨਮਾਨਤ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਸਬ ਡਵੀਜ਼ਨ ਦਿਹਾਤੀ ਪਟਿਆਲਾ ਦੇ ਦਫ਼ਤਰ ਵਿਖੇ ਤਾਇਨਾਤ ਹੋਮਗਾਰਡ ਜਵਾਨ ਜੱਗਾ ਸਿੰਘ ਨੂੰ ਉਸ ਦੀ 35 ਸਾਲ ਸਰਵਿਸ ਪੂਰੀ ਕਰਨ 'ਤੇ ਡੀ ਐੱਸ ਪੀ ਆਰ ਗੁਰਪ੍ਰਤਾਪ ਸਿੰਘ ਢਿੱਲੋਂ ਵੱਲੋਂ ਸਨਮਾਨਤ ਕੀਤਾ ਗਿਆ। ਇਸ ਮੌਕੇ ਡੀ ਐੱਸ ਪੀ ਆਰ ਗੁਰਪ੍ਰਤਾਪ ਸਿੰਘ ਢਿੱਲੋਂ ਨੇ ਕਿਹਾ ਕਿ ਜੱਗਾ ਸਿੰਘ ਨੇ ਆਪਣੀ 35 ਸਾਲ ਦੀ ਸਰਵਿਸ ਵੱਖ ਵੱਖ ਥਾਣਿਆਂ ਵਿਖੇ ਪੂਰੀ ਤਨਦੇਹੀ ਤੇ ਇਮਾਨਦਾਰੀ ਨਾਲ ਕੀਤੀ ਅਤੇ ਹੁਣ ਮੇਰੇ ਦਫਤਰ ਵਿਖੇ ਤਾਇਨਾਤ ਸੀ, ਜਿਥੇ ਜੱਗਾ ਸਿੰਘ ਵੱਲੋਂ ਹਮੇਸ਼ਾ ਆਪਣੀ ਡਿਊਟੀ ਪੂਰੀ ਤਨਦੇਹੀ ਤੇ ਇਮਾਨਦਾਰੀ ਨਾਲ ਨਿਭਾਈ, ਉਨ੍ਹਾਂ ਜੱਗਾ ਸਿੰਘ ਨੂੰ ਰਿਟਾਇਰ ਹੋਣ ਤੇ ਮੁਬਾਰਕਾਂ ਦਿੱਤੀਆਂ ਤੇ ਖੁਸ਼ਹਾਲ ਜ਼ਿੰਦਗੀ ਬਤੀਤ ਕਰਨ ਲਈ ਕਿਹਾ। ਇਸ ਮੌਕੇ ਐੱਸ ਆਈ ਗੁਰਮੁੱਖ ਸਿੰਘ ਰੀਡਰ ਡੀ ਐੱਸ ਪੀ ਆਰ, ਏ ਐੱਸ ਆਈ ਅਮਰਜੀਤ ਕੌਰ ਰੀਡਰ ਡੀ ਐੱਸ ਪੀ ਪੀ.ਬੀ.ਆਈ. ਔਰਤਾਂ ਤੇ ਬੱਚਿਆਂ ਵਿਰੁੱਧ ਕ੍ਰਾਈਮ, ਬਚਿੱਤਰ ਸਿੰਘ, ਗੁਰਧਿਆਨ ਸਿੰਘ ਤੇ ਸਮੂਹ ਸਟਾਫ ਵੱਲੋਂ ਜੱਗਾ ਸਿੰਘ ਨੂੰ ਵਿਦਾਇਗੀ ਪਾਰਟੀ ਦਿੱਤੀ ਗਈ।

## ਭਾਰਤ ਵਿਕਾਸ ਪ੍ਰੀਸ਼ਦ ਨੇ ਤੁਲਸੀ ਦੇ ਪੌਦੇ ਵੰਡੇ



**ਧੂਰੀ (ਮੋਹਿਤ ਗਰਗ, ਬਿੰਨੀ ਗਰਗ)**-ਭਾਰਤ ਵਿਕਾਸ ਪ੍ਰੀਸ਼ਦ, ਸਵਾਮੀ ਵਿਵੇਕਾਨੰਦ ਸ਼ਾਖਾ ਧੂਰੀ ਵੱਲੋਂ ਸਮਾਜ ਸੇਵਾ ਤੇ ਵਾਤਾਵਰਣ ਸੰਭਾਲ ਵੱਲ ਇੱਕ ਮਹੱਤਵਪੂਰਨ ਗਤੀਵਿਧੀ ਕਰਦਿਆਂ ਸਥਾਨਕ ਸ਼ਹਿਰ ਵਿੱਚ ਮੁਫ਼ਤ ਤੁਲਸੀ ਦੇ ਪੌਦੇ ਤੇ ਪੰਛੀਆਂ ਲਈ ਦਾਣਾ-ਪਾਣੀ ਰੱਖਣ ਲਈ ਭਾਂਡੇ ਵੰਡੇ।ਪ੍ਰੀਸ਼ਦ ਦੇ ਪ੍ਰਧਾਨ ਸੁਰੇਸ਼ ਬਾਂਸਲ, ਸੀਨੀ. ਮੀਤ ਪ੍ਰਧਾਨ ਵਿਵੇਕ ਗੁਪਤਾ, ਜਨਰਲ ਸਕੱਤਰ ਰਾਜੇਸ਼ ਗੋਇਲ ਰਾਜੀ ਨੇ ਦੱਸਿਆ ਕਿ ਤੁਲਸੀ ਇੱਕ ਅਜਿਹਾ ਪੌਦਾ ਹੈ, ਜੋ ਘਰ ਦੇ ਆਲੇ ਦੁਆਲੇ ਵਾਤਾਵਰਣ ਨੂੰ ਸ਼ੁੱਧ ਬਣਾਉਂਦਾ ਹੈ ਤੇ ਸਿਹਤ ਲਈ ਲਾਭਕਾਰੀ ਹੈ।ਉਨ੍ਹਾਂ ਲੋਕਾਂ ਨੂੰ ਆਪਣੇ ਘਰਾਂ ਵਿੱਚ ਇਹ ਪੌਦਾ ਲਗਾਉਣ ਦੀ ਅਪੀਲ ਕੀਤੀ। ਇਸ ਮੌਕੇ ਵਧਦੀ ਗਰਮੀ ਦੇ ਮੱਦੇਨਜ਼ਰ ਪੰਛੀਆਂ ਲਈ ਦਾਣਾ ਪਾਣੀ ਰੱਖਣ ਲਈ ਭਾਂਡੇ ਵੀ ਤਕਸੀਮ ਕੀਤੇ ਗਏ ਤਾਂ ਜੋ ਗਰਮੀ ਦੇ ਮੌਸਮ ਵਿੱਚ ਪੰਛੀਆਂ ਪਾਣੀ ਪੀ ਸਕਣ। ਇਹ ਕਦਮ ਬੇਜ਼ੁਬਾਨ ਪੰਛੀਆਂ ਦੀ ਸੇਵਾ ਵੱਲ ਵੀ ਇਕ ਸੰਵੇਦਨਸ਼ੀਲ ਸੋਚ ਨੂੰ ਦਰਸਾਉਂਦਾ ਹੈ।ਭਾਰਤ ਵਿਕਾਸ ਪ੍ਰੀਸ਼ਦ ਵੱਲੋਂ ਆਗਾਮੀ ਦਿਨਾਂ ਵਿੱਚ ਹੋਰ ਸਮਾਜਿਕ ਕਾਰਜ ਕਰਵਾਏ ਜਾਣ ਦੀ ਯੋਜਨਾ ਬਣਾਈ ਗਈ ਹੈ।ਇਸ ਮੌਕੇ ਇੰਦਰਵੇਸ਼ ਗਰਗ ਖਜ਼ਾਨਚੀ, ਪ੍ਰਦੀਪ ਮਿੱਤਲ ਸੂਬਾਈ ਡੈਲੀਗੇਟ, ਹੰਸ ਰਾਜ ਬਜਾਜ, ਬਲਰਾਜ ਕ੍ਰਿਸ਼ਨ, ਭੁਪੇਸ਼ ਕੁਮਾਰ, ਪਦਮ ਗੋਇਲ, ਸੁਰਿੰਦਰ ਸੀਤਾ ਤੇ ਰਵੀ ਸਿੰਗਲਾ ਆਦਿ ਹਾਜ਼ਰ ਸਨ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ।
**ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in**

28 Jun Page-3.qxd 6/27/2025 10:31 PM Page 1



## ਪ੍ਰਾਇਮਰੀ ਸਕੂਲ ਥਰਿਆਲ 'ਚ ਚੋਰੀ ਕਰਨ ਵਾਲੇ 3 'ਚੋਂ 2 ਚੋਰ ਗ੍ਰਿਫ਼ਤਾਰ

**ਪਠਾਨਕੋਟ (ਦਵਿੰਦਰ ਸਿੰਘ)**- 23 ਜੂਨ ਨੂੰ ਅਣਪਛਾਤੇ ਚੋਰਾਂ ਨੇ ਸ਼ਾਹਪੁਰ ਕੰਢੀ ਥਾਣੇ ਅਧੀਨ ਆਉਂਦੇ ਪਿੰਡ ਥਰਿਆਲ ਦੇ ਪ੍ਰਾਇਮਰੀ ਸਕੂਲ ਦੇ ਤਾਲੇ ਤੋੜ ਕੇ ਸਕੂਲ ਦੇ ਕਮਰੇ ਵਿੱਚੋਂ ਐਲ ਈ ਡੀ, ਦੋ ਗੈਸ ਸਿਲੰਡਰ, 50 ਕਿਲੋ ਕਣਕ ਅਤੇ ਹੋਰ ਸਮਾਨ ਚੋਰੀ ਕਰ ਲਿਆ ਸੀ। ਸਕੂਲ ਅਧਿਆਪਕ ਰਮੇਸ਼ ਕੁਮਾਰ ਨੇ ਸ਼ਾਹਪੁਰ ਕੰਢੀ ਥਾਣੇ ਵਿੱਚ ਸ਼ਿਕਾਇਤ ਦਰਜ ਕਰਵਾਈ ਸੀ, ਜਿਸ ਸਬੰਧੀ ਸ਼ਾਹਪੁਰ ਕੰਢੀ ਪੁਲਸ ਨੇ ਸ਼ਿਕਾਇਤ ਦਰਜ ਹੋਣ ਤੋਂ ਬਾਅਦ ਅਣਪਛਾਤੇ ਮੁਲਜ਼ਮਾਂ ਖ਼ਿਲਾਫ਼ ਵੱਖ-ਵੱਖ ਧਾਰਾਵਾਂ ਤਹਿਤ ਕੇਸ ਦਰਜ ਕਰਕੇ ਕਾਰਵਾਈ ਸ਼ੁਰੂ ਕਰ ਦਿੱਤੀ।ਸ਼ਾਹਪੁਰ ਕੰਢੀ ਪੁਲਸ ਦੇ ਵਧੀਕ ਐਸ ਐਚ ਓ ਸਬ ਇੰਸਪੈਕਟਰ ਭੂਮਿਕਾ ਠਾਕੁਰ ਨੇ ਦੱਸਿਆ ਕਿ ਕੱਲ੍ਹ ਸ਼ਾਮ ਉਨ੍ਹਾਂ ਦੀ ਪੁਲਸ ਟੀਮ ਨੇ ਤੇਜ਼ੀ ਨਾਲ ਕਾਰਵਾਈ ਕੀਤੀ ਅਤੇ ਪੁਲਸ ਜਾਂਚ ਅਧਿਕਾਰੀ ਏ ਐਸ ਆਈ ਧਰਮਪਾਲ ਨੇ ਆਪਣੀ ਟੀਮ ਨਾਲ ਮਿਲ ਕੇ ਤਿੰਨ ਮੁਲਜ਼ਮਾਂ ਵਿੱਚੋਂ ਦੋ ਨੂੰ ਸਾਮਾਨ ਸਮੇਤ ਫੜਨ ਵਿੱਚ ਸਫਲਤਾ ਹਾਸਲ ਕੀਤੀ। ਜਾਂਚ ਅਧਿਕਾਰੀ ਨੇ ਦੱਸਿਆ ਕਿ ਪੰਗੋਲੀ ਚੌਕ ਤੋਂ ਪਿੰਡ ਥਰਿਆਲ ਦੇ ਪਾਰੁਲ ਸ਼ਰਮਾ ਅਤੇ ਪਿੰਡ ਥਰਿਆਲ ਦੇ ਰਹਿਣ ਵਾਲੇ ਅਜੇ ਕੁਮਾਰ ਨੂੰ ਪਿੰਡ ਥਰਿਆਲ ਤੋਂ ਹੀ ਦੋ ਗੈਸ ਸਿਲੰਡਰਾਂ ਅਤੇ ਪੰਜਾਹ ਕਿਲੋ ਕਣਕ ਸਮੇਤ ਗ੍ਰਿਫ਼ਤਾਰ ਕੀਤਾ ਹੈ। ਇਸ ਦੇ ਨਾਲ ਹੀ ਉਕਤ ਮੁਲਜ਼ਮਾਂ ਨੇ ਚੋਰੀ ਕੀਤੀ ਐਲ ਈ ਡੀ ਸੁਜਾਨਪੁਰ ਦੇ ਇੱਕ ਦੁਕਾਨਦਾਰ ਨੂੰ ਵੇਚੀ ਸੀ, ਜਿਸ ਨੂੰ ਹਿਰਾਸਤ ਵਿੱਚ ਲੈ ਲਿਆ ਗਿਆ ਹੈ ਅਤੇ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰਕੇ ਰਿਮਾਂਡ ਲਈ ਮਾਣਯੋਗ ਅਦਾਲਤ ਵਿੱਚ ਪੇਸ਼ ਕੀਤਾ ਗਿਆ ਹੈ। ਜਾਂਚ ਅਧਿਕਾਰੀ ਏ ਐਸ ਆਈ ਧਰਮਪਾਲ ਨੇ ਦੱਸਿਆ ਕਿ ਇਸ ਚੋਰੀ ਵਿੱਚ ਸ਼ਾਮਲ ਤੀਜਾ ਮੁਲਜ਼ਮ ਫਰਾਰ ਹੈ, ਉਸ ਨੂੰ ਫੜਨ ਲਈ ਛਾਪੇਮਾਰੀ ਕੀਤੀ ਜਾ ਰਹੀ ਹੈ ਅਤੇ ਜਲਦੀ ਹੀ ਤੀਜੇ ਮੁਲਜ਼ਮ ਨੂੰ ਗ੍ਰਿਫ਼ਤਾਰ ਕਰ ਲਿਆ ਜਾਵੇਗਾ।



## ਨਸ਼ਾ ਮੁਕਤ ਭਾਰਤ ਅਭਿਆਨ ਤਹਿਤ ਨਸ਼ਿਆਂ ਵਿਰੁੱਧ ਪ੍ਰਣ ਲਿਆ



**ਗੁਰਦਾਸਪੁਰ (ਜਨਕ ਮਹਾਜਨ)**- ਨਸ਼ਾ ਮੁਕਤ ਭਾਰਤ ਅਭਿਆਨ ਤਹਿਤ ਅੰਤਰਰਾਸ਼ਟਰੀ ਨਸ਼ਾ ਰੋਕਥਾਮ ਦਿਵਸ ਇਥੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਕਾਨਫਰੰਸ ਹਾਲ ਵਿੱਚ ਮਨਾਇਆ ਗਿਆ। ਇਸ ਮੌਕੇ ਹਾਜ਼ਰ ਅਧਿਕਾਰੀਆਂ ਅਤੇ ਕਰਮਚਾਰੀਆਂ ਵੱਲੋਂ ਨਸ਼ਿਆਂ ਵਿਰੁੱਧ ਪ੍ਰਣ ਲਿਆ ਗਿਆ। ਇਸ ਮੌਕੇ ਸੰਬੋਧਨ ਕਰਦੇ ਹੋਏ ਵਧੀਕ ਡਿਪਟੀ ਕਮਿਸ਼ਨਰ (ਜ) ਡਾ. ਹਰਜਿੰਦਰ ਸਿੰਘ ਬੇਦੀ ਨੇ ਦੱਸਿਆ ਕਿ ਜਿੱਥੇ ਨਸ਼ਾ ਮੁਕਤ ਭਾਰਤ ਅਭਿਆਨ ਚੱਲ ਰਿਹਾ ਹੈ ਉਥੇ ਪੰਜਾਬ ਸਰਕਾਰ ਦੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਵੀ ਨਸ਼ਿਆਂ ਵਿਰੁੱਧ ਗਤੀਵਿਧੀਆਂ ਜਾਰੀ ਹਨ। ਉਨ੍ਹਾਂ ਸਾਰੇ ਵਿਭਾਗਾਂ ਨੂੰ ਇਸ ਮੁਹਿੰਮ ਤਹਿਤ ਸ਼ਿੱਦਤ ਨਾਲ ਕੰਮ ਕਰਨ ਦਾ ਸੱਦਾ ਦਿੱਤਾ ਤਾਂ ਜੋ ਨਸ਼ਿਆਂ ਦਾ ਖ਼ਾਤਮਾ ਕੀਤਾ ਜਾ ਸਕੇ। ਇਸ ਮੌਕੇ ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ ਡਾ. ਕਿਰਣਜੀਤ ਕੌਰ ਵੱਲੋਂ ਹਾਜ਼ਰੀਨ ਨੂੰ ਸਮਾਗਮ ਦੇ ਉਦੇਸ਼ ਬਾਰੇ ਦੱਸਿਆ ਗਿਆ ਅਤੇ ਨਸ਼ਿਆਂ ਵਿਰੁੱਧ ਸਹੁੰ ਚੁਕਾਈ ਗਈ। ਇਸ ਮੌਕੇ ਸਹਾਇਕ ਕਮਿਸ਼ਨਰ (ਜ) ਆਦਿੱਤਿਆ ਗੁਪਤਾ, ਜ਼ਿਲ੍ਹਾ ਲੋਕ ਸੰਪਰਕ ਅਫ਼ਸਰ ਗੁਰਦਾਸਪੁਰ ਇੰਦਰਜੀਤ ਸਿੰਘ ਬਾਜਵਾ ਸਮੇਤ ਹੋਰ ਅਧਿਕਾਰੀ ਅਤੇ ਡਿਪਟੀ ਕਮਿਸ਼ਨਰ ਦਫ਼ਤਰ ਦਾ ਸਟਾਫ ਹਾਜ਼ਰ ਸੀ। ਇਸ ਤੋਂ ਪਹਿਲਾਂ ਜ਼ਿਲ੍ਹਾ ਪ੍ਰਸ਼ਾਸਨ ਦੇ ਵੱਖ-ਵੱਖ ਵਿਭਾਗਾਂ ਵੱਲੋਂ ਵੀ ਆਪਣੇ ਦਫ਼ਤਰਾਂ ਵਿੱਚ ਅੰਤਰਰਾਸ਼ਟਰੀ ਨਸ਼ਾ ਰੋਕਥਾਮ ਦਿਵਸ ਮਨਾ ਕੇ ਨਸ਼ਾ ਮੁਕਤ ਭਾਰਤ ਅਭਿਆਨ ਤਹਿਤ ਨਸ਼ਿਆਂ ਵਿਰੁੱਧ ਪ੍ਰਣ ਲਿਆ ਗਿਆ।

## ਪੰਜਵੜ ਵਿਖੇ ਪੰਚਾਇਤੀ ਜ਼ਮੀਨ ਦੀ ਬੋਲੀ ਨੇਪਰੇ ਚੜ੍ਹੀ

**ਝਬਾਲ (ਹਰਜਿੰਦਰ ਸਿੰਘ ਸੋਨੀ)**- ਨਜ਼ਦੀਕੀ ਪਿੰਡ ਪੰਜਵੜ ਵਿਖੇ ਪੰਚਾਇਤ ਸਕੱਤਰ ਬਲਾਕ ਤਰਨ ਤਾਰਨ ਗੁਰਮੁਖ ਸਿੰਘ, ਪੰਚਾਇਤ ਸੈਕਟਰੀ ਮੰਗਲ ਸਿੰਘ ਵੱਲੋਂ ਸਰਪੰਚ ਮਨਜੀਤ ਸਿੰਘ ਮੰਨਾ ਪੰਜਵੜ ਖੁਰਦ, ਸੁਖਜਿੰਦਰ ਸਿੰਘ ਵਿੱਕੀ ਢਿੱਲੋਂ ਪੰਜਵੜ, ਸਰਪੰਚ ਤਰਸੇਮ ਸਿੰਘ ਪੰਜਵੜ ਕਲਾਂ ਦੀ ਹਾਜ਼ਰੀ ਵਿੱਚ ਕਿਸਾਨਾਂ ਦੀ ਇਕੱਤਰਤਾ ਦੌਰਾਨ ਪੰਜਵੜ ਕਲਾਂ, ਪੰਜਵੜ ਖੁਰਦ ਅਤੇ ਭੁੱਜਣਵਾਲਾ ਪਿੰਡਾਂ ਦੀ ਪੈਲੀ ਦੀ ਬੋਲੀ ਕਰਵਾਈ ਗਈ।ਇਸ ਮੌਕੇ ਪੰਜਵੜ ਖੁਰਦ ਦੇ ਸਰਪੰਚ ਮਨਜੀਤ ਸਿੰਘ ਮੰਨਾ, ਸੁਖਜਿੰਦਰ ਸਿੰਘ ਵਿੱਕੀ ਢਿੱਲੋਂ ਪੰਜਵੜ ਨੇ ਦੱਸਿਆ ਕਿ ਕਾਫੀ ਸਮੇਂ ਤੋਂ ਪੰਚਾਇਤੀ ਜ਼ਮੀਨ ਦੀ ਬੋਲੀ ਕਰਵਾਉਣ ਲਈ ਸਮਾਂ ਦਿੱਤੇ ਜਾਣ 'ਤੇ ਹਰ ਵਾਰ ਅਧਿਕਾਰੀਆਂ ਵੱਲੋਂ ਨਾ ਪਹੁੰਚਣ 'ਤੇ ਪੰਚਾਇਤੀ ਜ਼ਮੀਨ ਦੀ ਬੋਲੀ ਨਹੀਂ ਹੁੰਦੀ ਸੀ ਪਰ ਅੱਜ ਪੰਚਾਇਤੀ ਜ਼ਮੀਨ ਦੀ ਬੋਲੀ ਦਾ ਕਾਰਜ ਨੇਪਰੇ ਚੜ੍ਹਿਆ ਹੈ ਜਿਸ 'ਤੇ ਜ਼ਮੀਨ ਲੈਣ ਵਾਲੇ ਕਿਸਾਨ ਵੀ ਖ਼ੁਸ਼ ਨਜ਼ਰ ਆ ਰਹੇ ਹਨ।ਇਸ ਮੌਕੇ ਸੁਖਜਿੰਦਰਪਾਲ ਸਿੰਘ ਵਿੱਕੀ ਢਿੱਲੋਂ ਪੰਜਵੜ, ਸਰਪੰਚ ਤਰਸੇਮ ਸਿੰਘ, ਜਸਪਾਲ ਸਿੰਘ ਮੈਂਬਰ, ਪ੍ਰਗਟ ਸਿੰਘ ਮੈਂਬਰ, ਬਲਵਿੰਦਰ ਸਿੰਘ ਮੈਂਬਰ, ਜਸਕਰਨ ਸਿੰਘ ਬੋਹੜ, ਝੰਡਾ ਸਿੰਘ, ਗੁਰਬੀਰ ਸਿੰਘ ਬਿੱਟੂ, ਜਸਪਾਲ ਸਿੰਘ ਬਾਰੀਆਂ, ਨਿਰਮਲ ਸਿੰਘ ਨਿੰਮਾ, ਰਾਜਿੰਦਰ ਸਿੰਘ, ਕੁਲਦੀਪ ਸਿੰਘ ਪ੍ਰਧਾਨ, ਦਲਜੀਤ ਸਿੰਘ ਮੈਂਬਰ, ਕੰਵਰਜੀਤ ਸਿੰਘ, ਗੁਰਜੰਟ ਸਿੰਘ ਮੈਂਬਰ, ਅਮਨਜੀਤ ਸਿੰਘ ਸੇਠ, ਗੁਰਪ੍ਰੀਤ ਸਿੰਘ ਗੋਪੀ, ਦਲਬੀਰ ਸਿੰਘ ਮੈਂਬਰ, ਭਾਗ ਸਿੰਘ ਸਾਬਕਾ ਸਰਪੰਚ, ਜਗਬੀਰ ਸਿੰਘ ਸਾਬਕਾ ਸਰਪੰਚ, ਨਿਰੰਦਰ ਸਿੰਘ ਭਲਵਾਨ, ਭਿੰਦਾ ਫੌਜੀ, ਕੁਲਦੀਪ ਸਿੰਘ ਨੰਬਰਦਾਰ ਆਦਿ ਹਾਜ਼ਰ ਸਨ।



## ਡਲਹੌਜ਼ੀ 'ਚ ਭੰਗੜਾ, ਲੁੱਡੀ, ਡੰਡਾਸ ਦੀ ਵਰਕਸ਼ਾਪ ਧੂਮ-ਧੜੱਕੇ ਨਾਲ ਸਮਾਪਤ : ਜੈਕਬ

**ਧਾਰੀਵਾਲ (ਮਨਦੀਪ ਸਿੰਘ ਵਿੱਕੀ)**- ਪੰਜਾਬੀ ਮਾਂ ਬੋਲੀ ਦੀ ਰੂਹ-ਏ-ਜਾਨ ਵਜੋਂ ਜਾਣੀ ਜਾਣ ਵਾਲੀ ਸੰਸਥਾ ਲੋਕ ਸੱਭਿਆਚਾਰਕ ਪਿੜ (ਰਜਿ:) ਗੁਰਦਾਸਪੁਰ ਦੇ ਸਮੂਹ ਮੈਂਬਰ ਲੋਕ ਨਾਚਾ ਨਾਲ ਜੁੜੇ ਹੋਣ ਕਰਕੇ ਆਪਣਾ ਫਰਜ਼ ਸਮਝਦੇ ਹੋਏ ਕੁਝ ਨਾ ਕੁਝ ਨਾਚਾਂ ਬਾਰੇ ਕਰਦੇ ਰਹਿੰਦੇ ਹਨ। ਪਿੜ ਦੇ ਬਾਨੀ ਅਜੈਬ ਸਿੰਘ ਚਾਹਲ ਦੇ ਉਪਰਾਲੇ ਤੇ ਹੁਕਮਾਂ ਸਦਕੇ ਅਤੇ ਪਿੜ ਦੇ ਪ੍ਰਧਾਨ ਤੇ ਪ੍ਰਸਿੱਧ ਭੰਗੜਾ ਕੋਚ ਜੈਕਬ ਮਸੀਹ ਤੇਜਾ ਦੀ ਦੇਖਰੇਖ ਅਤੇ ਕੋਚਿੰਗ ਸੇਵਾਵਾਂ ਸਦਕੇ ਕਈ ਸਾਲਾਂ ਤੋਂ ਹਿਮਾਚਲ ਦੇ ਖੂਬਸੂਰਤ ਠੰਡੇ ਸ਼ਹਿਰ ਡਲਹੌਜ਼ੀ ਵਿੱਚ ਛੇ-ਸੱਤ ਦਿਨ ਦੀ ਪੰਜਾਬੀ ਲੋਕ ਨਾਚਾਂ ਦੀ ਵਰਕਸ਼ਾਪ ਲਗਾਈ ਜਾਂਦੀ ਹੈ। ਪੰਜਾਬ ਦੇ ਵੱਖ-ਵੱਖ ਇੰਸਟੀਚਿਊਟ ਦੇ 13 ਗੱਭਰੂਆਂ ਨੇ ਇਸ ਪੰਜਾਬੀ ਲੋਕ ਨਾਚਾਂ ਦੀ ਵਰਕਸ਼ਾਪ ਵਿੱਚ ਭਾਗ ਲਿਆ। ਪੰਜਾਬ ਵੱਖ-ਵੱਖ ਲੋਕ ਨਾਚਾਂ ਵਿੱਚ ਲੁੱਡੀ, ਡੰਡਾਸ, ਭੰਗੜਾ ਦੀ ਸਿਖਲਾਈ ਦਿੱਤੀ ਗਈ। ਇਨ੍ਹਾਂ ਦਿਨਾਂ ਦੌਰਾਨ ਬੱਚਿਆਂ ਨੂੰ ਡਲਹੌਜ਼ੀ ਦੀਆਂ ਵੱਖ-ਵੱਖ ਥਾਵਾਂ ਵੀ ਘੁਮਾਇਆ ਗਿਆ। ਕੈਂਪ ਦੇ ਸਮਾਪਤੀ ਸਮਾਰੋਹ ਮੌਕੇ ਮੁੱਖ ਮਹਿਮਾਨ ਮੈਨੇਜਰ ਦਵਿੰਦਰ ਸ਼ਰਮਾ ਪਹੁੰਚੇ। ਲੋਕ ਨਾਚ ਦੀਆਂ ਵੱਖ-ਵੱਖ ਵੰਨਗੀਆਂ ਜਿਵੇਂ ਕਿ ਡੰਡਾਸ, ਲੁੱਡੀ ਅਤੇ ਭੰਗੜਾ ਦੇਖ ਕੇ ਬਹੁਤ ਹੀ ਖੁਸ਼ ਹੋਏ। ਪੰਜਾਬੋਂ ਗਈ 13 ਮੈਂਬਰੀ ਟੀਮ ਦੇ ਨਾਲ ਉਨ੍ਹਾਂ ਵੀ ਭੰਗੜਾ ਪਾਇਆ। ਇਸ ਮੌਕੇ ਦਵਿੰਦਰ ਸ਼ਰਮਾ ਨੇ ਆਖਿਆ ਕਿ ਲੋਕ ਸੱਭਿਆਚਾਰਕ ਪਿੜ ਦਾ ਇਹ ਉਪਰਾਲਾ ਬਹੁਤ ਹੀ ਸ਼ਲਾਘਾਯੋਗ ਹੈ। ਵਰਕਸ਼ਾਪ ਲਾਉਣ ਨਾਲ ਹਿਮਾਚਲ ਪ੍ਰਦੇਸ਼ ਅਤੇ ਪੰਜਾਬ ਦੇ ਸੱਭਿਆਚਾਰ ਦਾ ਇਕ ਦੂਜੇ ਨੂੰ ਸਮਝਣ ਦਾ ਮੌਕਾ ਮਿਲੇਗਾ। ਇਸ ਕੈਂਪ ਦੇ ਇੰਚਾਰਜ ਭੰਗੜਾ ਕੋਚ ਜੈਕਬ ਮਸੀਹ ਤੇਜਾ ਨੇ ਦੱਸਿਆ ਲੋਕ ਸੱਭਿਆਚਾਰਕ ਪਿੜ ਦੀ ਕੋਸ਼ਿਸ਼ ਹੈ ਕਿ ਆਪਣੇ ਲੋਕ ਨਾਚਾਂ ਨੂੰ ਹਰ ਸਟੇਟ ਦੇ ਲੋਕਾਂ ਨਾਲ ਸਾਂਝਾ ਕੀਤਾ ਜਾਵੇ। ਇਸ ਪ੍ਰੋਗਰਾਮ ਵਿੱਚ ਯੂਥ ਹੋਸਟਲ ਦੇ ਸਾਰੇ ਹੀ ਵਰਕਰਾਂ ਨੂੰ ਸਨਮਾਨਿਤ ਕੀਤਾ ਗਿਆ। ਗੁਰਦਾਸਪੁਰ ਦੇ ਵੱਖ-ਵੱਖ ਸਕੂਲਾਂ ਦੇ ਬੱਚੇ ਜਿਨ੍ਹਾਂ ਵਿੱਚ ਕਾਨਵ ਅਨੰਦ, ਦੀਪਿੰਦਰ ਸਿੰਘ, ਆਰਵ, ਸਿਮਰਨਜੀਤ ਸਿੰਘ, ਸਪਰਸ਼ ਕੁਮਾਰ, ਕਰਨਬੀਰ ਸਿੰਘ ਲਿਟਲ ਫਲਾਵਰ ਕਾਨਵੈਂਟ ਸਕੂਲ ਗੁਰਦਾਸਪੁਰ, ਜਸਨੂਰ ਸਿੰਘ, ਸਨੋਵਰ ਕਿਡਜ਼ ਇੰਟਰਨੈਸ਼ਨਲ ਸੀਨੀਅਰ ਸੈਕੰਡਰੀ ਸਕੂਲ ਗੁਰਦਾਸਪੁਰ, ਹਨੂਰ ਸ਼ਰਮਾ ਪ੍ਰਤਾਪ ਵਰਲਡ ਸਕੂਲ ਪਠਾਨਕੋਟ ਅਤੇ ਸਮਨਜੋਤ ਸਿੰਘ ਨੇ ਆਪਣੀ ਕਲਾ ਦੀ ਪੇਸ਼ਕਾਰੀ ਕਰਦਿਆਂ ਦਰਸ਼ਕਾਂ ਨੂੰ ਨੱਚਣ ਲਈ ਮਜਬੂਰ ਕਰ ਦਿੱਤਾ। ਸਟੇਜ ਸੈਕਟਰੀ ਦੀ ਭੂਮਿਕਾ ਖੁਸ਼ੀ ਲੁਧਿਆਣਾ ਨੇ ਬਹੁਤ ਹੀ ਸੁਚੱਜੇ ਢੰਗ ਨਾਲ ਨਿਭਾਈ। ਪਾਰਟੀਸਿਪੈਂਟਸ ਨੂੰ ਟਰਾਫੀਆਂ ਤੇ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ।




## ਇੰਡੋ-ਨੇਪਾਲ ਚੈਂਪੀਅਨਸ਼ਿਪ 'ਚ ਜਤਿਨਪ੍ਰੀਤ ਸਿੰਘ ਨੇ ਜਿੱਤ ਦੇ ਝੰਡੇ ਗੱਡੇ

**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**- ਡਾਂਸ ਸਪੋਰਟਸ ਕੌਂਸਲ ਆਫ ਇੰਡੀਆ ਅਤੇ ਡਾਂਸ ਸਪੋਰਟਸ ਐਸੋਸੀਏਸ਼ਨ ਨੇਪਾਲ ਵੱਲੋਂ ਉਖਰਾ ਨੇਪਾਲ ਵਿਖੇ ਕਰਵਾਏ ਗਏ ਇੰਡੋ ਨੇਪਾਲ ਚੈਂਪੀਅਨਸ਼ਿਪ ਵਿਚ ਪੰਜਾਬ ਅਤੇ ਨੇਪਾਲ ਦੇ ਪ੍ਰਤੀਯੋਗੀਆਂ ਨੇ ਭਾਗ ਲਿਆ ਜਿਸ ਵਿਚ ਪੰਜਾਬ ਅਤੇ ਨੇਪਾਲ ਦੇ 90 ਪ੍ਰਤੀਯੋਗੀ ਸ਼ਾਮਲ ਹੋਏ ਸਨ।ਇਸ ਪ੍ਰਤੀਯੋਗਤਾ ਵਿਚ ਜ਼ਿਲ੍ਹਾ ਅੰਮ੍ਰਿਤਸਰ ਦੇ ਪਿੰਡ ਬੰਡਾਲਾ ਦਾ ਰਹਿਣ ਵਾਲਾ ਜਤਿਨਪ੍ਰੀਤ ਸਿੰਘ ਵੀ ਸ਼ਾਮਲ ਹੋਇਆ ਜਿਸ ਨੂੰ ਪਹਿਲਾ ਮੁਕਾਮ ਹਾਸਿਲ ਹੋਇਆ। ਜਤਿਨਪ੍ਰੀਤ ਸਿੰਘ ਫਨਕਾਰ ਮਿਊਜ਼ਿਕ ਅਤੇ ਡਾਂਸ ਅਕੈਡਮੀ ਜੰਡਿਆਲਾ ਗੁਰੂ ਵੱਲੋਂ ਸ਼ਾਮਲ ਹੋਇਆ ਸੀ।ਇਸ ਜਿੱਤ ਨਾਲ ਉਸਨੇ ਆਪਣੇ ਦੇਸ਼ ਅਤੇ ਮਾਤਾ ਪਿਤਾ ਤੇ ਪਿੰਡ ਬੰਡਾਲਾ ਦਾ ਨਾਮ ਰੌਸ਼ਨ ਕੀਤਾ ਹੈ। ਲੋਕ ਉਨ੍ਹਾਂ ਨੂੰ ਵਧਾਈਆਂ ਦੇ ਰਹੇ ਹਨ।ਇਸ ਮੌਕੇ ਜੇਤੂ ਬੱਚੇ ਨੇ ਦੱਸਿਆ ਕਿ ਇਨ੍ਹਾਂ ਮੁਕਾਬਲਿਆਂ ਵਿਚ ਫਨਕਾਰ ਮਿਊਜ਼ਿਕ ਅਤੇ ਡਾਂਸ ਅਕੈਡਮੀ ਜੰਡਿਆਲਾ ਗੁਰੂ, ਜਲੰਧਰ ਤੋਂ ਡਾਂਸਿੰਗ ਸਕੂਲ ਆਫ ਆਰਟ, ਓਮ ਸਾਈਂ ਰਾਮ ਡਾਂਸ ਅਕੈਡਮੀ ਨਵਾਂਸ਼ਹਿਰ ਦੀਆਂ ਅਕੈਮਡੀਆਂ ਦੇ ਬੱਚਿਆਂ ਨੇ ਭਾਗ ਲਿਆ।ਇਸ ਮੁਕਬਾਲੇ ਵਿਚ ਨੇਪਾਲ ਅਤੇ ਇੰਡੀਆ ਵਿਖੇ ਹੋਈਆਂ ਨੈਸ਼ਨਲ ਪ੍ਰਤੀਯੋਗਤਾਵਾਂ ਨੂੰ ਜਿੱਤ ਕੇ ਆਪਣੇ ਨਾਮ ਕਰਨ ਵਾਲੇ ਬੱਚਿਆਂ ਨੂੰ ਇੰਡੋ-ਨੇਪਾਲ ਚੈਂਪੀਅਨਸ਼ਿਪ ਵਿਚ ਭਾਗ ਲੈਣਾ ਦਾ ਮੌਕਾ ਮਿਲਿਆ।ਇਨ੍ਹਾਂ ਬੱਚਿਆਂ ਨੇ ਸੋਨਾ, ਚਾਂਦੀ ਅਤੇ ਸਿਲਵਰ ਦੇ ਤਮਗੇ ਜਿੱਤੇ ਅਤੇ ਆਪਣੇ ਸ਼ਹਿਰ ਅਤੇ ਮਾਤਾ ਪਿਤਾ ਦਾ ਨਾਮ ਰੌਸ਼ਨ ਕੀਤਾ।ਇਸ ਮੁਕਾਬਲੇ ਵਿਚ ਸੁਖਦਰਸ਼ਨ ਸਿੰਘ, ਗੁਰਪ੍ਰੀਤ ਸਿੰਘ, ਨੇਪਾਲ ਦੇ ਨੀਤਾ ਲਾਂਬਾ, ਰਾਮ ਲਾਂਬਾ ਨੇ ਜੱਜਮੈਂਟ ਦੀ ਭੂਮਿਕਾ ਨਿਭਾਈ।ਇਸ ਮੌਕੇ ਡਾਂਸ ਸਪੋਰਟਸ ਕੌਂਸਲ ਆਫ ਇੰਡੀਆ ਦੇ ਪ੍ਰਧਾਨ ਬਲਵਿੰਦਰ ਸਿੰਘ ਜੌਹਲ, ਤਕਨੀਕੀ ਸਕੱਤਰ ਤਰਨਪਾਲ ਸਿੰਘ, ਅੰਮ੍ਰਿਤਸਰ ਜ਼ੋਨ ਦੇ ਸਕੱਤਰ ਗੁਰਪ੍ਰੀਤ ਸਿੰਘ ਆਦਿ ਹਾਜ਼ਰ ਸਨ।



## 7ਵੇਂ ਆਲ ਓਪਨ ਕ੍ਰਿਕਟ ਕੱਪ ਦੀ ਨਵੀਂ ਤਰੀਕ ਐਲਾਨੀ ਜਾਵੇਗੀ



**ਝਬਾਲ (ਹਰਜਿੰਦਰ ਸਿੰਘ ਸੋਨੀ)**- ਕਸਬਾ ਝਬਾਲ ਵਿਖੇ ਸੁਰਮੁਖ ਸਿੰਘ ਸਟੇਡੀਅਮ ਵਿਖੇ 21 ਜੂਨ ਦਿਨ ਸ਼ੁੱਕਰਵਾਰ ਨੂੰ ਹੋਣ ਵਾਲਾ ਆਲ ਓਪਨ ਕ੍ਰਿਕਟ ਕੱਪ ਭਾਰੀ ਮੀਂਹ ਦੇ ਚਲਦਿਆਂ ਮੁਲਤਵੀ ਕਰ ਦਿੱਤਾ ਗਿਆ ਸੀ।ਇਸ ਸਬੰਧੀ ਜਾਣਕਾਰੀ ਦਿੰਦਿਆਂ ਆਜ਼ਾਦ ਗਰੁੱਪ ਤਰਨ ਤਾਰਨ ਦੇ ਸਰਪੰਚ ਪ੍ਰਮਜੀਤ ਸਿੰਘ ਪੰਮਾ ਗੱਗੋਬੂਹਾ, ਪੂਰਨ ਸਿੰਘ ਝਬਾਲ, ਚੇਅਰਮੈਨ ਰਮਨ ਕੁਮਾਰ ਝਬਾਲ, ਸਾਬਕਾ ਸਰਪੰਚ ਜਸਬੀਰ ਸਿੰਘ ਸਵਰਗਾਪੁਰੀ, ਸਰਪੰਚ ਜਗਤਾਰ ਸਿੰਘ ਜੱਗਾ ਸਵਰਗਾਪੁਰੀ, ਸਰਪੰਚ ਮਨਜਿੰਦਰ ਸਿੰਘ ਐਮਾਂ ਕਲਾਂ, ਰਾਮ ਸਿੰਘ ਨਾਮਧਾਰੀ, ਲਾਲੀ ਮਲਵਈ ਆਦਿ ਨੇ ਦੱਸਿਆ ਕਿ ਅਗਲੀ ਤਰੀਕ ਉਲੀਕੇ ਜਾਣ 'ਤੇ ਸਭ ਨੂੰ ਸੂਚਿਤ ਕਰਕੇ ਇਹ ਕ੍ਰਿਕਟ ਕੱਪ ਕਰਵਾਇਆ ਜਾਵੇਗਾ।ਇਸ ਮੌਕੇ ਸਰਪੰਚ ਮਨਜੀਤ ਸਿੰਘ ਮੰਨਾ ਪੰਜਵੜ, ਸਰਪੰਚ ਸੋਨੂੰ ਬਰਾੜ ਦੋਦੇ, ਸੁਖਜਿੰਦਰ ਸਿੰਘ ਵਿੱਕੀ ਢਿੱਲੋਂ ਪੰਜਵੜ, ਸਾਬਕਾ ਸਰਪੰਚ ਹਰਪਾਲ ਸਿੰਘ ਭਲਵਾਨ ਕੋਟ ਧਰਮ ਚੰਦ, ਸਾਬਕਾ ਸਰਪੰਚ ਜੋਧਬੀਰ ਸਿੰਘ ਪੰਡੋਰੀ, ਸਰਪੰਚ ਅਜਮੇਰ ਸਿੰਘ ਕਾਕਾ ਛਾਪਾ, ਜ਼ਿਲਾ ਪ੍ਰੀਸ਼ਦ ਮੈਂਬਰ ਪ੍ਰਭਜੀਤ ਸਿੰਘ ਪ੍ਰਭ ਕੋਟ, ਸਰਪੰਚ ਰੂਪ ਸਿੰਘ ਪੱਧਰੀ, ਸਰਪੰਚ ਸਤਨਾਮ ਸਿੰਘ, ਸਰਪੰਚ ਲਾਡੀ ਐਮਾ, ਸਰਪੰਚ ਕਾਰਜ ਸਿੰਘ ਝੀਤਾ, ਸਰਪੰਚ ਬਲਜੀਤ ਸਿੰਘ ਛਿਛਰੇਵਾਲ, ਸਰਪੰਚ ਮਹਾਵੀਰ ਸਿੰਘ, ਸਰਪੰਚ ਮੰਗਲ ਸਿੰਘ ਖੈਰਦੀ, ਸਰਪੰਚ ਬਖਸ਼ੀਸ਼ ਸਿੰਘ ਖੈਰਦੀ, ਗੁਰਸੇਵਕ ਸਿੰਘ ਐਮਾ, ਲਖਵਿੰਦਰ ਸਿੰਘ ਸਵਰਗਾਪੁਰੀ ਸਮੇਤ ਆਜ਼ਾਦ ਗਰੁੱਪ ਦੇ ਸਮੂਹ ਅਹੁਦੇਦਾਰਾਂ ਤੇ ਮੈਂਬਰ ਵੀ ਹਾਜ਼ਰ ਸਨ।

## ਸਾਈਨ ਬੋਰਡ ਪੰਜਾਬੀ 'ਚ ਲਿਖੇ ਜਾਣ : ਖੋਜ ਅਫ਼ਸਰ

**ਪਠਾਨਕੋਟ (ਦਵਿੰਦਰ ਸਿੰਘ)**- ਪੰਜਾਬ ਸਰਕਾਰ ਅਤੇ ਭਾਸ਼ਾ ਵਿਭਾਗ ਪੰਜਾਬ ਪਟਿਆਲਾ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਭਾਸ਼ਾ ਦਫ਼ਤਰ ਪਠਾਨਕੋਟ ਦੇ ਖੋਜ ਅਫ਼ਸਰ ਡਾ. ਰਾਜੇਸ਼ ਕੁਮਾਰ ਨੇ ਦੱਸਿਆ ਕਿ ਪੰਜਾਬ ਸਰਕਾਰ ਵਲੋਂ ਪੰਜਾਬੀ ਭਾਸ਼ਾ ਨੂੰ ਪ੍ਰਫੁੱਲਿਤ ਕਰਨ ਤੇ ਪੂਰਾ ਮਾਣ ਸਨਮਾਨ ਦੇਣ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ। ਇਨਾਂ ਉਪਰਾਲਿਆਂ ਤਹਿਤ ਜ਼ਿਲ੍ਹੇ ਦੇ ਸਾਰੇ ਸੂਚਨਾ ਬੋਰਡ ਪੰਜਾਬੀ ਭਾਸ਼ਾ (ਗੁਰਮੁਖੀ ਲਿੱਪੀ) ਵਿੱਚ ਲਿਖਣੇ ਲਾਜ਼ਮੀ ਬਣਾਏ ਜਾਣ। ਉਨਾਂ ਕਿਹਾ ਕਿ ਪੰਜਾਬੀ ਭਾਸ਼ਾ ਨੂੰ ਵਧੇਰੇ ਮਹੱਤਤਾ ਦੇਣ ਲਈ ਸਮੂਹ ਸਰਕਾਰੀ, ਅਰਧ ਸਰਕਾਰੀ ਦਫ਼ਤਰਾਂ, ਵਿਭਾਗਾਂ, ਅਦਾਰਿਆਂ, ਸੰਸਥਾਵਾਂ, ਵਿੱਦਿਅਕ ਅਦਾਰਿਆਂ, ਬੋਰਡਾਂ, ਨਿਗਮਾਂ ਅਤੇ ਗ਼ੈਰ-ਸਰਕਾਰੀ ਸੰਸਥਾਵਾਂ, ਪਬਲਿਕ ਅਤੇ ਪ੍ਰਾਈਵੇਟ ਦੁਕਾਨਾਂ ਅਤੇ ਵਪਾਰਕ ਅਦਾਰਿਆਂ ਆਦਿ ਦੇ ਨਾਂਅ ਅਤੇ ਸੜਕਾਂ ਦੇ ਨਾਂਅ, ਨਾਂਅ ਪੱਟੀਆਂ, ਮੀਲ ਪੱਥਰ, ਸਾਈਨ ਬੋਰਡ ਲਿਖਣ ਸਮੇਂ ਸਭ ਤੋਂ ਪਹਿਲਾਂ ਉਪਰਲੇ ਪਾਸੇ ਪੰਜਾਬੀ ਭਾਸ਼ਾ (ਗੁਰਮੁਖੀ ਲਿੱਪੀ) ਵਿੱਚ ਲਿਖੇ ਜਾਣ ਅਤੇ ਜੇਕਰ ਕਿਸੇ ਹੋਰ ਭਾਸ਼ਾ ਵਿੱਚ ਲਿਖਣਾ ਹੋਵੇ ਤਾਂ ਪੰਜਾਬੀ ਭਾਸ਼ਾ (ਗੁਰਮੁਖੀ ਲਿੱਪੀ) ਤੋਂ ਹੇਠਾਂ ਦੂਸਰੀ ਭਾਸ਼ਾ ਵਿਚ ਲਿਖਿਆ ਜਾਵੇ।ਇਨ੍ਹਾਂ ਹੁਕਮਾਂ ਦੀ ਪਾਲਣਾ ਨਾ ਕੀਤੇ ਜਾਣ ਦੀ ਸੂਰਤ ਵਿਚ ਸੰਬੰਧਿਤ ਖਿਲਾਫ਼ ਪੰਜਾਬ ਰਾਜ ਭਾਸ਼ਾ (ਤਰਮੀਮ) ਐਕਟ 2008 ਅਤੇ 2021 ਵਿੱਚ ਦਰਜ ਉਪਬੰਧਾਂ ਅਨੁਸਾਰ ਜੁਰਮਾਨਾ ਲਗਾਉਣ ਸੰਬੰਧੀ ਕਾਰਵਾਈ ਕੀਤੀ ਜਾਵੇਗੀ। ਜੇਕਰ ਕਿਸੇ ਨੂੰ ਸੂਚਨਾ ਬੋਰਡ ਲਿਖਣ ਸਮੇਂ ਸ਼ਬਦ ਜੋੜਾਂ ਸੰਬੰਧੀ ਕਿਸੇ ਪ੍ਰਕਾਰ ਦੀ ਸਮੱਸਿਆ ਆਉਂਦੀ ਹੈ ਤਾਂ ਉਹ ਜ਼ਿਲ੍ਹਾ ਭਾਸ਼ਾ ਦਫ਼ਤਰ, ਪਠਾਨਕੋਟ ਨਾਲ ਸੰਪਰਕ ਕਰ ਸਕਦੇ ਹਨ।



## ਡੀਐੱਸਪੀ ਬਾਬਾ ਬਕਾਲਾ ਵੱਲੋਂ ਘੱਟ ਗਿਣਤੀ ਲੋਕ ਭਲਾਈ ਸੰਸਥਾ ਦੀ ਟੀਮ ਨਾਲ ਮੀਟਿੰਗ

**ਬੁਤਾਲਾ/ਬਾਬਾ ਬਕਾਲਾ ਸਾਹਿਬ, (ਨਿਰਮਲ ਸਿੰਘ ਸੰਘਾ)**- ਡੀਐੱਸਪੀ ਬਾਬਾ ਬਕਾਲਾ ਸਾਹਿਬ ਧਰਮਿੰਦਰ ਕਲਿਆਣ ਨੇ ਨਸ਼ਿਆਂ ਖਿਲਾਫ ਮਤੇ ਪਾਸ ਕਰਨ ਵਾਲੀਆਂ ਪੰਚਾਇਤ ਦੀ ਪ੍ਰਸ਼ੰਸਾ ਕੀਤੀ ਹੈ।ਉਪ ਪੁਲਸ ਕਪਤਾਨ ਬਾਬਾ ਬਕਾਲਾ ਧਰਮਿੰਦਰ ਕਲਿਆਣ ਨਾਲ ਪੁਲਸ-ਪਬਲਿਕ ਸੰਪਰਕ ਮੁਹਿੰਮ ਤਹਿਤ ਘੱਟ ਗਿਣਤੀ ਲੋਕ ਭਲਾਈ ਸੰਸਥਾ ਦੇ ਪ੍ਰਧਾਨ ਸਤਨਾਮ ਸਿੰਘ ਗਿੱਲ ਅਤੇ ਟੀਮ ਨੇ ਉਚੇਚੇ ਤੌਰ ਤੇ ਮੁਲਾਕਾਤ ਕੀਤੀ।ਮੀਟਿੰਗ 'ਚ ਸਮਾਜਿਕ ਬੁਰਾਈਆਂ, ਵੱਧ ਰਹੀਆਂ ਅਪਰਾਧਿਕ ਘਟਨਾਵਾਂ ਅਤੇ ਨਸ਼ਿਆਂ ਦੇ ਮੁੱਦੇ 'ਤੇ ਵਿਚਾਰ ਚਰਚਾ ਕੀਤੀ ਗਈ।ਰਾਜ ਸਰਕਾਰ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਨੂੰ ਸਫ਼ਲ ਕਰਨ ਲਈ ਸਤਨਾਮ ਸਿੰਘ ਗਿੱਲ ਨੇ ਸਮਾਜਿਕ ਸੱਥ ਵੱਲੋਂ ਹਰ ਸੰਭਵ ਸਹਿਯੋਗ ਦੇਣ ਲਈ ਭਰੋਸਾ ਦਿੱਤਾ।ਇਸ ਮੀਟਿੰਗ ਦੀ ਇਹ ਵਿਸ਼ੇਸ਼ਤਾ ਰਹੀ ਹੈ ਕਿ ਦਾਜ-ਦਹੇਜ ਦੀ ਸਮਾਜਿਕ ਪ੍ਰਥਾ, ਫ਼ਿਰਕੂ ਤਾਕਤਾਂ ਵਿਰੁੱਧ ਝੰਡਾ ਬਰਦਾਰ ਕਰਨ ਲਈ ਸਹਿਮਤੀ ਬਣੀ।ਇਸ ਵਿਸ਼ੇਸ਼ ਅਤੇ ਪਲੇਠੀ ਮਿਲਣੀ 'ਚ ਘੱਟ ਗਿਣਤੀ ਲੋਕ ਭਲਾਈ ਸੰਸਥਾ ਦੇ ਪ੍ਰਧਾਨ ਸਤਨਾਮ ਸਿੰਘ ਗਿੱਲ ਨੇ ਡੀਐੱਸਪੀ ਨੂੰ ਭਰੋਸਾ ਦਿੱਤਾ ਕਿ ਸਮੁੱਚੀ ਸਮਾਜ ਸੇਵੀ ਜਥੇਬੰਦੀਆਂ ਪੁਲਸ ਦੇ ਮਿਸ਼ਨ ਨੂੰ ਸਫ਼ਲ ਬਣਾਉਣ ਲਈ ਸੰਭਵ ਸਹਿਯੋਗ ਕਰਨ ਲਈ ਬਿਲਕੁਲ ਤਿਆਰ ਬਰ ਤਿਆਰ ਹਨ।ਉਪ ਪੁਲਸ ਕਪਤਾਨ ਧਰਮਿੰਦਰ ਕਲਿਆਣ ਨੇ ਕਿਹਾ ਕਿ ਗੁਰੂ ਨਗਰੀ ਦਾ ਚੱਪਾ ਚੱਪਾ ਨਸ਼ਾ ਮੁਕਤ ਕਰਨ ਲਈ ਅਸੀਂ ਐੱਸਐੱਸਪੀ ਪੁਲਸ ਜ਼ਿਲ੍ਹਾ ਅੰਮ੍ਰਿਤਸਰ ਦਿਹਾਤੀ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਪਿੰਡਾਂ 'ਚ ਜਾ ਕੇ ਮਾਪਿਆਂ ਨੂੰ ਜਾਗਰੂਪ ਕਰ ਰਹੇ ਹਾਂ, ਨਸ਼ੇ ਦਾ ਸੇਵਨ ਕਰਨ ਦੇ ਸ਼ਿਕਾਰ ਬੱਚਿਆਂ ਦਾ ਇਲਾਜ ਕਰਵਾ ਰਹੇ ਹਾਂ। ਉਨ੍ਹਾਂ ਗ੍ਰਾਮ ਪੰਚਾਇਤਾਂ ਦੀ ਪ੍ਰਸ਼ੰਸਾ ਕੀਤੀ ਜਿਨ੍ਹਾਂ ਨੇ ਨਸ਼ਿਆਂ ਵਿਰੁੱਧ ਮਤੇ ਪਾਸ ਕਰਕੇ ਪਿੰਡਾਂ ਨੂੰ ਨਸ਼ਾ ਮੁਕਤ ਕਰਨ ਦਾ ਸੰਕਲਪ ਲਿਆ ਹੈ।ਪ੍ਰੈੱਸ ਨੂੰ ਜਾਣਕਾਰੀ ਦਿੰਦਿਆ ਕਲਿਆਣ ਨੇ ਦੱਸਿਆ ਕਿ ਪੁਲਸ ਥਾਣਿਆਂ ਅਤੇ ਚੌਕੀ ਇੰਚਾਰਜਾਂ ਨੂੰ ਮਿਸ਼ਨ 'ਚ ਨਾਲ ਲੈ ਕੇ ਸਬ ਡਵੀਜ਼ਨ ਨੂੰ ਨਸ਼ਾ ਮੁਕਤ ਕਰਨ ਲਈ ਯਤਨਸ਼ੀਲ ਹਾਂ।ਉਨ੍ਹਾਂ ਨੇ ਲੋਕਾਂ ਨੂੰ ਪੁਲਸ ਦੀ ਮਦਦ ਦਾ ਸੱਦਾ ਦਿੱਤਾ।ਇਸ ਮੌਕੇ ਘੱਟ ਗਿਣਤੀ ਲੋਕ ਭਲਾਈ ਸੰਸਥਾ ਦੇ ਸਟੇਟ ਕਮੇਟੀ ਮੈਂਬਰ ਰਾਜਵਿੰਦਰ ਸਿੰਘ ਜੋਧੇ, ਸਾਯਤ ਰਈਆ, ਪੀਏ ਗੁਰਪ੍ਰੀਤ ਸਿੰਘ ਖਾਲਸਾ ਆਦਿ ਹਾਜ਼ਰ ਸਨ।

**● ਸਮਾਜਿਕ ਅਲਾਮਤਾਂ ਅਤੇ ਨਸ਼ਿਆਂ ਖਿਲਾਫ ਬਣੀ ਸਹਿਮਤੀ**



## ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ ਜ਼ਿਲ੍ਹਾ ਇਕਾਈ ਦੀ ਮੀਟਿੰਗ 30 ਨੂੰ

**ਝਬਾਲ (ਹਰਜਿੰਦਰ ਸਿੰਘ ਸੋਨੀ)**: ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ ਦੀ ਜ਼ਿਲਾ ਅੰਮ੍ਰਿਤਸਰ ਇਕਾਈ ਦੀ ਮੀਟਿੰਗ 30 ਜੂਨ ਪੁਤਲੀਘਰ ਸਥਿਤ ਸੀਟੂ ਦਫਤਰ ਵਿਖੇ 11. 09 ਵਜੇ ਹੋਵੇਗੀ।ਇਸ ਸਬੰਧੀ ਜਾਣਕਾਰੀ ਦਿੰਦਿਆਂ ਜਥੇਬੰਦੀ ਦੇ ਜਨਰਲ ਸਕੱਤਰ ਕਾਮਰੇਡ ਜਸਬੀਰ ਸਿੰਘ ਝਬਾਲ ਨੇ ਦੱਸਿਆ ਕਿ 9 ਜੁਲਾਈ ਦੀ ਦੇਸ਼ ਵਿਆਪੀ ਹੜਤਾਲ ਵਿੱਚ ਸ਼ਾਮਿਲ ਹੋਣ ਲਈ ਜਥੇਬੰਦੀ ਦੀ ਵਿਉਂਤਬੰਦੀ ਉਲੀਕੀ ਜਾਵੇਗੀ ਅਤੇ ਵਰਕਰਾਂ ਦੀਆਂ ਡਿਊਟੀਆਂ ਲਗਾਈਆਂ ਜਾਣਗੀਆਂ। ਉਨ੍ਹਾਂ ਕਿਹਾ ਕਿ ਜਥੇਬੰਦੀ ਦੀ ਮੈਂਬਰਸ਼ਿਪ ਅਤੇ ਬਲਾਕ ਅਤੇ ਤਹਿਸੀਲ ਪੱਧਰ ਦੀਆਂ ਚੋਣਾਂ ਕਰਾਉਣ ਲਈ ਵਿਸ਼ੇਸ਼ ਮੁਹਿੰਮ ਆਰੰਭੀ ਜਾਵੇਗੀ।ਉਨ੍ਹਾਂ ਸਾਰੇ ਜ਼ਿਲ੍ਹਾ ਕਮੇਟੀ ਮੈਂਬਰਾਂ ਨੂੰ ਸਮੇਂ ਸਿਰ ਪੁੱਜਣ ਦੀ ਅਪੀਲ ਕੀਤੀ।

## ਪੀਰ ਬਾਬਾ ਪੱਕੇ ਸ਼ਾਹ ਜੀ ਦਾ ਸਾਲਾਨਾ ਉਰਸ ਭਲਕੇ

**ਅਜਨਾਲਾ (ਸੁਖਤਿੰਦਰ ਸਿੰਘ ਰਾਜੂ)**- ਸਥਾਨਕ ਸ਼ਹਿਰ ਅਜਨਾਲਾ ਵਿੱਚ ਮਸ਼ਹੂਰ ਦਰਗਾਹ ਸਰਕਾਰ ਪੀਰ ਬਾਬਾ ਪੱਕੇ ਸ਼ਾਹ ਜੀ ਦਾ ਸਾਲਾਨਾ ਉਰਸ 29 ਜੂਨ ਦਿਨ ਐਤਵਾਰ ਨੂੰ ਬੜੀ ਸ਼ਰਧਾ ਭਾਵਨਾ ਤੇ ਧੂਮਧਾਮ ਦੇ ਨਾਲ ਮਨਾਇਆ ਜਾਵੇਗਾ। ਦਰਬਾਰ 'ਤੇ ਚਾਦਰ ਝੰਡਾ ਚੜ੍ਹਾਉਣ ਦੀ ਰਸਮ ਸਵੇਰੇ 11 ਵਜੇ ਢੋਲ ਡਮੱਕਿਆਂ ਦੇ ਨਾਲ ਅਦਾ ਕੀਤੀ ਜਾਵੇਗੀ। ਇਹ ਜਾਣਕਾਰੀ ਸੇਵਾਦਾਰ ਸੁੱਖਵਿੰਦਰ ਸਿੰਘ ਸੁੱਖ ਨਿੱਝਰ ਅਜਨਾਲਾ ਨੇ ਸਾਂਝੀ ਕੀਤੀ। ਉਨ੍ਹਾਂ ਦੱਸਿਆ ਕਿ ਦਰਬਾਰ 'ਤੇ ਪੰਜਾਬ ਦੇ ਮਸ਼ਹੂਰ ਅੰਮ੍ਰਿਤ ਕੱਵਾਲ ਬਾਬਾ ਜੀ ਦੀਆਂ ਕੱਵਾਲੀਆਂ ਗਾ ਕੇ ਆਈਆਂ ਹੋਈਆਂ ਸੰਗਤਾਂ ਨੂੰ ਨਿਹਾਲ ਕਰਨਗੇ। ਸੱਭਿਆਚਾਰਕ ਪ੍ਰੋਗਰਾਮ ਵੀ ਹੋਵੇਗਾ। ਸਭ ਨੂੰ ਬੇਨਤੀ ਹੈ ਕਿ ਪਰਿਵਾਰ ਸਮੇਤ ਪੀਰ ਬਾਬਾ ਪੱਕੇ ਸ਼ਾਹ ਜੀ ਦੇ ਦਰਬਾਰ 'ਤੇ ਪਹੁੰਚ ਕੇ ਅਸ਼ੀਰਵਾਦ ਤੇ ਖੁਸ਼ੀਆਂ ਪ੍ਰਾਪਤ ਕਰੋ। ਲੰਗਰ ਭੰਡਾਰਾ ਵੀ ਸਾਰਾ ਦਿਨ ਅਤੁੱਟ ਵਰਤਾਇਆ ਜਾਵੇਗਾ। ਇਸ ਮੌਕੇ ਬਾਬਾ ਫਕੀਰ ਚੰਦ, ਸੁੱਖ ਨਿੱਝਰ, ਸਰੋਜ ਰਾਣੀ ਅਜਨਾਲਾ, ਅਮਨ ਸਿੰਘ, ਪਲਵਿੰਦਰ ਸਿੰਘ, ਭੂਰੇ ਸ਼ਾਹ, ਹੈਪੀ ਅਜਨਾਲਾ, ਬਬਲੂ ਅਜਨਾਲਾ, ਸ਼ਮਸ਼ੇਰ ਸਿੰਘ, ਸੰਜੀਵ ਕੁਮਾਰ, ਸੋਨੂੰ ਆਟੋ ਵਾਲੇ ਆਦਿ ਸੇਵਾਦਾਰ ਹਾਜ਼ਰ ਸਨ।



## ਵਧੀਕ ਮੁੱਖ ਚੋਣ ਅਫਸਰ ਵੱਲੋਂ ਵੋਟਿੰਗ ਮਸ਼ੀਨਾਂ ਦੇ ਵੇਅਰਹਾਊਸ ਦਾ ਨਿਰੀਖਣ

**ਗੁਰਦਾਸਪੁਰ (ਦਿਨੇਸ਼ ਕੁਮਾਰ)**- ਮਾਣਯੋਗ ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਵਧੀਕ ਮੁੱਖ ਚੋਣ ਅਫਸਰ ਪੰਜਾਬ ਹਰੀਸ਼ ਨਈਅਰ ਵੱਲੋਂ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਗੁਰਦਾਸਪੁਰ ਦੇ ਬਲਾਕ-ਬੀ ਵਿਖੇ ਵੋਟਿੰਗ ਮਸ਼ੀਨਾਂ ਦੇ ਵੇਅਰਹਾਊਸ ਦਾ ਨਿਰੀਖਣ ਕੀਤਾ ਗਿਆ। ਇਸ ਮੌਕੇ ਉਨ੍ਹਾਂ ਨਾਲ ਹਰਜਿੰਦਰ ਸਿੰਘ ਬੇਦੀ, ਵਧੀਕ ਜ਼ਿਲ੍ਹਾ ਚੋਣ ਅਫਸਰ-ਕਮ-ਵਧੀਕ ਡਿਪਟੀ ਕਮਿਸ਼ਨਰ (ਜ) ਗੁਰਦਾਸਪੁਰ, ਮਨਜਿੰਦਰ ਸਿੰਘ ਬਾਜਵਾ ਚੋਣ ਤਹਿਸੀਲਦਾਰ ਤੋਂ ਇਲਾਵਾ ਨੋਡਲ ਅਫਸਰ ਈ.ਵੀ.ਐਮਜ਼. ਗਗਨਦੀਪ ਸਿੰਘ, ਹੋਰ ਅਧਿਕਾਰੀ ਅਤੇ ਵੱਖ-ਵੱਖ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦੇ ਵੀ ਹਾਜ਼ਰ ਸਨ । ਵੋਟਿੰਗ ਮਸ਼ੀਨਾਂ ਦੇ ਵੇਅਰ ਹਾਊਸ ਦੇ ਨਿਰੀਖਣ ਦੌਰਾਨ ਵਧੀਕ ਮੁੱਖ ਚੋਣ ਅਫਸਰ ਨੇ ਵੇਅਰ ਹਾਊਸ ਦੀ ਲਾਗ-ਬੁੱਕ ਚੈੱਕ ਕਰਨ ਦੇ ਨਾਲ ਸਟਾਕ ਰਜਿਸਟਰ ਦੀ ਜਾਂਚ ਕੀਤੀ। ਇਸ ਮੌਕੇ ਉਨ੍ਹਾਂ ਵੇਅਰਹਾਊਸ ਵਿੱਚ ਲਗਾਏ ਅੱਗ ਬੁਝਾਊ ਯੰਤਰਾਂ ਅਤੇ ਹੋਰ ਪ੍ਰਬੰਧਾਂ ਦੀ ਜਾਂਚ ਵੀ ਕੀਤੀ। ਉਨ੍ਹਾਂ ਕਿਹਾ ਕਿ ਵੇਅਰ ਹਾਊਸ ਵਿੱਚ ਵੋਟਿੰਗ ਮਸ਼ੀਨਾਂ ਦੇ ਰੱਖ-ਰਖਾਅ ਵਿੱਚ ਚੋਣ ਕਮਿਸ਼ਨ ਦੀਆਂ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕੀਤੀ ਜਾਵੇ। ਇਸ ਮੌਕੇ ਉਨ੍ਹਾਂ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਨਾਲ ਵੀ ਗੱਲਬਾਤ ਕੀਤੀ। ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਵੱਲੋਂ ਵੇਅਰਹਾਊਸ ਦੇ ਪ੍ਰਬੰਧਾਂ ਬਾਰੇ ਆਪਣੀ ਸੰਤੁਸ਼ਟੀ ਜ਼ਾਹਰ ਕੀਤੀ ਅਤੇ ਚੋਣ ਪ੍ਰਣਾਲੀ ਸਬੰਧੀ ਪ੍ਰਸ਼ਾਸਨ ਨੂੰ ਹਰ ਤਰ੍ਹਾਂ ਦਾ ਸਹਿਯੋਗ ਦੇਣ ਦਾ ਵਿਸ਼ਵਾਸ ਦਿਵਾਇਆ ਗਿਆ।



## ਨਸ਼ਿਆਂ ਖਿਲਾਫ਼ ਮਾਨ ਸਰਕਾਰ ਦੀ ਜੰਗ ਜਾਰੀ ਹੈ : ਸ਼ੈਰੀ ਕਲਸੀ

**ਬਟਾਲਾ (ਡਾਕਟਰ ਮਲਵਿੰਦਰ ਸਿੰਘ)**- ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਬਟਾਲਾ ਦੇ ਨੌਜਵਾਨ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਨੇ ਕਿਹਾ ਕਿ ਨਸ਼ਿਆਂ ਖਿਲਾਫ ਮਾਨ ਸਰਕਾਰ ਦੀ ਜੰਗ ਜਾਰੀ ਹੈ ਅਤੇ ਨਸ਼ੇ ਦੀ ਤਸਕਰੀ ਨਾਲ ਜੁੜਨ ਵਾਲੇ ਕਿਸੇ ਵੀ ਵਿਅਕਤੀ ਨੂੰ ਬਖਸ਼ਿਆ ਨਹੀਂ ਜਾਵੇਗਾ।ਉਹਨਾਂ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ 'ਤੇ ਸੂਬੇ ਵਿੱਚੋਂ ਨਸ਼ੀਲੇ ਪਦਾਰਥਾਂ ਦੇ ਮੁਕੰਮਲ ਖਾਤਮੇ ਲਈ ਚਲਾਈ ਗਈ ਜੰਗ 'ਯੁੱਧ ਨਸ਼ਿਆਂ ਵਿਰੁੱਧ' ਨੇ 116ਵੇਂ ਦਿਨ ਪੂਰੇ ਕੀਤੇ ਹਨ, ਇਹ ਜੰਗ ਨਿਰੰਤਰ ਜਾਰੀ ਹੈ। ਉਹਨਾਂ ਦੱਸਿਆ ਕਿ ਪੰਜਾਬ ਪੁਲਸ ਵਲੋਂ ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਦੇ ਕਬਜ਼ੇ ਵਿੱਚੋਂ ਹੈਰੋਇਨ, ਅਫੀਮ ਅਤੇ ਡਰੱਗ ਮਨੀ ਬਰਾਮਦ ਕੀਤੀ ਜਾ ਰਹੀ ਹੈ। ਇਸ ਦੇ ਨਾਲ 116 ਦਿਨਾਂ ਵਿੱਚ ਗ੍ਰਿਫ਼ਤਾਰ ਕੀਤੇ ਗਏ ਨਸ਼ਾ ਤਸਕਰਾਂ ਦੀ ਕੁੱਲ ਗਿਣਤੀ 19,185 ਹੋ ਗਈ ਹੈ।ਵਿਧਾਇਕ ਸ਼ੈਰੀ ਕਲਸੀ ਨੇ ਦੱਸਿਆ ਕਿ ਸੂਬਾ ਸਰਕਾਰ ਵੱਲੋਂ ਸੂਬੇ ਵਿੱਚੋਂ ਨਸ਼ਿਆਂ ਦੇ ਖਾਤਮੇ ਲਈ ਤਿੰਨ-ਪੱਖੀ ਰਣਨੀਤੀ, ਇਨਫੋਰਸਮੈਂਟ, ਡੀ-ਅਡਿਕਸ਼ਨ ਅਤੇ ਪ੍ਰੀਵੈਨਸ਼ਨ (ਈ ਡੀ ਪੀ) ਲਾਗੂ ਕੀਤੀ ਗਈ ਹੈ ਅਤੇ ਨਸ਼ਾ ਪੀੜਤਾਂ ਨੂੰ ਨਸ਼ਾ ਛੁਡਾਊ ਕੇਂਦਰਾਂ ਵਿੱਚ ਦਾਖਲ ਕਰਵਾ ਕੇ ਉਨਾਂ ਦਾ ਇਲਾਜ ਕਰਵਾਇਆ ਜ ਰਿਹਾ ਹੈ।ਵਿਧਾਇਕ ਕਲਸੀ ਨੇ ਅੱਗੇ ਕਿਹਾ ਕਿ ਅੱਜ ਸਾਨੂੰ 'ਨਸ਼ਾ-ਮੁਕਤ ਭਾਰਤ ਅਭਿਆਨ' ਤਹਿਤ ਪ੍ਰਣ ਕਰਨਾ ਚਾਹੀਦਾ ਹੈ ਕਿ ਅਸੀਂ ਸਾਰੇ ਰਲ ਕੇ ਸਮਾਜਿਕ ਬੁਰਾਈ ਨਸ਼ੇ ਨੂੰ ਖਤਮ ਕਰਨ ਲਈ ਅੱਗੇ ਆਈਏ। ਆਓ, ਸਾਰੇ ਮਿਲ ਕੇ ਆਪਣੇ ਹਲਕੇ, ਜ਼ਿਲ੍ਹੇ, ਸੂਬੇ ਅਤੇ ਦੇਸ਼ ਨੂੰ ਨਸ਼ਾ ਮੁਕਤ ਕਰਨ ਲਈ ਦ੍ਰਿੜ ਇਰਾਦਾ ਕਰੀਏ।



## 'ਕੌਂਕਰ ਐੱਚ ਪੀ ਵੀ ਤੇ ਕੈਂਸਰ ਕਨਕਲੇਵ 2025' ਦੀ ਸ਼ੁਰੂਆਤ

**ਚੰਡੀਗੜ੍ਹ** : ਸੇਰਮ ਇੰਸਟੀਚਿਊਟ ਆਫ਼ ਇੰਡੀਆ (ਐੱਸ ਆਈ ਆਈ) ਨੇ ਅੱਜ ਚੰਡੀਗੜ੍ਹ ਵਿੱਚ 'ਕੌਂਕਰ ਐੱਚ ਪੀ ਵੀ ਅਤੇ ਕੈਂਸਰ ਕਨਕਲੇਵ 2025' ਦੀ ਸ਼ੁਰੂਆਤ ਕੀਤੀ, ਜੋ ਕਿ ਐੱਚ ਪੀ ਵੀ ਨਾਲ ਸਬੰਧਤ ਬਿਮਾਰੀਆਂ, ਖਾਸ ਕਰਕੇ ਸਰਵਾਈਕਲ ਕੈਂਸਰ-ਭਾਰਤ ਵਿੱਚ ਔਰਤਾਂ ਵਿੱਚ ਦੂਜਾ ਸਭ ਤੋਂ ਆਮ ਕੈਂਸਰ ਹੈ, ਦਾ ਮੁਕਾਬਲਾ ਕਰਨ ਲਈ ਆਪਣੀ ਦੇਸ਼ ਵਿਆਪੀ ਜਨਤਕ ਸਿਹਤ ਪਹਿਲਕਦਮੀ ਦੇ ਹਿੱਸੇ ਵਜੋਂ ਹੈ। ਇਸ ਸੰਮੇਲਨ ਨੇ ਚੋਟੀ ਦੇ ਡਾਕਟਰੀ ਮਾਹਰਾਂ ਨੂੰ ਇਕੱਠਾ ਕੀਤਾ ਜਿਨ੍ਹਾਂ ਵਿੱਚ ਸ਼ਾਮਲ ਹਨ: ਡਾ. ਮਹੇਸ਼ ਹੀਰਾਨੰਦਾਨੀ, ਪੀਡੀਆਟ੍ਰਿਕਸ ਦੇ ਮੁਖੀ, ਕਲਾਉਡਨਾਈਨ ਹਸਪਤਾਲ ਡਾ. ਸੀਮਾ ਸ਼ਰਮਾ ਸੀਨੀਅਰ ਸਲਾਹਕਾਰ, ਕਲਾਉਡਨਾਈਨ ਹਸਪਤਾਲ ਅਤੇ ਪ੍ਰਧਾਨ, ਸੀਓਜੀਐੱਸ ਡਾ. ਮਨੀਸ਼ਾ ਜੈਨ, ਸੀਨੀਅਰ ਸਲਾਹਕਾਰ, ਨੋਵਾ ਆਈਵੀ ਡਾ. ਸ਼ਵੇਤਾ ਤਹਲਨ, ਗਾਇਨੀ ਓਨਕੋਲੋਜਿਸਟ, ਫੋਰਟਿਸ ਮੋਹਾਲੀ ਡਾ. ਗੌਰਵ ਗੁਪਤਾ, ਸੰਸਥਾਪਕ, ਚਰਕ ਕਲੀਨਿਕਸ ਸੈਸ਼ਨ ਦਾ ਸੰਚਾਲਨ ਡਾ. ਰਿਧੀ ਗੁਪਤਾ, ਸਲਾਹਕਾਰ ਪੀਡੀਆਟ੍ਰਿਕਸ ਅਤੇ ਡਾਇਰੈਕਟਰ, ਕਿਡਜ਼ ਕੇਅਰ ਕਲੀਨਿਕ ਦੁਆਰਾ ਕੀਤਾ ਗਿਆ।

## ਕੁੱਝ ਸੰਸਥਾਵਾਂ ਨੂੰ ਸ਼ਾਇਦ ਸ਼੍ਰੋਮਣੀ ਕਮੇਟੀ ਤੇ ਸ੍ਰੀ ਅਕਾਲ ਤਖਤ ਸਾਹਿਬ ਤੋਂ ਦੂਰ ਕਰਨ ਦੀ ਸਾਜ਼ਿਸ਼ ਘੜੀ ਗਈ : ਹਰਮਨਜੀਤ ਸਿੰਘ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਦੇ ਸੇਵਾ ਨਿਯਮਾਂ ਦੇ ਸਬੰਧ ਵਿੱਚ 34 ਮੈਂਬਰੀ ਕਮੇਟੀ ਦੇ ਗਠਨ ਵਿਚ ਜਿਨ੍ਹਾਂ ਸੰਸਥਾਵਾਂ ਨੂੰ ਸ਼੍ਰੋਮਣੀ ਕਮੇਟੀ ਵੱਲੋਂ ਸ਼ਾਮਲ ਨਹੀਂ ਕੀਤਾ ਗਿਆ ਉਹ ਇਸ ਲਈ ਕਿ ਇਨ੍ਹਾਂ ਸੰਸਥਾਵਾਂ ਨੂੰ ਸ਼੍ਰੋਮਣੀ ਕਮੇਟੀ ਤੇ ਸ੍ਰੀ ਅਕਾਲ ਤਖਤ ਸਾਹਿਬ ਤੋਂ ਦੂਰ ਕਰਨ ਦੀ ਸਾਜ਼ਿਸ਼ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸ੍ਰੀ ਗੁਰੂ ਸਿੰਘ ਸਭਾ ਦੇ ਜਰਨਲ ਸਕੱਤਰ ਹਰਮਨਜੀਤ ਸਿੰਘ ਨੇ ਕਰਦਿਆਂ ਕਿਹਾ ਕਿ ਸਿੱਖਾਂ ਦੀ ਸਭ ਤੋਂ ਪੁਰਾਤਨ ਸੰਸਥਾ ਸ੍ਰੀ ਗੁਰੂ ਸਿੰਘ ਸਭਾ ਜੋ ਕਿ ਸੰਨ 1873 ਵਿਚ ਸਿੱਖੀ ਦੇ ਪ੍ਰਚਾਰ ਪਸਾਰ ਲਈ ਸਥਾਪਿਤ ਹੋਈ ਸੀ ਅਤੇ ਲਗਾਤਾਰ ਆਪਣਾ ਬਣਦਾ ਯੋਗਦਾਨ ਪਾ ਰਹੀ ਹੈ, ਸਿੱਖਾਂ ਦੀਆਂ ਪ੍ਰਮੁੱਖ ਸੰਸਥਾਵਾਂ ਜੋ ਕਿ ਸਿੱਖਾਂ ਦੀ ਨੁਮਾਇੰਦਗੀ ਅਤੇ ਸ੍ਰੀ ਅਕਾਲ ਤਖਤ ਸਾਹਿਬ ਨੂੰ ਸਮਰਪਿਤ ਹੋ ਕੇ ਸਿੱਖੀ ਦੇ ਪ੍ਰਚਾਰ ਪਸਾਰ ਨਾਲ ਜੁੜੀਆਂ ਹਨ, ਨੂੰ ਵਿਸਾਰਨਾ ਕਿਤੇ ਨਾ ਕਿਤੇ ਸ਼੍ਰੋਮਣੀ ਕਮੇਟੀ ਅਤੇ ਸ੍ਰੀ ਅਕਾਲ ਤਖਤ ਸਾਹਿਬ ਤੋਂ ਦੂਰ ਕਰਨ ਦੀ ਮਨਸ਼ਾ ਉਜਾਗਰ ਕਰ ਰਹੀ ਹੈ।

## ਮੋਖਾ ਦੇ ਲੋਕਾਂ ਨੂੰ ਜਨ ਹਿਤੈਸ਼ੀ ਨੀਤੀਆਂ ਬਾਰੇ ਜਾਣੂ ਕਰਵਾਇਆ



**ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)**- ਮੋਦੀ ਸਰਕਾਰ ਦੀਆਂ ਜਨ ਹਿਤੈਸ਼ੀ ਨੀਤੀਆਂ ਅਤੇ ਯੋਜਨਾਵਾਂ ਨੂੰ ਸਮਾਜ ਦੀ ਆਖ਼ਰੀ ਕਤਾਰ ਵਿੱਚ ਖੜ੍ਹੇ ਇਨਸਾਨ ਤੱਕ ਪਹੁੰਚਾਉਣ ਦੇ ਮੰਤਵ ਨਾਲ ਪਾਰਟੀ ਦੀ ਰਾਸ਼ਟਰੀ ਅਤੇ ਸੂਬਾ ਇਕਾਈ ਵਲੋਂ ਕੈਂਪ ਸ਼ੁਰੂ ਕੀਤਾ ਗਿਆ। ਇਸ ਕੈਂਪ ਦੀ ਸ਼ੁਰੂਆਤ ਵਿਧਾਨ ਸਭਾ ਹਲਕਾ ਦੀਨਾਨਗਰ ਦੇ ਮੰਡਲ ਸਹੌਵਾਲ ਦੇ ਪਿੰਡ ਮੋਖਾ ਵਿੱਚ ਭਾਜਪਾ ਦੇ ਸੀਨੀਅਰ ਨੇਤਾ ਵਿਨੈ ਚੌਧਰੀ (ਬਬਲੀ) ਅਤੇ ਹਲਕਾ ਇੰਚਾਰਜ ਰੇਨੂੰ ਕਸ਼ਯਪ ਅਤੇ ਮੰਡਲ ਪ੍ਰਧਾਨ ਸ਼ੈਂਪੀ ਸੋਹਲ ਦੀ ਨਿਗਰਾਨੀ ਹੇਠ ਸ਼ੁਰੂ ਕੀਤੀ ਗਈ। ਇਸ ਕੈਂਪ ਵਿੱਚ ਸਥਾਨਕ ਜ਼ਰੂਰਤਮੰਦ ਲੋਕਾਂ ਨੂੰ ਵੱਖ ਵੱਖ ਯੋਜਨਾਵਾਂ ਬਾਰੇ ਜਾਣੂ ਕਰਵਾਇਆ ਗਿਆ ਅਤੇ ਰਜਿਸਟ੍ਰੇਸ਼ਨ ਕੀਤੀ ਗਈ। ਉਹਨਾਂ ਨੂੰ ਮੌਕੇ 'ਤੇ ਉਸ ਯੋਜਨਾ ਨਾਲ ਸੰਬੰਧਤ ਮੋਦੀ ਕਾਰਡ ਬਣਾ ਕੇ ਦਿੱਤੇ ਗਏ। ਇਸ ਮੌਕੇ ਅਜੈ ਧਮਨ, ਅੰਕੂ ਨਈਅਰ, ਰਮਨ ਠਾਕੁਰ, ਰਾਜੇਸ਼ ਸ਼ਰਮਾ, ਸੰਜੀਵ ਸ਼ਰਮਾ, ਯਸਪਾਲ ਕੁੰਡਲ ਆਦਿ ਹਾਜ਼ਰ ਸਨ।

## 'ਆਪ' ਵੱਲੋਂ ਵੱਖ-ਵੱਖ ਹਲਕਿਆਂ ਦੇ ਸੰਗਠਨ ਇੰਚਾਰਜ ਨਿਯੁਕਤ

**ਤਰਨ ਤਾਰਨ (ਪ੍ਰਿਤਪਾਲ ਸਿੰਘ)**- ਆਮ ਆਦਮੀ ਪਾਰਟੀ ਵੱਲੋਂ ਜ਼ਿਲ੍ਹਾ ਤਰਨ ਤਰਨ ਦੇ ਵੱਖ-ਵੱਖ ਹਲਕਿਆਂ ਦੇ ਸੰਗਠਨ ਇੰਚਾਰਜ ਨਿਯੁਕਤ ਕੀਤੇ ਗਏ ਜਿਸ ਤਹਿਤ ਹਲਕਾ ਖੇਮਕਰਨ ਤੋਂ ਮਨਜੀਤ ਸਿੰਘ ਵਰਨਾਲਾ, ਹਲਕਾ ਪੱਟੀ ਤੋਂ ਨਿੰਦਰ ਸਿੰਘ ਠੱਟਾ, ਹਲਕਾ ਤਰਨ ਤਾਰਨ ਤੋਂ ਮੈਡਮ ਰੁਪਿੰਦਰ ਕੌਰ ਸੰਧੂ, ਹਲਕਾ ਖਡੂਰ ਸਾਹਿਬ ਤੋਂ ਰਜਿੰਦਰ ਸਿੰਘ ਪੰਨੂ ਨੂੰ ਨਿਯੁਕਤ ਕੀਤਾ ਗਿਆ। ਇਹਨਾਂ ਦੀ ਨਿਯੁਕਤੀ ਸਾਰਿਆਂ ਹਲਕਿਆਂ ਵਿੱਚ ਸੰਗਠਨ ਨੂੰ ਆ ਰਹੀਆਂ ਮੁਸ਼ਕਲਾਂ ਅਤੇ ਸੰਗਠਨ ਨੂੰ ਵੱਡੇ ਪੱਧਰ 'ਤੇ ਵਿਕਸਿਤ ਕਰਨ ਲਈ ਨਵੀਆਂ ਜ਼ਿੰਮੇਵਾਰੀਆਂ ਦਿੱਤੀਆਂ ਹਨ, ਇਹਨਾਂ ਜ਼ਿੰਮੇਵਾਰੀਆਂ ਨੂੰ ਨਿਭਾਉਂਦੇ ਹੋਏ ਸਾਰੇ ਪੁਰਾਣੇ ਅਤੇ ਸੂਝਵਾਨ ਸਾਥੀ ਬਹੁਤ ਹੀ ਮਿਹਨਤੀ ਅਤੇ ਪਾਰਟੀ ਪ੍ਰਤੀ ਵਫਾਦਾਰ ਸਾਥੀ ਹਨ। ਇਹਨਾਂ ਦੀ ਕਾਰਗੁਜ਼ਾਰੀ ਤੇ ਪਾਰਟੀ ਨੇ ਭਰੋਸਾ ਵਿਖਾਉਂਦੇ ਹੋਏ ਇਹਨਾਂ ਨੂੰ ਯੋਗ ਜ਼ਿੰਮੇਵਾਰੀਆਂ ਦਿੱਤੀਆਂ ਗਈਆਂ ਹਨ। ਆਉਣ ਵਾਲੇ ਦਿਨਾਂ ਵਿੱਚ ਸਾਰਿਆਂ ਹਲਕਿਆਂ ਦੇ ਐਮ ਐਲ ਏ ਸਾਹਿਬਾਨ ਨਾਲ ਮਿਲ ਕੇ ਹਲਕਿਆਂ ਵਿੱਚ ਸੰਗਠਨ ਤੇਜ਼ੀ ਦੇ ਨਾਲ ਮਜ਼ਬੂਤ ਕੀਤਾ ਜਾਵੇਗਾ।



## ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦੇ ਚੰਗੇ ਨਤੀਜੇ ਸਾਹਮਣੇ ਆ ਰਹੇ : ਸਿਵਲ ਸਰਜਨ

**ਗੁਰਦਾਸਪੁਰ (ਜਨਕ ਮਹਾਜਨ)**- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਰਹਿਨੁਮਾਈ ਅਤੇ ਸਿਹਤ ਮੰਤਰੀ ਬਲਬੀਰ ਸਿੰਘ ਦੀ ਅਗਵਾਈ ਹੇਠ ਚਲਾਈ ਜਾ ਰਹੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਜ਼ਿਲ੍ਹਾ ਹਸਪਤਾਲ ਗੁਰਦਾਸਪੁਰ ਵਿਖੇ ਮੌਜੂਦ ਨਸ਼ਾ ਛੁਡਾਊ ਅਤੇ ਪੁਨਰਵਾਸ ਕੇਂਦਰ ਵਿਖੇ ਸਿਵਲ ਸਰਜਨ ਗੁਰਦਾਸਪੁਰ ਡਾ. ਜਸਵਿੰਦਰ ਸਿੰਘ ਦੀ ਪ੍ਰਧਾਨਗੀ ਹੇਠ ਇੰਟਰਨੈਸ਼ਨਲ ਡੇ ਅਗੇਂਸਟ ਡਰੱਗ ਅਬਿਊਜ਼ ਮਨਾਇਆ ਗਿਆ ।ਕੇਂਦਰ ਵਿੱਚ ਦਾਖਲ ਮਰੀਜ਼ਾਂ ਨੇ ਨਸ਼ਾ ਛੱਡਣ ਦੀ ਸਹੁੰ ਚੁੱਕੀ । ਉਨ੍ਹਾਂ ਸਰਕਾਰ ਵੱਲੋਂ ਦਿੱਤੀ ਇਲਾਜ ਦੀ ਸੁਵਿਧਾ ਦੀ ਸ਼ਲਾਘਾ ਕੀਤੀ। ਇਸ ਮੌਕੇ ਸਿਵਲ ਸਰਜਨ ਗੁਰਦਾਸਪੁਰ ਡਾ. ਜਸਵਿੰਦਰ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋ ਚਲਾਈ ਜਾ ਰਹੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦੇ ਚੰਗੇ ਨਤੀਜੇ ਆ ਰਹੇ ਹਨ। ਨਸ਼ਾ ਕਰਨ ਵਾਲੇ ਰੋਗੀਆਂ ਦਾ ਇਲਾਜ ਕਰਨ ਦੇ ਨਾਲ ਹੀ ਉਨ੍ਹਾਂ ਨੂੰ ਨਸ਼ਾ ਛੱਡਣ ਲਈ ਪ੍ਰੇਰਿਤ ਕੀਤਾ ਜਾ ਰਿਹਾ ਹੈ। ਸਿਵਲ ਸਰਜਨ ਨੇ ਨਸ਼ਾ ਛੁਡਾਊ ਕੇਂਦਰ ਅਤੇ ਪੁਨਰਵਾਸ ਕੇਂਦਰ ਵਿਚ ਦਾਖਲ ਮਰੀਜ਼ਾਂ ਨੂੰ ਨਸ਼ਾ ਛੱਡਣ ਲਈ ਪ੍ਰੇਰਿਤ ਕੀਤਾ ਅਤੇ ਨਾਲ ਹੀ ਸਰਕਾਰ ਦੁਆਰਾ ਚਲਾਈ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਬਾਰੇ ਵੀ ਦੱਸਿਆ। ਡੀ ਐਮ ਸੀ ਡਾਕਟਰ ਰੋਮੀ ਰਾਜਾ ਨੇ ਨਸ਼ਾ ਵਿਰੋਧੀ ਦਿਵਸ ਦੀ ਮਹੱਤਤਾ ਅਤੇ ਨਸ਼ੇ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕੀਤਾ। ਇਸ ਮੌਕੇ ਐਸ.ਐਮ.ਓ ਡਾ. ਅਰਵਿੰਦ ਮਹਾਜਨ, ਡਾ. ਮੈਤਰੀ, ਕਾਊਂਸਲਰ ਗੁਰਵਿੰਦਰ, ਰਾਹੁਲ, ਸਟਾਫ ਰੋਹਿਤ, ਸੁਨੈਨਾ ਅਤੇ ਮੇਨੇਜਰ ਅਜੀਤ ਸਿੰਘ ਆਦਿ ਹਾਜ਼ਰ ਸਨ।



## ਸ਼੍ਰੋਮਣੀ ਕਮੇਟੀ ਵੱਲੋਂ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸੇਵਾ ਨਿਯਮਾਂ ਸੰਬੰਧੀ 34 ਮੈਂਬਰੀ ਕਮੇਟੀ ਗਠਿਤ : ਧਾਮੀ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸੇਵਾ ਨਿਯਮਾਂ ਦੇ ਸਬੰਧ ਵਿਚ 34 ਮੈਂਬਰੀ ਕਮੇਟੀ ਦਾ ਗਠਨ ਕੀਤਾ ਹੈ। ਦਫ਼ਤਰ ਤੋਂ ਜਾਰੀ ਇਕ ਪ੍ਰੈੱਸ ਬਿਆਨ ਰਾਹੀਂ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਦੱਸਿਆ ਕਿ ਇਸ ਕਮੇਟੀ ਵਿਚ ਸਿੰਘ ਸਾਹਿਬਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਅੰਮ੍ਰਿਤਸਰ ਤੋਂ ਇੱਕ ਨੁਮਾਇੰਦਾ, ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ਼੍ਰੋਮਣੀ ਅਕਾਲੀ ਦਲ ਦਾ ਇੱਕ ਨੁਮਾਇੰਦਾ, ਬਾਬਾ ਹਰਨਾਮ ਸਿੰਘ ਖ਼ਾਲਸਾ ਮੁਖੀ ਦਮਦਮੀ ਟਕਸਾਲ ਤੇ ਪ੍ਰਧਾਨ ਸੰਤ ਸਮਾਜ, ਬਾਬਾ ਨਿਹਾਲ ਸਿੰਘ ਹਰੀਆਂ ਵੇਲਾਂ ਮੁਖੀ ਤਰਨਾ ਦਲ ਹਰੀਆਂ ਵੇਲਾਂ, ਬਾਬਾ ਬਲਬੀਰ ਸਿੰਘ 96ਵੇਂ ਕਰੋੜੀ ਮੁਖੀ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ, ਬਾਬਾ ਅਵਤਾਰ ਸਿੰਘ ਸੁਰਸਿੰਘ ਮੁਖੀ ਦਲ ਪੰਥ ਬਾਬਾ ਬਿਧੀ ਚੰਦ ਜੀ, ਪ੍ਰਦਮਸ੍ਰੀ ਬਾਬਾ ਸੇਵਾ ਸਿੰਘ ਕਾਰ ਸੇਵਾ ਖਡੂਰ ਸਾਹਿਬ, ਬਾਬਾ ਕਸ਼ਮੀਰ ਸਿੰਘ ਮੁਖੀ ਸੰਪ੍ਰਦਾ ਕਾਰਸੇਵਾ ਭੂਰੀਵਾਲੇ, ਬਾਬਾ ਤੇਜਾ ਸਿੰਘ ਖੁੱਡਾ ਕੁਰਾਲਾ ਨਿਰਮਲੇ ਸੰਪ੍ਰਦਾ, ਮਹੰਤ ਰਮਿੰਦਰ ਦਾਸ ਉਦਾਸੀਨ ਸੰਪ੍ਰਦਾ, ਮਹੰਤ ਪ੍ਰਿਤਪਾਲ ਸਿੰਘ ਮਿੱਠਾ ਟਿਵਾਣਾ ਸੇਵਾਪੰਥੀ, ਬਾਬਾ ਸੇਵਾ ਸਿੰਘ ਰਾਮਪੁਰ ਖੇੜਾ, ਪ੍ਰਧਾਨ ਚੀਫ ਖ਼ਾਲਸਾ ਦੀਵਾਨ ਸ੍ਰੀ ਅੰਮ੍ਰਿਤਸਰ, ਕੇਂਦਰੀ ਸ੍ਰੀ ਗੁਰੂ ਸਿੰਘ ਸਭਾ ਚੰਡੀਗੜ੍ਹ ਦਾ ਇੱਕ ਨੁਮਾਇੰਦਾ, ਪ੍ਰਸਿੱਧ ਕਥਾਵਾਚਕ ਭਾਈ ਸਾਹਿਬ ਗਿਆਨੀ ਪਿੰਦਰਪਾਲ ਸਿੰਘ, ਗੁਰਬਾਣੀ ਵਿਆਕਰਣ ਦੇ ਮਾਹਿਰ ਗਿਆਨੀ ਸਾਹਿਬ ਸਿੰਘ ਸ਼ਾਹਬਾਦ ਮਾਰਕੰਡਾ, ਭਾਈ ਮਹਿੰਦਰ ਸਿੰਘ ਗੁਰੂ ਨਾਨਕ ਨਿਸ਼ਕਾਮ ਸੇਵਕ ਜਥਾ ਯੂਕੇ, ਮਹੰਤ ਮਨਜੀਤ ਸਿੰਘ ਜੰਮੂ ਕਸ਼ਮੀਰ, ਬੀਬੀ ਇੰਦਰਜੀਤ ਕੌਰ ਮੁਖੀ ਭਗਤ ਪੂਰਨ ਸਿੰਘ ਪਿੰਗਲਵਾੜਾ ਸੁਸਾਇਟੀ, ਡਾ. ਕਰਮਜੀਤ ਸਿੰਘ ਵਾਈਸ ਚਾਂਸਲਰ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ, ਡਾ. ਪ੍ਰਿਤਪਾਲ ਸਿੰਘ ਵਾਈਸ ਚਾਂਸਲਰ ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਸ੍ਰੀ ਫ਼ਤਹਿਗੜ੍ਹ ਸਾਹਿਬ, ਸਿੱਖ ਵਿਦਵਾਨ ਡਾ. ਬਲਕਾਰ ਸਿੰਘ ਪਟਿਆਲਾ, ਡਾ. ਪਰਮਵੀਰ ਸਿੰਘ ਪੰਜਾਬੀ ਯੂਨੀਵਰਸਿਟੀ ਪਟਿਆਲਾ, ਡਾ. ਅਮਰਜੀਤ ਸਿੰਘ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ, ਡਾ. ਇੰਦਰਜੀਤ ਸਿੰਘ ਗੋਗੋਆਣੀ ਪ੍ਰਿੰ: ਖ਼ਾਲਸਾ ਕਾਲਜ ਸੀ: ਸੈ: ਸਕੂਲ ਅੰਮ੍ਰਿਤਸਰ, ਸਿੱਖ ਵਿਦਵਾਨ ਡਾ. ਕੇਹਰ ਸਿੰਘ, ਸਿੱਖ ਵਿਦਵਾਨ ਡਾ. ਹਰਭਜਨ ਸਿੰਘ ਡੇਹਰਾਦੂਨ, ਗਿ: ਬਲਜੀਤ ਸਿੰਘ ਪ੍ਰਿੰ: ਸਾਹਿਬਜ਼ਾਦਾ ਜੁਝਾਰ ਸਿੰਘ ਸਿੱਖ ਮਿਸ਼ਨਰੀ ਕਾਲਜ ਚੌਂਤਾ, ਸਿੱਖ ਵਿਦਵਾਨ ਡਾ. ਗੁਰਚਰਨਜੀਤ ਸਿੰਘ ਲਾਂਬਾ ਅਮਰੀਕਾ, ਡਾ. ਜਤਿੰਦਰਪਾਲ ਸਿੰਘ ਉੱਪਲ ਆਸਟ੍ਰੇਲੀਆ, ਰਾਜਬੀਰ ਸਿੰਘ ਕੈਨੇਡਾ ਇੰਦਰਪਾਲ ਸਿੰਘ ਚੱਢਾ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਅਤੇ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਕੁਲਵੰਤ ਸਿੰਘ ਮੰਨਣ (ਕੋਆਰਡੀਨੇਟਰ) ਨੂੰ ਸ਼ਾਮਲ ਕੀਤਾ ਗਿਆ ਹੈ। ਐਡਵੋਕੇਟ ਧਾਮੀ ਨੇ ਆਖਿਆ ਕਿ ਸ਼੍ਰੋਮਣੀ ਕਮੇਟੀ ਵੱਲੋਂ ਇਸ ਮਾਮਲੇ 'ਤੇ ਮੰਗੇ ਸੁਝਾਵਾਂ ਤਹਿਤ ਬਹੁਤ ਸਾਰੀਆਂ ਸੰਪ੍ਰਦਾਵਾਂ, ਜਥੇਬੰਦੀਆਂ ਅਤੇ ਵਿਦਵਾਨਾਂ ਨੇ ਪਹਿਲਾਂ ਹੀ ਆਪਣੇ ਸੁਝਾਅ ਲਿਖਤੀ ਰੂਪ ਵਿਚ ਭੇਜੇ ਹਨ। ਇਨ੍ਹਾਂ ਵਿਚ ਤਖ਼ਤ ਸੱਚਖੰਡ ਸ੍ਰੀ ਹਜ਼ੂਰ ਅਬਿਚਲ ਨਗਰ ਨਾਂਦੇੜ, ਦਲ ਖ਼ਾਲਸਾ, ਅਖੰਡ ਕੀਰਤਨੀ ਜਥਾ, ਪੰਥਕ ਤਾਲਮੇਲ ਸੰਗਠਨ, ਸਿੱਖ ਕੌਂਸਲ ਯੂਕੇ, ਸੁਖਮਨੀ ਸਾਹਿਬ ਸੇਵਾ ਸੁਸਾਇਟੀ, ਸ਼੍ਰੋਮਣੀ ਖਾਲਸਾ ਪੰਚਾਇਤ, ਸਿੰਘ ਸਭਾਵਾਂ ਸਮੇਤ ਹੋਰ ਜਥੇਬੰਦੀਆਂ ਅਤੇ ਵੱਡੀ ਗਿਣਤੀ ਵਿਚ ਸਿੱਖ ਵਿਦਵਾਨ ਸ਼ਾਮਲ ਹਨ। ਸ਼੍ਰੋਮਣੀ ਕਮੇਟੀ ਤਰਫੋਂ ਹੁਣ ਇਸ ਸਬੰਧ ਵਿਚ 34 ਮੈਂਬਰੀ ਕਮੇਟੀ ਬਣਾ ਦਿੱਤੀ ਗਈ ਹੈ, ਜੋ ਆਪਣੀ ਰਾਇ ਰਿਪੋਰਟ ਦੇਵੇਗੀ।



28-June-PAGE-4.qxd 6/27/2025 10:29 PM Page 1

ਨਵਾਂ ਜ਼ਮਾਨਾ
ਸ਼ਨੀਵਾਰ, 28 ਜੂਨ 2025

# ਦਿੱਲੀ ਦੀਆਂ ਝੁੱਗੀਆਂ 'ਤੇ ਬੁਲਡੋਜ਼ਰ

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਦਿੱਲੀ ਅਸੈਂਬਲੀ ਚੋਣਾਂ ਤੋਂ ਪਹਿਲਾਂ ਨਾਅਰਾ ਤਾਂ ਇਹ ਦਿੱਤਾ ਸੀ ਕਿ 'ਜਹਾਂ ਝੁੱਗੀ-ਵਹਾਂ ਪੱਕਾ ਮਕਾਨ' ਪਰ ਇਸ ਨਾਅਰੇ ਦੀ ਅਸਲੀਅਤ ਰਾਜਧਾਨੀ ਦੇ ਲੋਕਾਂ ਨੂੰ ਹੁਣ ਸਮਝ ਆ ਰਹੀ ਹੈ। ਦਿੱਲੀ ਵਿੱਚ 675 ਝੁੱਗੀ ਬਸਤੀਆਂ ਹਨ, ਜਿਨ੍ਹਾਂ ਵਿੱਚ ਇਸ ਦੀ 25 ਫੀਸਦੀ ਆਬਾਦੀ ਰਹਿੰਦੀ ਹੈ, ਯਾਨੀ ਕਿ 50 ਲੱਖ। ਸਰਕਾਰ ਨੇ ਇਨ੍ਹਾਂ ਝੁੱਗੀਆਂ ਨੂੰ ਖਤਮ ਕਰਨਾ ਸ਼ੁਰੂ ਕਰ ਦਿੱਤਾ ਹੈ ਅਤੇ ਇਸ ਲਈ ਜੂਨ ਦਾ ਮਹੀਨਾ ਇਸ ਕਰਕੇ ਚੁਣਿਆ ਗਿਆ, ਕਿਉਂਕਿ ਅਦਾਲਤਾਂ ਵਿੱਚ ਛੁੱਟੀਆਂ ਹੁੰਦੀਆਂ ਹਨ, ਜਿਸ ਕਰਕੇ ਫੌਰੀ ਸੁਣਵਾਈ ਨਹੀਂ ਹੋ ਸਕਦੀ। ਜੂਨ ਵਿੱਚ ਹੁਣ ਤੱਕ ਦਿੱਲੀ ਡਿਵੈਲਪਮੈਂਟ ਅਥਾਰਟੀ (ਡੀ ਡੀ ਏ) ਨੇ 1500 ਤੋਂ ਵੱਧ ਝੁੱਗੀਆਂ 'ਤੇ ਬੁਲਡੋਜ਼ਰ ਫੇਰ ਦਿੱਤਾ ਹੈ। ਮਦਰਾਸੀ ਕੈਂਪ ਵਿੱਚ 370 ਝੁੱਗੀਆਂ ਨੂੰ ਮਿੱਟੀ ਵਿੱਚ ਮਿਲਾਇਆ ਗਿਆ। ਇੱਥੇ ਆਜ਼ਾਦੀ ਦੇ ਬਾਅਦ ਤਾਮਿਲਨਾਡੂ ਤੋਂ ਆ ਕੇ ਕਈ ਪਰਵਾਰ ਵੱਸ ਗਏ ਸਨ। ਮਹਾਰਾਣੀ ਬਾਗ ਤੇ ਜੰਗਪੁਰਾ ਦੇ ਧਨੀ ਲੋਕਾਂ ਦੇ ਘਰਾਂ ਦੀ ਸੇਵਾ ਵਿੱਚ ਖੁਦ ਨੂੰ ਖਪਾ ਦੇਣ ਵਾਲੇ ਇਹ ਮਦਰਾਸੀ ਲੋਕ ਅੱਜ ਕਿਸਮਤ ਨੂੰ ਕੋਸ ਰਹੇ ਹੋਣਗੇ, ਜਿਨ੍ਹਾਂ ਦੇ ਤਾਮਿਲਨਾਡੂ ਨੇ ਏਨੀ ਤਰੱਕੀ ਕਰ ਲਈ ਹੈ ਕਿ ਉੱਤਰ ਭਾਰਤ ਦੇ ਲੋਕ ਰੁਜ਼ਗਾਰ ਦੀ ਭਾਲ ਵਿੱਚ ਉੱਧਰ ਹਿਜਰਤ ਕਰ ਰਹੇ ਹਨ। ਇਨ੍ਹਾਂ ਵਿੱਚੋਂ ਕੁਝ ਲੋਕਾਂ ਨੂੰ ਸਰਕਾਰ ਨੇ ਨਰੇਲਾ ਵਿੱਚ ਪੱਕੇ ਮਕਾਨ ਅਲਾਟ ਕੀਤੇ ਹਨ, ਪਰ ਰੁਜ਼ਗਾਰ ਲਈ ਤਾਂ ਉਨ੍ਹਾਂ ਨੂੰ ਦੱਖਣੀ ਦਿੱਲੀ ਹੀ ਆਉਣਾ ਪੈਂਦਾ ਹੈ। 50 ਕਿੱਲੋਮੀਟਰ ਦਾ ਸਫਰ ਕਰਨ ਵਿੱਚ ਉਨ੍ਹਾਂ ਦੇ 6-8 ਘੰਟੇ ਲੱਗ ਜਾਂਦੇ ਹਨ ਤੇ ਡੇਢ-ਦੋ ਸੌ ਰੁਪਏ ਦਾ ਖਰਚ ਵੱਖਰਾ। ਸਿਤਮਜ਼ਰੀਫੀ ਇਹ ਹੈ ਕਿ ਜਿਹੜੇ ਮਕਾਨ ਦਿੱਤੇ ਗਏ ਹਨ, ਉੱਥੇ ਪਾਣੀ ਤੇ ਬਿਜਲੀ ਨਹੀਂ ਪਹੁੰਚੀ ਅਤੇ ਗਰਮੀਆਂ ਦੇ ਮਹੀਨੇ ਚੱਲ ਰਹੇ ਹਨ। ਇਸੇ ਤਰ੍ਹਾਂ ਕਾਲਕਾਜੀ ਵਿੱਚ ਕਰੀਬ 1300 ਝੁੱਗੀਆਂ ਨੂੰ ਮਲੀਆਮੇਟ ਕਰ ਦਿੱਤਾ ਗਿਆ ਹੈ। ਇੱਥੇ ਕਈ ਪਰਵਾਰ 80 ਦੇ ਦਹਾਕੇ ਤੋਂ ਰਹਿ ਰਹੇ ਸਨ। ਅਸ਼ੋਕ ਵਿਹਾਰ ਵਿੱਚ ਕਰੀਬ 200 ਤੇ ਵਜ਼ੀਰਪੁਰ ਵਿੱਚ 300 ਤੋਂ ਵੱਧ ਝੁੱਗੀਆਂ ਢਾਹੀਆਂ ਜਾ ਚੁੱਕੀਆਂ ਹਨ।

ਦੇਸ਼ ਵਿੱਚ ਬੇਰੁਜ਼ਗਾਰੀ ਦੀ ਵੱਡੀ ਸਮੱਸਿਆ ਨੂੰ ਦੇਖਦਿਆਂ ਨਹੀਂ ਲੱਗਦਾ ਕਿ ਝੁੱਗੀਆਂ ਢਹਿਣ ਤੋਂ ਬਾਅਦ ਉਨ੍ਹਾਂ ਵਿੱਚ ਰਹਿਣ ਵਾਲੇ ਲੋਕ ਅਗਲੇ ਛੇ ਮਹੀਨਿਆਂ ਤੱਕ ਦਿੱਲੀ ਵਰਗੇ ਮਹਾਨਗਰ 'ਚ ਰਹਿ ਸਕਣਗੇ। ਦਿੱਲੀ ਵਿੱਚ ਅਗਲੀਆਂ ਚੋਣਾਂ ਵੀ ਲੋਕ ਸਭਾ ਦੀਆਂ ਹੀ ਹੋਣੀਆਂ ਹਨ, ਜਿਨ੍ਹਾਂ ਨੂੰ ਕਾਫੀ ਸਮਾਂ ਪਿਆ ਹੈ। ਇਸੇ ਦਾ ਫਾਇਦਾ ਉਠਾ ਕੇ ਭਾਜਪਾ ਸਰਕਾਰ ਝੁੱਗੀਆਂ 'ਤੇ ਬੁਲਡੋਜ਼ਰ ਚਲਾ ਰਹੀ ਹੈ। ਮਰਦ ਤਾਂ ਸਦਮੇ ਵਿੱਚ ਬਹੁਤਾ ਬੋਲ ਨਹੀਂ ਪਾ ਰਹੇ, ਪਰ ਮਹਿਲਾਵਾਂ ਭਾਜਪਾ ਤੇ ਮੁੱਖ ਮੰਤਰੀ ਰੇਖਾ ਗੁਪਤਾ ਨੂੰ ਬਦਦੁਆਵਾਂ ਦੇ ਰਹੀਆਂ ਹਨ, ਜਿਨ੍ਹਾਂ ਨੇ ਪੱਕੇ ਮਕਾਨਾਂ ਦਾ ਵਾਅਦਾ ਕਰਕੇ ਉਨ੍ਹਾਂ ਦੀਆਂ ਝੁੱਗੀਆਂ ਤਬਾਹ ਕਰ ਦਿੱਤੀਆਂ।

# ਪੇਂਡੂ ਭਾਰਤ 'ਚ ਭੂਮੀਹੀਣਤਾ

**ਮੂਲ : ਡਾ. ਸੋਮਾ ਮਰਲਾ**
**ਅਨੁਵਾਦ : ਐੱਮ ਐੱਸ ਭਾਟੀਆ**

ਆਜ਼ਾਦੀ ਤੋਂ 78 ਸਾਲ ਬਾਅਦ ਵੀ ਪਿੰਡਾਂ ਵਿੱਚ ਜ਼ਮੀਨ ਦੀ ਮਾਲਕੀ ਬਹੁਤ ਹੀ ਅਸੰਤੁਲਿਤ ਹੈ ।ਅਮੀਰ ਕਿਸਾਨ ਜ਼ਮੀਨ ਦੇ ਵਿਸ਼ਾਲ ਹਿੱਸੇ ਦੇ ਮਾਲਕ ਹਨ, ਜਦੋਂ ਕਿ ਛੋਟੇ ਕਿਸਾਨਾਂ ਕੋਲ ਸਿਰਫ਼ ਇੱਕ ਮਾਮੂਲੀ ਹਿੱਸਾ ਹੈ।ਜੀ ਡੀ ਪੀ ਵਿੱਚ ਖੇਤੀਬਾੜੀ ਦਾ ਹਿੱਸਾ ਸਿਰਫ਼ 16 ਪ੍ਰਤੀਸ਼ਤ ਹੋਣ ਕਰਕੇ ਨਤੀਜੇ ਵਜੋਂ 65 ਪ੍ਰਤੀਸ਼ਤ ਪੇਂਡੂ ਆਬਾਦੀ ਲਗਭਗ ਗਰੀਬੀ ਵਿੱਚ ਗੁਜ਼ਾਰਾ ਕਰ ਰਹੀ ਹੈ।ਜਦੋਂ ਤੱਕ ਕਰੋੜਾਂ ਭੂਮੀਹੀਣਾਂ ਨੂੰ ਜ਼ਮੀਨ ਨਹੀਂ ਮਿਲਦੀ ਅਤੇ ਉਤਪਾਦਨ ਪ੍ਰਕਿਰਿਆ ਵਿੱਚ ਲੋਕਤੰਤਰੀ ਤੌਰ 'ਤੇ ਹਿੱਸਾ ਨਹੀਂ ਮਿਲਦਾ, ਉਦੋਂ ਤੱਕ ਖੇਤੀਬਾੜੀ ਉਤਪਾਦਨ, ਉਤਪਾਦਕਤਾ ਵਧਾਉਣਾ ਅਤੇ ਸਭ ਤੋਂ ਵੱਧ ਪੇਂਡੂ ਜੀਵਨ ਵਿੱਚ ਸੁਧਾਰ ਕਰਨਾ ਸੰਭਵ ਨਹੀਂ ਹੋ ਸਕਦਾ ।

ਸਾਡੇ ਮਿਹਨਤੀ ਕਿਸਾਨਾਂ ਕਾਰਨ ਅਨਾਜ ਉਤਪਾਦਨ 35.4 ਕਰੋੜ ਟਨ ਅਤੇ ਦੁੱਧ ਉਤਪਾਦਨ 30 ਕਰੋੜ ਟਨ ਤੱਕ ਪਹੁੰਚ ਗਿਆ ਹੈ । ਫਿਰ ਵੀ ਭੂਮੀਹੀਣ ਮਜ਼ਦੂਰ ਅਤੇ ਛੋਟੇ ਕਿਸਾਨ ਅੱਧੇ ਭੁੱਖੇ ਹਨ ਅਤੇ ਸਰਕਾਰ ਦੁਆਰਾ ਦਿੱਤੇ ਗਏ ਭੋਜਨ ਰਾਸ਼ਨ 'ਤੇ ਨਿਰਭਰ ਹਨ ।

ਦਿਲਚਸਪ ਗੱਲ ਇਹ ਹੈ ਕਿ ਆਜ਼ਾਦੀ ਤੋਂ ਬਾਅਦ ਪਿੰਡਾਂ ਵਿੱਚ ਜ਼ਮੀਨ ਮਾਲਕੀ ਦੀ ਬਣਤਰ ਵਿੱਚ ਕੋਈ ਖਾਸ ਬਦਲਾਅ ਨਹੀਂ ਆਇਆ । ਜ਼ਮੀਨ ਦਾ ਵੱਡਾ ਹਿੱਸਾ ਅਮੀਰ-ਮੱਧਮ ਕਿਸਾਨੀ ਦੇ ਹੱਥਾਂ ਵਿੱਚ ਹੈ । ਛੋਟੇ-ਮੱਧਮ ਕਿਸਾਨੀ ਦੇ ਕੋਲ ਸਿਰਫ਼ ਇੱਕ ਛੋਟਾ ਜਿਹਾ ਹਿੱਸਾ ਹੀ ਹੈ । ਦਲਿਤ ਅਤੇ ਬਹੁਤ ਪੱਛੜੇ ਵਰਗ ਇਹਨਾਂ ਬੇਜ਼ਮੀਨੇ ਪੇਂਡੂ ਗਰੀਬਾਂ ਦਾ ਬਹੁਗਿਣਤੀ ਹਿੱਸਾ ਹਨ । 2022 ਤੱਕ ਛੋਟੇ ਅਤੇ ਸੀਮਾਂਤ ਕਿਸਾਨ (ਕਿਸਾਨ ਭਾਈਚਾਰੇ ਦਾ 86.2 ਪ੍ਰਤੀਸ਼ਤ) ਦੋ ਹੈਕਟੇਅਰ ਤੋਂ ਘੱਟ ਜ਼ਮੀਨ ਦੇ ਮਾਲਕ ਹਨ । ਇਨ੍ਹਾਂ ਵਰਗਾਂ ਕੋਲ ਫ਼ਸਲੀ ਖੇਤਰ ਦਾ ਸਿਰਫ਼ 45.2 ਪ੍ਰਤੀਸ਼ਤ ਹੈ, ਜਦੋਂ ਕਿ ਬਾਕੀ 47.3 ਪ੍ਰਤੀਸ਼ਤ (ਸਰਕਾਰੀ ਮਾਲਕੀ ਵਾਲੀ ਜ਼ਮੀਨ ਨੂੰ ਛੱਡ ਕੇ) ਵੱਡੇ ਅਤੇ ਦਰਮਿਆਨੇ ਵਰਗ ਦੇ ਕਿਸਾਨਾਂ ਦੇ ਸਿਰਫ਼ 13.8 ਪ੍ਰਤੀਸ਼ਤ ਕੋਲ ਹੈ ।

ਅਮੀਰ ਕਿਸਾਨ ਭਾਈਚਾਰੇ ਵਿੱਚ, ਮੁੱਠੀਭਰ 4.9 ਪ੍ਰਤੀਸ਼ਤ ਬਹੁਤ ਅਮੀਰ ਕਿਸਾਨ (10 ਹੈਕਟੇਅਰ ਤੋਂ ਵੱਧ ਰਕਬੇ ਵਾਲੇ) ਹਨ ਅਤੇ ਕੁੱਲ ਖੇਤੀਯੋਗ ਜ਼ਮੀਨ ਦੇ 32 ਪ੍ਰਤੀਸ਼ਤ ਦੇ ਮਾਲਕ ਹਨ। ਇਸ ਦਾ ਮਤਲਬ ਹੈ ਕਿ ਇੱਕ ਅਮੀਰ ਕਿਸਾਨ ਔਸਤਨ ਇੱਕ ਛੋਟੇ ਕਿਸਾਨ ਨਾਲੋਂ 45 ਗੁਣਾ ਜ਼ਿਆਦਾ ਜ਼ਮੀਨ ਦਾ ਮਾਲਕ ਹੈ (ਖੇਤੀਬਾੜੀ ਜਨਗਣਨਾ, 2022)।

56.4 ਪ੍ਰਤੀਸ਼ਤ ਪੇਂਡੂ ਗਰੀਬ ਘੱਟ ਜ਼ਮੀਨ ਵਾਲੇ ਹਨ, ਜਿਨ੍ਹਾਂ ਵਿੱਚ ਜ਼ਿਆਦਾਤਰ ਦਲਿਤ ਅਤੇ ਬਹੁਤ ਪੱਛੜੇ ਵਰਗ ਸ਼ਾਮਲ ਹਨ, ਜਦੋਂ ਕਿ ਸਿਰਫ 11.0 ਪ੍ਰਤੀਸ਼ਤ ਜ਼ਮੀਨ ਦਲਿਤਾਂ ਦੀ ਹੈ ਅਤੇ 12.7 ਪ੍ਰਤੀਸ਼ਤ ਮਹਿਲਾ ਕਿਸਾਨਾਂ ਕੋਲ ਜ਼ਮੀਨ ਦੇ ਅਧਿਕਾਰ ਹਨ ।

**ਵੱਖ-ਵੱਖ ਰਾਜਾਂ ਵਿੱਚ:** ਵੱਖ-ਵੱਖ ਰਾਜਾਂ ਵਿੱਚ ਜ਼ਮੀਨ ਮਾਲਕੀ ਦੇ ਪੈਟਰਨ ਉਪਰੋਕਤ ਰਾਸ਼ਟਰੀ ਪੈਟਰਨ ਦੇ ਸਮਾਨ ਹਨ । ਉਦਾਹਰਣ ਵਜੋਂ ਪੰਜਾਬ ਵਿੱਚ ਸਿਰਫ਼ 10 ਪ੍ਰਤੀਸ਼ਤ ਅਮੀਰ ਕਿਸਾਨਾਂ ਕੋਲ 80 ਪ੍ਰਤੀਸ਼ਤ ਜ਼ਮੀਨ ਹੈ। ਭਾਵੇਂ ਦਲਿਤ ਰਾਜ ਦੀ ਆਬਾਦੀ ਦਾ 32 ਫੀਸਦੀ ਹਨ, ਪਰ ਉਨ੍ਹਾਂ ਕੋਲ ਲਗਭਗ ਕੋਈ ਜ਼ਮੀਨ ਨਹੀਂ। ਨਿਰਧਾਰਤ ਜ਼ਮੀਨਾਂ, ਜੋ ਪਹਿਲਾਂ ਸਰਕਾਰ ਦੁਆਰਾ (ਭੂਮੀ ਸੁਧਾਰਾਂ ਅਧੀਨ) ਦਲਿਤਾਂ ਅਤੇ ਬਹੁਤ ਪੱਛੜੇ ਵਰਗਾਂ ਨੂੰ ਵੰਡੀਆਂ ਗਈਆਂ ਸਨ ਅਤੇ ਸ਼ਾਮਲਾਟ ਅਤੇ ਪਿੰਡ ਦੀਆਂ ਸਾਂਝੀਆਂ ਜ਼ਮੀਨਾਂ ਅਮੀਰ ਉੱਚ ਜਾਤੀ ਦੇ ਕਿਸਾਨਾਂ ਦੇ ਕਬਜ਼ੇ ਵਿੱਚ ਹਨ ।

**ਦਲਿਤ ਗਰੀਬ ਹੱਕਾਂ ਤੋਂ ਵਾਂਝੇ:** ਉਦਾਹਰਣ ਵਜੋਂ ਰਾਜਸਥਾਨ ਅਤੇ ਕਰਨਾਟਕ ਵਿੱਚ 10 ਫੀਸਦੀ ਕਿਸਾਨ ਭਾਈਚਾਰੇ ਵਾਲੇ ਅਮੀਰ ਕਿਸਾਨ 55 ਫੀਸਦੀ ਤੱਕ ਕਾਸ਼ਤ ਕੀਤੀ ਜ਼ਮੀਨ ਦੇ ਮਾਲਕ ਹਨ। ਯੂ ਪੀ ਵਿੱਚ 15 ਫੀਸਦੀ ਅਮੀਰ ਕਿਸਾਨ ਕੁੱਲ ਕਾਸ਼ਤ ਕੀਤੀ ਜ਼ਮੀਨ ਦੇ 56 ਫੀਸਦੀ ਤੱਕ ਦੇ ਮਾਲਕ ਹਨ। ਰਾਸ਼ਟਰੀ ਨਮੂਨਾ ਸਰਵੇਖਣ 2020 ਬਿਹਾਰ ਵਿੱਚ ਜ਼ਮੀਨ ਦੀ ਮਾਲਕੀ ਦੇ ਇਸੇ ਤਰ੍ਹਾਂ ਦੇ ਪੈਟਰਨ ਨੂੰ ਦਰਸਾਉਂਦਾ ਹੈ। ਆਂਧਰਾ ਪ੍ਰਦੇਸ਼ ਰਾਜ ਵਿੱਚ 41.7% ਫੀਸਦੀ ਜ਼ਮੀਨ ਮੁੱਠੀ ਭਰ 13.73 ਫੀਸਦੀ ਅਮੀਰ ਕਿਸਾਨਾਂ ਕੋਲ ਹੈ।

**ਕੰਗਾਲੀ:** ਜ਼ਿਆਦਾਤਰ ਕਿਸਾਨ ਆਪਣੀ ਜ਼ਮੀਨ ਗੁਆਉਣ ਤੋਂ ਬਾਅਦ ਮਜ਼ਦੂਰੀ ਵੱਲ ਪਰਤ ਰਹੇ ਹਨ । ਇਸ ਤੋਂ ਬਾਅਦ ਜ਼ਮੀਨ ਦੇ ਟੁਕੜੇ ਹੋਣ ਕਾਰਨ ਵਿਅਕਤੀਗਤ ਖੇਤੀ ਜ਼ਮੀਨਾਂ ਵਿੱਚ ਵਾਧਾ ਹੋਇਆ ਅਤੇ ਖੇਤੀ ਦੀ ਲਾਗਤ ਵਧਣ ਕਾਰਨ ਖੇਤੀ ਬਹੁਤ ਹੀ ਗੈਰ -ਲਾਭਕਾਰੀ ਹੋਈ। ਖੇਤੀ ਦੀ ਲਾਗਤ-ਖਾਦਾਂ, ਡੀਜ਼ਲ ਅਤੇ ਬੀਜਾਂ ਦੀਆਂ ਉੱਚੀਆਂ ਕੀਮਤਾਂ ਕਾਰਨ ਛੋਟੇ ਕਿਸਾਨ ਤੇਜ਼ੀ ਨਾਲ ਆਪਣੀ ਜ਼ਮੀਨ ਗੁਆ ਰਹੇ ਹਨ। ਛੋਟੇ ਕਿਸਾਨਾਂ ਦਾ ਬਾਜ਼ਰ ਅਤੇ ਵੱਡੀਆਂ ਖੇਤੀਬਾੜੀ ਕਾਰੋਬਾਰੀ ਕਾਰਪੋਰੇਸ਼ਨਾਂ ਦੁਆਰਾ ਵੱਧ ਤੋਂ ਵੱਧ ਸ਼ੋਸ਼ਣ ਕੀਤਾ ਜਾ ਰਿਹਾ ਹੈ। ਦੂਜੇ ਪਾਸੇ, ਬਾਜ਼ਾਰ ਵਿੱਚ ਲਾਭਦਾਇਕ ਫਸਲਾਂ ਦੇ ਘੱਟੋ-ਘੱਟ ਸਮਰਥਨ ਮੁੱਲ ਦੀ ਘਾਟ ਕਾਰਨ ਛੋਟੇ ਕਿਸਾਨ ਪੇਂਡੂ ਕਰਜ਼ੇ ਦਾ ਸ਼ਿਕਾਰ ਹੋ ਗਏ। ਜਲਵਾਯੂ ਪਰਿਵਰਤਨ ਦੇ ਸਮੇਂ ਵਿੱਚ ਇਹ ਹੋਰ ਵੀ ਨੁਕਸਾਨਦੇਹ ਸਾਬਤ ਹੋਇਆ, ਕਿਉਂਕਿ ਬਾਰਿਸ਼ ਅਤੇ ਮੌਸਮ ਦੇ ਪੈਟਰਨ ਵਧੇਰੇ ਅਨਿਯਮਿਤ ਹਨ । ਛੋਟੇ ਕਿਸਾਨ ਬਾਜ਼ਾਰਾਂ ਵਿੱਚ ਦੀਵਾਲੀਆ ਹੋ ਗਏ ਅਤੇ ਜ਼ਮੀਨ ਠੇਕੇ 'ਤੇ ਲੈ ਕੇ ਵਾਹੁਣ ਲੱਗੇ ਜਾਂ ਮਜ਼ਦੂਰ ਬਣ ਗਏ।

ਭੂਮੀਹੀਣ ਅਤੇ ਛੋਟੇ ਕਿਸਾਨ, ਜੋ ਜ਼ਮੀਨ ਠੇਕੇ 'ਤੇ ਲੈ ਕੇ ਵਾਹੁਣ ਲੱਗੇ, ਉਹਨਾਂ ਦੀ ਤੇਲੰਗਾਨਾ, ਗੁਜਰਾਤ, ਮਹਾਰਾਸ਼ਟਰ, ਆਂਧਰਾ ਪ੍ਰਦੇਸ਼ ਅਤੇ ਪੱਛਮੀ ਬੰਗਾਲ ਵਰਗੇ ਰਾਜਾਂ ਵਿੱਚ ਗਿਣਤੀ ਲਗਭਗ 40 ਪ੍ਰਤੀਸ਼ਤ ਤੱਕ ਪਹੁੰਚ ਗਈ ਹੈ । ਜ਼ਮੀਨ ਠੇਕੇ 'ਤੇ ਲੈ ਕੇ ਵਾਹੁਣ ਵਾਲੇ ਕਿਸਾਨਾਂ ਨੂੰ ਪ੍ਰਧਾਨ ਮੰਤਰੀ ਸਨਮਾਨ, ਰਿਤੂ ਬੰਧੂ, ਬੀਜ, ਖਾਦ ਸਬਸਿਡੀਆਂ, ਫਸਲਾਂ ਦੇ ਨੁਕਸਾਨ ਤੋਂ ਰਾਹਤ ਮੁਆਵਜ਼ਾ ਅਤੇ ਹੋਰ ਰਿਆਇਤਾਂ ਲਈ ਰਾਜਾਂ ਦੁਆਰਾ ਪ੍ਰਦਾਨ ਕੀਤੇ ਜਾਣ ਵਾਲੇ ਲਾਭਾਂ ਤੋਂ ਵਾਂਝਾ ਰੱਖਿਆ ਜਾਂਦਾ ਹੈ।

**ਖਾੜਕੂ ਜ਼ਮੀਨੀ ਸੰਘਰਸ਼** : ਕਿਸਾਨਾਂ ਦੇ ਵੱਡੇ ਵਰਗਾਂ ਨੇ ਆਜ਼ਾਦੀ ਸੰਗਰਾਮ ਵਿੱਚ ਸਰਗਰਮੀ ਨਾਲ ਹਿੱਸਾ ਲਿਆ, ਇਸ ਉਮੀਦ ਨਾਲ ਕਿ ਆਜ਼ਾਦ ਭਾਰਤ ਜਗੀਰੂ ਸ਼ੋਸ਼ਣ ਤੋਂ ਛੁਟਕਾਰਾ ਦੁਆਏਗਾ ਅਤੇ ਬੇਜ਼ਮੀਨੇ ਕਿਸਾਨਾਂ ਨੂੰ ਜ਼ਮੀਨ ਵੰਡੀ ਜਾਵੇਗੀ । ਕਿਸਾਨ ਸੰਘਰਸ਼ਾਂ ਅਤੇ ਕਮਿਊਨਿਸਟਾਂ ਦੇ ਦਬਾਅ ਦੇ ਨਤੀਜੇ ਵਜੋਂ ਜਿਮੀਂਦਾਰੀ ਅਤੇ ਰਾਇਤਵਾੜੀ ਪ੍ਰਣਾਲੀਆਂ ਨੂੰ ਖਤਮ ਕਰ ਦਿੱਤਾ ਗਿਆ ਅਤੇ ਜ਼ਮੀਨ ਠੇਕੇ 'ਤੇ ਲੈ ਕੇ ਵਾਹੁਣ ਵਾਲੇ ਛੋਟੇ ਕਿਸਾਨਾਂ ਦੇ ਕੁਝ ਵਰਗਾਂ ਨੂੰ ਕੁਝ ਜ਼ਮੀਨ ਮਿਲੀ। 1950 ਦੇ ਦਹਾਕੇ ਦੇ ਸ਼ੁਰੂ ਵਿੱਚ ਸੀ ਪੀ ਆਈ ਦੁਆਰਾ ਤੇਲੰਗਾਨਾ, ਤੇਭੰਗਾ, ਪੁੰਨਪ੍ਰਵਾਲਰ ਅਤੇ ਹੋਰ ਖਾੜਕੂ ਕਿਸਾਨ ਸੰਘਰਸ਼ ਚਲਾਏ ਗਏ, ਜਿਨ੍ਹਾਂ ਜਗੀਰੂ ਜ਼ਿਮੀਂਦਾਰਾਂ ਤੋਂ ਜ਼ਬਤ ਕੀਤੀ ਲੱਖਾਂ ਏਕੜ ਜ਼ਮੀਨ ਨੂੰ ਸੰਬੰਧਤ ਰਾਜਾਂ ਵਿੱਚ ਬੇਜ਼ਮੀਨੇ ਗਰੀਬਾਂ ਵਿੱਚ ਵੰਡ ਦਿੱਤਾ। 1960 ਅਤੇ 1970 ਦੇ ਦਹਾਕੇ ਦੌਰਾਨ ਸੀ ਪੀ ਆਈ,ਆਲ ਇੰਡੀਆ ਕਿਸਾਨ ਸਭਾ ਅਤੇ ਭਾਰਤੀ ਖੇਤ ਮਜ਼ਦੂਰ ਯੂਨੀਅਨ ਦੁਆਰਾ ਚਲਾਏ ਗਏ ਖਾੜਕੂ ਸੰਘਰਸ਼ਾਂ ਨੇ ਜ਼ਮੀਨੀ ਸੁਧਾਰਾਂ ਨੂੰ ਇੱਕ ਮੁੱਖ ਏਜੰਡੇ ਵਜੋਂ ਦੁਬਾਰਾ ਮੁੱਖ ਧਾਰਾ ਵਿੱਚ ਲਿਆਂਦਾ। ਇਨ੍ਹਾਂ ਸੰਘਰਸ਼ਾਂ ਨੇ ਭਾਰਤ ਸਰਕਾਰ ਅਤੇ ਵੱਖ-ਵੱਖ ਰਾਜ ਸਰਕਾਰਾਂ ਨੂੰ ਜ਼ਮੀਨੀ ਸੁਧਾਰਾਂ ਨੂੰ ਲਾਗੂ ਕਰਨ 'ਤੇ ਮੁੜ ਵਿਚਾਰ ਕਰਨ ਲਈ ਮਜਬੂਰ ਕੀਤਾ।

**ਨੁਕਸਦਾਰ ਜ਼ਮੀਨੀ ਸੁਧਾਰ** : ਜ਼ਮੀਨ ਦੀ ਸੀਮਾ ਲਾਗੂ ਕਰਨ ਤੋਂ ਬਾਅਦ ਪੂਰੇ ਦੇਸ਼ ਵਿੱਚ ਅੰਸ਼ਕ ਤੌਰ 'ਤੇ ਲਾਗੂ ਕੀਤੇ ਗਏ ਜ਼ਮੀਨੀ ਸੁਧਾਰਾਂ ਰਾਹੀਂ 68.72 ਲੱਖ ਏਕੜ ਜ਼ਮੀਨ ਨੂੰ ਵਾਧੂ ਘੋਸ਼ਿਤ ਕੀਤਾ ਗਿਆ। ਹਾਲਾਂਕਿ, ਬੇਨਾਮੀ ਮਾਲਕੀ ਅਤੇ ਗੁੰਝਲਦਾਰ ਨਿਆਂਇਕ ਅਦਾਲਤੀ ਮੁਕੱਦਮਿਆਂ ਦੀ ਆੜ ਵਿੱਚ ਜ਼ਮੀਨ ਦੇ ਵੱਡੇ ਹਿੱਸੇ ਅਜੇ ਵੀ (43 ਫੀਸਦੀ ਤੱਕ ਕਾਸ਼ਤ ਕੀਤੀ ਜ਼ਮੀਨ) ਕਿਸਾਨ ਭਾਈਚਾਰੇ ਦੇ ਅਮੀਰ ਅਤੇ ਜਗੀਰੂ ਵਰਗਾਂ ਕੋਲ ਹਨ । ਪਿਛਲੇ ਤਿੰਨ ਦਹਾਕਿਆਂ ਦੌਰਾਨ ਨਵਉਦਾਰਵਾਦੀ ਆਰਥਕ ਸੁਧਾਰਾਂ ਨੂੰ ਤੇਜ਼ੀ ਨਾਲ ਲਾਗੂ ਕਰਨ ਦੇ ਹਿੱਸੇ ਵਜੋਂ ਲਗਾਤਾਰ ਸਰਕਾਰਾਂ ਨੇ ਪੇਂਡੂ ਗਰੀਬਾਂ ਨੂੰ ਵਾਧੂ ਜ਼ਮੀਨ ਦੀ ਵੰਡ ਰੋਕ ਦਿੱਤੀ।ਇਸ ਦੀ ਬਜਾਏ ਸਰਕਾਰਾਂ ਨੇ ਜ਼ਮੀਨ ਪ੍ਰਾਪਤੀ, ਕਾਰਪੋਰੇਟ ਖੇਤੀ ਅਤੇ ਹੋਰ ਕਿਸਾਨ ਵਿਰੋਧੀ ਕਾਨੂੰਨਾਂ ਨੂੰ ਅੱਗੇ ਲਿਆਂਦਾ ਅਤੇ ਮਾਈਨਿੰਗ ਅਤੇ ਕਾਰਪੋਰੇਟ ਘਰਾਣਿਆਂ ਨੂੰ ਵੱਡੇ ਜ਼ਮੀਨੀ ਹਿੱਸੇ ਅਲਾਟ ਕੀਤੇ।

ਭਾਰਤ ਵਿੱਚ ਰਾਸ਼ਟਰੀ ਲੋਕਤੰਤਰੀ ਕ੍ਰਾਂਤੀ ਨੂੰ ਪੂਰਾ ਕਰਨ ਲਈ ਜ਼ਮੀਨ ਦਾ ਸਵਾਲ ਕੇਂਦਰੀ ਹੈ। ਪੇਂਡੂ ਗਰੀਬਾਂ ਦੇ ਵੱਡੇ ਵਰਗਾਂ ਨੂੰ ਵਾਧੂ ਜ਼ਮੀਨ ਦੀ ਵੰਡ ਲਈ ਖਾੜਕੂ ਸੰਘਰਸ਼ਾਂ ਵਿੱਚ ਸਰਗਰਮੀ ਨਾਲ ਲਾਮਬੰਦ ਕੀਤਾ ਜਾਣਾ ਚਾਹੀਦਾ ਹੈ।

**# ਸੰਪਰਕ : 99884-91002**

# ਜੰਗ 'ਚੋਂ ਕਿਸ ਨੇ ਕੀ ਖੱਟਿਆ ਕੀ ਗੁਆਇਆ ?



ਹਰਜਿੰਦਰ ਸਿੰਘ ਗੁਲਪੁਰ

ਈਰਾਨ-ਇਜ਼ਰਾਈਲ ਯੁੱਧ ਦੀ ਗੋਲਾਬੰਦੀ ਹੋ ਗਈ ਹੈ । ਇਸ ਤੋਂ ਸਾਰੀਆਂ ਅਮਨਪਸੰਦ ਤਾਕਤਾਂ ਨੂੰ ਸੁੱਖ ਦਾ ਸਾਹ ਆਇਆ ਹੈ । ਇਕ ਵਾਰ ਵਿਸਵ , ਤੀਜੇ ਵਿਸ਼ਵ ਯੁੱਧ ਦੀ ਕਗਾਰ ਤੋਂ ਵਾਪਸ ਸ਼ਾਂਤੀ ਵੱਲ ਮੁੜ ਆਇਆ ਹੈ । ਇਹ ਗੋਲਾਬੰਦੀ ਕਿੰਨਾ ਕੁ ਚਿਰ ਬਰਕਰਾਰ ਰਹਿੰਦੀ ਹੈ, ਇਸ ਵਾਰੇ ਕੋਈ ਕਿਆਸ ਨਹੀ ਲਗਾਇਆ ਜਾ ਸਕਦਾ । ਹੈਰਾਨੀ ਦੀ ਗੱਲ ਇਹ ਹੈ ਕਿ ਜਿਸ ਮਹਾਂ ਸ਼ਕਤੀ ਨੇ ਇਸ ਯੁੱਧ ਨੂੰ ਹਵਾ ਦਿੱਤੀ ਸੀ, ਉਸੇ ਮਹਾਂ ਸ਼ਕਤੀ ਨੂੰ ਇਹ ਯੁੱਧ ਰੋਕਣ ਵਾਸਤੇ ਵੱਡੀ ਭੂਮਿਕਾ ਨਿਭਾਉਣ ਲਈ ਮਜਬੂਰ ਹੋਣਾ ਪਿਆ ਹੈ । ਉਸ ਦੀ ਮਜਬੂਰੀ ਟਰੰਪ ਦੀ ਇਸ ਅਪੀਲ ਤੋਂ ਪਤਾ ਲਗਦੀ ਹੈ ਕਿ ਕਿਰਪਾ ਕਰ ਕੇ ਇਸ ਜੰਗਬੰਦੀ ਦੀ ਉਲੰਘਣਾ ਨਾ ਕਰਿਓ । ਇਸ ਨੂੰ ਜਾਰੀ ਰੱਖਣ ਲਈ ਉਸ ਨੂੰ ਆਪਣੇ ਪੱਕੇ ਮਿੱਤਰ ਨੇਤਨਯਾਹੂ ਦੀ ਝਾੜ ਝੰਬ ਵੀ ਕਰਨੀ ਪਈ ਹੈ । ਜੰਗ ਦੇ ਸ਼ੁਰੂ ਹੋਣ ਤੋਂ ਲੈ ਕੇ ਸੀਜ਼ਫਾਇਰ ਤੱਕ ਜੋ ਹੋਇਆ, ਉਸ ਨੂੰ ਦੁਹਰਾਉਣ ਦੀ ਲੋੜ ਨਹੀ , ਸਭ ਨੂੰ ਪਤਾ ਹੈ ।

ਇਸ ਲੇਖ ਵਿੱਚ ਜੰਗ ਦੇ ਆਸ-ਪਾਸ ਘੁੰਮ ਰਹੀਆਂ ਸੂਚਨਾਵਾਂ ਵਾਰੇ ਚਰਚਾ ਕੀਤੀ ਜਾਵੇਗੀ। ਇਸ ਜੰਗ ਵਿੱਚ ਕੌਣ ਨਾਇਕ ਬਣਿਆ ਅਤੇ ਕੌਣ ਖਲਨਾਇਕ, ਇਸ ਵਾਰੇ ਵਿਚਾਰ ਕਰਾਂਗੇ । ਸਭ ਤੋਂ ਵਡੀ ਗੱਲ ਇਹ ਹੈ ਕਿ ਅਮਰੀਕਾ ਅਤੇ ਇਜ਼ਰਾਈਲ ਨੂੰ ਈਰਾਨ ਦੀ ਜੰਗੀ ਤਾਕਤ ਦਾ ਕੋਈ ਇਲਮ ਨਹੀ ਸੀ । ਇਹ ਦੁਨੀਆ ਦੀ ਪਹਿਲੀ ਜੰਗ ਹੈ, ਜੋ ਦੋ ਦੇਸ਼ਾਂ ਨੇ ਇੱਕ-ਦੂਜੇ ਤੋਂ ਹਜ਼ਾਰਾਂ ਕਿਲੋਮੀਟਰ ਦੂਰ ਬੈਠ ਕੇ ਲੜੀ । ਦੋਹਾਂ ਦੇਸ਼ਾਂ ਦੀਆਂ ਸਰਹੱਦਾਂ ਇੱਕ-ਦੂਜੇ ਦੇਸ਼ ਨਾਲ ਨਹੀ ਲੱਗਦੀਆਂ। ਦੋਹਾਂ ਦੇਸ਼ਾਂ ਵਿਚਕਾਰ ਇਰਾਕ, ਸੀਰੀਆ, ਬਹਿਰੀਨ, ਜਾਰਡਨ ਅਤੇ ਕਤਰ ਆਦਿ ਛੋਟੇ-ਛੋਟੇ ਦੇਸ਼ ਆਉਂਦੇ ਹਨ । ਇਸ ਜੰਗ ਵਿੱਚ ਜ਼ਮੀਨੀ ਫੌਜ ਦਾ ਕੋਈ ਰੋਲ ਨਹੀ । ਈਰਾਨ ਦੀ ਹਵਾਈ ਫੌਜ ਬਹੁਤ ਕਮਜ਼ੋਰ ਹੋਣ ਕਰਕੇ ਇਜ਼ਰਾਈਲ ਨੂੰ ਆਪਣੀ ਹਵਾਈ ਫੌਜ ਉੱਤੇ ਵੱਡਾ ਭਰੋਸਾ ਸੀ । ਹਿੱਟ ਐਂਡ ਰਨ ਉਸ ਦਾ ਫਾਰਮੂਲਾ ਸੀ । ਉਸ ਨੂੰ ਅਮਰੀਕਾ ਦਾ ਪੂਰਾ ਸਮਰਥਨ ਸੀ ਅਤੇ ਹੈ ।

ਅਰਬ ਦੇ ਸਾਰੇ ਰਾਜੇ ਅਮਰੀਕਾ ਦਾ ਪਾਣੀ ਭਰਦੇ ਹਨ। ਉਹਨਾਂ ਕੋਲ ਤੇਲ ਦੇ ਸਿਰ ਆਯਾਸ਼ੀ ਕਰਨ ਤੋਂ ਇਲਾਵਾ ਕੁਝ ਵੀ ਨਹੀਂ। ਇਸ ਖਿੱਤੇ ਵਿੱਚ ਪੈਂਦਾ ਦੇਸ਼ ਈਰਾਨ ਇਹਨਾਂ ਤੋਂ ਸੱਭਿਆਚਾਰਕ ਪੱਖੋਂ ਪੂਰੀ ਤਰਾਂ ਅਲੱਗ ਹੈ। ਇਹਨਾਂ ਖਾੜੀ ਦੇਸਾਂ ਦੀ ਬੋਲੀ ਅਰਬੀ ਹੈ ਜਦੋਂ ਕਿ ਈਰਾਨ ਦੀ ਬੋਲੀ ਫਾਰਸੀ ਹੈ । ਇੱਕ ਜਮਹੂਰੀ ਦੇਸ਼ ਹੋਣ ਵਜੋਂ ਈਰਾਨ ਆਪਣੀ ਅਜ਼ਾਦ ਹਸਤੀ ਨੂੰ ਬਰਕਰਾਰ ਰੱਖਦਾ ਆਇਆ ਹੈ । ਅਰਬ ਮੁਲਕ ਈਰਾਨ ਨੂੰ ਆਪਣਾ ਦੁਸ਼ਮਣ ਸਮਝਦੇ ਹਨ । ਇਸ ਦਾ ਫਾਇਦਾ ਚੁੱਕ ਕੇ ਅਮਰੀਕਾ ਨੇ ਇਹਨਾਂ ਵਿਚਕਾਰ ਸੇਹ ਦਾ ਤੱਕਲਾ ਗੱਡ ਦਿੱਤਾ। ਅਮਰੀਕਾ ਨੇ ਉਸ ਅੱਗੇ ਨਾ ਝੁਕਣ ਵਾਲੇ ਦੇਸ਼ਾਂ ਨੂੰ ਤਬਾਹ ਕਰਕੇ ਸਾਰੇ ਅਰਬ ਦੇਸ਼ਾਂ ਵਿੱਚ ਆਪਣੇ ਫੌਜੀ ਅੱਡੇ ਕਾਇਮ ਕਰ ਲਏ । ਕਿਸੇ ਸਮੇਂ ਇਰਾਕ ਅਤੇ ਲੀਬੀਆ ਖੁਸ਼ਹਾਲ ਦੇਸ਼ ਹੁੰਦੇ ਸਨ । ਭਾਰਤ ਸਮੇਤ ਏਸ਼ੀਆ ਦੇ ਬਹੁਤ ਸਾਰੇ ਨੌਜਵਾਨ ਇਹਨਾਂ ਦੇਸ਼ਾਂ ਵਿੱਚ ਕੰਮ ਕਰਕੇ ਆਪਣੇ ਪਰਵਾਰਾਂ ਦਾ ਪੇਟ ਪਾਲਦੇ ਸਨ । ਅਮਰੀਕਾ ਨੇ ਰਸਾਇਣਕ ਹਥਿਆਰਾਂ ਦਾ ਬਹਾਨਾ ਲਾ ਕੇ ਹੱਸਦੇ-ਵੱਸਦੇ ਦੇਸ਼ ਖੰਡਰ ਬਣਾ ਦਿੱਤੇ । ਸਦਾਮ ਹੁਸੈਨ ਅਤੇ ਗਦਾਫੀ ਸਮੇਤ ਉਹਨਾਂ ਦੇ ਪਰਵਾਰਾਂ ਅਤੇ ਸਕੇ-ਸਬੰਧੀਆਂ ਨੂੰ ਨੂੰ ਮੌਤ ਦੇ ਘਾਟ ਉਤਾਰ ਦਿੱਤਾ । ਜਿਹੜਾ ਪ੍ਰਮਾਣੂ ਹਥਿਆਰਾਂ ਦਾ ਅਡੰਬਰ ਰਚਿਆ ਸੀ, ਉਹ ਸਰਾਸਰ ਝੂਠ ਨਿਕਲਿਆ ।

ਇਹਨਾਂ ਫੌਜੀ ਅੱਡਿਆਂ ਰਾਹੀ ਉਹ ਪੂਰੇ ਅਰਬ ਖਿੱਤੇ ਨੂੰ ਕੰਟਰੋਲ ਕਰ ਰਿਹਾ ਹੈ । ਇਹਨਾਂ ਦੇਸ਼ਾਂ ਵਿੱਚ ਸਥਿਤ ਗੈਸ ਅਤੇ ਤੇਲ ਦੇ ਭੰਡਾਰਾਂ ਦੀ ਬੇਕਿਰਕੀ ਨਾਲ ਲੁੱਟ ਕਰ ਰਿਹਾ ਹੈ । ਈਰਾਨ ਉਸ ਦੀਆਂ ਅੱਖਾਂ ਵਿੱਚ ਰੜਕਦਾ ਸੀ । ਇਸ ਲਈ ਅਮਰੀਕਾ ਨੇ ਇਜ਼ਰਾਈਲ ਨੂੰ ਈਰਾਨ ਉੱਤੇ ਹਮਲਾ ਕਰਨ ਲਈ ਹਰੀ ਝੰਡੀ ਦੇ ਦਿੱਤੀ । ਸੁੱਕੇ ਬਾਗਾਂ ਦੇ ਗਾਲ੍ਹੜ ਪਟਵਾਰੀ ਇਜ਼ਰਾਈਲ ਨੇ ਅਨੇਕਾਂ ਲੜਾਕੇ ਜਹਾਜ਼ਾਂ ਨਾਲ ਬੈਠੇ ਸੁੱਤੇ ਈਰਾਨ ਉੱਤੇ ਹਮਲਾ ਕਰ ਦਿੱਤਾ ਅਤੇ ਉਸ ਦੇ ਆਹਲਾ ਕਮਾਂਡਰਾਂ ਅਤੇ ਛੇ ਵਿਗਿਆਨੀਆਂ ਨੂੰ ਮਾਰ ਦਿੱਤਾ ।

'ਮਰਦਾ ਕੀ ਨਾ ਕਰਦਾ' ਦੀ ਕਹਾਵਤ ਅਨੁਸਾਰ ਈਰਾਨ ਨੇ ਅਜਿਹਾ ਜਵਾਬ ਦਿੱਤਾ ਕਿ ਦੁਨੀਆ ਨੇ ਮੂੰਹ ਵਿੱਚ ਉਂਗਲਾਂ ਪਾ ਲਈਆਂ । ਅਮਰੀਕਾ ਦੀ ਦੁਖਦੀ ਰਗ ਇਜ਼ਰਾਈਲ 'ਤੇ ਤਾਬੜਤੋੜ ਮਿਜ਼ਾਇਲ ਹਮਲੇ ਕਰਕੇ ਉਸ ਦੇ ਡਿਫੈਂਸ ਸਿਸਟਮ ਨੂੰ ਬਰਬਾਦ ਕਰ ਦਿੱਤਾ ਗਿਆ । ਇਹਨਾਂ ਹਮਲਿਆਂ ਨੇ ਉਸ ਦਾ ਲੱਕ ਤੋੜ ਦਿੱਤਾ । ਇਸ ਤੋਂ ਇਲਾਵਾ ਅਮਰੀਕਾ ਅਤੇ ਇਜ਼ਰਾਈਲ ਦੇ ਲੋਕ ਆਪਣੇ ਸ਼ਾਸਕਾਂ ਦਾ ਵਿਰੋਧ ਕਰਨ ਲਈ ਸੜਕਾਂ 'ਤੇ ਉਤਰਨੇ ਸ਼ੁਰੂ ਹੋ ਗਏ । ਇਸ ਤੋਂ ਉਲਟ ਈਰਾਨ ਦੇ ਲੋਕ ਲੱਖਾਂ ਦੀ ਗਿਣਤੀ ਵਿੱਚ ਆਪਣੇ ਨਿਜ਼ਾਮ ਦੇ ਹੱਕ ਵਿੱਚ ਉੱਤਰ ਆਏ ।

ਅਮਰੀਕਾ ਅੰਦਰ ਜਿਊਸ ਲਾਬੀ ਐਨੀ ਭਾਰੂ ਹੈ ਕਿ ਟਰੰਪ ਉਸ ਦੇ ਦਬਾਅ ਹੇਠ ਚੱਲ ਰਿਹਾ ਹੈ। ਇਸ ਲਾਬੀ ਨੇ ਸੌ ਮਿਲੀਅਨ ਡਾਲਰ ਟਰੰਪ ਦੀ ਰਿਪਬਲਿਕਨ ਪਾਰਟੀ ਨੂੰ ਬਤੌਰ ਚੋਣ ਫੰਡ ਦਿੱਤੇ ਸਨ । ਟਰੰਪ ਇਸ ਲਾਬੀ ਕੋਲੋਂ ਦਿੱਤਾ ਪੈਸਾ ਨੇਤਨਯਾਹੂ ਦੀ ਨਜਾਇਜ਼ ਮਦਦ ਕਰ ਕੇ ਹਜ਼ਮ ਕਰ ਰਿਹਾ ਹੈ । ਇਸ ਜੰਗ ਵਿੱਚ ਸਿੱਧੇ ਤੌਰ 'ਤੇ ਤਿੰਨ ਦੇਸ਼ ਆਮਰੀਕਾ, ਇਜ਼ਰਾਈਲ ਅਤੇ ਈਰਾਨ ਸ਼ਾਮਲ ਸਨ । ਕੁਝ ਦੇਸ਼ ਇੱਕ-ਦੂਜੇ ਦੀ ਪਿੱਛੇ ਰਹਿ ਕੇ ਮਦਦ ਕਰ ਰਹੇ ਸਨ, ਜਿਹਨਾਂ ਦੇ ਆਪੋ-ਆਪਣੇ ਹਿੱਤ ਇਸ ਜੰਗ ਨਾਲ ਜੁੜੇ ਹੋਏ ਸਨ । ਅਮਰੀਕਾ ਅਤੇ ਇਜ਼ਰਾਈਲ ਦੇ ਸਾਂਝੇ ਹਿੱਤ ਸਨ, ਈਰਾਨ ਦੇ ਪ੍ਰਮਾਣੂ ਟਿਕਾਣੇ ਤਬਾਹ ਕਰਨੇ ਅਤੇ ਦੇਸ਼ ਦੀ ਸੱਤਾ ਆਪਣੇ ਪਿੱਠੂਆਂ ਕੋਲ ਤਬਦੀਲ ਕਰਨੀ । ਇਸ ਤੋਂ ਇਲਾਵਾ ਇਜ਼ਰਾਈਲ ਦੇ ਪੀ ਐੱਮ ਦਾ ਹਿਤ ਆਪਣੀ ਗੱਦੀ ਬਚਾਉਣ ਤੱਕ ਸੀਮਤ ਸੀ । ਉਸ ਦੀ ਗੱਦੀ ਫਲਸਤੀਨ ਨੂੰ ਉਜਾੜਨ ਨਾਲ ਜੁੜੀ ਹੋਈ ਹੈ । ਈਰਾਨ ਆਪਣੇ ਦੇਸ਼ ਦੀ ਪ੍ਰਭੂਸੱਤਾ ਨੂੰ ਕਾਇਮ ਰੱਖਣ ਲਈ ਲੜ ਰਿਹਾ ਸੀ । ਜਦੋਂ ਜੰਗ ਸ਼ੁਰੂ ਹੋ ਜਾਂਦੀ ਹੈ ਤਾਂ ਇਸ ਨੂੰ ਰੋਕਣਾ ਬਹੁਤ ਮੁਸ਼ਕਲ ਹੁੰਦਾ ਹੈ। ਜਿਸ ਤਰਾਂ ਦੇ ਜ਼ਬਰਦਸਤ ਮਿਜਾਇਲ ਹਮਲੇ ਈਰਾਨ ਨੇ ਇਜ਼ਰਾਈਲ ਉੱਤੇ ਕੀਤੇ, ਉਸ ਬਾਰੇ ਨਾ ਅਮਰੀਕਾ ਨੇ ਸੋਚਿਆ ਸੀ, ਨਾ ਇਜ਼ਰਾਈਲ ਨੇ।

ਈਰਾਨ ਨੇ ਇਜ਼ਰਾਈਲ ਦਾ ਮੁਢਲਾ ਢਾਂਚਾ ਤਬਾਹ ਕਰ ਕੇ ਲੋਕਾਂ ਨੂੰ ਬੰਕਰਾਂ ਵਿੱਚ ਜਾਣ ਲਈ ਮਜਬੂਰ ਕਰ ਦਿੱਤਾ, ਜਿਸ ਦੀ ਉਹਨਾਂ ਨੂੰ ਆਦਤ ਨਹੀ ਸੀ । ਦੂਜੇ ਪਾਸੇ ਈਰਾਨ ਅਨੇਕਾਂ ਵਾਰ ਇਹੋ ਜਿਹੇ ਹਾਲਾਤ ਦਾ ਸਾਹਮਣਾ ਕਰ ਚੁੱਕਾ ਸੀ। 12 ਦਿਨ ਦੀ ਇਸ ਜੰਗ ਦੌਰਾਨ ਅਮਰੀਕਾ ਤੇ ਇਜ਼ਰਾਈਲ ਦਾ ਮਕਸਦ ਪੂਰਾ ਨਹੀ ਹੋ ਸਕਿਆ । ਇਸ ਜੰਗ ਦੌਰਾਨ ਭਾਵੇਂ ਈਰਾਨ ਦੇ ਤੀਹ ਤੋਂ ਪੰਜਾਹ ਤੱਕ ਆਹਲਾ ਕਮਾਂਡਰ ਅਤੇ ਵਿਗਿਆਨੀ ਮਾਰੇ ਗਏ, ਉਸ ਦਾ ਖਰਬਾਂ ਰੁਪਏ ਦਾ ਨੁਕਸਾਨ ਹੋਇਆ, ਪਰ ਉਸ ਨੇ ਆਪਣੇ ਅਤੇ ਵਿਸ਼ਵ ਦੇ ਲੋਕਾਂ ਦੀਆਂ ਨਜ਼ਰਾਂ ਵਿੱਚ ਆਪਣੀ ਪ੍ਰਤਿਸ਼ਠਾ ਕਾਇਮ ਕਰ ਲਈ ਹੈ ।

ਇਸ ਜੰਗ ਨੇ ਭੂਗੋਲਿਕ ਰਾਜਨੀਤੀ ਨੂੰ ਬਦਲ ਕੇ ਰੱਖ ਦਿੱਤਾ ਹੈ। ਈਰਾਨ ਰੂਸ ਅਤੇ ਚੀਨ ਦੀ ਤਿੱਕੜੀ ਨੇ ਅਮੀਕਾ ਅਤੇ ਇਜ਼ਰਾਈਲ ਨੂੰ ਆਪਣੀਆਂ ਨੀਤੀਆਂ 'ਤੇ ਮੁੜ ਵਿਚਾਰ ਕਰਨ ਲਈ ਮਜਬੂਰ ਕਰ ਦਿੱਤਾ ਹੈ। ਪ੍ਰਸਿੱਧ ਪੱਤਰਕਾਰ ਸਈਅਦ ਨਕਵੀ ਅਤੇ ਤਹਿਰਾਨੀ ਪੱਤਰਕਾਰ ਅਹਿਮਦ ਅੱਬਾਸ ਨੇ ਦੀਪਕ ਸ਼ਰਮਾ ਦੇ ਯੂ ਟਿਊਬ ਚੈਨਲ ਤੇ ਦੱਸਿਆ ਕਿ ਇਤਿਹਾਸ ਗਵਾਹ ਹੈ, ਅਮਰੀਕਾ ਦੇਸ਼ ਤਾਂ ਤਬਾਹ ਕਰ ਸਕਦਾ ਹੈ, ਪਰ ਜੰਗ ਨਹੀ ਜਿੱਤ ਸਕਦਾ । ਇਸ ਜੰਗ ਦੇ ਸਮੁੱਚੇ ਵਰਤਾਰੇ ਦਾ ਵਿਸ਼ਲੇਸ਼ਣ ਕਰਨ ਤੋਂ ਬਾਅਦ ਨਤੀਜਾ ਇਹ ਨਿਕਲਦਾ ਹੈ ਕਿ ਇਸ ਜੰਗ ਵਿਚ ਈਰਾਨ ਨੇ ਆਪਣਾ ਮਾਣ-ਸਨਮਾਨ ਮੁੜ ਤੋਂ ਹਾਸਲ ਕਰ ਲਿਆ ਹੈ, ਜੋ ਗੁਆਚਿਆ ਹੋਇਆ ਸੀ। ਇਸ ਜੰਗ ਨੇ ਮਜ਼ਲੂਮਾਂ ਅਤੇ ਜਾਬਰਾਂ ਦਰਮਿਆਨ ਇੱਕ ਲਕੀਰ ਖਿੱਚ ਦਿੱਤੀ ਹੈ। ਅਮਰੀਕਾ ਦੀ ਮਿਡਲ ਈਸਟ ਰਾਜਨੀਤੀ ਪੂਰੀ ਤਰਾਂ ਫਲਾਪ ਹੋ ਗਈ ਹੈ। ਇਜ਼ਰਾਈਲ ਦਾ ਤਲਿਸਮ ਟੁੱਟ ਗਿਆ ਹੈ। ਭਵਿੱਖ ਵਿੱਚ ਅਮਰੀਕਾ ਅਤੇ ਇਜ਼ਰਾਈਲ ਨੂੰ ਕਿਸੇ ਦੇਸ਼ 'ਤੇ ਹਮਲਾ ਕਰਨ ਸਮੇਂ ਹਜ਼ਾਰ ਵਾਰ ਸੋਚਣਾ ਪਵੇਗਾ । ਸਭ ਤੋਂ ਵੱਡੀ ਗੱਲ ਇਹ ਹੋਈ ਕਿ ਦਹਾਕਿਆਂ ਤੋਂ ਨਰਕ ਭੋਗਦੇ ਗਾਜ਼ਾ ਵਾਸੀਆਂ ਨੂੰ ਥੋੜ੍ਹੀ ਬਹੁਤ ਰਾਹਤ ਜ਼ਰੂਰ ਨਸੀਬ ਹੋਵੇਗੀ ।

**# ਸੰਪਰਕ : +61482069176**

# ਲੋਕ ਸਰੋਕਾਰਾਂ ਦੇ ਫ਼ਿਕਰਾਂ ਦੀ ਬਾਂਹ ਫੜਨ ਦਾ ਵੇਲਾ

**ਪੇਸ਼ਕਸ਼ : ਅਮੋਲਕ ਸਿੰਘ**

ਆਰ.ਐੱਸ.ਐੱਸ.-ਭਾਜਪਾ ਸਰਕਾਰ ਨੇ ਭਾਰਤ ਦੇ ਜੰਗਲੀ-ਪਹਾੜੀ ਇਲਾਕਿਆਂ ਨੂੰ ਪੂਰੀ ਤਰ੍ਹਾਂ ਕਾਰਪੋਰੇਟ ਸਰਮਾਏਦਾਰੀ ਦੇ ਹਵਾਲੇ ਕਰਨ ਅਤੇ ਉੱਥੋਂ ਦੇ ਲੋਕ ਸੰਘਰਸ਼ਾਂ ਨੂੰ ਕੁਚਲਣ ਲਈ ਅਤਿਅੰਤ ਕਰੂਰ ਫ਼ੌਜੀ ਹਮਲਾ ਵਿੱਢਿਆ ਹੋਇਆ ਹੈ। ਛੱਤੀਸਗੜ੍ਹ ਵਿਚ 'ਉਪਰੇਸ਼ਨ ਕਗਾਰ' ਅਤੇ ਇਸ ਦੇ ਉੱਪ-ਓਪਰੇਸ਼ਨ ਇਸ ਹਮਲੇ ਦਾ ਸਭ ਤੋਂ ਖ਼ੂਨੀ ਰੂਪ ਹਨ, ਜਿਨ੍ਹਾਂ ਦੇ ਤਹਿਤ ਜਨਵਰੀ 2024 ਤੋਂ ਲੈ ਕੇ ਹੁਣ ਤੱਕ ਸਾਢੇ ਚਾਰ ਸੌ ਤੋਂ ਵੱਧ ਮਾਓਵਾਦੀ ਇਨਕਲਾਬੀਆਂ ਅਤੇ ਆਦਿਵਾਸੀਆਂ ਨੂੰ ਸਿਰਫ਼ ਬਸਤਰ ਵਿਚ ਕਤਲ ਕੀਤਾ ਗਿਆ ਹੈ। ਇਹ ਸਭ 31 ਮਾਰਚ 2026 ਤੱਕ ਭਾਰਤ ਨੂੰ 'ਨਕਸਲ-ਮੁਕਤ' ਬਣਾਉਣ ਦੇ ਐਲਾਨੀਆ ਫਾਸ਼ੀਵਾਦੀ ਟੀਚੇ ਤਹਿਤ ਕੀਤਾ ਜਾ ਰਿਹਾ ਹੈ। ਡਰੋਨਾਂ, ਹੈਲੀਕਾਪਟਰਾਂ ਅਤੇ ਅਤਿ-ਆਧੁਨਿਕ ਫ਼ੌਜੀ ਹਥਿਆਰਾਂ ਨਾਲ ਲੈਸ ਵੀਹ-ਪੰਝੀ ਹਜ਼ਾਰ ਨੀਮ-ਫ਼ੌਜੀ ਅਤੇ ਵਿਸ਼ੇਸ਼ ਪੁਲਸ ਵੱਲੋਂ ਇਕ-ਦੋ ਦਰਜਨ ਮਾਓਵਾਦੀਆਂ ਨੂੰ ਘੇਰਾ ਪਾ ਕੇ ਗ੍ਰਿਫ਼ਤਾਰ ਕਰਨਾ ਅਤੇ ਫਿਰ ਉਨ੍ਹਾਂ ਨੂੰ ਬੇਰਹਿਮੀ ਨਾਲ ਕਤਲ ਕਰਕੇ 'ਮੁਕਾਬਲੇ' ਵਿਚ ਮਰੇ ਦਿਖਾ ਦੇਣਾ ਆਮ ਗੱਲ ਬਣ ਚੁੱਕੀ ਹੈ। ਇੰਨਾ ਹੀ ਨਹੀਂ, ਇਨ੍ਹਾਂ ਕਤਲੇਆਮਾਂ ਨੂੰ ਅੰਜਾਮ ਦੇਣ ਵਾਲੇ 'ਕਾਨੂੰਨ ਦੇ ਰਾਖੇ' ਕਥਿਤ ਇਨਾਮੀ ਮਾਓਵਾਦੀਆਂ ਦਾ ਸਫ਼ਾਇਆ ਕਰਨ ਦੀ ਖ਼ੁਸ਼ੀ 'ਚ ਭੰਗੜੇ ਪਾਉਂਦੇ ਹਨ, ਇਸਦੇ ਵੀਡੀਓ ਕਲਿੱਪ ਸੋਸ਼ਲ ਮੀਡੀਆ ਤੇ ਨਿਊਜ਼ ਚੈਨਲਾਂ ਉੱਪਰ ਦਿਖਾਏ ਜਾਂਦੇ ਹਨ ਅਤੇ ਕੇਂਦਰੀ ਗ੍ਰਹਿ ਮੰਤਰੀ ਤੇ ਪ੍ਰਧਾਨ ਮੰਤਰੀ ਉਨ੍ਹਾਂ ਨੂੰ 'ਇਤਿਹਾਸਕ ਸਫ਼ਲਤਾ' ਲਈ ਬਾਕਾਇਦਾ ਵਧਾਈ ਸੰਦੇਸ਼ ਦਿੰਦੇ ਅਤੇ ਸਨਮਾਨਿਤ ਕਰਦੇ ਹਨ। ਕਥਿਤ ਇਨਾਮੀ ਨਕਸਲੀਆਂ ਨੂੰ ਗ੍ਰਿਫ਼ਤਾਰ ਕਰਕੇ ਕਾਨੂੰਨੀ ਕਾਰਵਾਈ ਕਰਨ ਦੀ ਬਜਾਏ ਉਨ੍ਹਾਂ ਦੇ ਸਿਰਾਂ ਦੇ ਇਨਾਮ ਰੱਖਣ ਦੀ ਨੀਤੀ ਪੁਲਸ ਅਤੇ ਨੀਮ-ਫ਼ੌਜੀ ਤਾਕਤਾਂ ਨੂੰ ਗ਼ੈਰਅਦਾਲਤੀ ਕਤਲਾਂ ਲਈ ਉਕਸਾਉਣ ਅਤੇ ਉਤਸ਼ਾਹਤ ਕਰਨ ਦੀ ਨੀਤੀ ਹੈ, ਜੋ ਭਗਵਾਂ ਹਕੂਮਤ ਵੱਲੋਂ ਇਕ ਮੁਹਿੰਮ ਦੇ ਰੂਪ 'ਚ ਚਲਾਈ ਜਾ ਰਹੀ ਹੈ।

ਇਹ ਸਮਝਣਾ ਜ਼ਰੂਰੀ ਹੈ ਕਿ ਭਾਰਤੀ ਰਾਜ ਵੱਲੋਂ ਆਪਣੇ ਹੀ ਲੋਕਾਂ ਵਿਰੁੱਧ ਲੜੀ ਜਾ ਰਹੀ ਇਸ ਖ਼ੂਨੀ ਜੰਗ ਦਾ ਅਸਲ ਮਨੋਰਥ ਕੀ ਹੈ ?

ਭਗਵਾਂ ਹਕੂਮਤ ਅਤੇ ਗੋਦੀ ਮੀਡੀਆ ਇਹ ਪ੍ਰਚਾਰ ਰਹੇ ਹਨ ਕਿ 'ਮਾਓਵਾਦੀ ਸੰਵਿਧਾਨ ਨੂੰ ਨਹੀਂ ਮੰਨਦੇ' ਅਤੇ ਹਥਿਆਰਬੰਦ ਇਨਕਲਾਬ ਰਾਹੀਂ 'ਸੰਵਿਧਾਨਕ ਤੌਰ 'ਤੇ ਚੁਣੀ ਹੋਈ' ਸਰਕਾਰ ਨੂੰ ਉਲਟਾਉਣਾ ਚਾਹੁੰਦੇ ਹਨ ਕਿ ਮਾਓਵਾਦੀ ਆਦਿਵਾਸੀ ਇਲਾਕਿਆਂ ਦਾ 'ਵਿਕਾਸ' ਨਹੀਂ ਹੋਣ ਦਿੰਦੇ, ਸਰਕਾਰ ਇਨ੍ਹਾਂ ਇਲਾਕਿਆਂ ਦੇ ਵਿਕਾਸ ਲਈ 'ਲਾਲ ਆਤੰਕ' ਨੂੰ ਖ਼ਤਮ ਕਰ ਰਹੀ ਹੈ।

ਇਹ ਕਤਲੇਆਮ ਨੂੰ ਵਾਜਬ ਠਹਿਰਾਉਣ ਲਈ ਘੜਿਆ ਪੂਰੀ ਤਰ੍ਹਾਂ ਝੂਠਾ ਬਿਰਤਾਂਤ ਹੈ। ਪਹਿਲਾਂ ਤਾਂ ਸਰਕਾਰ ਤੋਂ ਇਹ ਜਵਾਬ ਮੰਗਣਾ ਹੋਵੇਗਾ ਕਿ ਜਿੱਥੇ ਮਾਓਵਾਦੀ ਲਹਿਰ ਨਹੀਂ ਹੈ, ਉਨ੍ਹਾਂ ਰਾਜਾਂ ਵਿਚ ਸਾਢੇ ਸੱਤ ਦਹਾਕਿਆਂ 'ਚ 'ਦੁਨੀਆ ਦੇ ਸਭ ਤੋਂ ਵੱਡੇ ਲੋਕਤੰਤਰ' ਦਾ ਵਿਕਾਸ ਕਿਉਂ ਨਹੀਂ ਪਹੁੰਚਿਆ ? ਦੂਜਾ, 'ਕਾਨੂੰਨ ਦੇ ਰਾਜ' ਦੇ ਦਾਅਵੇ ਕਰਨ ਵਾਲੀ ਹਕੂਮਤ ਗ੍ਰਿਫ਼ਤਾਰ ਮਾਓਵਾਦੀਆਂ ਨੂੰ ਅਦਾਲਤਾਂ ਵਿਚ ਪੇਸ਼ ਕਰਨ ਅਤੇ ਕਾਨੂੰਨੀ ਪ੍ਰਕਿਰਿਆ ਰਾਹੀਂ ਉਨ੍ਹਾਂ ਦੇ ਦੋਸ਼ ਸਾਬਤ ਕਰਨ ਦੀ ਬਜਾਏ ਗ਼ੈਰਅਦਾਲਤੀ ਕਤਲ ਕਰਕੇ ਕਿਹੜਾ ਸੰਵਿਧਾਨ ਲਾਗੂ ਕਰ ਰਹੀ ਹੈ ? ਕੀ ਸੰਵਿਧਾਨ ਸਰਕਾਰ ਨੂੰ 'ਨਕਸਲ-ਮੁਕਤ ਭਾਰਤ' ਦਾ ਟੀਚਾ ਮਿੱਥ ਕੇ ਮਹਿਜ਼ ਵਿਚਾਰਾਂ ਦੇ ਆਧਾਰ 'ਤੇ ਮਾਓਵਾਦੀਆਂ ਨੂੰ ਮਾਰਨ, ਜਨਤਕ ਅਤੇ ਸਿਆਸੀ ਜਥੇਬੰਦੀਆਂ ਨੂੰ ਪਾਬੰਦੀਸ਼ੁਦਾ ਐਲਾਨ ਕੇ ਕੁਚਲਣ ਅਤੇ ਲੋਕਾਂ ਦੇ ਹੱਕਾਂ ਦੀ ਗੱਲ ਕਰਨ ਵਾਲੇ ਬੁੱਧੀਜੀਵੀਆਂ ਤੇ ਹੱਕਾਂ ਦੇ ਹੋਰ ਪਹਿਰੇਦਾਰਾਂ ਨੂੰ 'ਸ਼ਹਿਰੀ ਨਕਸਲੀ' ਕਰਾਰ ਦੇ ਕੇ ਜੇਲ੍ਹਾਂ ਵਿਚ ਸੁੱਟਣ ਮਾਰ ਮੁਕਾਉਣ ਦਾ ਅਧਿਕਾਰ ਦਿੰਦਾ ਹੈ ?

ਹਕੀਕਤ ਇਹ ਹੈ ਕਿ ਆਦਿਵਾਸੀ ਖੇਤਰ, ਖ਼ਾਸ ਕਰਕੇ ਬਸਤਰ ਦੇ ਜੰਗਲਾਂ-ਪਹਾੜਾਂ ਹੇਠ ਵਡਮੁੱਲੇ ਕੁਦਰਤੀ ਖਣਿਜ ਪਦਾਰਥ ਪਏ ਹਨ, ਜਿਨ੍ਹਾਂ ਉੱਪਰ ਵਿਦੇਸ਼ੀ-ਦੇਸੀ ਕਾਰਪੋਰੇਟ ਸਰਮਾਏਦਾਰੀ ਦੀ ਗਿਰਝ ਨਜ਼ਰ ਟਿਕੀ ਹੋਈ ਹੈ। ਸਰਕਾਰਾਂ ਨੇ ਵਿਦੇਸ਼ੀ-ਦੇਸੀ ਕਾਰਪੋਰੇਟਾਂ ਨਾਲ ਖਣਨ ਪ੍ਰੋਜੈਕਟਾਂ ਦੇ ਸੈਂਕੜੇ ਇਕਰਾਰਨਾਮੇ ਕੀਤੇ ਹੋਏ ਹਨ। ਇਹ 'ਵਿਕਾਸ' ਨਹੀਂ ਦਰਅਸਲ 'ਵਿਨਾਸ਼' ਦੇ ਪ੍ਰੋਜੈਕਟ ਹਨ, ਕਿਉਂਕਿ ਨਾ ਇਸ ਕਥਿਤ ਵਿਕਾਸ ਦਾ ਉਦੇਸ਼ ਆਦਿਵਾਸੀ ਜ਼ਿੰਦਗੀ ਨੂੰ ਬਿਹਤਰ ਬਣਾਉਣਾ ਹੈ ਅਤੇ ਨਾ ਇਨ੍ਹਾਂ ਪ੍ਰੋਜੈਕਟਾਂ ਲਈ ਆਦਿਵਾਸੀਆਂ ਦੀ ਸਹਿਮਤੀ ਲਈ ਜਾ ਰਹੀ ਹੈ। ਆਦਿਵਾਸੀ ਖੇਤਰਾਂ ਨੂੰ ਸੰਵਿਧਾਨ ਦੀ ਪੰਜਵੀਂ ਅਨੁਸੂਚੀ ਅਤੇ ਹੋਰ ਵਿਸ਼ੇਸ਼ ਸੰਵਿਧਾਨਕ ਵਿਵਸਥਾਵਾਂ ਤਹਿਤ ਵਿਸ਼ੇਸ਼ ਤੌਰ 'ਤੇ ਸੁਰੱਖਿਆ ਦਿੱਤੀ ਗਈ ਹੈ। ਕਿਸੇ ਵੀ ਪ੍ਰੋਜੈਕਟ ਲਈ ਆਦਿਵਾਸੀਆਂ ਦੀ ਜ਼ਮੀਨ ਗ੍ਰਾਮ ਸਭਾਵਾਂ ਦੀ ਮਨਜ਼ੂਰੀ ਤੋਂ ਬਿਨਾਂ ਐਕਵਾਇਰ ਨਹੀਂ ਕੀਤੀ ਜਾ ਸਕਦੀ। ਆਦਿਵਾਸੀਆਂ ਦੇ ਨਾਂਅ 'ਤੇ ਬਣਾਏ ਤਮਾਮ ਕਾਨੂੰਨਾਂ ਦੀਆਂ ਧੱਜੀਆਂ ਉਡਾ ਕੇ ਚਾਰ-ਛੇ ਮਾਰਗੀ ਸੜਕਾਂ ਅਤੇ ਸੁਰੱਖਿਆ ਕੈਂਪਾਂ ਦਾ ਜਾਲ ਆਦਿਵਾਸੀਆਂ ਦੇ ਜਲ-ਜੰਗਲ-ਜ਼ਮੀਨਾਂ ਹਥਿਆਉਣ ਲਈ ਵਿਛਾਇਆ ਜਾ ਰਿਹਾ ਹੈ। ਆਦਿਵਾਸੀਆਂ ਨੂੰ ਪਤਾ ਹੈ ਕਿ ਖਣਨ ਪ੍ਰੋਜੈਕਟ ਉਨ੍ਹਾਂ ਦੀ ਤਬਾਹੀ ਦੇ ਵਾਰੰਟ ਹਨ, ਇਸ ਲਈ ਉਹ ਇਨ੍ਹਾਂ ਪ੍ਰੋਜੈਕਟਾਂ ਵਿਰੁੱਧ ਜਾਨ-ਹੂਲਵੀਂ ਲੜਾਈ ਲੜ ਰਹੇ ਹਨ। ਉਨ੍ਹਾਂ ਇਲਾਕਿਆਂ ਵਿਚ ਦਹਾਕਿਆਂ ਤੋਂ ਕੰਮ ਕਰ ਰਹੇ ਮਾਓਵਾਦੀ ਆਦਿਵਾਸੀਆਂ ਨਾਲ ਮਿਲ ਕੇ ਇਨ੍ਹਾਂ ਪ੍ਰੋਜੈਕਟਾਂ ਵਿਰੁੱਧ ਸੰਘਰਸ਼ ਵਿਚ ਲੜ ਰਹੇ ਹਨ। ਜਿੱਥੇ ਮਾਓਵਾਦੀ ਲਹਿਰ ਮੌਜੂਦ ਨਹੀਂ ਅਤੇ ਜਿੱਥੇ ਸੰਘਰਸ਼ ਪੂਰੀ ਤਰ੍ਹਾਂ ਸ਼ਾਂਤੀਪੂਰਨ ਹਨ, ਉੱਥੇ ਵੀ ਹਕੂਮਤ ਆਦਿਵਾਸੀਆਂ ਤੇ ਹੋਰ ਦੱਬੇ-ਕੁਚਲੇ ਦੀ ਹੱਕ-ਜਤਾਈ ਨੂੰ ਇਸੇ ਤਰ੍ਹਾਂ ਵਹਿਸ਼ੀ ਜਬਰ ਨਾਲ ਕੁਚਲ ਰਹੀ ਹੈ। ਨਿਆਮਗਿਰੀ (ਉੜੀਸਾ) ਪਹਾੜੀਆਂ ਅਤੇ ਕੁਦਰਤੀ ਚੌਗਿਰਦੇ ਨੂੰ ਬਚਾਉਣ ਲਈ ਹੋਰ ਬਹੁਤ ਸਾਰੇ ਪੁਰਅਮਨ ਸੰਘਰਸ਼ਾਂ ਉੱਪਰ ਜਬਰ ਇਸ ਦੀ ਉੱਘੜਵੀਂ ਮਿਸਾਲ ਹੈ। ਆਦਿਵਾਸੀਆਂ ਅਤੇ ਇਨਕਲਾਬੀ ਲਹਿਰ ਵਿਰੁੱਧ ਇਹ ਜਾਬਰ ਹੱਲਾ ਦਿਨੋ-ਦਿਨ ਹੋਰ ਵੀ ਤਿੱਖਾ ਅਤੇ ਤੇਜ਼ ਹੋ ਰਿਹਾ ਹੈ। ਇਹੀ ਜਾਬਰ ਹੱਲਾ ਵੱਖਰੇ ਰੂਪ 'ਚ ਪੰਜਾਬ ਦੇ ਜਨਤਕ ਸੰਘਰਸ਼ਾਂ ਵਿਰੁੱਧ ਸਟੇਟ ਦੇ ਗਿਣੇ-ਮਿੱਥੇ ਹਮਲਿਆਂ ਅਤੇ ਪੰਜਾਬ ਨੂੰ ਪੁਲਸ ਸਟੇਟ ਬਣਾਉਣ 'ਚ ਵੀ ਦੇਖਿਆ ਜਾ ਸਕਦਾ ਹੈ।

ਸਾਨੂੰ ਇਹ ਹਕੀਕਤ ਸਮਝ ਲੈਣੀ ਚਾਹੀਦੀ ਹੈ ਕਿ ਭਗਵਾਂ ਹਕੂਮਤ ਦੇ 'ਨਕਸਲ-ਮੁਕਤ ਭਾਰਤ' ਨਾਅਰੇ ਦਾ ਉਦੇਸ਼ ਮਹਿਜ਼ ਦੇਸ਼ ਦੇ ਵਸੀਲਿਆਂ ਉੱਪਰ ਕਾਰਪੋਰੇਟਾਂ ਦਾ ਕਬਜ਼ਾ ਕਰਾਉਣਾ ਨਹੀਂ ਹੈ। ਇਸ ਦਾ ਨਿਸ਼ਾਨਾ ਤਬਦੀਲੀ ਦੇ ਹਰ ਅਗਾਂਹਵਧੂ ਵਿਚਾਰ ਨੂੰ ਕੁਚਲਣਾ ਹੈ। ਕਰੂਰ ਤੋਂ ਕਰੂਰ ਤਰੀਕਿਆਂ ਨਾਲ ਲੋਕ ਸੰਘਰਸ਼ਾਂ ਤੇ ਇਨਕਲਾਬੀ ਲਹਿਰ ਦੇ ਕਤਲੇਆਮ ਨੂੰ ਅੰਜਾਮ ਦਿੰਦੇ ਹੋਏ ਇਸਦਾ ਉਦੇਸ਼ ਲੋਕ ਮਨਾਂ 'ਚ ਇਹ ਧਾਰਨਾ ਪੱਕੀ ਕਰਨਾ ਹੈ ਕਿ ਨੰਗੇ ਅਨਿਆਂ ਅਤੇ ਘੋਰ ਵਿਤਕਰੇ 'ਤੇ ਆਧਾਰਤ ਮੌਜੂਦਾ ਰਾਜ ਪ੍ਰਬੰਧ ਹੀ ਭਾਰਤੀ ਲੋਕਾਂ ਦੀ ਹੋਣੀ ਹੈ ਕਿ ਸਥਾਪਤ ਪ੍ਰਬੰਧ ਨੂੰ ਚੁਣੌਤੀ ਦੇਣ ਵਾਲੇ ਕਿਸੇ ਵੀ ਹੱਕੀ ਸੰਘਰਸ਼ ਨੂੰ ਇਸੇ ਤਰ੍ਹਾਂ ਕੁਚਲ ਦਿੱਤਾ ਜਾਵੇਗਾ ਅਤੇ ਇਸ ਪ੍ਰਬੰਧ ਵਿਚ ਲੋਕਪੱਖੀ ਤਬਦੀਲੀ ਲਿਆਉਣ ਦੇ ਕੋਈ ਵੀ ਯਤਨ ਕਾਮਯਾਬ ਨਹੀਂ ਹੋਣਗੇ। ਬੇਰੋਕ-ਟੋਕ ਕਾਰਪੋਰੇਟ ਰਾਜ ਅਤੇ ਆਰ ਐੱਸ ਐੱਸ ਦਾ 'ਹਿੰਦੂ ਰਾਸ਼ਟਰ' ਦਾ ਸੁਪਨਾ ਫਿਰ ਹੀ ਸਾਕਾਰ ਹੋ ਸਕਦਾ ਹੈ ਜੇ ਹਾਕਮ ਜਮਾਤ ਲੁਟੀਂਦੇ ਤੇ ਦੱਬੇ-ਕੁਚਲੇ ਲੋਕਾਂ ਦੀ ਮੁਕਤੀ ਦੀ ਰੀਝ ਨੂੰ ਬੇਵਸੀ 'ਚ ਬਦਲ ਦਿੰਦੀ ਹੈ, ਬੌਧਿਕਤਾ ਦਾ ਸਰੋਤ ਕੇਂਦਰੀ ਯੂਨੀਵਰਸਿਟੀਆਂ ਦੇ ਵਿਦਵਾਨ ਅਤੇ ਵਿਦਿਆਰਥੀ ਵੀ ਦਹਿਸ਼ਤ ਦੇ ਸਾਏ ਹੇਠ ਬੋਲਣਾ ਬੰਦ ਕਰ ਦਿੰਦੇ ਹਨ ਅਤੇ ਲੋਕ ਇਸੇ ਮੁਰਦਾ ਸ਼ਾਂਤੀ ਨੂੰ ਆਪਣੀ ਹੋਣੀ ਮੰਨ ਲੈਂਦੇ ਹਨ।

ਮਾਨਵਤਾ ਉੱਪਰ ਸੰਕਟ ਦੇ ਗਹਿਰੇ ਬੱਦਲ ਬਣ ਕੇ ਛਾਏ ਅਜਿਹੇ ਕਾਲੇ ਦੌਰਾਂ ਵਿਚ ਹਕੂਮਤ ਦੇ ਝੂਠ ਨੂੰ ਨੰਗਾ ਕਰਕੇ ਹਨੇਰਾ ਢੋਂਦੀ ਲੋਕਾਈ ਨੂੰ ਹਕੀਕਤ ਦੱਸਣਾ ਅਤੇ ਬੇਵਸੀ ਮਹਿਸੂਸ ਕਰਦੇ ਲੋਕਾਂ ਨੂੰ ਸਮੂਹਿਕ ਸੰਘਰਸ਼ ਦੀ ਤਾਕਤ ਨਾਲ ਹਕੂਮਤੀ ਹਮਲੇ ਨੂੰ ਠੱਲ੍ਹ ਪਾਉਣ ਲਈ ਜਗਾਉਣਾ ਉਨ੍ਹਾਂ ਰੌਸ਼ਨ-ਖ਼ਿਆਲ ਹਿੱਸਿਆਂ ਦੀ ਜ਼ਿੰਮੇਵਾਰੀ ਹੁੰਦੀ ਹੈ ਜਿਨ੍ਹਾਂ ਕੋਲ ਗਿਆਨ ਅਤੇ ਚੇਤਨਾ ਦਾ ਚਾਨਣ ਹੈ। ਉਨ੍ਹਾਂ ਨੇ ਆਪਣੇ ਗਿਆਨ, ਸੋਝੀ, ਕਲਮ ਅਤੇ ਕਲਾ ਦੇ ਹੁਨਰ ਰਾਹੀਂ ਲੋਕਾਈ ਨੂੰ ਖ਼ਬਰਦਾਰ ਵੀ ਕਰਨਾ ਹੁੰਦਾ ਹੈ ਅਤੇ ਸੰਘਰਸ਼ਾਂ ਨਾਲ ਆਪਣੀ ਆਰਗੈਨਿਕ ਸਾਂਝ ਰਾਹੀਂ ਯੁੱਗ-ਪਲਟਾਉਣ 'ਚ ਆਪਣੀ ਇਤਿਹਾਸਕ ਭੂਮਿਕਾ ਵੀ ਨਿਭਾਉਣੀ ਹੁੰਦੀ ਹੈ । ਵਿਸ਼ਾਲ ਲੋਕ-ਰਾਇ ਉਸਾਰਨ ਰਾਹੀਂ ਹਕੂਮਤੀ ਦਹਿਸ਼ਤ ਨੂੰ ਤੋੜਦੇ ਹੋਏ ਉਪਰੋਕਤ ਹਕੂਮਤੀ ਮਨਸੂਬੇ ਨੂੰ ਜਨਤਕ ਚੁਣੌਤੀ ਦੇਣਾ ਅੱਜ ਸਮੇਂ ਦੀ ਸਖ਼ਤ ਲੋੜ ਹੈ, ਜੋ ਜਾਗਰੂਕ, ਚਿੰਤਨਸ਼ੀਲ ਹਲਕਿਆਂ ਲਈ ਗੰਭੀਰ ਸੋਚ-ਵਿਚਾਰ ਦੀ ਮੰਗ ਕਰਦਾ ਹੈ।

ਉਪਰੇਸ਼ਨ ਗ੍ਰੀਨ ਹੰਟ ਵਿਰੋਧੀ ਜਮਹੂਰੀ ਫਰੰਟ ਇਸ ਲੋੜ ਨੂੰ ਹੁੰਗਾਰਾ ਦੇਣ ਲਈ ਬਣਾਇਆ ਜਮਹੂਰੀ ਮੰਚ ਹੈ। ਜਿਸ ਵੱਲੋਂ ਜਨਵਰੀ ਤੋਂ ਲੈ ਕੇ ਪੰਜਾਬ ਵਿਚ ਤਿੰਨ ਵੱਡੀਆਂ ਮੁਹਿੰਮਾਂ ਇਸ ਹਕੂਮਤੀ ਹਮਲੇ ਵਿਰੁੱਧ ਜਮਹੂਰੀ ਰਾਇ ਉਸਾਰਨ ਲਈ ਚਲਾਈਆਂ ਗਈਆਂ ਹਨ। ਫਰੰਟ ਵੱਲੋਂ ਸਮੂਹ ਕਿਸਾਨ, ਮਜ਼ਦੂਰ, ਮੁਲਾਜ਼ਮ, ਔਰਤ, ਨੌਜਵਾਨ-ਵਿਦਿਆਰਥੀ, ਤਰਕਸ਼ੀਲ, ਜਮਹੂਰੀ, ਵਕੀਲਾਂ ਦੀਆਂ ਜਥੇਬੰਦੀਆਂ, ਲੇਖਕ ਸਭਾਵਾਂ, ਸੱਭਿਆਚਾਰਕ ਮੰਚਾਂ ਸਮੇਤ ਸਾਰੀਆਂ ਹੀ ਇਨਸਾਫ਼ਪਸੰਦ ਤਾਕਤਾਂ ਨਾਲ ਸੰਪਰਕ ਕਰਕੇ ਇਸ ਮੁਹਿੰਮ ਨਾਲ ਜੁੜਨ ਲਈ ਅਪੀਲ ਕੀਤੀ ਗਈ ਹੈ। ਇਸ ਅਪੀਲ ਨੂੰ ਭਰਵਾਂ ਹੁੰਗਾਰਾ ਦਿੰਦਿਆਂ ਸਮੂਹ ਲੋਕਪੱਖੀ ਤਾਕਤਾਂ ਇਸ ਮੁਹਿੰਮ ਵਿਚ ਸ਼ਾਮਲ ਹੋਈਆਂ ਹਨ। ਸਭ ਨੂੰ ਸਪੱਸ਼ਟ ਨਜ਼ਰ ਆ ਰਿਹਾ ਹੈ ਕਿ ਦਿਨੋਦਿਨ ਹੋਰ ਵੀ ਗੰਭੀਰ ਹੋ ਰਹੇ ਹਾਲਾਤਾਂ ਅਨੁਸਾਰ ਇਹ ਹੁੰਗਾਰਾ ਕਾਫ਼ੀ ਨਹੀਂ ਹੈ, ਹਮਲੇ ਨੂੰ ਵਧੇਰੇ ਗੰਭੀਰਤਾ ਨਾਲ ਲੈਂਦੇ ਹੋਏ ਇਸ ਹੁੰਗਾਰੇ ਨੂੰ ਜ਼ਰਬਾਂ ਦੇਣ ਦੀ ਲੋੜ ਹੈ। ਸਾਡੇ ਸਾਰਿਆਂ ਦੇ ਅੱਗੇ ਸਟੇਟ ਦੇ ਜਾਬਰ ਹੱਲੇ ਵਿਰੁੱਧ ਜਨਤਕ ਜਮਹੂਰੀ ਲਾਮਬੰਦੀ ਦਾ ਘੇਰਾ ਵਿਸ਼ਾਲ ਕਰਨ ਦਾ ਬੇਹੱਦ ਮਹੱਤਵਪੂਰਨ ਕਾਰਜ ਹੈ। ਆਓ, ਜਬਰ ਵਿਰੁੱਧ ਰੋਹਲੀ ਆਵਾਜ਼ ਉਠਾਉਣ ਦੇ ਸਿਲਸਿਲੇ ਨੂੰ ਜਾਰੀ ਰੱਖਦੇ ਹੋਏ ਆਉਣ ਵਾਲੇ ਦਿਨਾਂ 'ਚ ਜ਼ਿਲ੍ਹਾ ਅਤੇ ਇਲਾਕਾ ਪੱਧਰ 'ਤੇ ਜਿੱਥੇ ਵੀ ਸੰਭਵ ਹੋਵੇ, ਮੀਟਿੰਗਾਂ, ਵਿਚਾਰ-ਵਟਾਂਦਰਾ ਮਿਲਣੀਆਂ, ਕਨਵੈਨਸ਼ਨਾਂ, ਰੋਸ ਮੁਜ਼ਾਹਰੇ ਆਦਿ ਜਥੇਬੰਦ ਕਰੀਏ ਅਤੇ ਪ੍ਰਚਾਰ ਦੇ ਹਰ ਸੰਭਵ ਤਰੀਕੇ ਨਾਲ ਵੱਧ ਤੋਂ ਵੱਧ ਲੋਕਾਂ ਨੂੰ ਇਸ ਕਤਲੇਆਮ ਪਿੱਛੇ ਕੰਮ ਕਰਦੀ ਆਰ ਐੱਸ ਐੱਸ-ਭਾਜਪਾ ਦੀ ਲੋਕ ਵਿਰੋਧੀ ਅਤੇ ਦੇਸ਼ ਵਿਰੋਧੀ ਸਾਜ਼ਿਸ਼ ਬਾਰੇ ਜਾਗਰੂਕ ਤੇ ਚੁਕੰਨੇ ਕਰੀਏ। ਇਸ ਨੂੰ ਇਕ ਜ਼ਬਰਦਸਤ ਲਹਿਰ ਦਾ ਰੂਪ ਦੇਈਏ।

ਫਰੰਟ ਵੱਲੋਂ ਸਮੂਹ ਲੋਕਪੱਖੀ ਸੰਸਥਾਵਾਂ ਅਤੇ ਵਿਅਕਤੀਆਂ ਨੂੰ ਜ਼ੋਰਦਾਰ ਅਪੀਲ ਹੈ ਕਿ ਤੁਸੀਂ ਇਸ ਜਾਬਰ ਹੱਲੇ ਵਿਰੁੱਧ ਜਨਤਕ ਜਮਹੂਰੀ ਲਹਿਰ ਦੀ ਉਸਾਰੀ ਵਿਚ ਜਿਸ ਤਰ੍ਹਾਂ ਵੀ ਹੱਥ ਵਟਾ ਸਕਦੇ ਹੋ, ਉਸ ਤਰ੍ਹਾਂ ਦਾ ਯੋਗਦਾਨ ਪਾਉਣ ਲਈ ਧੜੱਲੇ ਨਾਲ ਅੱਗੇ ਆਓ। ਤੁਹਾਡਾ ਇਹ ਯੋਗਦਾਨ ਜਿੱਥੇ ਆਦਿਵਾਸੀ ਇਲਾਕਿਆਂ 'ਚ ਹਕੂਮਤੀ ਦਹਿਸ਼ਤਵਾਦ ਵਿਰੁੱਧ ਲੋਕ ਆਵਾਜ਼ ਬੁਲੰਦ ਕਰਨ 'ਚ ਸਹਾਈ ਹੋਵੇਗਾ, ਓਥੇ ਇਹ ਦੇਸ਼ ਦੇ ਮੌਜੂਦਾ ਹਾਲਾਤ 'ਚ ਜਨਤਕ ਜਮਹੂਰੀ ਲਹਿਰ ਨੂੰ ਆਪਣੀ ਸਾਰਥਕ ਭੂਮਿਕਾ ਨਿਭਾਉਣ ਲਈ ਵੀ ਤਾਕਤ, ਉਤਸ਼ਾਹ ਅਤੇ ਹੁਲਾਰਾ ਦੇਵੇਗਾ।

*ਸੂਬਾ ਕਮੇਟੀ, ਓਪਰੇਸ਼ਨ ਗ੍ਰੀਨ ਹੰਟ ਵਿਰੋਧੀ ਜਮਹੂਰੀ ਫਰੰਟ ਪੰਜਾਬ।*
*ਜਾਰੀ ਕਰਤਾ: ਡਾ. ਪਰਮਿੰਦਰ, ਪ੍ਰੋ. ਏ. ਕੇ. ਮਲੇਰੀ,*
*ਬੂਟਾ ਸਿੰਘ ਮਹਿਮੂਦਪੁਰ ਅਤੇ ਯਸ਼ਪਾਲ*

28-JUNE-PAGE-5.qxd 6/27/2025 10:20 PM Page 1



# ਅਮਰੀਕਾ ਤੇ ਇਜ਼ਰਾਈਲ ਦੀ ਬੁਰਛਾਗਰਦੀ ਖਿਲਾਫ ਵਿਰੋਧ ਪ੍ਰਦਰਸ਼ਨ



**ਜਗਰਾਉਂ (ਨਛੱਤਰ ਸੰਧੂ)**-ਬੀਤੇ ਦਿਨੀਂ ਪਹਿਲਾਂ ਇਜ਼ਰਾਈਲ ਤੇ ਫਿਰ ਅਮਰੀਕਾ ਵੱਲੋਂ ਈਰਾਨ ਉੱਪਰ ਉਪਰੋ ਥਲੀ ਕੀਤੇ ਹਵਾਈ ਹਮਲਿਆਂ ਤੇ ਫਲਸਤੀਨ 'ਚ ਡੇਢ ਸਾਲ ਤੋਂ ਮਚਾਈ ਅੰਨ੍ਹੀ ਤਬਾਹੀ ਤੇ ਕਤਲੋਗਾਰਤ ਖਿਲਾਫ ਇੱਥੇ ਜਮਹੂਰੀ ਜਥੇਬੰਦੀਆਂ ਵੱਲੋਂ ਜ਼ੋਰਦਾਰ ਵਿਰੋਧ ਪ੍ਰਦਰਸ਼ਨ ਕੀਤਾ ਗਿਆ। ਇਨਕਲਾਬੀ ਕੇਂਦਰ ਪੰਜਾਬ ਤੇ ਲੋਕ ਮੋਰਚਾ ਪੰਜਾਬ ਦੇ ਸੱਦੇ 'ਤੇ ਸੂਬੇ 'ਚ ਵੱਖ ਵੱਖ ਥਾਵਾਂ 'ਤੇ ਹੋਏ ਇਨ੍ਹਾਂ ਵਿਰੋਧ ਪ੍ਰਦਰਸ਼ਨਾਂ 'ਚ ਇਲਾਕੇ ਦੀਆਂ ਮਜ਼ਦੂਰ ਕਿਸਾਨ ਜਥੇਬੰਦੀਆਂ ਨੇ ਭਾਗ ਲਿਆ। ਸਥਾਨਕ ਕਮੇਟੀ ਪਾਰਕ 'ਚ ਹੋਈ ਰੈਲੀ ਨੂੰ ਸੰਬੋਧਨ ਕਰਦਿਆਂ ਵੱਖ ਵੱਖ ਬੁਲਾਰਿਆਂ ਨੇ ਕਿਹਾ ਕਿ ਸੰਸਾਰ ਸਾਮਰਾਜ ਦੇ ਸਰਗਣੇ ਅਮਰੀਕਾ ਤੇ ਉਸ ਦੇ ਸੰਗੀ ਜਿਓਨਵਾਦੀ ਇਜ਼ਰਾਈਲ ਵੱਲੋਂ ਪਹਿਲਾਂ ਡੇਢ ਸਾਲ ਤੋਂ 20 ਲੱਖ ਫਲਸਤੀਨੀ ਲੋਕਾਂ ਨੂੰ ਦੇਸ਼ਬਦਰ ਕਰਨ ਲਈ ਵੱਡੀ ਪੱਧਰ 'ਤੇ ਹਮਾਸ ਖਿਲਾਫ ਹਵਾਈ ਤੇ ਜ਼ਮੀਨੀ ਹਮਲੇ ਕਰਕੇ ਹੁਣ ਤੱਕ ਸੱਠ ਹਜ਼ਾਰ ਲੋਕਾਂ ਸਮੇਤ ਬੱਚਿਆਂ ਤੇ ਔਰਤਾਂ ਦਾ ਕਤਲ ਕੀਤਾ ਜਾ ਚੁੱਕਾ ਹੈ। ਐਸੀ ਪ੍ਰਤੀਬੰਧ ਸਕੂਲ, ਹਸਪਤਾਲ ਤੇ ਘਰ ਬਸਤੀਆਂ ਖੰਡਰ ਬਣਾ ਦਿੱਤੀਆਂ ਗਈਆਂ ਹਨ। ਮਨੁੱਖੀ ਰਾਹਤ ਹਾਸਲ ਕਰਨ ਲਈ ਰਾਹਤ ਕੈਂਪਾਂ 'ਚ ਇਕੱਤਰ ਹੋਏ ਹਜ਼ਾਰਾਂ ਲੋਕਾਂ ਨੂੰ ਭੁੱਖ ਲਈ ਰੋਟੀ ਦੀ ਥਾਂ ਗੋਲੀ ਦਿੱਤੀ ਜਾ ਰਹੀ ਹੈ। ਦੁਨੀਆ ਇਤਿਹਾਸ 'ਚ ਇਸ ਸਦੀ ਦਾ ਸਭ ਤੋਂ ਵੱਡਾ ਦੁਖਾਂਤ ਅਮਰੀਕਾ ਇਜ਼ਰਾਈਲ ਦੀ ਹਵਸ ਪੂਰੀ ਕਰਨ ਲਈ ਸਾਡੀਆਂ ਅੱਖਾਂ ਸਾਹਮਣੇ ਵਾਪਰ ਰਿਹਾ ਹੈ। ਪਿਛਲੇ ਪੰਦਰਾਂ ਦਿਨਾਂ 'ਚ ਹੁਣ ਇਜ਼ਰਾਈਲ ਨੇ ਤੇ ਬਾਅਦ 'ਚ ਅਮਰੀਕਾ ਨੇ ਈਰਾਨ 'ਤੇ ਜ਼ਬਰਦਸਤ ਹਵਾਈ ਹਮਲੇ ਕਰਕੇ ਉਥੇ ਭਾਰੀ ਜਾਨੀ ਤੇ ਮਾਲੀ ਨੁਕਸਾਨ ਕੀਤਾ ਹੈ। ਬੁਲਾਰਿਆਂ ਨੇ ਕਿਹਾ ਕਿ ਭਾਵੇਂ ਇਜ਼ਰਾਈਲ ਅਮਰੀਕਾ ਗੱਠਜੋੜ ਨੂੰ ਈਰਾਨ ਵੱਲੋਂ ਦਿੱਤੀ ਕਰਾਰੀ ਟੱਕਰ ਨੇ ਸੰਸਾਰ ਭਰ ਦੇ ਅਮਨਪਸੰਦ ਤੇ ਸੰਘਰਸ਼ਸ਼ੀਲ ਲੋਕਾਂ ਨੂੰ ਵੱਡੀ ਰਾਹਤ ਦਿੱਤੀ ਹੈ, ਪਰ ਜੰਗ ਦਾ ਖ਼ਤਰਾ ਟਲਿਆ ਨਹੀਂ ਹੈ ਤੇ ਜੇਕਰ ਮੁੜ ਕੇ ਜੰਗ ਛਿੜਦੀ ਹੈ ਤਾਂ ਇਸ ਦੇ ਹੋਰ ਵਿਰਾਟ ਰੂਪ ਧਾਰਣ ਕਰਨ ਦਾ ਖ਼ਤਰਾ ਬਰਕਰਾਰ ਹੈ। ਬੁਲਾਰਿਆਂ ਨੇ ਕਿਹਾ ਕਿ ਸੰਸਾਰ ਭਰ ਦੇ ਦੇਸ਼ ਲੁਕਵੇਂ ਕਿਰਤੀ ਲੋਕਾਂ ਦੇ ਦੁਸ਼ਮਣ ਨੰਬਰ ਇੱਕ ਅਮਰੀਕਨ ਸਾਮਰਾਜ ਨੇ ਮੱਧਪੂਰਬ ਦੇ ਤੇਲ ਭੰਡਾਰਾਂ 'ਤੇ ਕਬਜ਼ਾ ਬਣਾਈ ਰੱਖਣ, ਰੂਸ ਤੇ ਚੀਨ ਖਿਲਾਫ ਅਰਬ ਮੁਲਕਾਂ 'ਚ ਅਪਣੇ ਫੌਜੀ ਅੱਡੇ ਬਣਾਈ ਰੱਖਣ ਲਈ ਤੇ ਕੁੱਲ ਦੁਨੀਆ 'ਚ ਅਪਣੀ ਸਰਦਾਰੀ ਤੇ ਸਾਮਰਾਜੀ ਧੌਂਸ ਬਣਾਈ ਰੱਖਣ ਲਈ ਇਹ ਨਿੱਹਕੇ ਹਮਲੇ ਤੇ ਕਤਲੋਗਾਰਤ ਕੀਤੀ ਜਾ ਰਹੀ ਹੈ। ਸੰਸਾਰ ਭਰ ਦੇ ਦੇਸਾਂ 'ਚ ਲੱਖਾਂ ਲੋਕਾਂ ਵੱਲੋਂ ਸੜਕਾਂ 'ਤੇ ਨਿੱਕਲ ਕੇ ਅਮਰੀਕਨ ਰਾਸ਼ਟਰਪਤੀ ਡੋਨਾਲਡ ਟਰੰਪ ਦੀਆਂ ਟਰੇਡ ਨੀਤੀਆਂ ਦਾ ਜ਼ਬਰਦਸਤ ਵਿਰੋਧ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਅਸਲ 'ਚ ਅਮਰੀਕਾ ਈਰਾਨ 'ਚ ਕਠਪੁਤਲੀ ਸਰਕਾਰ ਬਣਾਉਣ ਲਈ ਰਾਜਪਲਟਾ ਕਰਵਾਉਣਾ ਚਾਹੁੰਦਾ ਹੈ। ਸੰਸਾਰ 'ਚ ਦਰਜਨਾਂ ਮੁਲਕਾਂ 'ਚ ਹੁਣ ਤੱਕ ਰਾਜਪਲਟੇ ਕਰਵਾ ਕੇ ਹਜ਼ਾਰਾਂ ਲੋਕਾਂ ਦੇ ਕਤਲ ਕਰ ਚੁੱਕੇ ਅਮਰੀਕਾ ਤੇ ਇਜ਼ਰਾਈਲ ਕੋਲ ਖੁਦ ਪ੍ਰਮਾਣੂ ਬੰਬ ਹਨ, ਪਰ ਗੁੰਡਿਆਂ ਦਾ ਸਰਦਾਰ ਅਮਰੀਕਾ ਬਹਾਨੇ ਬਣਾ ਕੇ ਉਸ ਦੀ ਈਨ ਨਾ ਮੰਨਣ ਵਾਲੇ ਫਲਸਤੀਨ, ਲੀਬੀਆ, ਸੀਰੀਆ ਤੋਂ ਬਾਅਦ ਹੁਣ ਈਰਾਨ ਨੂੰ ਬੰਬਾਂ ਦਾ ਖਾਜਾ ਬਣਾ ਰਿਹਾ ਹੈ। ਉਨ੍ਹਾਂ ਸਮੂਹ ਇਨਸਾਫਪਸੰਦ ਤੇ ਅਮਨਪਸੰਦ ਲੋਕਾਂ ਨੂੰ ਅਮਰੀਕਾ ਤੇ ਇਜ਼ਰਾਈਲ ਖਿਲਾਫ ਅਤੇ ਫਲਸਤੀਨੀ ਲੋਕਾਂ ਦੇ ਹੱਕ 'ਚ ਸੜਕਾਂ 'ਤੇ ਆਉਣ ਦਾ ਸੱਦਾ ਦਿੱਤਾ ਹੈ। ਉਪਰੰਤ ਇਕੱਤਰ ਵਰਕਰਾਂ ਨੇ ਅਮਰੀਕਨ ਸਾਮਰਾਜ ਤੇ ਇਜ਼ਰਾਈਲ ਦੇ ਜੰਗੀ ਮਨਸੂਬਿਆਂ ਤੇ ਹਮਲਿਆਂ ਖਿਲਾਫ ਸ਼ਹਿਰ ਦੀਆਂ ਸੜਕਾਂ 'ਤੇ ਜ਼ਬਰਦਸਤ ਰੋਸ ਮਾਰਚ ਕੀਤਾ। ਸੰਬੋਧਨ ਕਰਨ ਵਾਲਿਆਂ 'ਚ ਕੰਵਲਜੀਤ ਖੰਨਾ, ਬਲਰਾਜ ਸਿੰਘ ਕੋਟਉਮਰਾ, ਅਮਨਦੀਪ ਮਾਛੀਕੇ, ਜਗਤਾਰ ਸਿੰਘ ਦੇਹੜਕਾ ਆਦਿ ਸ਼ਾਮਲ ਸਨ। ਇਸ ਸਮੇਂ ਇੰਦਰਜੀਤ ਸਿੰਘ ਧਾਲੀਵਾਲ, ਬਲਵਿੰਦਰ ਸਿੰਘ ਕੋਠੇ ਪੋਨਾ, ਨਿਰਮਲ ਸਿੰਘ ਧਾਲੀਵਾਲ, ਸੁਰਜੀਤ ਸਿੰਘ ਦਾਉਧਰ, ਜਸਵੰਤ ਸਿੰਘ ਕਲੇਰ, ਗੋਗੀ ਭੁੱਲਰ, ਜਸਵਿੰਦਰ ਸਿੰਘ ਭਮਾਲ, ਗੁਰਮੇਲ ਰੂਮੀ, ਜਸਪ੍ਰੀਤ ਸਿੰਘ ਢੋਲਣ, ਜਗਦੀਸ਼ ਸਿੰਘ ਕਉਂਕੇ, ਕੁਲਦੀਪ ਸਿੰਘ ਕੀਪਾ, ਮਦਨ ਸਿੰਘ ਆਦਿ ਹਾਜ਼ਰ ਸਨ।

# ਰੁਜ਼ਗਾਰ ਦੀ ਗਾਰੰਟੀ ਦਾ ਕਾਨੂੰਨ ਬਣਨ ਨਾਲ ਹੀ ਜਵਾਨੀ ਨੂੰ ਨਸ਼ਿਆਂ ਤੋਂ ਬਚਾਇਆ ਜਾ ਸਕਦੈ : ਧਰਮੂਵਾਲਾ, ਝੰਗੜ ਭੈਣੀ

## ਬਨੇਗਾ ਵਲੰਟੀਅਰਜ਼ ਵੱਲੋਂ 'ਬਨੇਗਾ ਐਕਸ਼ਨ ਡੇ' 'ਤੇ ਪ੍ਰਦਰਸ਼ਨ




**ਫਾਜ਼ਿਲਕਾ (ਪਰਮਜੀਤ ਢਾਬਾਂ)** ਸਰਬ ਭਾਰਤ ਨੌਜਵਾਨ ਸਭਾ ਤੇ ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਵੱਲੋਂ ਬਨੇਗਾ ਪ੍ਰਾਪਤੀ ਮੁਹਿੰਮ ਦੇ ਬੈਨਰ ਹੇਠ ਇਥੇ ਡਿਪਟੀ ਕਮਿਸ਼ਨਰ ਦਫਤਰ ਅੱਗੇ 90 ਘੰਟੇ ਕੰਮ ਹਫਤੇ ਦੀ ਤਜਵੀਜ਼ ਖਿਲਾਫ ਤੇ ਭਗਤ ਸਿੰਘ ਕੌਮੀ ਰੁਜ਼ਗਾਰ ਗਰੰਟੀ ਕਾਨੂੰਨ ਤੇ 6 ਘੰਟੇ ਦੀ ਕਾਨੂੰਨੀ ਕੰਮ ਦਿਹਾੜੀ ਦੀ ਪ੍ਰਾਪਤੀ ਲਈ ਇੱਥੇ ਬਨੇਗਾ ਵਲੰਟੀਅਰਜ਼ ਵੱਲੋਂ 'ਬਨੇਗਾ ਐਕਸ਼ਨ ਡੇ' 'ਤੇ ਪ੍ਰਦਰਸ਼ਨ ਕੀਤਾ ਗਿਆ। ਇਸ ਪ੍ਰਦਰਸ਼ਨ ਦੀ ਅਗਵਾਈ ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਦੇ ਸੂਬਾ ਪ੍ਰਧਾਨ ਰਮਨ ਧਰਮੂ ਵਾਲਾ, ਜ਼ਿਲ੍ਹਾ ਸਕੱਤਰ ਸਰਬ ਭਾਰਤ ਨੌਜਵਾਨ ਸਭਾ ਦੇ ਜ਼ਿਲ੍ਹਾ ਪ੍ਰਧਾਨ ਸੁਬੇਗ ਝੰਗੜ ਭੈਣੀ, ਜ਼ਿਲ੍ਹਾ ਸਕੱਤਰ ਹਰਭਜਨ ਛੱਪੜੀ ਵਾਲਾ, ਸੀਨੀਅਰ ਆਗੂ ਨਰਿੰਦਰ ਢਾਬਾਂ, ਗੁਰਦਿਆਲ ਢਾਬਾਂ, ਕੁਲਦੀਪ ਬੱਖੂ ਸ਼ਾਹ ਤੇ ਸੰਨੂ ਧੁਨਕੀਆਂ ਨੇ ਕੀਤੀ। ਇਸ ਮੌਕੇ ਹਾਜ਼ਰੀਨ ਨੂੰ ਸੰਬੋਧਨ ਕਰਦਿਆਂ ਸਾਥੀ ਰਮਨ ਧਰਮੂ ਵਾਲਾ ਤੇ ਸੁਬੇਗ ਝੰਗੜ ਭੈਣੀ ਨੇ ਕਿਹਾ ਕਿ ਮੌਜੂਦਾ ਕੇਂਦਰ ਦੀ ਸਰਕਾਰ ਅਤੇ ਦੇਸ਼ ਦੇ ਪੂੰਜੀਪਤੀਆਂ ਵੱਲੋਂ 12 ਘੰਟੇ ਕਾਨੂੰਨੀ ਕੰਮ ਦਿਹਾੜੀ ਤੇ 90 ਘੰਟੇ ਦਾ ਹਫਤਾ ਨੀਤੀਆਂ ਲਾਗੂ ਕਰਨ ਦੀਆਂ ਤਜਵੀਜ਼ਾਂ ਲਿਆ ਕੇ ਦੇਸ਼ ਦੀ ਜਵਾਨੀ ਨੂੰ ਘੋਰ ਨਿਰਾਸ਼ਾ ਤੇ ਨਸ਼ਿਆਂ ਵਰਗੀਆਂ ਅਲਾਮਤਾਂ ਵੱਲ ਧੱਕਣ ਦੀਆਂ ਸਾਜ਼ਿਸ਼ਾਂ ਰਚੀਆਂ ਜਾ ਰਹੀਆਂ ਹਨ। ਇਸ ਤਜਵੀਜ਼ ਦੇ ਲਾਗੂ ਹੋਣ ਨਾਲ ਕੰਮ 'ਤੇ ਲੱਗੇ ਕਾਮਿਆਂ ਦਾ ਕੰਮ ਬੋਝ ਖਤਰਨਾਕ ਹੱਦ ਤੱਕ ਵਧ ਜਾਵੇਗਾ ਅਤੇ ਦੂਜੇ ਪਾਸੇ ਐਤਵਾਰ ਦੀ ਛੁੱਟੀ ਵੀ ਖ਼ਤਮ ਹੋ ਜਾਵੇਗੀ, ਜੋ ਕਿ ਦੇਸ਼ ਤੇ ਕਿਰਤੀਆਂ ਵਿਰੋਧੀ ਹੈ, ਜਿਸ ਨੂੰ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ। ਆਗੂਆਂ ਨੇ ਅੱਗੇ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਸੂਬੇ ਅੰਦਰ ਲਗਾਤਾਰ ਵੱਧ ਰਹੇ ਨਸ਼ਿਆਂ ਨੂੰ ਰੋਕਣ ਲਈ ਸਰਕਾਰ ਵੱਲੋਂ ਕਰੋੜਾਂ ਰੁਪਏ ਖਰਚ ਕੀਤਾ ਜਾ ਰਿਹਾ ਹੈ, ਪ੍ਰੰਤੂ ਉਸ ਦਿਨ ਨਤੀਜੇ ਫਲਦਾਇਕ ਮਿਲਣੇ ਸਾਬਿਤ ਨਹੀਂ ਹੋ ਰਹੇ। ਆਗੂਆਂ ਨੇ ਜ਼ੋਰ ਦਿੰਦਿਆਂ ਕਿਹਾ ਕਿ ਜੇਕਰ ਸੂਬੇ ਅੰਦਰੋਂ ਮੁਕੰਮਲ ਤੌਰ 'ਤੇ ਨਸ਼ਿਆਂ ਦੀ ਜੜ੍ਹ ਨੂੰ ਪੁੱਟਣਾ ਹੈ ਤਾਂ ਸਭ ਲਈ ਰੁਜ਼ਗਾਰ ਦੀ ਗਾਰੰਟੀ ਕਰਨੀ ਹੋਵੇਗੀ, ਜਿਸ ਨਾਲ ਨੌਜਵਾਨ ਗਲਤ ਅਲਾਮਤਾਂ ਵਾਲੇ ਪਾਸੇ ਜਾਣ ਤੋਂ ਖੁਦ-ਬ-ਖੁਦ ਰੁਕ ਜਾਵੇਗਾ। ਰੁਜ਼ਗਾਰ ਦੀ ਗਰੰਟੀ ਕਰਨ ਨਾਲ ਹੀ ਦੇਸ਼ ਦੀ ਜਵਾਨੀ ਨੂੰ ਨਸ਼ਿਆਂ ਦੀ ਦਲਦਲ ਵਿੱਚੋਂ ਮੁਕੰਮਲ ਤੌਰ 'ਤੇ ਕੱਢਿਆ ਜਾ ਸਕਦਾ ਹੈ। ਉਨ੍ਹਾਂ ਕਿਹਾ ਕਿ ਬਨੇਗਾ ਪ੍ਰਾਪਤੀ ਮੁਹਿੰਮ ਵੱਲੋਂ ਹਰ ਇੱਕ ਲਈ ਰੁਜ਼ਗਾਰ ਦੀ ਗਾਰੰਟੀ ਕਰਦੇ ਬਨੇਗਾ ਭਾਵ ਭਗਤ ਸਿੰਘ ਕੌਮੀ ਰੁਜ਼ਗਾਰ ਗਰੰਟੀ ਕਾਨੂੰਨ ਨੂੰ ਪਾਰਲੀਮੈਂਟ ਵਿੱਚੋਂ ਪਾਸ ਕਰਵਾਉਣ ਤੇ 6 ਘੰਟੇ ਦੀ ਕਾਨੂੰਨੀ ਕੰਮ ਦਿਹਾੜੀ ਲਾਗੂ ਕਰਵਾਉਣ ਲਈ ਸੰਘਰਸ਼ ਕੀਤਾ ਜਾ ਰਿਹਾ ਹੈ, ਜੋ ਜਿੱਤ ਪ੍ਰਾਪਤੀ ਤੱਕ ਜਾਰੀ ਰਹੇਗਾ। ਇਸ ਬਨੇਗਾ ਪ੍ਰਦਰਸ਼ਨ ਮੌਕੇ ਹੋਰਨਾਂ ਤੋਂ ਇਲਾਵਾ ਜ਼ਿਲ੍ਹਾ ਆਗੂ ਆਗੂ ਸਤੀਸ਼ ਛੱਪੜੀ ਵਾਲਾ, ਪ੍ਰਵੀਨ ਰਾਣੀ ਹਸਤਾ ਕਲਾਂ, ਸੰਦੀਪ ਜੋਧਾ, ਹਰਚਰਨ ਪਾਲੀ ਵਾਲਾ ਆਦਿ ਆਗੂ ਤੇ ਵੱਡੀ ਗਿਣਤੀ ਵਿੱਚ ਵਰਕਰ ਹਾਜ਼ਰ ਸਨ।

**ਫ਼ਰੀਦਕੋਟ (ਐਲਿਗਜੈਂਡਰ ਡਿਸੂਜ਼ਾ)** : ਸਰਬ ਭਾਰਤ ਨੌਜਵਾਨ ਸਭਾ ਤੇ ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਵੱਲੋਂ ਬਨੇਗਾ ਪ੍ਰਾਪਤੀ ਮੁਹਿੰਮ ਦੇ ਬੈਨਰ ਹੇਠ ਇਥੇ ਡਿਪਟੀ ਕਮਿਸ਼ਨਰ ਦਫਤਰ ਅੱਗੇ 90 ਘੰਟੇ ਕੰਮ ਹਫਤੇ ਦੀ ਤਜਵੀਜ਼ ਖਿਲਾਫ ਤੇ ਭਗਤ ਸਿੰਘ ਕੌਮੀ ਰੁਜ਼ਗਾਰ ਗਰੰਟੀ ਕਾਨੂੰਨ ਤੇ 6 ਘੰਟੇ ਦੀ ਕਾਨੂੰਨੀ ਕੰਮ ਦਿਹਾੜੀ ਦੀ ਪ੍ਰਾਪਤੀ ਲਈ ਇੱਥੇ ਬਨੇਗਾ ਵਲੰਟੀਅਰਜ਼ ਵੱਲੋਂ 'ਬਨੇਗਾ ਐਕਸ਼ਨ ਡੇ' 'ਤੇ ਪ੍ਰਦਰਸ਼ਨ ਕੀਤਾ ਗਿਆ।

ਇਸ ਪ੍ਰਦਰਸ਼ਨ ਦੀ ਅਗਵਾਈ ਸਰਬ ਭਾਰਤ ਨੌਜਵਾਨ ਸਭਾ ਦੇ ਜ਼ਿਲ੍ਹਾ ਪ੍ਰਧਾਨ ਚਰਨਜੀਤ ਚਮੇਲੀ ਤੇ ਜ਼ਿਲ੍ਹਾ ਸਕੱਤਰ ਕੁਲਵਿੰਦਰ ਡੱਗੋ ਰੋਮਾਣਾ ਨੇ ਕੀਤੀ। ਇਸ ਬਨੇਗਾ ਪ੍ਰਦਰਸ਼ਨ ਮੌਕੇ ਹੋਰਨਾਂ ਤੋਂ ਇਲਾਵਾ ਜ਼ਿਲ੍ਹਾ ਆਗੂ ਗੁਰਵਿੰਦਰ ਸਿੰਘ ਚਮੇਲੀ, ਜਸਵਿੰਦਰ ਡੱਗੋ ਰੋਮਾਣਾ, ਮੋਹਿਤ ਫਰੀਦਕੋਟ ਤੇ ਸਾਗਰ ਸਿੰਘ ਆਦਿ ਆਗੂ ਹਾਜ਼ਰ ਸਨ।

## ਕਾਤਰਾਂ

### ਸੜਕ ਹਾਦਸੇ 'ਚ ਨੌਜਵਾਨ ਦੀ ਮੌਤ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸਰਹਿੰਦ-ਮੰਡੀ ਗੋਬਿੰਦਗੜ੍ਹ 'ਤੇ ਸਥਿਤ ਫਲੋਟਿੰਗ ਰੈਸਟੋਰੈਂਟ ਨੇੜੇ ਤੇਜ਼ ਰਫਤਾਰ ਵਾਹਨ ਦੀ ਲਪੇਟ 'ਚ ਆਉਣ ਕਾਰਨ ਇੱਕ ਅਣਪਛਾਤੇ ਨੌਜਵਾਨ ਦੀ ਮੌਤ ਹੋ ਜਾਣ ਦਾ ਸਮਾਚਾਰ ਹੈ। ਮਾਮਲੇ ਦੀ ਤਫਤੀਸ਼ ਕਰ ਰਹੇ ਥਾਣਾ ਸਰਹਿੰਦ ਦੇ ਸਹਾਇਕ ਥਾਣੇਦਾਰ ਗੁਰਚਰਨ ਸਿੰਘ ਨੇ ਦੱਸਿਆ ਕਿ ਜੀ. ਟੀ. ਰੋਡ 'ਤੇ ਫਲੋਟਿੰਗ ਰੈਸਟੋਰੈਂਟ ਨੇੜਿਓਂ ਇੱਕ ਨੌਜਵਾਨ ਦੀ ਲਾਸ਼ ਮਿਲੀ ਹੈ, ਜਿਸ ਦੀ ਪਹਿਚਾਣ ਨਹੀਂ ਹੋ ਸਕੀ। ਉਨ੍ਹਾਂ ਦੱਸਿਆ ਕਿ ਮ੍ਰਿਤਕ ਦੀ ਉਮਰ ਕਰੀਬ 18 ਸਾਲ, ਕੱਦ 5 ਫੁੱਟ 5 ਇੰਚ, ਰੰਗ ਸਾਂਵਲਾ, ਸਰੀਰ ਪਤਲਾ, ਸਿਰ ਤੇ ਦਾੜ੍ਹੀ ਦੇ ਕੇਸ ਕੱਟੇ ਹੋਏ ਅਤੇ ਹਰੇ ਰੰਗ ਦੀ ਲੋਅਰ ਪਹਿਨੀ ਹੋਈ ਹੈ। ਉਨ੍ਹਾਂ ਦੱਸਿਆ ਕਿ ਮੁੱਢਲੀ ਤਫਤੀਸ਼ ਦੌਰਾਨ ਸਾਹਮਣੇ ਆਇਆ ਹੈ ਇੱਕ ਚਿੱਟੇ ਰੰਗ ਦੀ ਤੇਜ਼ ਰਫ਼ਤਾਰ ਕਾਰ ਦੀ ਲਪੇਟ 'ਚ ਆਉਣ ਕਾਰਨ ਉਕਤ ਨੌਜਵਾਨ ਦੀ ਮੌਤ ਹੋਈ ਹੈ, ਜਿਸ ਦੇ ਨਾਮਾਲੂਮ ਚਾਲਕ ਵਿਰੁੱਧ ਮੁਕੱਦਮਾ ਦਰਜ ਕਰਕੇ ਮਾਮਲੇ ਦੀ ਤਫਤੀਸ਼ ਕੀਤੀ ਜਾ ਰਹੀ ਹੈ।

### ਪ੍ਰੈੱਸ ਕਲੱਬ ਦੇ ਪ੍ਰਧਾਨ ਅਸ਼ੋਕ ਕੁਮਾਰ ਨੂੰ ਸਦਮਾ, ਮਾਤਾ ਦਾ ਦੇਹਾਂਤ

**ਸਮਾਣਾ (ਗੁਰਪਿਆਰ ਸਿੰਘ ਬੱਲ, ਇਕਬਾਲ ਸਿੰਘ ਬੱਲ)**-ਪ੍ਰੈੱਸ ਕਲੱਬ ਸਮਾਣਾ ਦੇ ਪ੍ਰਧਾਨ ਅਸ਼ੋਕ ਕੁਮਾਰ ਪੱਤਰਕਾਰ ਤੇ ਲੋਕ ਰਾਜ ਜੀ ਕਰਿਆਨਾ ਵਾਲੇ ਨੂੰ ਉਸ ਸਮੇਂ ਗਹਿਰਾ ਸਦਮਾ ਲੱਗਾ, ਜਦੋਂ ਉਨ੍ਹਾਂ ਦੇ ਸਤਿਕਾਰਯੋਗ ਮਾਤਾ ਖੇਮੀ ਬਾਈ (ਧਰਮਪਤਨੀ ਸ਼੍ਰੀ ਭਵਾਨੀ ਰਾਮ) ਇਸ ਸੰਸਾਰ ਨੂੰ ਸਦੀਵੀ ਵਿਛੋੜਾ ਦੇ ਗਈ। ਇਸ ਦੁੱਖ ਦੀ ਘੜੀ ਵਿੱਚ ਸਾਬਕਾ ਮੰਤਰੀ ਤੇ ਹਲਕਾ ਸਮਾਣਾ ਵਿਧਾਇਕ ਸ੍ਰ. ਚੇਤਨ ਸਿੰਘ ਜੌੜਾਮਾਜਰਾ, ਸਾਬਕਾ ਕੈਬਨਿਟ ਮੰਤਰੀ ਸੁਰਜੀਤ ਸਿੰਘ ਰੱਖੜਾ, ਸਾਬਕਾ ਵਿਧਾਇਕ ਰਜਿੰਦਰ ਸਿੰਘ, ਮੈਡਮ ਗੁਰਸ਼ਰਨ ਕੌਰ ਰੰਧਾਵਾ, ਪ੍ਰਵੀਨ ਸ਼ਰਮਾ, ਅਗਰਵਾਲ ਧਰਮਸ਼ਾਲਾ ਪ੍ਰਧਾਨ ਮਦਨ ਮਿੱਤਲ, ਮਨਜਿੰਦਰ ਸਿੰਘ ਰਾਣਾ ਸੇਖੋਂ, ਗੋਪਾਲ ਕ੍ਰਿਸ਼ਨ ਗਰਗ, ਕਪੂਰ ਚੰਦ ਬਾਂਸਲ, ਅਸ਼ੋਕ ਮੋਦਗਿੱਲ, ਸ਼ਿਵ ਲੰਗਰ ਕਮੇਟੀ ਦੇ ਪ੍ਰਧਾਨ, ਭਾਜਪਾ ਆਗੂ ਨਲਿਨੀ ਚੋਪੜਾ ਸਮੇਤ ਵੱਖ ਵੱਖ ਰਾਜਨੀਤਕ, ਧਾਰਮਿਕ, ਸਮਾਜਿਕ ਆਗੂਆਂ ਤੇ ਸਮੂਹ ਪੱਤਰਕਾਰ ਭਾਈਚਾਰੇ ਵੱਲੋਂ ਅਸ਼ੋਕ ਕੁਮਾਰ ਤੇ ਉਨ੍ਹਾਂ ਦੇ ਪਰਿਵਾਰ ਨਾਲ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ। ਮਾਤਾ ਖੇਮੀ ਬਾਈ ਨਮਿੱਤ ਪਾਠ ਦੇ ਭੋਗ ਦੀ ਰਸਮ ਮਾਤਾ ਨੈਣਾ ਆਰੀਆ ਧਰਮਸ਼ਾਲਾ ਵਿੱਚ 6 ਜੁਲਾਈ ਨੂੰ 12 ਵਜੇ ਤੋਂ 1 ਵਜੇ ਤੱਕ ਹੋਵੇਗੀ।

### ਵਿਦੇਸ਼ ਭੇਜਣ ਦਾ ਝਾਂਸਾ ਦੇ ਕੇ 4.32 ਲੱਖ ਦੀ ਮਾਰੀ ਠੱਗੀ, ਮਾਮਲਾ ਦਰਜ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਫਿਰੋਜ਼ਪੁਰ ਵਿਖੇ ਇੱਕ ਲੜਕੀ ਨੂੰ ਵਿਦੇਸ਼ ਭੇਜਣ ਦਾ ਝਾਂਸਾ ਦੇ ਕੇ 4 ਲੱਖ 32 ਹਜ਼ਾਰ ਦੀ ਠੱਗੀ ਮਾਰਨ ਵਾਲੇ ਇਕ ਵਿਅਕਤੀ ਖਿਲਾਫ ਥਾਣਾ ਸਦਰ ਫਿਰੋਜ਼ਪੁਰ ਵਿਖੇ 316 (2), 318 (4) ਬੀਐੱਨਐੱਸ ਤਹਿਤ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਸਹਾਇਕ ਥਾਣੇਦਾਰ ਕੁਲਵੰਤ ਸਿੰਘ ਨੇ ਦੱਸਿਆ ਕਿ ਇਕ ਪੜਤਾਲੀਆ ਰਿਪੋਰਟ ਨੰਬਰ ਯੂਆਈਡੀ 583975 ਮਿਤੀ 16 ਅਪ੍ਰੈਲ 2025 ਵੱਲੋਂ ਮਧੂ ਪੁੱਤਰੀ ਸੁਗਰੀਵ ਵਾਸੀ ਪਿੰਡ ਨਾਰੰਗ ਕੇ ਸਿਆਲ ਥਾਣਾ ਸਦਰ ਫਿਰੋਜ਼ਪੁਰ, ਜ਼ਿਲ੍ਹਾ ਫਿਰੋਜ਼ਪੁਰ, ਜੋ ਬਾਅਦ ਪੜਤਾਲ ਉਪ ਕਪਤਾਨ ਪੁਲਸ (ਪੀਬੀਆਈ) ਸਪੈਸ਼ਲ ਕਰਾਇਮ ਫਿਰੋਜ਼ਪੁਰ ਤੇ ਬਾਅਦ ਸੀਨੀਅਰ ਅਫਸਰਾਨ ਬਾਲਾ ਵੱਲੋਂ ਮੁਕੱਦਮਾ ਦਰਜ ਰਜਿਸਟਰ ਕਰਨ ਲਈ ਮੌਸੂਲ ਥਾਣਾ ਹੋਈ ਕਿ ਉਤਰਾਵਾਦੀ ਪ੍ਰਦੀਪ ਕੁਮਾਰ ਪੁੱਤਰ ਜੋਗਿੰਦਰ ਸਿੰਘ ਵਾਸੀ ਰਾਮ ਸ਼ਰਨਮ ਕਲੋਨੀ ਮਕਾਨ ਨੰਬਰ 8 ਫਾਜ਼ਿਲਕਾ ਜ਼ਿਲ੍ਹਾ ਫਾਜ਼ਿਲਕਾ ਨੇ ਦਰਖਾਸਤਣ ਮਧੂ ਪੁੱਤਰੀ ਸੁਗਰੀਵ ਵਾਸੀ ਪਿੰਡ ਨਾਰੰਗ ਕੇ ਸਿਆਲ ਨੂੰ ਵਿਦੇਸ਼ ਭੇਜਣ ਦਾ ਝਾਂਸਾ ਦੇ ਕੇ ਉਸ ਨਾਲ 4 ਲੱਖ 32 ਹਜ਼ਾਰ ਰੁਪਏ ਦੀ ਠੱਗੀ ਮਾਰੀ ਹੈ। ਪੁਲਸ ਨੇ ਦੱਸਿਆ ਕਿ ਉਕਤ ਦੋਸ਼ੀ ਖਿਲਾਫ ਮਾਮਲਾ ਦਰਜ ਕਰ ਲਿਆ ਹੈ।

# ਦੁਕਾਨ 'ਚੋਂ 73 ਹਜ਼ਾਰ ਰੁਪਏ ਚੋਰੀ ਕਰਨ ਵਾਲੇ ਗਰੋਹ ਦਾ ਮੈਂਬਰ ਗ੍ਰਿਫਤਾਰ

## ਪੁਲਸ ਨੇ ਕੀਤਾ ਤਿੰਨ ਖਿਲਾਫ ਮਾਮਲਾ ਦਰਜ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਫਿਰੋਜ਼ਪੁਰ ਸ਼ਹਿਰ ਟਾਹਲੀ ਮੁਹੱਲਾ ਵਿਖੇ ਕਨਫੈਸਰੀ ਦੀ ਦੁਕਾਨ 'ਚੋਂ 73 ਹਜ਼ਾਰ ਰੁਪਏ ਚੋਰੀ ਕਰਨ ਵਾਲੇ ਗਰੋਹ ਦਾ ਇਕ ਮੈਂਬਰ ਨੂੰ ਮੋਟਰਸਾਈਕਲ ਗ੍ਰਿਫਤਾਰ ਕਰਕੇ ਤਿੰਨ ਖਿਲਾਫ 305, 331 (2) ਬੀਐੱਨਐੱਸ ਤਹਿਤ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿੱਚ ਸੁਰਿੰਦਰ ਕੁਮਾਰ ਪੁੱਤਰ ਸ਼ਿਵ ਦਿਆਲ ਵਾਸੀ ਟਾਹਲੀ ਮੁਹੱਲਾ, ਫਿਰੋਜ਼ਪੁਰ ਸ਼ਹਿਰ ਨੇ ਦੱਸਿਆ ਕਿ ਉਹ ਕਨਫੈਸਰੀ ਦਾ ਕੰਮ ਕਰਦਾ ਹੈ ਤੇ 15 ਜੂਨ 2025 ਨੂੰ ਉਹ ਰਾਤ ਆਪਣੀ ਦੁਕਾਨ ਟਾਹਲੀ ਮੁਹੱਲਾ ਬੰਦ ਕਰਕੇ ਗਿਆ ਸੀ। ਸੁਰਿੰਦਰ ਕੁਮਾਰ ਨੇ ਦੱਸਿਆ ਕਿ ਜਦੋਂ 16 ਜੂਨ 2025 ਨੂੰ ਸਵੇਰੇ ਦੁਕਾਨ ਤੋਂ ਆਇਆ ਤਾਂ ਵੇਖਿਆ ਕਿ ਉਸ ਦੀ ਦੁਕਾਨ ਦਾ ਸ਼ਟਰ ਟੁੱਟਿਆ ਪਿਆ ਸੀ ਅਤੇ ਜਦੋਂ ਦੁਕਾਨ ਦੇ ਅੰਦਰ ਗਿਆ ਤਾਂ ਵੇਖਿਆ ਕਿ ਦੁਕਾਨ ਦਾ ਸਾਮਾਨ ਉਥਲ ਪੁਥਲ ਹੋਇਆ ਪਿਆ ਸੀ। ਸੁਰਿੰਦਰ ਕੁਮਾਰ ਨੇ ਦੱਸਿਆ ਕਿ ਉਸ ਦੀ ਦੁਕਾਨ ਦੇ ਕਾਉਂਟਰ ਚੈੱਕ ਕੀਤਾ ਤਾਂ ਕਾਉਂਟਰ ਦਾ ਮੇਨ ਗੱਲਾ ਗਾਇਬ ਸੀ ਤੇ ਗੱਲੇ ਵਿੱਚੋਂ ਕਰੀਬ 73 ਹਜ਼ਾਰ ਰੁਪਏ ਸਨ, ਜੋ ਕਿ ਚੋਰੀ ਹੋ ਚੁੱਕੇ ਸੀ ਤੇ ਜੋ ਅਣਪਛਾਤੇ ਚੋਰਾਂ ਵੱਲੋਂ 15-16 ਜੂਨ 2025 ਦੀ ਦਰਮਿਆਨੀ ਰਾਤ ਚੋਰੀ ਕਰ ਲਏ ਗਏ ਹਨ। ਜਦੋਂ ਦੁਕਾਨ ਦੇ ਅੰਦਰ ਲੱਗੇ ਸੀਸੀਟੀਵੀ ਕੈਮਰਾ ਚੈੱਕ ਕੀਤਾ ਤਾਂ ਵੇਖਿਆ ਕਿ ਸਵੇਰੇ 4.54 ਮਿੰਟ ਏਐੱਮ ਨੂੰ ਤਿੰਨ ਅਣਪਛਾਤੇ ਚੋਰ ਇਕ ਹੀਰੋ ਸਪਲੈਂਡਰ ਮੋਟਰਸਾਈਕਲ 'ਤੇ ਆ ਕੇ ਦੁਕਾਨ ਦਾ ਸ਼ਟਰ ਤੋੜ ਕੇ ਅੰਦਰ ਪੈਸੇ ਚੋਰੀ ਕਰਕੇ ਲੈ ਜਾ ਰਹੇ ਸਨ। ਸੁਰਿੰਦਰ ਕੁਮਾਰ ਨੇ ਦੱਸਿਆ ਕਿ ਉਸ ਨੂੰ ਪਤਾ ਲੱਗਾ ਹੈ ਕਿ ਜੋ 16 ਜੂਨ 2025 ਨੂੰ ਸਵੇਰੇ 4.54 ਮਿੰਟ 'ਤੇ ਉਸ ਦੀ ਦੁਕਾਨ ਦਾ ਸ਼ਟਰ ਭੰਨ ਕੇ ਗੱਲੇ ਵਿੱਚੋਂ 73 ਹਜ਼ਾਰ ਰੁਪਏ ਚੋਰੀ ਕੀਤੇ ਹਨ, ਉਹ ਜਗਰੂਪ ਸਿੰਘ ਪੁੱਤਰ ਦਵਿੰਦਰ ਸਿੰਘ ਵਾਸੀ ਪਿੰਡ ਬੁਟ ਰੋਸ਼ਨ ਸ਼ਾਹ ਥਾਣਾ ਸਦਰ ਜ਼ੀਰਾ, ਹਾਲ ਪਿੰਡ ਗਿੱਲਾਂ ਵਾਲਾ, ਸਚੀਨ ਉਰਫ ਚੱਚਾ ਪੁੱਤਰ ਅਮੀਤ ਵਾਸੀ ਆਵਾ ਬਸਤੀ ਫਿਰੋਜ਼ਪੁਰ ਸ਼ਹਿਰ ਤੇ ਅਕਸ਼ੈ ਨੇ ਚੋਰੀ ਕੀਤੇ ਹਨ। ਇਸ ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਗੁਰਮੀਤ ਸਿੰਘ ਨੇ ਦੱਸਿਆ ਕਿ ਪੁਲਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਜਗਰੂਪ ਸਿੰਘ ਨੂੰ ਮੋਟਰਸਾਈਕਲ ਸਮੇਤ ਗ੍ਰਿਫਤਾਰ ਕਰਕੇ ਬਾਕੀ ਦੋਸ਼ੀਆਨ ਦੀ ਭਾਲ ਸ਼ੁਰੂ ਕਰ ਦਿੱਤੀ ਹੈ।

# ਕਿਸਾਨ-ਮਜ਼ਦੂਰ ਸੰਘਰਸ਼ ਕਮੇਟੀ ਵੱਲੋਂ 14 ਨੂੰ ਐਕਸੀਅਨ ਦਫ਼ਤਰ ਅੱਗੇ ਧਰਨਾ

## ਲੈਂਡ ਪੂਲਿੰਗ ਪਾਲਸੀ ਦਾ ਵਿਰੋਧ ਤੇ ਅਬਾਦਕਾਰ ਕਿਸਾਨਾਂ ਨੂੰ ਪੱਕੇ ਮਾਲਕੀ ਹੱਕ ਦੇਵੇ ਸਰਕਾਰ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਜ਼ਿਲ੍ਹਾ ਫਿਰੋਜ਼ਪੁਰ ਦੇ ਸਾਰੇ ਜ਼ੋਨ ਦੇ ਆਗੂਆਂ ਦੀ ਮੀਟਿੰਗ ਗੁਰਦੁਆਰਾ ਆਰਿਫ਼ ਕੇ ਵਿਖੇ ਜ਼ਿਲ੍ਹਾ ਪ੍ਰਧਾਨ ਇੰਦਰਜੀਤ ਸਿੰਘ ਬਾਠ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿੱਚ ਸੂਬਾ ਪ੍ਰਧਾਨ ਸੁਖਵਿੰਦਰ ਸਿੰਘ ਸਭਰਾ ਤੇ ਜ਼ਿਲ੍ਹਾ ਸਕੱਤਰ ਗੁਰਮੇਲ ਸਿੰਘ ਫੱਤੇਵਾਲਾ ਵੀ ਹਾਜ਼ਰ ਸਨ। ਮੀਟਿੰਗ 'ਚ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਪ੍ਰੈੱਸ ਸਕੱਤਰ ਬਲਜਿੰਦਰ ਸਿੰਘ ਤਲਵੰਡੀ ਨਿਪਾਲਾਂ ਨੇ ਦੱਸਿਆ ਕਿ ਆਗੂਆਂ ਨੇ ਬਿਜਲੀ ਦੇ ਨਿਗਮੀਕਰਨ ਦੇ ਤਹਿਤ ਪਿੰਡਾਂ ਸ਼ਹਿਰਾਂ ਵਿੱਚ ਲਗਾਏ ਜਾ ਰਹੇ ਸਮਾਰਟ ਚਿੱਪ ਵਾਲੇ ਮੀਟਰਾਂ ਨੂੰ ਰੋਕਣ ਤੇ ਬਿਜਲੀ ਅਦਾਰਿਆਂ ਨੂੰ ਨਿੱਜੀ ਹੱਥਾਂ ਵਿੱਚ ਦੇਣ ਨੇ ਨਾਲ ਪੰਜਾਬ ਦੇ ਪਿੰਡਾਂ ਦੀ ਹਜ਼ਾਰਾਂ ਏਕੜ ਜ਼ਮੀਨ ਵੀ ਇਨ੍ਹਾਂ ਕਾਰਪੋਰੇਟ ਘਰਾਨਿਆਂ ਦੇ ਕਬਜ਼ੇ ਵਿੱਚ ਚੱਲੀ ਜਾਵੇਗੀ ਤੇ ਆਮ ਲੋਕਾਂ ਦੀ ਪਹੁੰਚ ਤੋਂ ਬਾਹਰ ਹੋ ਜਾਵੇਗੀ, ਜਿਸ ਦੇ ਵਿਰੋਧ ਵਿੱਚ 14 ਜੁਲਾਈ ਨੂੰ ਫਿਰੋਜ਼ਪੁਰ ਬਿਜਲੀ ਬੋਰਡ ਦੇ ਐਕਸੀਅਨ ਦਫ਼ਤਰ ਅੱਗੇ ਧਰਨਾ ਪ੍ਰਦਰਸ਼ਨ ਕੀਤਾ ਜਾਵੇਗਾ। ਕਿਸਾਨ ਆਗੂਆਂ ਨੇ ਅੱਗੇ ਦੱਸਿਆ ਕਿ ਹਰੇਕ ਸਰਕਾਰ ਦੇ ਪ੍ਰਤੀਨਿਧੀਆਂ ਵਲੋਂ ਸਰਕਾਰਾਂ ਬਣਾਉਣ ਵੇਲੇ ਅਬਾਦਕਾਰ ਕਿਸਾਨਾਂ ਨੂੰ ਪੱਕੇ ਮਾਲਕੀ ਹੱਕ ਦੇਣ ਦੀ ਗੱਲ ਆਪਣੇ ਚੋਣ ਮੈਨੀਫੈਸਟੋ ਵਿੱਚ ਕੀਤੀ ਜਾਂਦੀ ਹੈ, ਪਰ ਸੱਤਾ ਦੇ ਨਸ਼ੇ ਵਿੱਚ ਸਭ ਭੁੱਲ ਜਾਂਦੇ ਹਨ ਤੇ ਪੁਰਾਣੀਆਂ ਜ਼ਮੀਨਾਂ ਨੂੰ ਆਬਾਦ ਕਰਨ ਵਾਲੇ ਕਿਸਾਨਾਂ ਮਜ਼ਦੂਰਾਂ 'ਤੇ ਸਰਕਾਰੀ ਸ਼ਹਿ 'ਤੇ ਪ੍ਰਸ਼ਾਸਨ ਵੱਲੋਂ ਜਬਰੀ ਉਜਾੜੇ ਕੀਤੇ ਜਾ ਰਹੇ ਹਨ, ਜਿਸ ਨੂੰ ਕਿਸਾਨ ਮਜ਼ਦੂਰ ਜਥੇਬੰਦੀ ਕਦੇ ਵੀ ਬਰਦਾਸ਼ਤ ਨਹੀਂ ਕਰੇਗੀ, ਚਾਹੇ ਇਸ ਲਈ ਲਹੂ ਵੀਟਵੇਂ ਸੰਘਰਸ਼ ਵੀ ਕਰਨੇ ਪਏ ਤਾਂ ਵੀ ਪਿੱਛੇ ਨਹੀਂ ਹਟਣਗੇ ਤੇ ਸਰਕਾਰ ਵੱਲੋਂ ਜ਼ਮੀਨਾਂ ਨੂੰ ਜਬਰੀ ਐਕਵਾਇਰ ਕਰਕੇ ਲੈਂਡ ਪੋਲਿੰਗ ਪਾਲਸੀ ਤਹਿਤ ਕਾਰਪੋਰੇਟ ਘਰਾਨਿਆਂ ਨੂੰ ਦੇਣ ਲਈ ਜੋ ਹੱਥਕੰਡੇ ਅਪਣਾਏ ਜਾ ਰਹੇ ਹਨ, ਦਾ ਜਥੇਬੰਦੀ ਵੱਲੋਂ ਸਖਤ ਵਿਰੋਧ ਕੀਤਾ ਜਾਵੇਗਾ। ਇਸ ਮੌਕੇ ਧਰਮ ਸਿੰਘ ਸਿੱਧੂ, ਨਰਿੰਦਰਪਾਲ ਸਿੰਘ ਜਤਾਲਾ, ਅਮਨਦੀਪ ਸਿੰਘ ਕੱਚਰਭੰਨ, ਹਰਫੂਲ ਸਿੰਘ ਦੂਲੇਵਾਲਾ, ਸੁਰਜੀਤ ਸਿੰਘ ਫੌਜੀ, ਵੀਰ ਸਿੰਘ ਨਿਜਾਮਦੀਨ ਵਾਲਾ, ਮੰਗਲ ਸਿੰਘ ਸਵਾਈਕੇ, ਗੁਰਬਖ਼ਸ਼ ਸਿੰਘ ਪੰਜਗਰਾਈਂ, ਬੂਟਾ ਸਿੰਘ ਕਰੀਕਲਾਂ, ਮੱਖਣ ਸਿੰਘ ਵਾੜਾ, ਲਖਵਿੰਦਰ ਸਿੰਘ ਵਸਤੀ ਨਾਮਦੇਵ, ਅਵਤਾਰ ਸਿੰਘ ਫਿਰੋਜ਼ਪੁਰ, ਮੇਜਰ ਸਿੰਘ ਗਜਨੀਵਾਲਾ, ਗੁਰਦਿਆਲ ਸਿੰਘ ਟਿੱਬੀ, ਗੁਰਭੇਜ ਸਿੰਘ ਕਿੱਲੀ, ਮਹਿਤਾਬ ਸਿੰਘ ਕੱਚਰਭੰਨ, ਕੇਵਲ ਸਿੰਘ ਵਾਹਕਾ, ਸੁਖਦੇਵ ਸਿੰਘ ਮੱਲਾਂਵਾਲਾ, ਬਚਿੱਤਰ ਸਿੰਘ ਦੂਲੇ ਵਾਲਾ, ਜੋਗਾ ਸਿੰਘ ਬੇਰਕਾਂ, ਕੇਵਲ ਸਿੰਘ ਬੂਈਆ ਵਾਲਾ ਆਦਿ ਆਗੂ ਹਾਜ਼ਰ ਸਨ।

# ਲੋਕ ਚੇਤਨਾ ਮੰਚ ਵੱਲੋਂ ਇਜ਼ਰਾਈਲ ਤੇ ਅਮਰੀਕਾ ਵਿਰੁੱਧ ਪ੍ਰਦਰਸ਼ਨ




**ਲਹਿਰਾਗਾਗਾ (ਪਵਨ ਸ਼ਰਮਾ)**-ਲੋਕ ਚੇਤਨਾ ਮੰਚ ਲਹਿਰਾਗਾਗਾ ਵੱਲੋਂ ਬੀਤੀ ਸ਼ਾਮ ਨੂੰ ਲਹਿਰਾ ਸੁਨਾਮ ਮੁੱਖ ਮਾਰਗ 'ਤੇ ਨਹਿਰ ਦੇ ਪੁਲ 'ਤੇ ਇਜ਼ਰਾਈਲ ਤੇ ਅਮਰੀਕਾ ਵੱਲੋਂ ਈਰਾਨ 'ਤੇ ਥੋਪੀ ਗਈ ਨਿੱਹਕੀ ਜੰਗ ਵਿਰੁੱਧ ਤੇ ਆਲਮੀ ਸ਼ਾਂਤੀ ਦੇ ਪੱਖ ਵਿੱਚ ਜ਼ੋਰਦਾਰ ਪ੍ਰਦਰਸ਼ਨ ਕੀਤਾ ਅਤੇ ਇਜ਼ਰਾਈਲ ਤੇ ਅਮਰੀਕਾ ਖਿਲਾਫ ਭਾਰੀ ਨਾਅਰੇਬਾਜ਼ੀ ਕੀਤੀ। ਮੰਚ ਦੇ ਪ੍ਰਦਰਸ਼ਨਕਾਰੀਆਂ ਨੇ ਇਜ਼ਰਾਈਲ ਵੱਲੋਂ ਫਲਸਤੀਨੀ ਲੋਕਾਂ ਦੀ ਕੀਤੀ ਜਾ ਰਹੀ ਨਸਲਕੁਸ਼ੀ ਵਿਰੁੱਧ ਵੀ ਆਵਾਜ਼ ਬੁਲੰਦ ਕੀਤੀ। ਪ੍ਰਦਰਸ਼ਨਕਾਰੀਆਂ ਨੂੰ ਸੰਬੋਧਨ ਕਰਦੇ ਹੋਏ ਮੰਚ ਦੇ ਪ੍ਰਧਾਨ ਗਿਆਨ ਚੰਦ ਸ਼ਰਮਾ ਤੇ ਮਹਿੰਦਰ ਸਿੰਘ, ਜਗਦੀਸ਼ ਪਾਪੜਾ ਨੇ ਕਿਹਾ ਕਿ ਇਜ਼ਰਾਇਲ ਵੱਲੋਂ ਬਿਨਾਂ ਕਿਸੇ ਭੜਕਾਹਟ ਦੇ ਅਮਰੀਕਾ ਦੀ ਸ਼ਹਿ ਤੇ ਹਮਾਇਤ ਨਾਲ ਈਰਾਨ 'ਤੇ ਹਮਲਾ ਕਰਕੇ ਸਮੁੱਚੇ ਅਰਬ ਜਗਤ ਨੂੰ ਜੰਗ ਦੀ ਭੱਠੀ ਵਿੱਚ ਝੋਕਿਆ ਗਿਆ ਅਤੇ ਫਿਰ ਖੁਦ ਅਮਰੀਕਾ ਵੱਲੋਂ ਈਰਾਨ ਦੇ ਪ੍ਰਮਾਣੂ ਟਿਕਾਣਿਆਂ 'ਤੇ ਬੰਬਾਰੀ ਕੀਤੀ ਗਈ। ਯੂ ਐੱਨ ਓ ਦੇ ਚਾਰਟ ਮੁਤਾਬਕ ਕਿਸੇ ਵੀ ਦੇਸ਼ ਵੱਲੋਂ ਦੂਜੇ ਦੇਸ਼ ਦੇ ਪ੍ਰਮਾਣੂ ਟਿਕਾਣਿਆਂ 'ਤੇ ਹਮਲਾ ਮੁਜਰਮਾਨਾ ਕਾਰਵਾਈ ਹੈ। ਉਨ੍ਹਾਂ ਕਿਹਾ ਕਿ ਇਸ ਹਮਲੇ ਦਾ ਮਕਸਦ ਤੇਲ ਭੰਡਾਰਾਂ ਦੀ ਧਰਤੀ ਮੱਧ ਪੂਰਬ ਬਾਰੇ ਸਾਮਰਾਜੀ ਸਕੀਮਾਂ ਦੇ ਰਾਹ ਵਿੱਚ ਅੜਿੱਕਾ ਬਣਨ ਵਾਲੀ ਕਿਸੇ ਵੀ ਸੰਭਾਵੀ ਚੁਣੌਤੀ ਨੂੰ ਖਤਮ ਕਰਨਾ ਸੀ, ਪਰ ਇਰਾਨ ਦੇ ਜ਼ੋਰਦਾਰ ਵਿਰੋਧ ਸਦਕਾ ਉਨ੍ਹਾਂ ਨੂੰ ਮੂੰਹ ਦੀ ਖਾਣੀ ਪਈ ਹੈ। ਪ੍ਰਦਰਸ਼ਨਕਾਰੀਆਂ ਨੇ ਸੰਸਾਰ ਅਮਨ ਲਈ ਸਾਰੇ ਪ੍ਰਮਾਣੂ ਤੇ ਹੋਰ ਖਤਰਨਾਕ ਹਥਿਆਰ ਖਤਮ ਕਰਨ ਤੇ ਫਲਸਤੀਨੀ ਲੋਕਾਂ ਦੀ ਨਸਲਕੁਸ਼ੀ ਬੰਦ ਕਰਨ ਦੀ ਮੰਗ ਕੀਤੀ। ਪ੍ਰਦਰਸ਼ਨ ਵਿੱਚ ਪੂਰਨ ਸਿੰਘ ਖਾਈ, ਗੁਰਚਰਨ ਸਿੰਘ, ਰਾਮਚੰਦਰ ਸਿੰਘ ਖਾਈ, ਸਮਿੰਦਰ ਸਿੰਘ, ਵਰਿੰਦਰ ਭੁਟਾਲ, ਸੁਖਦੇਵ ਚੰਗਲੀਵਾਲਾ, ਡਾਕਟਰ ਸੁਖਜਿੰਦਰ ਲਾਲੀ, ਡਾ. ਬਿਹਾਰੀ ਮੰਡੇਰ ਮਾਸਟਰ ਨਰਿੰਦਰਪਾਲ, ਗੱਜਣ ਸਿੰਘ, ਕੁਲਦੀਪ ਸਿੰਘ, ਭਿੰਦਰ ਚੰਗਾਲੀਵਾਲਾ, ਭੀਮ ਸਿੰਘ, ਜੋਰਾ ਸਿੰਘ ਗਾਗਾ, ਜਗਤਾਰ ਬਖਸ਼ੀਵਾਲਾ, ਤਰਸੇਮ ਭੋਲੂ ਤੇ ਰਣਜੀਤ ਲਹਿਰਾ ਸਮੇਤ ਹੋਰਨਾਂ ਮੈਂਬਰਾਂ ਨੇ ਹਿੱਸਾ ਲਿਆ ਅਤੇ ਭਾਰਤ ਸਰਕਾਰ ਦੀ ਹਮਲਾਵਰ ਇਜ਼ਰਾਈਲ ਤੇ ਅਮਰੀਕਾ ਪੱਖੀ ਵਿਦੇਸ਼ ਨੀਤੀ ਦੀ ਸਖਤ ਆਲੋਚਨਾ ਕੀਤੀ।

# ਮਹਿਲਾ ਕਮਿਸ਼ਨ ਔਰਤਾਂ ਦੀਆਂ ਸਮੱਸਿਆਵਾਂ ਦੇ ਹੱਲ ਤੇ ਨਿਰਪੱਖ ਜਾਂਚ ਕਰਨ ਲਈ ਵਚਨਬੱਧ : ਰਾਜ ਲਾਲੀ ਗਿੱਲ

## ਲੋਕ ਅਦਾਲਤ ਲਗਾ ਕੇ ਮਹਿਲਾਵਾਂ ਦੀਆਂ ਸੁਣੀਆਂ ਮੁਸ਼ਕਲਾਂ, 50 ਫ਼ੀਸਦੀ ਕੇਸਾਂ ਦਾ ਮੌਕੇ 'ਤੇ ਨਿਪਟਾਰਾ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਪੰਜਾਬ ਰਾਜ ਮਹਿਲਾ ਕਮਿਸ਼ਨ ਦੇ ਚੇਅਰਪਰਸਨ ਰਾਜ ਲਾਲੀ ਗਿੱਲ ਨੇ ਦਫ਼ਤਰ ਡਿਪਟੀ ਕਮਿਸ਼ਨਰ ਵਿਖੇ ਲੋਕ ਅਦਾਲਤ ਲਗਾ ਕੇ ਮਹਿਲਾਵਾਂ ਦੀਆਂ ਮੁਸ਼ਕਲਾਂ ਸੁਣੀਆਂ। ਇਸ ਲੋਕ ਅਦਾਲਤ ਵਿੱਚ ਉਨ੍ਹਾਂ ਵੱਲੋਂ ਜ਼ਿਲ੍ਹੇ ਨਾਲ ਸਬੰਧਤ ਕਮਿਸ਼ਨ ਕੋਲ ਚੱਲ ਰਹੇ 36 ਕੇਸਾਂ ਦੀ ਸੁਣਵਾਈ ਕੀਤੀ ਗਈ, ਜਦਕਿ ਲਗਭਗ 15 ਨਵੇਂ ਕੇਸ ਵੀ ਇਸ ਜਨ ਸੁਣਵਾਈ ਦੌਰਾਨ ਆਏ, ਜਿਨ੍ਹਾਂ ਵਿੱਚੋਂ ਕਰੀਬ 50 ਵੀਸਦੀ ਕੇਸਾਂ ਦਾ ਮੌਕੇ ਨਿਪਟਾਰਾ ਕੀਤਾ ਗਿਆ ਤੇ ਬਾਕੀ ਕੇਸਾਂ ਲਈ ਸਬੰਧਤ ਅਧਿਕਾਰੀਆਂ ਨੂੰ ਛੇਤੀ ਤੋਂ ਛੇਤੀ ਉਚਿੱਤ ਨਿਪਟਾਰਾ ਕਰਨ ਦੇ ਨਿਰਦੇਸ਼ ਦਿੱਤੇ ਗਏ। ਮਹਿਲਾ ਕਮਿਸ਼ਨ ਦੇ ਚੇਅਰਪਰਸਨ ਰਾਜ ਲਾਲੀ ਗਿੱਲ ਨੇ ਇਨ੍ਹਾਂ ਕੇਸਾਂ ਦੀ ਸੁਣਵਾਈ ਕਰਦਿਆਂ ਜਾਂਚ ਅਧਿਕਾਰੀਆਂ ਨੂੰ ਕਾਨੂੰਨੀ ਦਾਇਰੇ ਵਿੱਚ ਰਹਿੰਦਿਆਂ ਜਲਦ ਤੋਂ ਜਲਦ ਜਾਂਚ ਕਾਰਜ ਮੁਕੰਮਲ ਕਰਨ ਤੇ ਪੀੜਤ ਧਿਰਾਂ ਨੂੰ ਇਨਸਾਫ ਦਵਾਇਆ ਜਾਣਾ ਯਕੀਨੀ ਬਣਾਉਣ ਦੀਆਂ ਸਖ਼ਤ ਹਦਾਇਤਾਂ ਕੀਤੀਆਂ। ਉਨ੍ਹਾਂ ਕਿਹਾ ਕਿ ਕਮਿਸ਼ਨ ਔਰਤਾਂ ਦੇ ਅਧਿਕਾਰਾਂ ਦੀ ਰਾਖੀ ਕਰਨ ਲਈ ਦ੍ਰਿੜ੍ਹਤਾ ਨਾਲ ਕੰਮ ਕਰ ਰਿਹਾ ਹੈ। ਇਸ ਮੌਕੇ ਚੇਅਰਪਰਸਨ ਨੇ ਕਿਹਾ ਕਿ ਮਹਿਲਾ ਕਮਿਸ਼ਨ ਹਰੇਕ ਜ਼ਿਲ੍ਹੇ ਅੰਦਰ ਜਾ ਕੇ ਔਰਤਾਂ ਨੂੰ ਪੇਸ਼ ਆ ਰਹੀਆਂ ਦਰਪੇਸ਼ ਮੁਸ਼ਕਲਾਂ ਦਾ ਨਿਪਟਾਰਾ ਕਰਨ ਨੂੰ ਤਵੱਜੋਂ ਦੇ ਰਿਹਾ ਹੈ, ਕਿਉਂਕਿ ਕਈ ਪੀੜਤ ਮਹਿਲਾਵਾਂ ਮੋਹਾਲੀ ਵਿਖੇ ਕਮਿਸ਼ਨ ਦਫ਼ਤਰ ਤੱਕ ਆਪਣੀ ਪਹੁੰਚ ਨਹੀਂ ਕਰ ਪਾਉਂਦੀਆਂ। ਇਸ ਲਈ ਕਮਿਸ਼ਨ ਵੱਲੋਂ ਜ਼ਿਲ੍ਹਿਆਂ ਅੰਦਰ ਹੀ ਲੋਕ ਅਦਾਲਤ ਲਗਾ ਕੇ ਮੁਸ਼ਕਲਾਂ ਨੂੰ ਸੁਣਿਆ ਜਾਂਦਾ ਹੈ ਤੇ ਕੋਸ਼ਿਸ਼ ਕੀਤੀ ਜਾਂਦੀ ਹੈ ਕਿ ਮੌਕੇ 'ਤੇ ਹੀ ਨਿਪਟਾਰਾ ਹੋ ਸਕੇ। ਉਨ੍ਹਾਂ ਆਖਿਆ ਕਿ ਕਮਿਸ਼ਨ ਜਿੱਥੇ ਦੋਸ਼ੀਆਂ ਖਿਲਾਫ ਕਾਰਵਾਈ ਹੋਣੀ ਯਕੀਨੀ ਬਣਾਉਂਦਾ ਹੈ, ਉੱਥੇ ਇਹ ਵੀ ਕੋਸ਼ਿਸ਼ ਰਹਿੰਦੀ ਹੈ ਕਿ ਪਤੀ-ਪਤਨੀ ਦੇ ਝਗੜਿਆਂ ਦਾ ਕੋਈ ਸਾਰਥਕ ਹੱਲ ਨਿਕਲੇ ਤੇ ਗੱਲ ਤਲਾਕ ਤੱਕ ਨਾ ਜਾਵੇ। ਉਨ੍ਹਾਂ ਆਖਿਆ ਕਿ ਕੋਈ ਵੀ ਪੀੜਤ ਔਰਤ ਕਮਿਸ਼ਨ ਤੱਕ ਪਹੁੰਚ ਕਰ ਸਕਦੀ ਹੈ। ਇਸ ਤੋਂ ਬਿਨਾਂ ਆਪਣੇ ਸਬੰਧਤ ਜ਼ਿਲ੍ਹੇ ਦੇ ਮਹਿਲਾ ਸੈੱਲ ਵਿੱਚ ਵੀ ਅਰਜ਼ੀ ਦਿੱਤੀ ਜਾਵੇ ਤੇ ਉਸ ਦੀ ਨਕਲ ਕਮਿਸ਼ਨ ਕੋਲ ਭੇਜ ਦਿੱਤੀ ਜਾਵੇ ਤਾਂ ਕਮਿਸ਼ਨ ਸ਼ਿਕਾਇਤ 'ਤੇ ਜਲਦੀ ਕਾਰਵਾਈ ਕਰਵਾਉਣੀ ਯਕੀਨੀ ਬਣਾਉਂਦਾ ਹੈ। ਉਨ੍ਹਾਂ ਲਿਵ-ਇਨ-ਰਿਲੇਸ਼ਨ ਦੇ ਵੱਧ ਰਹੇ ਮਾਮਲਿਆਂ ਬਾਰੇ ਗੱਲ ਕਰਦਿਆਂ ਕਿਹਾ ਕਿ ਇਹ ਸਾਡੇ ਸਮਾਜ ਲਈ ਵੱਡੀ ਚਿੰਤਾ ਦਾ ਵਿਸ਼ਾ ਹੈ। ਉਨ੍ਹਾਂ ਕਿਹਾ ਕਿ ਮੁੰਡੇ-ਕੁੜੀਆਂ ਹੀ ਨਹੀਂ ਸਗੋਂ ਵਿਆਹੇ ਮਰਦ ਤੇ ਔਰਤਾਂ ਵੀ ਲਿਵ-ਇਨ-ਰਿਲੇਸ਼ਨ ਵਿੱਚ ਰਹਿ ਰਹੇ ਹਨ, ਜਿਸ ਨਾਲ ਉਨ੍ਹਾਂ ਦੇ ਪਰਿਵਾਰ ਦਾ ਨੁਕਸਾਨ ਹੀ ਨਹੀਂ ਸਗੋਂ ਬੱਚਿਆਂ ਦੇ ਭਵਿੱਖ ਵੀ ਖ਼ਰਾਬ ਹੁੰਦਾ ਹੈ। ਉਨ੍ਹਾਂ ਕਿਹਾ ਕਿ ਸਾਡੇ ਸਮਾਜ ਨੂੰ ਇਸ ਬੁਰਾਈ ਤੋਂ ਬਚਣਾ ਚਾਹੀਦਾ ਹੈ। ਉਨ੍ਹਾਂ ਦੱਸਿਆ ਕਿ ਅੱਜ ਵਿਆਹ ਸਬੰਧਾਂ, ਦਾਜ-ਦਹੇਜ, ਲੜਕੀਆਂ ਤੇ ਔਰਤਾਂ ਦਾ ਸੋਸ਼ਣ, ਲਿਵ ਇਨ ਰਿਲੇਸ਼ਨ, ਘਰੇਲੂ ਮਾਰਕੁੱਟ ਆਦਿ ਨਾਲ ਸਬੰਧਤ ਮਾਮਲੇ ਉਨ੍ਹਾਂ ਕੋਲ ਪੁੱਜੇ ਸਨ। ਇਸ ਮੌਕੇ ਉਨ੍ਹਾਂ ਸਮਾਜ ਨੂੰ ਅਪੀਲ ਕੀਤੀ ਕਿ ਛੋਟੀਆਂ-ਛੋਟੀਆਂ ਗੱਲਾਂ ਨਾਲ ਰਿਸ਼ਤਿਆਂ ਵਿੱਚ ਵਿਗਾੜ ਨਾ ਪਾਇਆ ਜਾਵੇ ਤੇ ਪਰਿਵਾਰਕ ਇਕਾਈ ਦੇ ਮਹੱਤਵ ਨੂੰ ਸਮਝਦਿਆਂ ਇੱਕ ਚੰਗੇ ਸਮਾਜ ਦੀ ਸਿਰਜਣਾ ਵਿੱਚ ਯੋਗਦਾਨ ਪਾਇਆ ਜਾਣਾ ਚਾਹੀਦਾ ਹੈ। ਉਨ੍ਹਾਂ ਇਸ ਦੌਰਾਨ ਸੁਣਵਾਈ ਕਰਦਿਆਂ ਵੱਖ-ਵੱਖ ਮਾਮਲਿਆਂ ਵਿੱਚ ਪੁਲਸ ਵਿਭਾਗ ਨੂੰ ਜਾਂਚ ਜਲਦ ਤੋਂ ਜਲਦ ਮੁਕੰਮਲ ਕਰਨ ਦੀਆਂ ਸਖਤ ਹਦਾਇਤਾਂ ਵੀ ਦਿੱਤੀਆਂ। ਇਸ ਮੌਕੇ ਡਿਪਟੀ ਡਾਇਰੈਕਟ ਮਹਿਲਾ ਕਮਿਸ਼ਨ ਨਿਖਿਲ ਅਰੋੜਾ, ਸਹਾਇਕ ਕਮਿਸ਼ਨਰ (ਜ) ਹਰਜੋਤ ਕੌਰ, ਐੱਸ ਪੀ ਨਵੀਨ ਕੁਮਾਰ, ਮਿਸ ਲਿੰਧਿਆ ਆਈਏਐੱਸ (ਅੰਡਰ ਟਰੇਨਿੰਗ), ਐੱਸ ਪੀ ਮਨਜੀਤ ਸਿੰਘ, ਆਪ ਆਗੂ ਭੁਪਿੰਦਰ ਕੌਰ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

# ਮਜ਼ਦੂਰ ਜਥੇਬੰਦੀਆਂ ਦੇ ਸਾਂਝੇ ਮੋਰਚੇ ਵੱਲੋਂ ਜ਼ਿਲ੍ਹਾ ਕੰਪਲੈਕਸ ਵਿਖੇ ਧਰਨਾ, ਡੀ ਸੀ ਨੂੰ ਸੌਂਪਿਆ ਮੰਗ ਪੱਤਰ



**ਬਰਨਾਲਾ (ਰਾਜਿੰਦਰ ਬਰਾੜ)**-ਮਜ਼ਦੂਰ ਜਥੇਬੰਦੀਆਂ ਦੇ ਸਾਂਝੇ ਮੋਰਚੇ ਦੀ ਅਗਵਾਈ ਹੇਠ ਕਾਮਰੇਡ ਗੁਰਮੇਲ ਸਿੰਘ ਪੱਖੋਕਲਾਂ ਤੇ ਕੌਰ ਸਿੰਘ ਕਲਾਲਮਾਜਰਾ ਦੀ ਪ੍ਰਧਾਨਗੀ ਹੇਠ ਜ਼ਿਲ੍ਹਾ ਕੰਪਲੈਕਸ ਵਿਖੇ ਧਰਨਾ ਲਾਇਆ ਗਿਆ। ਧਰਨੇ ਦੀ ਸ਼ੁਰੂਆਤ ਅਜਮੇਰ ਸਿੰਘ ਅਕਲੀਆ ਦੇ ਇਨਕਲਾਬੀ ਗੀਤਾਂ ਨਾਲ ਕੀਤੀ ਗਈ। ਮਜ਼ਦੂਰਾਂ ਦੀਆਂ ਵੱਖ ਵੱਖ ਜਥੇਬੰਦੀਆਂ ਵੱਲੋਂ ਆਪਣੀਆਂ ਮੰਗਾਂ ਨੂੰ ਲੈ ਕੇ ਵੱਖ ਵੱਖ ਪਿੰਡਾਂ ਵਿੱਚੋਂ ਸੈਂਕੜੇ ਔਰਤਾਂ ਤੇ ਮਰਦਾਂ ਵੱਲੋਂ ਹਿੱਸਾ ਲਿਆ ਅਤੇ ਮਜ਼ਦੂਰਾਂ ਨੇ ਭਗਵੰਤ ਮਾਨ ਦੀ ਸਰਕਾਰ ਖ਼ਿਲਾਫ਼ ਜੰਮ ਕੇ ਨਾਹਰੇਬਾਜ਼ੀ ਕੀਤੀ। ਨਰੇਗਾ ਰੁਜ਼ਗਾਰ ਪ੍ਰਾਪਤ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਕਾਮਰੇਡ ਖੁਸ਼ੀਆ ਸਿੰਘ, ਮਜ਼ਦੂਰ ਅਧਿਕਾਰ ਅੰਦੋਲਨ ਪੰਜਾਬ ਦੇ ਸੂਬਾਈ ਆਗੂ ਕਾਮਰੇਡ ਲਾਭ ਸਿੰਘ ਅਕਲੀਆ ਤੇ ਦਿਹਾਤੀ ਮਜ਼ਦੂਰ ਸਭਾ ਦੇ ਜ਼ਿਲ੍ਹਾ ਪ੍ਰਧਾਨ ਭੋਲ਼ਾ ਸਿੰਘ ਕਲਾਲਮਾਜਰਾ ਨੇ ਸੰਬੋਧਨ ਕਰਦਿਆਂ ਕਿਹਾ ਕਿ ਮਨਰੇਗਾ ਮਜ਼ਦੂਰਾਂ ਵੱਲੋਂ ਪਿਛਲੇ ਚਾਰ ਮਹੀਨਿਆਂ ਤੋਂ ਜੋ ਕੰਮ ਕੀਤਾ ਗਿਆ ਸੀ ਪਰ ਅਜੇ ਤੱਕ ਮਜ਼ਦੂਰਾਂ ਦੇ ਖਾਤਿਆਂ ਵਿੱਚ ਪੈਸੇ ਨਹੀਂ ਪਏ। ਆਗੂਆਂ ਨੇ ਕਿਹਾ ਕਿ ਲਗਾਤਾਰ ਗ਼ਰੀਬੀ, ਮਹਿੰਗਾਈ ਅਤੇ ਬੇਰੁਜ਼ਗਾਰੀ ਛੜੱਪੇ ਮਾਰਕੇ ਵਧ ਰਹੀ ਹੈ, ਮਜ਼ਦੂਰਾਂ ਦਾ ਚੁੱਲ੍ਹਾ ਚਲਾਉਣਾ ਔਖਾ ਹੋ ਗਿਆ ਹੈ। ਆਗੂਆਂ ਨੇ ਕਿਹਾ ਕਿ ਪਿੰਡਾਂ ਵਿੱਚ ਮਨਰੇਗਾ ਦੇ ਕੰਮ ਵਿੱਚ ਪਿੰਡਾਂ ਦੀਆਂ ਪੰਚਾਇਤਾਂ ਦੀ ਸਿਆਸੀ ਦਖ਼ਲ ਅੰਦਾਜ਼ੀ ਵਧ ਗਈ ਹੈ। ਬਿਨਾਂ ਕਿਸੇ ਦੋਸ਼ ਤੋਂ ਪੜ੍ਹੀਆਂ ਲਿਖੀਆਂ ਮੇਟ ਕੁੜੀਆਂ ਨੂੰ ਹਟਾਇਆ ਜਾ ਰਿਹਾ ਹੈ, ਪੰਚਾਂ, ਸਰਪੰਚਾਂ ਦੇ ਰਿਸ਼ਤੇਦਾਰਾਂ ਨੂੰ ਮੇਟ ਰੱਖਿਆ ਜਾ ਰਿਹਾ ਹੈ। ਆਗੂਆਂ ਨੇ ਕਿਹਾ ਕਿ ਭਗਵੰਤ ਮਾਨ ਸਰਕਾਰ ਵੱਲੋਂ ਲਿੰਕ ਸੜਕਾਂ, ਰਸਤਿਆਂ ਤੇ ਨਹਿਰੀ ਖਾਲਾਂ ਦਾ ਕੰਮ ਬੰਦ ਕਰ ਦਿੱਤਾ ਗਿਆ ਹੈ, ਇਸ ਨਾਲ ਮਜ਼ਦੂਰਾਂ ਨੂੰ 100 ਦਿਨ ਦਾ ਕੰਮ ਨਹੀਂ ਮਿਲੇਗਾ। ਪੰਚਾਇਤਾਂ ਵੱਲੋਂ, ਜੋ ਕੰਮ ਦੇ ਮਤੇ ਪਾਏ ਗਏ ਹਨ, ਪਰ ਮਨਰੇਗਾ ਦੇ ਅਧਿਕਾਰੀ ਉਨ੍ਹਾਂ ਨੂੰ ਪਾਸ਼ ਨਹੀਂ ਕਰ ਰਹੇ। ਆਗੂਆਂ ਨੇ ਮਨਰੇਗਾ ਸੈਕਟਰੀਆਂ ਦੇ ਸੰਘਰਸ਼ ਦੀ ਵੀ ਹਮਾਇਤ ਕੀਤੀ, ਜਿਨ੍ਹਾਂ ਨੂੰ ਸਰਕਾਰ ਚਾਰ ਮਹੀਨਿਆਂ ਤੋਂ ਤਨਖਾਹ ਨਹੀਂ ਮਿਲੀ, ਉਹ ਵੀ ਸੰਘਰਸ਼ ਦੇ ਰਾਹ ਪਏ ਹੋਏ ਹਨ। ਆਗੂਆਂ ਨੇ ਮੰਗ ਕੀਤੀ ਕਿ ਮਜ਼ਦੂਰਾਂ ਨੂੰ ਕੀਤੇ ਕੰਮ ਦਾ ਤੁਰੰਤ ਭੁਗਤਾਨ ਕੀਤਾ ਜਾਵੇ, ਸੈਕਟਰੀਆਂ ਦੀ ਤਨਖ਼ਾਹ ਤੁਰੰਤ ਜਾਰੀ ਕੀਤੀ ਜਾਵੇ, ਮਜ਼ਦੂਰਾਂ ਦੀ ਦਿਹਾੜੀ ਵਧਾ ਕੇ 700 ਰੁਪਏ ਤੇ ਸਾਰਾ ਸਾਲ ਕੰਮ ਦਿੱਤਾ ਜਾਵੇ, ਮਨਰੇਗਾ ਮਜ਼ਦੂਰਾਂ ਨੂੰ ਲੋੜੀਂਦੇ ਸੰਦ ਦਿੱਤੇ ਜਾਣ, ਸਿਆਸੀ ਦਖ਼ਲ ਅੰਦਾਜ਼ੀ ਬੰਦ ਕਰਕੇ ਮਨਰੇਗਾ ਦੇ ਕੰਮ ਨੂੰ ਪਾਰਦਰਸ਼ੀ ਬਣਾਇਆ ਜਾਵੇ। ਅੱਜ ਦੇ ਧਰਨੇ ਵਿੱਚ ਜਥੇਬੰਦੀਆਂ ਨੇ ਅਮਰੀਕੀ ਸਾਮਰਾਜਵਾਦ ਤੇ ਫਾਸ਼ੀਵਾਦੀ ਇਜ਼ਰਾਈਲ ਦੀ ਜ਼ੋਰਦਾਰ ਸ਼ਬਦਾਂ ਵਿੱਚ ਨਿਖੇਧੀ ਕੀਤੀ, ਜਿਨ੍ਹਾਂ ਵੱਲੋਂ ਗੱਠਜੋੜ ਬਣਾ ਕੇ ਫ਼ਲਸਤੀਨੀ ਤੇ ਇਰਾਨ ਉੱਤੇ ਹਮਲਾ ਕਰਕੇ ਨਿਰਦੋਸ਼ ਲੋਕਾਂ ਦਾ ਕਤਲੇਆਮ ਕੀਤਾ ਜਾ ਰਿਹਾ ਹੈ। ਮਜ਼ਦੂਰ ਆਗੂਆਂ ਵੱਲੋਂ ਡਿਪਟੀ ਕਮਿਸ਼ਨਰ ਬਰਨਾਲਾ ਨੂੰ ਮੰਗ ਪੱਤਰ ਸੌਂਪਿਆ ਗਿਆ। ਅੱਜ ਦੇ ਧਰਨੇ ਨੂੰ ਹੋਰਨਾਂ ਤੋਂ ਇਲਾਵਾ ਕਾਮਰੇਡ ਨਛੱਤਰ ਸਿੰਘ ਰਾਮਨਗਰ, ਕੌਰ ਸਿੰਘ ਕਲਾਲਮਾਜਰਾ, ਸੁਖਦੇਵ ਸਿੰਘ ਸ਼ਹਿਣਾ, ਗੁਰਮੀਤ ਕੌਰ ਗੁਮਟੀ, ਸੁਖਵੀਰ ਸਿੰਘ ਢਿੱਲਵਾਂ ਆਦਿ ਆਗੂਆਂ ਨੇ ਵੀ ਧਰਨੇ ਨੂੰ ਸੰਬੋਧਨ ਕੀਤਾ। ਸਟੇਜ ਸੰਚਾਲਨ ਦੀ ਜ਼ਿੰਮੇਵਾਰੀ ਕਾਮਰੇਡ ਜਗਰਾਜ ਸਿੰਘ ਰਾਮਾ ਨੇ ਨਿਭਾਈ।

# ਦਾਰਾਪੁਰ 'ਚ ਆਧੁਨਿਕ ਸਹੂਲਤਾਂ ਨਾਲ ਲੈਸ ਪਹਿਲੇ ਜਿੰਮ ਦਾ ਅਗਾਜ਼

## ਨੌਜਵਾਨਾਂ ਨੂੰ ਨਸ਼ਾ ਰਹਿਤ ਤੇ ਤੰਦਰੁਸਤ ਰੱਖਣ ਲਈ ਬਣਾਏ ਜਾ ਰਹੇ ਹਨ ਆਧੁਨਿਕ ਜਿੰਮ : ਮਨੀਸ਼ ਸਿਸੋਦੀਆ



**ਮੋਗਾ (ਇਕਬਾਲ ਸਿੰਘ ਖਹਿਰਾ)**-ਪੰਜਾਬ ਸਰਕਾਰ ਨੇ ਜਿੱਥੇ ਪੰਜਾਬ ਨੂੰ ਰੰਗਲਾ ਪੰਜਾਬ ਬਣਾਉਣ ਲਈ ਨਸ਼ਿਆਂ ਵਿਰੁੱਧ ਮੁਹਿੰਮ ਚਲਾਈ ਹੈ, ਉੱਥੇ ਹੀ ਸਰਕਾਰ ਨੌਜਵਾਨਾਂ ਨੂੰ ਸਰੀਰਕ ਤੌਰ 'ਤੇ ਤੰਦਰੁਸਤ ਕਰਕੇ ਖੇਡਾਂ ਨਾਲ ਜੋੜਨ ਲਈ ਪੰਜਾਬ ਦੇ ਵੱਖ-ਵੱਖ ਪਿੰਡਾਂ ਵਿੱਚ ਆਧੁਨਿਕ ਜਿੰਮਾਂ ਦਾ ਨਿਰਮਾਣ ਕੀਤਾ ਜਾ ਰਿਹਾ ਕੀਤਾ ਹੈ, ਤਾਂ ਜੋ ਨੌਜਵਾਨ ਪੀੜ੍ਹੀ ਜਿੰਮ ਵਿੱਚ ਆ ਕੇ ਕਸਰਤ ਕਰੇ, ਨਸ਼ਿਆਂ ਤੋਂ ਦੂਰ ਰਹੇ ਤੇ ਖੇਡਾਂ ਵੱਲ ਵਧੇ। ਇਸੇ ਲੜੀ ਤਹਿਤ ਅੱਜ ਮੋਗਾ ਦੇ ਪਿੰਡ ਦਾਰਾਪੁਰ ਵਿਖੇ 40 ਲੱਖ ਤੋਂ ਵੱਧ ਦੀ ਲਾਗਤ ਨਾਲ ਪੰਜਾਬ ਸਰਕਾਰ ਦੇ ਆਧੁਨਿਕ ਮਸ਼ੀਨਾਂ ਨਾਲ ਲੈਸ ਪਹਿਲੇ ਜਿੰਮ ਦਾ ਆਗਾਜ਼ ਕੀਤਾ ਗਿਆ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਪੰਜਾਬ ਦੇ ਇੰਚਾਰਜ ਮਨੀਸ਼ ਸਿਸੋਦੀਆ ਨੇ ਕੀਤਾ। ਇਸ ਮੌਕੇ ਉਨ੍ਹਾਂ ਨਾਲ ਮੋਗਾ ਦੀ ਵਿਧਾਇਕਾ ਡਾ. ਅਮਨਦੀਪ ਕੌਰ ਅਰੋੜਾ, ਧਰਮਕੋਟ ਦੇ ਵਿਧਾਇਕ ਦਵਿੰਦਰਜੀਤ ਸਿੰਘ ਲਾਡੀ ਢੋਸ, ਬਾਘਾ ਪੁਰਾਣਾ ਦੇ ਵਿਧਾਇਕ ਅੰਮ੍ਰਿਤਪਾਲ ਸਿੰਘ ਸੁੱਖਾਨੰਦ, ਜ਼ੀਰਾ ਦੇ ਵਿਧਾਇਕ ਨਰੇਸ਼ ਕਟਾਰੀਆ ਤੇ ਫਰੀਦਕੋਟ ਦੇ ਵਿਧਾਇਕ ਤੋਂ ਇਲਾਵਾ ਡਿਪਟੀ ਕਮਿਸ਼ਨਰ ਮੋਗਾ ਸਾਗਰ ਸੇਤੀਆ ਅਤੇ ਐੱਸ.ਐੱਸ.ਪੀ. ਮੋਗਾ ਅਜੇ ਗਾਂਧੀ ਮੌਜੂਦ ਸਨ। ਇਸ ਮੌਕੇ ਸੰਬੋਧਨ ਕਰਦਿਆਂ ਮਨੀਸ਼ ਸਿਸੋਦੀਆ ਨੇ ਕਿਹਾ ਕਿ ਇਸ ਆਧੁਨਿਕ ਜਿੰਮ ਵਿੱਚ ਇੱਕ ਸਮੇਂ 'ਤੇ 50 ਤੋਂ ਵੱਧ ਨੌਜਵਾਨ ਕਸਰਤ ਕਰ ਸਕਣਗੇ, ਜਦੋਂਕਿ ਔਰਤਾਂ ਲਈ ਵੱਖਰਾ ਸਮਾਂ ਰੱਖਿਆ ਜਾਵੇਗਾ। ਇਹ ਪੰਜਾਬ ਦਾ ਪਹਿਲਾ ਸਰਕਾਰੀ ਜਿੰਮ ਹੈ, ਜੋ ਪੰਚਾਇਤ ਦੇ ਅਧਿਕਾਰ ਖੇਤਰ ਵਿੱਚ ਚਲਾਇਆ ਜਾਵੇਗਾ। ਇਸ ਮੌਕੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਤੇ ਆਮ ਆਦਮੀ ਪਾਰਟੀ ਦੇ ਵਰਕਰ ਮੌਜੂਦ ਸਨ।

# ਪੀ ਐੱਸ ਪੀ ਸੀ ਐੱਲ ਡਾਇਰੈਕਟਰ ਨੇ ਤਰਸ ਦੇ ਆਧਾਰ 'ਤੇ ਨੌਕਰੀਆਂ ਦੇ ਪੈਂਡਿੰਗ ਮਾਮਲੇ ਜਲਦ ਨਿਪਟਾਉਣ ਦੇ ਦਿੱਤੇ ਆਦੇਸ਼

## ਰੋਜ਼ਾਨਾ ਪ੍ਰਗਤੀ ਦੀ ਨਿਗਰਾਨੀ ਦਾ ਐਲਾਨ, ਐੱਚ ਆਰ ਵਿਭਾਗ ਨੂੰ ਯੋਗ ਕੇਸਾਂ 'ਤੇ ਤੇਜ਼ੀ ਨਾਲ ਕੰਮ ਕਰਨ ਦੇ ਨਿਰਦੇਸ਼



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਲਿਮਟਿਡ ਦੇ ਡਾਇਰੈਕਟਰ (ਪ੍ਰਸ਼ਾਸਨ) ਜਸਬੀਰ ਸਿੰਘ ਸੂਰ ਸਿੰਘ ਨੇ ਪਟਿਆਲਾ ਵਿਖੇ ਇੱਕ ਅਹਿਮ ਮੀਟਿੰਗ ਕੀਤੀ। ਇਸ ਮੀਟਿੰਗ ਵਿੱਚ ਵੱਖ-ਵੱਖ ਜ਼ੋਨਾਂ ਵਿੱਚ ਤਰਸ ਦੇ ਆਧਾਰ 'ਤੇ ਪੈਂਡਿੰਗ ਪਏ ਨੌਕਰੀਆਂ ਦੇ ਮਾਮਲਿਆਂ ਦੀ ਸਮੀਖਿਆ ਕੀਤੀ ਗਈ। ਮੀਟਿੰਗ ਵਿੱਚ ਸਾਰੇ ਜ਼ੋਨਾਂ ਦੇ ਮੁੱਖ ਦਫਤਰਾਂ ਦੇ ਸੀਨੀਅਰ ਨੁਮਾਇੰਦਿਆਂ ਨੇ ਹਿੱਸਾ ਲਿਆ। ਇਸ ਦਾ ਮੁੱਖ ਮਕਸਦ ਪ੍ਰਕਿਰਿਆ ਨੂੰ ਤੇਜ਼ ਕਰਨਾ ਤੇ ਯੋਗ ਬਿਨੈਕਾਰਾਂ ਨੂੰ ਸਮੇਂ ਸਿਰ ਸਹਾਇਤਾ ਪ੍ਰਦਾਨ ਕਰਨਾ ਸੀ। ਮੀਟਿੰਗ ਦੌਰਾਨ ਡਾਇਰੈਕਟਰ ਸੂਰ ਸਿੰਘ ਨੇ ਮ੍ਰਿਤਕ ਕਰਮਚਾਰੀਆਂ ਦੇ ਪਰਿਵਾਰਾਂ ਨੂੰ ਰਾਹਤ ਦੇਣ ਵਿੱਚ ਤਰਸ ਦੇ ਆਧਾਰ 'ਤੇ ਨੌਕਰੀਆਂ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਉਨ੍ਹਾਂ ਸਾਰੇ ਵਿਭਾਗਾਂ ਨੂੰ ਇਨ੍ਹਾਂ ਮਾਮਲਿਆਂ ਨੂੰ ਪਹਿਲ ਦੇ ਆਧਾਰ 'ਤੇ ਨਿਪਟਾਉਣ ਦੀ ਅਪੀਲ ਕੀਤੀ। ਉਨ੍ਹਾਂ ਇਹ ਵੀ ਦੱਸਿਆ ਕਿ ਕਾਫੀ ਗਿਣਤੀ ਵਿੱਚ ਅਸਾਮੀਆਂ ਖਾਲੀ ਹਨ, ਜਿਨ੍ਹਾਂ ਨੂੰ ਯੋਗ ਬਿਨੈਕਾਰਾਂ ਦੀ ਸਹਾਇਤਾ ਲਈ ਤੁਰੰਤ ਭਰਿਆ ਜਾ ਸਕਦਾ ਹੈ। ਉਨ੍ਹਾਂ ਨੇ ਖਾਸ ਤੌਰ 'ਤੇ ਮਨੁੱਖੀ ਸਰੋਤ ਐੱਚ ਆਰ ਵਿਭਾਗ ਨੂੰ ਪੈਂਡਿੰਗ ਮਾਮਲਿਆਂ ਨੂੰ ਖਤਮ ਕਰਨ ਲਈ ਤੇਜ਼ੀ ਨਾਲ ਕਦਮ ਚੁੱਕਣ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਤਰਸ ਦੇ ਆਧਾਰ 'ਤੇ ਨੌਕਰੀਆਂ ਦੀ ਮੰਗ ਕਰਨ ਵਾਲੇ ਬਿਨੈਕਾਰਾਂ ਨੇ ਮੁਸ਼ਕਲ ਸਮਿਆਂ ਵਿੱਚ ਬਹੁਤ ਹਿੰਮਤ ਦਿਖਾਈ ਹੈ। ਇਹ ਸਾਡਾ ਫਰਜ਼ ਹੈ ਕਿ ਅਸੀਂ ਉਨ੍ਹਾਂ ਦੇ ਕੇਸਾਂ 'ਤੇ ਕੁਸ਼ਲਤਾ ਨਾਲ ਕੰਮ ਕਰੀਏ ਤੇ ਉਨ੍ਹਾਂ ਨੂੰ ਉਹ ਮੌਕੇ ਮਿਲਣ, ਜਿਨ੍ਹਾਂ ਦੇ ਉਹ ਹੱਕਦਾਰ ਹਨ।

ਡਾਇਰੈਕਟਰ (ਪ੍ਰਸ਼ਾਸਨ) ਜਸਬੀਰ ਸਿੰਘ ਨੇ ਸਰਕਾਰੀ ਕਰਮਚਾਰੀਆਂ ਤੇ ਉਨ੍ਹਾਂ ਦੇ ਪਰਿਵਾਰਾਂ ਦੀ ਭਲਾਈ ਲਈ ਪੰਜਾਬ ਦੇ ਮੁੱਖ ਮੰਤਰੀ ਮਾਨਯੋਗ ਸ. ਭਗਵੰਤ ਸਿੰਘ ਮਾਨ ਦੇ ਲਗਾਤਾਰ ਸਮਰਥਨ ਦੀ ਵੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਦੀ ਪ੍ਰਗਤੀਸ਼ੀਲ ਤੇ ਲੋਕ-ਪੱਖੀ ਪਹੁੰਚ ਨੇ ਨਾ ਸਿਰਫ ਤਰਸ ਦੇ ਆਧਾਰ 'ਤੇ ਨੀਤੀਆਂ ਨੂੰ ਮਜ਼ਬੂਤ ਕੀਤਾ ਹੈ, ਬਲਕਿ ਪੰਜਾਬ ਦੇ ਨੌਜਵਾਨਾਂ ਲਈ ਰੁਜ਼ਗਾਰ ਦੇ ਮੌਕੇ ਵਧਾਉਣ 'ਤੇ ਵੀ ਧਿਆਨ ਕੇਂਦ੍ਰਿਤ ਕੀਤਾ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਗਤੀਸ਼ੀਲ ਅਗਵਾਈ ਹੇਠ, ਅਸੀਂ ਇਹ ਯਕੀਨੀ ਬਣਾਉਣ ਲਈ ਵਚਨਬੱਧ ਹਾਂ ਕਿ ਕੋਈ ਵੀ ਯੋਗ ਪਰਿਵਾਰ ਸਹਾਇਤਾ ਤੋਂ ਵਾਂਝਾ ਨਾ ਰਹੇ।

ਉਨ੍ਹਾਂ ਪੰਜਾਬ ਦੇ ਬਿਜਲੀ ਮੰਤਰੀ ਹਰਭਜਨ ਸਿੰਘ ਈ.ਟੀ.ਓ. ਦੇ ਨਿਰੰਤਰ ਮਾਰਗਦਰਸ਼ਨ ਦਾ ਵੀ ਧੰਨਵਾਦ ਕੀਤਾ, ਜਿਨ੍ਹਾਂ ਦੀ ਕਰਮਚਾਰੀ ਭਲਾਈ ਪ੍ਰਤੀ ਵਚਨਬੱਧਤਾ ਸੰਗਠਨ ਨੂੰ ਪ੍ਰੇਰਿਤ ਕਰਦੀ ਹੈ। ਉਨ੍ਹਾਂ ਕਿਹਾ ਕਿ ਬਿਜਲੀ ਮੰਤਰੀ ਦੀ ਦੂਰਅੰਦੇਸ਼ੀ ਅਗਵਾਈ ਹੇਠ, ਪੀ ਸੀ ਐੱਸ ਐੱਲ ਨੇ ਮਹੱਤਵਪੂਰਨ ਐੱਚ ਆਰ ਮਾਮਲਿਆਂ, ਜਿਸ ਵਿੱਚ ਤਰਸ ਦੇ ਆਧਾਰ 'ਤੇ ਨੌਕਰੀਆਂ ਸ਼ਾਮਲ ਹਨ, ਨੂੰ ਹੱਲ ਕਰਨ ਲਈ ਸਰਗਰਮ ਕਦਮ ਚੁੱਕੇ ਹਨ। ਮੀਟਿੰਗ ਸਾਰੇ ਜ਼ੋਨਲ ਨੁਮਾਇੰਦਿਆਂ ਦੀ ਤਰਫੋਂ ਪੈਂਡਿੰਗ ਕੇਸਾਂ ਨੂੰ ਤੇਜ਼ ਕਰਨ, ਪੀ ਐੱਸ ਪੀ ਸੀ ਐੱਲ ਦੇ ਤਰਸ ਭਰੇ ਕਦਰਾਂ-ਕੀਮਤਾਂ ਨੂੰ ਬਰਕਰਾਰ ਰੱਖਣ ਦੀ ਪੱਕੀ ਸਮੂਹਕ ਵਚਨਬੱਧਤਾ ਨਾਲ ਸਮਾਪਤ ਹੋਈ।

# ਮੁਫਤ ਪੜ੍ਹਾਈ ਕਰਵਾਉਣ ਵਾਲੇ ਵਲੰਟੀਅਰ ਤੇ ਅਧਿਆਪਕ ਸਨਮਾਨਤ



**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**

ਭਾਈ ਜੈਤਾ ਜੀ ਫਾਊਂਡੇਸ਼ਨ ਇੰਡੀਆ ਦੇ ਸੰਸਥਾਪਕ ਸ੍ਰ. ਹਰਪਾਲ ਸਿੰਘ ਦੀ ਯੋਗ ਅਵਗਾਈ ਸਦਕਾ ਬਠਿੰਡਾ, ਬਰਨਾਲਾ ਤੇ ਮਾਨਸਾ ਜ਼ਿਲ੍ਹਿਆਂ ਦੇ ਜਵਾਹਰ ਨਵੋਦਿਆ ਵਿਦਿਆਲਿਆ ਦੀ ਛੇਵੀਂ ਕਲਾਸ ਵਿੱਚ ਦਾਖਲੇ ਹਿੱਤ ਵਿੱਦਿਅਕ ਸੈਸ਼ਨ 2025-26 ਲਈ ਵਿਦਿਆਰਥੀਆਂ ਨੂੰ ਮੁਫਤ ਪੜ੍ਹਾਈ ਕਰਵਾਉਣ ਵਾਲੇ ਵਲੰਟੀਅਰਾਂ ਤੇ ਸਹਿਯੋਗੀ ਅਧਿਆਪਕਾਂ ਨੂੰ ਸ੍ਰ. ਬਹਾਦਰ ਸਿੰਘ ਗੋਸਲ (ਰਿਟਾ. ਪਿੰਸੀਪਲ ਚੰਡੀਗੜ੍ਹ) ਤੇ ਸਟੇਟ ਕੋਆਰਡੀਨੇਟਰ ਸੰਦੀਪ ਸਿੰਘ ਦੁਆਰਾ ਸ਼ਿਵਾਲਿਕ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਰਾਮਪੁਰਾ ਵਿਖੇ ਸਨਮਾਨਤ ਕੀਤਾ ਗਿਆ। ਫਾਊਂਡੇਸ਼ਨ ਦੇ ਬਠਿੰਡਾ ਅਤੇ ਬਰਨਾਲਾ ਜ਼ਿਲ੍ਹਿਆਂ ਦੇ ਜ਼ਿਲ੍ਹਾ ਕੋਆਰਡੀਨੇਟਰ ਬਲਜਿੰਦਰ ਸਿੰਘ ਲਹਿਰਾ ਮੁਹੱਬਤ (ਰਿਟਾ. ਪ੍ਰਿੰਸੀਪਲ) ਨੇ ਜਾਣਕਾਰੀ ਦਿੰਦੇ ਦੱਸਿਆ ਕਿ ਬਠਿੰਡਾ, ਬਰਨਾਲਾ ਤੇ ਮਾਨਸਾ ਜ਼ਿਲ੍ਹਿਆਂ ਵਿੱਚ ਚਲਾਏ ਗਏ 22 ਕੋਚਿੰਗ ਸੈਂਟਰਾਂ ਦੇ 35 ਵਿਦਿਆਰਥੀ ਜਵਾਹਰ ਨਵੋਦਿਆ ਵਿਦਿਆਲਿਆ ਲਈ ਚੁਣੇ ਗਏ ਸਨ। ਇਨ੍ਹਾਂ ਸੈਂਟਰਾਂ ਨੂੰ ਬੇਹਤਰੀਨ ਤਰੀਕੇ ਨਾਲ ਚਲਾਉਣ ਤੇ ਵਿਦਿਆਰਥੀਆਂ ਨੂੰ ਵਾਧੂ ਸਮਾਂ ਦੇ ਕੇ ਪੜ੍ਹਾਉਣ ਵਿੱਚ ਅਧਿਆਪਕਾਂ ਅਮਰਜੀਤ ਸਿੰਘ ਪੰਜਾਬੀ ਅਧਿਆਪਕ ਸਸਸਸ ਪਿੱਥੋ, ਅਮਰਜੀਤ ਕੌਰ ਸੈਂਟਰ ਹੈੱਡ ਟੀਚਰ ਢਿਪਾਲੀ, ਜਗਦੇਵ ਸਿੰਘ ਮਲਕਾਣਾ, ਗੁਰਜੰਟ ਸਿੰਘ ਹੈੱਡ ਟੀਚਰ ਬੱਲੋ, ਕੁਲਵੰਤ ਸਿੰਘ ਸਪਸ ਖੋਖਰ, ਪ੍ਰਿਯੰਕਾ ਸਪਸ ਮਾਨਸਾ ਖੁਰਦ, ਮਹਿੰਦਰਪਾਲ ਬਰੇਟਾ ਤੇ ਸਮੂਹ ਵਲੰਟੀਅਰਾਂ ਦਾ ਵਿਸ਼ੇਸ਼ ਯੋਗਦਾਨ ਰਿਹਾ। ਉਨ੍ਹਾਂ ਦੱਸਿਆ ਕਿ ਭਵਿੱਖ ਵਿੱਚ ਵਿਦਿਆਰਥੀਆਂ ਨੂੰ ਵੱਧ ਤੋਂ ਵੱਧ ਲਾਭ ਪਹੁੰਚਾਉਣ ਲਈ ਹੋਰ ਕੋਚਿੰਗ ਸੈਂਟਰ ਖੋਲ੍ਹੇ ਜਾਣਗੇ।

28-JUNE-PAGE-7.qxd 6/27/2025 10:40 PM Page 1



## ਧੂਰੀ ਵਿਕਾਸ ਮੰਚ ਵੱਲੋਂ ਵਾਤਾਵਰਣ ਸ਼ੁੱਧਤਾ ਤੇ ਸਿਹਤ ਜਾਂਚ ਕੈਂਪ ਲਾਉਣ ਦਾ ਫੈਸਲਾ



**ਧੂਰੀ (ਮੋਹਿਤ ਗਰਗ, ਵਿੰਨੀ ਗਰਗ)**-ਧੂਰੀ ਵਿਕਾਸ ਮੰਚ ਦੀ ਕੋਰ ਕਮੇਟੀ ਦੇ ਚੇਅਰਮੈਨ ਜਗਸੀਰ ਸਿੰਘ 'ਸੰਗੀ ਢੀਂਡਸਾ' ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ 'ਚ ਸਰਬਸੰਮਤੀ ਨਾਲ ਆਗਲੇ ਦਿਨਾਂ 'ਚ ਵਾਤਾਵਰਣ ਦੀ ਸ਼ੁੱਧਤਾ ਤੇ ਆਲੇ-ਦੁਆਲੇ ਨੂੰ ਹਰਾ-ਭਰਾ ਬਣਾਉਣ ਦੇ ਉਦੇਸ਼ ਨਾਲ ਬੂਟੇ ਲਾਉਣ ਅਤੇ ਜੁਲਾਈ ਮਹੀਨੇ ਮੁਫ਼ਤ ਸਿਹਤ ਜਾਂਚ ਕੈਂਪ ਲਾਇਆ ਦਾ ਫੈਸਲਾ ਕੀਤਾ ਗਿਆ।ਮੰਚ ਦੇ ਉਪ ਚੇਅਰਮੈਨ ਐਡਵੋਕੇਟ ਰਾਜੇਸ਼ਵਰ ਚੌਧਰੀ, ਪ੍ਰਧਾਨ ਅਮਨ ਗਰਗ ਤੇ ਸਕੱਤਰ ਜਨਰਲ ਰਾਜ ਬਜਾਜ ਨੇ ਦੱਸਿਆ ਕਿ ਕੋਰ ਕਮੇਟੀ ਦੀ ਮੀਟਿੰਗ ਵਿੱਚ ਉਪਰੋਕਤ ਫੈਸਲੇ ਤੋਂ ਇਲਾਵਾ ਲੋਕਾਂ 'ਚ ਵਾਤਾਵਰਣ ਪ੍ਰਤੀ ਜਾਗਰੂਕਤਾ ਪੈਦਾ ਕਰਨ, ਆਪਣੇ ਆਲੇ-ਦੁਆਲੇ ਨੂੰ ਹਰਾ-ਭਰਾ ਬਣਾਉਣ ਲਈ ਉਤਸ਼ਾਹਤ ਕਰਨ ਅਤੇ ਜੁਲਾਈ ਮਹੀਨੇ ਵਿੱਚ ਮੁਫਤ ਸਿਹਤ ਜਾਂਚ ਕੈਂਪ ਲਾਉਣ ਦਾ ਵੀ ਫੈਸਲਾ ਕੀਤਾ ਗਿਆ। ਕੈਂਪ ਵਿੱਚ ਆਮ ਲੋਕਾਂ ਦੀ ਮੁਫ਼ਤ ਸਿਹਤ ਜਾਂਚ ਕੀਤੀ ਜਾਵੇਗੀ ਤੇ ਜ਼ਰੂਰੀ ਦਵਾਈਆਂ ਮੁਹੱਈਆ ਕਰਾਈਆਂ ਜਾਣਗੀਆਂ।ਕੈਂਪ ਦੀ ਤਰੀਕ ਤੇ ਥਾਂ ਬਾਰੇ ਜਾਣਕਾਰੀ ਜਲਦੀ ਸਾਂਝੀ ਕੀਤੀ ਜਾਵੇਗੀ ਤੇ ਮੀਟਿੰਗ ਦੌਰਾਨ ਕਈ ਹੋਰ ਲਾਭਦਾਇਕ ਯੋਜਨਾਵਾਂ ਬਾਰੇ ਵੀ ਵਿਚਾਰ ਚਰਚਾ ਕੀਤੀ ਗਈ।

## 'ਆਪ' ਸਰਕਾਰ ਬਦਲਾਖੋਰੀ ਦੀ ਰਾਜਨੀਤੀ ਕਰ ਰਹੀ ਹੈ : ਹਨੀ ਫੱਤਣਵਾਲਾ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਬੀਤੇ ਦਿਨੀਂ ਵਿਜੀਲੈਂਸ ਵੱਲੋਂ ਆਮਦਨ ਤੋਂ ਵੱਧ ਜਾਇਦਾਦ ਦੇ ਮਾਮਲੇ ਵਿੱਚ ਪੰਜਾਬ ਦੇ ਸਾਬਕਾ ਕੈਬਨਿਟ ਮੰਤਰੀ ਬਿਕਰਮ ਸਿੰਘ ਮਜੀਠੀਆ ਨੂੰ ਗ੍ਰਿਫਤਾਰ ਕੀਤੇ ਜਾਣ ਦੀ ਸਖਤ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਸ਼੍ਰੋਮਣੀ ਅਕਾਲੀ ਦਲ ਦੇ ਸਾਬਕਾ ਜਨਰਲ ਸਕੱਤਰ ਜਗਜੀਤ ਸਿੰਘ ਬਰਾੜ ਹਨੀ ਫੱਤਣਵਾਲਾ ਨੇ ਕਿਹਾ ਕਿ ਸੂਬੇ ਦੀ ਆਮ ਆਦਮੀ ਪਾਰਟੀ ਵਾਲੀ ਸਰਕਾਰ ਬਦਲਾਖੋਰੀ ਦੀ ਰਾਜਨੀਤੀ ਕਰ ਰਹੀ ਹੈ।ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਪੰਜਾਬ ਦੇ ਵਿਕਾਸ ਵੱਲ ਬਿਲਕੁੱਲ ਧਿਆਨ ਨਹੀਂ ਦੇ ਰਹੀ, ਸਗੋਂ ਜਾਣਬੁੱਝ ਕੇ ਵਿਰੋਧੀ ਪਾਰਟੀ ਦੇ ਆਗੂਆਂ ਨੂੰ ਤੰਗ ਪ੍ਰੇਸ਼ਾਨ ਕਰ ਰਹੀ ਹੈ।ਉਨ੍ਹਾ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਬਿਕਰਮ ਸਿੰਘ ਮਜੀਠੀਆ ਨਾਲ ਚਟਾਨ ਵਾਂਗ ਖੜ੍ਹਾ ਹੈ।ਹਨੀ ਫੱਤਣਵਾਲਾ ਨੇ ਕਿਹਾ ਕਿ ਹਰ 6 ਮਹੀਨਿਆਂ ਬਾਅਦ ਮਜੀਠੀਆ ਨੂੰ ਫੜ੍ਹ ਲਿਆ ਜਾਂਦਾ ਹੈ ਤੇ ਫਿਰ ਕੋਈ ਸਬੂਤ ਨਾ ਹੋਣ ਦੀ ਸੂਰਤ ਵਿੱਚ ਉਨ੍ਹਾਂ ਨੂੰ ਰਿਹਾਅ ਕਰ ਦਿੱਤਾ ਜਾਂਦਾ ਹੈ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਨੂੰ ਅਜਿਹੀਆਂ ਘਿਨੌਣੀਆਂ ਹਰਕਤਾਂ ਤੋਂ ਬਾਜ਼ ਆਉਣਾ ਚਾਹੀਦਾ ਹੈ ਤੇ ਪੰਜਾਬ ਦੇ ਹਿੱਤ ਵਿੱਚ ਕੰਮ ਕਰਨਾ ਚਾਹੀਦਾ ਹੈ।ਹਨੀ ਫੱਤਣਵਾਲਾ ਨੇ ਕਿਹਾ ਕਿ ਡਰਾਉਣਾ ਧਮਕਾਉਣਾ ਪੰਜਾਬ ਦਾ ਸੱਭਿਆਚਾਰ ਨਹੀਂ ਹੈ।ਉਨ੍ਹਾ ਕਿਹਾ ਕਿ ਵਿਜੀਲੈਂਸ ਵੱਲੋਂ ਬਿਕਰਮ ਸਿੰਘ ਮਜੀਠੀਆ ਦੇ ਘਰ ਦਿੱਤੀ ਜਬਰੀ ਦਬਸ਼ ਤੇ ਮਜੀਠੀਆ ਦੀ ਪਤਨੀ ਗਨੀਵ ਕੌਰ ਮਜੀਠੀਆ ਨਾਲ ਅਧਿਕਾਰੀਆਂ ਵੱਲੋਂ ਬਹਿਸਣਾ ਇੱਕ ਮੰਦਭਾਗਾ ਹੈ, ਕਿਉਂਕਿ ਸਾਡੇ ਪੰਜਾਬ ਦਾ ਸੱਭਿਆਚਾਰ ਧੀਆਂ-ਭੈਣਾਂ ਨੂੰ ਇੱਜ਼ਤ ਦੇਣਾ ਹੈ।ਹਨੀ ਫੱਤਣਵਾਲਾ ਨੇ ਕਿਹਾ ਕਿ ਸੂਬਾ ਪੰਜਾਬ ਪੁਲਸ ਰਾਜ ਬਣ ਕੇ ਰਹਿ ਗਿਆ ਹੈ। ਉਨ੍ਹਾਂ ਕਿਹਾ ਕਿ ਬਿਕਰਮ ਸਿੰਘ ਮਜੀਠੀਆ ਦੀ ਪਤਨੀ ਇੱਕ ਚੁਣੀ ਹੋਈ ਵਿਧਾਇਕਾ ਹੈ ਤੇ ਵਿਰੋਧੀਆਂ ਨਾਲ ਬਦਲਾਖੋਰੀ ਦੀ ਨੀਤੀ ਪੰਜਾਬ ਦੇ ਲੋਕਾਂ ਦੀ ਆਵਾਜ਼ ਬੰਦ ਕਰਾਉਣ ਵਾਲੀ ਗੱਲ ਹੈ।ਹਨੀ ਫੱਤਣਵਾਲਾ ਨੇ ਕਿਹਾ ਕਿ ਮਜੀਠੀਆ ਲਗਾਤਾਰ ਪੰਜਾਬ ਸਰਕਾਰ ਦੇ ਕਾਰਨਾਮੇ, ਕਾਲੀਆਂ ਕਰਤੂਤਾਂ, ਉਨ੍ਹਾਂ ਤੇ ਮੰਤਰੀਆਂ ਦੀਆਂ ਅਸ਼ਲੀਲ ਗੱਲਾਂ ਤੇ ਭ੍ਰਿਸ਼ਟਾਚਾਰ ਨੂੰ ਬੇਬਾਕੀ ਨਾਲ ਲੋਕਾਂ ਸਾਹਮਣੇ ਰੱਖ ਰਹੇ ਹਨ, ਪਰ ਮੁੱਖ ਮੰਤਰੀ ਨੇ ਉਨ੍ਹਾਂ ਦੀ ਆਵਾਜ਼ ਨੂੰ ਦਬਾਉਣ ਲਈ ਉਨ੍ਹਾਂ ਦੀ ਗ੍ਰਿਫਤਾਰੀ ਕਰਵਾਈ ਹੈ।

## ਮੁੱਖ ਅਧਿਆਪਕ ਤੇ ਕੇਂਦਰ ਮੁੱਖ ਅਧਿਆਪਕ ਜਥੇਬੰਦੀ ਵੱਲੋਂ ਸਕੱਤਰ ਨਾਲ ਮੀਟਿੰਗ

### ਪ੍ਰਾਇਮਰੀ ਕਾਡਰ ਨੂੰ ਜ਼ਿਲ੍ਹਾ ਕਾਡਰ ਰੱਖਣ ਦੀ ਕੀਤੀ ਵਕਾਲਤ



**ਮਾਨਸਾ(ਆਤਮਾ ਸਿੰਘ ਪਮਾਰ)**-ਮੁੱਖ ਅਧਿਆਪਕ ਤੇ ਕੇਂਦਰ ਮੁੱਖ ਅਧਿਆਪਕ ਜਥੇਬੰਦੀ ਪੰਜਾਬ ਦੇ ਪ੍ਰਧਾਨ ਅਮਨਦੀਪ ਸ਼ਰਮਾ ਨੇ ਦੱਸਿਆ ਕਿ ਉਨ੍ਹਾਂ ਦੀ ਅਗਵਾਈ 'ਚ ਇੱਕ ਅਹਿਮ ਮੀਟਿੰਗ ਮੈਡਮ ਅਨਿੰਦਿੱਤਾ ਮਿੱਤਰਾ ਸਕੱਤਰ ਸਕੂਲ ਸਿੱਖਿਆ ਪੰਜਾਬ ਨਾਲ ਸੈਕਟਰ 9 ਦੇ ਮਿੰਨੀ ਸਕੱਤਰੇਤ ਵਿਖੇ ਹੋਈ।ਮੀਟਿੰਗ ਦੀ ਸ਼ੁਰੂਆਤ ਕਰਦਿਆਂ ਜਥੇਬੰਦੀ ਵੱਲੋਂ ਪ੍ਰਾਇਮਰੀ ਕਾਡਰ ਨੂੰ ਜ਼ਿਲ੍ਹਾ ਕਾਡਰ ਰੱਖਣ ਦੀ ਵਕਾਲਤ ਕਰਦਿਆਂ ਮੰਗ ਕੀਤੀ ਕਿ ਪ੍ਰਾਇਮਰੀ ਕਾਡਰ ਨੂੰ ਜ਼ਿਲ੍ਹਾ ਕਾਡਰ ਹੀ ਰੱਖਿਆ ਜਾਵੇ, ਜਿਸ ਤੇ ਸਕੱਤਰ ਮੈਡਮ ਵੱਲੋਂ ਹਾਂ-ਪੱਖੀ ਹੁੰਗਾਰਾ ਦਿੱਤਾ ਗਿਆ।ਜਥੇਬੰਦੀ ਦੇ ਸੂਬਾਈ ਸਕੱਤਰ ਰਾਕੇਸ਼ ਗੋਇਲ ਬਰੇਟਾ ਵੱਲੋਂ ਸੈਂਟਰ ਹੈੱਡ ਟੀਚਰਾਂ ਦੀ ਸੀਨੀਆਰਤਾ ਜ਼ਿਲ੍ਹਾ ਪੱਧਰ 'ਤੇ ਬਣਾ ਕੇ ਬਲਾਕ ਸਿੱਖਿਆ ਅਫਸਰਾਂ ਦੀਆਂ ਤਰੱਕੀਆਂ ਕਰਨ ਦੀ ਮੰਗ ਨੂੰ ਜ਼ੋਰਦਾਰ ਢੰਗ ਨਾਲ ਰੱਖਿਆ, ਜਿਸ ਦੀ ਮੈਡਮ ਮਿੱਤਰਾ ਵੱਲੋਂ ਪੂਰੀ ਤਰ੍ਹਾਂ ਹਾਮੀ ਭਰੀ ਗਈ।ਜਥੇਬੰਦੀ ਵੱਲੋਂ ਹੈੱਡ ਟੀਚਰ ਦੀ ਪੋਸਟ ਨੂੰ ਪ੍ਰਬੰਧਕੀ ਪੋਸਟ ਕਰਨ ਦੀ ਗੱਲ ਵੀ ਰੱਖੀ ਗਈ ਅਤੇ ਦੱਸਿਆ ਗਿਆ ਕਿ ਹੈੱਡ ਟੀਚਰ ਜਿੱਥੇ ਸਕੂਲ ਮੁਖੀ ਹੁੰਦਾ ਹੈ, ਉੱਥੇ ਹੀ ਉਹ ਕਲਾਸ ਦਾ ਇੰਚਾਰਜ ਵੀ।ਉਨ੍ਹਾਂ ਮੰਗ ਰੱਖੀ ਕਿ ਹੈੱਡ ਟੀਚਰ ਨੂੰ ਕਲਾਸ ਤੋਂ ਛੋਟ ਦਿੱਤੀ ਜਾਵੇ, ਜਿਸ 'ਤੇ ਸਹਿਮਤੀ ਬਣਾਉਂਦਿਆਂ ਕਿਹਾ ਕਿ ਹੈੱਡ ਟੀਚਰ ਨੂੰ ਰਾਹਤ ਦੀ ਸਹਿਮਤੀ ਵੀ ਹੋਈ।ਇਸ ਦੇ ਨਾਲ ਹੀ ਹੈੱਡ-ਟੀਚਰ, ਸੈਂਟਰ-ਹੈੱਡ ਟੀਚਰ ਤੇ ਬੀਪੀਈਓ ਨੂੰ ਪੰਜਵੇਂ ਪੇ ਕਮਿਸ਼ਨ ਅਨੁਸਾਰ ਬਣਦਾ ਪੇ ਸਕੇਲ ਦੇਣ ਸਬੰਧੀ ਪ੍ਰਪੋਜ਼ਲ ਤਿਆਰ ਕਰਕੇ ਵਿੱਤ ਵਿਭਾਗ ਨੂੰ ਭੇਜਣ ਦੀ ਸਹਿਮਤੀ ਵੀ ਦਿੱਤੀ ਗਈ। ਜਥੇਬੰਦੀ ਪੰਜਾਬ ਦੇ ਸੀਨੀਅਰ ਮੀਤ ਪ੍ਰਧਾਨ ਜਸ਼ਨਦੀਪ ਕੁਲਾਣਾ ਨੇ ਪ੍ਰਮੋਸ਼ਨਾਂ ਦੀ ਮੰਗ ਨੂੰ ਉਠਾਇਆ ਤੇ ਗੁਲਜਾਰ ਸਿੰਘ ਫੂੱਲੂਵਾਲਾ ਡੋਗਰਾ ਨੇ 6635 ਦੀਆਂ ਬਦਲੀਆਂ ਦਾ ਮੁੱਦਾ ਉਠਾਇਆ।ਇਸ ਮੌਕੇ ਭੁਪੇਸ਼ ਕੁਮਾਰ, ਦੀਪਕ ਮਿੱਤਲ, ਰਾਜ ਖਾਨ, ਰਵਿੰਦਰ ਕੁਮਾਰ ਬਿੱਟੂ, ਅਵਤਾਰ ਸਿੰਘ, ਗੁਰਜੰਟ ਬੱਛੂਆਣਾ ਆਦਿ ਆਗੂ ਹਾਜ਼ਰ ਸਨ।

## ਐੱਸ ਬੀ ਆਈ ਦੇ 70ਵੇਂ ਸਥਾਪਨਾ ਦਿਵਸ 'ਤੇ ਖ਼ੂਨਦਾਨ ਕੈਂਪ



**ਮੋਗਾ (ਇਕਬਾਲ ਸਿੰਘ ਖਹਿਰਾ)**-ਸਟੇਟ ਬੈਂਕ ਆਫ ਇੰਡੀਆ ਦੇ 70ਵੇਂ ਸਥਾਪਨਾ ਦਿਵਸ ਦੀ ਪੂਰਵ ਸੰਧਿਆ 'ਤੇ ਵਿਸ਼ਵਕਰਮਾ ਭਵਨ ਮੋਗਾ ਵਿਖੇ ਭਾਈ ਘਨੱਈਆ ਜੀ ਬਲੱਡ ਡੋਨਰ ਸੋਸਾਇਟੀ ਮੋਗਾ ਦੇ ਸਹਿਯੋਗ ਨਾਲ ਇੱਕ ਖ਼ੂਨਦਾਨ ਕੈਂਪ ਲਗਾਇਆ ਗਿਆ, ਜਿਸ ਵਿੱਚ ਵੱਡੀ ਗਿਣਤੀ 'ਚ ਬੈਂਕ ਕਰਮਚਾਰੀਆਂ ਤੇ ਸੁਸਾਇਟੀ ਮੈਂਬਰਾਂ ਨੇ ਖ਼ੂਨ ਦਾਨ ਕੀਤਾ। ਖ਼ੂਨਦਾਨ ਕੈਂਪ ਦਾ ਰਸਮੀ ਉਦਘਾਟਨ ਇੰਦਰਬੀਰ ਜੀਤ ਸਿੰਘ, ਚੀਫ ਮੈਨੇਜਰ ਏਐਮਸੀਸੀ ਮੋਗਾ ਵੱਲੋਂ ਵਿਪਨ ਖੁੱਲਰ, ਮੈਨੇਜਰ ਐੱਚ ਆਰ ਦੀ ਮੌਜੂਦਗੀ ਵਿੱਚ ਮਨੋਜ ਕੁਮਾਰ ਸਿੰਘ, ਰੀਜਨਲ ਮੈਨੇਜਰ ਆਰਬੀਓ ਬਰਨਾਲਾ ਦੀ ਅਗਵਾਈ ਵਿੱਚ ਕੀਤਾ ਗਿਆ। ਹਰਮੇਲ ਸਿੰਘ ਡਰੋਲੀ ਵਾਲੇ ਵੀ ਮੌਜੂਦ ਸਨ। ਇਸ ਮੌਕੇ ਆਪਣੇ ਸੰਬੋਧਨ ਦੌਰਾਨ ਭਾਈ ਘਨੱਈਆ ਬਲੱਡ ਡੋਨਰ ਸੁਸਾਇਟੀ ਮੋਗਾ ਦੇ ਪ੍ਰਧਾਨ ਗੁਰਨਾਮ ਸਿੰਘ ਲਵਲੀ ਨੇ ਐੱਸ ਬੀ ਆਈ ਕਰਮਚਾਰੀਆਂ ਨੂੰ ਬੈਂਕ ਦੇ ਸਥਾਪਨਾ ਦਿਵਸ ਦੀ ਵਧਾਈ ਦਿੰਦਿਆਂ ਨੌਜਵਾਨਾਂ ਨੂੰ ਖ਼ੂਨ ਦਾਨ ਪ੍ਰਤੀ ਪ੍ਰੇਰਿਤ ਕੀਤਾ। ਇਸ ਕੈਂਪ ਵਿੱਚ 29 ਯੂਨਿਟ ਦਾਨ ਕੀਤੇ ਗਏ, ਜੋ ਕਿ ਬੈਂਕ ਦੀ ਸਮਾਜ ਭਲਾਈ ਪ੍ਰਤੀ ਵਚਨਬੱਧਤਾ ਨੂੰ ਉਜਾਗਰ ਕਰਦੇ ਹਨ। ਸਿਵਲ ਹਸਪਤਾਲ ਮੋਗਾ ਤੋਂ ਸਰਟੀਫਿਕੇਟ ਤੇ ਖ਼ੂਨਦਾਨੀਆਂ ਨੂੰ ਪ੍ਰਸੰਸਾ ਪੱਤਰ ਵੰਡੇ ਗਏ। ਸਾਰੇ ਖ਼ੂਨਦਾਨੀਆਂ ਨੂੰ ਰਿਫਰੈਸ਼ਮੈਂਟ ਵੀ ਦਿੱਤੀ ਗਈ।

## ਨਿੱਜੀ ਫਾਇਦੇ ਲਈ 'ਆਪ' 'ਚ ਸ਼ਾਮਲ ਹੋਣ ਵਾਲਿਆਂ ਦਾ ਮਕਸਦ ਪੂਰਾ ਨਹੀਂ ਹੋਣ ਦੇਵਾਂਗੇ : ਬੂਟਾ ਜਲਾਲ



**ਬਠਿੰਡਾ (ਰਾਜੀਵ ਗੋਇਲ)**-ਨਿੱਜੀ ਫਾਇਦੇ ਲਈ ਆਮ ਆਦਮੀ ਪਾਰਟੀ 'ਚ ਸ਼ਾਮਲ ਹੋਣ ਵਾਲੇ ਲੋਕਾਂ ਦਾ ਮਕਸਦ ਪੂਰਾ ਨਹੀਂ ਹੋਣ ਦੇਵਾਂਗੇ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਆਪ ਦੇ ਸੀਨੀਅਰ ਆਗੂ ਬੂਟਾ ਸਿੰਘ ਜਲਾਲ ਵੱਲੋਂ ਕੀਤਾ ਗਿਆ। ਉਨ੍ਹਾਂ ਕਿਹਾ ਕਿ ਜਿਹੜੇ ਲੋਕ ਆਪਣੇ ਨਿੱਜੀ ਹਿੱਤ ਨੂੰ ਪੂਰਾ ਕਰਨ ਲਈ ਸੌਦੇਬਾਜ਼ੀ ਕਰਕੇ ਪਾਰਟੀ ਜੁਆਇਨ ਕਰ ਰਹੇ ਹਨ, ਉਹ ਪਾਰਟੀ 'ਚ ਤਾਂ ਭਾਵੇਂ ਰਹਿਣ, ਕੋਈ ਪ੍ਰਵਾਹ ਨਹੀਂ ਪਰ ਅਸੀਂ ਨਿੱਜੀ ਲਾਭ ਪੂਰਾ ਨਹੀਂ ਹੋਣ ਦੇਵਾਂਗੇ। ਦੱਸਣਾ ਬਣਦਾ ਹੈ ਕਿ ਬੀਤੇ ਕਾਫੀ ਦਿਨਾਂ ਤੋਂ ਟਰੱਕ ਯੂਨੀਅਨ ਭਗਤਾ ਦਾ ਮਸਲਾ ਵੀ ਬੜਾ ਭਖਿਆ ਹੋਇਆ ਹੈ ਤੇ ਇੱਕ ਪਾਸੇ ਹਲਕਾ ਵਿਧਾਇਕ ਦੀ ਟੀਮ ਹੈ ਤੇ ਦੂਜੇ ਪਾਸੇ ਆਮ ਆਦਮੀ ਪਾਰਟੀ ਦੇ ਭੁਮੱਕੜ ਹਨ, ਜਿਨ੍ਹਾਂ ਦਾ ਕਹਿਣਾ ਹੈ ਕਿ ਦੂਜੀਆਂ ਪਾਰਟੀਆਂ 'ਚੋਂ ਆਮ ਆਦਮੀ ਪਾਰਟੀ 'ਚ ਸ਼ਾਮਲ ਹੋਣ ਵਾਲੇ ਲੋਕਾਂ ਨੂੰ ਕੁਰਸੀ ਦਾ ਸਵਾਦ ਨਹੀਂ ਲੈਣ ਦੇਵਾਂਗੇ, ਪਰ ਬੀਤੇ ਕੱਲ੍ਹ ਇੱਕ ਨਾਮਵਰ ਵਪਾਰੀ ਵੱਲੋਂ ਪਾਰਟੀ 'ਚ ਸ਼ਾਮਲ ਹੋਣ ਨਾਲ ਤਰ੍ਹਾਂ-ਤਰ੍ਹਾਂ ਦੀਆਂ ਚਰਚਾਵਾਂ ਨੇ ਜ਼ੋਰ ਫੜਿਆ ਹੋਇਆ ਹੈ, ਜਿਸ ਨੂੰ ਲੈ ਕੇ ਆਉਣ ਵਾਲੇ ਦਿਨਾਂ ਵਿੱਚ ਆਪ ਦੇ ਆਪਣੇ ਹੀ ਆਗੂਆਂ ਵੱਲੋਂ ਬਗਾਵਤੀ ਸੁਰਾਂ ਤੇਜ਼ ਕੀਤੀਆਂ ਜਾ ਸਕਦੀਆਂ ਹਨ। ਪਾਰਟੀ 'ਚ ਸ਼ਾਮਲ ਹੋਣ ਵਾਲੇ ਵਪਾਰੀ ਵੱਲੋਂ ਵੀ ਕਿਹਾ ਗਿਆ ਕਿ ਉਨ੍ਹਾਂ ਦਾ ਕੋਈ ਨਿੱਜੀ ਮਕਸਦ ਨਹੀਂ ਹੈ ਅਤੇ ਆਮ ਚਰਚਾਵਾਂ ਦਾ ਵੀ ਉਨ੍ਹਾਂ ਵੱਲੋਂ ਖੰਡਨ ਕੀਤਾ ਗਿਆ ਹੈ।

## ਪਾਰਸ ਸ਼ਰਮਾ ਪੰਜਾਬ ਯੂਥ ਡਿਵੈੱਲਪਮੈਂਟ ਬੋਰਡ ਦੇ ਡਾਇਰੈਕਟਰ ਨਿਯੁਕਤ



**ਸਮਾਣਾ (ਗੁਰਪਿਆਰ ਸਿੰਘ ਬੱਲ)**-ਸਮਾਣਾ ਤੋਂ ਆਮ ਆਦਮੀ ਪਾਰਟੀ ਦੇ ਮਿਹਨਤੀ ਤੇ ਜੁਝਾਰੂ ਆਗੂ ਪਾਰਸ ਸ਼ਰਮਾ ਨੂੰ ਪਾਰਟੀ ਹਾਈਕਮਾਨ ਵੱਲੋਂ ਪੰਜਾਬ ਯੂਥ ਡਿਵੈਲਪਮੈਂਟ ਬੋਰਡ ਦਾ ਡਾਇਰੈਕਟਰ ਨਿਯੁਕਤ ਕੀਤਾ ਗਿਆ ਹੈ।ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਪਾਰਸ ਸ਼ਰਮਾ ਨੇ ਕਿਹਾ ਕਿ ਉਹ ਸਭ ਤੋਂ ਪਹਿਲਾਂ ਪਾਰਟੀ ਹਾਈਕਮਾਨ ਅਰਵਿੰਦ ਕੇਜਰੀਵਾਲ, ਮਨੀਸ਼ ਸ਼ਿਸ਼ੋਦੀਆ, ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਤੇ ਪਾਰਟੀ ਪ੍ਰਧਾਨ ਅਮਨ ਅਰੋੜਾ ਦਾ ਤਹਿ ਦਿਲੋਂ ਧੰਨਵਾਦ ਕਰਦੇ ਹਨ, ਜਿਨ੍ਹਾਂ ਵੱਲੋਂ ਉਨ੍ਹਾਂ ਨੂੰ ਇਹ ਜ਼ਿੰਮੇਵਾਰੀ ਸੌਂਪੀ ਗਈ ਹੈ।ਉਨ੍ਹਾਂ ਕਿਹਾ ਕਿ ਉਹ ਪਾਰਟੀ ਦੀ ਇਸ ਜ਼ਿੰਮੇਵਾਰੀ ਨੂੰ ਪੂਰੀ ਤਨਦੇਹੀ ਤੇ ਮਿਹਨਤ ਨਾਲ ਨਿਭਾਉਣਗੇ ਤੇ ਨੌਜਵਾਨ ਪੀੜ੍ਹੀ ਨੂੰ ਆ ਰਹੀਆਂ ਮੁਸ਼ਕਲਾਂ ਸੁਣ ਕੇ ਉਨ੍ਹਾਂ ਨੂੰ ਸਰਕਾਰ ਤੱਕ ਪਹੁੰਚਾਉਣਗੇ ਤੇ ਉਨ੍ਹਾਂ ਨੂੰ ਹੱਲ ਕਰਵਾਉਣਗੇ।ਇਸ ਮੌਕੇ ਉਨ੍ਹਾਂ ਆਪ ਪਾਰਟੀ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਸ ਮੁਹਿੰਮ ਨਾਲ ਪੰਜਾਬ ਵਿੱਚੋਂ ਨਸ਼ਿਆਂ ਦਾ ਕੋਹੜ, ਜੋ ਪੰਜਾਬ ਦੀ ਨੌਜਵਾਨੀ ਨੂੰ ਘੁਣ ਵਾਂਗ ਖਾ ਰਿਹਾ ਸੀ ਤੋਂ ਕਾਫੀ ਹੱਦ ਤੱਕ ਨਿਜਾਤ ਮਿਲੀ ਹੈ।

## ਮਜੀਠੀਆ ਦੀ ਗ੍ਰਿਫ਼ਤਾਰੀ ਸਿਆਸੀ ਰੰਜਿਸ਼ : ਧੁਨਮੁੱਖ ਭਾਰਤੀ

**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)**-ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਤੇ ਸਾਬਕਾ ਕੈਬਨਿਟ ਮੰਤਰੀ ਪੰਜਾਬ ਬਿਕਰਮ ਸਿੰਘ ਮਜੀਠੀਆ ਦੀ ਗ੍ਰਿਫਤਾਰੀ ਨਾਲ ਅਕਾਲੀ ਦਲ ਵਿੱਚ ਪੰਜਾਬ ਸਰਕਾਰ ਪ੍ਰਤੀ ਭਾਰੀ ਰੋਸ ਪਾਇਆ ਜਾ ਰਿਹਾ ਹੈ। ਇਹ ਗ੍ਰਿਫਤਾਰੀ ਇੱਕ ਸਿਆਸੀ ਰੰਜਿਸ਼ ਨਾਲ ਕੀਤੀ ਗਈ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਸ੍ਰੀ ਧੁਨਮੁੱਖ ਭਾਰਤੀ ਪੱਤੋ ਨੇ ਕੀਤਾ ਕਿ ਪੰਜਾਬ ਸਰਕਾਰ ਬਿਕਰਮ ਸਿੰਘ ਮਜੀਠੀਆ ਨੂੰ ਜਾਣ ਬੁੱਝ ਕੇ ਖੱਜਲ ਖੁਆਰ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਹਰ ਹਫਤੇ ਹੀ ਅਕਾਲੀ ਆਗੂਆਂ 'ਤੇ ਝੂਠੇ ਪਰਚੇ ਦਰਜ ਕਰ ਕੇ ਝੂਠੇ ਕੇਸਾਂ ਵਿੱਚ ਫਸਾਇਆ ਜਾ ਰਿਹਾ ਹੈ, ਜਿਸ ਤੋਂ ਪੰਜਾਬ ਦੇ ਲੋਕ ਭਲੀ ਭਾਂਤੀ ਜਾਣੂ ਹਨ। ਉਨ੍ਹਾਂ ਕਿਹਾ ਕਿ ਅਕਾਲੀ ਦਲ ਨੇ ਹਮੇਸ਼ਾ ਹੀ ਪੰਜਾਬ ਦੇ ਹਿੱਤਾਂ ਦੀ ਰਾਖੀ ਲਈ ਲੜਾਈ ਲੜੀ ਹੈ। ਸ੍ਰੀ ਧੁਨਮੁੱਖ ਭਾਰਤੀ ਪੱਤੋ ਨੇ ਕਿਹਾ ਕਿ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਪੰਜਾਬ ਦੇ ਨੌਜਵਾਨਾਂ ਨੂੰ ਰੋਜ਼ਗਾਰ, ਸਿਹਤ, ਸਿੱਖਿਆ ਤੇ ਕਿਸਾਨੀ ਮੁੱਦਿਆਂ ਤੋਂ ਭਟਕਾ ਕੇ ਅਕਾਲੀ ਦਲ ਦੇ ਆਗੂਆਂ 'ਤੇ ਝੂਠੇ ਕੇਸ ਪਾ ਕੇ ਪੰਜਾਬ ਦੇ ਲੋਕਾਂ ਨੂੰ ਧਿਆਨ ਤੋਂ ਭਟਕਾ ਰਹੀ ਹੈ। ਉਨ੍ਹਾਂ ਦੱਸਿਆ ਕਿ ਅਕਾਲੀ ਦਲ ਹਮੇਸ਼ਾ ਹੀ ਪੰਜਾਬ ਦੇ ਮੁੱਦਿਆਂ ਲਈ ਪੰਜਾਬ ਦੇ ਲੋਕਾਂ ਨਾਲ ਚਟਾਨ ਵਾਂਗ ਖੜੇਗਾ।

# ਚੌਕੀਦਾਰ ਕਤਲ ਕੇਸ 'ਚ ਇਨਸਾਫ ਲਈ ਪੀੜਤ ਵਿਧਵਾ ਪਹੁੰਚੀ ਐੱਸ ਸੀ ਕਮਿਸ਼ਨ ਕੋਲ

### ਐਟਰੋਸਿਟੀ ਐਕਟ ਤਹਿਤ ਹੋਵੇਗੀ ਕਾਰਵਾਈ : ਗੁਰਪ੍ਰੀਤ ਸਿੰਘ



**ਮੋਗਾ (ਇਕਬਾਲ ਸਿੰਘ ਖਹਿਰਾ)**-ਦਨਿਆਲ ਪਿੰਡ 'ਚ ਦਲਿਤ ਚੌਕੀਦਾਰ ਹਰਜੀਤ ਸਿੰਘ ਦੇ ਹੋਏ 'ਕਤਲ' ਮਾਮਲੇ 'ਚ ਦੋਸ਼ੀਆਂ ਵਿਰੁੱਧ ਪੀੜਤ ਵਿਧਵਾ ਕੁਲਜੀਤ ਕੌਰ ਪੰਜਾਬ ਰਾਜ ਐੱਸ ਸੀ ਕਮਿਸ਼ਨ ਦੇ ਮੈਂਬਰ ਗੁਰਪ੍ਰੀਤ ਸਿੰਘ ਇੱਟਾਂਵਾਲੀ ਨੂੰ ਮਿਲੇ। ਪ੍ਰਭਾਵਿਤ ਦਲਿਤ ਮਹਿਲਾ ਪਾਸੋਂ ਸ਼ਿਕਾਇਤ ਦੀ ਕਾਪੀ ਸਵੀਕਾਰ ਕਰਦਿਆਂ ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਦੇ ਮੈਂਬਰ ਗੁਰਪ੍ਰੀਤ ਸਿੰਘ ਇੱਟਾਂਵਾਲੀ ਨੇ ਦੱਸਿਆ ਕਿ ਜ਼ਿਲ੍ਹਾ ਅੰਮ੍ਰਿਤਸਰ ਦੇ ਪਿੰਡ ਦਨਿਆਲ 'ਚ ਦਲਿਤ ਚੌਕੀਦਾਰ ਹਰਜੀਤ ਸਿੰਘ ਦੇ ਹੋਏ ਕਤਲ ਮਾਮਲੇ 'ਚ ਪੀੜਤ ਪਰਵਾਰ ਦੀ ਤਰਫੋਂ ਜੋ ਸ਼ਿਕਾਇਤ ਕਮਿਸ਼ਨ ਨੂੰ ਸੌਂਪੀ ਗਈ ਹੈ, ਇਸ ਮਾਮਲੇ 'ਚ ਪੀੜਤਾ ਕੁਲਜੀਤ ਕੌਰ ਦੇ ਤਰਤੀਮਾ ਬਿਆਨਾਂ ਅਧਾਰਤ ਜ਼ੁਰਮ 'ਚ ਵਾਧਾ ਕਰਨ ਤੇ ਦੋਸ਼ੀਆਂ ਖਿਲਾਫ ਐਟਰੋਸਿਟੀ ਐਕਟ ਤਹਿਤ ਕਾਰਵਾਈ ਕਰਨ ਦੇ ਨਿਰਦੇਸ਼ ਐੱਸ.ਐੱਸ.ਪੀ. ਪੁਲਸ ਜ਼ਿਲ੍ਹਾ ਅੰਮ੍ਰਿਤਸਰ ਦਿਹਾਤੀ ਨੂੰ ਦਿੰਦਿਆਂ ਉਨ੍ਹਾਂ ਤੋਂ ਕੇਸ ਤੇ ਕੀਤੀ ਹੁਣ ਤੱਕ ਕਾਰਵਾਈ ਦੀ ਸਟੇਟਸ ਰਿਪੋਰਟ 'ਤਲਬ' ਕੀਤੀ ਜਾ ਰਹੀ ਹੈ। ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਦੇ ਮੈਂਬਰ ਗੁਰਪ੍ਰੀਤ ਸਿੰਘ ਇੱਟਾਂਵਾਲੀ ਨੇ ਦੱਸਿਆ ਕਿ ਅਨੁਸੂਚਿਤ ਜਾਤੀਆਂ ਭਾਈਚਾਰੇ ਦੇ ਲੋਕਾਂ ਨਾਲ ਸਿੱਧੇ ਤੌਰ 'ਤੇ ਲੋਕ ਸੰਪਰਕ ਮੁਹਿੰਮ ਤਹਿਤ ਮੁਲਾਕਾਤ ਕਰਨ ਲਈ ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਦੇ ਚੇਅਰਮੈਨ ਜਸਵੀਰ ਸਿੰਘ ਗੜ੍ਹੀ ਨਾਲ ਸਲਾਹ ਮਸ਼ਵਰਾ ਕਰਕੇ ਬਹੁਤ ਜਲਦੀ ਨਿੱਜੀ ਤੌਰ 'ਤੇ ਉਹ ਅੰਮ੍ਰਿਤਸਰ, ਗੁਰਦਾਸਪੁਰ, ਪਠਾਨਕੋਟ ਤੇ ਤਰਨ ਤਾਰਨ 'ਚ ਲੋਕਾਂ ਨਾਲ ਮੁਲਾਕਾਤ ਕਰਨ ਸਬੰਧੀ ਪ੍ਰੋਗਰਾਮ ਬਣਾ ਰਹੇ ਹਾਂ। ਇਸ ਮੌਕੇ ਪੀ ਏ ਬਾਬਾ ਹਰਜਿੰਦਰ ਸਿੰਘ, ਅਰਜਨ ਸਿੰਘ, ਮਹਿਕ ਆਲਮ ਸੀਜਨ, ਸੁਰਜੀਤ ਕੌਰ ਆਦਿ ਹਾਜ਼ਰ ਸਨ।

## ਜਗਮੋਹਨ ਸਿੰਘ ਪਰਵਾਰ ਤੇ ਰਿਸ਼ਤੇਦਾਰ ਸਮੇਤ ਕਾਂਗਰਸ 'ਚ ਸ਼ਾਮਲ



**ਬਠਿੰਡਾ (ਰਾਜੀਵ ਗੋਇਲ)**-ਕਸਬਾ ਭਗਤਾ ਭਾਈ ਕਾ ਵਿਖੇ ਭਾਈ ਭਗਤਾ ਡੇਅਰੀ ਚਲਾ ਰਹੇ ਜਗਮੋਹਨ ਸਿੰਘ ਆਪਣੇ ਪਰਿਵਾਰ ਤੇ ਰਿਸ਼ਤੇਦਾਰ ਸਮੇਤ ਸੀਨੀਅਰ ਕਾਂਗਰਸੀ ਲੀਡਰ ਤੇ ਸਾਬਕਾ ਵਜ਼ੀਰ ਗੁਰਪ੍ਰੀਤ ਸਿੰਘ ਕਾਂਗੜ ਦੀ ਅਗਵਾਈ ਹੇਠ ਕਾਂਗਰਸ ਵਿੱਚ ਸ਼ਾਮਲ ਹੋ ਗਏ।

ਗੱਲਬਾਤ ਕਰਦਿਆਂ ਜਗਮੋਹਨ ਸਿੰਘ ਨੇ ਦੱਸਿਆ ਕਿ ਉਹ ਕਾਂਗਰਸ ਦੀਆਂ ਆਮ ਲੋਕਾਂ ਪ੍ਰਤੀ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਹੀ ਪਾਰਟੀ 'ਚ ਸ਼ਾਮਲ ਹੋਏ ਹਨ ਤੇ ਆਉਣ ਵਾਲੀਆਂ ਚੋਣਾਂ ਵਿੱਚ ਉਹ ਕਾਂਗਰਸ ਲਈ ਦਿਨ-ਰਾਤ ਇੱਕ ਕਰਕੇ ਕੰਮ ਕਰਨਗੇ।ਉਧਰ ਸਾਬਕਾ ਵਜ਼ੀਰ ਗੁਰਪ੍ਰੀਤ ਸਿੰਘ ਕਾਂਗੜ ਦਾ ਕਹਿਣਾ ਸੀ ਕਿ ਜਿਉਂ-ਜਿਉਂ 2027 ਦੀਆਂ ਵਿਧਾਨ ਸਭਾ ਚੋਣਾਂ ਦਾ ਸਮਾਂ ਨੇੜੇ ਆ ਰਿਹਾ ਹੈ, ਤਿਉਂ-ਤਿਉਂ ਲੋਕ ਕਾਂਗਰਸ ਨਾਲ ਜੁੜਦੇ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਚੋਣ ਜ਼ਾਬਤੇ ਤੋਂ ਬਾਅਦ ਹਲਕਾ ਰਾਮਪੁਰਾ ਫੂਲ ਵਿੱਚ ਸਿਆਸੀ ਸਮੀਕਰਨ ਹੋਰ ਹੋਣਗੇ ਤੇ ਬਹੁਤ ਸਾਰੇ ਆਮ ਵੋਟਰ ਤੇ ਆਗੂ ਕਾਂਗਰਸ ਨਾਲ ਜੁੜਨਗੇ।

ਇਸ ਮੌਕੇ ਬੂਟਾ ਸਿੰਘ ਸਿੱਧੂ ਪ੍ਰਧਾਨ ਨਗਰ ਪੰਚਾਇਤ ਭਗਤਾ, ਜਸਮੀਤ ਬਰਾੜ, ਹਰਿੰਦਰ ਬਰਾੜ, ਰਾਜਿੰਦਰ ਸਿੰਘ, ਬੂਟਾ ਸਿੰਘ, ਪਰਮਜੀਤ ਬਿਦਰ, ਲੱਖਾ ਸਿੱਧੂ, ਇੰਦਰਜੀਤ ਨਾਗਪਾਲ, ਗੁਰਮੀਤ ਸਿੰਘ, ਸੁਖਦੀਪ ਸਿੰਘ, ਜਸਵਿੰਦਰ ਸਿੰਘ, ਗੁਰਪ੍ਰੀਤ ਸਿੰਘ ਘਾਰੂ, ਜਸਪ੍ਰੀਤ ਸਿੰਘ, ਕੀਪਾ ਬਿਦਰ, ਸੁਖਦੇਵ ਸਿੰਘ, ਜਗਤਾਰ ਸਿੰਘ ਸਮੇਤ ਸਮੂਹ ਕਾਂਗਰਸੀ ਆਗੂ 'ਤੇ ਵਰਕਰ ਹਾਜ਼ਰ ਸਨ।

## 'ਜਾਨਵਰਾਂ ਦੇ ਕੱਟਣ ਦੇ ਪ੍ਰਬੰਧਨ ਤੇ ਰੋਕਥਾਮ' ਵਿਸ਼ੇ 'ਤੇ ਸਮਾਗਮ

### ਪੰਜਾਬੀ 'ਵਰਸਿਟੀ ਇਸ ਮਸਲੇ 'ਤੇ ਗੰਭੀਰ : ਡਾ. ਜਗਦੀਪ ਸਿੰਘ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਯੂਨੀਵਰਸਿਟੀ ਦੇ ਭਾਈ ਘਨੱਈਆ ਸਿਹਤ ਕੇਂਦਰ ਵੱਲੋਂ ਸਰਕਾਰੀ ਮੈਡੀਕਲ ਕਾਲਜ ਤੇ ਰਾਜਿੰਦਰਾ ਹਸਪਤਾਲ ਪਟਿਆਲਾ ਦੇ ਸਹਿਯੋਗ ਨਾਲ 'ਜਾਨਵਰਾਂ ਦੇ ਕੱਟਣ ਦੇ ਪ੍ਰਬੰਧਨ ਅਤੇ ਰੋਕਥਾਮ' ਸਬੰਧੀ ਵਿਸ਼ੇ 'ਤੇ ਸਮਾਗਮ ਕਰਵਾਇਆ ਗਿਆ।ਸਰਕਾਰੀ ਮੈਡੀਕਲ ਕਾਲਜ ਪਟਿਆਲਾ ਦੇ ਕਮਿਊਨਿਟੀ ਮੈਡੀਸਨ ਵਿਭਾਗ ਤੋਂ ਡਾ. ਪ੍ਰਿਆ ਸਾਹਨੀ ਨੇ ਇਸ ਮੌਕੇ ਵਿਸ਼ਾ ਮਾਹਿਰ ਵਜੋਂ ਸੰਵਾਦ ਰਚਾਇਆ।ਉਨ੍ਹਾਂ ਵੱਖ ਵੱਖ ਜਾਨਵਰਾਂ ਵੱਲੋਂ ਕੱਟੇ ਜਾਣ ਦੀਆਂ ਸੰਭਾਵਨਾਵਾਂ ਤੇ ਇਸ ਸਬੰਧੀ ਪ੍ਰਬੰਧਨ ਅਤੇ ਬਚਾਓ ਬਾਰੇ ਨੁਕਤੇ ਸਾਂਝੇ ਕੀਤੇ।ਉਨ੍ਹਾਂ ਪਾਗਲ ਕੁੱਤਿਆਂ ਦੇ ਲੱਛਣਾਂ ਤੇ ਹਲਕਾਅ ਸਬੰਧੀ ਟੀਕਿਆਂ ਦੇ ਪ੍ਰਭਾਵ ਬਾਰੇ ਚਾਨਣਾ ਪਾਇਆ।ਵਾਈਸ ਚਾਂਸਲਰ ਡਾ. ਜਗਦੀਪ ਸਿੰਘ ਨੇ ਆਪਣੇ ਪ੍ਰਧਾਨਗੀ ਭਾਸ਼ਣ ਵਿੱਚ ਕਿਹਾ ਕਿ ਪੰਜਾਬੀ ਯੂਨੀਵਰਸਿਟੀ ਇਸ ਮਸਲੇ ਉੱਤੇ ਬਹੁਤ ਗੰਭੀਰ ਹੈ।ਕੈਂਪਸ ਵਿੱਚ ਕਿਸੇ ਵੀ ਤਰ੍ਹਾਂ ਦੀਆਂ ਅਣਸੁਖਾਵੀਆਂ ਸੰਭਾਵਿਤ ਘਟਨਾਵਾਂ ਨੂੰ ਰੋਕਣ ਨੂੰ ਸੰਜੀਦਗੀ ਨਾਲ ਲਿਆ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਅੱਜ ਦਾ ਇਹ ਪ੍ਰੋਗਰਾਮ ਇਸੇ ਦਿਸ਼ਾ ਵਿੱਚ ਉਠਾਇਆ ਗਿਆ ਇੱਕ ਕਦਮ ਹੈ, ਜਿੱਥੇ ਇਸ ਦੇ ਹੱਲ ਬਾਰੇ ਵਿਚਾਰ ਕੀਤੇ ਗਏ।ਸਰਕਾਰੀ ਮੈਡੀਕਲ ਕਾਲਜ ਤੋਂ ਦੇ ਈ.ਐੱਨ.ਟੀ. ਵਿਭਾਗ ਦੇ ਮੁਖੀ ਡਾ. ਡਿੰਪਲ ਸਾਹਨੀ ਨੇ ਵੀ ਇਸ ਮੌਕੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ।ਯੂਨੀਵਰਸਿਟੀ ਤੋਂ ਸੀਨੀਅਰ ਮੈਡੀਕਲ ਅਫ਼ਸਰ ਡਾ. ਰੇਗੀਨਾ ਮੈਣੀ ਨੇ ਆਪਣੇ ਸਵਾਗਤੀ ਭਾਸ਼ਣ ਵਿੱਚ ਇਸ ਪ੍ਰੋਗਰਾਮ ਨੂੰ ਉਲੀਕੇ ਜਾਣ ਦੀ ਲੋੜ ਤੇ ਇਸ ਸਬੰਧੀ ਹੋਰ ਯੋਜਨਾਵਾਂ ਬਾਰੇ ਗੱਲ ਕੀਤੀ।ਡੀਨ ਅਕਾਦਮਿਕ ਮਾਮਲੇ ਡਾ. ਨਰਿੰਦਰ ਕੌਰ ਮੁਲਤਾਨੀ ਨੇ ਆਪਣੇ ਭਾਸ਼ਣ ਵਿੱਚ ਕੁੱਤਿਆਂ ਦੇ ਕੱਟਣ ਦੇ ਵੱਧ ਰਹੇ ਮਾਮਲਿਆਂ ਤੇ ਕੈਂਪਸ ਦੇ ਵਸਨੀਕਾਂ ਵਿੱਚ ਫੈਲੀ ਦਹਿਸ਼ਤ ਬਾਰੇ ਗੱਲ ਕਰਦਿਆਂ ਅਜਿਹੇ ਪ੍ਰੋਗਰਾਮਾਂ ਦੀ ਮਹੱਤਤਾ ਨੂੰ ਉਜਾਗਰ ਕੀਤਾ।

ਰਜਿਸਟਰਾਰ ਡਾ. ਸੰਜੀਵ ਪੁਰੀ ਨੇ ਕਿਹਾ ਕਿ ਯੂਨੀਵਰਸਿਟੀ ਅਧਿਕਾਰੀ ਇਸ ਮਸਲੇ ਦਾ ਸੁਖਾਵਾਂ ਹੱਲ ਲੱਭਣ ਲਈ ਜ਼ਿਲ੍ਹਾ ਪ੍ਰਬੰਧਨ ਪਟਿਆਲਾ ਨਾਲ ਵੀ ਸੰਪਰਕ ਵਿੱਚ ਹਨ।ਇਸ ਮੌਕੇ ਵਿੱਤ ਅਫ਼ਸਰ ਡਾ. ਪਰਮੋਦ ਅਗਰਵਾਲ, ਐੱਮ ਐੱਮ ਟੀ ਟੀ ਸੀ (ਐੱਚ ਆਰ ਡੀ ਸੀ) ਦੇ ਡਾਇਰੈਕਟਰ ਡਾ. ਰਮਨ ਮੈਣੀ ਤੇ ਸਿਹਤ ਕੇਂਦਰ ਦਾ ਅਮਲਾ ਮੌਜੂਦ ਸੀ।

## ਭਗਵੰਤ ਮਾਨ ਸਰਕਾਰ ਨੇ ਨਿਰਣੇ ਕਾਬਿਲ-ਏ-ਤਾਰੀਫ਼ : ਸਰਪੰਚ ਰਾਜਾ ਮੱਲਕੇ

### ਪਿੰਡਾਂ ਦੇ ਸਰਬਪੱਖੀ ਵਿਕਾਸ ਲਈ ਪੰਚਾਇਤਾਂ ਨੂੰ ਗਰਾਂਟਾਂ ਦੇ ਗੱਫੇ ਦੇ ਕੇ ਨਿਵਾਜਿਆ ਜਾ ਰਿਹੈ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਇੱਥੋਂ ਨੇੜਲੇ ਪਿੰਡ ਮੱਲਕੇ ਦੇ ਸਰਪੰਚ ਰਾਜਾ ਮੱਲਕੇ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸੂਬੇ ਦੇ ਸਰਬਪੱਖੀ ਵਿਕਾਸ ਲਈ ਲਏ ਜਾ ਰਹੇ ਇਤਿਹਾਸਕ ਫੈਸਲਿਆਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਆਪ ਸਰਕਾਰ ਨੇ ਸੂਬੇ ਦੇ ਪਿੰਡਾਂ ਨੂੰ ਸ਼ਹਿਰਾਂ ਵਰਗੀਆਂ ਸਹੂਲਤਾਂ ਪ੍ਰਾਪਤ ਕਰਨ ਦੇ ਲਈ ਆਪ ਸਰਕਾਰ ਵੱਲੋਂ ਪਿੰਡਾਂ ਦੇ ਸਰਬਪੱਖੀ ਵਿਕਾਸ ਲਈ ਪੰਚਾਇਤਾਂ ਨੂੰ ਗ੍ਰਾਂਟਾਂ ਦੇ ਗੱਫੇ ਦੇ ਕੇ ਨਿਵਾਜਿਆ ਜਾ ਰਿਹਾ ਹੈ।ਸਰਪੰਚ ਮੱਲਕੇ ਨੇ ਆਖਿਆ ਕਿ ਬੀਤੇ ਦਿਨੀਂ ਲੁਧਿਆਣਾ ਪੱਛਮੀ ਉੱਪ-ਚੋਣ ਵਿੱਚ ਆਪ ਪਾਰਟੀ ਦੀ ਸ਼ਨਦਾਰ ਜਿੱਤ ਹੋਣਾ ਇਸ ਗੱਲ ਦਾ ਹੀ ਨਤੀਜਾ ਹੈ ਕਿ ਪੰਜਾਬ ਦੇ ਲੋਕ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀਆਂ ਨੀਤੀਆਂ ਤੋਂ ਉਤਸ਼ਾਹਤ ਹਨ।ਉਨ੍ਹਾਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਵਿਧਾਨ ਸਭਾ ਹਲਕਾ ਬਾਘਾ ਪੁਰਾਣਾ ਅਧੀਨ ਪੈਂਦੇ ਪਿੰਡਾਂ 'ਤੇ ਜਦੋਂ ਸਵੱਲੀ ਨਜ਼ਰ ਪਈ ਹੈ, ਉਸ ਦਿਨ ਤੋਂ ਹੀ ਬਾਘਾ ਪੁਰਾਣਾ ਹਲਕੇ ਦੇ ਪਿੰਡਾਂ ਅੰਦਰ ਗੰਦੇ ਪਾਣੀ ਦਾ ਨਿਕਾਸ, ਗਲੀਆਂ ਨਾਲੀਆਂ ਦੀ ਮੁਰੰਮਤ, ਛੱਪੜਾਂ ਦਾ ਨਵੀਨੀਕਰਨ ਤੇ ਹੋਰ ਵਿਕਾਸ ਕਾਰਜ ਜੰਗੀ ਪੱਧਰ 'ਤੇ ਹੋ ਰਹੇ ਹਨ।ਉਨ੍ਹਾਂ ਕਿਹਾ ਕਿ ਜੋ ਵਾਅਦੇ ਸਰਕਾਰ ਨੇ ਪੰਜਾਬ ਦੇ ਲੋਕਾਂ ਨਾਲ ਚੋਣਾਂ ਸਮੇਂ ਕੀਤੇ ਸਨ, ਉਹ ਵਾਅਦੇ ਹੁਣ ਸਰਕਾਰ ਵੱਲੋਂ ਇਕ-ਇਕ ਕਰ ਕੇ ਪੂਰੇ ਕੀਤੇ ਜਾ ਰਹੇ ਹਨ।ਸਰਪੰਚ ਮੱਲਕੇ ਨੇ ਕਿਹਾ ਕਿ ਪੰਜਾਬ ਨੂੰ ਨਸ਼ਾ-ਮੁਕਤ ਕਰਨ ਦੇ ਮਕਸਦ ਨਾਲ ਸ਼ੁਰੂ ਕੀਤੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਸਮਾਜ ਦੇ ਹਰ ਵਰਗ ਨੂੰ ਜਾਗਰੂਕ ਕਰਨ ਤੇ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਦੀ ਲਾਹਨਤ ਤੋਂ ਬਚਾਉਣ ਵਿੱਚ ਅਹਿਮ ਭੂਮਿਕਾ ਨਿਭਾ ਰਹੀ ਹੈ।ਆਮ ਆਦਮੀ ਪਾਰਟੀ ਇਸ ਮੁਹਿੰਮ ਨੂੰ ਜ਼ਮੀਨੀ ਪੱਧਰ 'ਤੇ ਲਾਗੂ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ।ਨਸ਼ਿਆਂ ਦੀ ਸਮੱਸਿਆ ਨੇ ਪੰਜਾਬ ਦੇ ਸਮਾਜਿਕ ਤਾਣੇ-ਬਾਣੇ ਨੂੰ ਕਮਜ਼ੋਰ ਕੀਤਾ ਹੈ ਤੇ ਇਸ ਦੇ ਖਾਤਮੇ ਲਈ ਸਰਕਾਰ ਦੀ ਇਹ ਪਹਿਲਕਦਮੀ ਸਮੇਂ ਦੀ ਮੁੱਖ ਲੋੜ ਸੀ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਨਸ਼ਿਆਂ ਵਿਰੁੱਧ ਜੰਗ ਸਿਰਫ਼ ਸਰਕਾਰ ਜਾਂ ਪੁਲਸ ਦੀ ਜ਼ਿੰਮੇਵਾਰੀ ਨਹੀਂ, ਸਗੋਂ ਸਮਾਜ ਦੇ ਹਰ ਵਿਅਕਤੀ ਨੂੰ ਇਸ ਵਿਚ ਯੋਗਦਾਨ ਪਾਉਣਾ ਹੋਵੇਗਾ।

ਉਨ੍ਹਾਂ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਨਸ਼ਿਆਂ ਤੋਂ ਦੂਰ ਰਹਿਣ ਤੇ ਸਿਹਤਮੰਦ ਜੀਵਨ ਸ਼ੈਲੀ ਅਪਣਾਉਣ।ਉਨ੍ਹਾਂ ਆਖਿਆ ਕਿ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਲੋਕ-ਹਿੱਤ ਵਿੱਚ ਲਏ ਜਾ ਰਹੇ ਫੈਸਲਿਆਂ ਦੀ ਵਿਦੇਸ਼ਾਂ 'ਚ ਵੀ ਚਰਚਾ ਹੋ ਰਹੀ ਹੈ।ਉਨ੍ਹਾਂ ਕਿਹਾ ਕਿ ਭਗਵੰਤ ਮਾਨ ਸਰਕਾਰ ਨੇ ਆਮ ਲੋਕਾਂ ਨੂੰ ਸਿੱਧਾ ਲਾਭ ਪਹੁੰਚਾਉਣ ਲਈ ਜਿਹੜੇ ਤੁਰੰਤ ਨਿਰਣੈ ਲਏ ਹਨ, ਉਹ ਕਾਬਿਲ-ਏ-ਤਾਰੀਫ਼ ਹਨ।ਵਿੱਦਿਅਕ ਸੰਸਥਾਵਾਂ ਦੀ ਗੁਣਵੱਤਾ ਵਧਾਉਣ ਲਈ ਸ਼ੁਰੂ ਕੀਤੇ ਗਏ ਨਵੇਂ ਪ੍ਰੋਗਰਾਮ, ਹਸਪਤਾਲਾਂ ਦੀ ਹਾਲਤ ਸੁਧਾਰਨ ਲਈ ਲਾਏ ਜਾ ਰਹੇ ਨਵੇਂ ਪ੍ਰਾਜੈਕਟ ਤੇ ਵਿਦੇਸ਼ਾਂ ਵਿੱਚ ਜਾਣ ਵਾਲੇ ਨੌਜਵਾਨਾਂ ਨੂੰ ਪੰਜਾਬ ਵਿੱਚ ਹੀ ਰੋਜ਼ਗਾਰ ਦੇਣ ਦੇ ਉਪਰਾਲਿਆਂ ਨੇ ਆਮ ਜਨਤਾ ਵਿੱਚ ਭਰੋਸਾ ਵਧਾਇਆ ਹੈ।

# ਮਜੀਠੀਆ ਦੀ ਗ੍ਰਿਫ਼ਤਾਰੀ ਬਦਲਾਖੋਰੀ ਦੀ ਰਾਜਨੀਤੀ : ਜਥੇਦਾਰ ਮਾਹਲਾ




**ਬਾਘਾ ਪੁਰਾਣਾ (ਮਨੀ ਸਿੰਗਲਾ)**-ਬੀਤੇ ਦਿਨੀਂ ਪੰਜਾਬ ਵਿਜੀਲੈਂਸ ਤੇ ਵਿਸ਼ੇਸ਼ ਜਾਂਚ ਦੀ ਉੱਚ ਪੱਧਰੀ ਟੀਮ ਵੱਲੋਂ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਸਾਬਕਾ ਕੈਬਨਿਟ ਮੰਤਰੀ ਬਿਕਰਮ ਸਿੰਘ ਮਜੀਠੀਆ ਦੀ ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਰਿਹਾਇਸ਼ ਦੇ ਇਲਾਵਾ ਹੋਰ ਕਈ ਥਾਵਾਂ 'ਤੇ ਕੀਤੀ ਗਈ ਛਾਪੇਮਾਰੀ ਦੌਰਾਨ ਅਤੇ ਚੱਲੀ ਜਾਂਚ ਤੋਂ ਬਾਅਦ ਵਿਜੀਲੈਂਸ ਵੱਲੋਂ ਗ੍ਰਿਫਤਾਰ ਕਰ ਕੇ ਮੋਹਾਲੀ ਵਿਜੀਲੈਂਸ ਦਫਤਰ ਵਿੱਚ ਲਿਆਂਦਾ ਗਿਆ ਸੀ, ਜਿਸ ਤੋਂ ਬਾਅਦ ਉਨ੍ਹਾਂ ਨੂੰ ਮੁਹਾਲੀ ਕੋਰਟ ਵਿੱਚ ਪੇਸ਼ ਕੀਤਾ ਜਾਣਾ ਸੀ, ਜਿਸ 'ਤੇ ਵੱਡੀ ਗਿਣਤੀ ਹਲਕਾ ਬਾਘਾ ਪੁਰਾਣਾ ਦੇ ਸ਼੍ਰੋਮਣੀ ਅਕਾਲੀ ਦਲ ਦੇ ਇੰਚਾਰਜ ਤੇ ਸੂਬਾ ਜਨਰਲ ਸਕੱਤਰ ਤੀਰਥ ਸਿੰਘ ਮਾਹਲਾ ਦੀ ਅਗਵਾਈ ਹੇਠ ਪਾਰਟੀ ਆਗੂ ਤੇ ਵਰਕਰ ਮੁਹਾਲੀ ਪੁੱਜ ਕੇ ਪੰਜਾਬ ਸਰਕਾਰ ਤੇ ਵਿਜੀਲੈਂਸ ਖ਼ਿਲਾਫ਼ ਰੋਸ ਪ੍ਰਗਟ ਕਰਦੇ ਹੋਏ ਬਿਕਰਮ ਸਿੰਘ ਮਜੀਠੀਆ ਵਿਰੁੱਧ ਕੀਤੀ ਗਈ ਕਾਰਵਾਈ ਨੂੰ ਬਦਲਾਖੋਰੀ ਦੀ ਸਿਆਸਤ ਦੱਸਿਆ।ਉਨ੍ਹਾਂ ਆਖਿਆ ਕਿ ਬਿਕਰਮ ਸਿੰਘ ਮਜੀਠੀਆ ਤੇ ਹੋਰ ਅਕਾਲੀ ਆਗੂਆਂ ਵੱਲੋਂ ਲੋਕਾਂ ਦੀ ਅਵਾਜ਼ ਨੂੰ ਲਗਾਤਾਰ ਉਭਾਰਿਆ ਜਾ ਰਿਹਾ ਹੈ ਤੇ ਅਕਾਲੀ ਦਲ ਦੇ ਇਨ੍ਹਾਂ ਯਤਨਾਂ ਨੂੰ ਦਬਾਉਣ ਲਈ ਆਪ ਸਰਕਾਰ ਵੱਲੋਂ ਰਾਜ ਦੀਆਂ ਏਜੰਸੀਆਂ ਦੀ ਦੁਰਵਰਤੋਂ ਕੀਤੀ ਜਾ ਰਹੀ ਹੈ, ਜਿਸ ਤੋਂ ਅਸੀਂ ਡਰਨ ਵਾਲੇ ਨਹੀਂ ਹਾਂ।ਉਨ੍ਹਾਂ ਆਖਿਆ ਕਿ ਸਮੁੱਚਾ ਸ਼੍ਰੋਮਣੀ ਅਕਾਲੀ ਦਲ ਬਿਕਰਮ ਮਜੀਠੀਆ ਨਾਲ ਹੈ।ਜਥੇਦਾਰ ਮਾਹਲਾ ਨੇ ਆਖਿਆ ਕਿ ਇਹ ਸਪੱਸ਼ਟ ਹੈ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਆਮ ਆਦਮੀ ਪਾਰਟੀ ਦੀ ਸਰਕਾਰ ਮਜੀਠੀਆ ਵੱਲੋਂ ਬੇਬਾਕੀ ਨਾਲ ਇਸ ਸਰਕਾਰ ਦੇ ਭ੍ਰਿਸ਼ਟ ਤੇ ਅਨੈਤਿਕ ਕਾਰਜਾਂ ਨੂੰ ਬੇਨਕਾਬ ਕਰਨ ਕਰ ਕੇ ਘਬਰਾਹਟ ਵਿੱਚ ਹੈ।ਜਥੇਦਾਰ ਨੇ ਕਿਹਾ ਕਿ ਮਜੀਠੀਆ ਇੱਕ ਜ਼ਿੰਮੇਵਾਰ ਨੇਤਾ ਹੋਣ ਦੇ ਨਾਲ-ਨਾਲ ਸਾਬਕਾ ਕੈਬਨਿਟ ਮੰਤਰੀ ਵੀ ਰਹਿ ਚੁੱਕੇ ਹਨ ਤੇ ਉਨ੍ਹਾਂ ਦੀ ਗ੍ਰਿਫਤਾਰੀ ਸਿਰਫ਼ ਰਾਜਨੀਤਕ ਬਦਲਾਖੋਰੀ ਦਾ ਹਿੱਸਾ ਹੈ।ਉਨ੍ਹਾਂ ਦਾਅਵਾ ਕੀਤਾ ਕਿ ਪੰਜਾਬ ਸਰਕਾਰ ਦੇ ਕੋਲ ਕੋਈ ਢੁੱਕਵਾਂ ਸਬੂਤ ਨਹੀਂ ਹੈ, ਪਰ ਫਿਰ ਵੀ ਸਿਆਸੀ ਦਬਾਓ ਹੇਠ ਅਕਾਲੀ ਆਗੂਆਂ ਨੂੰ ਨਿਸ਼ਾਨਾ ਬਣਾਇਆ ਜਾ ਰਿਹਾ ਹੈ ਤੇ ਅਮਨ ਕਾਨੂੰਨ ਦੀ ਬਜਾਏ ਸਰਕਾਰ ਸਿਰਫ਼ ਅਕਾਲੀ ਦਲ ਦੇ ਆਗੂਆਂ ਨੂੰ ਬਦਨਾਮ ਕਰਨ ਦੀ ਕੋਸ਼ਿਸ਼ ਕਰ ਰਹੀ ਹੈ।

ਇਹ ਗ੍ਰਿਫ਼ਤਾਰੀ ਸਿੱਧ ਕਰਦੀ ਹੈ ਕਿ ਸਰਕਾਰ ਵਿਕਾਸ ਦੇ ਮੁੱਦਿਆਂ ਤੋਂ ਭਟਕਾ ਕੇ ਲੋਕਾਂ ਦਾ ਧਿਆਨ ਹਟਾਉਣਾ ਚਾਹੁੰਦੀ ਹੈ।ਤੀਰਥ ਸਿੰਘ ਮਾਹਲਾ ਨੇ ਕਿਹਾ ਕਿ ਅਕਾਲੀ ਦਲ ਆਪਣੇ ਆਗੂ ਬਿਕਰਮ ਸਿੰਘ ਮਜੀਠੀਆ ਦੇ ਨਾਲ ਡੱਟ ਕੇ ਖੜੇ ਹਨ।

## ਸਿੰਧ ਬੈਂਕ ਦੇ 118 ਸਾਲ ਪੂਰੇ ਹੋਣ 'ਤੇ ਕੱਟਿਆ ਕੇਕ



**ਗੁਰੂ ਹਰਸਹਾਏ (ਫ਼ਕੀਰ ਚੰਦ ਸਿਕਰੀ)**-ਪਿਛਲੇ 118 ਸਾਲਾਂ ਤੋਂ ਲੋਕਾਂ ਦੀ ਸੇਵਾ ਕਰਦਾ ਆ ਰਿਹਾ ਪੰਜਾਬ ਐਂਡ ਸਿੰਧ ਬੈਂਕ ਦੇ 118 ਸਾਲ ਪੂਰੇ ਹੋਣ 'ਤੇ ਗੁਰੂ ਹਰਸਹਾਏ ਦੇ ਪੰਜਾਬ ਐਂਡ ਸਿੰਧ ਬੈਂਕ ਬ੍ਰਾਂਚ ਵਿੱਚ ਮੁੱਖ ਪ੍ਰਬੰਧਕ ਰਤਨੇਸ਼ ਯਾਦਵ, ਸਾਹਿਲ ਡਾਬਰਾ, ਜਤਿੰਦਰ, ਮੈਡਮ ਆਰਜੂ, ਮੈਡਮ ਮਹਿਕ ਖੇੜਾ, ਰਾਮ ਨਰੇਸ਼, ਮੈਡਮ ਪਰਵੀਨ, ਗੁਰਚਰਨ ਸਿੰਘ, ਰਕੇਸ਼, ਭਰਪੂਰ, ਮੈਡਮ ਚਰਨਜੀਤ ਵੱਲੋਂ ਮਿਲ ਕੇ ਕੇਕ ਕੱਟਿਆ ਗਿਆ। ਇਸ ਮੌਕੇ ਜਾਣਕਾਰੀ ਦਿੰਦੇ ਹੋਏ ਮੁੱਖ ਪ੍ਰਬੰਧਕ ਰਤਨੇਸ਼ ਯਾਦਵ ਨੇ ਕਿਹਾ ਕਿ ਪੰਜਾਬ ਐਂਡ ਸਿੰਧ ਬੈਂਕ ਬਰਾਂਚ ਗੁਰੂ ਹਰਸਹਾਏ ਪਿਛਲੇ ਲੰਬੇ ਸਮੇਂ ਤੋਂ ਲੋਕਾਂ ਦੀ ਸੇਵਾ ਕਰਦਾ ਆ ਰਿਹਾ ਹੈ ਅਤੇ ਉਨ੍ਹਾਂ ਦੇ ਬੈਂਕ ਵਿੱਚ ਆਪਣਾ ਕੰਮ ਕਰਵਾਉਣ ਆਉਂਦੇ ਗਾਹਕਾਂ ਨੂੰ ਕਿਸੇ ਵੀ ਤਰ੍ਹਾਂ ਦੀ ਮੁਸ਼ਕਲ ਨਹੀਂ ਆਉਣ ਦਿੱਤੀ ਜਾ ਰਹੀ ਅਤੇ ਗਾਹਕਾਂ ਨੂੰ ਹਮੇਸ਼ਾ ਹੀ ਚੰਗੀਆ ਸੇਵਾਵਾਂ ਦੇਣ ਦੀ ਕੋਸ਼ਿਸ਼ ਉਨ੍ਹਾਂ ਵੱਲੋਂ ਕੀਤੀ ਜਾ ਰਹੀ ਹੈ।

# ਵੀ ਸੀ ਦਫਤਰ ਅੱਗੇ ਮਰਨ ਵਰਤ 'ਤੇ ਬੈਠੀ ਪ੍ਰੋਫੈਸਰ ਹੋਈ ਬੇਹੋਸ਼

### ਕੰਟਰੈਕਟ ਅਸਿਸਟੈਂਟ ਪ੍ਰੋਫੈਸਰਾਂ ਵੱਲੋਂ ਮਰਨ ਵਰਤ ਦਾ ਆਗਾਜ਼



**ਪਟਿਆਲਾ (ਰਜਿੰਦਰ ਸਿੰਘ ਥਿੰਦ)**

ਪੰਜਾਬੀ ਯੂਨੀਵਰਸਿਟੀ ਵਿਖੇ ਵਾਇਸ ਚਾਂਸਲਰ ਦਫ਼ਤਰ ਮੂਹਰੇ ਮਰਨ ਵਰਤ 'ਤੇ ਬੈਠੀਆਂ ਦੋ ਸਹਾਇਕ ਪ੍ਰੋਫੈਸਰਾਂ ਵਿੱਚੋਂ ਇਕ ਮਹਿਲਾ ਪ੍ਰੋਫੈਸਰ ਬੇਹੋਸ਼ ਹੋ ਗਈ, ਜਿਸ ਨੂੰ ਇਲਾਜ ਲਈ ਕੈਂਪਸ ਦੀ ਡਿਸਪੈਂਸਰੀ 'ਚ ਦਾਖਲ ਕਰਵਾਉਣਾ ਪਿਆ ਹੈ।ਕਰੀਬ ਦੋ ਮਹੀਨੇ ਤੋਂ ਸੰਘਰਸ਼ ਕਰ ਰਹੇ ਕੰਟਰੈਕਟ ਸਹਾਇਕ ਪ੍ਰੋਫੈਸਰਾਂ ਵੱਲੋਂ ਸੰਘਰਸ਼ ਕੀਤਾ ਜਾ ਰਿਹਾ ਹੈ।ਮੰਗਾਂ ਪੂਰੀਆਂ ਨਾ ਹੁੰਦੀਆਂ ਦੇਖ ਬੁੱਧਵਾਰ ਨੂੰ ਪੰਜਾਬੀ ਯੂਨੀਵਰਸਿਟੀ ਕੰਟਰਕੈਟ ਅਧਿਆਪਕ ਐਸੋਸੀਏਸ਼ਨ ਪ੍ਰਧਾਨ ਪ੍ਰਧਾਨ ਡਾ. ਤਰਨਜੀਤ ਕੌਰ ਤੇ ਡਾ. ਰਾਜਮੋਹਿੰਦਰ ਕੌਰ ਵੱਲੋਂ ਮਰਨ ਸ਼ੁਰੂ ਕੀਤਾ ਗਿਆ।ਵੀਰਵਾਰ ਸਵੇਰੇ ਡਾ. ਰਾਜਮਹਿੰਦਰ ਕੌਰ ਦੀ ਹਾਲਤ ਵਿਗੜਨੀ ਸ਼ੁਰੂ ਹੋਈ ਤੇ ਦੁਪਹਿਰ ਸਮੇਂ ਬੇਸੁੱਧ ਹੋ ਕੇ ਵੀਸੀ ਦਫ਼ਤਰ ਅੱਗੇ ਡਿੱਗ ਗਈ, ਜਿਸ ਨੂੰ ਸੰਘਰਸ਼ ਕਰ ਰਹੇ ਹੋਰ ਸਾਥੀਆ ਵੱਲੋਂ ਯੂਨੀਵਰਸਿਟੀ ਦੀ ਡਿਸਪੈਂਸਰੀ ਵਿੱਚ ਦਾਖਲ ਕਰਵਾਇਆ ਗਿਆ ਹੈ।ਜਾਣਕਾਰੀ ਅਨੁਸਾਰ ਪੰਜਾਬੀ ਯੂਨੀਵਰਸਿਟੀ ਦੇ ਵੱਖ-ਵੱਖ ਕਾਂਸਟੀਚੂਐਂਟ ਕਾਲਜਾਂ, ਨੇਬਰਹੁਡ ਕੈਂਪਸਾਂ, ਰੀਜਨਲ ਸੈਂਟਰਾਂ ਤੇ ਮੇਨ ਕੈਂਪਸ 'ਚ ਕੰਟਰੈਕਟ 'ਤੇ ਕੰਮ ਕਰਦੇ ਇਹ ਅਧਿਆਪਕ ਆਪਣੇ ਆਪ ਤੇ ਯੂਜੀਸੀ ਦੁਆਰਾ 2018 ਵਿੱਚ ਪ੍ਰਵਾਨਿਤ 7ਵੇਂ ਪੇ-ਕਮਿਸ਼ਨ ਨੂੰ ਲਾਗੂ ਕਰਵਾਉਣ ਦੀ ਮੰਗ ਕਰ ਰਹੇ ਹਨ।ਪਿਛਲੇ ਲੰਘੇ 2 ਮਹੀਨੇ ਤੋਂ ਚਲਦੇ ਸੰਘਰਸ਼ ਨੂੰ ਅੱਜ ਸਬੰਧਤ ਅਧਿਆਪਕਾਂ ਵੱਲੋਂ ਮਰਨ ਵਰਤ ਵਿੱਚ ਤਬਦੀਲ ਕਰ ਦਿੱਤਾ।ਯੂਨੀਅਨ ਆਗੂਆਂ ਨੇ ਕਿਹਾ ਕਿ ਯੂਨੀਵਰਸਿਟੀ ਪ੍ਰਸ਼ਾਸਨ ਦਾ ਰਵੱਈਆ ਉਨ੍ਹਾਂ ਦੀਆਂ ਮੰਗਾਂ ਸਬੰਧੀ ਬੇਹੱਦ ਨਕਾਰਾਤਮਕ ਰਿਹਾ ਹੈ।ਉਹ ਪਿਛਲੇ 10 ਤੋਂ ਲੈ ਕੇ 16 ਸਾਲਾਂ ਤੋਂ ਕੰਟਰੈਕਟ ਤੇ ਸ਼ੋਸ਼ਣ ਦਾ ਸ਼ਿਕਾਰ ਹੁੰਦੇ ਆ ਰਹੇ ਹਨ।ਉਹ ਆਪਣੀਆਂ ਜਾਇਜ਼ ਮੰਗਾਂ ਦੀ ਪ੍ਰਾਪਤੀ ਤੋਂ ਪਿੱਛੇ ਨਹੀਂ ਹਟਣਗੇ।ਜੇਕਰ ਮਰਨ ਵਰਤ ਦੇ ਦੌਰਾਨ ਉਨ੍ਹਾਂ ਦੇ ਕਿਸੇ ਵੀ ਸਾਥੀ ਨਾਲ ਕੋਈ ਅਣਸੁਖਾਵੀਂ ਘਟਨਾ ਵਾਪਰਦੀ ਹੈ ਤਾਂ ਇਸ ਦੀ ਪੂਰੀ ਜ਼ਿੰਮੇਦਾਰੀ ਸਿਰਫ ਪੰਜਾਬੀ ਯੂਨੀਵਰਸਿਟੀ ਪ੍ਰਸ਼ਾਸਨ ਦੀ ਹੋਵੇਗੀ।

## ਏ.ਐੱਸ.ਆਈ. ਤੇ ਪੰਚਾਇਤ ਮੈਂਬਰ ਖਿਲਾਫ ਰਿਸ਼ਵਤ ਲੈਣ ਦੇ ਦੋਸ਼ ਹੇਠ ਕੇਸ ਦਰਜ

### ਵਿਚੋਲਗੀ ਕਰਨ ਵਾਲਾ ਪੰਚਾਇਤ ਮੈਂਬਰ ਗ੍ਰਿਫਤਾਰ



**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਪੰਜਾਬ ਵਿਜੀਲੈਂਸ ਬਿਊਰੋ ਵੱਲੋਂ ਰਿਸ਼ਵਤਖੋਰੀ ਵਿਰੁੱਧ ਜਾਰੀ ਮੁਹਿੰਮ ਦੌਰਾਨ ਏ.ਐੱਸ.ਆਈ. (ਐੱਲ.ਆਰ.) ਅਵਤਾਰ ਸਿੰਘ, ਥਾਣਾ ਸਿਟੀ ਰਾਮਪੁਰਾ, ਜ਼ਿਲ੍ਹਾ ਬਠਿੰਡਾ ਤੇ ਰਾਜਦੀਪ ਸਿੰਘ ਮੈਂਬਰ ਪੰਚਾਇਤ ਪਿੰਡ ਰਾਮਪੁਰਾ ਵੱਲੋਂ 20000 ਰੁਪਏ ਰਿਸ਼ਵਤ ਲੈਣ ਖਿਲਾਫ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮੁਕੱਦਮਾ ਦਰਜ ਕੀਤਾ ਗਿਆ ਹੈ ਤੇ ਇਸ ਕੇਸ ਵਿੱਚ ਸਹਿ-ਮੁਲਜ਼ਮ ਰਾਜਦੀਪ ਸਿੰਘ ਨੂੰ ਗ੍ਰਿਫ਼ਤਾਰ ਕਰ ਲਿਆ ਹੈ।ਇਹ ਜਾਣਕਾਰੀ ਦਿੰਦੇ ਹੋਏ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਸ਼ਿਕਾਇਤਕਰਤਾ ਵਾਸੀ ਪਿੰਡ ਧੌਲਾ ਜ਼ਿਲ੍ਹਾ ਬਰਨਾਲਾ ਵੱਲੋਂ ਮੁੱਖ ਮੰਤਰੀ ਦੀ ਐਂਟੀ-ਕੁਰੱਪਸ਼ਨ ਹੈਲਪਲਾਈਨ ਉੱਪਰ ਕੀਤੀ ਸ਼ਿਕਾਇਤ ਦੇ ਆਧਾਰ'ਤੇ ਇਹ ਪਰਚਾ ਦਰਜ ਕੀਤਾ ਹੈ।ਬੁਲਾਰੇ ਨੇ ਦੱਸਿਆ ਕਿ ਉਕਤ ਸ਼ਿਕਾਇਤ ਦੀ ਪੜਤਾਲ ਦੌਰਾਨ ਪਤਾ ਲੱਗਿਆ ਕਿ ਉਕਤ ਥਾਣੇ ਵਿੱਚ ਸ਼ਿਕਾਇਤਕਰਤਾ ਖਿਲਾਫ ਦਰਜ ਇੱਕ ਮੁਕੱਦਮੇ ਵਿੱਚ ਸ਼ਿਕਾਇਤਕਰਤਾ ਨੂੰ ਫਾਇਦਾ ਦੇਣ ਲਈ ਉਕਤ ਪੁਲਸ ਮੁਲਾਜ਼ਮ ਨੇ ਰਾਜਦੀਪ ਸਿੰਘ ਮੈਂਬਰ ਰਾਹੀਂ ਸ਼ਿਕਾਇਤਕਰਤਾ ਪਾਸੋਂ 40-50 ਹਜ਼ਾਰ ਰੁਪਏ ਦੀ ਮੰਗ ਕੀਤੀ ਤੇ 20,000 ਰੁਪਏ ਬਤੌਰ ਰਿਸ਼ਵਤ ਹਾਸਲ ਕੀਤੇ ਸਨ, ਜਿਸ ਕਰਕੇ ਇਹ ਮੁਕੱਦਮਾ ਦਰਜ ਕੀਤਾ ਗਿਆ ਹੈ।ਉਨ੍ਹਾਂ ਦੱਸਿਆ ਕਿ ਇਸ ਮੁਕੱਦਮੇ ਵਿੱਚ ਸਹਿ-ਦੋਸ਼ੀ ਰਾਜਦੀਪ ਸਿੰਘ ਮੈਂਬਰ ਨੂੰ ਵਿਜੀਲੈਂਸ ਬਿਊਰੋ, ਯੂਨਿਟ ਬਠਿੰਡਾ ਵੱਲੋਂ ਗ੍ਰਿਫਤਾਰ ਕਰਕੇ ਅਗਲੇਰੀ ਤਫਤੀਸ਼ ਅਮਲ ਵਿੱਚ ਲਿਆਂਦੀ ਜਾ ਰਹੀ ਹੈ।ਉਕਤ ਏ.ਐੱਸ.ਆਈ. ਨੂੰ ਗ੍ਰਿਫਤਾਰ ਕਰਨ ਲਈ ਛਾਪੇਮਾਰੀ ਕੀਤੀ ਜਾ ਰਹੀ ਹੈ।

# ਆਪ ਮਹਿਲਾ ਵਿੰਗ ਵੱਲੋਂ ਵਿਸ਼ੇਸ਼ ਮੀਟਿੰਗ



**ਪਠਾਨਕੋਟ (ਦਵਿੰਦਰ ਸਿੰਘ)**-ਆਮ ਆਦਮੀ ਪਾਰਟੀ ਦੇ ਮਹਿਲਾ ਵਿੰਗ ਦੀ ਇੱਕ ਵਿਸ਼ੇਸ਼ ਮੀਟਿੰਗ ਮਹਿਲਾ ਵਿੰਗ ਹਲਕਾ ਕੋਆਰਡੀਨੇਟਰ ਬਲਜਿੰਦਰ ਕੌਰ ਦੀ ਪ੍ਰਧਾਨਗੀ ਵਿੱਚ ਜਸਵਾਲੀ ਰੈਸਟ ਹਾਊਸ ਵਿਖੇ ਆਯੋਜਿਤ ਕੀਤੀ ਗਈ।ਇਸ ਮੌਕੇ ਲਾਲ ਚੰਦ ਕਟਾਰੂਚੱਕ ਕੈਬਨਿਟ ਮੰਤਰੀ ਪੰਜਾਬ ਹਾਜ਼ਰ ਹੋਏ।ਇਸ ਮੌਕੇ ਹੋਰਨਾਂ ਤੋਂ ਇਲਾਵਾ ਸ਼ੈਲੀ ਸ਼ਰਮਾ ਬਲਾਕ ਪ੍ਰਧਾਨ-ਕਮ-ਸਰਪੰਚ ਭਗਵਾਨਸਰ, ਸਰੋਜ ਬਾਲਾ ਸਰਪੰਚ ਰਮਕਾਲਮਾ, ਸੰਦੀਪ ਕੌਰ ਹਯਾਤੀ ਚੱਕ, ਕਿਰਨਬਾਲਾ ਸਰਪੰਚ ਕੀੜੀ, ਰਾਜ ਕੁਮਾਰੀ ਸਰਪੰਚ ਪਹਾੜੋਚੱਕ, ਨਗਰ ਪੰਚਾਇਤ ਨਰੋਟ ਜੈਮਲ ਸਿੰਘ ਦੀ ਕੌਂਸਲਰ ਮੁਨੀਸ਼ਾ ਮਹਾਜਨ, ਕੌਂਸਲਰ ਸੱਤਿਆ ਦੇਵੀ, ਕੌਂਸਲਰ ਅਨੂੰ ਸ਼ਰਮਾ, ਕੌਂਸਲਰ ਮਾਇਆ ਦੇਵੀ, ਰਜਿੰਦਰ ਕੌਰ ਸਰਪੰਚ ਆਸ਼ਾਬਾਨੋ ਅਤੇ ਆਮ ਆਦਮੀ ਪਾਰਟੀ ਮਹਿਲਾ ਵਿੰਗ ਦੀਆਂ ਕਾਰਜਕਰਤਾ ਵੀ ਹਾਜ਼ਰ ਸਨ।ਇਸ ਮੌਕੇ ਕਟਾਰੂਚੱਕ ਕੈਬਨਿਟ ਮੰਤਰੀ ਪੰਜਾਬ ਨੇ ਕਿਹਾ ਕਿ ਅੱਜ ਦੀ ਮਹਿਲਾ ਹਰੇਕ ਖੇਤਰ ਅੰਦਰ ਆਪਣੀ ਸਮਝ ਦੇ ਨਾਲ ਕਾਰਜ ਕਰ ਰਹੀ ਹੈ ਅਤੇ ਉਨਤੀ ਕਰ ਰਹੀ ਹੈ।

ਉਨ੍ਹਾਂ ਕਿਹਾ ਕਿ ਵਿਧਾਨ ਸਭਾ ਹਲਕਾ ਭੋਆ ਦੇ ਵਿਕਾਸ ਲਈ ਭਵਿੱਖ ਅੰਦਰ ਹੋਰ ਵੀ ਵੱਡੇ ਫੈਸਲੇ ਲਏ ਗਏ ਹਨ ਅਤੇ ਜਨਹਿੱਤ ਨੂੰ ਧਿਆਨ ਵਿੱਚ ਰੱਖਦਿਆਂ ਹੋਰ ਵੀ ਵੱਡੇ ਪ੍ਰੋਜੈਕਟ ਲਗਾਏ ਜਾਣਗੇ।ਇਸ ਮੌਕੇ ਉਨ੍ਹਾਂ ਹਾਜ਼ਰ ਮਹਿਲਾ ਸਰਪੰਚ ਦੀਆਂ ਪਿੰਡ ਦੇ ਵਿਕਾਸ ਕਾਰਜਾਂ ਨਾਲ ਸਬੰਧਤ ਸਮੱਸਿਆਵਾਂ ਵੀ ਸੁਣੀਆਂ ਅਤੇ ਮੌਕੇ 'ਤੇ ਹੀ ਹੱਲ ਵੀ ਕੀਤਾ।

## ਕਾਹਨੂੰਵਾਨ ਦੇ ਨੌਜਵਾਨ ਦੀ ਇੰਗਲੈਂਡ 'ਚ ਮੌਤ



**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**-ਆਪਣੇ ਪਰਿਵਾਰ ਦੇ ਉਜਵਲ ਭਵਿੱਖ ਦੇ ਲਈ 21 ਮਹੀਨੇ ਪਹਿਲਾਂ ਵਰਕ ਪਰਮਿਟ 'ਤੇ ਇੰਗਲੈਂਡ ਗਏ ਨੌਜਵਾਨ ਦੀ ਅਚਾਨਕ ਮੌਤ ਹੋ ਗਈ।ਲੜਕੇ ਦੇ ਪਿਤਾ ਠਾਕੁਰ ਲਖਬੀਰ ਸਿੰਘ ਵਾਸੀ ਕਾਹਨੂੰਵਾਨ ਨੇ ਦੱਸਿਆ ਕਿ ਉਸਦਾ 23 ਸਾਲਾ ਪੁੱਤਰ ਠਾਕੁਰ ਅਭਿਸ਼ੇਕ ਸਿੰਘ ਵਰਕ ਪਰਮਿਟ ਉੱਪਰ ਇੰਗਲੈਂਡ ਗਿਆ ਸੀ ਜਿੱਥੇ ਉਹ ਪਿਛਲੇ ਕਰੀਬ ਦੋ ਮਹੀਨਿਆਂ ਤੋਂ ਪੇਟ ਦਰਦ ਦੀ ਸ਼ਿਕਾਇਤ ਕਰ ਰਿਹਾ ਸੀ।ਉਸਨੇ ਇੰਗਲੈਂਡ ਦੇ ਡਾਕਟਰਾਂ ਕੋਲੋਂ ਚੈੱਕਅਪ ਵੀ ਕਰਾਇਆ ਪਰ ਵੀਰਵਾਰ ਨੂੰ ਉਸ ਦੀ ਹਾਲਤ ਅਚਾਨਕ ਵਿਗੜ ਗਈ ਜਿਸ ਤੋਂ ਬਾਅਦ ਉਸ ਦੇ ਦੋਸਤ ਉਸ ਨੂੰ ਇਲਾਜ ਲਈ ਹਸਪਤਾਲ ਜਾਣ ਲਈ ਤਿਆਰੀਆਂ ਕਰ ਰਹੇ ਸਨ ਕਿ ਇਸੇ ਦੌਰਾਨ ਉਸਦੀ ਮੌਤ ਹੋ ਗਈ।ਨੌਜਵਾਨ ਅਭਿਸ਼ੇਕ ਆਪਣੇ ਮਾਪਿਆਂ ਦਾ ਇਕਲੌਤਾ ਪੁੱਤਰ ਦੱਸਿਆ ਜਾ ਰਿਹਾ ਹੈ।ਮਾਪਿਆਂ ਨੇ ਪੰਜਾਬ ਅਤੇ ਭਾਰਤ ਸਰਕਾਰ ਤੋਂ ਮੰਗ ਕੀਤੀ ਕਿ ਉਨ੍ਹਾਂ ਦੇ ਇਕਲੌਤੇ ਪੁੱਤਰ ਦੀ ਮ੍ਰਿਤਕ ਦੇਹ ਇੰਗਲੈਂਡ ਤੋਂ ਭਾਰਤ ਲਿਆਉਣ ਲਈ ਸਹਾਇਤਾ ਕੀਤੀ ਜਾਵੇ।

## ਟੈਕਨੀਕਲ ਸਰਵਿਸਜ਼ ਯੂਨੀਅਨ ਸਬ ਡਵੀਜ਼ਨ ਕੈਂਟ ਨੰਬਰ-2 ਦੀ ਚੋਣ

### ਰਵੀ ਸ਼ਰਮਾ ਨਿਰਵਿਰੋਧ ਸਰਬਸੰਮਤੀ ਨਾਲ ਸਕੱਤਰ ਨਿਯੁਕਤ



**ਫਿਰੋਜ਼ਪੁਰ (ਅਸ਼ੋਕ ਸ਼ਰਮਾ, ਗੁਰਬਚਨ ਸਿੰਘ)**

ਟੈਕਨੀਕਲ ਸਰਵਿਸਜ਼ ਯੂਨੀਅਨ ਸਬ ਡਵੀਜ਼ਨ ਕੈਂਟ ਨੰਬਰ-2 ਦੀ ਚੋਣ ਹੋਈ। ਇਹ ਚੋਣ ਟੈਕਨੀਕਲ ਸਰਵਿਸਿਜ਼ ਯੂਨੀਅਨ ਪੰਜਾਬ ਦੇ ਦਿੱਤੇ ਪ੍ਰੋਗਰਾਮ ਤਹਿਤ ਰਮਨਦੀਪ ਸਿੰਘ ਮੰਡਲ ਪ੍ਰਧਾਨ ਸਿਟੀ ਫਿਰੋਜ਼ਪੁਰ ਤੇ ਡਵੀਜ਼ਨ ਮੀਤ ਪ੍ਰਧਾਨ ਜਗਸੀਰ ਸਿੰਘ ਦੀ ਦੇਖ-ਰੇਖ ਵਿੱਚ ਹੋਈ, ਜਿਸ ਵਿੱਚ ਸਰਬਸੰਮਤੀ ਨਾਲ ਮਨਜੀਤ ਸਿੰਘ ਪ੍ਰਧਾਨ, ਰਵੀ ਸ਼ਰਮਾ ਬਾਜੀਦਪੁਰ ਸਕੱਤਰ, ਜਸਵੰਤ ਸਿੰਘ ਮੀਤ ਪ੍ਰਧਾਨ, ਸਹਾਇਕ ਸਕੱਤਰ ਪ੍ਰਦੀਪ ਕੁਮਾਰ ਤੇ ਕੈਸ਼ੀਅਰ ਪ੍ਰਿੰਸ ਨੂੰ ਚੁਣਿਆ ਗਿਆ। ਨਵੀਂ ਚੁਣੀ ਕਮੇਟੀ ਨੇ ਸਾਥੀਆਂ ਨੂੰ ਵਿਸ਼ਵਾਸ ਦੁਆਇਆ ਕਿ ਉਨ੍ਹਾਂ ਦੇ ਕੰਮਾਂ ਕਾਰਾਂ ਤੇ ਹੱਕਾਂ ਲਈ ਹਮੇਸ਼ਾ ਡੱਟ ਕੇ ਪਹਿਰਾ ਦੇਣਗੇ। ਅੱਜ ਦੀ ਇਸ ਚੋਣ ਵਿੱਚ ਟੈਕਨੀਕਲ ਸਰਵਿਸਜ਼ ਯੂਨੀਅਨ ਇਕਾਈ ਗਰੁੱਪ ਦਾ ਸਿਰਫ ਇਕ ਹੀ ਪੈਨਲ ਆਉਣ ਕਾਰਨ ਇਸ ਨੂੰ ਸਰਬਸੰਮਤੀ ਨਾਲ ਪਾਸ ਕੀਤਾ ਗਿਆ। ਇਸ ਚੋਣ ਵਿੱਚ ਅਮਰਪ੍ਰੀਤ ਸਿੰਘ, ਹਰਜੀਤ ਸਿੰਘ, ਪ੍ਰਣਵ ਦੇਵਗਨ, ਸੂਰਜ, ਅਜੇ ਕੁਮਾਰ, ਕਰਨਦੀਪ, ਬਲਜੀਤ ਸਿੰਘ, ਕਰਨ ਕੁਮਾਰ, ਸਾਹਿਬ ਕੁਮਾਰ, ਅਮਨ ਸ਼ਰਮਾ, ਵਿਜੈ ਸਿੰਘ, ਦਿਲਬਾਗ ਸਿੰਘ, ਸੁਸ਼ੀਲ ਪਾਠਕ, ਅਵਤਾਰ ਸਿੰਘ, ਅਨਿਲ ਕੁਮਾਰ, ਆਸ਼ੀਸ ਮਹਿਤਾ, ਰਜਵੰਤ ਕੌਰ, ਦੀਪਕ ਸ਼ਰਮਾ, ਸਿਮਰਨਜੀਤ ਸਿੰਘ, ਰਵਿੰਦਰ ਸਿੰਘ, ਮਾਯੂਰ ਮੋਂਗਾ ਆਦਿ ਹਾਜ਼ਰ ਹੋਏ। ਇਸ ਮੌਕੇ ਰਮਨਦੀਪ ਸਿੰਘ ਤੇ ਡਵੀਜ਼ਨ ਕਮੇਟੀ ਨੇ ਨਵੀਂ ਚੁਣੀ ਕਮੇਟੀ ਨੂੰ ਵਧਾਈ ਦਿੱਤੀ।

# ਡੀ ਐੱਮ ਯੂ ਦੇ ਡਰਾਈਵਰ ਤੇ ਗਾਰਡ ਨੇ ਖੁੱਲ੍ਹੇ ਫਾਟਕ 'ਤੇ ਗੱਡੀ ਰੋਕ ਖੁਦ ਲਗਾਇਆ ਫਾਟਕ



ਲੋਹੀਆਂ ਖਾਸ, (ਯੋਗੇਸ਼ਵਰ, ਰੀਨਾ ਸ਼ਰਮਾ)- ਲੋਹੀਆਂ-ਲੁਧਿਆਣਾ ਰੇਲਵੇ ਟਰੈਕ 'ਤੇ ਪੈਂਦੇ ਨਕੋਦਰ ਵਾਲੇ ਫਾਟਕ ਲੋਹੀਆਂ ਵਿਖੇ ਗੱਡੀ ਆਉਣ ਮੌਕੇ ਫਾਟਕ ਖੁੱਲ੍ਹਾ ਰਿਹਾ ਪਰ ਰੇਲ ਗੱਡੀ ਦੇ ਡਰਾਈਵਰ ਦੀ ਗੱਡੀ ਰੋਕ ਲੈਣ ਦੀ ਸਮਝਦਾਰੀ ਨਾਲ ਵੱਡਾ ਹਾਦਸਾ ਟਲ ਗਿਆ। ਮੌਕੇ ਤੋਂ ਪ੍ਰਾਪਤ ਜਾਣਕਾਰੀ ਅਨੁਸਾਰ ਲੋਹੀਆਂ ਦਾ ਨਕੋਦਰ ਵਾਲਾ ਫਾਟਕ ਜੋ ਆਏ ਦਿਨ ਚਰਚਾ 'ਚ ਰਹਿੰਦਾ ਹੈ, ਜਿਥੇ ਕੱਲ੍ਹ ਫਿਰ ਸ਼ਾਮ 5 ਵਜੇ ਫਾਟਕ ਦਾ ਗੇਟ ਖੁੱਲ੍ਹਾ ਸੀ ਅਤੇ ਗੇਟ ਪਾਰ ਕਰ ਰਹੇ ਲੋਕਾਂ ਦੇ ਉਦੋਂ ਹੋਸ਼ ਉੱਡ ਗਏ, ਜਦੋਂ ਲੁਧਿਆਣਾ ਤੋਂ ਲੋਹੀਆਂ ਤੱਕ ਆਈ ਰੇਲ ਗੱਡੀ ਅਚਾਨਕ ਗੇਟ ਦੇ ਬਿਲਕੁਲ ਨੇੜੇ ਰੁਕ ਜਾਂਦੀ ਹੈ। ਇਸੇ ਦੌਰਾਨ ਰੇਲ ਦਾ ਡਰਾਈਵਰ ਉੱਤਰ ਕੇ ਦੇਖਦਾ ਹੈ ਤਾਂ ਗੇਟਮੈਨ ਅੰਦਰ ਸੁੱਤਾ ਪਿਆ ਸੀ, ਜਿਸ ਨੂੰ ਉਠਾ ਕੇ ਗੇਟ ਬੰਦ ਕਰਵਾਇਆ ਗਿਆ। ਇਸ ਬਾਬਤ ਜਦ ਗੇਟਮੈਨ ਉਦੈ ਰਾਜ ਨਾਲ ਗੱਲਬਾਤ ਕੀਤੀ ਤਾਂ ਉਸ ਨੇ ਕਿਹਾ ਕਿ ਉਹ ਲਗਾਤਾਰ 24 ਘੰਟੇ ਤੋਂ ਡਿਊਟੀ ਦੇ ਰਿਹਾ ਹੈ, ਇਸ ਲਈ ਉਸ ਦੀ ਅੱਖ ਲੱਗ ਗਈ ਸੀ। ਇਸ ਮੌਕੇ ਵੱਖ ਵੱਖ ਲੋਕਾਂ ਨੇ ਦੱਸਿਆ ਕਿ ਇਥੇ ਡਿਊਟੀ ਕਰਦਾ ਗੇਟਮੈਨ ਜੇਕਰ 24 ਘੰਟੇ ਡਿਊਟੀ ਕਰੇਗਾ ਤਾਂ ਉਹ ਸੁੱਤਾ ਵੀ ਨਜ਼ਰ ਆਵੇਗਾ। ਇਸ ਲਈ ਮਨੁੱਖੀ ਗਲਤੀਆਂ ਤੋਂ ਬਾਅਦ ਤਾਂ ਹਾਦਸੇ 'ਰੱਬੀ' ਟਲ ਰਹੇ ਹਨ, ਪਰ ਰੇਲ ਅਧਿਕਾਰੀ ਖੌਰੇ ਕਿਹੜੇ ਵੱਡੇ ਹਾਦਸੇ ਦੀ ਉਡੀਕ ਵਿੱਚ ਹਨ, ਜੋ ਇਨ੍ਹਾਂ ਘਟਨਾਵਾਂ ਨੂੰ ਰੋਕਣ ਲਈ ਕੋਈ ਸਖਤ ਕਦਮ ਨਹੀਂ ਚੁੱਕ ਰਹੇ।

# ਰੈੱਡ ਕ੍ਰਾਸ ਤੇ ਹਾਰਟੇਕ ਫਾਊਂਡੇਸ਼ਨ ਵਿਚਾਲੇ ਸਮਝੌਤਾ ਸਹੀਬੱਧ



ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)- ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਦੱਸਿਆ ਕਿ ਜ਼ਿਲ੍ਹਾ ਰੈੱਡ ਕ੍ਰਾਸ ਸੁਸਾਇਟੀ ਹੁਸ਼ਿਆਰਪੁਰ ਅਤੇ ਮੁਹਾਲੀ ਸਥਿਤ ਹਾਰਟੇਕ ਫਾਊਂਡੇਸ਼ਨ ਵਿਚਾਲੇ ਏ.ਡੀ.ਏ.ਪੀ.ਟੀ ਰਿਸਰਚ ਫੈਲੋਸ਼ਿਪ ਪ੍ਰੋਗਰਾਮ ਸ਼ੁਰੂ ਕਰਨ ਲਈ ਇਕ ਸਮਝੌਤਾ ਪੱਤਰ (ਐਮ.ਓ.ਯੂ) 'ਤੇ ਹਸਤਾਖ਼ਰ ਕੀਤੇ ਗਏ ਹਨ। ਇਹ ਪਹਿਲ ਹਾਰਟੇਕ ਫਾਊਂਡੇਸ਼ਨ ਵੱਲੋਂ ਕੀਤੀ ਜਾ ਰਹੀ ਹੈ, ਜੋ ਕਿ ਹਾਰਟੇਕ ਗਰੁੱਪ ਦੀ ਕਾਰਪੋਰੇਟ ਸਮਾਜਿਕ ਜ਼ਿੰਮੇਵਾਰੀ ਇਕਾਈ ਹੈ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਇਸ ਫੈਲੋਸ਼ਿਪ ਤਹਿਤ, ਹਾਰਟੇਕ ਫਾਊਂਡੇਸ਼ਨ ਚੁਣੇ ਗਏ ਰਿਸਰਚ ਫੈਲੋਜ਼ ਨੂੰ ਵਿੱਤੀ ਸਹਾਇਤਾ (ਵਜ਼ੀਫ਼ਾ) ਪ੍ਰਦਾਨ ਕਰੇਗਾ, ਜੋ ਜ਼ਿਲ੍ਹਾ ਪ੍ਰਸ਼ਾਸਨ ਨਾਲ ਵੱਖ-ਵੱਖ ਖੋਜ ਅਤੇ ਵਿਸ਼ਲੇਸ਼ਣ ਪ੍ਰੋਜੈਕਟਾਂ 'ਤੇ ਮਿਲ ਕੇ ਕੰਮ ਕਰਨਗੇ। ਫੈਲੋਸ਼ਿਪ ਦਾ ਉਦੇਸ਼ ਵੱਖ-ਵੱਖ ਸਰਕਾਰੀ ਵਿਭਾਗਾਂ ਵਿਚ ਵਿਸ਼ਲੇਸ਼ਣਾਤਮਕ, ਖੋਜ ਅਤੇ ਪ੍ਰਸ਼ਾਸਨਿਕ ਸਮਰੱਥਾਵਾਂ ਨੂੰ ਮਜ਼ਬੂਤ ਕਰਨਾ ਹੈ। ਉਨ੍ਹਾਂ ਕਿਹਾ ਕਿ ਇਸ ਪ੍ਰੋਜੈਕਟ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਹਾਇਕ ਕਮਿਸ਼ਨਰ ਓਇਸ਼ੀ ਮੰਡਲ (ਆਈ.ਏ.ਐਸ) ਨੂੰ ਨੋਡਲ ਅਫ਼ਸਰ ਨਿਯੁਕਤ ਕੀਤਾ ਗਿਆ ਹੈ, ਜੋ ਰੈੱਡ ਕ੍ਰਾਸ ਅਤੇ ਹਾਰਟੇਕ ਫਾਊਂਡੇਸ਼ਨ ਨਾਲ ਤਾਲਮੇਲ ਕਰਨਗੇ।ਫੈਲੋਸ਼ਿਪ ਲਈ ਚੋਣ ਪ੍ਰਕਿਰਿਆ ਜ਼ਿਲ੍ਹਾ ਰੈੱਡ ਕ੍ਰਾਸ ਸੋਸਾਇਟੀ ਦੁਆਰਾ ਪ੍ਰਿੰਟ ਮੀਡੀਆ, ਸੋਸ਼ਲ ਮੀਡੀਆ ਅਤੇ ਕਾਲਜਾਂ ਅਤੇ ਵਿਦਿਅਕ ਸੰਸਥਾਵਾਂ ਰਾਹੀਂ ਕੀਤੀ ਜਾਵੇਗੀ। ਇਸ ਲਈ ਨਿਰਧਾਰਤ ਯੋਗਤਾ ਮਾਪਦੰਡਾਂ ਦੇ ਅਨੁਸਾਰ, ਬਿਨੈਕਾਰ ਭਾਰਤ ਵਿਚ ਰਹਿਣ ਵਾਲਾ ਭਾਰਤੀ ਨਾਗਰਿਕ ਹੋਣਾ ਚਾਹੀਦਾ ਹੈ। ਨਾਲ ਹੀ ਉਸ ਕੋਲ ਅਰਥ ਸ਼ਾਸਤਰ, ਅੰਕੜਾ, ਵਣਜ, ਗਣਿਤ (ਐਮ.ਏ/ਐਮ.ਐਸ.ਸੀ) ਜਾਂ ਕੰਪਿਊਟਰ ਸਾਇੰਸ (ਬੀ.ਟੈਕ/ਐਮ.ਟੈਕ) ਵਿਚ ਪੋਸਟ ਗ੍ਰੈਜੂਏਸ਼ਨ ਜਾਂ ਤਕਨੀਕੀ ਡਿਗਰੀ ਹੋਣੀ ਚਾਹੀਦੀ ਹੈ। ਡਾਟਾ ਵਿਸ਼ਲੇਸ਼ਣ ਅਤੇ ਨੀਤੀ ਖੋਜ ਵਿਚ ਤਜਰਬਾ ਰੱਖਣ ਵਾਲੇ ਉਮੀਦਵਾਰਾਂ ਨੂੰ ਤਰਜੀਹ ਦਿੱਤੀ ਜਾਵੇਗੀ। ਨਾਲ ਹੀ, ਐਕਸਲ, ਸਟਾਟਾ, ਆਰ ਜਾਂ ਪਾਈਥਨ ਵਰਗੇ ਟੂਲਸ 'ਤੇ ਕੰਮ ਕਰਨ ਦੇ ਹੁਨਰ ਦੀ ਵੀ ਲੋੜ ਹੋਵੇਗੀ। ਚੋਣ ਦੇ ਸਮੇਂ ਬਿਨੈਕਾਰ ਕਿਸੇ ਹੋਰ ਫੈਲੋਸ਼ਿਪ ਦਾ ਲਾਭ ਲੈਂਦਾ ਨਹੀਂ ਹੋਣਾ ਚਾਹੀਦਾ।ਡਿਪਟੀ ਕਮਿਸ਼ਨਰ ਨੇ ਕਿਹਾ ਕਿ ਇਹ ਫੈਲੋਸ਼ਿਪ ਘੱਟੋ-ਘੱਟ ਇਕ ਸਾਲ ਦੀ ਮਿਆਦ ਲਈ ਹੋਵੇਗੀ, ਜਿਸ ਨੂੰ ਪ੍ਰਦਰਸ਼ਨ ਦੇ ਆਧਾਰ 'ਤੇ ਵਧਾਇਆ ਜਾ ਸਕਦਾ ਹੈ। ਉਨ੍ਹਾਂ ਇਸ ਪਹਿਲਕਦਮੀ ਨੂੰ ਨੌਜਵਾਨਾਂ ਲਈ 'ਕਮਾਓ ਅਤੇ ਸਿੱਖੋ' ਵੱਲ ਇਕ ਕਦਮ ਦੱਸਿਆ, ਜੋ ਉਨ੍ਹਾਂ ਨੂੰ ਪ੍ਰਸ਼ਾਸਨ ਦੇ ਵੱਖ-ਵੱਖ ਪ੍ਰੋਜੈਕਟਾਂ ਵਿਚ ਸ਼ਾਮਲ ਹੋਣ ਦਾ ਮੌਕਾ ਪ੍ਰਦਾਨ ਕਰੇਗਾ ਅਤੇ ਉਨ੍ਹਾਂ ਨੂੰ ਨੀਤੀਗਤ ਫ਼ੈਸਲਾ ਲੈਣ ਦੀ ਪ੍ਰਕਿਰਿਆ ਵਿਚ ਸਰਗਰਮੀ ਨਾਲ ਹਿੱਸਾ ਲੈਣ ਦੇ ਯੋਗ ਬਣਾਏਗਾ।ਇਸ ਮੌਕੇ ਹਾਰਟੇਕ ਫਾਊਂਡੇਸ਼ਨ ਦੀ ਸੀ.ਈ.ਓ ਹਰਕੀਰਤ ਕੌਰ, ਡੀ.ਡੀ.ਐਫ ਜ਼ੋਇਆ ਸਿੱਦੀਕੀ, ਰੈੱਡ ਕ੍ਰਾਸ ਸੁਸਾਇਟੀ ਦੇ ਸੰਯੁਕਤ ਸਕੱਤਰ ਆਦਿੱਤਿਆ ਰਾਣਾ ਅਤੇ ਹੋਰ ਅਧਿਕਾਰੀ ਮੌਜੂਦ ਸਨ।

## ਈ-ਨਿਲਾਮੀ ਨੋਟਿਸ- (ਪਾਣੀ ਪ੍ਰਭਾਵਿਤ ਬਾਸਮਤੀ ਚੌਲ)

ਮੈਸ: ਹਿੰਦ ਟਰੇਡਿੰਗ ਕੰਪਨੀ ਨਾਲ ਸੰਬੰਧਤ 'ਪਾਣੀ ਪ੍ਰਭਾਵਿਤ ਬਾਸਮਤੀ ਚੌਲ' ਲਈ ਸਖਤੀ ਨਾਲ "ਜਿੱਥੇ ਹੈ ਜਿਵੇਂ ਹੈ" ਦੇ ਅਧਾਰ 'ਤੇ "ਪ੍ਰਤੀ ਕਿੱਲੋਗ੍ਰਾਮ ਅਧਾਰ 'ਤੇ" ਚਾਹਵਾਨ ਖਰੀਦਦਾਰਾਂ ਕੋਲੋਂ ਈ-ਨਿਲਾਮੀ ਹਿੱਸੇਦਾਰੀ ਫਾਰਮਾਂ ਦੀ ਮੰਗ ਕੀਤੀ ਜਾਂਦੀ ਹੈ। ਨਿਰੀਖਣ ਐੱਸ ਪੀ ਰਾਈਸ ਐਕਸਪੋਰਟਸ, ਪਿੰਡ ਸ਼ਾਦੀਹਰੀ, ਪਾਤੜਾਂ-ਲਹਿਰਾ ਰੋਡ ਪਾਤੜਾਂ, ਜ਼ਿਲ੍ਹਾ ਸੰਗਰੂਰ-148035 ਵਿਖੇ ਪੇਸ਼ ਵਸਤੂਆਂ ਦਾ ਸ੍ਰੀ ਭੀਮ ਸੈਨ ਸਿੰਗਲਾ 94172-23651 ਤੋਂ ਅਗਾਊਂ ਨਿਯੁਕਤੀ ਲੈ ਕੇ 28.06.2025 ਤੋਂ 04.07.2025 ਦਰਮਿਆਨ ਨਿਰੀਖਣ ਕੀਤਾ ਜਾ ਸਕਦਾ ਹੈ। 05.07.2025 ਨੂੰ ਉਪਰੋਕਤ ਈ-ਨਿਲਾਮੀ ਲਈ ਹਿੱਸਾ ਲੈਣ ਲਈ ਕਿਰਪਾ ਕਰਕੇ ਕੁਮਾਰੀ ਸਾਜ਼ਿਦਾ ਬੇਗ ਨਾਲ 8178027913

ਸਾਲਵੇਜ਼ ਸੈਟਲਰਜ਼ ਪ੍ਰਾਈਵੇਟ ਲਿਮਟਿਡ (ਨਿਲਾਮੀਕਰਤਾ) ਨਾਲ ਐੱਫ ਐੱਫ-20 ਅਤੇ 22, ਪਰਲ ਓਮੈਕਸ, ਨੇਤਾਜੀ ਸੁਭਾਸ਼ ਪਲੇਸ, ਪੀਤਮਪੁਰਾ, ਨਵੀਂ ਦਿੱਲੀ-110034 ਨਾਲ ਸੰਪਰਕ ਕੀਤਾ ਜਾਵੇ

ਜਾਂ ਵੈੱਬਸਾਈਟ www.SalvageSettlers.com ਤੋਂ ਡਾਊਨਲੋਡ ਕੀਤਾ ਜਾਵੇ।

ਈ-ਨਿਲਾਮੀ ਫਾਰਮ ਜਮ੍ਹਾਂ ਕਰਵਾਉਣ ਦੀ ਅੰਤਮ ਮਿਤੀ 05.07.2025 ਦੁਪਹਿਰ 12.00 ਵਜੇ ਤੋਂ ਪਹਿਲਾਂ।

# ਪ੍ਰਾਈਵੇਟ ਪਲੇਅ-ਵੇਅ ਸਕੂਲਾਂ ਦੀ ਰਜਿਸਟ੍ਰੇਸ਼ਨ ਕੀਤੀ ਲਾਜ਼ਮੀ

ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਗੁਰਜੀਤ ਬਿੱਲਾ)-ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ ਬੱਚਿਆਂ ਦੇ ਸਰਬਪੱਖੀ ਵਿਕਾਸ ਲਈ ਸਰਕਾਰ ਵੱਲੋਂ ਪ੍ਰਾਈਵੇਟ ਸਕੂਲ/ਸੰਸਥਾਵਾਂ/ਪਲੇਅ—ਵੇਅ ਸਕੂਲ ਜੋ ਕਿ ਅਰਲੀ ਚਾਈਲਡ ਕੇਅਰ ਐਂਡ ਐਜੂਕੇਸ਼ਨ ਦੇ ਖੇਤਰ ਵਿੱਚ ਕੰਮ ਕਰ ਰਹੀਆਂ ਹਨ, ਨੂੰ ਰਜਿਸਟਰ ਕਰਨ ਲਈ ਨੋਟੀਫਿਕੇਸ਼ਨ ਜਾਰੀ ਕੀਤਾ ਗਿਆ ਹੈ। ਜ਼ਿਲ੍ਹਾ ਪ੍ਰੋਗਰਾਮ ਅਫਸਰ ਨਿਖਿਲ ਅਰੋੜਾ ਨੇ ਦੱਸਿਆ ਕਿ ਜ਼ਿਲ੍ਹਾ ਐੱਸ.ਏ.ਐੱਸ.ਨਗਰ ਅਧੀਨ 3-6 ਸਾਲ ਦੇ ਬੱਚਿਆਂ ਲਈ ਈ.ਸੀ.ਸੀ.ਈ ਖੇਤਰ ਵਿੱਚ ਕੰਮ ਕਰ ਰਹੀਆਂ ਸੰਸਥਾਵਾਂ ਦੀ ਵਿਭਾਗ ਵੱਲੋਂ ਰਜਿਸਟ੍ਰੇਸ਼ਨ ਸ਼ੁਰੂ ਕੀਤੀ ਗਈ ਹੈ ਅਤੇ ਰਜਿਸਟ੍ਰੇਸ਼ਨ ਲਾਜ਼ਮੀ ਬਣਾਉਣ ਲਈ ਤੁਰੰਤ ਦਫ਼ਤਰ ਜਿਲ੍ਹਾ ਪ੍ਰੋਗਰਾਮ ਅਫ਼ਸਰ ਐੱਸ.ਏ.ਐੱਸ.ਨਗਰ, ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਸੈਕਟਰ-76 ਮੋਹਾਲੀ ਵਿਖੇ ਸੰਪਰਕ ਕੀਤਾ ਜਾ ਸਕਦਾ ਹੈ। ਜ਼ਿਲ੍ਹੇ ਅਧੀਨ ਚੱਲ ਰਹੇ ਪਲੇਅ-ਵੇਅ ਸਕੂਲਾਂ ਲਈ ਰਜਿਸਟ੍ਰੇਸ਼ਨ ਕਰਵਾਉਣਾ ਲਾਜ਼ਮੀ ਹੈ।

# ਨਸ਼ਾ ਰੋਕੂ ਦਿਵਸ ਮੌਕੇ ਨੌਜਵਾਨਾਂ ਨੂੰ ਨਸ਼ਾ ਰਹਿਤ ਪੰਜਾਬ ਸਿਰਜਣ ਦਾ ਸੱਦਾ

ਪਠਾਨਕੋਟ, (ਦਵਿੰਦਰ ਸਿੰਘ)-ਡਿਪਟੀ ਕਮਿਸ਼ਨਰ ਪਠਾਨਕੋਟ ਅਦਿੱਤਿਆ ਉਪਲ ਅਤੇ ਸਮਾਜਿਕ ਸੁਰੱਖਿਆ ਇਸਤਰੀ ਤੇ ਬਾਲ ਵਿਕਾਸ ਵਿਭਾਗ ਪੰਜਾਬ ਵੱਲੋਂ ਦਿੱਤੇ ਦਿਸ਼ੇ ਨਿਰਦੇਸ਼ਾਂ ਅਨੁਸਾਰ ਯੁੱਧ ਨਸ਼ਿਆਂ ਵਿਰੁੱਧ ਅਤੇ ਨਸ਼ਾ ਮੁਕਤ ਭਾਰਤ ਅਭਿਆਨ ਅਧੀਨ ਅੰਤਰਰਾਸ਼ਟਰੀ ਨਸ਼ਾ ਰੋਕਥਾਮ ਦਿਵਸ ਸਰਕਾਰੀ ਉਦਯੋਗਿਕ ਸਿਖਲਾਈ ਸੰਸਥਾ ਢਾਕੀ ਪਠਾਨਕੋਟ ਵਿਖੇ ਮਨਾਇਆ ਗਿਆ।ਇਸ ਪ੍ਰੋਗਰਾਮ ਵਿੱਚ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ/ਨੁਮਾਇੰਦਿਆਂ ਵੱਲੋਂ ਭਾਗ ਲਿਆ ਗਿਆ।ਪ੍ਰੋਗਰਾਮ ਵਿੱਚ ਸ਼ਾਮਿਲ ਵਿਦਿਆਰਥੀਆਂ ਨੂੰ ਨਸ਼ੇ ਦੇ ਕਾਰਨ ਹੋਣ ਵਾਲੇ ਨੁਕਸਾਨ ਤੋਂ ਜਾਣੂ ਕਰਵਾਇਆ ਗਿਆ ਅਤੇ ਨਸ਼ਾ ਰਹਿਤ ਪੰਜਾਬ ਸਿਰਜਣ ਲਈ ਜਾਗਰੂਕ ਕੀਤਾ ਗਿਆ।ਇਸ ਪ੍ਰੋਗਰਾਮ ਦੌਰਾਨ ਵਿਦਿਆਰਥੀਆਂ ਨੂੰ ਨਸ਼ਾ ਨਾ ਕਰਨ ਲਈ ਸਹੁੰ ਚੁਕਾਈ ਗਈ।ਸਮੂਹ ਵਿਦਿਆਰਥੀਆਂ ਨੂੰ ਦਫਤਰ ਸਿਵਲ ਸਰਜਨ ਤੋਂ ਆਏ ਕਾਊਂਸਲਰ ਵੱਲੋਂ ਨਸ਼ਿਆਂ ਦੀ ਰੋਕਥਾਮ ਸਬੰਧੀ ਕਿਸੇ ਵੀ ਤਰ੍ਹਾਂ ਦੇ ਸਹਿਯੋਗ ਲਈ ਸਿਵਲ ਹਸਪਤਾਲ ਪਠਾਨਕੋਟ ਨਾਲ ਸੰਪਰਕ ਕਰਨ ਲਈ ਕਿਹਾ ਗਿਆ।ਸਮਾਰੋਹ ਵਿੱਚ ਅਸ਼ੀਸਇੰਦਰ ਸਿੰਘ ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫਸਰ ਅਤੇ ਸਟਾਫ, ਵਿਜੈ ਜ਼ਿਲ੍ਹਾ ਰੋਜ਼ਗਾਰ ਦਫਤਰ, ਇੰਚਾਰਜ ਆਈਟੀਆਈ ਪਠਾਨਕੋਟ ਸਮੇਤ ਸਟਾਫ, ਮਨਭਾਵਨ ਸਿੰਘ ਸਿਹਤ ਵਿਭਾਗ ਅਤੇ ਹੋਰ ਨੁਮਾਇੰਦੇ ਹਾਜ਼ਰ ਸਨ।

## ਪਬਲਿਕ ਨੋਟਿਸ

ਹਰ ਆਮ ਅਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਇਹ ਪ੍ਰੋਪਰਟੀ (ਵਪਾਰਕ ਅਤੇ ਰਿਹਾਇਸ਼ੀ) ਦਫਤਰ ਨਗਰ ਪੰਚਾਇਤ ਲੋਹੀਆਂ ਖਾਸ ਦੇ ਪ੍ਰੋਪਰਟੀ ਟੈਕਸ ਰਿਕਾਰਡ ਵਿੱਚ ਸ੍ਰੀ ਬਲਬੀਰ ਸਿੰਘ ਪੁੱਤਰ ਪੂਰਨ ਸਿੰਘ ਪੁੱਤਰ ਚਾਨਣ ਸਿੰਘ ਵਾਸੀ ਵਾਰਡ ਨੰ. 08, ਲੋਹੀਆਂ ਖਾਸ 'ਤੇ ਦਰਜ ਹੈ। ਜਿਸ ਦਾ ਪੀ.ਟੀ. ਨੰਬਰ PT-1007- 026193 ਹੈ। ਜਿਸ ਦਾ ਰਕਬਾ ਕਰੀਬ 00 ਕ 08 ਮ 00 ਸ ਮਰਲੇ (ਵਪਾਰਕ ਕਵਰਡ ਏਰੀਆਂ 820 ਫੁੱਟ ਅਤੇ ਰਿਹਾਇਸ਼ੀ ਖਾਲੀ ਪਲਾਟ 5 ਮਰਲੇ ) ਹੈ।ਇਹ ਪ੍ਰੋਪਰਟੀ ਜਿਸ ਦੀਆਂ ਹੱਦਾਂ ਚੜ੍ਹਦੇ ਬਲਦੇਵ ਸਿੰਘ ਪੁੱਤਰ ਨਰੰਜਨ ਸਿੰਘ, ਲਹਿੰਦੇ ਰਜਿੰਦਰ ਪਾਲ, ਪਹਾੜ ਸੜਕ, ਦੱਖਣ ਅਮਰਜੀਤ ਕੁਮਾਰ ਵਗੈਰਾ ਹੈ। ਸ੍ਰੀ ਬਲਬੀਰ ਸਿੰਘ ਪੁੱਤਰ ਪੂਰਨ ਸਿੰਘ ਪੁੱਤਰ ਚਾਨਣ ਸਿੰਘ ਵਾਸੀ ਵਾਰਡ ਨੰ. 08, 12/12/2017 ਦੀ ਮੌਤ ਹੋ ਚੁੱਕੀ ਹੈ। ਸ੍ਰੀ ਬਲਬੀਰ ਸਿੰਘ ਪੁੱਤਰ ਪੂਰਨ ਸਿੰਘ ਦੇ ਬੇਟੇ ਸ੍ਰੀ ਰਜਿੰਦਰ ਪਾਲ, ਅਜੀਤ ਸਿੰਘ ਪੁੱਤਰ ਬਲਬੀਰ ਸਿੰਘ ਪੁੱਤਰ ਪੂਰਨ ਸਿੰਘ ਵਾਸੀ ਲੋਹੀਆਂ ਖਾਸ ਵੱਲੋਂ ਇਹ ਪ੍ਰੋਪਰਟੀ ਸ੍ਰੀਮਤੀ ਬਲਜਿੰਦਰ ਕੌਰ ਪਤਨੀ ਸੁਖਜਿੰਦਰ ਸਿੰਘ ਅਤੇ ਬਲਜੀਤ ਕੌਰ ਪਤਨੀ ਮਹਿੰਦਰ ਸਿੰਘ ਵਾਸੀ ਨੱਲ੍ਹ ਹਾਲ ਲੋਹੀਆਂ ਖਾਸ ਵਸੀਕਾ ਨੰਬਰ 2024-25/178/1/894 ਮਿਤੀ 21.02.2025 ਰਜਿਸਟਰੀ ਕਰਵਾਈ ਗਈ ਹੈ।ਇਹ ਪ੍ਰੋਪਰਟੀ ਦਾ ਪ੍ਰੋਪਰਟੀ ਟੈਕਸ ਕਲੀਅਰ ਹੈ। ਸ੍ਰੀਮਤੀ ਬਲਜਿੰਦਰ ਕੌਰ ਪਤਨੀ ਸੁਖਜਿੰਦਰ ਸਿੰਘ ਅਤੇ ਬਲਜੀਤ ਕੌਰ ਪਤਨੀ ਮਹਿੰਦਰ ਸਿੰਘ ਵਾਸੀ ਨੱਲ੍ਹ ਹਾਲ ਲੋਹੀਆਂ ਖਾਸ ਵੱਲੋਂ ਇਹ ਸਵੈ-ਘੋਸ਼ਣਾ ਪੱਤਰ ਦਿੱਤਾ ਗਿਆ ਹੈ ਕਿ ਇਸ ਪ੍ਰੋਪਰਟੀ ਦਾ ਕੋਈ ਪਰਿਵਾਰਕ ਝਗੜਾ ਨਹੀਂ ਹੈ ਅਤੇ ਨਾ ਹੀ ਕੋਈ ਅਦਾਲਤੀ ਕੇਸ ਚਲਦਾ ਹੈ।ਇਸ ਲਈ ਇਹ ਪ੍ਰੋਪਰਟੀ (ਵਪਾਰਕ ਅਤੇ ਰਿਹਾਇਸ਼ੀ ਖਾਲੀ ਪਲਾਟ) ਸਿਰਫ ਪ੍ਰੋਪਰਟੀ ਟੈਕਸ ਭਰਨ ਦੇ ਮੰਤਵ ਲਈ ਪ੍ਰੋਪਰਟੀ ਸ੍ਰੀਮਤੀ ਬਲਜਿੰਦਰ ਕੌਰ ਪਤਨੀ ਸੁਖਜਿੰਦਰ ਸਿੰਘ ਅਤੇ ਬਲਜੀਤ ਕੌਰ ਪਤਨੀ ਮਹਿੰਦਰ ਸਿੰਘ ਵਾਸੀ ਨੱਲ੍ਹ ਹਾਲ ਲੋਹੀਆਂ ਖਾਸ ਦੇ ਨਾਂਅ ਤਬਦੀਲ ਕਰ ਦਿੱਤੀ ਜਾਵੇ। ਇਸ ਇਸ਼ਤਹਾਰ ਦੇ ਛਪਣ ਤੋਂ 30 ਦਿਨਾਂ ਦੇ ਅੰਦਰ-ਅੰਦਰ ਕਿਸੇ ਨੂੰ ਕੋਈ ਇਤਰਾਜ਼ ਹੋਵੇ ਤਾਂ ਉਹ ਆਪਣਾ ਇਤਰਾਜ ਦਫਤਰ ਨਗਰ ਪੰਚਾਇਤ ਲੋਹੀਆਂ ਖਾਸ ਵਿਖੇ ਦਰਜ ਕਰਵਾ ਸਕਦਾ ਹੈ। 30 ਦਿਨ ਦਾ ਸਮਾਂ ਖਤਮ ਹੋਣ ਤੋਂ ਬਾਅਦ ਇਹ ਪ੍ਰੋਪਰਟੀ ਸ੍ਰੀਮਤੀ ਬਲਜਿੰਦਰ ਕੌਰ ਪਤਨੀ ਸੁਖਜਿੰਦਰ ਸਿੰਘ ਅਤੇ ਬਲਜੀਤ ਕੌਰ ਪਤਨੀ ਮਹਿੰਦਰ ਸਿੰਘ ਵਾਸੀ ਨੱਲ੍ਹ ਹਾਲ ਲੋਹੀਆਂ ਖਾਸ, ਤਹਿਸੀਲ ਸ਼ਾਹਕੋਟ ਦੇ ਨਾਂਅ ਤਬਦੀਲ ਕਰ ਦਿੱਤੀ ਜਾਵੇਗੀ। ਸਮਾਂ ਖਤਮ ਹੋਣ ਤੋਂ ਬਾਅਦ ਵਿੱਚ ਕਿਸੇ ਦਾ ਕੋਈ ਉਜ਼ਰ ਜਾਂ ਸੁਝਾਅ ਨਹੀਂ ਸੁਣਿਆ ਜਾਵੇਗਾ।

ਸਹੀ/-ਕਾਰਜ ਸਾਧਕ ਅਫਸਰ, ਨਗਰ ਪੰਚਾਇਤ, ਲੋਹੀਆਂ ਖਾਸ।
Ref No. 569 Dated 6.6.25

## ਪਬਲਿਕ ਨੋਟਿਸ

ਹਰ ਆਮ ਅਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਇਹ ਪ੍ਰਾਪਰਟੀ (ਵਪਾਰਕ ਅਤੇ ਰਿਹਾਇਸ਼ੀ) ਦਫਤਰ ਨਗਰ ਪੰਚਾਇਤ ਲੋਹੀਆਂ ਖਾਸ ਦੇ ਪ੍ਰੋਪਰਟੀ ਟੈਕਸ ਰਿਕਾਰਡ ਵਿੱਚ ਸ੍ਰੀ ਬਲਬੀਰ ਸਿੰਘ ਪੁੱਤਰ ਪੂਰਨ ਸਿੰਘ ਪੁੱਤਰ ਚਾਨਣ ਸਿੰਘ ਵਾਸੀ ਵਾਰਡ ਨੰ. 08, ਲੋਹੀਆਂ ਖਾਸ 'ਤੇ ਦਰਜ ਹੈ। ਜਿਸ ਦਾ ਪੀ.ਟੀ. ਨੰਬਰ ♦"-1007- 026193 ਹੈ। ਜਿਸ ਦਾ ਰਕਬਾ ਕਰੀਬ 00 ਕ 12 ਮ 00 ਸ ਮਰਲੇ (ਵਪਾਰਕ ਕਵਰਡ ਏਰੀਆ 1120 ਫੁੱਟ ਅਤੇ ਰਿਹਾਇਸ਼ੀ ਖਾਲੀ ਪਲਾਟ 5 ਮਰਲੇ 6 ਸਰਸਾਈ ) ਹੈ।ਇਹ ਪ੍ਰੋਪਰਟੀ ਜਿਸ ਦੀਆਂ ਹੱਦਾਂ ਚੜ੍ਹਦੇ ਬਲਦੇਵ ਸਿੰਘ ਪੁੱਤਰ ਨਰੰਜਨ ਸਿੰਘ, ਲਹਿੰਦੇ ਰਜਿੰਦਰ ਪਾਲ, ਪਹਾੜ ਸੜਕ, ਦੱਖਣ ਅਮਰਜੀਤ ਕੁਮਾਰ ਵਗੈਰਾ ਹੈ। ਸ੍ਰੀ ਬਲਬੀਰ ਸਿੰਘ ਪੁੱਤਰ ਪੂਰਨ ਸਿੰਘ ਪੁੱਤਰ ਚਾਨਣ ਸਿੰਘ ਵਾਸੀ ਵਾਰਡ ਨੰ. 08, 12/12/2017 ਦੀ ਮੌਤ ਹੋ ਚੁੱਕੀ ਹੈ। ਸ੍ਰੀ ਬਲਬੀਰ ਸਿੰਘ ਪੁੱਤਰ ਪੂਰਨ ਸਿੰਘ ਦੇ ਬੇਟੇ ਸ੍ਰੀ ਰਜਿੰਦਰ ਪਾਲ, ਅਜੀਤ ਸਿੰਘ ਪੁੱਤਰ ਬਲਬੀਰ ਸਿੰਘ ਪੁੱਤਰ ਪੂਰਨ ਸਿੰਘ ਵਾਸੀ ਲੋਹੀਆਂ ਖਾਸ ਵੱਲੋਂ ਇਹ ਪ੍ਰੋਪਰਟੀ ਸ੍ਰੀਮਤੀ ਅਮਰਜੀਤ ਕੌਰ ਪਤਨੀ ਸੰਤੋਖ ਸਿੰਘ ਪੁੱਤਰ ਪੂਰਨ ਸਿੰਘ ਵਾਸੀ ਚੱਕ ਬੰਡਾਲਾ ਹਾਲ ਲੋਹੀਆਂ ਖਾਸ ਵਸੀਕਾ ਨੰਬਰ 2024-25/178/1/895 ਮਿਤੀ 21.02.2025 ਰਜਿਸਟਰੀ ਕਰਵਾਈ ਗਈ ਹੈ। ਇਹ ਪ੍ਰੋਪਰਟੀ ਦਾ ਪ੍ਰੋਪਰਟੀ ਟੈਕਸ ਕਲੀਅਰ ਹੈ। ਸ੍ਰੀਮਤੀ ਅਮਰਜੀਤ ਕੌਰ ਪਤਨੀ ਸੰਤੋਖ ਸਿੰਘ ਪੁੱਤਰ ਪੂਰਨ ਸਿੰਘ ਵਾਸੀ ਚੱਕ ਬੰਡਾਲਾ ਹਾਲ ਲੋਹੀਆਂ ਖਾਸ ਵੱਲੋਂ ਇਹ ਸਵੈ-ਘੋਸ਼ਣਾ ਪੱਤਰ ਦਿੱਤਾ ਗਿਆ ਹੈ ਕਿ ਇਸ ਪ੍ਰੋਪਰਟੀ ਦਾ ਕੋਈ ਪਰਿਵਾਰਕ ਝਗੜਾ ਨਹੀਂ ਹੈ ਅਤੇ ਨਾ ਹੀ ਕੋਈ ਅਦਾਲਤੀ ਕੇਸ ਚੱਲਦਾ ਹੈ।ਇਸ ਲਈ ਇਹ ਪ੍ਰੋਪਰਟੀ (ਵਪਾਰਕ ਅਤੇ ਰਿਹਾਇਸ਼ੀ) ਸਿਰਫ ਪ੍ਰੋਪਰਟੀ ਟੈਕਸ ਭਰਨ ਦੇ ਮੰਤਵ ਲਈ ਪ੍ਰੋਪਰਟੀ ਸ੍ਰੀਮਤੀ ਅਮਰਜੀਤ ਕੌਰ ਪਤਨੀ ਸੰਤੋਖ ਸਿੰਘ ਪੁੱਤਰ ਪੂਰਨ ਸਿੰਘ ਵਾਸੀ ਚੱਕ ਬੰਡਾਲਾ ਹਾਲ ਲੋਹੀਆਂ ਖਾਸ ਦੇ ਨਾਂਅ ਤਬਦੀਲ ਕਰ ਦਿੱਤੀ ਜਾਵੇ। ਇਸ ਇਸ਼ਤਿਹਾਰ ਦੇ ਛਪਣ ਤੋਂ 30 ਦਿਨਾਂ ਦੇ ਅੰਦਰ-ਅੰਦਰ ਕਿਸੇ ਨੂੰ ਕੋਈ ਇਤਰਾਜ਼ ਹੋਵੇ ਤਾਂ ਉਹ ਆਪਣਾ ਇਤਰਾਜ਼ ਦਫਤਰ ਨਗਰ ਪੰਚਾਇਤ ਲੋਹੀਆਂ ਖਾਸ ਵਿਖੇ ਦਰਜ ਕਰਵਾ ਸਕਦਾ ਹੈ। 30 ਦਿਨ ਦਾ ਸਮਾਂ ਖਤਮ ਹੋਣ ਤੋਂ ਬਾਅਦ ਇਹ ਪ੍ਰੋਪਰਟੀ ਸ੍ਰੀਮਤੀ ਅਮਰਜੀਤ ਕੌਰ ਪਤਨੀ ਸੰਤੋਖ ਸਿੰਘ ਪੁੱਤਰ ਪੂਰਨ ਸਿੰਘ ਵਾਸੀ ਚੱਕ ਬੰਡਾਲਾ ਹਾਲ ਲੋਹੀਆਂ ਖਾਸ, ਤਹਿਸੀਲ ਸ਼ਾਹਕੋਟ ਦੇ ਨਾਂਅ ਤਬਦੀਲ ਕਰ ਦਿੱਤੀ ਜਾਵੇਗੀ। ਸਮਾਂ ਖਤਮ ਹੋਣ ਤੋਂ ਬਾਅਦ ਵਿੱਚ ਕਿਸੇ ਦਾ ਕੋਈ ਉਜ਼ਰ ਜਾਂ ਸੁਝਾਅ ਨਹੀਂ ਸੁਣਿਆ ਜਾਵੇਗਾ।

ਸਹੀ/-ਕਾਰਜ ਸਾਧਕ ਅਫਸਰ, ਨਗਰ ਪੰਚਾਇਤ, ਲੋਹੀਆਂ ਖਾਸ।
Ref No. 568 Dated 6.6.25

# ਕਲਾਸੀਫਾਈਡ ਇਸ਼ਤਿਹਾਰ

## Change of Name

I, Monika Mishra W/o Rohit Mishra Mohalla - Mishran, DCM Chowk, Harial Distt. Hoshiarpur (Punjab) 144208 have changed my name Monika Mishra to Moni for all furture purposes, Monika Mishra and Monika both is same Person.

I, Amit Virdi S/o Surinderpal R/o Village Sadha Chak, PO. Bhogpur, Distt. Jalandhar have changed my name from Amit Virdi to Amit Singh. Please note. (12173)

I Nisha Rani Alias Kavita Gandhi W/O Satish Kumar Gandhi R/O B-4/6 Mohalla Jattpura Have Change My Name From Nisha Rani Alias Kavita Gandhi To Kavita Gandhi.

I, Satinder Kaur Arora W/o Harpreet Singh Arora R/o 4557 (2701), Gali No.2, Ram Nagar, Sultanwind Road, Amritsar, Punjab have changed my name from Satinder Kaur Arora to Satinder.

I, Tejinderpal Singh S/o Harjeet Singh R/o Bhaggupur Bet, Amritsar, Punjab-143110 have changed my name from Tejinderpal Singh to Singh is my surname and Tejinderpal is my given name.

I, Raminder Pal Singh Matharu S/o Kulbir Singh R/o Block -H, Flat No. 402, Jalandhar Heights, Jalandhar, Punjab - 144002 have changed my name and shall hereafter be known as Raminder Pal Singh.

I, Vikramjit Kaur, D/O Harpritam Singh Zhawar R/o H No 708/7th Floor, Panache Home Tower, Omax Royal Residency, Pakhowal Road, Lalton, Ludhiana, Punjab- 142002. have changed my name and shall here-after be Known as Vikramjit Kaur Zhawar.

I, Rajagopal R.G alias Rajagopal Radha Gangadharan S/O Gangadharan Valiaparambath, R/o L-504, Tower L, Floor 5, Falcon View, JLPL Falcon View, Sector 66 A, Mohali, Sector 62, SAS Nagar, ( Mohali), Punjab- 160062, have changed my name and shall here-after be Known as Raja Gopal.

I, Varinder Kumar S/o Sh. Des Raj R/o H.No. 104, Adarsh Nagar, Jalandhar, Punjab have changed my name from Varinder Kumar to Varinder Kumar Gupta. All concerned please note.

I, Radha Joshi W/o Anil Kumar R/o VPO. Chitti, Distt. Jalandhar, Punjab have changed my name from Radha Joshi to Radha Sharma. All concerned please note.

I, Santosh W/O Raman Kumar R/O 285, Gali No.15, Majitha Road, Guru Har Rai Avenue, Amritsar, Punjab have changed my name from Santosh to Kiran. Concerned note.

I, Rajwinder Singh S/o Prem Singh R/o Village Mari Kamble, Tehsil Patti District Tarn Taran have declare that Rajwinder is my Given name and Singh is my Surname.

I, Rajesh Kumar S/o Ram Kailash R/o 32, Gali No.1, Sri Ram Avenue, Majitha Road, Amritsar have changed my name from Rajesh Kumar to Rajesh Mishra.

I, Prince S/o Heera Masih R/o H.No.262, Nangli Bhatha, Preet Nagar, FGC Road, District Amritsar have changed my name from Prince to Prince Gill.

I, Ramsewak Singh S/o Gurmukh Singh R/o H.No.3368, Abadi Gobindpura, Purani Chungi, Chheharta Road, Amritsar have changed my name from Ramsewak Singh to Ram Sewak Singh.

I, Paramjit Kaur W/o Sukhwinder Singh R/o H.No.1139, Gali Hansali Wali, Kucha Madhomal Bhatia, Amritsar have changed my name from Paramjit Kaur to Paramjeet Kaur.

I, Inderjit Singh S/o Gurmej Singh R/o 160, Partap Avenue, G.T Road, Amritsar have changed my name from Inderjit Singh to Inderjit Singh Sindhu.

I, Khushpal Kaur Heir D/o Ranjit Singh R/o VPO Sultanwind Patti Malko Ki, Amritsar have changed my name from Khushpal Kaur Heir to Khushpal Kaur.

I, Manpreet Singh Nagi S/o Kawaljit Singh R/o10531054,-B-Block Bhai Gurdas JEE Nagar New Amritsar have changed my Name Manpreet Singh Nagi to Manpreet Singh, Noted.

I Deep Singh S/o Jagat Singh R/o Jandiala Guru, Distt Amritsar have changed my name from Deep Singh to Deep Singh Malhotra.

I Amar Chand S/o Munshi Ram,R/o Mohala Tibba,VPO Jamsher Khas, Jalandhar declare that Amar is my given name and Chand is my sur-name.All concerned may note.

I Neha D/o Amrik Chand R/o VPO Muthada Kalan, Teh. Phillaur, Jalandhar,-144409, Punjab, have changed my name from Neha to Neha Kaur in which given name Neha and surname as Kaur . All concerned please note.

I, Parvinder Kaur Alias Rebecca Hans w/o Samson Hans r/o VPO. Gakhal, Distt. Jalandhar, Punjab have changed my name Parvinder Kaur to Rebecca Hans. All Please Note.

I, Munish Narang s/o Subash Narang r/o H.No. 381-82, Eldeco Green Nakodar Road, Jalandhar have changed my name to Manish Narang. All Please Note.

I, Surinder Pal w/o Gurmail Singh r/o Patti Takhar, Vill. Shankar, Teh.Nakodar, Distt. Jalandhar, Punjab, India have changed my given name to Surinder Kaur. All Please Note.

I, Jashanpreet Singh s/o Sukhwinder Singh r/o W.No. 6, VPO. Bholath, Kapurthala have changed my name to Given name as Jashanpreet & Surname as Singh. All Please Note.

I, hitherto known as Sudesh Rani W/o Raman Kumar R/o H.No. 46. FCI Colony, PO. Model Town, Jalandhar, Punjab 144003 have changed my name and shall hereafter be known as Sandhya Monga.

## ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

## Change of Name

I, Prabhjot Alias Prabhjoti w/o Gurpreet Singh r/o H.No. 396, Mohalla Paras Estate, Jalandhar have changed my name to Prabhjoti. All Please Note.

I, Harjinder Singh s/o Amar Singh r/o H.No. 215/18, Deol Nagar, Jalandhar have changed my minor daughter name from Asees Dhanju to Asees Kaur Dhanju. All Please Note.

I, Radha Madan alias Sunita Rani D/o Ram Saroop W/o Krishan Lal R/o H.No.174, Street No.2, Basti Peer Dad, Paras Estate, Jalandhar City, Punjab-144021 changed my name to Radha Madan. All Please Note.

I, Karmjeet Kaur W/o Harjinder Singh R/o H.No. 149/1, Sarabha Nagar, Santokh Pura, Jalandhar have changed the spelling of my name Karmjeet Kaur to Karamjeet Kaur. All Please Note.

I, Balvir Singh S/o Tarlok Singh R/o H.No. 10, Gali No.1, British Town Dakoha, Jalandhar have changed the name of my son from Mandeep Singh to Dilkaran Singh Sarn. All Please Note.

## PUBLIC NOTICE

I, Bhupinder Singh S/o Kashmeer Singh R/o New Abadi Kotli Sainian, PO. Kotli Sainian, Distt. Gurdaspur, Punjab-143530, declare that my given name as Bhupinder and my surname as Singh.

I, Sumeet Kour Raina W/O Rajinder Pal Singh R/O VPO. Kandhali Narangpur, Teh. Dasuya, Distt. Hoshiarpur, Punjab, Declare that My Name Earlier In My Son's School Record Was Incorrectly Mentioned As Sumeet Kour by Mistakely. But my all Documents and In My Son's DOB My Correct Name is Sumeet Kour Raina.

I, Ramanvir Kaur W/o Manjit Singh R/o Village Chakanwali, Tehsil Dera Baba Nanak, District Gurdaspur, Pin code 143604 (India) declare that my husband namely Manjit Singh is serving in the Indian Army No. JC-502411A Rank. Nb/sub Manjit singh, Unit 867. My date of birth in his service Records has been recorded as 18-02-1986 and Name Ramanveer Kaur whereas my correct date of birth 18-02-1985 and correct name Ramanvir Kaur as per my Aadhar card. Regarding certification in date of Birth, Name and making correction in the date of birth 18-02-1986 To 18-02-1985 And name Ramanveer Kaur to Ramanvir Kaur. In the Said Service record the name of my Father is wrongly mentioned as Surinder Singh while his Correct name is Sawinder Singh.

## ਆਮ ਸੂਚਨਾ

## ਬੇਦਖਲੀ ਨੋਟਿਸ

ਮੈਂ, ਰਾਜਪਾਲ ਸਿੰਘ ਪੁੱਤਰ ਸਮੁੰਦਾ ਸਿੰਘ ਵਾਸੀ ਗੁੰਮਟਾਲਾ ਕਾਲੋਨੀ, ਲੋਹਾਰਕਾ ਰੋਡ, ਤਹਿ. ਵਾ ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਕਰਨਬੀਰ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ ਤੇ ਲੜਾਈ-ਝਗੜਾ ਕਰਦਾ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਮੰਜੂ ਪਤਨੀ ਸੰਜੀਵ ਕੁਮਾਰ ਵਾਸੀ ਮਕਾਨ ਨੰ. 184/1, ਸੀਨਪੁਰਾ ਚੌਕ, ਨੇੜੇ ਮੁਹੱਲਾ ਆਦਰਸ਼ ਨਗਰ, ਕਪੂਰਥਲਾ, ਪੰਜਾਬ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਯਸ਼ੂ, ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਮੇਰਾ ਅਤੇ ਮੇਰੇ ਪਰਿਵਾਰ ਦਾ ਇਸ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ। ਜੋ ਕੋਈ ਵੀ ਇਸ ਨਾਲ ਲੈਣ ਦੇਣ ਕਰੇਗਾ, ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਮੈਂ ਸੰਜੇ ਸਾਹਨੀ ਪੁੱਤਰ ਹਰੇ ਕਿਸ਼ਨ ਸਾਹਨੀ ਵਾਸੀ ਵਾਰਡ ਨੰ. 1, ਲਗੁਨੀਆ ਰਘੂ ਕੰਥ, ਸਮਤਪੁਰ, ਲਘੁਨੀਆ ਰਘੁਕੰਥ, ਬਿਹਾਰ ਹਾਲ ਵਾਸੀ ਪਿੰਡ ਸੁਹਾਨਾ ਜ਼ਿਲ੍ਹਾ ਜਲੰਧਰ ਬਿਆਨ ਕਰਦਾ ਹਾਂ ਕਿ ਮੇਰੀ ਪਤਨੀ ਫੁਲਕੁਮਾਰੀ ਦੇਵੀ ਮੇਰੇ ਕਹਿਣੇ ਤੋ ਬਾਹਰ ਹੈ, ਜਿਸ ਕਰਕੇ ਮੈਂ ਆਪਣੀ ਪਤਨੀ ਨੂੰ ਆਪਣੀ ਚੱਲ ਅਤੇ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਜੋ ਕੋਈ ਵੀ ਇਸ ਦੇ ਨਾਲ ਕਿਸੇ ਤਰਾਂ ਦਾ ਲੈਣ ਦੇਣ ਕਰਦਾ ਹੈ, ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ।

# ਟੋਯੋਟਾ ਕਿਰਲੋਸਕਰ ਮੋਟਰ ਵੱਲੋਂ ਓਹਮੀਅਮ ਨਾਲ ਸਮਝੌਤਾ

ਜਲੰਧਰ : ਟੋਯੋਟਾ ਕਿਰਲੋਸਕਰ ਮੋਟਰ ਨੇ ਬੈਂਗਲੁਰੂ ਆਧਾਰਿਤ ਓਹਮੀਅਮ ਇੰਟਰਨੈਸ਼ਨਲ ਨਾਲ ਇੱਕ ਸਮਝੌਤਾ ਯਾਦਪੱਤਰ 'ਤੇ ਦਸਤਖਤ ਕੀਤੇ ਹਨ।ਇਸ ਰਾਹੀਂ ਕੰਪਨੀ ਨੇ ਕਾਰਬਨ ਨੂਟ੍ਰੈਲਟੀ ਅਤੇ ਸਾਫ਼ ਊਰਜਾ ਨਵੀਨਤਾ ਪ੍ਰਤੀ ਆਪਣੀ ਵਚਨਬੱਧਤਾ ਨੂੰ ਮਜ਼ਬੂਤ ਕੀਤਾ ਹੈ, ਜੋ ਭਾਰਤ ਵਿੱਚ ਗ੍ਰੀਨ ਹਾਈਡਰੋਜਨ ਆਧਾਰਿਤ ਇਕਠੇ ਊਰਜਾ ਹੱਲਾਂ ਦੇ ਸਹਿ-ਵਿਕਾਸ ਲਈ ਹੈ। ਇਸ ਅਧੀਨ ਇੱਕ ਪ੍ਰਮੁੱਖ ਪੀਈਐੱਮ ਹਾਈਡਰੋਜਨ ਤਕਨੀਕ ਪ੍ਰਦਾਤਾ ਓਹਮੀਅਮ ਇੰਟਰਨੈਸ਼ਨਲ ਨਾਲ ਸਮਝੌਤਾ ਕੀਤਾ ਗਿਆ ਹੈ।ਇਸ ਰਣਨੀਤਕ ਸਾਂਝ ਵਿੱਚ ਟੋਯੋਟਾ ਦੀ ਫਿਊਲ ਸੈਲ ਤਕਨੀਕ ਅਤੇ ਭਵਿੱਖ ਦੇ ਸਾਫ਼ ਇੰਧਨ ਵਜੋਂ ਗ੍ਰੀਨ ਹਾਈਡਰੋਜਨ ਨੂੰ ਉਤਸ਼ਾਹਿਤ ਕਰਨਾ ਮਹੱਤਵਪੂਰਨ ਹੈ।ਇਸ ਮੌਕੇ ਆਪਣੇ ਵਿਚਾਰ ਸਾਂਝੇ ਕਰਦੇ ਹੋਏ ਟੋਯੋਟਾ ਕਿਰਲੋਸਕਰ ਮੋਟਰ ਦੀ ਵਾਈਸ ਚੇਅਰਪਰਸਨ ਸੁਸ਼੍ਰੀ ਮਾਨਸੀ ਟਾਟਾ ਨੇ ਕਿਹਾ ਕਿ ਟੋਯੋਟਾ ਵਿੱਚ ਕਾਰਬਨ-ਨਿਊਟਰਲ ਭਵਿੱਖ ਲਈ ਸਾਡੀ ਵਚਨਬੱਧਤਾ ਸਿਰਫ਼ ਸ਼ੁੱਧ ਗਤੀਸ਼ੀਲਤਾ ਤੱਕ ਸੀਮਿਤ ਨਹੀਂ ਹੈ।

## ਨਾਂਅ ਦੀ ਬਦਲੀ

ਮੈਂ ਸੁਖਵਿੰਦਰ ਸਿੰਘ ਪੁੱਤਰ ਲੇਟ ਸੂਰਤਾ ਸਿੰਘ ਵਾਸੀ ਸਠਿਆਲੀ ਜ਼ਿਲ੍ਹਾ ਗੁਰਦਾਸਪੁਰ ਬਿਆਨ ਹਾਂ ਕਿ ਮੈਂ ਆਪਣਾ ਨਾਮ ਸੁਖਵਿੰਦਰ ਸਿੰਘ ਤੋਂ ਬਦਲ ਕੇ ਸੁੱਖਾ ਸਿੰਘ ਰੱਖ ਰਿਹਾ ਹੈ। ਸੰਬੰਧਿਤ ਨੋਟ ਕਰਨ।

ਮੈਂ, ਹੀਨਾ ਗੁਲਾਟੀ ਪਤਨੀ ਸ਼ੁੱਭ ਪ੍ਰਕਾਸ਼ ਦੁੱਗਲ ਵਾਸੀ 924, ਆਰ. ਬੀ. ਅਸਟੇਟ, ਲੋਹਾਰਕਾ ਰੋਡ, ਅੰਮ੍ਰਿਤਸਰ ਨੇ ਸ਼ਾਦੀ ਤੋਂ ਬਾਅਦ ਆਪਣਾ ਨਾਂਅ ਹੀਨਾ ਗੁਲਾਟੀ ਤੋਂ ਬਦਲ ਕੇ ਹੀਨਾ ਦੁੱਗਲ ਕਰ ਲਿਆ ਹੈ।

## ਕੋਰਟ ਨੋਟਿਸ

## ਪਬਲਿਕ ਨੋਟਿਸ

## ਕੋਰਟ ਨੋਟਿਸ, ਜ਼ਿਲ੍ਹਾ ਮੈਰਿਜ ਅਫ਼ਸਰ, ਜਲੰਧਰ V/S ਆਮ ਜਨਤਾ



**ਵਿਸ਼ਾ : ਵਿਆਹ ਯੋਗਤਾ ਸਰਟੀਫਿਕੇਟ ਜਾਰੀ ਕਰਨ ਬਾਰੇ।**

ਬਿਨੈਕਾਰ ਦਾ ਨਾਮ : **ਪੁਸ਼ਪਾ ਰਾਣੀ** ਪਿਤਾ/ਪਤੀ ਦਾ ਨਾਮ : **ਨਿਰਮਲ ਦਾਸ**
ਪਤਾ: Village Raowali Jalandhar/ Tehsil - Jalandhar 2/ District - Jalandhar, Punjab
ਉਪਰੋਕਤ ਪ੍ਰਾਰਥੀ ਨੇ ਵਿਆਹ ਯੋਗਤਾ ਸਰਟੀਫਿਕੇਟ ਜਾਰੀ ਕਰਨ ਲਈ ਸੇਵਾ ਕੇਂਦਰ ਵਿੱਚ ਆਪਣੀ ਪੁੱਤਰੀ ਦੇ ਲਈ ਬਿਨੈ ਪੱਤਰ ਦਿੱਤਾ ਹੈ। ਜਿਸ ਦੇ ਵੇਰਵੇ ਹੇਠ ਲਿਖੇ ਦਿੱਤੇ ਗਏ ਹਨ।
ਨਾਮ : **ਪਿੰਕੀ ਰਾਣੀ**
ਪੱਕਾ ਪਤਾ: Village Raowali Jalandhar, Jalandhar-2, Jalandhar, Punjab
ਉਮਰ/ਜਨਮ ਮਿਤੀ : 29-(13/10/1995)

ਬਿਨੈਕਾਰ ਨੇ ਕਿਹਾ ਹੈ ਕਿ ਉਸਦਾ ਭਾਰਤ ਵਿੱਚ ਕੋਈ ਵਿਆਹੁਤਾ ਸੰਬੰਧ ਨਹੀਂ ਹੈ।
ਆਮ ਲੋਕਾਂ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਜੇ ਉਪਰੋਕਤ ਸਰਟੀਫ਼ਿਕੇਟ ਜਾਰੀ ਕਰਨ ਬਾਰੇ ਕਿਸੇ ਵੀ ਵਿਅਕਤੀ ਨੂੰ ਕੋਈ ਇਤਰਾਜ਼ ਹੈ ਤਾਂ ਉਹ ਵਿਅਕਤੀ ਜਾਂ ਉਸਦੇ ਨੁਮਾਇੰਦੇ ਇਸ ਨੋਟਿਸ ਦੇ ਜਾਰੀ ਹੋਣ ਤੋਂ 30 ਦਿਨਾਂ ਦੇ ਅੰਦਰ-ਅੰਦਰ ਆਪਣੀ ਇਤਰਾਜ਼ (ਸ਼ਿਕਾਇਤ)ਪੇਸ਼ ਕਰ ਸਕਦੇ ਹਨ। ਉਸ ਤੋਂ ਬਾਅਦ ਕੋਈ ਇਤਰਾਜ਼ ਨਹੀਂ ਮੰਨਿਆ ਜਾਵੇਗਾ।
ਇਹ ਇਸ਼ਤਿਹਾਰ ਮੇਰੇ ਦਸਤਖ਼ਤਾਂ ਹੇਠ ਅਦਾਲਤੀ ਮੋਹਰ ਨਾਲ ਮਿਤੀ 26.06.2025 ਨੂੰ ਜਾਰੀ ਹੋਇਆ।
ਨੰਬਰ 56/ਨੰਬਰ/ਰੀਡਰ ਮਿਤੀ 26.06.2025 ਜ਼ਿਲ੍ਹਾ ਮੈਰਿਜ ਅਫ਼ਸਰ,ਜਲੰਧਰ,ਪੰਜਾਬ,ਭਾਰਤ

## ਪੰਜਾਬੀ ਯੂਨੀਵਰਸਿਟੀ, ਪਟਿਆਲਾ

(ਪੰਜਾਬ ਐਕਟ ਨੰ: 1961 ਦਾ 35 ਅਧੀਨ ਸਥਾਪਤ)

### ਜਨਤਕ ਨੋਟਿਸ

ਜਦੋਂ ਕਿ ਰਜਿਸਟਰਾਰ, ਪੰਜਾਬੀ ਯੂਨੀਵਰਸਿਟੀ, ਪਟਿਆਲਾ ਨੇ ਆਪਣੇ ਹੁਕਮ 189-191/ਕਾਨੂੰਨੀ ਮਿਤੀ 26.09.2024 ਰਾਹੀਂ ਡਾ. ਰਵਨੀਤ ਕੌਰ, ਪ੍ਰੋਫੈਸਰ, "ਸੈਂਟਰ ਫਾਰ ਡਿਸਟੈਂਸ ਐਂਡ ਆਨਲਾਈਨ ਐਜੂਕੇਸ਼ਨ", ਪੰਜਾਬੀ ਯੂਨੀਵਰਸਿਟੀ ਨੂੰ ਡਿਊਟੀ 'ਚ ਕੁਤਾਹੀ ਲਈ ਦੋਸ਼ ਪੱਤਰ ਦਿੱਤਾ ਹੈ।

ਜਦੋਂ ਕਿ ਰਜਿਸਟਰਾਰ ਪੰਜਾਬੀ ਯੂਨੀਵਰਸਿਟੀ ਪਟਿਆਲਾ ਨੇ ਆਪਣੇ ਹੁਕਮ ਨੰ: 252/ਕਾਨੂੰਨੀ ਮਿਤੀ 20.03.2025 ਰਾਹੀਂ ਉਕਤ ਡਾ. ਰਵਨੀਤ ਕੌਰ ਦੇ ਦੋਸ਼ ਪੱਤਰ 'ਚ ਲਗਾਏ ਦੋਸ਼ਾਂ ਦੀ ਸੱਚਾਈ ਸੰਬੰਧੀ ਆਪਣੀ ਰਿਪੋਰਟ ਪੇਸ਼ ਕਰਨ ਲਈ ਸ: ਅਮਰਜੀਤ ਸਿੰਘ ਕਟਾਰੀ ਨੂੰ ਜਾਂਚ ਅਫਸਰ ਨਿਯੁਕਤ ਕੀਤਾ ਹੈ।

ਜਦੋਂ ਕਿ ਉਕਤ ਡਾ: ਰਵਨੀਤ ਕੌਰ, ਉਸ ਵਿਰੁੱਧ ਉਪਰੋਕਤ ਸਹੀ ਜਾਂਚ ਸੰਬੰਧੀ ਆਪਣਾ ਬਚਾਅ ਪੱਖ ਪੇਸ਼ ਕਰਨ ਲਈ 02.05.2025, 16.05.2025 ਅਤੇ 23.05.2025, ਆਪਣੀ ਵਿਅਕਤੀਗਤ ਸੇਵਾ ਦੇ ਬਾਵਜੂਦ ਨਿਮਨਹਸਤਾਖਰੀ ਦੇ ਸਨਮੁੱਖ ਪੇਸ਼ ਨਹੀਂ ਹੋਈ।

ਹੁਣ, ਜਦੋਂ ਕਿ ਨਿਆਂ ਦੇ ਹਿੱਤ 'ਚ ਉਕਤ ਰਵਨੀਤ ਕੌਰ ਨੂੰ ਉਸ ਵਿਰੁੱਧ ਲਗਾਏ ਗਏ ਦੋਸ਼ਾਂ ਦੀ ਜਾਂਚ ਅਤੇ ਆਪਣਾ ਬਚਾਅ ਪੱਖ ਪੇਸ਼ ਕਰਨ, ਜੇਕਰ ਕੋਈ ਹੈ, ਸੰਬੰਧੀ ਜਾਂਚ ਅਫਸਰ ਸਨਮੁੱਖ 30.07.2025 ਨੂੰ ਸਵੇਰੇ 11.00 ਵਜੇ ਕਮੇਟੀ ਰੂਮ, ਗੈਸਟ ਹਾਊਸ ਪੰਜਾਬੀ ਯੂਨੀਵਰਸਿਟੀ ਪਟਿਆਲਾ ਵਿਖੇ ਪੇਸ਼ ਹੋਣ ਦਾ ਮੌਕਾ ਦਿੱਤਾ ਜਾਂਦਾ ਹੈ, ਅਸਫਲ ਰਹਿਣ 'ਤੇ ਇਹ ਮੰਨ ਲਿਆ ਜਾਵੇਗਾ ਕਿ ਉਸ ਕੋਲ ਇਸ ਮਾਮਲੇ 'ਚ ਕਹਿਣ ਲਈ ਕੁਝ ਵੀ ਨਹੀਂ ਹੈ।

2376/ਡੀ ਪੀ ਆਰ/2313/12/2025-26/618 ਅਮਰਜੀਤ ਸਿੰਘ ਕਟਾਰੀ

## ਉੱਤਰ ਰੇਲਵੇ

ਭੰਡਾਰ ਦੀ ਸਪਲਾਈ ਲਈ ਨਿਵਿਦਾ ਮੰਗ
ਇਲੈਕਟ੍ਰੋਨਿਕ ਨਿਵਿਦਾ ਈ-ਪ੍ਰਣਾਲੀ ਦੇ ਤਹਿਤ

ਟੈਂਡਰ ਨੋਟਿਸ ਨੰ.:-07/2025-2026 ਮਿਤੀ 26.06.2025

ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਉਪ ਮੁਖ ਸਮਗਰੀ ਪ੍ਰਬੰਧਕ/ ਉਤਰ ਰੇਲਵੇ /ਭੰਡਾਰ ਡਿਪੋ/ਯਾਂਤਰਿਕ ਕਾਰਖਾਨਾ/ਅੰਮ੍ਰਿਤਸਰ ਦੁਆਰਾ ਸੰਭਰਨਕਰਤਾਵਾਂ ਤੋਂ ਹੇਠਾਂ ਲਿਖਤ ਮਦਾਂ ਦੇ ਲਈ ਈ-ਨਿਵਿਦਾ ਦੀ ਮੰਗ ਕੀਤੀ ਜਾਂਦੀ ਹੈ:-

| ਲ. ਨੰ. | ਨਿਵਿਦਾ ਨੰ. | ਮਾਲ ਦਾ ਵੇਰਵਾ | ਮਾਤ੍ਰਾ | ਨਿਵਿਦਾ ਖੁਲਣ ਦੀ ਮਿਤੀ |
|---|---|---|---|---|
| 1 | 62255147 | NARROW JAW ADAPTER FOR CTRB CLASS 'E' TO RDDRG.NO. WD-89067-S-9 Alt- 11 or latest. | 3840 Nos. | 21.07.25 |
| 2 | 62255144 | Centre Sill (CRF Section) for BVCM Wagon Drg. No. WD-15009-S-05, Alt:5 or latest, Item No. 2 Material Spec: IS 2062 E 450 BR with Cu. | 480 Nos. | 24.07.25 |
| 3 | 62255146 | High-Capacity Draft Gear with Follower for BVCM Wagons RDSO Drg No. WD-81010-S-03 alt.12 or latest, item no. 19 & RDSO Spec: 49-BD-08 with amendment 01 of sept-16 or latest. | 960 Nos. | 24.07.25 |

**ਨਿਵਿਦਾ ਸ਼ਰਤਾਂ:**- ireps ਦੀ ਵੈਬਸਾਈਟ www.ireps.gov.in 'ਤੇ ਉਪਲਬਧ ਹੈ। ਸਾਰੇ ਇਛੁਕ ਵਿਕ੍ਰੇਤਾਵਾਂ ਨੂੰ ਈ-ਨਿਵਿਦਾ ਵਿਚ ਭਾਗ ਲੈਣ ਅਤੇ ਰਜਿਸਟਰੇਸ਼ਨ ਕਰਾਉਣ ਦੇ ਲਈ ਭਾਰਤ ਸਰਕਾਰ ਆਈ ਟੀ ਅਧਿਨਿਯਮ 2000 ਦੇ ਤਹਿਤ ਪ੍ਰਾਧਿਕ੍ਰਿਤ ਏਜੰਸੀ ਤੋਂ ਕਲਾਸ-III ਡਿਜਿਟਲ ਪ੍ਰਮਾਣ ਪੱਤਰ (ਜੇਕਰ ਪਹਿਲਾਂ ਤੋਂ ਪ੍ਰਾਪਤ ਨਹੀਂ ਕੀਤਾ ਹੈ) ਕਰਨਾ ਹੋਵੇਗਾ। ਹੱਥ ਨਾਲ ਲਿਖੇ ਟੈਂਡਰ ਸਵੀਕ੍ਰਿਤ ਨਹੀਂ ਕੀਤੇ ਜਾਣਗੇ।

1934/25

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

## AXIS BANK

Retail Asset Centre: AXIS Bank Ltd, 2nd Floor, Property # 7-E, Municipal 3903/1142/16, Malhar Road, Sarabha Nagar, Ludhiana -141001.
Corporate Office: 'Axis House', Block-B, Bombay Dyeing Mills Compound, Pandurang Budhkar Marg, Worli, Mumbai- 400025
Registered Office: 'Trishul', 3rd Floor, opposite Samartheswar Temple, Law garden, Ellisbridge, Ahmadabad- 380006

### ਸਰਫੇਸੀ ਐਕਟ 2002 ਦੇ ਸੈਕਸ਼ਨ 13 (4) ਅਧੀਨ ਜਾਇਦਾਦ ਦੇ ਕਬਜ਼ੇ ਸੰਬੰਧੀ ਨੋਟਿਸ ਦੀ ਪ੍ਰਕਾਸ਼ਨਾ

ਇਸ ਦੁਆਰਾ ਨੋਟਿਸ ਦਿੱਤਾ ਜਾਂਦਾ ਹੈ ਕਿ ਸਕਿਉਰਟਾਈਜੇਸ਼ਨ ਐਂਡ ਰਿਕੰਸਟਰੱਕਸ਼ਨ ਆਫ ਫਾਇਨਾਂਸੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 (54 ਆਫ 2002) ਅਧੀਨ ਅਤੇ ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼, 2002 ਦੇ ਨਿਯਮ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹਰੇਕ ਖਾਤੇ ਅੱਗੇ ਵਰਨਣ ਮਿਤੀਆਂ ਨੂੰ ਡਿਮਾਂਡ ਨੋਟਿਸ ਜਾਰੀ ਕਰਕੇ ਕਰਜ਼ਦਾਰਾਂ ਨੂੰ ਦਰਸਾਏ ਨੋਟਿਸ ਦੇ ਪ੍ਰਾਪਤ ਹੋਣ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ-ਅੰਦਰ ਰਾਸ਼ੀ ਮੋੜਨ ਦਾ ਸੱਦਾ ਦਿੱਤਾ ਗਿਆ ਸੀ।

ਕਰਜ਼ਦਾਰ ਰਾਸ਼ੀ ਮੋੜਨ 'ਚ ਨਾਕਾਮ ਰਹੇ ਹਨ। ਇਸ ਦੁਆਰਾ ਕਰਜ਼ਦਾਰ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਦਰਸਾਏ ਐਕਟ ਦੇ ਨਿਯਮ 9 ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 13 (4) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹਰੇਕ ਖਾਤੇ ਅੱਗੇ ਦਰਸਾਈਆਂ ਮਿਤੀਆਂ ਨੂੰ ਹੇਠਾਂ ਵਰਨਣ ਜਾਇਦਾਦਾਂ ਦਾ ਕਬਜ਼ਾ ਪ੍ਰਾਪਤ ਕਰ ਲਿਆ ਹੈ। ਕਰਜ਼ਦਾਰ ਨੂੰ ਵਿਸ਼ੇਸ਼ ਕਰਕੇ ਅਤੇ ਆਮ ਜਨਤਾ ਜਨਤਾ ਨੂੰ ਜਾਇਦਾਦ ਬਾਰੇ ਕੋਈ ਵੀ ਸੌਦੇਬਾਜ਼ੀ ਨਾ ਕਰਨ ਲਈ ਸੁਚੇਤ ਕੀਤਾ ਜਾਂਦਾ ਹੈ ਅਤੇ ਜਾਇਦਾਦ ਬਾਰੇ ਕੋਈ ਵੀ ਸੌਦੇਬਾਜ਼ੀ ਹੇਠਾਂ ਖਾਤੇ ਅੱਗੇ ਦਰਸਾਈ ਬਕਾਇਆ ਨਿਕਲਦੀ ਰਾਸ਼ੀ ਅਤੇ ਇਸ ਉਪਰ ਬਣਦੇ ਵਿਆਜ ਲਈ ਐਕਸਿਸ ਬੈਂਕ ਲਿਮਟਿਡ ਦੀ ਦੇਣਦਾਰੀ ਦਾ ਵਿਸ਼ਾ ਹੋਵੇਗਾ।

ਉਪਲੱਬਧ ਸਮੇਂ 'ਚ ਸਕਿਉਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

| ਲੜੀ ਨੰ. | ਕਰਜ਼ਦਾਰ ਅਤੇ ਸਹਿ-ਕਰਜ਼ਦਾਰ ਦਾ ਨਾਂਅ | ਐੱਨ ਪੀ ਏ/ਡਿਮਾਂਡ ਨੋਟਿਸ ਦੀ ਮਿਤੀ / ਕਬਜ਼ੇ ਦੀ ਮਿਤੀ / ਡਿਮਾਡ ਨੋਟਿਸ ਵਿੱਚ ਰਕਮ (ਰੁ.) |
|---|---|---|
| 1. | 1. ਸ੍ਰੀ ਜਰਨੈਲ ਸਿੰਘ ਪੁੱਤਰ ਕ੍ਰਿਪਾਲ ਸਿੰਘ (ਕਰਜ਼ਦਾਰ) ਅਤੇ 2. ਸ੍ਰੀਮਤੀ ਜੀਵਨ ਕੌਰ ਪਤਨੀ ਜਰਨੈਲ ਸਿੰਘ (ਸਹਿ-ਕਰਜ਼ਦਾਰ/ਰਹਿਣਕਾਰ) | 08 ਜਨਵਰੀ 2025/ 27 ਜਨਵਰੀ 2025<br>26 ਜੂਨ 2025<br>ਰੁ. 9.59,481/- (ਨੌਂ ਲੱਖ ਉਨਾਹਠ ਹਜ਼ਾਰ ਚਾਰ ਸੌ ਇਕਿਆਸੀ ਰੁਪਏ ਕੇਵਲ) |

ਰਹਿਣ ਕੀਤੀ ਜਾਇਦਾਦ ਦਾ ਵੇਰਵਾ :- ਬੈਨਾਮਾ ਦਸਤਾਵੇਜ਼ ਨੰ. 2020-21/86/1/2217 ਮਿਤੀ 27.10.2020 ਅਨੁਸਾਰ ਸ੍ਰੀਮਤੀ ਜੀਵਨ ਕੌਰ ਪਤਨੀ ਜਰਨੈਲ ਸਿੰਘ ਦੇ ਨਾਂਅ 'ਤੇ ਰਜਿਸਟਰਡ ਰਿਹਾਇਸ਼ੀ ਜਾਇਦਾਦ/ਪਲਾਟ ਰਕਬਾ 0ਕੇ-5 ਮਰਲੇ ਜੋ ਕਿ ਕੁਝ ਜ਼ਮੀਨ ਖੇਤਰ 13 ਕਨਾਲ-07 ਮਰਲੇ ਦਾ 5/267 ਹਿੱਸਾ ਹੈ 'ਤੇ ਨਿਰਤ ਮਕਾਨ, ਖਸਰਾ ਨੰ. 196//17/1/4-9, 18/1/4-9, 19/1/4-9, ਖੇਵਟ ਨੰ. 610, ਖਤੌਨੀ ਨੰ. 782, ਜਮ੍ਹਾਂਬੰਦੀ ਸਾਲ 2014-2015 ਹਦਬਸਤ ਨੰ. 55, ਪੱਟੀ ਰੋਡ, ਨੇੜੇ ਦੂਨ ਪਬਲਿਕ ਸਕੂਲ, ਬਰਨਾਲਾ, ਤਹਿਸੀਲ ਤੇ ਜ਼ਿਲ੍ਹਾ ਬਰਨਾਲਾ ਨਾਲ ਸੰਬੰਧਤ ਸਭ ਕੁੱਝ। ਹੱਦਾਂ (ਦਸਤਾਵੇਜ਼ ਅਨੁਸਾਰ) : ਪੂਰਬ : ਹੋਰ ਮਾਲਕ, ਪੱਛਮ : ਹੋਰ ਮਾਲਕ, ਉੱਤਰ : ਗਲੀ 20' ਚੌੜੀ, ਦੱਖਣ : ਖਾਲੀ ਪਲਾਟ।

ਮਿਤੀ : 28.06.2025 ਸਥਾਨ : ਬਰਨਾਲਾ ਸਹੀ/- ਅਧਿਕਾਰਤ ਅਫਸਰ ਐਕਸਿਸ ਬੈਂਕ ਲਿਮਟਿਡ

## ਉੱਤਰ ਰੇਲਵੇ

### ਈ-ਨੀਲਾਮੀ ਸੂਚਨਾ

ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਸੀਨੀਅਰ ਮੰਡਲ ਵਾਣਿਜ ਪ੍ਰਬੰਧਕ, ਉਤਰ ਰੇਲਵੇ, ਫਿਰੋਜਪੁਰ ਦੁਆਰਾ ਹੇਠਾਂ ਦਿਤੇ ਗਏ ਕੰਮ ਦੇ ਲਈ ਯੋਗ ਅਤੇ ਰਜਿਸਟਰਡ ਬੋਲੀਦਾਤਾਵਾਂ ਤੋਂ ਫਿਰੋਜਪੁਰ ਮੰਡਲ ਵਿਚ ਈ-ਨੀਲਾਮੀ ਮੰਗ ਕੀਤੀ ਗਈ ਹੈ:

**ਨੀਲਾਮੀ ਸੂਚੀ ਨੰ.** EAFZR-PRKG25-12
**ਨੀਲਾਮੀ ਸ਼ੁਰੂ ਹੋਣ ਦਾ ਸਮਾਂ ਅਤੇ ਮਿਤੀ** 07 / 07 / 2025 ਨੂੰ 11:30 ਵਜੇ
**ਕੰਮ ਦਾ ਨਾਮ :** ਡੀਏਵੀ ਕਾਲਜ ਜਲੰਧਰ ਹਾਲਟ ਅਤੇ ਕਪੂਰਥਲਾ ਰੇਲਵੇ ਸਟੇਸ਼ਨ ਤੇ ਪਾਰਕਿੰਗ ਸਥਲ ਦਾ ਠੇਕੇ ਦਾ ਅਲਾਟਮੈਂਟ।

**ਨੀਲਾਮੀ ਸੂਚੀ ਨੰ.** EAFZR-OH25-14
**ਨੀਲਾਮੀ ਸ਼ੁਰੂ ਹੋਣ ਦਾ ਸਮਾਂ ਅਤੇ ਮਿਤੀ** 08 / 07 / 2025 ਨੂੰ 11:30 ਵਜੇ
**ਕੰਮ ਦਾ ਨਾਮ :** ਵਾਣਿਜਕ ਪ੍ਰਚਾਰ ਅਧਿਕਾਰਾਂ ਦੇ ਲਈ ਠੇਕੇ ਦਾ ਅਲਾਟਮੈਂਟ:1) ਸਾਹਨੇਵਾਲ, ਅੰਮ੍ਰਿਤਸਰ ਅਤੇ ਜਲੰਧਰ ਸਿਟੀ ਰੇਲਵੇ ਸਟੇਸ਼ਨ ਤੇ ਪਾਣੀ ਦੀਆਂ ਟੰਕੀਆਂ ਦੇ ਓਵਰਹੇਡ ਦੇ ਉਪਰ। 2) ਵੇਰਕਾ, ਜੈਂਤੀਪੁਰਾ, ਬਟਾਲਾ, ਭਗਤਾਂਵਾਲਾ ਅਤੇ ਪੱਟੀ ਰੇਲਵੇ ਸਟੇਸ਼ਨ ਨਾਲ ਲਗੇ ਲੇਵਲ ਕ੍ਰਾਸਿੰਗ ਤੇ ਸਟੇਟਿਕ ਮੀਡੀਆ ਦੇ ਮਾਧਿਅਮ ਨਾਲ। 3) ਗੋਰਾਯਾ ਅਤੇ ਲੋਹਿਯਾ ਖਾਸ ਰੇਲਵੇ ਸਟੇਸ਼ਨ ਤੇ ਸਟੇਟਿਕ ਮੀਡੀਆ ਦੇ ਮਾਧਿਅਮ ਨਾਲ। 4) ਮਖੂ ਅਤੇ ਨਕੋਦਰ ਰੇਲਵੇ ਸਟੇਸ਼ਨ ਤੇ ਸਟੇਟਿਕ ਮੀਡੀਆ/ਪਾਣੀ ਦੀ ਟੰਕੀ ਦੇ ਓਵਰਹੇਡ ਦੇ ਉਪਰ।

**ਨੀਲਾਮੀ ਸੂਚੀ ਨੰ.** EAFZR-CTG25-20
**ਨੀਲਾਮੀ ਸ਼ੁਰੂ ਹੋਣ ਦਾ ਸਮਾਂ ਅਤੇ ਮਿਤੀ** 10 / 07 / 2025 ਨੂੰ 11:30 ਵਜੇ
**ਕੰਮ ਦਾ ਨਾਮ :** ਖੇਮਕਰਨ, ਮੁਕਤਸਰ, ਤਰਨਤਾਰਨ, ਕਰਤਾਰਪੁਰ, ਆਰਸੀਐਫ-ਕਪੂਰਥਲਾ ਹਾਲਟ ਅਤੇ ਕੋਟਕਪੁਰਾ ਰੇਲਵੇ ਸਟੇਸ਼ਨਾਂ ਤੇ ਕੈਟਰਿੰਗ ਸਟਾਲ ਦਾ ਠੇਕੇ ਦਾ ਅਲਾਟਮੈਂਟ।

**ਨੀਲਾਮੀ ਸੂਚੀ ਨੰ.** EAFZR-PnU25-11
**ਨੀਲਾਮੀ ਸ਼ੁਰੂ ਹੋਣ ਦਾ ਸਮਾਂ ਅਤੇ ਮਿਤੀ** 10 / 07 / 2025 ਨੂੰ 12:30 ਵਜੇ
**ਕੰਮ ਦਾ ਨਾਮ :** ਫਿਲੌਰ, ਬਟਾਲਾ, ਅੰਮ੍ਰਿਤਸਰ (ਗੋਲ ਬਾਗ ਸਾਈਡ) ਅਤੇ ਮੁਕਤਸਰ ਰੇਲਵੇ ਸਟੇਸ਼ਨਾਂ ਤੇ ਪੇ ਐਂਡ ਯੂਜ ਪਖਾਨਿਆਂ ਦੇ ਸੰਚਾਲਨ ਅਤੇ ਰਖਰਖਾਅ ਦੇ ਲਈ ਕਾਂਟਰੈਕਟ ਦਾ ਅਲਾਟਮੈਂਟ।

**ਨੀਲਾਮੀ ਸੂਚੀ ਨੰ.** EAFZR-CTG25-21
**ਨੀਲਾਮੀ ਸ਼ੁਰੂ ਹੋਣ ਦਾ ਸਮਾਂ ਅਤੇ ਮਿਤੀ** 11 / 07 / 2025 ਨੂੰ 11:30 ਵਜੇ
**ਕੰਮ ਦਾ ਨਾਮ :** ਸਾਹਨੇਵਾਲ, ਨਵਾਂ ਸ਼ਹਿਰ ਦੋਆਬਾ, ਨਕੋਦਰ, ਵੇਰਕਾ, ਜਗਰਾਉਂ, ਫਿਰੋਜਪੁਰ ਸਿਟੀ, ਫਾਜਿਲਕਾ, ਫਗਵਾੜਾ ਅਤੇ ਸੁਲਤਾਨਪੁਰ ਲੋਧੀ ਰੇਲਵੇ ਸਟੇਸ਼ਨਾਂ ਤੇ ਕੈਟਰਿੰਗ ਸਟਾਲ ਦਾ ਠੇਕੇ ਤੇ ਅਲਾਟਮੈਂਟ।

**ਨੀਲਾਮੀ ਸੂਚੀ ਨੰ.** EAFZR-MPS25-8
**ਨੀਲਾਮੀ ਸ਼ੁਰੂ ਹੋਣ ਦਾ ਸਮਾਂ ਅਤੇ ਮਿਤੀ** 11 / 07 / 2025 ਨੂੰ 12:30 ਵਜੇ
**ਕੰਮ ਦਾ ਨਾਮ :** ਜਲੰਧਰ ਸ਼ਹਿਰ ਅਤੇ ਲੁਧਿਆਣਾ ਰੇਲਵੇ ਸਟੇਸ਼ਨਾਂ ਤੇ ਬਹੁਉਦੇਸ਼ੀ ਸਟਾਲ (ਐਮਪੀਐਸ) ਦੇ ਲਈ ਕਾਂਟਰੈਕਟ ਦਾ ਅਲਾਟਮੈਂਟ।

**ਨੀਲਾਮੀ ਸੂਚੀ ਨੰ.** EAFZR-MMS25-1
**ਨੀਲਾਮੀ ਸ਼ੁਰੂ ਹੋਣ ਦਾ ਸਮਾਂ ਅਤੇ ਮਿਤੀ** 11 / 07 / 2025 ਨੂੰ 12:30 ਵਜੇ
**ਕੰਮ ਦਾ ਨਾਮ :** ਵੰਦੇ ਭਾਰਤ ਗੱਡੀ ਨੰ. 22488/87 ਦੇ ਡੱਬਿਆਂ ਦੀਆਂ ਸੀਟਾਂ ਦੇ ਫੂਡ ਟ੍ਰੇ ਅਤੇ ਹੇਡਰੇਸਟ ਉਤੇ ਪੈਚ ਦੇ ਮਾਧਿਅਮ ਨਾਲ ਵਿਗਿਆਪਨ ਅਧਿਕਾਰਾਂ ਦਾ ਅਲਾਟਮੈਂਟ।

**ਨੀਲਾਮੀ ਸੂਚੀ ਨੰ.** EAFZR-MIS25-11
**ਨੀਲਾਮੀ ਸ਼ੁਰੂ ਹੋਣ ਦਾ ਸਮਾਂ ਅਤੇ ਮਿਤੀ** 12 / 07 / 2025 ਨੂੰ 11:30 ਵਜੇ
**ਕੰਮ ਦਾ ਨਾਮ :** 1) ਰੇਲਵੇ ਸਟੇਸ਼ਨ ਫਿਰੋਜਪੁਰ ਕੈਂਟ ਉਤੇ ਪਲਾਸਟਿਕ ਬੋਤਲ ਕ੍ਰਸ਼ਿੰਗ ਮਸ਼ੀਨ ਦੀ ਸਥਾਪਨਾ, ਸੰਚਾਲਨ ਅਤੇ ਰਖਰਖਾਅ ਅਤੇ ਉਸ ਤੇ ਵਾਣਿਜਕ ਪ੍ਰਚਾਰ ਅਧਿਕਾਰਾਂ ਦੇ ਲਈ ਠੇਕੇ ਦਾ ਅਲਾਟਮੈਂਟ। 2) ਫਰੀਦਕੋਟ, ਫਿਲੌਰ, ਫਿਰੋਜਪੁਰ ਕੈਂਟ, ਅੰਮ੍ਰਿਤਸਰ ਅਤੇ ਫਗਵਾੜਾ ਰੇਲਵੇ ਸਟੇਸ਼ਨਾਂ ਤੇ ਵਾਟਰ ਵੇਂਡਿੰਗ ਮਸ਼ੀਨਾਂ ਦਾ ਪ੍ਰਬੰਧ ਅਤੇ ਸੰਚਾਲਨ ਦੇ ਲਈ ਠੇਕੇ ਦਾ ਅਲਾਟਮੈਂਟ।

ਵਿਸਤ੍ਰਿਤ ਜਾਣਕਾਰੀ ਅਤੇ ਪੰਜੀਕਰਨ ਦੇ ਲਈ, ਕਿਰਪਾ ਰੇਲਵੇ ਦੀ ਵੈਬਸਾਈਟ www.ireps.gov.in 'ਤੇ ਜਾਓ। ਨੰਬਰ: MC/38015/Pub/E-Auction/FZR/22 ਮਿਤੀ: 27.06.2025 1946/2025

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

28 Jun Page-8.qxd 6/27/2025 10:38 PM Page 1



# ਸਕੇਟਿੰਗ ਰਾਹੀਂ ਪੰਜਾਬ ਤੋਂ ਸ੍ਰੀ ਹੇਮਕੁੰਟ ਸਾਹਿਬ ਦੀ ਯਾਤਰਾ

**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)** ਪੰਜਾਬ ਵਿੱਚ ਹੁਨਰ ਦੀ ਕੋਈ ਘਾਟ ਨਹੀਂ, ਜੇਕਰ ਨੌਜਵਾਨਾਂ ਨੂੰ ਪਲੇਟਫਾਰਮ ਮਿਲ ਜਾਵੇ ਤੇ ਬਹੁਤ ਚੰਗੀਆਂ ਪ੍ਰਾਪਤੀਆਂ ਹਾਸਲ ਕਰਦੇ ਹਨ, ਕਿਉਂਕਿ ਪੰਜਾਬ ਨੂੰ ਹੀਰਿਆਂ ਦੀ ਖਾਣ ਕਿਹਾ ਜਾਂਦੇ ਤਾਂ ਇਸ ਵਿੱਚ ਕੋਈ ਵੀ ਦੋ ਰਾਏ ਨਹੀਂ ਹੈ।ਗੱਲ ਉਸ ਨੌਜਵਾਨ ਦੀ ਜੋ ਸਕੇਟਿੰਗ ਰਾਹੀਂ ਸ੍ਰੀ ਹੇਮਕੁੰਟ ਸਾਹਿਬ ਵਿਖੇ ਨਤਮਸਤਕ ਹੋਣ ਉਪਰੰਤ ਸੁਲਤਾਨਪੁਰ ਲੋਧੀ ਵਾਪਸ ਪਰਤਿਆ ਹੈ।ਖਾਸ ਗੱਲ ਇਹ ਹੈ ਕਿ ਨੌਜਵਾਨ 750 ਕਿਲੋਮੀਟਰ ਸਕੇਟਿੰਗ ਕਰਦਿਆਂ ਹੋਇਆ ਗੁਰਦੁਆਰਾ ਸ੍ਰੀ ਬੇਰ ਸਾਹਿਬ ਤੋਂ 4 ਜੂਨ 2025 ਨੂੰ ਰਵਾਨਾ ਹੋਇਆ ਸੀ ਤੇ ਆਪਣੀ ਅਨੋਖੀ ਧਾਰਮਿਕ ਯਾਤਰਾ 17 ਦਿਨਾਂ ਦਾ ਸਫ਼ਰ ਤੈਅ ਕਰਨ ਮਗਰੋਂ ਹੇਮਕੁੰਟ ਸਾਹਿਬ ਪਹੁੰਚ ਕੇ ਮੁਕੰਮਲ ਕੀਤੀ।ਵਾਪਸੀ ਕਰਕੇ ਉਹ ਮੁੜ ਗੁਰਦੁਆਰਾ ਸ੍ਰੀ ਬੇਰ ਸਾਹਿਬ ਵਿਖੇ ਨਤਮਸਤਕ ਹੋਇਆ ਹੈ।ਇਸ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ. ਸਾਹਿਬ ਦੇ ਮੈਨੇਜਰ ਭਾਈ ਅਵਤਾਰ ਸਿੰਘ ਨੇ ਪੁਨੀਤ ਸਿੰਘ ਨੂੰ ਸਿਰੋਪਾਓ ਭੇਟ ਕਰਕੇ ਸਨਮਾਨਿਤ ਕੀਤਾ। ਇਸ ਨੌਜਵਾਨ ਵੱਲੋਂ ਪਹਿਲਾਂ ਵੀ ਕਈ ਧਾਰਮਿਕ ਯਾਤਰਾਵਾਂ ਇਸੇ ਤਰ੍ਹਾਂ ਕੀਤੀਆਂ ਜਾ ਚੁੱਕੀਆਂ ਹਨ।ਇਸ ਤੋਂ ਪਹਿਲਾਂ ਉਸ ਵੱਲੋਂ ਤਖਤ ਸ਼੍ਰੀ ਹਜ਼ੂਰ ਸਾਹਿਬ ਦੀ ਯਾਤਰਾ ਕਰਕੇ ਅੰਮ੍ਰਿਤ ਛਕਿਆ ਗਿਆ ਸੀ ਅਤੇ ਗੁਰੂ ਦੀ ਬਖਸ਼ਿਸ਼ ਪ੍ਰਾਪਤ ਕੀਤੀ ਗਈ ਹੈ।ਇਸ ਨੌਜਵਾਨ ਦਾ ਨਾਂਅ ਪੁਨੀਤ ਸਿੰਘ ਹੈ ਉਮਰ ਮਹਿਜ਼ 17 ਸਾਲ ਹੈ ਤੇ ਇਹ ਨੌਜਵਾਨ ਸੁਲਤਾਨਪੁਰ ਲੋਧੀ ਦੇ ਇੱਕ ਛੋਟੇ ਜਿਹੇ ਪਿੰਡ ਭੱਲ ਲਈ ਵਾਲਾ ਦਾ ਰਹਿਣ ਵਾਲਾ ਹੈ। ਇਸ ਛੋਟੀ ਜਿਹੀ ਉਮਰ ਵਿੱਚ ਇਹ ਪ੍ਰਾਪਤੀ ਲਈ ਉਸ ਨੇ



ਬੇਹੱਦ ਸੰਘਰਸ਼ ਕੀਤਾ ਹੈ। ਗੱਲਬਾਤ ਕਰਦਿਆਂ ਹੋਇਆਂ ਪੁਨੀਤ ਸਿੰਘ ਨੇ ਦੱਸਿਆ ਕਿ ਉਹ ਖ਼ੁਦ ਨੂੰ ਬੇਹਦ ਖੁਸ਼ਨਸੀਬ ਮਹਿਸੂਸ ਕਰ ਰਿਹਾ ਹੈ ਕਿ ਉਸ ਨੂੰ ਗੁਰੂ ਦੀ ਕਿਰਪਾ ਦੇ ਨਾਲ ਇਸ ਯਾਤਰਾ ਨੂੰ ਪੂਰਾ ਕੀਤਾ ਹੈ। ਕਿਉਂਕਿ ਗੁਰੂ ਦਾ ਓਟ ਆਸਰਾ ਲੈ ਕੇ ਹੀ ਉਸ ਨੇ ਆਪਣੀ ਯਾਤਰਾ ਨੂੰ ਪ੍ਰਾਰੰਭ ਕੀਤਾ ਸੀ। ਉਸਨੇ ਦੱਸਿਆ ਕਿ ਉਹ ਇਸ ਤੋਂ ਪਹਿਲਾਂ ਵੀ ਸ੍ਰੀ ਦਰਬਾਰ ਸਾਹਿਬ ਅਤੇ ਫਤਿਹਗੜ੍ਹ ਸਾਹਿਬ ਵਿਖੇ ਸਕੇਟਿੰਗ ਹੋਇਆ ਧਾਰਮਿਕ ਯਾਤਰਾਵਾਂ ਕਰ ਚੁੱਕਾ ਹੈ।ਹੁਣ ਉਸ ਦੇ ਮਨ ਵਿੱਚ ਸੀ ਕਿ ਕੁਝ ਵੱਡਾ ਕੀਤਾ ਜਾਵੇ ਤਾਂ ਇਹ ਉਸਨੇ ਸਕੇਟਿੰਗ ਕਰਦਿਆਂ ਹੋਇਆਂ ਸ੍ਰੀ ਹੇਮਕੁੰਟ ਸਾਹਿਬ ਜਾਣ ਦਾ ਫੈਸਲਾ ਲਿਆ।ਯਾਤਰਾ ਦੌਰਾਨ ਉਸ ਨੇ ਬਹੁਤ ਸਾਰੀਆਂ ਕਠਿਨਾਈਆਂ ਦਾ ਸਾਹਮਣਾ ਕੀਤਾ।ਉੱਚੀਆਂ ਪਹਾੜਾਂ ਅਤੇ ਖਰਾਬ ਰਸਤਿਆਂ ਦਾ ਵੀ ਟਾਕਰਾ ਕੀਤਾ।ਉਸ ਨੇ ਦੱਸਿਆ ਕਿ ਉਹ ਆਪਣੇ ਨਾਲ ਇੱਕ 20 ਕਿੱਲੋ ਦਾ ਬੈਗ ਵੀ ਰੱਖਦਾ ਸੀ ਜਿਸ ਵਿੱਚ ਉਹ ਆਪਣਾ ਖਾਣ-ਪੀਣ ਦਾ ਸਮਾਨ ਅਤੇ ਰਾਤ ਸਮੇਂ ਕੈਂਪਿੰਗ ਕਰਨ ਦਾ ਸਮਾਨ ਨਾਲ ਲਿਜਾਂਦਾ ਸੀ। ਪਰਿਵਾਰ ਬਾਰੇ ਜਾਣਕਾਰੀ ਦਿੰਦਿਆਂ ਹੋਇਆਂ ਉਸ ਨੇ ਦੱਸਿਆ ਕਿ ਉਸ ਦੀ ਮਾਤਾ ਇਸ ਦੁਨੀਆ ਵਿੱਚ ਨਹੀਂ ਹੈ ਉਸ ਦੇ ਦਾਦਾ ਦਾਦੀ ਨੇ ਉਸ ਨੂੰ ਪਾਲਿਆ ਹੈ ਅਤੇ ਉਸ ਦਾ ਪਰਿਵਾਰ ਆਰਥਿਕ ਮੰਦਹਾਲੀ ਦੇ ਨਾਲ ਜੂਝ ਰਿਹਾ ਹੈ।ਇਸ ਦੇ ਬਾਵਜੂਦ ਉਸ ਦਾ ਪਰਿਵਾਰ ਉਸ ਨੂੰ ਇਸ ਕਾਰਜ ਵਿੱਚ ਖੁਸ਼ ਉਤਸ਼ਾਹਿਤ ਕਰਦਾ ਹੈ। ਪੁਨੀਤ ਨੇ ਅੱਗੇ ਦੱਸਿਆ ਕਿ ਉਸ ਦਾ ਸੁਫਨਾ ਹੈ ਕਿ ਉਹ ਸਰਕਾਰੀ ਸਕੂਲਾਂ ਦੇ ਬੱਚਿਆਂ ਨੂੰ ਇਸ ਸਕੇਟਿੰਗ ਦੀ ਟ੍ਰੇਨਿੰਗ ਦੇਵੇ।ਉਸ ਨੇ ਦੱਸਿਆ ਕਿ ਉਹ ਫਿਲਹਾਲ ਇਲਾਕੇ ਦੇ ਇੱਕਾ-ਦੁੱਕਾ ਨਿੱਜੀ ਸਕੂਲਾਂ ਵਿੱਚ ਵਿਦਿਆਰਥੀਆਂ ਨੂੰ ਸਕੇਟਿੰਗ ਦੀ ਟ੍ਰੇਨਿੰਗ ਦੇ ਰਿਹਾ ਹੈ।ਹੁਣ ਲੋੜ ਹੈ ਸਮਾਜ ਸੇਵੀ ਸੰਸਥਾਵਾਂ ਅਤੇ ਪ੍ਰਸ਼ਾਸਨ ਨੂੰ ਕਿ ਉਹ ਇਸ ਲੋੜਵੰਦ ਅਤੇ ਨੌਜਵਾਨ ਦੀ ਬਾਂਹ ਫੜੇ ਅਤੇ ਇਸ ਨੂੰ ਹੋਰ ਉਤਸਾਹਿਤ ਕਰੇ।

# ਨਸ਼ਾ-ਛੁਡਾਊ ਤੇ ਮੁੜ ਵਸੇਬਾ ਕੇਂਦਰ 'ਚ ਮਨਾਇਆ ਅੰਤਰਰਾਸ਼ਟਰੀ ਨਸ਼ਾ ਰੋਕਥਾਮ ਦਿਵਸ

**ਹੁਸ਼ਿਆਰਪੁਰ (ਓ ਪੀ ਰਾਣਾ, ਬਲਵੀਰ ਸਿੰਘ ਸੈਣੀ)**— ਜ਼ਿਲ੍ਹਾ ਪ੍ਰਸ਼ਾਸਨ ਹੁਸ਼ਿਆਰਪੁਰ ਵੱਲੋਂ ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ ਦੇ ਦਿਸ਼ਾ-ਨਿਰਦੇਸ਼ਾਂ ਹੇਠ ਨਸ਼ਾ ਛੁਡਾਊ ਅਤੇ ਮੁੜ ਵਸੇਬਾ ਕੇਂਦਰ, ਹੁਸ਼ਿਆਰਪੁਰ ਵਿਖੇ ਅੰਤਰਰਾਸ਼ਟਰੀ ਨਸ਼ਾ ਦੁਰਵਰਤੋਂ ਅਤੇ ਗੈਰ-ਕਾਨੂੰਨੀ ਨਸ਼ਾ ਤਸਕਰੀ ਰੋਕਥਾਮ ਦਿਵਸ 'ਤੇ ਸਮਾਗਮ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਐਸ.ਡੀ.ਐਮ ਹੁਸ਼ਿਆਰਪੁਰ ਗੁਰਸਿਮਰਨਜੀਤ ਕੌਰ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਸੈਂਟਰ ਵਿਚ ਇਲਾਜ ਅਧੀਨ ਮਰੀਜ਼ਾਂ ਨੂੰ ਪ੍ਰੇਰਿਤ ਕਰਦਿਆਂ ਉਨ੍ਹਾਂ ਕਿਹਾ ਕਿ ਨਸ਼ਾ ਛੱਡਣਾ ਅਤੇ ਨਵੀਂ ਸ਼ੁਰੂਆਤ ਕਰਨਾ ਨਾ ਸਿਰਫ ਆਤਮ ਵਿਸ਼ਵਾਸ ਦਾ ਪ੍ਰਤੀਕ ਹੈ ਬਲਕਿ ਸਮਾਜ ਪ੍ਰਤੀ ਜ਼ਿੰਮੇਵਾਰੀ ਨਿਭਾਉਣ ਵੱਲ ਇਕ ਮਹੱਤਵਪੂਰਨ ਕਦਮ ਵੀ ਹੈ। ਐਸ.ਡੀ.ਐਮ ਨੇ ਨਸ਼ਾ ਪੀੜਤਾ ਨਾਲ ਮੁਲਾਕਾਤ ਕੀਤੀ, ਉਨ੍ਹਾਂ ਨੂੰ ਉਤਸ਼ਾਹਿਤ ਕੀਤਾ ਅਤੇ ਨਵੀਂ ਜ਼ਿੰਦਗੀ ਸ਼ੁਰੂ ਕਰਨ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਇਕ ਜ਼ਿੰਮੇਵਾਰ ਨਾਗਰਿਕ ਬਣ ਕੇ ਨਸ਼ੇ ਦੇ ਚੁੰਗਲ ਵਿਚੋਂ ਬਾਹਰ ਨਿਕਲਣਾ ਅਤੇ ਸਮਾਜ ਵਿਚ ਆਪਣੇ ਆਪ ਨੂੰ ਮੁੜ ਸਥਾਪਿਤ ਕਰਨਾ ਪੂਰੀ ਤਰ੍ਹਾਂ



ਸੰਭਵ ਹੈ। ਆਪਣੇ ਸੰਬੋਧਨ ਵਿਚ ਉਨ੍ਹਾਂ ਨੇ ਜੀਵਨ ਵਿਚ ਸੰਤੁਲਨ ਦੀ ਮਹੱਤਤਾ 'ਤੇ ਜ਼ੋਰ ਦਿੱਤਾ ਅਤੇ ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦੀ ਵਿਆਪਕਤਾ ਅਤੇ ਉਦੇਸ਼ ਨੂੰ ਉਜਾਗਰ ਕੀਤਾ। ਉਨ੍ਹਾਂ ਕਿਹਾ ਕਿ ਸਰਕਾਰ ਸੂਬੇ ਨੂੰ ਨਸ਼ਾ ਮੁਕਤ ਬਣਾਉਣ ਲਈ ਦ੍ਰਿੜਤਾ ਨਾਲ ਕੰਮ ਕਰ ਰਹੀ ਹੈ ਅਤੇ ਸਮਾਜ ਦੇ ਹਰੇਕ ਵਰਗ ਨੂੰ ਇਸ ਵਿਚ ਯੋਗਦਾਨ ਪਾਉਣਾ ਚਾਹੀਦਾ ਹੈ। ਪ੍ਰੋਗਰਾਮ ਦੌਰਾਨ ਬੈਡਮਿੰਟਨ, ਟੇਬਲ ਟੈਨਿਸ, ਪੇਂਟਿੰਗ ਮੇਕਿੰਗ ਅਤੇ ਮਿਊਜ਼ੀਕਲ ਚੇਅਰ ਵਰਗੇ ਮੁਕਾਬਲੇ ਕਰਵਾਏ ਗਏ, ਜਿਸ ਵਿਚ ਭਾਗ ਲੈਣ ਵਾਲੇ ਪੀੜਤਾਂ ਨੂੰ ਟ੍ਰਾਫੀਆਂ ਅਤੇ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਤੋਂ ਇਲਾਵਾ ਸਰਕਾਰੀ ਕਾਲਜ, ਹੁਸ਼ਿਆਰਪੁਰ ਦੇ ਵਿਦਿਆਰਥੀਆਂ ਵੱਲੋਂ ਅਧਿਆਪਕ ਅੰਕੁਰ ਸ਼ਰਮਾ ਦੀ ਅਗਵਾਈ ਹੇਠ 'ਨਸ਼ਿਆਂ ਵਿਰੁੱਧ ਜੰਗ' ਵਿਸ਼ੇ 'ਤੇ ਇਕ ਜਾਗਰੂਕਤਾ ਨੁੱਕੜ ਨਾਟਕ ਪੇਸ਼ ਕੀਤਾ ਗਿਆ, ਜਿਸ ਦੀ ਹਾਜ਼ਰ ਸਾਰਿਆਂ ਨੇ ਬੇਹੱਦ ਸ਼ਲਾਘਾ ਕੀਤੀ। ਸਿਹਤ ਵਿਭਾਗ ਵੱਲੋਂ ਇਕ ਵਿਸ਼ੇਸ਼ ਨਸ਼ਾ ਵਿਰੋਧੀ ਰੈਲੀ ਵੀ ਕੱਢੀ ਗਈ, ਜਿਸ ਵਿਚ ਨੌਜਵਾਨਾਂ ਅਤੇ ਆਮ ਲੋਕਾਂ ਨੇ ਵੱਡੀ ਗਿਣਤੀ ਵਿਚ ਹਿੱਸਾ ਲਿਆ। ਇਸ ਮੌਕੇ ਮੁੱਖ ਮਹਿਮਾਨ ਨੇ ਨਸ਼ਾ ਛੁਡਾਊ ਅਤੇ ਮੁੜ ਵਸੇਬਾ ਕੇਂਦਰ ਦੇ ਦਸ ਸਾਲ ਪੂਰੇ ਹੋਣ 'ਤੇ ਕੇਕ ਕੱਟ ਕੇ ਇਸ ਪ੍ਰਾਪਤੀ ਦਾ ਜਸ਼ਨ ਮਨਾਇਆ।ਸਮਾਰੋਹ ਵਿਚ ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ ਮਨਪ੍ਰੀਤ ਸਿੰਘ ਨੇ ਮੁੱਖ ਮਹਿਮਾਨ ਐਸ.ਡੀ.ਐਮ ਹੁਸ਼ਿਆਰਪੁਰ ਗੁਰਸਿਮਰਨਜੀਤ ਕੌਰ, ਸਿਵਲ ਸਰਜਨ ਡਾ. ਪਵਨ ਕੁਮਾਰ, ਡਿਪਟੀ ਮੈਡੀਕਲ ਕਮਿਸ਼ਨਰ ਡਾ. ਹਰਬੰਸ ਕੌਰ, ਡਾ. ਮਹਿਮਾ ਮਿਨਹਾਸ ਅਤੇ ਪ੍ਰੋਗਰਾਮ ਵਿਚ ਸ਼ਾਮਲ ਸਾਰੇ ਸਟਾਫ ਦਾ ਧੰਨਵਾਦ ਕੀਤਾ। ਪ੍ਰੋਗਰਾਮ ਦੇ ਅੰਤ ਵਿਚ, ਮੌਜੂਦ ਸਾਰੇ ਲੋਕਾਂ ਨੇ ਨਸ਼ਾ ਮੁਕਤ ਸਮਾਜ ਦੀ ਉਸਾਰੀ ਲਈ ਸਹੁੰ ਵੀ ਚੁੱਕੀ। ਇਸ ਮੌਕੇ ਸਹਾਇਕ ਲੋਕ ਸੰਪਰਕ ਅਫ਼ਸਰ ਲੋਕੇਸ਼ ਕੁਮਾਰ, ਮੈਨੇਜਰ, ਡੀ.ਡੀ.ਆਰ.ਸੀ ਨਿਸ਼ਾ, ਕਾਊਂਸਲਰ ਪ੍ਰਸ਼ਾਂਤ ਆਦੀਆ, ਸੰਦੀਪ ਕੌਰ ਅਤੇ ਸੁਰਿੰਦਰ ਸਿੰਘ ਵੀ ਵਿਸ਼ੇਸ਼ ਤੌਰ 'ਤੇ ਮੌਜੂਦ ਸਨ।

# ਟੀਨੂੰ ਨੂੰ ਆਦਮਪੁਰ ਦੇ ਹਲਕਾ ਇੰਚਾਰਜ ਬਣਨ 'ਤੇ ਕੀਤੀ ਧੰਨਵਾਦ ਰੈਲੀ

ਆਦਮਪੁਰ (ਪਰਮਜੀਤ ਸਿੰਘ)- ਆਮ ਆਦਮੀ ਪਾਰਟੀ ਦੀ ਹਾਈਕਮਾਂਡ ਵੱਲੋਂ ਵਿਧਾਨ ਸਭਾ ਹਲਕਾ ਆਦਮਪੁਰ ਤੋਂ ਸਾਬਕਾ ਹਲਕਾ ਵਿਧਾਇਕ ਆਦਮਪੁਰ ਪਵਨ ਕੁਮਾਰ ਟੀਨੂੰ ਨੂੰ ਆਦਮਪੁਰ ਦਾ ਹਲਕਾ ਇੰਚਾਰਜ ਲਗਾਇਆ ਗਿਆ ਹੈ। ਅੱਜ ਜੰਡੂਸਿੰਘਾ ਦੇ ਇੱਕ ਸਥਾਨਕ ਹੋਟਲ ਵਿੱਚ ਪਵਨ ਕੁਮਾਰ ਟੀਨੂ ਅਤੇ ਉਹਨਾਂ ਦੇ ਸਮਰਥਕਾਂ ਵੱਲੋਂ ਹਾਈ ਕਮਾਂਡ ਲਈ ਇੱਕ ਧੰਨਵਾਦ ਰੈਲੀ ਕੀਤੀ ਗਈ ਜਿਸ ਵਿੱਚ ਇਲਾਕੇ ਦੇ ਹਜ਼ਾਰਾਂ ਲੋਕਾਂ ਨੇ ਹਿੱਸਾ ਲਿਆ। ਇਸ ਮੌਕੇ ਮਹਿੰਦਰ ਭਗਤ ਕੈਬਨਿਟ ਮੰਤਰੀ ਪੰਜਾਬ, ਇੰਦਰਜੀਤ ਕੌਰ ਮਾਨ ਐਮ ਐਲ ਏ ਹਲਕਾ ਨਕੋਦਰ, ਬਲਵੀਰ ਸਿੰਘ ਬਿੱਟੂ ਡਿਪਟੀ ਮੇਅਰ ਜ਼ਿਲ੍ਹਾ ਜਲੰਧਰ, ਰਾਜਵਿੰਦਰ ਕੌਰ ਥਿਆੜਾ ਅਤੇ ਹਲਕਾ ਇੰਚਾਰਜ ਆਦਮਪੁਰ ਪਵਨ ਕੁਮਾਰ ਟੀਨੂ ਨੇ ਆਏ ਹੋਏ ਲੋਕਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਲੋਕਾਂ ਦੀ ਆਪਣੀ ਸਰਕਾਰ ਹੈ ਅਤੇ ਲੋਕਾਂ ਨੂੰ ਵੀ ਚਾਹੀਦਾ ਹੈ ਕਿ ਸਰਕਾਰ ਦਾ ਸਾਥ ਦੇਣ। ਪੰਜਾਬ ਦੀ ਮਾਨ ਸਰਕਾਰ ਰਿਸ਼ਵਤ ਖੋਰੀ ਅਤੇ ਨਸ਼ੇ ਦੇ ਵਿਰੁੱਧ ਬੜੇ ਵੱਡੇ ਪੱਧਰ 'ਤੇ ਕੰਮ ਕਰ ਰਹੀ ਹੈ। ਇਸ ਕਰਕੇ ਲੋਕਾਂ ਨੂੰ ਵੀ ਚਾਹੀਦਾ ਹੈ ਉਹ ਅੱਗੇ ਆਉਣ ਅਤੇ ਇਸ ਕੰਮ ਵਿੱਚ ਸਰਕਾਰ ਦਾ ਸਾਥ ਦੇਣ ਤਾਂ ਜੋ ਆਪਾਂ ਸਾਰੇ ਰਲ ਮਿਲ ਕੇ ਪੰਜਾਬ ਨੂੰ ਖੁਸ਼ਹਾਲ ਸੂਬਾ ਬਣਾ ਸਕੀਏ। ਇਸ ਮੌਕੇ ਪਰਮਜੀਤ ਸਿੰਘ ਰਾਜਵੰਸ ਚੇਅਰਮੈਨ ਮਾਰਕੀਟ ਕਮੇਟੀ ਆਦਮਪੁਰ, ਦਲਜੀਤ ਸਿੰਘ ਮਿਨਹਾਸ ਕੋਆਰਡੀਨੇਟਰ ਨਸ਼ਾ ਮੁਕਤੀ ਮੋਰਚਾ, ਡਾਕਟਰ ਬਲਜੀਤ ਸਿੰਘ ਨਿੱਝਰ, ਸਤਵੰਤ ਵਿਰਕ, ਸੁਖਬੀਰ ਸਿੰਘ ਲੰਬੜਦਾਰ ਚਰਨਜੀਤ ਸੇਗੀ, ਜਸਪਾਲ ਸਿੰਘ ਚੋਮੋ, ਕੁਲਦੀਪ ਸਿੰਘ ਜਲਪੋਤ, ਕ੍ਰਿਸ਼ਨਾ ਗਰੇਵਾਲ ਕੌਂਸਲਰ, ਬਿੰਦਾ ਗਰੇਵਾਲ, ਅਮਰੀਕ ਸਿੰਘ ਸਿਟੀ



ਕੌਂਸਲਰ, ਸੁਰਿੰਦਰ, ਵਿਕਰਮ ਬੱਧਣ ਕੌਂਸਲਰ, ਨਿਰਮਲ ਕੌਲ ਸਰਪੰਚ ਹਰੀਪੁਰ, ਪਰਮਜੀਤ ਸਿੰਘ ਰਾਏਪੁਰ ਮੈਂਬਰ ਐਸ.ਜੀ.ਪੀ.ਸੀ, ਗੁਰਪ੍ਰੀਤ ਕੌਰ ਪ੍ਰਧਾਨ ਮਹਿਲਾ ਮੋਰਚਾ, ਨਿਤਨ ਕੋਹਲੀ ਹਲਕਾ ਇੰਚਾਰਜ, ਚਰਨਜੀਤ ਸਿੰਘ ਚੰਨੀ, ਚੰਦਨ ਗਰੇਵਾਲ, ਸਰਪੰਚ ਲਖਬੀਰ ਸਿੰਘ, ਜਗਜੀਤ ਜੱਗੀ, ਪ੍ਰਭਦਿਆਲ ਰਾਮਪੁਰ, ਇੰਦਰਜੀਤ ਸਿੰਘ ਸੱਤੋਵਾਲੀ, ਜਸਦਿਆਲ ਭੋਗਪੁਰ, ਸੋਮਨਾਥ ਦੜੌਚ ਟਕਸਾਲੀ ਆਗੂ ਆਮ ਆਦਮੀ ਪਾਰਟੀ ਆਦਮਪੁਰ, ਬਲਜੀਤ ਸਿੰਘ ਲੰਬੜਦਾਰ ਪਧਿਆਣਾ, ਸਰਬਜੀਤ ਸਿੰਘ ਸਾਬੀ ਪਧਿਆਣਾ, ਪਵਿੱਤਰ ਸਿੰਘ, ਸਤਵਿੰਦਰ ਅਰੋੜਾ ਪ੍ਰਧਾਨ ਵਪਾਰ ਮੰਡਲ ਆਦਮਪੁਰ, ਹਰਪ੍ਰੀਤ ਸੰਧੂ ਜੇ.ਸੀ ਮੈਂਬਰ, ਪ੍ਰਭਜੋਤ ਸਿੰਘ ਜੋਤੀ ਅਲਾਵਲਪੁਰ, ਮਨਜੀਤ ਸਿੰਘ ਸਰਪੰਚ, ਤਰਸੇਮ ਸਿੰਘ ਕੋਟਲੀ, ਰੋਕੀ ਸਰਪੰਚ, ਕੁਲਵੰਤ ਸਿੰਘ ਦੂਹੜੇ, ਸੰਜੀਵ ਗਾਂਧੀ, ਸੋਨੂ ਭਾਟੀਆ, ਬਲਵੀਰ ਰਾਮਨਗਰ, ਬਲਵਿੰਦਰ ਬੁਗਾ ਅਤੇ ਹੋਰ ਕਈ ਉਨ੍ਹਾਂ ਦੇ ਸਮਰਥਕਾਂ ਵੱਲੋਂ ਪਵਨ ਕੁਮਾਰ ਟੀਨੂ ਨੂੰ ਹਲਕਾ ਇੰਚਾਰਜ ਲੱਗਣ 'ਤੇ ਵਧਾਈ ਦਿੱਤੀ ਗਈ।

# 345 ਰਜਿਸਟਰਡ ਗੈਰ-ਮਾਨਤਾ ਪ੍ਰਾਪਤ ਸਿਆਸੀ ਪਾਰਟੀਆਂ ਨੂੰ ਸੂਚੀ 'ਚੋਂ ਹਟਾਉਣ ਦੀ ਕਾਰਵਾਈ ਸ਼ੁਰੂ

**ਚੰਡੀਗੜ੍ਹ (ਗੁਰਜੀਤ ਬਿੱਲਾ)**— ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਦੀ ਪ੍ਰਧਾਨਗੀ ਹੇਠ ਭਾਰਤੀ ਚੋਣ ਕਮਿਸ਼ਨ ਨੇ ਚੋਣ ਕਮਿਸ਼ਨਰ ਡਾ. ਸੁਖਬੀਰ ਸਿੰਘ ਸੰਧੂ ਅਤੇ ਡਾ. ਵਿਵੇਕ ਜੋਸ਼ੀ ਦੇ ਨਾਲ ਮਿਲ ਕੇ 345 ਰਜਿਸਟਰਡ ਗੈਰ-ਮਾਨਤਾ ਪ੍ਰਾਪਤ ਸਿਆਸੀ ਪਾਰਟੀਆਂ ਨੂੰ ਸੂਚੀ ਵਿੱਚੋਂ ਹਟਾਉਣ ਸਬੰਧੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ ਜੋ 2019 ਤੋਂ ਪਿਛਲੇ ਛੇ ਸਾਲਾਂ ਵਿੱਚ ਇੱਕ ਵੀ ਚੋਣ ਲੜਨ ਦੀ ਲੋੜੀਂਦੀ ਸ਼ਰਤ ਨੂੰ ਪੂਰਾ ਕਰਨ ਵਿੱਚ ਅਸਫਲ ਰਹੀਆਂ ਹਨ ਅਤੇ ਜਿਨ੍ਹਾਂ ਦੇ ਦਫ਼ਤਰਾਂ ਦਾ ਭੌਤਿਕ ਤੌਰ 'ਤੇ ਪਤਾ ਨਹੀਂ ਲਗਾਇਆ ਜਾ ਸਕਿਆ। ਇਹ 345 ਰਜਿਸਟਰਡ ਗੈਰ-ਮਾਨਤਾ ਪ੍ਰਾਪਤ ਸਿਆਸੀ ਪਾਰਟੀਆਂ ਦੇਸ਼ ਭਰ ਦੇ ਵੱਖ-ਵੱਖ ਸੂਬਿਆਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਨਾਲ ਸਬੰਧਤ ਹਨ।ਕਮਿਸ਼ਨ ਦੇ ਧਿਆਨ ਵਿੱਚ ਇਹ ਆਇਆ ਹੈ ਕਿ ਮੌਜੂਦਾ ਸਮੇਂ ਭਾਰਤੀ ਚੋਣ ਕਮਿਸ਼ਨ ਕੋਲ ਰਜਿਸਟਰਡ 2,800 ਤੋਂ ਵੱਧ ਰਜਿਸਟਰਡ ਗੈਰ-ਮਾਨਤਾ ਪ੍ਰਾਪਤ ਸਿਆਸੀ ਪਾਰਟੀਆਂ ਵਿੱਚੋਂ ਕਾਫੀ ਪਾਰਟੀਆਂ ਲੋੜੀਂਦੀਆਂ ਸ਼ਰਤਾਂ ਨੂੰ ਪੂਰਾ ਕਰਨ ਵਿੱਚ ਅਸਫਲ ਰਹੀਆਂ ਹਨ। ਇਸ ਲਈ ਭਾਰਤੀ ਚੋਣ ਕਮਿਸ਼ਨ ਵੱਲੋਂ ਅਜਿਹੀਆਂ ਪਾਰਟੀਆਂ ਦੀ ਪਛਾਣ ਕਰਨ ਲਈ ਇੱਕ ਦੇਸ਼ ਵਿਆਪੀ ਅਭਿਆਸ ਚਲਾਇਆ ਗਿਆ ਸੀ ਅਤੇ ਹੁਣ ਤੱਕ 345 ਅਜਿਹੀਆਂ ਰਜਿਸਟਰਡ ਗੈਰ-ਮਾਨਤਾ ਪ੍ਰਾਪਤ ਸਿਆਸੀ ਪਾਰਟੀਆਂ ਦੀ ਪਛਾਣ ਕੀਤੀ ਜਾ ਚੁੱਕੀ ਹੈ।ਇਹ ਯਕੀਨੀ ਬਣਾਉਣ ਲਈ ਕਿ ਕਿਸੇ ਵੀ ਪਾਰਟੀ ਨੂੰ ਬੇਲੋੜੇ ਤੌਰ 'ਤੇ ਸੂਚੀ ਵਿੱਚੋਂ ਨਾ ਹਟਾਇਆ ਜਾਵੇ, ਇਸ ਲਈ ਸਬੰਧਤ ਸੂਬਿਆਂ/ਕੇਂਦਰ ਸ਼ਾਸਿਤ ਪ੍ਰਦੇਸ਼ਾਂ ਦੇ ਮੁੱਖ ਚੋਣ ਅਧਿਕਾਰੀਆਂ ਨੂੰ ਅਜਿਹੀਆਂ ਰਜਿਸਟਰਡ ਗੈਰ-ਮਾਨਤਾ ਪ੍ਰਾਪਤ ਸਿਆਸੀ ਪਾਰਟੀਆਂ ਨੂੰ ਕਾਰਨ ਦੱਸੋ ਨੋਟਿਸ ਜਾਰੀ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ। ਇਸ ਉਪਰੰਤ ਇਨ੍ਹਾਂ ਪਾਰਟੀਆਂ ਨੂੰ ਸਬੰਧਤ ਮੁੱਖ ਚੋਣ ਅਧਿਕਾਰੀਆਂ ਵੱਲੋਂ ਸੁਣਵਾਈ ਰਾਹੀਂ ਮੌਕਾ ਦਿੱਤਾ ਜਾਵੇਗਾ। ਕਿਸੇ ਵੀ ਰਜਿਸਟਰਡ ਗੈਰ-ਮਾਨਤਾ ਪ੍ਰਾਪਤ ਸਿਆਸੀ ਪਾਰਟੀ ਨੂੰ ਸੂਚੀ ਵਿੱਚੋਂ ਹਟਾਉਣ ਬਾਰੇ ਅੰਤਿਮ ਫੈਸਲਾ ਭਾਰਤੀ ਚੋਣ ਕਮਿਸ਼ਨ ਵੱਲੋਂ ਲਿਆ ਜਾਵੇਗਾ। ਦੇਸ਼ ਵਿੱਚ ਸਿਆਸੀ ਪਾਰਟੀਆਂ (ਰਾਸ਼ਟਰੀ/ਸੂਬਾਈ/ ਰਜਿਸਟਰਡ ਗੈਰ-ਮਾਨਤਾ ਪ੍ਰਾਪਤ ਸਿਆਸੀ ਪਾਰਟੀ) ਲੋਕ ਪ੍ਰਤੀਨਿਧਤਾ ਐਕਟ 1951 ਦੀ ਧਾਰਾ 29ਏ ਦੇ ਉਪਬੰਧਾਂ ਤਹਿਤ ਭਾਰਤੀ ਚੋਣ ਕਮਿਸ਼ਨ ਕੋਲ ਰਜਿਸਟਰਡ ਹਨ। ਇਸ ਉਪਬੰਧ ਮੁਤਾਬਕ, ਕੋਈ ਵੀ ਐਸੋਸੀਏਸ਼ਨ ਜੋ ਇੱਕ ਵਾਰ ਸਿਆਸੀ ਪਾਰਟੀ ਵਜੋਂ ਰਜਿਸਟਰ ਹੋ ਜਾਂਦੀ ਹੈ, ਉਸ ਨੂੰ ਕਰ ਵਿੱਚ ਛੋਟ ਸਮੇਤ ਕੁਝ ਵਿਸ਼ੇਸ਼ ਅਧਿਕਾਰ ਅਤੇ ਲਾਭ ਪ੍ਰਾਪਤ ਹੁੰਦੇ ਹਨ। ਇਹ ਅਭਿਆਸ ਸਿਆਸੀ ਪ੍ਰਣਾਲੀ ਨੂੰ ਬਿਹਤਰ ਬਣਾਉਣ ਅਤੇ ਅਜਿਹੀਆਂ ਪਾਰਟੀਆਂ ਨੂੰ ਸੂਚੀ ਤੋਂ ਹਟਾਉਣ ਦੇ ਉਦੇਸ਼ ਨਾਲ ਕੀਤਾ ਗਿਆ ਹੈ ਜਿਨ੍ਹਾਂ ਨੇ 2019 ਤੋਂ ਬਾਅਦ ਲੋਕ ਸਭਾ ਜਾਂ ਸੂਬਾ/ਕੇਂਦਰ ਸ਼ਾਸਿਤ ਪ੍ਰਦੇਸ਼ਾਂ ਦੀਆਂ ਵਿਧਾਨ ਸਭਾਵਾਂ ਜਾਂ ਜ਼ਿਮਨੀ ਚੋਣਾਂ ਵਿੱਚ ਕੋਈ ਚੋਣ ਨਹੀਂ ਲੜੀ ਹੈ ਅਤੇ ਜਿਨ੍ਹਾਂ ਦੇ ਦਫ਼ਤਰਾਂ ਦਾ ਭੌਤਿਕ ਤੌਰ 'ਤੇ ਪਤਾ ਨਹੀਂ ਲਗਾਇਆ ਜਾ ਸਕਿਆ। ਇਸ ਅਭਿਆਸ ਦੇ ਪਹਿਲੇ ਪੜਾਅ ਵਿੱਚ 345 ਰਜਿਸਟਰਡ ਗੈਰ-ਮਾਨਤਾ ਪ੍ਰਾਪਤ ਸਿਆਸੀ ਪਾਰਟੀਆਂ ਦੀ ਪਛਾਣ ਕੀਤੀ ਗਈ ਹੈ ਅਤੇ ਸਿਆਸੀ ਪ੍ਰਣਾਲੀ ਨੂੰ ਬਿਹਤਰ ਬਣਾਉਣ ਦੇ ਉਦੇਸ਼ ਨਾਲ ਇਨ੍ਹਾਂ ਪਾਰਟੀਆਂ ਸੂਚੀ ਵਿੱਚੋਂ ਕੱਢਿਆ ਜਾਵੇਗਾ।

# ਸਾਈਂ ਅਮਿੰਏ ਸ਼ਾਹ ਅਬਲ ਕਾਦਰੀ ਦੀ ਯਾਦ 'ਚ ਸਾਲਾਨਾ ਜੋੜ ਮੇਲਾ ਕਰਵਾਇਆ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)** ਪਿੰਡ ਪੰਡੋਰੀ ਕੱਦ ਵਿਖੇ ਦਰਬਾਰ ਸਾਈਂ ਅਮਿੰਏ ਸ਼ਾਹ ਅਬਲ ਕਾਦਰੀ ਦੀ ਮਜ਼ਾਰ ਤੇ ਸਮੂਹ ਨਗਰ ਨਿਵਾਸੀ, ਗ੍ਰਾਮ



ਪੰਚਾਇਤ, ਪ੍ਰਵਾਸੀ ਭਾਰਤੀਆਂ ਅਤੇ ਇਲਾਕੇ ਦੇ ਸਹਿਯੋਗ ਨਾਲ ਬੱਧਣ ਪਰਵਾਰ ਵੱਲੋਂ ਸਾਈਂ ਅੰਮੀਏ ਸ਼ਾਹ ਅਬਲ ਕਾਦਰੀ, ਸਾਈ ਮੋਤੀ ਸ਼ਾਹ ਦੀ ਯਾਦ ਵਿੱਚ ਸਾਲਾਨਾ ਜੋੜ ਮੇਲਾ ਕਰਵਾਇਆ ਗਿਆ।ਇਸ ਮੌਕੇ ਡੇਰੇ ਦੇ ਮੁੱਖ ਸੇਵਾਦਾਰ ਜੰਗ ਬਹਾਦਰ ਜੰਗੀ ਸ਼ਾਹ, ਜਸਵਿੰਦਰ ਸਿੰਘ ਸਾਬਕਾ ਸਰਪੰਚ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਸਾਲਾਨਾ ਜੋੜ ਮੇਲੇ ਮੌਕੇ ਚਿਰਾਗ, ਚਾਦਰ ਅਤੇ ਝੰਡੇ ਦੀ ਰਸਮ ਸੰਗਤਾਂ ਵੱਲੋਂ ਅਦਾ ਕੀਤੀ ਗਈ।ਇਸ ਮੌਕੇ ਦੌਰਾਨ ਪੰਜਾਬ ਦੇ ਨਾਮਵਰ ਕਲਾਕਾਰ ਪੀਰਾ ਦੀ ਮਹਿਫ਼ਿਲ ਸਜਾਈ ਗਈ।ਇਸ ਮੌਕੇ ਇਲਾਕੇ ਭਰ ਤੋਂ ਵੱਡੀ ਗਿਣਤੀ ਵਿੱਚ ਫੱਕਰ ਫ਼ਕੀਰ ਪੁੱਜ ਕੇ ਹਾਜ਼ਰੀ ਭਰੀ।ਆਏ ਹੋਏ ਫੱਕਰ ਫ਼ਕੀਰਾ ਪ੍ਰਮੁੱਖ ਸਖਸ਼ੀਅਤਾਂ ਅਤੇ ਸਹਿਯੋਗੀਆਂ ਨੂੰ ਸਿਰਪਾਓ ਦੇ ਕੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਮੁੱਖ ਸੇਵਾਦਾਰ ਬਾਬਾ ਜੰਗ ਬਹਾਦਰ ਜੰਗੀ ਸ਼ਾਹ, ਜਸਵਿੰਦਰ ਸਿੰਘ ਸਾਬਕਾ ਸਰਪੰਚ, ਸਤਨਾਮ ਸਿੰਘ ਬੰਟੀ, ਗੁਰਨਾਮ ਸਿੰਘ, ਜੋਗਿੰਦਰ ਸਿੰਘ, ਇੰਦਰਜੀਤ ਸਿੰਘ, ਅਰੁਣ ਕੁਮਾਰ, ਕਮਲੇਸ਼, ਰਾਣੀ ਪੰਡੋਰੀ ਕੱਦ, ਸ਼ਰਨ, ਅਮਨ, ਪਵਨ, ਸਾਹਿਲ ਬੱਧਣ, ਵਿਸ਼ਾਲ, ਜੈਸਮੀਨ ਕੌਰ, ਰਮਨ ਤੋਂ ਇਲਾਵਾ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ।

# ਨੌਜਵਾਨਾਂ ਨੂੰ ਨਸ਼ਿਆਂ ਦੇ ਚੱਕਰਵਿਊ 'ਚੋਂ ਬਾਹਰ ਕੱਢਣ ਲਈ ਚਲਾਈ ਮੁਹਿੰਮ 'ਚ ਹਰ ਵਰਗ ਦਾ ਸਾਥ ਜ਼ਰੂਰੀ : ਡਾ. ਜੰਗਜੀਤ ਸਿੰਘ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਸਿਹਤ ਵਿਭਾਗ ਵੱਲੋਂ ਆਮ ਵਰਗ ਦੇ ਲੋਕਾਂ ਲਈ ਮਿਆਰੀ ਸਿਹਤ ਸਹੂਲਤਾਂ ਦੇਣ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ। ਡਾ. ਬਲਵਿੰਦਰ ਕੌਰ ਸਿਵਲ ਸਰਜਨ ਰੂਪਨਗਰ ਦੇ ਦਿਸ਼ਾ ਨਿਰਦੇਸ਼ਾ ਹੇਠ ਅਤੇ ਡਾ. ਜੰਗਜੀਤ ਸਿੰਘ ਸੀਨੀਅਰ ਮੈਡੀਕਲ ਅਫਸਰ ਕੀਰਤਪੁਰ ਸਾਹਿਬ ਦੀ ਅਗਵਾਈ ਹੇਠ ਪਿੰਡ ਦਸਗਰਾਈਂ ਵਿਖੇ ਨਸ਼ਿਆਂ ਵਿਰੁੱਧ ਇੱਕ ਵਿਸ਼ੇਸ਼ ਜਾਗਰੂਕਤਾ ਕੈਂਪ ਲਗਾਇਆ ਗਿਆ।



ਡਾ.ਜੰਗਜੀਤ ਸਿੰਘ ਨੇ ਕਿਹਾ ਕਿ ਨਸ਼ਾ ਵਿਰੋਧੀ ਦਿਵਸ 'ਤੇ ਸਾਨੂੰ ਸਾਰਿਆਂ ਨੂੰ ਇਹ ਪ੍ਰਣ ਕਰਨਾ ਚਾਹੀਦ ਹੈ ਕਿ ਅਸੀਂ ਨਸ਼ਾ ਮੁਕਤ ਸਮਾਜ ਸਿਰਜਣ ਵਿੱਚ ਸਰਕਾਰ ਤੇ ਪ੍ਰਸ਼ਾਸਨ ਦਾ ਪੂਰਾ ਸਾਥ ਦਈਏ ਅਤੇ ਨੌਜਵਾਨਾਂ ਨੂੰ ਨਸ਼ੇ ਦੇ ਇਸ ਚੱਕਰਵਿਊ ਵਿੱਚੋਂ ਬਾਹਰ ਕੱਢਣ ਲਈ ਹਰ ਸੰਭਵ ਕੋਸ਼ਿਸ਼ ਕਰੀਏ। ਇਸ ਮੌਕੇ ਹੈਲਥ ਇੰਸਪੈਕਟਰ ਬਲਵੰਤ ਰਾਏ ਨੇ ਦੱਸਿਆ ਕਿ ਪੰਜਾਬ ਸਰਕਾਰ ਦੀ 'ਯੁੱਧ ਨਸ਼ਿਆਂ ਵਿਰੁੱਧ ਮੁਹਿੰਮ' ਤਹਿਤ ਸਿਹਤ ਵਿਭਾਗ ਵਲੋਂ ਵੱਖ-ਵੱਖ ਪਿੰਡਾਂ ਵਿੱਚ ਕੈਂਪ ਲਗਾ ਕੇ ਲਗਾਤਾਰ ਲੋਕਾਂ ਨੂੰ ਜਾਣਕਾਰੀ ਦਿੱਤੀ ਜਾ ਰਹੀ ਹੈ ਅਤੇ ਇੱਕਜੁੱਟ ਹੋਣ ਲਈ ਜਾਗਰੂਕ ਕੀਤਾ ਜਾ ਰਿਹਾ ਹੈ। ਉਹਨਾਂ ਦੱਸਿਆ ਕਿ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਹਰ ਪਿੰਡ ਵਿੱਚ ਵਿਲੇਜ ਡਿਫੈਂਸ ਕਮੇਟੀਆਂ ਦੀਆਂ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ ਤਾਂ ਜੋ ਆਮ ਲੋਕਾਂ ਨੂੰ ਨਸ਼ਿਆਂ ਵਿਰੁੱਧ ਲਾਮਬੰਦ ਕੀਤਾ ਜਾ ਸਕੇ। ਉਹਨਾਂ ਦੱਸਿਆ ਕਿ ਇਹ ਕਮੇਟੀ ਮੈਂਬਰ ਆਪਣੇ-ਆਪਣੇ ਪਿੰਡ ਵਿੱਚ ਨਸ਼ਾ ਕਰਨ ਵਾਲ਼ੇ ਵਿਅਕਤੀਆਂ ਅਤੇ ਵੇਚਣ ਵਾਲ਼ੇ ਤਸਕਰਾਂ ਤੇ ਨਿਗ੍ਹਾ ਰੱਖਣਗੇ ਅਤੇ ਕੋਈ ਵੀ ਜਾਣਕਾਰੀ ਪ੍ਰਾਪਤ ਹੋਣ 'ਤੇ 97791-00200 ਨੰਬਰ 'ਤੇ ਸੂਚਨਾ ਦੇਣਗੇ। ਇਸ ਨੰਬਰ ਤੇ ਟੈਕਸਟ ਮੈਸੇਜ ਭੇਜਿਆ ਜਾ ਸਕੇਗਾ ਅਤੇ ਮੈਸੇਜ ਭੇਜਣ ਵਾਲ਼ੇ ਦੀ ਜਾਣਕਾਰੀ ਗੁਪਤ ਰੱਖੀ ਜਾਵੇਗੀ। ਇਸ ਮੌਕੇ ਹੈਲਥ ਇੰਸਪੈਕਟਰ ਬਲਵੰਤ ਰਾਏ ਨੇ ਦੱਸਿਆ ਕਿ ਜਿੱਥੇ ਕੀਰਤਪੁਰ ਸਾਹਿਬ, ਸ੍ਰੀ ਅਨੰਦਪੁਰ ਸਾਹਿਬ ਤੇ ਸਹਿਜੋਵਾਲ਼ ਵਿਖੇ ਸਰਕਾਰੀ ਹਸਪਤਾਲ਼ਾਂ ਵਿੱਚ ਓਟ ਸੈਂਟਰ ਖੋਲ੍ਹੇ ਗਏ ਹਨ ਜਿੱਥੇ ਅਜਿਹੇ ਮਰੀਜ਼ਾਂ ਦਾ ਦਾਖਲ ਕਰਕੇ ਮੁਫਤ ਇਲਾਜ਼ ਕੀਤਾ ਜਾਵੇਗਾ ਅਤੇ ਖਾਸ ਤੌਰ ਤੇ ਇਹਨਾਂ ਸੈਂਟਰਾਂ ਤੇ ਕਾਊਂਸਲਰ ਵੀ ਨਿਯੁਕਤ ਕੀਤੇ ਗਏ ਹਨ ਤਾਂ ਜੋ ਮਰੀਜ਼ਾਂ ਦੀ ਕਾਊਂਲਿੰਗ ਕਰਕੇ ਉਹਨਾਂ ਨੂੰ ਪੂਰਨ ਰੂਪ ਵਿੱਚ ਨਸ਼ਿਆਂ ਦੇ ਜਾਲ਼ ਵਿੱਚੋਂ ਬਾਹਰ ਕੱਢਿਆ ਜਾ ਸਕੇ। ਇਸ ਮੌਕੇ ਨਰੇਸ਼ ਕੁਮਾਰ, ਅਮਿਤ ਕੁਮਾਰ ਸ਼ਰਮਾ, ਸੁੱਚਾ ਸਿੰਘ, ਸੀ.ਐਚ.ਓ ਗਗਨਦੀਪ ਕੌਰ ਅਤੇ ਅੰਜਨਾ ਸਹੋਤਾ, ਏ. ਐਨ. ਐਮ ਕੁਲਵੰਤ ਕੌਰ ਤੇ ਪ੍ਰਕਾਸ਼ ਦੇਵੀ, ਰਮੇਸ਼ ਕੁਮਾਰ, ਗੁਰਜਿੰਦਰ ਸਿੰਘ, ਸਰਪੰਚ ਮਮਤਾ ਦੇਵੀ ਦਸਗਰਾਈਂ, ਪੰਚ ਸੁਰਿੰਦਰ ਸਿੰਘ ਆਦਿ ਹਾਜ਼ਰ ਸਨ।

# ਪਿੰਡਾਂ ਦਾ ਉਜਾੜਾ ਕਰਨ ਵਾਲੀ ਲੈਂਡ ਪੂਲਿੰਗ ਸਕੀਮ ਵਾਪਸ ਲਈ ਜਾਵੇ : ਜੋਧਾ, ਬਲਵਿੰਦਰ, ਰਾਣਾ

ਨਵਾਂਸ਼ਹਿਰ, ਬਲਾਚੌਰ (ਕੁਲਵਿੰਦਰ ਸਿੰਘ ਦੁਰਗਾਪੁਰੀਆ, ਜਸਵਿੰਦਰ ਬੈਂਸ)- ਸਾਥੀ ਕਰਨ ਸਿੰਘ ਰਾਣਾ ਦੇ ਗ੍ਰਹਿ ਵਿਖੇ ਖੇਤ ਬਚਾਓ ਰੋਜ਼ਗਰ ਬਚਾਉ, ਪਿੰਡ ਬਚਾਓ ਸੰਘਰਸ਼ ਕਮੇਟੀ ਵਿਰੋਧੀ ਲੈਂਡ ਪੂਲਿੰਗ ਸਕੀਮ ਤੁਰੰਤ ਵਾਪਸ ਲੈਣ ਦੀ ਬੇਨਤੀ ਕੀਤੀ ਗਈ ਹੈ। ਕਿਉਂਕਿ ਪੰਜਾਬ ਸਰਕਾਰ ਨੇ ਲੈਂਡ ਪੂਲਿੰਗ ਸਕੀਮ ਲਾਗੂ ਕਰਨ ਤੋਂ ਪਹਿਲਾਂ ਕਿਸਾਨਾਂ ਮਜ਼ਦੂਰਾਂ ਦਿੱਤੀ ਗਈ। ਇਹ ਵੀ ਦੱਸਿਆ ਗਿਆ ਕਿ ਪੰਜਾਬ ਵਿੱਚ ਪਹਿਲਾਂ ਹੀ ਬਹੁਤ ਵੱਡੇ ਪੱਧਰ 'ਤੇ ਸ਼ਹਿਰੀਕਰਨ ਕੀਤਾ ਜਾ ਚੁੱਕਾ ਹੈ। ਉਨ੍ਹਾਂ ਹੋਰ ਦੱਸਿਆ ਕਿ ਲੈਂਡ ਪੂਲਿੰਗ ਸਕੀਮ ਲਾਗੂ 'ਤੇ ਪੰਜਾਬ ਸਰਕਾਰ ਲੈ ਕੇ ਆਈ ਹੈ। ਇਸ ਸਕੀਮ ਵਿਰੁੱਧ ਪੰਜਾਬ ਦੇ ਸਾਰੇ ਪ੍ਰਭਾਵਿਤ ਪਿੰਡਾਂ ਵਿੱਚ ਰੋਸ ਪਾਇਆ ਜਾ ਰਿਹਾ ਹੈ ਅਤੇ ਲੋਕ ਸੰਘਰਸ਼ਾਂ ਲਈ ਲਾਮਬੰਦੀ ਕਰ ਰਹੇ ਹਨ। ਉਹਨਾਂ ਜਾਣਕਾਰੀ ਦਿੱਤੀ ਕਿ ਅੱਜ ਜਲੰਧਰ ਜ਼ਿਲ੍ਹੇ ਦੇ ਪਿੰਡਾਂ ਵਿੱਚ ਲੋਕ ਸੰਘਰਸਾਂ ਦੀ ਤਿਆਰੀ ਲਈ ਇੱਕ ਵੱਡੀ ਮੀਟਿੰਗ ਕੀਤੀ ਜਾ ਰਹੀ ਹੈ। ਇਸੇ ਤਰ੍ਹਾਂ ਪੰਜਾਬ ਦੇ ਸਾਰੇ ਪ੍ਰਭਾਵਿਤ ਪਿੰਡਾਂ ਵਿੱਚ ਵੱਡੇ ਸੰਘਰਸ਼ ਦੀ ਤਿਆਰੀ ਲਈ ਲੋਕ ਮੀਟਿੰਗਾਂ ਦਾ ਸਿਲਸਿਲਾ ਚੱਲ ਰਿਹਾ ਹੈ। ਆਗੂਆਂ ਨੇ ਪੰਜਾਬ ਸਰਕਾਰ ਨੂੰ ਇਸ ਲੋਕ ਵਿਰੋਧੀ ਲੈਂਡ ਪੂਲਿੰਗ ਸਕੀਮ ਨੂੰ ਤੁਰੰਤ ਵਾਪਸ ਲੈਣ ਦੀ ਮੰਗ ਕੀਤੀ। ਇਸ ਮੌਕੇ



ਪੰਜਾਬ ਦੇ ਆਗੂਆਂ ਦੀ ਇੱਕ ਹੰਗਾਮੀ ਮੀਟਿੰਗ ਸਾਥੀ ਤਰਸੇਮ ਸਿੰਘ ਜੋਧਾ ਸਾਬਕਾ ਵਿਧਾਇਕ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਨੇ 26 ਜੂਨ ਨੂੰ ਪੰਜਾਬ ਸਰਕਾਰ ਦੇ ਖੇਤੀਬਾੜੀ ਮੰਤਰੀ ਖੁੱਡੀਆਂ ਨਾਲ ਚੱਲੀ ਲੰਬੀ ਮੀਟਿੰਗ 'ਤੇ ਵਿਚਾਰ ਚਰਚਾ ਕੀਤੀ। ਮੀਟਿੰਗ ਤੋਂ ਬਾਅਦ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਸਾਥੀ ਤਰਸੇਮ ਸਿੰਘ ਯੋਧਾ, ਬਲਵਿੰਦਰ ਸਿੰਘ ਅਤੇ ਕਰਨ ਸਿੰਘ ਰਾਣਾ ਨੇ ਜਾਣਕਾਰੀ ਦਿੱਤੀ ਕਿ ਸਰਕਾਰ ਨੂੰ ਲੋਕ ਦੁਕਾਨਦਾਰਾਂ ਅਤੇ ਹੋਰ ਲੋਕਾਂ ਨਾਲ ਕੋਈ ਸਲਾਹ ਮਸ਼ਵਰਾ ਨਹੀਂ ਕੀਤਾ ਜਦਕਿ ਇਸ ਸਕੀਮ ਦੇ ਲਾਗੂ ਹੋਣ ਨਾਲ ਸੈਂਕੜੇ ਪਿੰਡਾਂ ਦੇ ਲੋਕਾਂ ਨੂੰ ਉਜਾੜੇ ਦਾ ਸਾਹਮਣਾ ਕਰਨਾ ਪਵੇਗਾ। ਇਸੇ ਤਰ੍ਹਾਂ ਪੰਜਾਬ ਸਰਕਾਰ ਨੇ ਕੋਈ ਮਾਹਰਾਂ ਦੀ ਕਮੇਟੀ ਬਣਾ ਕੇ ਰਾਏ ਵੀ ਹਾਸਲ ਨਹੀਂ ਕੀਤੀ। ਆਗੂਆਂ ਨੇ ਦੱਸਿਆ ਕਿ ਸਰਕਾਰ ਨੂੰ ਇਸ ਲੈਂਡ ਪੂਲਿੰਗ ਸਕੀਮ ਦੇ ਆਰਥਿਕ, ਸਮਾਜਿਕ, ਰਾਜਨੀਤਕ ਅਤੇ ਮਾਨਸਿਕ ਮਾੜੇ ਪ੍ਰਭਾਵ ਬਾਰੇ ਜਾਣਕਾਰੀ ਹੋਣ ਨਾਲ ਪੂਰੇ ਰਾਜ ਦੀ ਡੈਮੋਗਰਾਫੀ ਬਦਲ ਜਾਵੇਗੀ ਅਤੇ ਲੋਕਾਂ ਦੇ ਸੱਭਿਆਚਾਰ ਅਤੇ ਰੁਜ਼ਗਾਰ ਨੂੰ ਗੰਭੀਰ ਸੱਟ ਵੱਜੇਗੀ। ਆਗੂਆਂ ਨੇ ਦੱਸਿਆ ਕਿ ਮੰਤਰੀ ਜਥੇਬੰਦੀ ਦੇ ਵਿਚਾਰਾਂ ਨਾਲ ਕਾਫੀ ਹੱਦ ਤੱਕ ਸਹਿਮਤ ਹੋਏ ਹਨ। ਮੰਤਰੀ ਨੇ ਭਰੋਸਾ ਦਿੱਤਾ ਕਿ ਮੁੱਖ ਮੰਤਰੀ ਪੰਜਾਬ ਨਾਲ ਸਲਾਹ ਮਸ਼ਵਰਾ ਕਰਨ ਤੋਂ ਬਾਅਦ ਕੁਝ ਦਿਨਾਂ ਬਾਅਦ ਅਗਲੀ ਮੀਟਿੰਗ ਸੱਦੀ ਜਾਵੇਗੀ। ਆਗੂਆਂ ਨੇ ਦੱਸਿਆ ਕਿ ਲੈਂਡ ਪੂਲਿੰਗ ਸਕੀਮ ਕਾਰਪਰੇਟਾਂ ਦੇ ਨਿਰਦੇਸ਼ਾਂ ਪ੍ਰਿੰਸੀਪਲ ਅਮਰਜੀਤ ਸਿੰਘ ਮਨਸੂਰਾ ਜਗਦੇਵ ਸਿੰਘ ਸਾਬਕਾ ਸਰਪੰਚ ਜੋਧਾ , ਹਰਿਦੇਵ ਸਿੰਘ ਰਾਣਾ ਸਾਬਕਾ ਸਰਪੰਚ ਮੋਹਰ, ਸੁਖਦੇਵ ਸਿੰਘ ਸਾਬਕਾ ਸਰਪੰਚ ਟੌਂਸਾ, ਮਜ਼ਦੂਰ ਆਗੂ ਮਨੋਹਰ ਲਾਲ, ਕਿਸਾਨ ਆਗੂ ਚੰਨਣ ਸਿੰਘ ਮੜਿਆਣੀ, ਦੀਦਾਰ ਸਿੰਘ ਜਗਰਾਉਂ, ਗੁਰਵਿੰਦਰ ਸਿੰਘ ਪੋਨਾ, ਹਰਦੀਪ ਸਿੰਘ ਅਲੀਗੜ੍ਹ, ਹਰਪ੍ਰੀਤ ਸਿੰਘ ਰਾਜਾ, ਦਲਬੀਰ ਸਿੰਘ ਜੋਧਾ ਅਤੇ ਹੋਰ ਪੰਜਾਬ ਦੇ ਅਨੇਕਾਂ ਆਗੂ ਹਾਜ਼ਰ ਸਨ।

# ਬਲੱਡ ਬੈਂਕ ਨੇ 'ਗੂੰਜ' ਸੰਸਥਾ ਦੇ ਜਲੰਧਰ ਦਫ਼ਤਰ ਭੇਜੀ ਕੱਪੜਿਆਂ ਦੀ ਭਰੀ ਪਿਕਅੱਪ ਵੈਨ

**ਫਗਵਾੜਾ (ਡਾ. ਰਮਨ)** ਉਦਯੋਗਪਤੀ ਅਤੇ ਸਮਾਜ ਸੇਵਕ ਕੇ.ਕੇ. ਸਰਦਾਨਾ ਦੀ ਸਰਪ੍ਰਸਤੀ ਹੇਠ ਚਲ ਬਲੱਡ ਬੈਂਕ ਗੁਰੂ ਹਰਗੋਬਿੰਦ ਨਗਰ ਫਗਵਾੜਾ ਵਲੋਂ ਵੱਖ-ਵੱਖ ਸਮਾਜ ਭਲਾਈ ਸੰਸਥਾਵਾਂ ਅਤੇ ਦਾਨੀ ਸੱਜਣਾਂ ਦੀ ਮਦਦ ਨਾਲ ਵਸਤਰ ਸਨਮਾਨ ਅਭਿਆਨ ਤਹਿਤ ਇਕੱਠੇ ਕੀਤੇ ਗਏ ਪੁਰਾਣੇ ਕੱਪੜਿਆਂ ਦੀ ਇੱਕ ਪਿਕ-ਅੱਪ ਵੈਨ ਨੂੰ ਸਮਾਜ ਭਲਾਈ ਸੰਸਥਾ ਗੂੰਜ ਦੇ ਜਲੰਧਰ ਸਥਿਤ ਸੰਗ੍ਰਹਿ ਕੇਂਦਰ ਲਈ ਰਵਾਨਾ ਕੀਤਾ।ਇਸ ਦੌਰਾਨ ਏ ਡੀ ਸੀ ਕਮ ਕਾਰਪੋਰੇਸ਼ਨ ਕਮਿਸ਼ਨਰ ਡਾ. ਅਕਸ਼ਿਤਾ ਗੁਪਤਾ ਨੇ ਪਿਕ-ਅੱਪ ਵੈਨ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ।ਉਨ੍ਹਾਂ ਬਲੱਡ ਬੈਂਕ ਵੱਲੋਂ ਕੀਤੇ ਜਾ ਰਹੇ ਸਮਾਜ ਭਲਾਈ ਕਾਰਜਾਂ ਦੀ ਪ੍ਰਸ਼ੰਸਾ ਕੀਤੀ ਅਤੇ ਕਿਹਾ ਕਿ ਸਮੂਹ ਨਾਗਰਿਕਾਂ ਨੂੰ ਬਲੱਡ ਬੈਂਕ ਵੱਲੋਂ ਜਨਤਕ ਹਿੱਤ ਵਿੱਚ ਕੀਤੇ ਜਾ ਰਹੇ ਕੰਮਾਂ ਵਿੱਚ ਸਹਿਯੋਗ ਕਰਨਾ ਚਾਹੀਦਾ ਹੈ।ਬਲੱਡ ਬੈਂਕ ਦੇ ਪ੍ਰਧਾਨ ਮਲਕੀਅਤ ਸਿੰਘ ਰਘਬੋਤਰਾ ਨੇ ਸਹਿਯੋਗੀਆਂ ਦਾ ਧੰਨਵਾਦ ਕਰਦਿਆਂ ਦੱਸਿਆ ਕਿ ਜਦੋਂ ਵੀ ਢੁੱਕਵੀਂ ਮਾਤਰਾ ਵਿੱਚ ਪੁਰਾਣੇ ਕੱਪੜੇ ਇਕੱਠੇ ਕੀਤੇ ਜਾਂਦੇ ਹਨ ਤਾਂ ਉਨ੍ਹਾਂ ਨੂੰ ਮੈਗਸੇਸੇ ਪੁਰਸਕਾਰ ਜੇਤੂ ਗੂੰਜ ਸੰਸਥਾ ਦੇ ਜਲੰਧਰ ਦਫ਼ਤਰ ਵਿੱਚ ਭੇਜਿਆ ਜਾਂਦਾ ਹੈ।ਉਨ੍ਹਾਂ ਕਿਹਾ ਕਿ ਬਲੱਡ ਬੈਂਕ ਕਿਹਾ ਕਿ ਬਲੱਡ ਬੈਂਕ ਵਿੱਚ ਕੱਪੜੇ ਇਕੱਠੇ ਕੀਤੇ ਜਾਂਦੇ ਹਨ ਜਿਸ ਵਿੱਚ ਸਰਦੀਆਂ ਅਤੇ ਗਰਮੀਆਂ ਵਿੱਚ ਮੌਸਮ ਅਨੁਸਾਰ ਪਹਿਨਣ ਵਾਲੇ ਕੱਪੜੇ ਸ਼ਾਮਲ ਹੁੰਦੇ ਹਨ। ਉਨ੍ਹਾਂ



ਫਗਵਾੜਾ ਲਗਭਗ 19 ਸਾਲਾਂ ਤੋਂ ਗੂੰਜ ਸੰਸਥਾ ਨਾਲ ਜੁੜਿਆ ਹੋਇਆ ਹੈ।ਇਨ੍ਹਾਂ ਕੱਪੜਿਆਂ ਨੂੰ ਸੰਸਥਾ ਦੇ ਜਲੰਧਰ ਦਫ਼ਤਰ ਤੋਂ ਦਿੱਲੀ ਭੇਜਿਆ ਜਾਂਦਾ ਹੈ ਜਿੱਥੇ ਜ਼ਰੂਰੀ ਮੁਰੰਮਤ ਤੋਂ ਬਾਅਦ, ਇਨ੍ਹਾਂ ਕੱਪੜਿਆਂ ਨੂੰ ਧੋ ਕੇ ਅਤੇ ਇਸਤਰੀ ਕਰਕੇ ਬਿਲਕੁੱਲ ਨਵਾਂ ਰੂਪ ਦਿੱਤਾ ਜਾਂਦਾ ਹੈ ਅਤੇ ਦੇਸ਼ ਦੇ ਦੂਰ-ਦੁਰਾਡੇ ਅਤੇ ਪਹਾੜੀ ਇਲਾਕਿਆਂ ਵਿੱਚ ਲੋੜਵੰਦ ਲੋਕਾਂ ਨੂੰ ਮੁਫ਼ਤ ਵੰਡਿਆ ਜਾਂਦਾ ਹੈ। ਉਨ੍ਹਾਂ ਦੱਸਿਆ ਕਿ ਸ਼ਹਿਰ ਦੀਆਂ ਵੱਖ-ਵੱਖ ਸੰਸਥਾਵਾਂ ਅਤੇ ਦਾਨੀ ਸੱਜਣਾਂ ਤੋਂ ਇਲਾਵਾ ਇਸ ਵਾਰ ਕੀਮਤੀ ਲਾਲ ਜੈਨ, ਪੰਡਿਤ ਵਿਸ਼ਵਾਮਿੱਤਰ ਸ਼ਰਮਾ, ਸ਼੍ਰੀਮਤੀ ਸੀਮਾ ਰਜਿਸਟਰਾਰ ਸੁਸਾਇਟੀਆਂ, ਲਾਇਨ ਗੁਰਦੀਪ ਸਿੰਘ ਕੰਗ, ਰਾਕੇਸ਼ ਚਾਵਲਾ, ਬਲਦੇਵ ਸ਼ਰਮਾ ਐਡਵੋਕੇਟ ਰਮੇਸ਼ ਦੁੱਗਲ ਅਤੇ ਅਰੋੜਾ ਗਾਰਮੈਂਟਸ ਰਤਨਪੁਰਾ ਨੇ ਇਸ ਨੇਕ ਕਾਰਜ ਵਿੱਚ ਵਿਸ਼ੇਸ਼ ਸਹਿਯੋਗ ਦਿੱਤਾ।

# ਗੁਰਪ੍ਰੀਤ ਸਿੰਘ ਵਿਰਕ ਨੇ ਡਾਇਰੈਕਟਰ ਵਜੋਂ ਅਹੁਦਾ ਸੰਭਾਲਿਆ

**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਪੈਪਸੂ ਰੋਡ ਟਰਾਂਸਪੋਰਟ ਕਾਰਪੋਰੇਸ਼ਨ ਦੇ ਡਾਇਰੈਕਟਰ ਨਿਯੁਕਤ ਕੀਤੇ ਗਏ ਗੁਰਪ੍ਰੀਤ ਸਿੰਘ ਵਿਰਕ ਨੂੰ ਟਰਾਂਸਪੋਰਟ ਮੰਤਰੀ ਲਾਲਜੀਤ ਸਿੰਘ ਭੁੱਲਰ ਦੁਆਰਾ ਪਟਿਆਲਾ ਮੁੱਖ ਦਫਤਰ ਪਹੁੰਚ ਕੇ ਅਧਿਕਾਰਤ ਤੌਰ 'ਤੇ ਵਿਭਾਗ ਵਿਚ ਸ਼ਾਮਿਲ ਕਰਵਾਇਆ ਗਿਆ। ਆਪ ਪੰਜਾਬ ਜਨਰਲ ਸਕੱਤਰ ਹਰਚੰਦ ਸਿੰਘ ਬਰਸਟ ਚੇਅਰਮੈਨ ਮੰਡੀ ਬੋਰਡ, ਹਲਕਾ ਵਿਧਾਇਕ ਡੇਰਾਬੱਸੀ ਕੁਲਜੀਤ ਸਿੰਘ ਰੰਧਾਵਾ, ਚੇਅਰਮੈਨ ਪੀਆਰਟੀਸੀ ਰਣਜੋਧ ਸਿੰਘ ਹਡਾਣਾ,ਵਾਈਸ ਚੇਅਰਮੈਨ ਬਲਵਿੰਦਰ ਸਿੰਘ ਝਾੜਵਾਂ, ਜ਼ਿਲ੍ਹਾ ਮੋਹਾਲੀ ਦੇ ਪ੍ਰਧਾਨ ਸ਼੍ਰੀਮਤੀ ਪ੍ਰਭਜੋਤ ਕੌਰ ਉਚੇਚੇ ਤੌਰ 'ਤੇ ਹਾਜਰ ਰਹੇ। ਭੁੱਲਰ ਨੇ ਉਨ੍ਹਾਂ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਇਸੇ ਤਰ੍ਹਾਂ ਵਰਕਰਾਂ ਨੂੰ ਪਾਰਟੀ ਵੱਲੋਂ ਪੂਰਾ ਮਾਣ ਅਤੇ ਸਤਿਕਾਰ ਦਿੱਤਾ ਜਾਂਦਾ ਰਹੇਗਾ। ਭਵਿੱਖ ਵਿਚ ਵੀ ਵਲੰਟੀਅਰਾਂ ਨੂੰ ਮੈਰਿਟ ਦੇ ਆਧਾਰ ਉੱਤੇ ਅਹੁਦੇਦਾਰੀਆਂ ਮਿਲਣਗੀਆਂ ਤੇ ਗੁਰਪ੍ਰੀਤ ਵਿਰਕ ਪਾਰਟੀ ਦੁਆਰਾ ਦਿੱਤੀ ਜ਼ਿੰਮੇਵਾਰੀ ਪੂਰੀ ਤਨਦੇਹੀ ਤੇ ਇਮਾਨਦਾਰੀ ਨਾਲ਼ ਨਿਭਾਉਣਗੇ। ਵਿਧਾਇਕ ਰੰਧਾਵਾ ਵੱਲੋਂ ਗੁਰਪ੍ਰੀਤ ਸਿੰਘ ਵੀਰਕ ਦੀ ਤਾਰੀਫ ਕਰਦਿਆਂ ਉਨ੍ਹਾਂ ਨੂੰ ਪਾਰਟੀ ਦਾ



ਮਿਹਨਤੀ ਤੇ ਜੁਝਾਰੂ ਵਰਕਰ ਕਰਾਰ ਦਿੱਤਾ। ਵਿਧਾਇਕ ਰੰਧਾਵਾ ਨੇ ਕਿਹਾ ਕਿ ਸੂਬੇ ਦੇ ਲੋਕਾਂ ਵਿੱਚ ਆਮ ਆਦਮੀ ਪਾਰਟੀ ਪ੍ਰਤੀ ਸੱਚਾ ਪਿਆਰ ਅਤੇ ਵਿਸ਼ਵਾਸ਼ ਕਰਕੇ ਪਾਰਟੀ ਸੱਤਾ ਵਿੱਚ ਹੈ ਅਤੇ ਬਹੁਤ ਹੀ ਇਮਾਨਦਾਰ ਅਤੇ ਸੂਝਵਾਨ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਪੰਜਾਬ ਸਰਕਾਰ ਆਮ ਲੋਕਾਂ ਦੀ ਸੇਵਾ ਨਿਭਾਅ ਰਹੀ ਹੈ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਵਿੱਚ ਅਹੁਦਿਆਂ ਦੀ ਤੁਲਨਾ ਪੈਸਿਆਂ ਨਾਲ ਨਹੀਂ ਕੀਤੀ ਜਾਂਦੀ ਸਗੋਂ ਮਿਹਨਤੀ ਅਤੇ ਸੁਚੱਜੀ ਸੋਚ ਵਾਲੇ ਆਮ ਘਰਾਂ ਦੇ ਅਣਥੱਕ ਵਰਕਰਾਂ ਨੂੰ ਅਹੁਦੇ ਬਿਨਾਂ ਕਿਸੇ ਸਿਫਾਰਿਸ਼ ਤੋਂ ਨਿਵਾਜੇ ਜਾ ਰਹੇ ਹਨ। ਪਹਿਲੀਆਂ ਸਰਕਾਰਾਂ ਵਾਂਗ ਪੈਸੇ ਵੱਟੇ ਅਹੁਦੇ ਨਹੀਂ, ਆਮ ਆਦਮੀ ਪਾਰਟੀ ਮਿਹਨਤੀ ਤੇ ਅਣਥੱਕ ਆਮ ਘਰਾਂ ਦੇ ਵਰਕਰਾਂ ਨੂੰ ਹੀ ਅਹੁਦੇ ਦੇ ਰਹੀ ਹੈ।ਇਸ ਮੌਕੇ ਗੁਰਪ੍ਰੀਤ ਸਿੰਘ ਵਿਰਕ ਨੇ ਪੈਪਸੂ ਰੋਡ ਟਰਾਂਸਪੋਰਟ ਕਾਰਪੋਰੇਸ਼ਨ ਦੇ ਡਾਇਰੈਕਟਰ ਪਦ ਦਾ ਅਹੁਦਾ ਸੰਭਾਲਣ ਮੌਕੇ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ, 'ਆਪ' ਸੁਪਰੀਮੋ ਅਰਵਿੰਦ ਕੇਜਰੀਵਾਲ, ਮਨੀਸ਼ ਸਿਸੋਦੀਆ, ਪਾਰਟੀ ਪ੍ਰਧਾਨ ਅਮਨ ਅਰੋੜਾ ਅਤੇ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਦਾ ਧੰਨਵਾਦ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਹਰ ਆਮ ਆਦਮੀ ਦੇ ਸੁਪਨਿਆਂ ਨੂੰ ਪੂਰਾ ਕਰ ਰਹੀ ਹੈ ਅਤੇ ਇਹ ਉਨ੍ਹਾਂ ਲਈ ਵੀ ਇਤਿਹਾਸਕ ਪਲ ਹੈ।

# 'ਫਰਾਈ ਡੇਅ ਡਰਾਈ ਡੇਅ' ਮੁਹਿੰਮ ਤਹਿਤ ਲੋਕਾਂ ਨੂੰ ਡੇਂਗੂ ਬਾਰੇ ਕੀਤਾ ਜਾਗਰੂਕ


**ਬਲਾਚੌਰ (ਜਸਵਿੰਦਰ ਬੈਂਸ)** ਸਿਵਲ ਸਰਜਨ ਡਾ. ਗੁਰਿੰਦਰਜੀਤ ਸਿੰਘ ਦੇ ਨਿਰਦੇਸ਼ਾਂ ਅਨੁਸਾਰ ਲੈਫ. ਜਨਰਲ ਬਿਕਰਮ ਸਿੰਘ ਸਬ ਡਵੀਜਨਲ ਹਸਪਤਾਲ ਬਲਾਚੌਰ ਦੇ ਸੀਨੀਅਰ ਮੈਡੀਕਲ ਅਫਸਰ ਡਾ. ਕੁਲਵਿੰਦਰ ਮਾਨ ਦੀ ਰਹਿਨੁਮਾਈ ਹੇਠ ਸਿਹਤ ਬਲਾਕ ਬਲਾਚੌਰ ਦੀ ਡੇਂਗੂ ਵਿਰੋਧੀ ਟੀਮ ਨੇ ਡੇਂਗੂ ਜਾਗਰੂਕਤਾ ਮੁਹਿੰਮ ਤਹਿਤ ਪੇਂਡੂ ਤੇ ਸ਼ਹਿਰੀ ਖੇਤਰ 'ਚ ਡੇਂਗੂ ਦੇ ਕਾਰਨਾਂ, ਬਚਾਅ ਤੇ ਇਲਾਜ ਬਾਰੇ ਜਾਗਰੂਕ ਕੀਤਾ। ਇਸ ਮੌਕੇ ਸੀਨੀਅਰ ਮੈਡੀਕਲ ਅਫਸਰ ਡਾ. ਕੁਲਵਿੰਦਰ ਮਾਨ ਨੇ ਡੇਂਗੂ ਬੁਖ਼ਾਰ ਦੇ ਲੱਛਣਾਂ, ਕਾਰਨਾਂ, ਬਚਾਅ ਅਤੇ ਇਲਾਜ ਬਾਰੇ ਵਿਸਥਾਰਪੂਰਵਕ ਸਮਝਾਇਆ। ਸਿਹਤ ਇੰਸਪੈਕਟਰ ਦਿਲਬਾਗ ਸਿੰਘ ਨੇ ਦੱਸਿਆ ਕਿ ਡੇਂਗੂ ਬੁਖ਼ਾਰ ਹੋਣ ਦਾ ਕੋਈ ਪੱਕਾ ਮੌਸਮ ਨਹੀਂ, ਪਰ ਆਮ ਤੌਰ 'ਤੇ ਇਹ ਬੁਖ਼ਾਰ ਜੁਲਾਈ ਤੋਂ ਲੈ ਕੇ ਨਵੰਬਰ ਅਖ਼ੀਰ ਤੱਕ ਜ਼ਿਆਦਾ ਹੁੰਦਾ ਹੈ। ਵਧੇਰੇ ਜਾਣਕਾਰੀ ਲਈ ਸਿਹਤ ਵਿਭਾਗ ਦੀ



ਹੈਲਪਲਾਈਨ ਨੰਬਰ 104 'ਤੇ ਸੰਪਰਕ ਕੀਤਾ ਜਾ ਸਕਦਾ ਹੈ। ਇਸ ਮੌਕੇ ਅਮਨਦੀਪ ਸਿੰਘ, ਸੁਰਿੰਦਰ ਸਿੰਘ, ਬਲਵਿੰਦਰ ਸਿੰਘ ਤੇ ਜਸਪਾਲ ਸਿੰਘ ਸਮੇਤ ਸਿਹਤ ਤੇ ਪੁਲਿਸ ਵਿਭਾਗ ਦੇ ਹੋਰ ਅਧਿਕਾਰੀ ਤੇ ਕਰਮਚਾਰੀ ਮੌਜੂਦ ਸਨ।

# ਰਿਟਾਇਰਡ ਸੂਬੇਦਾਰ ਰੋਸ਼ਨ ਸਿੰਘ ਵਡੋਦਰਾ ਕਲੋਲ ਪੰਚਮਹਿਲ ਵਿਖੇ ਹੋਏ ਸ਼ਹੀਦ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਰਿਟਾਇਰਡ ਸੂਬੇਦਾਰ ਰੌਸ਼ਨ ਸਿੰਘ ਦੀ ਵਡੋਦਰਾ ਗੁਜਰਾਤ ਵਿੱਚ ਆਪਣੀ ਸਕਿਉਰਟੀ ਸੇਵਾ ਦੌਰਾਨ ਹੋਈ ਮੌਤ ਤੇ ਸਸਕਾਰ ਵੇਲੇ ਚੀਫ ਆਫ ਆਰਮੀ ਸਟਾਫ ਅਤੇ ਐਕਸ ਸਰਵਿਸ ਆਫੀਸਰ ਅਸੋਸੀਏਸ਼ਨ ਵਲੋਂ ਰਿਟਾਇਰਡ ਲੈਫਟੀਨੈਂਟ ਜਨਰਲ ਜਸਵੀਰ ਸਿੰਘ ਢਿੱਲੋਂ ਦੀ ਅਗਵਾਈ ਵਿੱਚ ਯੂਨਾਈਟਡ ਐਕਸ ਸਰਵਿਸ ਮੈਨ ਵੈਲਫੇਅਰ



ਅਸੋਸੀਏਸ਼ਨ ਹੁਸ਼ਿਆਰਪੁਰ ਨੇ ਬੀ ਆਰ ਜਸਵਾਲ ਦੀ ਅਗਵਾਈ ਵਿੱਚ ਰੀਥਾਂ ਚੜ੍ਹਾਈਆਂ ਅਤੇ ਸਲਾਮੀ ਦਿੱਤੀ ਗਈ। ਇਸ ਮੌਕੇ ਦਰਜਨਾਂ ਵੈਟਰਨ ਸੇਵਾ ਮੁਕਤ ਸ਼ਖਸੀਅਤਾਂ ਨੇ ਫੁਲਮਾਲਾ ਚੜ੍ਹਾ ਕੇ ਅਤੇ ਫੁੱਲ ਬਰਸਾ ਕੇ ਰੌਸ਼ਨ ਸਿੰਘ ਨੂੰ ਸ਼ਰਧਾਂਜਨੀ ਭੇਟ ਕੀਤੀ । ਇਸ ਮੌਕੇ ਪੰਜਾਬ ਸਟੇਟ ਪੈਨਸ਼ਨਰਜ਼ ਕਨਫੈਡਰੇਸ਼ਨ ਦੇ ਸੂਬਾਈ ਜਥੇਬੰਦਕ ਸਕੱਤਰ ਡਾ. ਸੁਖਦੇਵ ਸਿੰਘ ਢਿੱਲੋਂ ਨੇ ਵੀ ਫੁੱਲ ਚੜ੍ਹਾ ਕੇ ਸ਼ਰਧਾਂਜਲੀ ਦਿੱਤੀ । ਸ਼ਹੀਦ ਰੌਸ਼ਨ ਸਿੰਘ ਸ਼ਾਨਦਾਰ 17 ਸਾਲ ਦੀ ਸੇਵਾ ਉਪਰੰਤ 1977 'ਚ ਸੇਵਾ ਮੁਕਤ ਹੋਏ ਸਨ। ਉਹ ਇਕ ਜਾਂਬਾਜ਼ ਸੈਨਿਕ ਸੀ ਜਿਸ ਨੂੰ ਸੇਵਾ ਦੌਰਾਨ 1994 ਵਿੱਚ ਬਹਾਦਰੀ ਲਈ ਗੈਲੰਟਰੀ ਸੈਨਾ ਮੈਡਲ ਆਜ਼ਾਦੀ ਸਮਾਗਮ ਮੌਕੇ ਵਿੱਚ ਦਿੱਤਾ ਗਿਆ ਸੀ। ਸੇਵਾ ਤੋਂ ਰਿਟਾਇਰ ਹੋਣ ਉਪਰੰਤ ਉਹ ਪਟੇਲ ਇਨਫਰਾਸਟਰਕਚਰ ਗੁਜਰਾਤ ਵਿੱਚ ਬਤੌਰ ਸਕਿਉਰਿਟੀ ਆਫੀਸਰ ਸੇਵਾ ਨਿਭਾਅ ਰਹੇ ਸਨ ਅਤੇ ਇਮਾਨਦਾਰੀ ਤੇ ਤਨਦੇਹੀ ਨਾਲ ਡਿਊਟੀ ਕਰਨ ਲਈ ਸਿਰਮੌਰ ਮੰਨੇ ਜਾਂਦੇ ਸਨ।ਜ਼ਿੰਦਗੀ ਦੇ ਆਖਰੀ ਸਫਰ ਸਮੇਂ ਕੰਪਨੀ 'ਚ ਕੰਮ ਕਰਦਿਆਂ ਸਮਾਜ ਵਿਰੋਧੀ ਤੱਤਾਂ ਨਾਲ ਜੂਝਦੇ ਹੋਏ 23 ਜੂਨ ਨੂੰ ਕਲੋਲ ਪੰਚਮਹਿਲ ਗੁਜਰਾਤ ਵਿਖੇ ਸ਼ਹੀਦ ਹੋ ਗਏ ਹਨ। ਉਹ ਆਪਣੇ ਪਿਛੇ ਦੋ ਪੁੱਤਰ ਇਕ ਧੀ ਅਤੇ ਪਤਨੀ ਛੱਡ ਗਏ ਹਨ। ਉਹਨਾਂ ਦੇ ਮ੍ਰਿਤਕ ਸਰੀਰ 'ਤੇ ਸਮੂਹ ਰਿਸ਼ਤੇਦਾਰਾਂ ਅਤੇ ਸਮੂਹ ਭਾਈਚਾਰੇ ਨੇ ਫੁੱਲ ਮਾਲਾਵਾਂ ਚੜ੍ਹਾ ਕੇ ਸ਼ਰਧਾਂਜਲੀ ਭੇਟ ਕੀਤੀ। ਉਪਰੰਤ ਪੂਰੇ ਵਿਧੀਬੱਧ ਸਨਮਾਨ ਨਾਲ ਉਹਨਾਂ ਨੂੰ ਹੁਸ਼ਿਆਰਪੁਰ ਵਿੱਚ ਅਗਨ ਭੇਟ ਕਰ ਦਿੱਤਾ ਗਿਆ। ਉਹਨਾਂ ਪ੍ਰਤੀ ਭੋਗ ਸਮਾਗਮ ਅਤੇ ਅੰਤਿਮ ਅਰਦਾਸ 6 ਜੁਲਾਈ ਨੂੰ ਗੁਰਦੁਆਰਾ ਸ੍ਰੀ ਗੁਰੂ ਰਵਿਦਾਸ ਜੀ ਇਸਲਾਮਾਬਾਦ, ਹੁਸ਼ਿਆਰਪੁਰ ਵਿਖੇ ਹੋਏਗਾ।

# ਗਿਆਨ ਅੰਜਨ ਸਮਰ ਕੈਂਪ ਲਗਾਇਆ



**ਭੋਗਪੁਰ (ਗੁਰਪ੍ਰੀਤ ਸਿੰਘ ਭੋਗਲ)**- ਬੀਤੇ ਦਿਨੀਂ ਇਸਤਰੀ ਕੌਂਸਲ, ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਦੇ ਜਲੰਧਰ-ਕਪੂਰਥਲਾ ਜ਼ੋਨ ਵੱਲੋਂ ਗੁਰਦੁਆਰਾ ਗੁਰਮਤ ਪ੍ਰਚਾਰ ਸਭਾ, ਗੁਰੂ ਨਾਨਕ ਨਗਰ, ਭੋਗਪੁਰ ਵਿਖੇ ਗਿਆਨ ਅੰਜਨ ਸਮਰ ਕੈਂਪ ਲਗਾਇਆ ਗਿਆ। ਸਮਾਰੋਹ ਦੀ ਸ਼ੁਰੂਆਤ 'ਸ਼ੁਭ ਕਰਮਨ ਤੇ ਕਬਹੂੰ ਨ ਟਰੋਂ' ਸ਼ਬਦ ਦਾ ਉਚਾਰਨ ਕਰ ਹੋਈ। ਹਰਪ੍ਰੀਤ ਕੌਰ ਗੀਤ ਨੇ ਸੁਖਮਨੀ ਸਾਹਿਬ ਅਸ਼ਟਪਦੀ 23 ਅਤੇ 24 ਦੀ ਵਿਚਾਰ ਵਿਆਖਿਆ ਕੀਤੀ ਅਤੇ ਡਾ. ਕੁਲਵਿੰਦਰ ਕੌਰ ਨੰਗਲ ਨੇ ਆਪਣੇ ਵਿਸ਼ੇ - 'ਸੁਖਮਨੀ ਸਾਹਿਬ ਵਿੱਚ ਸਿਮਰਨ ਤੇ ਸੁੱਖਾਂ ਦੇ ਸੁਨੇਹੇ' ਤੇ ਵਿਚਾਰ ਚਰਚਾ ਕੀਤੀ। ਇਸ ਉਪਰੰਤ ਡਾ. ਭੁਪਿੰਦਰ ਕੌਰ ਕਵਿਤਾ ਨੇ 'ਭਗਤ ਕਬੀਰ ਜੀ ਦੇ ਸਲੋਕਾਂ ਦੀ ਸਿਰਜਣਾ ਅਤੇ ਸੰਚਾਰ' ਵਿਸ਼ੇ 'ਤੇ ਵਿਚਾਰ ਸਾਂਝੇ ਕੀਤੇ ਅਤੇ ਡਾ. ਹਰਮੀਤ ਕੌਰ ਮੀਤ ਵਲੋਂ 'ਸਲੋਕ ਮ. 9ਵਾਂ ਦੇ ਸੰਦੇਸ਼ਾ 'ਚੋਂ ਬਲ ਯੁਕਤ ਜੀਵਨ ਦੀ ਦਾਤ' ਵਿਸ਼ੇ 'ਤੇ ਵਿਚਾਰਾਂ ਦੀ ਸਾਂਝ ਪਾਈ ਗਈ। ਰਾਜਵਿੰਦਰ ਕੌਰ ਲੜੋਆ ਅਤੇ ਹਰਪ੍ਰੀਤ ਕੌਰ ਗੀਤ ਨੇ ਆਪਣੀ ਕਵਿਤਾ ਪੇਸ਼ ਕੀਤੀ। ਸੁਰਜੀਤ ਕੌਰ ਭੋਗਪੁਰ ਵਲੋਂ ਮੰਚ ਸੰਚਾਲਨ ਦੀ ਭੂਮਿਕਾ ਬਖ਼ੂਬੀ ਨਿਭਾਈ ਗਈ। ਬੀਬੀ ਬਲਵੀਰ ਕੌਰ ਖ਼ਾਲਸਾ ਅਤੇ ਡਾ. ਭੁਪਿੰਦਰ ਕੌਰ ਕਵਿਤਾ ਵਲੋਂ ਸ਼ਬਦ ਕੀਰਤਨ ਕੀਤਾ ਗਿਆ। ਅੰਤ ਵਿੱਚ ਕੈਂਪ ਵਿੱਚ ਸ਼ਮੂਲੀਅਤ ਕਰਨ ਵਾਲੇ ਸਭ ਬੱਚਿਆਂ ਅਤੇ ਭੈਣਾਂ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ ਅਤੇ 'ਬੋਲੇ ਸੋ ਨਿਹਾਲ ਸੱਤ ਸ੍ਰੀ ਅਕਾਲ' ਦੇ ਜੈਕਾਰਿਆਂ ਨਾਲ ਸਮਾਗਮ ਦੀ ਸਮਾਪਤੀ ਕੀਤੀ ਗਈ।ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।

# ਜਬਰੀ ਵਸੂਲੀ ਤੇ ਬਲੈਕਮੇਲਿੰਗ ਕਰਨ ਵਾਲੇ ਪੱਤਰਕਾਰਾਂ ਨੂੰ ਬਖਸ਼ਿਆ ਨਹੀਂ ਜਾਏਗਾ : ਸੈਣੀ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**— ਦਿ ਵਰਕਿੰਗ ਰਿਪੋਰਟਰਜ਼ ਐਸੋਸੀਏਸ਼ਨ ਰਜਿ. ਪੰਜਾਬ ਇੰਡੀਆ ਜ਼ਿਲ੍ਹਾ ਹੁਸ਼ਿਆਰਪੁਰ ਦੀ ਇੱਕ ਵਿਸ਼ੇਸ਼ ਮੀਟਿੰਗ ਸਕੱਤਰ ਜਨਰਲ ਇੰਡੀਆ ਵਿਨੋਦ ਕੌਸ਼ਲ ਤੇ ਪੰਜਾਬ ਪ੍ਰਧਾਨ ਪ੍ਰਿੰ. ਬਲਵੀਰ ਸਿੰਘ ਸੈਣੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਪ੍ਰਧਾਨ ਹਰਵਿੰਦਰ ਸਿੰਘ ਭੂੰਗਰਨੀ ਦੀ ਪ੍ਰਧਾਨਗੀ ਹੇਠ ਮਿੰਨੀ ਸਕੱਤਰਰੇਤ ਹੁਸ਼ਿਆਰਪੁਰ ਵਿਖੇ ਕੀਤੀ ਗਈ।ਭੂੰਗਰਨੀ ਨੇ ਦੱਸਿਆ ਕਿ ਪੱਤਰਕਾਰਾਂ ਨੂੰ ਆ ਰਹੀਆਂ ਸਮੱਸਿਆਵਾਂ ਸਬੰਧੀ ਮੀਟਿੰਗ ਵਿੱਚ ਵਿਚਾਰ ਵਟਾਂਦਰਾ ਕੀਤਾ ਗਿਆ ਅਤੇ ਵੱਖ ਵੱਖ ਬੁਲਾਰਿਆਂ ਨੇ ਫ਼ੀਲਡ ਵਿੱਚ ਪੱਤਰਕਾਰਾਂ ਨੂੰ ਦਰਪੇਸ਼ ਮੁਸ਼ਕਲਾਂ ਸੰਬੰਧੀ ਜਾਣਕਾਰੀ ਦਿੱਤੀ। ਮੀਟਿੰਗ ਵਿੱਚ ਨੋਟਿਸ ਲਿਆ ਗਿਆ ਕਿ ਪੰਜਾਬ ਸਰਕਾਰ ਦੇ ਲੋਕ ਸੰਪਰਕ ਵਿਭਾਗ ਵੱਲੋਂ ਬਣਾਏ ਜਾਂਦੇ ਪੀਲੇ ਕਾਰਡ ਅਤੇ ਐਕਰਿਡੇਟਿਡ ਕਾਰਡ ਬਣਾਉਣ ਦੇ ਨਾਂਅ 'ਤੇ ਪੱਤਰਕਾਰਾਂ ਨੂੰ ਜ਼ਲੀਲ ਕੀਤਾ ਜਾ ਰਿਹਾ ਹੈ ਤੇ ਅੱਗੋਂ ਜ਼ਿਲ੍ਹਾ ਹੁਸ਼ਿਆਰਪੁਰ ਦੇ ਲੋਕ ਸੰਪਰਕ ਦਫਤਰ ਵੱਲੋਂ ਜ਼ਿਲ੍ਹੇ ਵਿੱਚ ਆਉਂਦੇ ਵੀਆਈਪੀ ਦੀ ਕਵਰੇਜ ਕਰਨ ਲਈ ਭੇਜੇ ਜਾਂਦੇ ਸੱਦਾ ਪੱਤਰਾਂ ਵਿੱਚ 'ਕੇਵਲ ਪੀਲੇ ਕਾਰਡ ਧਾਰਕ ਜਾਂ ਐਕਰੀਡੇਟਿਡ ਪੱਤਰਕਾਰਾਂ' ਦੀ ਸ਼ਰਤ ਲਗਾ ਕੇ ਜ਼ਲਾਲਤ ਦੀ ਹੱਦ ਮੁਕਾ ਦਿੱਤੀ ਗਈ ਹੈ ਜਿਸ ਦੀ ਸਖ਼ਤ ਨਿਖੇਧੀ ਕੀਤੀ ਗਈ । ਸਰਬ ਸੰਮਤੀ ਨਾਲ ਫੈਸਲਾ ਲਿਆ ਗਿਆ ਕਿ ਇਸ ਸਬੰਧੀ ਮੁੱਖ ਮੰਤਰੀ ਪੰਜਾਬ ਅਤੇ ਲੋਕ ਸੰਪਰਕ ਵਿਭਾਗ ਦੇ ਮੰਤਰੀ ਤੇ ਡਾਇਰੈਕਟਰ ਨੂੰ ਮਿਲ ਕੇ ਆਪਣਾ ਇਤਰਾਜ਼ ਦਰਜ ਕਰਵਾਇਆ ਜਾਵੇਗਾ। ਸੈਣੀ ਨੇ ਕਿਹਾ ਕਿ



ਆਮ ਆਦਮੀ ਪਾਰਟੀ ਦੀ ਸਰਕਾਰ ਬਣਨ ਤੇ ਮੀਡੀਆ ਜਗਤ ਨੂੰ ਬਦਲਾਉ ਦੀਆਂ ਬਹੁਤ ਉਮੀਦਾਂ ਸਨ ਪਰ ਅਮਲੀ ਤੌਰ 'ਤੇ ਵੇਖਿਆ ਜਾ ਰਿਹਾ ਹੈ ਕਿ ਪਹਿਲੀਆਂ ਸਰਕਾਰਾਂ ਨਾਲੋਂ ਕੋਈ ਬਦਲਾਉ ਨਹੀਂ ਆਇਆ । ਉਹਨਾਂ ਦੱਸਿਆ ਕਿ ਪੱਤਰਕਾਰਾਂ ਦੀਆਂ ਮੰਗਾਂ ਸਬੰਧੀ ਕਈ ਵਾਰੀ ਲਿਖਤੀ ਤੌਰ 'ਤੇ ਮੈਮੋਰੰਡਮ ਮੁੱਖ ਮੰਤਰੀ ਪੰਜਾਬ ਨੂੰ ਡਿਪਟੀ ਕਮਿਸ਼ਨਰਾਂ ਰਾਹੀਂ ਭੇਜੇ ਜਾ ਚੁੱਕੇ ਹਨ ਪਰ ਕੋਈ ਜਵਾਬ ਨਹੀਂ ਮਿਲਿਆ । ਉਹਨਾਂ ਕਿਹਾ ਕਿ ਪੱਤਰਕਾਰਾਂ ਨਾਲ ਕੰਮ ਕਰਨ ਦੌਰਾਨ ਕੋਈ ਧੱਕੇਸ਼ਾਹੀਆਂ ਤੇ ਵਧੀਕੀਆਂ ਕਿਸੇ ਵੀ ਹਾਲਤ ਵਿੱਚ ਬਰਦਾਸ਼ਤ ਨਹੀਂ ਕੀਤੀਆਂ ਜਾਣਗੀਆਂ। ਕੁਝ ਪੱਤਰਕਾਰਾਂ ਵੱਲੋਂ ਜਬਰੀ ਵਸੂਲੀ ਅਤੇ ਬਲੈਕ ਮੇਲਿੰਗ ਦੀਆਂ ਸ਼ਿਕਾਇਤਾਂ ਮਿਲਣ 'ਤੇ ਇਸ ਦਾ ਸਖਤ ਨੋਟਿਸ ਲਿਆ ਗਿਆ ਅਤੇ ਮੀਡੀਆ ਜਗਤ ਵਿੱਚ ਘੁਸਪੈਠ ਕਰ ਚੁੱਕੇ ਅਜਿਹੇ ਅਨਸਰਾਂ ਨੂੰ ਸਖ਼ਤ ਚੇਤਾਵਨੀ ਦਿੱਤੀ ਗਈ ਕਿ ਉਹ ਆਪਣੇ ਹਰਕਤਾਂ ਤੋਂ ਬਾਜ਼ ਆ ਜਾਣ ਨਹੀਂ ਤਾਂ ਉਨ੍ਹਾਂ ਨੂੰ ਬਖਸ਼ਿਆ ਨਹੀਂ ਜਾਵੇਗਾ । ਇਸ ਮੌਕੇ ਦਿ ਵਰਕਿੰਗ ਰਿਪੋਰਟਰਜ਼ ਐਸੋਸੀਏਸ਼ਨ ਵੱਲੋਂ ਸਾਲ 2025-26 ਲਈ ਬਣਾਏ ਗਏ ਸ਼ਨਾਖਤੀ ਕਾਰਡ ਵੀ ਤਕਸੀਮ ਕੀਤੇ ਗਏ । ਮੀਟਿੰਗ ਦੌਰਾਨ ਜੁਆਇੰਟ ਜਨਰਲ ਇੰਡੀਆ ਤਰਸੇਮ ਦੀਵਾਨਾ, ਗੁਰਬਿੰਦਰ ਸਿੰਘ ਪਲਾਹਾ ਵਾਈਸ ਚੇਅਰਮੈਨ ਪੰਜਾਬ, ਅਸ਼ਵਨੀ ਸ਼ਰਮਾ ਸੀਨੀਅਰ ਮੀਤ ਪ੍ਰਧਾਨ, ਓਪੀ ਰਾਣਾ ਜ਼ਿਲ੍ਹਾ ਜਨਰਲ ਸਕੱਤਰ, ਜਗਤਾਰ ਸਿੰਘ ਭੁੰਗਰਨੀ, ਜਸਵੀਰ ਸਿੰਘ ਮੁੱਖਲਿਆਣਾ ਪ੍ਰਧਾਨ ਮੇਹਟਿਆਣਾ ਯੂਨਿਟ, ਸੁਖਵਿੰਦਰ ਸਿੰਘ ਮੁਕੇਰੀਆਂ, ਜਸਵੀਰ ਸਿੰਘ ਹੇੜੀਆਂ, ਗੁਰਪਾਲ ਸਿੰਘ ਮੇਹਟਿਆਣਾ, ਪਰਮਜੀਤ ਸਿੰਘ ਮੁੱਗੋਪੱਟੀ, ਗੁਰਨਾਮ ਸਿੰਘ ਪੰਡੋਰੀ ਨਿੱਜਰਾਂ, ਮਾਸਟਰ ਮੋਹਨ ਸਿੰਘ ਡਾਂਡੀਆਂ, ਮਨਵੀਰ ਸਿੰਘ ਬੱਡਲਾ, ਮਹਿੰਦਰ ਸਿੰਘ ਗੜ੍ਹਦੀਵਾਲ ਆਦਿ ਹਾਜ਼ਰ ਸਨ।

28 Jun Page-9.qxd 6/27/2025 10:37 PM Page 1



# ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਨਸ਼ਿਆਂ ਦੇ ਖਾਤਮੇ ਲਈ ਕੀਤੇ ਜਾ ਰਹੇ ਸੁਹਿਰਦ ਯਤਨ : ਡਿਪਟੀ ਕਮਿਸ਼ਨਰ

**ਜਲੰਧਰ (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)** ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਦੀ ਅਗਵਾਈ ਵਿੱਚ ਜ਼ਿਲ੍ਹਾ ਪ੍ਰਸ਼ਾਸਕੀ ਕੰਪਲੈਕਸ ਵਿਖੇ ਨਸ਼ਾ ਮੁਕਤ ਭਾਰਤ ਅਭਿਆਨ ਤਹਿਤ ਜ਼ਿਲ੍ਹਾ ਪੱਧਰੀ 'ਤੇ ਅੰਤਰਰਾਸ਼ਟਰੀ ਨਸ਼ਾ ਵਿਰੋਧੀ ਦਿਵਸ ਮਨਾਇਆ ਗਿਆ।ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜ) ਅਮਨਿੰਦਰ ਕੌਰ ਵੀ ਮੌਜੂਦ ਸਨ।ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਦੱਸਿਆ ਕਿ ਅੰਤਰਰਾਸ਼ਟਰੀ ਨਸ਼ਾ ਵਿਰੋਧੀ ਦਿਵਸ ਮੌਕੇ ਜ਼ਿਲ੍ਹੇ ਦੇ ਸਮੂਹ ਅਧਿਕਾਰੀਆਂ/ ਕਰਮਚਾਰੀਆਂ ਵਲੋਂ ਇਸ ਮੁਹਿੰਮ ਵਿੱਚ ਸਰਗਰਮੀ ਨਾਲ ਭਾਗ ਲਿਆ ਗਿਆ। ਉਨ੍ਹਾਂ ਦੱਸਿਆ ਕਿ ਇਸ ਤੋਂ ਇਲਾਵਾ ਜ਼ਿਲ੍ਹੇ ਵਿੱਚ ਨਸ਼ਿਆਂ ਖਿਲਾਫ਼ ਜਾਗਰੂਕਤਾ ਪੈਦਾ ਕਰਨ ਲਈ ਕਰਵਾਈਆਂ ਜਾ ਰਹੀਆਂ ਵੱਖ-ਵੱਖ ਗਤੀਵਿਧੀਆਂ/ ਪ੍ਰੋਗਰਾਮਾਂ ਰਾਹੀਂ ਸਮਾਜ ਵਿੱਚ ਨਸ਼ਿਆਂ ਖਿਲਾਫ਼ ਮਜ਼ਬੂਤ ਸੁਨੇਹਾ ਦਿੱਤਾ ਜਾ ਰਿਹਾ ਹੈ। ਡਿਪਟੀ ਕਮਿਸ਼ਨਰ ਨੇ ਅੱਗੇ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਜ਼ਿਲ੍ਹਾ ਜਲੰਧਰ ਨੂੰ ਨਸ਼ਾ ਮੁਕਤ ਬਣਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਇਸ ਲਈ ਸਾਰੇ ਸਬੰਧਿਤ ਵਿਭਾਗਾਂ ਨਾਲ ਮਿਲਕੇ ਸੰਜੀਦਾ ਉਪਰਾਲੇ ਕੀਤੇ ਜਾ ਰਹੇ ਹਨ, ਜਿਸ ਦੇ ਸਾਰਥਕ ਨਤੀਜੇ ਸਾਹਮਣੇ ਆ ਰਹੇ ਹਨ।ਡਿਪਟੀ ਕਮਿਸ਼ਨਰ ਵਲੋਂ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨੂੰ ਆਪਣੇ ਆਲੇ-ਦੁਆਲੇ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਤੋਂ ਲੋਕਾਂ ਨੂੰ ਜਾਗਰੂਕ ਕਰਨ ਲਈ ਸਹੁੰ ਵੀ ਚੁਕਾਈ ਗਈ।




# ਨਿਗਮ ਵੱਲੋਂ ਬਣਾਈ ਸੜਕ ਇੱਕ ਮਹੀਨੇ ਤੋਂ ਵੀ ਘੱਟ ਸਮੇਂ 'ਚ ਟੁੱਟਣੀ ਸ਼ੁਰੂ

**ਫਗਵਾੜਾ (ਡਾ. ਰਮਨ)** ਨਗਰ ਨਿਗਮ ਫਗਵਾੜਾ ਅਤੇ ਆਮ ਆਦਮੀ ਪਾਰਟੀ ਦੇ ਆਗੂਆਂ ਵੱਲੋਂ ਕੀਤੇ ਜਾ ਰਹੇ ਵਿਕਾਸ ਦੇ ਦਾਅਵਿਆਂ ਦੀ ਸੱਚਾਈ ਜਾਣਨ ਲਈ ਕਾਂਗਰਸ ਪਾਰਟੀ ਦੇ ਇੱਕ ਵਫ਼ਦ ਨੇ ਵਿਧਾਇਕ ਬਲਵਿੰਦਰ ਸਿੰਘ ਧਾਲੀਵਾਲ ਦੀ ਅਗਵਾਈ ਹੇਠ ਸ਼ਹਿਰ ਦਾ ਦੌਰਾ ਕੀਤਾ।ਇਸ ਦੌਰਾਨ ਲੋਕਾਂ ਨੇ ਉਨ੍ਹਾਂ ਨੂੰ ਦੱਸਿਆ ਕਿ ਕਟਹਿਰਾ ਚੌਂਕ ਤੋਂ ਸਿੰਦੂਰਾ ਦੇਵੀ ਚੌਂਕ ਤੱਕ ਦੀ ਸੜਕ, ਜੋ ਕਿ ਕੁਝ ਹਫ਼ਤੇ ਪਹਿਲਾਂ ਹੀ ਬਣੀ ਸੀ, ਟੁੱਟਣੀ ਸ਼ੁਰੂ ਹੋ ਗਈ ਹੈ।ਜਿਸ 'ਤੇ ਕਾਂਗਰਸੀ ਆਗੂਆਂ ਨੇ ਉਕਤ ਸੜਕ ਦਾ ਨਿਰੀਖਣ ਕੀਤਾ ਅਤੇ ਪਾਇਆ ਕਿ ਸੜਕ ਦੀ ਹਾਲਤ ਸੱਚਮੁੱਚ ਖਸਤਾ ਹੋ ਰਹੀ ਹੈ।ਇੰਨਾ ਹੀ ਨਹੀਂ, ਮੇਅਰ ਰਾਮਪਾਲ ਉੱਪਲ ਦੇ ਆਪਣੇ ਵਾਰਡ ਦੇ ਵਸਨੀਕਾਂ ਨੇ ਪੀਣ ਵਾਲੇ ਪਾਣੀ ਦੀ ਢੁੱਕਵੀਂ ਸਪਲਾਈ ਨਾ ਹੋਣ ਅਤੇ ਨਾਲੀਆਂ ਵਿੱਚ ਗੰਦਗੀ ਆਦਿ ਦੀਆਂ ਸਮੱਸਿਆਵਾਂ ਵੀ ਕਾਂਗਰਸੀ ਆਗੂਆਂ ਸਾਹਮਣੇ ਪ੍ਰਮੁੱਖਤਾ ਨਾਲ ਰੱਖੀਆਂ। ਵਿਧਾਇਕ ਧਾਲੀਵਾਲ ਤੋਂ ਇਲਾਵਾ ਕੌਂਸਲਰ ਸੰਜੀਵ ਬੱਗਾ ਅਤੇ ਬਲਾਕ ਕਾਂਗਰਸ (ਸ਼ਹਿਰੀ) ਦੇ ਪ੍ਰਧਾਨ ਤੇ ਕੌਂਸਲਰ ਤਰਨਜੀਤ ਸਿੰਘ ਬੰਟੀ ਵਾਲੀਆ, ਕੌਂਸਲਰ ਸੁਸ਼ੀਲ ਮੈਣੀ, ਕੌਂਸਲਰ ਜਤਿੰਦਰ ਵਰਮਾਨੀ, ਪੰਜਾਬ ਡੈਲੀਗੇਟ ਮੈਂਬਰ ਗੁਰਜੀਤ ਪਾਲ ਵਾਲੀਆ, ਸੀਨੀਅਰ ਆਗੂ ਵਿਨੋਦ ਵਰਮਾਨੀ, ਕੌਂਸਲਰ ਪਤੀ ਮੁਕੇਸ਼ ਭਾਟੀਆ, ਸੰਜੀਵ ਟੀਟੂ, ਹੈਪੀ ਡਾਬਰ ਅਤੇ ਕੌਂਸਲਰ ਪਤੀ ਧੀਰਜ ਘਈ ਨੇ ਨਿਗਮ 'ਤੇ ਸੜਕ ਦੇ ਨਿਰਮਾਣ ਵਿੱਚ ਘਟੀਆ ਸਮੱਗਰੀ ਦੀ ਵਰਤੋਂ ਕਰਨ ਦਾ ਦੋਸ਼ ਲਗਾਇਆ ਅਤੇ ਕਿਹਾ ਕਿ ਸ਼ਹਿਰ ਦੇ ਵਿਕਾਸ ਦਾ ਝੂਠਾ ਪ੍ਰਚਾਰ ਕੀਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਜੋ ਸੜਕ ਉਸਾਰੀ ਤੋਂ ਤੁਰੰਤ ਬਾਅਦ ਟੁੱਟਣੀ ਸ਼ੁਰੂ ਹੋ ਗਈ, ਉਹ ਮਾਨਸੂਨ ਦੀ ਪਹਿਲੀ ਬਰਸਾਤ ਦਾ ਭਾਰ ਵੀ ਨਹੀਂ ਸਹਿ ਸਕੇਗੀ। ਸੰਜੀਵ ਬੁੱਗਾ ਨੇ ਕਿਹਾ ਕਿ ਜੋ ਮੇਅਰ ਖੁਦ ਆਪਣੇ ਵਾਰਡ ਦੇ ਲੋਕਾਂ ਨੂੰ ਸੰਤੁਸ਼ਟ ਨਹੀਂ ਕਰ ਸਕਿਆ, ਉਹ ਸ਼ਹਿਰ ਦਾ ਵਿਕਾਸ ਕਿਵੇਂ ਕਰਵਾਏਗਾ। ਵਿਧਾਇਕ ਧਾਲੀਵਾਲ ਨੇ ਮੰਗ ਕੀਤੀ ਕਿ ਕਟੈਹਰਾ ਚੌਂਕ ਤੋਂ ਸਿੰਧੂਰਾ ਦੇਵੀ ਚੌਂਕ ਤੱਕ ਸੜਕ ਦੀ ਉਸਾਰੀ ਵਿੱਚ ਹੋਏ ਕਥਿਤ ਘਪਲੇ ਦੀ ਵਿਜੀਲੈਂਸ ਜਾਂਚ ਕਰਵਾਈ ਜਾਵੇ।



# ਹਰਮਿੰਦਰ ਸਿੰਘ ਨੇ ਚੋਣ ਤਹਿਸੀਲਦਾਰ ਦਾ ਅਹੁਦਾ ਸੰਭਾਲਿਆ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਹਰਮਿੰਦਰ ਸਿੰਘ ਨੇ ਚੋਣ ਤਹਿਸੀਲਦਾਰ ਹੁਸ਼ਿਆਰਪੁਰ ਦਾ ਅਹੁਦਾ ਸੰਭਾਲਿਆ। ਉਨ੍ਹਾਂ ਕਿਹਾ ਕਿ ਉਹ ਇਸ ਜ਼ਿੰਮੇਵਾਰੀ ਨੂੰ ਪੂਰੀ ਲਗਨ ਅਤੇ ਇਮਾਨਦਾਰੀ ਨਾਲ ਨਿਭਾਉਣਗੇ। ਉਹ ਇਸ ਤੋਂ ਪਹਿਲਾਂ ਪਠਾਨਕੋਟ ਵਿੱਚ ਚੋਣ ਤਹਿਸੀਲਦਾਰ ਵਜੋਂ ਸੇਵਾਵਾਂ ਨਿਭਾਅ ਰਹੇ ਸਨ, ਜਿੱਥੇ ਉਨ੍ਹਾਂ ਨੇ ਆਪਣੇ ਕਾਰਜਕਾਲ ਦੌਰਾਨ ਚੋਣ ਸਬੰਧਤ ਪ੍ਰਕਿਰਿਆਵਾਂ ਨੂੰ ਸੁਚਾਰੂ ਢੰਗ ਨਾਲ ਚਲਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ। ਚਾਰਜ ਸੰਭਾਲਣ ਤੋਂ ਬਾਅਦ ਉਨ੍ਹਾਂ ਨੇ ਜ਼ਿਲ੍ਹਾ ਚੋਣ ਦਫ਼ਤਰ ਦੇ ਅਧਿਕਾਰੀਆਂ ਅਤੇ ਕਰਮਚਾਰੀਆਂ ਨਾਲ ਜਾਣ-ਪਛਾਣ ਕੀਤੀ ਅਤੇ ਆਉਣ ਵਾਲੀਆਂ ਚੋਣਾਂ ਅਤੇ ਵੋਟਰ ਸੂਚੀ ਸੁਧਾਈ ਨਾਲ ਸਬੰਧਤ ਕਾਰਜ ਯੋਜਨਾਵਾਂ ਦੀ ਰੂਪ-ਰੇਖਾ ਬਾਰੇ ਚਰਚਾ ਕੀਤੀ। ਉਨ੍ਹਾਂ ਕਿਹਾ ਕਿ ਭਾਰਤੀ ਚੋਣ ਕਮਿਸ਼ਨ ਦੇ ਦਿਸ਼ਾ-ਨਿਰਦੇਸ਼ਾਂ ਦੀ ਸਖ਼ਤੀ ਨਾਲ ਪਾਲਣਾ ਯਕੀਨੀ ਬਣਾਈ ਜਾਵੇਗੀ ਅਤੇ ਕਿਸੇ ਵੀ ਤਰ੍ਹਾਂ ਦੀ ਲਾਪਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਵੋਟਰਾਂ ਨੂੰ ਜ਼ਰੂਰੀ ਸਹੂਲਤਾਂ ਮੁਹੱਈਆ ਕਰਵਾਉਣਾ, ਬੂਥ ਪੱਧਰ 'ਤੇ ਪ੍ਰਬੰਧ ਯਕੀਨੀ ਬਣਾਉਣ ਅਤੇ ਰਾਜਸੀ ਪਾਰਟੀਆਂ ਦੇ ਨਾਲ ਤਾਲਮੇਲ ਬਣਾ ਕੇ ਨਿਰਪੱਖ ਚੋਣ ਕਰਵਾਉਣਾ ਉਨ੍ਹਾਂ ਦੀ ਮੁਖ ਤਰਜ਼ੀਹ ਹੋਵੇਗੀ।



# ਬਾਬਾ ਬਾਲਕ ਨਾਥ ਸੇਵਾ ਸਮਿਤੀ ਨੇ ਭੇਟ ਕੀਤੇ ਕੱਪੜੇ

**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)** ਨਗਰ ਨਿਗਮ ਫਗਵਾੜਾ ਵੱਲੋਂ ਏ.ਡੀ.ਸੀ. ਕਮ ਨਿਗਮ ਕਮਿਸ਼ਨਰ ਡਾ. ਅਕਸ਼ਿਤਾ ਗੁਪਤਾ ਅਤੇ ਮੇਅਰ ਰਾਮਪਾਲ ਉੱਪਲ ਦੀ ਸਰਪ੍ਰਸਤੀ ਹੇਠ ਆਯੋਜਿਤ ਦੋ-ਰੋਜ਼ਾ ਦਾਨ ਉਤਸਵ 'ਚ ਬਾਬਾ ਬਾਲਕ ਨਾਥ ਸੇਵਾ ਸਮਿਤੀ ਦੇ ਮੈਂਬਰਾਂ ਨੇ ਲਾਇਨਜ਼ ਇੰਟਰਨੈਸ਼ਨਲ 321-ਡੀ ਦੇ ਡਿਸਟ੍ਰਿਕਟ ਚੇਅਰਮੈਨ (ਪੀਸ ਪੋਸਟਰ) ਲਾਇਨ ਗੁਰਦੀਪ ਸਿੰਘ ਕੰਗ ਐਮ.ਜੇ.ਐਫ. ਦੀ ਪ੍ਰੇਰਣਾ ਸਦਕਾ ਕੱਪੜੇ ਭੇਟ ਕੀਤੇ। ਲਾਇਨ ਗੁਰਦੀਪ ਸਿੰਘ ਕੰਗ ਨੇ ਦੱਸਿਆ ਕਿ ਬੁੱਧਵਾਰ ਨੂੰ ਉਨ੍ਹਾਂ ਨੇ ਆਪਣੇ ਤੌਰ 'ਤੇ ਲੋੜਵੰਦਾਂ ਲਈ ਕੱਪੜੇ, ਖਿਡੌਣੇ ਅਤੇ ਜੁੱਤੀਆਂ ਆਦਿ ਦਾ ਯੋਗਦਾਨ ਪਾਇਆ ਸੀ। ਇਸ ਸੰਸਥਾ ਦੇ ਮੈਂਬਰਾਂ ਨੇ ਦਾਨ ਉਤਸਵ ਵਿੱਚ ਯੋਗਦਾਨ ਪਾਇਆ ਹੈ, ਜੋ ਕਿ ਸ਼ਲਾਘਾਯੋਗ ਹੈ। ਇਸ ਦੌਰਾਨ ਏ.ਡੀ.ਸੀ. ਕਮ ਨਿਗਮ ਕਮਿਸ਼ਨਰ ਡਾ. ਅਕਸ਼ਿਤਾ ਗੁਪਤਾ, ਸਹਾਇਕ ਕਮਿਸ਼ਨਰ ਅਨੀਸ਼ ਬਾਂਸਲ ਅਤੇ ਮੇਅਰ ਰਾਮਪਾਲ ਉੱਪਲ ਨੇ ਬਾਬਾ ਬਾਲਕ ਨਾਥ ਸੇਵਾ ਸਮਿਤੀ ਅਤੇ ਗੁਰਦੀਪ ਸਿੰਘ ਕੰਗ ਦਾ ਸਹਿਯੋਗ ਲਈ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਇਸ ਦਾਨ ਉਤਸਵ ਦਾ ਮੁੱਖ ਉਦੇਸ਼ ਸ਼ਹਿਰ ਦੇ ਨਾਗਰਿਕਾਂ ਵਿੱਚ ਦਇਆ ਅਤੇ ਦਾਨ ਦੀ ਭਾਵਨਾ ਫੈਲਾਉਣਾ ਹੈ ਤਾਂ ਜੋ ਵੱਧ ਤੋਂ ਵੱਧ ਸਮਰੱਥ ਲੋਕ ਆਪਣੀ ਸਮਰੱਥਾ ਅਨੁਸਾਰ ਲੋੜਵੰਦਾਂ ਦੀ ਮਦਦ ਲਈ ਅੱਗੇ ਆਉਣ। ਇਸ ਦਾਨ ਉਤਸਵ ਵਿੱਚ ਜੋ ਵੀ ਸਮੱਗਰੀ ਇਕੱਠੀ ਕੀਤੀ ਜਾਵੇਗੀ, ਉਹ ਲੋੜਵੰਦ ਲੋਕ ਫਗਵਾੜਾ ਦੇ ਬਲੱਡ ਬੈਂਕ ਗੁਰੂ ਹਰਗੋਬਿੰਦ ਨਗਰ, ਕਾਰਪੋਰੇਸ਼ਨ ਦੇ ਲਾਇਬ੍ਰੇਰੀ ਹਾਲ ਅਤੇ ਹਦੀਆਬਾਦ ਵਿੱਚ ਬਣੇ ਵੰਡ ਕੇਂਦਰਾਂ ਤੋਂ ਪ੍ਰਾਪਤ ਕਰ ਸਕਦੇ ਹਨ। ਇਸ ਮੌਕੇ ਡਿਪਟੀ ਮੇਅਰ ਵਿੱਕੀ ਸੂਦ, ਆਪ ਨੇਤਾ ਗੁਰਦੀਪ ਸਿੰਘ ਦੀਪਾ, ਸੰਮਤੀ ਦੇ ਸਰਪ੍ਰਸਤ ਐਸ.ਪੀ. ਬਸਰਾ, ਰਾਮ ਮੁਖੀਜਾ, ਕਾਰਪੋਰੇਸ਼ਨ ਫਗਵਾੜਾ ਦੇ ਐਮ.ਈ., ਆਈ.ਈ.ਸੀ. ਮਾਹਿਰ ਪੂਜਾ ਸ਼ਰਮਾ, ਸੀ.ਐਸ.ਓ. ਗੁਰਿੰਦਰ ਸਿੰਘ, ਸੀ.ਐਸ.ਆਈ. ਅਜੈ ਕੁਮਾਰ, ਹਿਤੇਸ਼ ਸ਼ਰਮਾ ਆਦਿ ਮੌਜੂਦ ਸਨ।



# ਵਿਕਾਸ ਨੂੰ ਹਵਾਈ ਗਤੀ ਦੇਣਾ ਹੀ ਹਰਿਆਣਾ ਏਅਰਪੋਰਟ ਡਿਵੈੱਲਪਮੈਂਟ ਕਾਰਪੋਰੇਸ਼ਨ ਦਾ ਟੀਚਾ : ਗੋਇਲ

**ਚੰਡੀਗੜ੍ਹ (ਕ੍ਰਿਸ਼ਨ ਗਰਗ)**- ਹਰਿਆਣਾ ਦੇ ਸਿਵਲ ਏਵੀਏਸ਼ਨ, ਮਾਲ ਅਤੇ ਆਪਦਾ ਪ੍ਰਬੰਧਨ ਅਤੇ ਸ਼ਹਿਰੀ ਸਥਾਨਕ ਸਰਕਾਰ ਵਿਭਾਗ ਦੇ ਕੈਬਨਿਟ ਮੰਤਰੀ ਵਿਪੁਲ ਗੋਇਲ ਨੇ ਹਰਿਆਣਾ ਏਅਰਪੋਰਟ ਡਿਵੈਲਪਮੈਂਟ ਕਾਰਪੋਰੇਸ਼ਨ (ਐਚ ਏ ਡੀ ਸੀ) ਦੀ ਬੋਰਡ ਮੀਟਿੰਗ ਦੀ ਅਗਵਾਈ ਕੀਤੀ।ਇਸ ਦੌਰਾਨ ਉਨ੍ਹਾਂ ਨੇ ਐਚ ਏ ਡੀ ਸੀ ਦੀ ਤਹਿਤ ਚੱਲ ਰਹੇ ਸਾਰੇ ਕੰਮਾਂ ਦੀ ਸਮੀਖਿਆ ਕੀਤੀ ਅਤੇ ਬੋਰਡ ਦੇ ਮੈਂਬਰਾਂ ਵੱਲੋਂ ਚੁੱਕੇ ਗਏ ਵੱਖ-ਵੱਖ ਮੁੱਦਿਆਂ 'ਤੇ ਵਿਸਥਾਰ ਨਾਲ ਚਰਚਾ ਕਰ ਵਿਕਾਸਾਤਮਕ ਕੰਮਾਂ ਵਿੱਚ ਤੇਜ਼ੀ ਲਿਆਉਣ ਦੇ ਨਿਰਦੇਸ਼ ਦਿੱਤੇ।ਉਨ੍ਹਾਂ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੇ ਮਾਰਗਦਰਸ਼ਨ ਵਿੱਚ ਅਤੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੀ ਅਗਵਾਈ ਹੇਠ ਸਿਵਲ ਏਵੀਏਸ਼ਨ ਵਿਭਾਗ ਅਤੇ ਐਚਏਡੀਸੀ ਦਾ ਪ੍ਰਮੁੱਖ ਉਦੇਸ਼ ਹਰਿਆਣਾ ਵਿੱਚ ਹਵਾਈ ਸੇਵਾਵਾਂ ਨੂੰ ਪ੍ਰੋਤਸਾਹਨ ਦੇਣਾ ਅਤੇ ਹਰਿਆਣਾ ਨੂੰ ਏਵੀਏਸ਼ਨ ਹੱਬ ਵਜੋਂ ਵਿਕਸਿਤ ਕਰਨਾ ਹੈ।ਉਨ੍ਹਾਂ ਨੇ ਕਿਹਾ ਕਿ ਹਰਿਆਣਾ ਲਗਾਤਾਰ ਵਿਕਾਸ ਦੇ ਪੱਥ 'ਤੇ ਅੱਗੇ ਵੱਧ ਰਿਹਾ ਹੈ। ਮੀਟਿੰਗ ਵਿੱਚ ਕੈਬਨਿਟ ਮੰਤਰੀ ਵਿਪੁਲ ਗੋਇਲ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੇ ਪ੍ਰੋਜੈਕਟ ਉਡਾਣ ਯੋਜਨਾ ਦਾ ਹਰਿਆਣਾ ਵਿੱਚ ਪ੍ਰਭਾਵੀ ਲਾਗੂ ਕਰਨਾ ਸਾਡੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੇ ਨੋਨ-ਸਟਾਪ ਵਿਕਾਸ ਮੁਹਿੰਮ ਨੂੰ ਉਡਾਣ ਦੇਣਾ ਹੈ।ਇਸ ਦੇ ਲਈ ਸਾਨੂੰ ਹਵਾਈ ਕਨੈਕਟੀਵਿਟੀ ਨੂੰ ਮਜਬੂਤ ਕਰਨਾ ਹੋਵੇਗਾ ਅਤੇ ਇਸ ਨੂੰ ਆਪਣੀ ਸਮੂਹਿਕ ਜਿਮੇਵਾਰੀ ਮੰਨ ਕੇ ਤੇਜੀ ਨਾਲ ਕੰਮ ਕਰਨਾ ਹੋਵੇਗਾ।

# ਸੀ ਟੀ ਗਰੁੱਪ ਨੇ ਬਾਰਸ਼ ਤੋਂ ਬਚਾਅ ਲਈ ਪੁਲਸ ਮੁਲਾਜ਼ਮਾਂ ਨੂੰ ਰੇਨਕੋਟ ਵੰਡੇ

**ਜਲੰਧਰ (ਸ਼ੈਲੀ ਐਲਬਰਟ)** ਜਨਤਕ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਹਰ ਮੌਸਮ ਵਿੱਚ ਡਟ ਕੇ ਡਿਊਟੀ ਨਿਭਾਉਣ ਵਾਲੇ ਫਰੰਟਲਾਈਨ ਯੋਧਿਆਂ ਦੇ ਸਮਰਥਨ ਵਿੱਚ, ਸੀ.ਟੀ. ਗਰੁੱਪ ਆਫ਼ ਇੰਸਟੀਚਿਊਸ਼ਨਜ਼ ਨੇ ਜਲੰਧਰ ਦੇ ਕੁਝ ਵਿਅਸਤ ਚੌਕਾਂ 'ਤੇ ਤੈਨਾਤ ਪੁਲਸ ਕਰਮਚਾਰੀਆਂ ਲਈ ਰੇਨਕੋਟ ਵੰਡੋ ਅਭਿਆਨ ਦਾ ਆਯੋਜਨ ਕੀਤਾ।ਟ੍ਰੈਫਿਕ ਅਤੇ ਡਿਊਟੀ ਅਧਿਕਾਰੀਆਂ ਨੂੰ ਬੀ.ਐੱਮ.ਸੀ. ਚੌਂਕ, ਗੁਰੂ ਨਾਨਕ ਮਿਸ਼ਨ ਚੌਂਕ, ਅਪੀ ਜੇ ਚੌਂਕ, ਬੀ.ਐੱਸ.ਐੱਫ. ਚੌਂਕ ਅਤੇ ਪੀ.ਏ.ਪੀ. ਚੌਂਕ ਵਰਗੇ ਥਾਵਾਂ 'ਤੇ ਰੇਨਕੋਟ ਵੰਡੇ ਗਏ, ਜੋ ਆਪਣੇ ਭਾਰੀ ਵਾਹਨ ਅਤੇ ਪੈਦਲ ਆਵਾਜਾਈ ਲਈ ਜਾਣੇ ਜਾਂਦੇ ਹਨ। ਇਹ ਪਹਿਲ ਮੌਨਸੂਨ ਦੇ ਮੌਸਮ ਵਿੱਚ ਖਾਸ ਕਰਕੇ ਪੁਲਸ ਵਿਭਾਗ ਦੀ ਸਮਰਪਣ ਅਤੇ ਚੌਵੀ ਘੰਟੇ ਦੀ ਸੇਵਾ ਨੂੰ ਸਰਾਹਣ ਲਈ ਕੀਤੀ ਗਈ। ਪੁਲਸ ਕਰਮਚਾਰੀਆਂ ਨੂੰ ਅਕਸਰ ਢੁਕਵੀਂ ਬਾਰਸ਼ ਸੁਰੱਖਿਆ ਤੋਂ ਬਿਨਾਂ ਮੁਸ਼ਕਲ ਮੌਸਮ ਵਿੱਚ ਆਪਣੀ ਡਿਊਟੀ ਨਿਭਾਉਣੀ ਪੈਂਦੀ ਹੈ। ਸੀ.ਟੀ. ਗਰੁੱਪ ਦੇ ਇਸ ਜਤਨ ਦੀ ਡਿਊਟੀ 'ਤੇ ਤੈਨਾਤ ਅਧਿਕਾਰੀਆਂ ਨੇ ਸ਼ਲਾਘਾ ਕੀਤੀ ਅਤੇ ਇਸ ਸਮੇਂ-ਅਨੁਕੂਲ ਅਤੇ ਲਾਹੇਵੰਦ ਸਹਾਇਤਾ ਲਈ ਧੰਨਵਾਦ ਵੀ ਦਿੱਤਾ।ਸੀ.ਟੀ. ਗਰੁੱਪ ਦੇ ਮੈਨੇਜਿੰਗ ਡਾਇਰੈਕਟਰ ਡਾ. ਮਨਬੀਰ ਸਿੰਘ ਨੇ ਕਿਹਾ, 'ਇਹ ਛੋਟਾ ਜਿਹਾ ਯੋਗਦਾਨ ਸਾਡੇ ਪੁਲਿਸ ਬਲ ਦੀ ਅਥਕ ਸੇਵਾ ਲਈ ਸਨਮਾਨ ਅਤੇ ਧੰਨਵਾਦ ਦਾ ਪ੍ਰਤੀਕ ਹੈ। ਬਾਰਸ਼ ਹੋਵੇ ਜਾਂ ਧੁੱਪ, ਉਹ ਹਮੇਸ਼ਾ ਡਿਊਟੀ 'ਤੇ ਤੈਨਾਤ ਰਹਿੰਦੇ ਹਨ ਅਤੇ ਅਸੀਂ ਮੰਨਦੇ ਹਾਂ ਕਿ ਉਹਨਾਂ ਦਾ ਸਾਥ ਦੇਣਾ ਸਾਡਾ ਫਰਜ਼ ਹੈ।' ਇਸ ਅਭਿਆਨ ਦੀ ਸਫਲਤਾ ਡਾ. ਅਰਜਨ ਸਿੰਘ (ਡੀਨ, ਵਿਦਿਆਰਥੀ ਕਲਿਆਣ), ਕੋਸ਼ਲ ਗੌਤਮ (ਪੀ.ਆਰ.ਓ., ਸੀ.ਟੀ. ਗਰੁੱਪ) ਅਤੇ ਸਰਵੇਸ਼ (ਸੱਭਿਆਚਾਰਕ ਕੋਆਰਡੀਨੇਟਰ) ਦੇ ਸਹਿਯੋਗ ਅਤੇ ਤਾਲਮੇਲ ਨਾਲ ਸੰਭਵ ਹੋਈ, ਜਿਨ੍ਹਾਂ ਨੇ ਸਥਾਨੀ ਪੁਲਸ ਟੀਮਾਂ ਨਾਲ ਨਿਰਵਿਘਨ ਸਹਿਯੋਗ ਸੁਨਿਸ਼ਚਿਤ ਕੀਤਾ। ਸਮਾਜਿਕ ਜ਼ਿੰਮੇਵਾਰੀ ਦੇ ਪ੍ਰਤੀ ਆਪਣੀ ਨਿਰੰਤਰ ਪ੍ਰਤੀਬੱਧਤਾ ਦੇ ਤਹਿਤ, ਸੀ.ਟੀ. ਗਰੁੱਪ ਸਮੇਂ-ਸਮੇਂ 'ਤੇ ਖੂਨਦਾਨ ਸ਼ਿਵਿਰ, ਸਿਹਤ ਜਾਗਰੂਕਤਾ ਅਭਿਆਨ, ਰੁੱਖ ਲਗਾਉਣ ਦੇ ਮੁਹਿੰਮਾਂ ਅਤੇ ਫਰੰਟਲਾਈਨ ਕਰਮਚਾਰੀਆਂ ਦੇ ਸਮਰਥਨ ਵਰਗੇ ਪ੍ਰਭਾਵਸ਼ਾਲੀ ਸਮਾਜਿਕ ਪਹਿਲਕਦਮੀਆਂ ਵਿੱਚ ਸ਼ਾਮਲ ਹੁੰਦਾ ਹੈ। ਰੇਨਕੋਟ ਵੰਡੋ ਸੰਸਥਾ ਦੀ ਹਮਦਰਦੀ, ਸੇਵਾ ਅਤੇ ਸਮਾਜਿਕ ਪ੍ਰਭਾਵ ਦੇ ਡੂੰਘੇ ਮੁੱਲਾਂ ਦਾ ਇੱਕ ਹੋਰ ਪ੍ਰਤੀਬਿੰਬ ਹੈ।



# ਪੰਜਾਬ ਮੰਡੀ ਬੋਰਡ ਵੱਲੋਂ ਢਾਹਾਂ ਕਲੇਰਾਂ ਵਿਖੇ ਲਿੰਕ ਸੜਕ ਦੇ ਨਿਰਮਾਣ ਦੀ ਆਰੰਭਤਾ

**ਬੰਗਾ (ਅਵਤਾਰ ਕਲੇਰ)** ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਦੀ ਗਤੀਸ਼ੀਲ ਵਿਕਾਸ ਅਗਵਾਈ ਵਿੱਚ ਅਤੇ ਹਰਚੰਦ ਸਿੰਘ ਬਰਸਟ ਚੇਅਰਮੈਨ ਪੰਜਾਬ ਮੰਡੀ ਬੋਰਡ ਦੇ ਉੱਦਮਾਂ ਨਾਲ ਪੰਜਾਬ ਦੀਆਂ ਮੰਡੀਆਂ ਅਤੇ ਪੇਂਡੂ ਖੇਤਰਾਂ ਦਾ ਵਿਕਾਸ ਜ਼ੋਰਾਂ ਨਾਲ ਹੋ ਰਿਹਾ ਹੈ । ਇਹਨਾਂ ਵਿਕਾਸ ਕਾਰਜਾਂ ਦੀ ਲੜੀ ਤਹਿਤ ਬਰਸਟ ਦੇ ਉਚੇਚੇ ਯਤਨਾਂ ਸਦਕਾ ਢਾਹਾਂ ਕਲੇਰਾਂ ਵਿਖੇ ਨੈਸ਼ਨਲ ਹਾਈਵੇ ਬੰਗਾ-ਫਗਵਾੜਾ ਸੜਕ ਤੋਂ ਪਿੰਡ ਕਲੇਰਾਂ ਨੂੰ ਜਾਂਦੀ ਸੜਕ ਤੋਂ ਪਿੰਡ ਬਾਹੜੋਵਾਲ, ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਅਤੇ ਸ਼ਮਸ਼ਾਨ ਘਾਟ ਢਾਹਾਂ ਨੂੰ ਜਾਂਦੀਆਂ ਲਿੰਕ ਸੜਕਾਂ ਦੇ ਨਿਰਮਾਣ ਕਾਰਜ ਦੀ ਆਰੰਭਤਾ ਅਰਦਾਸ ਉਪਰੰਤ ਹੋਈ। ਆਧੁਨਿਕ ਤਕਨੀਕ ਨਾਲ ਬਣਨ ਵਾਲੀ ਕੰਟਰੀਟ ਦੀ ਇਸ ਸੜਕ 'ਤੇ 40 ਲੱਖ ਰੁਪਏ ਦੀ ਲਾਗਤ ਆਵੇਗੀ । ਚੇਅਰਮੈਨ ਬਰਸਟ ਦੇ ਫੋਨ ਸੁਨੇਹੇ ਅਨੁਸਾਰ ਇਹ ਆਧੁਨਿਕ ਲਿੰਕ ਸੜਕ ਰਿਕਾਰਡ ਸਮੇਂ ਵਿੱਚ ਤਿਆਰ ਕੀਤੀ ਜਾਵੇਗੀ ਅਤੇ ਇਸ ਦੇ ਨਵੀਂ ਬਣਨ ਨਾਲ ਸੀਨੀਅਰ ਸੈਕੰਡਰੀ ਸਕੂਲ ਦੇ ਵਿਦਿਆਰਥੀਆਂ, ਹਸਪਤਾਲ ਢਾਹਾਂ ਕਲੇਰਾਂ ਨੂੰ ਆਣ ਵਾਲੇ ਮਰੀਜ਼ਾਂ ਨੂੰ ਅਤੇ ਇਲਾਕੇ ਦੇ ਲੋਕਾਂ ਨੂੰ ਆਵਾਜਾਈ ਵਿਚ ਵੱਡੀ ਸਹੂਲਤ ਮਿਲੇਗੀ। ਕੁਲਵਿੰਦਰ ਸਿੰਘ ਢਾਹਾਂ ਪ੍ਰਧਾਨ ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਨੇ ਪੰਜਾਬ ਸਰਕਾਰ ਅਤੇ ਚੇਅਰਮੈਨ ਹਰਚੰਦ ਸਿੰਘ ਬਰਸਟ ਦਾ ਢਾਹਾਂ ਕਲੇਰਾਂ ਵਿਖੇ ਲਿੰਕ ਰੋਡ ਦੇ ਨਿਰਮਾਣ ਦੇ ਸ਼ੁੱਭ ਕਾਰਜ ਦੀ ਆਰੰਭਤਾ ਕਰਵਾਉਣ ਲਈ ਹਾਰਦਿਕ ਧੰਨਵਾਦ ਕੀਤਾ । ਇਸ ਮੌਕੇ ਪ੍ਰੋ: ਹਰਬੰਸ ਸਿੰਘ ਬੋਲੀਨਾ ਡਾਇਰੈਕਟਰ ਸਿੱਖਿਆ ਗੁਰੂ ਨਾਨਕ ਮਿਸ਼ਨ ਪਬਲਿਕ ਸੀ.ਸੈ. ਸਕੂਲ ਢਾਹਾਂ ਕਲੇਰਾਂ, ਗੌਰਵ ਭੱਟੀ ਕਾਰਜਕਾਰੀ ਇੰਜੀਨੀਅਰ, ਸੰਦੀਪ ਜੱਸੀ ਐਸ.ਡੀ.ਓ., ਚਰਨਜੀਤ ਸਿੰਘ ਜੇ.ਈ., ਮਹਿੰਦਰਪਾਲ ਸਿੰਘ, ਇੰਜੀ: ਭੁਪਿੰਦਰ ਸਿੰਘ, ਰੋਡ ਇੰਜੀ: ਸੰਦੀਪ ਕੁਮਾਰ, ਗੁਰਮੱਖ ਸਿੰਘ ਅਤੇ ਹੋਰ ਪਤਵੰਤੇ ਸੱਜਣ ਵੀ ਹਾਜ਼ਰ ਸਨ।



# ਕੌਮਾਂਤਰੀ ਨਸ਼ਾ ਰੋਕਥਾਮ ਦਿਵਸ ਸਮਾਗਮ ਕਰਵਾਇਆ




**ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਗੁਰਜੀਤ ਬਿੱਲਾ)**- ਕੌਮਾਂਤਰੀ ਨਸ਼ਾ ਰੋਕਥਾਮ ਦਿਵਸ ਸਮਾਗਮ, ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ ਵੱਲੋਂ ਬਹੁਮੰਤਵੀ ਖੇਡ ਸਟੇਡੀਅਮ, ਸੈਕਟਰ-78 ਵਿਖੇ ਮਨਾਇਆ ਗਿਆ। ਇਸ ਸਮਾਗਮ ਵਿੱਚ ਡਿਪਟੀ ਕਮਿਸ਼ਨਰ ਸ੍ਰੀਮਤੀ ਕੋਮਲ ਮਿੱਤਲ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।ਡਿਪਟੀ ਕਮਿਸ਼ਨਰ ਨੇ ਅਪੀਲ ਕਰਦਿਆਂ ਕਿਹਾ ਕਿ ਨਸ਼ਿਆਂ ਦੀ ਦਲਦਲ ਵਿੱਚ ਫਸੇ ਵਿਅਕਤੀਆਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਸਬੰਧੀ ਜਾਣੂ ਕਰਵਾਉਣ ਲਈ ਨਿਰੰਤਰ ਉਪਰਾਲੇ ਕੀਤੇ ਜਾਣ। ਉਨ੍ਹਾਂ ਕਿਹਾ ਨਸ਼ਾ ਪੀੜਤਾਂ ਦਾ ਇਲਾਜ ਸੰਭਵ ਹੈ ਅਤੇ ਅਜਿਹੇ ਲੋਕਾਂ ਨੂੰ ਸਰਕਾਰੀ ਨਸ਼ਾ ਮੁਕਤੀ ਕੇਂਦਰਾਂ ਵਿੱਚ ਦਾਖਲ ਕਰਵਾਉਣ ਤੇ ਉਚਿਤ ਇਲਾਜ ਕਰਵਾਉਣ ਲਈ ਸਰਕਾਰ ਵੱਲੋਂ ਵਿਆਪਕ ਪੱਧਰ 'ਤੇ ਮੁਹਿੰਮ ਚਲਾਈ ਜਾ ਰਹੀ ਹੈ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਨੂੰ ਸਫਲਤਾ ਦਾ ਜਾਮਾ ਪਹਿਨਾਉਣ ਵਿੱਚ ਹਰੇਕ ਨਾਗਰਿਕ ਦਾ ਸਰਗਰਮ ਸਹਿਯੋਗ ਜਰੂਰੀ ਹੈ।ਡਿਪਟੀ ਕਮਿਸ਼ਨਰ ਨੇ ਬੱਚਿਆਂ ਨੂੰ ਖੇਡਾਂ ਨਾਲ ਜੁੜਨ ਦਾ ਸੱਦਾ ਦਿੱਤਾ। ਉਹਨਾਂ ਕਿਹਾ ਕਿ ਨਸ਼ਿਆਂ ਤੋਂ ਦੂਰ ਰਹਿ ਕੇ ਇੱਕ ਚੰਗੇ ਨਾਗਰਿਕ ਵੱਜੋ ਆਪਣਾ ਜੀਵਨ ਬਤੀਤ ਕਰਨਾ ਚਾਹੀਦਾ ਹੈ ਅਤੇ ਸਮਾਜ ਸੇਵਾ ਵਿੱਚ ਵਡਮੁੱਲਾ ਯੋਗਦਾਨ ਪਾਉਣਾ ਚਾਹੀਦਾ ਹੈ।

# ਪੰਜਾਬ ਸਰਕਾਰ ਵਿਸ਼ਵ ਪੱਧਰੀ ਨਾਗਰਿਕ ਸਹੂਲਤਾਂ ਪ੍ਰਦਾਨ ਕਰਨ ਲਈ ਦ੍ਰਿੜ੍ਹ ਸੰਕਲਪ : ਡਾ. ਰਵਜੋਤ ਸਿੰਘ

**ਚੰਡੀਗੜ੍ਹ (ਹਰਨਾਮ ਸਿੰਘ ਡੱਲਾ)**- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸ਼ਹਿਰੀ ਨਿਵਾਸੀਆਂ ਨੂੰ ਵਿਸ਼ਵ ਪੱਧਰੀ ਸਹੂਲਤਾਂ ਪ੍ਰਦਾਨ ਕਰਨ ਲਈ ਦ੍ਰਿੜ੍ਹ ਸੰਕਲਪ ਹੈ, ਇਸੇ ਲੜੀ ਤਹਿਤ ਪੰਜਾਬ ਦੇ ਸ਼ਹਿਰਾਂ ਦਾ ਸੁੰਦਰੀਕਰਨ ਕਰਨ 'ਤੇ ਵਿਸ਼ੇਸ਼ ਜ਼ੋਰ ਦਿੱਤਾ ਜਾ ਰਿਹਾ ਹੈ। ਇਹ ਪ੍ਰਗਟਾਵਾ ਪੰਜਾਬ ਦੇ ਸਥਾਨਕ ਸਰਕਾਰਾਂ ਮੰਤਰੀ ਡਾ. ਰਵਜੋਤ ਸਿੰਘ ਨੇ ਇੱਥੇ ਸੀਨੀਅਰ ਵਿਭਾਗੀ ਅਧਿਕਾਰੀਆਂ ਅਤੇ ਜ਼ਿਲ੍ਹਾ ਐਸ.ਏ.ਐਸ ਨਗਰ (ਮੁਹਾਲੀ) ਦੇ ਅਧਿਕਾਰੀਆਂ, ਕਾਰਜ ਸਾਧਕ ਅਫਸਰਾਂ ਨਾਲ ਮੀਟਿੰਗ ਦੌਰਾਨ ਕੀਤਾ। ਉਨ੍ਹਾਂ ਪੰਜਾਬ ਦੇ ਸ਼ਹਿਰਾਂ ਨੂੰ ਸਾਫ-ਸੁਥਰਾ ਤੇ ਸੁੰਦਰ ਬਣਾਉਣ ਦਾ ਸੰਕਲਪ ਲੈਂਦਿਆਂ ਕਿਹਾ ਕਿ ਐਸ.ਏ.ਐਸ ਨਗਰ (ਮੁਹਾਲੀ) ਦੀਆਂ ਸ਼ਹਿਰੀ ਸਥਾਨਕ ਇਕਾਈਆਂ ਨਗਰ ਕੌਂਸਲ ਖਰੜ, ਡੇਰਾਬਸੀ, ਰਾਜਪੁਰਾ, ਬਨੂੜ, ਜ਼ੀਰਕਪੁਰ, ਲਾਲੜੂ, ਨਵਾਂ ਗਾਓਂ, ਘੜੂੰਆਂ ਅਤੇ ਕੁਰਾਲੀ ਨੂੰ ਸਾਫ-ਸੁਥਰਾ ਅਤੇ ਸੁੰਦਰ ਬਣਾਇਆ ਜਾਵੇਗਾ। ਵਿਭਾਗੀ ਅਧਿਕਾਰੀਆਂ ਨੂੰ ਸ਼ਹਿਰੀ ਵਿਕਾਸ ਦੇ ਕਾਰਜਾਂ ਨੂੰ ਯੋਜਨਾਬੱਧ ਢੰਗ ਨਾਲ ਨੇਪਰੇ ਚਾੜ੍ਹਨ ਦੀ ਹਦਾਇਤ ਦਿੰਦਿਆਂ ਮੰਤਰੀ ਨੇ ਕਿਹਾ ਕਿ ਮੁਹਾਲੀ ਦੀਆਂ ਸ਼ਹਿਰੀ ਸਥਾਨਕ ਇਕਾਈਆਂ ਵਿਖੇ ਲੈਂਡ ਸਕੇਪਿੰਗ, ਸੜਕਾਂ ਦਾ ਵਿਕਾਸ, ਮੁਹਾਲੀ ਸ਼ਹਿਰ ਅਧੀਨ ਅ ਆਉਂਦੇ ਪਿੰਡਾਂ ਦਾ ਸੁੰਦਰੀਕਰਨ, ਸ਼ਹਿਰੀ ਨਾਗਰਿਕਾਂ ਦੀਆਂ ਸਹੂਲਤਾਂ ਦੇ ਕਾਰਜ, ਸ਼ਹਿਰਾਂ 'ਚ ਉਸਾਰੀਆਂ ਜਾ ਰਹੀਆਂ ਇਮਾਰਤਾਂ ਨੂੰ ਸੁਰੱਖਿਆ ਦੇ ਨਿਯਮਾਂ ਤਹਿਤ ਉਸਾਰਨਾ ਯਕੀਨੀ ਬਣਾਇਆ ਜਾਵੇ। ਡਾ. ਰਵਜੋਤ ਸਿੰਘ ਨੇ ਪ੍ਰਗਤੀ ਅਧੀਨ ਵਿਕਾਸ ਕਾਰਜਾਂ ਦੀ ਜਾਣਕਾਰੀ ਹਾਸਲ ਕਰਨ ਮਗਰੋਂ ਕਿਹਾ ਕਿ ਇਹ ਵਿਕਾਸ ਕਾਰਜ ਨਿਰਧਾਰਤ ਸਮੇਂ-ਸੀਮਾ ਅੰਦਰ ਮੁਕੰਮਲ ਕੀਤੇ ਜਾਣ। ਇਸ ਮੀਟਿੰਗ ਵਿੱਚ ਵਧੀਕ ਮੁੱਖ ਸਕੱਤਰ ਤੇਜਵੀਰ ਸਿੰਘ, ਸੀ.ਈ.ਓ. ਪੀ.ਐਮ. ਆਈ. ਡੀ. ਸੀ. ਦੀਪਤੀ ਉੱਪਲ, ਸੰਯੁਕਤ ਡਾਇਰੈਕਟਰ ਸਥਾਨਕ ਸਰਕਾਰ ਜਗਦੀਪ ਸਹਿਗਲ, ਕਮਿਸ਼ਨਰ ਨਗਰ ਨਿਗਮ ਮੁਹਾਲੀ ਪਰਮਿੰਦਰ ਪਾਲ ਸਿੰਘ, ਏ.ਡੀ.ਸੀ. ਸ਼ਹਿਰੀ ਵਿਕਾਸ ਅਨਮੋਲ ਸਿੰਘ ਧਾਲੀਵਾਲ, ਚੀਫ ਇੰਜੀਨੀਅਰ ਨਰੇਸ਼ ਬੱਤਾ ਅਤੇ ਨਗਰ ਕੌਂਸਲ ਖਰੜ, ਡੇਰਾਬਸੀ, ਰਾਜਪੁਰਾ, ਬਨੂੜ, ਜ਼ੀਰਕਪੁਰ, ਲਾਲੜੂ, ਨਵਾਂ ਗਾਓਂ, ਘੜੂੰਆਂ ਅਤੇ ਕੁਰਾਲੀ ਦੇ ਕਾਰਜ ਸਾਧਕ ਅਫਸਰ ਹਾਜ਼ਰ ਸਨ।



# ਬਸਪਾ ਨੇ ਮੋਦੀ ਤੇ ਮਾਨ ਸਰਕਾਰ ਦਾ ਪੁਤਲਾ ਫੂਕਿਆ

**ਮਾਹਿਲਪੁਰ (ਸਫ਼ਰੀ)**- ਮਾਹਿਲਪੁਰ ਦੇ ਮੇਨ ਚੌਕ ਵਿੱਚ ਬਸਪਾ ਨੇ ਪੰਜਾਬ ਸੰਭਾਲੋ ਮੁਹਿੰਮ ਤਹਿਤ ਰੋਸ ਰੈਲੀ ਕੱਢੀ । ਜਿਸ ਦੌਰਾਨ ਕੇਂਦਰ ਦੀ ਮੋਦੀ ਸਰਕਾਰ ਅਤੇ ਪੰਜਾਬ ਦੀ ਭਗਵੰਤ ਮਾਨ ਸਰਕਾਰ ਦੇ ਪੁਤਲੇ ਫੂਕੇ। ਵਰਕਰਾਂ ਨੇ ਕੇਂਦਰ ਸਰਕਾਰ ਮੁਰਦਾਬਾਦ ਅਤੇ ਪੰਜਾਬ ਸਰਕਾਰ ਮੁਰਦਾਬਾਦ ਦੇ ਜੰਮ ਕੇ ਨਾਅਰੇਬਾਜ਼ੀ ਕੀਤੀ। ਚੌਂਕ ਵਿੱਚ ਇੱਕਠ ਨੂੰ ਸੰਬੋਧਨ ਕਰਦਿਆਂ ਵਿਧਾਨ ਸਭਾ ਹਲਕਾ ਗੜ੍ਹਸ਼ੰਕਰ ਦੇ ਇੰਚਾਰਜ ਬਖਸ਼ੀਸ਼ ਭੀਮ, ਵਿਧਾਨ ਸਭਾ ਹਲਕਾ ਗੜ੍ਹਸ਼ੰਕਰ ਦੇ ਪ੍ਰਧਾਨ ਮਾ. ਮਲਕੀਅਤ ਸਿੰਘ,ਮਾ. ਧਰਮ ਸਿੰਘ, ਰਛਪਾਲ ਸਿੰਘ ਲਾਲੀ ਭਾਰਟਾ ਸੰਮਤੀ ਮੈਂਬਰ, ਹੈਡਮਾਸਟਰ ਜੁਗਿੰਦਰ ਸਿੰਘ,ਚਮਨ ਲਾਲ ਟੂਟੋ ਮਾਜਾਰਾ ਅਤੇ ਮਨੋਹਰ ਸਿੰਘ ਨੇ ਕਿਹਾ ਕਿ ਪੰਜਾਬ ਦੀ ਮਾਨ ਸਰਕਾਰ ਨਸ਼ਾ ਤਸਕਰਾਂ ਨੂੰ ਕਾਬੂ ਪਾਉਣ , ਬੇਰੁਜ਼ਗਾਰੀ ਖ਼ਤਮ ਕਰਨ, ਲੁੱਟਾਂ ਖੋਹਾਂ ਨੂੰ ਨੱਥ ਪਾਉਣ, ਅਤੇ ਪੰਜਾਬ ਵਿਚ ਅਮਨ ਸ਼ਾਂਤੀ ਬਰਕਰਾਰ ਰੱਖਣ ਵਿੱਚ ਪੂਰੀ ਤਰ੍ਹਾਂ ਅਸਫਲ ਰਹੀ ਹੈ। ਉਨ੍ਹਾਂ ਕਿਹਾ ਕਿ ਵੱਖ ਵੱਖ ਸਟੇਟਾਂ ਵਿਚ ਡਾਕਟਰ ਭੀਮ ਰਾਓ ਅੰਬੇਦਕਰ ਦੀਆਂ ਮੂਰਤੀਆਂ ਨਾਲ ਛੇੜਛਾੜ, ਪੰਜਾਬ ਵਿੱਚ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਅੰਗਾਂ ਦੀ ਬੇਅਬਦੀ, ਪੰਜਾਬ ਚ ਨਸ਼ਾ ਤਸਕਰਾਂ ਨੂੰ ਫੜਨ ਦੀ ਬਜਾਏ ਨਸ਼ਾ ਕਰਨ ਵਾਲਿਆਂ 'ਤੇ ਮਾਮਲੇ ਦਰਜ ਕਰਨੇ ਆਦਿ ਮਸਲਿਆਂ ਨੂੰ ਲੈ ਕੇ ਬਸਪਾ ਵਲੋਂ ਉਲੀਕੇ ਪ੍ਰੋਗਰਾਮ ਤਹਿਤ ਕੇਂਦਰ ਸਰਕਾਰ ਅਤੇ ਪੰਜਾਬ ਸਰਕਾਰ ਦੇ ਪੁਤਲੇ ਫੂਕ ਹਨ। ਉਨ੍ਹਾਂ ਕਿਹਾ ਪੰਜਾਬ ਸਰਕਾਰ ਗੱਲਾਂ ਦੇ ਕੜਾਹ ਬਣਾ ਰਹੀ ਹੈ। ਉਨ੍ਹਾਂ ਕਿਹਾ ਹਸਪਤਾਲਾਂ 'ਚ ਡਾਕਟਰ ਨਹੀਂ ਸਕੂਲਾਂ ਵਿਚ ਮਾਸਟਰ ਨਹੀਂ , ਜਿਹੜੇ ਮੁਲਾਜ਼ਮ ਆਪਣੇ ਹੱਕਾਂ ਲਈ ਰੈਲੀ ਕਰਦੇ ਉਨ੍ਹਾਂ ਦੀ ਛਿੱਤਰ ਪਰੇਡ ਕੀਤੀ ਜਾ ਰਹੀ ਹੈ । ਪੰਜਾਬ ਸਰਕਾਰ ਦੀਆਂ ਨੀਤੀਆਂ ਕਾਰਨ ਲੋਕ ਦੁੱਖੀ ਹਨ , ਉਨ੍ਹਾਂ ਕਿਹਾ 2027 ਵਿਚ ਲੋਕ ਇਨ੍ਹਾਂ ਦਾ ਬੋਰੀ ਬਿਸਤਰਾ ਗੋਲ ਕਰਕੇ ਘਰ ਨੂੰ ਤੋਰਨ ਲਈ ਕਾਹਲੇ ਹਨ। ਇਸ ਮੌਕੇ ਰਾਮ ਪਾਲ ਪੰਚ ਗਣੇਸ਼ ਪੁਰ, ਸੱਤਪਾਲ ਢਾਡਾ,ਚਮਨ ਲਾਲ ਟੂਟੋ ਮਾਜਾਰਾ ਸ਼ਹਿਰੀ ਪ੍ਰਧਾਨ ਬਸਪਾ, ਸਤਨਾਮ ਸਿੰਘ ਬਿੰਜੋ ਪੰਚ,ਹਰਭਜਨ ਸਿੰਘ,ਮੋਹਨ ਲਾਲ, ਬਲਵੀਰ ਸਿੰਘ,ਚੰਦਨ ਕੁਮਾਰ ਬਿੰਜੋ,ਗੁਰਪਾਲ ਸਿੰਘ,ਪਿੰਕੀ ਚਾਣਥੂ ਜੱਟਾਂ, ਚਰਨਜੀਤ ਸਿੰਘ ਸੰਮਤੀ ਮੈਂਬਰ,ਮਨੋਹਰ ਲਾਲ, ਕਸ਼ਮੀਰੀ ਸਿੰਘ, ਗੁਰਮੀਤ ਸਿੰਘ,ਤੀਰਥ ਸਿੰਘ, ਬਲਜੀਤ ਕੌਰ ਸਾਬਕਾ ਐਮ ਸੀ, ਬਨਾਰਸੀ ਦਾਸ ਓਂਕਾਰ ਸਿੰਘ, ਰਾਕੇਸ਼ ਕੁਮਾਰ, ਸਰਬਜੀਤ ਕੌਰ, ਬਲਵਿੰਦਰ ਕੌਰ,ਮਿੰਦਰ ਫੌਜੀ, ਬਲਵੀਰ ਸਿੰਘ ਸਰਪੰਚ ਨੰਗਲ, ਕੁਲਵੰਤ ਸਿੰਘ ਫੌਜੀ ਤੇ ਵੱਡੀ ਗਿਣਤੀ ਵਿਚ ਬਸਪਾ ਵਰਕਰ ਹਾਜ਼ਰ ਸਨ।



# 'ਹਰੇਕ ਸ਼ੁੱਕਰਵਾਰ ਡੇਂਗੂ 'ਤੇ ਵਾਰ' ਮੁਹਿੰਮ ਤਹਿਤ ਕੀਤੀ ਐਕਟੀਵਿਟੀ



**ਬਲਾਚੌਰ (ਜਸਵਿੰਦਰ ਬੈਂਸ)** ਸਿਵਲ ਸਰਜਨ ਸਹੀਦ ਭਗਤ ਸਿੰਘ ਨਗਰ ਡਾਕਟਰ ਗੁਰਿੰਦਰਜੀਤ ਸਿੰਘ ਅਤੇ ਐਪੀਡੀਮੋਲੋਜਿਸਟ ਡਾਕਟਰ ਰਕੇਸ ਪਾਲ ਦੇ ਦਿਸ਼ਾ ਨਿਰਦੇਸ਼ ਅਨੁਸਾਰ ਅਤੇ ਸੀਨੀਅਰ ਮੈਡੀਕਲ ਅਫਸਰ ਸੜੋਆ ਡਾਕਟਰ ਨਵਰੀਤ ਕੌਰ ਦੀ ਅਗਵਾਈ ਹੇਠ ਹਰੇਕ ਸ਼ੁਕਰਵਾਰ ਡੇਂਗੂ 'ਤੇ ਵਾਰ ਮੁਹਿੰਮ ਤਹਿਤ ਪਿੰਡ ਝੰਡੂਪੁਰ ਵਿਖੇ ਐਕਟੀਵਿਟੀ ਕੀਤੀ ਗਈ, ਇਸ ਦੌਰਾਨ ਸਿਹਤ ਵਿਭਾਗ ਦੇ ਕਰਮਚਾਰੀ ਕਰਾਂਤੀ ਪਾਲ ਸਿੰਘ ਰੌੜੀ ਵੱਲੋਂ ਦੱਸਿਆ ਕਿ ਡੇਂਗੂ ਇੱਕ ਵਾਇਰਲ ਬੁਖ਼ਾਰ ਹੈ ਜੋ ਕਿ ਮਾਦਾ ਏਡੀਜ਼ ਨਾ ਦੇ ਮੱਛਰ ਦੇ ਕੱਟਣ ਨਾਲ ਪੈਦਾ ਹੁੰਦਾ ਹੈ ਇਹ ਸਾਫ ਖੜ੍ਹੇ ਪਾਣੀ ਵਿਚ ਪੈਦਾ ਹੁੰਦਾ ਹੈ ਤੇਜ ਸਿਰ ਦਰਦ ਬੁਖਾਰ ਹੋਣਾ ਮਾਸਪੇਸ਼ੀਆਂ ਅਤੇ ਜੋੜਾਂ 'ਚ ਦਰਦ ਹੋਣਾ ਉਲਟੀਆਂ ਲੱਗਣਾ ਨੱਕ ਮੂੰਹ ਅਤੇ ਮਸੂੜਿਆਂ 'ਚੋਂ ਖੂਨ ਵਗਣਾ ਡੇਂਗੂ ਦੇ ਲੱਛਣ ਹੋ ਸਕਦੇ ਹਨ ਇਸ ਤੋਂ ਬਚਾਓ ਲਈ ਅਪਣੇ ਆਲੇ ਦੁਆਲੇ ਸਾਫ ਸਫਾਈ ਦਾ ਖਾਸ ਖਿਆਲ ਰੱਖਿਆ ਜਾਵੇ। ਡੇਂਗੂ ਦਾ ਟੈਸਟ ਅਤੇ ਇਲਾਜ ਸਾਰੇ ਸਰਕਾਰੀ ਹਸਪਤਾਲਾਂ ਵਿੱਚ ਫਰੀ ਕੀਤਾ ਜਾਂਦਾ ਹੈ ਅਗਰ ਕਿਸੇ ਨੂੰ ਸਿਹਤ ਸਬੰਧੀ ਕੋਈ ਮੁਸ਼ਕਲ ਆਵੇ ਤਾਂ ਨੇੜੇ ਦੇ ਸਿਹਤ ਕੇਂਦਰ ਨਾਲ ਸੰਪਰਕ ਕਰੇ । ਇਸ ਮੌਕੇ ਸਿਹਤ ਵਿਭਾਗ ਵੱਲੋਂ ਕਰਾਂਤੀ ਪਾਲ ਸਿੰਘ ਰੌੜੀ, ਜਸਵਿੰਦਰ ਕੌਰ, ਦਰਸ਼ਨਾਂ ਦੇਵੀ, ਸਰਪੰਚ ਮਨਜੀਤ ਕੌਰ, ਆਸ਼ਾ ਵਰਕਰ ਅਤੇ ਪਿੰਡ ਵਾਸੀ ਹਾਜ਼ ਸਨ।

# ਸਰਕਾਰ ਵਪਾਰੀਆਂ ਦੀਆਂ ਸਮੱਸਿਆਵਾਂ ਹੱਲ ਕਰਨ ਲਈ ਵਚਨਬੱਧ : ਅਨਿਲ ਠਾਕੁਰ

**ਹੁਸ਼ਿਆਰਪੁਰ (ਓ ਪੀ ਰਾਣਾ, ਬਲਵੀਰ ਸਿੰਘ ਸੈਣੀ)** ਪੰਜਾਬ ਵਪਾਰ ਕਮਿਸ਼ਨ, ਆਬਕਾਰੀ ਅਤੇ ਕਰ ਵਿਭਾਗ ਦੇ ਚੇਅਰਮੈਨ ਅਨਿਲ ਠਾਕੁਰ ਨੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਹੁਸ਼ਿਆਰਪੁਰ ਜ਼ਿਲ੍ਹੇ ਦੇ ਵੱਖ-ਵੱਖ ਵਪਾਰਕ ਸੰਗਠਨਾਂ ਅਤੇ ਵਪਾਰਕ ਐਸੋਸੀਏਸ਼ਨਾਂ ਦੇ ਨੁਮਾਇੰਦਿਆਂ ਨਾਲ ਇੱਕ ਮਹੱਤਵਪੂਰਨ ਮੀਟਿੰਗ ਕੀਤੀ। ਮੀਟਿੰਗ ਦੀ ਸ਼ੁਰੂਆਤ ਵਿੱਚ ਸਹਾਇਕ ਟੈਕਸ ਕਮਿਸ਼ਨਰ ਪਰਮਜੀਤ ਸਿੰਘ ਅਤੇ ਵਪਾਰ ਮੰਡਲ ਹੁਸ਼ਿਆਰਪੁਰ ਦੇ ਪ੍ਰਧਾਨ ਗੋਪੀ ਚੰਦ ਕਪੂਰ ਨੇ ਚੇਅਰਮੈਨ ਦਾ ਸਵਾਗਤ ਕੀਤਾ।ਮੀਟਿੰਗ ਨੂੰ ਸੰਬੋਧਨ ਕਰਦਿਆਂ ਚੇਅਰਮੈਨ ਅਨਿਲ ਠਾਕੁਰ ਨੇ ਕਿਹਾ ਕਿ ਵਪਾਰੀਆਂ ਦੀ ਲੰਬੇ ਸਮੇਂ ਤੋਂ ਚੱਲੀ ਆ ਰਹੀ ਮੰਗ ਅਨੁਸਾਰ, ਉਨ੍ਹਾਂ ਨੇ ਸਾਲ 2017-18 ਦੀ ਪਹਿਲੀ ਤਿਮਾਹੀ ਦੇ ਬਕਾਇਆ ਟੈਕਸ ਬਕਾਏ ਦੇ ਮਾਮਲਿਆਂ ਦੇ ਹੱਲ ਲਈ ਓਟੀਐਸ (ਵਨ ਟਾਈਮ ਸੈਟਲਮੈਂਟ) ਸਕੀਮ ਲਾਗੂ ਕਰਨ ਲਈ ਵਿੱਤ ਮੰਤਰੀ, ਪੰਜਾਬ ਨੂੰ ਸਿਫਾਰਸ਼ ਭੇਜੀ ਹੈ ਅਤੇ ਇਹ ਸਕੀਮ ਜਲਦੀ ਹੀ ਲਾਗੂ ਕਰ ਦਿੱਤੀ ਜਾਵੇਗੀ।ਚੇਅਰਮੈਨ ਵੱਲੋਂ ਵਪਾਰੀਆਂ ਅਤੇ ਉਦਯੋਗਿਕ ਇਕਾਈਆਂ ਦੇ ਨੁਮਾਇੰਦਿਆਂ ਦੀਆਂ ਸਮੱਸਿਆਵਾਂ ਨੂੰ ਧਿਆਨ ਨਾਲ ਸੁਣਿਆ ਗਿਆ, ਜਿਨ੍ਹਾਂ ਵਿੱਚੋਂ ਬਹੁਤ ਸਾਰੀਆਂ ਸਮੱਸਿਆਵਾਂ ਨੂੰ ਵਿਭਾਗੀ ਅਧਿਕਾਰੀਆਂ ਦੀ ਮਦਦ ਨਾਲ ਮੌਕੇ 'ਤੇ ਹੀ ਹੱਲ ਕਰ ਦਿੱਤਾ ਗਿਆ। ਬਾਕੀ ਰਹਿੰਦੇ ਗੁੰਝਲਦਾਰ ਮੁੱਦਿਆਂ ਨੂੰ ਜੀਐਸਟੀ ਕੌਂਸਲ ਰਾਹੀਂ ਹੱਲ ਕਰਨ ਦਾ ਭਰੋਸਾ ਵੀ ਦਿੱਤਾ ਗਿਆ। ਠਾਕੁਰ ਨੇ ਸਾਰੇ ਵਪਾਰੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ-ਆਪਣੇ ਖੇਤਰਾਂ ਵਿੱਚ ਟੈਕਸ ਅਦਾ ਕਰਨ ਵਿੱਚ ਸਹਿਯੋਗ ਕਰਨ ਤਾਂ ਜੋ ਸੂਬੇ ਦੇ ਮਾਲੀਏ ਵਿੱਚ ਵਾਧਾ ਕੀਤਾ ਜਾ ਸਕੇ। ਉਨ੍ਹਾਂ ਭਰੋਸਾ ਦਿੱਤਾ ਕਿ ਪੰਜਾਬ ਸਰਕਾਰ ਵਪਾਰੀਆਂ ਦੀਆਂ ਸਾਰੀਆਂ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਨ ਲਈ ਵਚਨਬੱਧ ਹੈ।ਮੀਟਿੰਗ ਵਿੱਚ ਚੈਂਬਰ ਆਫ਼ ਕਾਮਰਸ ਅਤੇ ਵੱਖ-ਵੱਖ ਵਪਾਰਕ ਜਥੇਬੰਦੀਆਂ ਦੇ ਨੁਮਾਇੰਦੇ ਸੋਮਨਾਥ ਬੰਗੜ, ਪ੍ਰੇਮ ਚੰਦ ਜੈਨ, ਅਜੈ ਸੈਣੀ, ਅਜੈ ਭਾਟੀਆ, ਬੌਬੀ ਕੌਸ਼ਲ, ਰਾਜੇਸ਼ ਜੈਨ, ਮੁਨੀਸ਼ ਨੰਦਾ, ਪ੍ਰੇਮ ਸੈਣੀ, ਮੋਹਨ ਲਾਲ ਢੀਂਗਰਾ, ਚੰਦਰ ਮੋਹਨ, ਜਗ ਰੂਪ ਸਿੰਘ ਧਾਮੀ ਅਤੇ ਹੋਰ ਅਧਿਕਾਰੀ ਹਾਜ਼ਰ ਸਨ।ਵਿਭਾਗੀ ਪੱਧਰ 'ਤੇ ਉਪ ਕਮਿਸ਼ਨਰ ਸਟੇਟ ਟੈਕਸ ਜਲੰਧਰ ਡਿਵੀਜ਼ਨ ਦਰਵੀਰ ਰਾਜ, ਸੰਯੁਕਤ ਨਿਰਦੇਸ਼ਕ-ਕਮ-ਉਪ ਕਮਿਸ਼ਨਰ ਸਟੇਟ ਟੈਕਸ ਦਲਜੀਤ ਕੌਰ, ਸਟੇਟ ਟੈਕਸ ਅਫਸਰ ਸੰਦੀਪ ਕੁਮਾਰ, ਜਗਰੂਪ ਸਿੰਘ, ਨੀਤਿਕਾ ਅਗਰਵਾਲ, ਡੀਐਸ ਚੀਮਾ, ਅਮਰਜੀਤ, ਰਾਧਾ ਰਮਨ, ਗਗਨਦੀਪ ਸਿੰਘ, ਰਘੂ ਰੈਣਾ ਅਤੇ ਸਹਾਇਕ ਸਟੇਟ ਟੈਕਸ ਅਫਸਰ ਜਸਜੀਤ ਕੌਰ ਸਮੇਤ ਹੋਰ ਅਧਿਕਾਰੀ ਮੌਜੂਦ ਸਨ।




# ਵਿਸ਼ੇਸ਼ ਮੁਹਿੰਮ ਤਹਿਤ ਤਿੰਨ ਬੱਚਿਆਂ ਨੂੰ ਭੀਖ ਮੰਗਣ ਦੇ ਕਿੱਤੇ 'ਚੋਂ ਕੱਢਿਆ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਗੁਰਜੀਤ ਬਿੱਲਾ)**— ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਭਲਾਈ ਵਿਭਾਗ ਦੇ ਮੰਤਰੀ, ਡਾ. ਬਲਜੀਤ ਕੌਰ ਅਤੇ ਡਿਪਟੀ ਕਮਿਸ਼ਨਰ ਸ਼੍ਰੀਮਤੀ ਕੋਮਲ ਮਿੱਤਲ ਦੇ ਦਿਸ਼ਾ-ਨਿਰਦੇਸ਼ਾਂ ਦੀ ਪਾਲਣਾ ਕਰਦਿਆਂ, ਪੰਜਾਬ ਸਰਕਾਰ ਦੀ ਬਾਲ ਭੀਖ ਰੋਕਣ ਲਈ ਜ਼ਿਲ੍ਹਾ ਐਸ ਏ ਐਸ ਨਗਰ ਵਿੱਚ ਇੱਕ ਵਿਸ਼ੇਸ਼ ਮੁਹਿੰਮ ਚਲਾਈ ਗਈ।ਇਸ ਮੁਹਿੰਮ ਦੌਰਾਨ, ਤਿੰਨ ਬੱਚਿਆਂ ਨੂੰ ਭੀਖ ਮੰਗਣ ਦੇ ਕਿੱਤੇ 'ਚੋਂ ਬਾਹਰ ਕੱਢਿਆ ਗਿਆ। ਜ਼ਿਲ੍ਹਾ ਬਾਲ ਸੁਰੱਖਿਆ ਅਧਿਕਾਰੀ, ਨਵਪ੍ਰੀਤ ਕੌਰ ਨੇ ਕਿਹਾ ਕਿ ਮਾਪਿਆਂ ਨੂੰ ਸਖ਼ਤ ਚਿਤਾਵਨੀ ਜਾਰੀ ਕੀਤੀ ਗਈ ਹੈ, ਜਿਸ ਵਿੱਚ ਇਹ ਸਪੱਸ਼ਟ ਕੀਤਾ ਗਿਆ ਹੈ ਕਿ ਭਵਿੱਖ ਵਿੱਚ ਅਜਿਹਾ ਕੋਈ ਵੀ ਕੰਮ ਕਾਨੂੰਨੀ ਪ੍ਰਕਿਰਿਆ ਅਧੀਨ ਸਜ਼ਾਯੋਗ ਹੋਵੇਗਾ।ਡਿਪਟੀ ਕਮਿਸ਼ਨਰ ਕੋਮਲ ਮਿੱਤਲ ਨੇ ਕਿਹਾ ਕਿ ਬੱਚਿਆਂ ਦੇ ਅਧਿਕਾਰਾਂ ਦੀ ਸੁਰੱਖਿਆ ਪ੍ਰਸ਼ਾਸਨ ਲਈ ਸਭ ਤੋਂ ਵੱਡੀ ਤਰਜੀਹ ਹੈ, ਅਤੇ ਬੱਚਿਆਂ ਦੀ ਸੁਰੱਖਿਆ ਅਤੇ ਭਲਾਈ ਨੂੰ ਯਕੀਨੀ ਬਣਾਉਣ ਲਈ ਭਵਿੱਖ ਵਿੱਚ ਵੀ ਅਜਿਹੀਆਂ ਮੁਹਿੰਮਾਂ ਜਾਰੀ ਰਹਿਣਗੀਆਂ।ਜ਼ਿਲ੍ਹਾ ਬਾਲ ਸੁਰੱਖਿਆ ਅਫ਼ਸਰ ਨੇ ਅੱਗੇ ਦੱਸਿਆ ਕਿ ਬੱਚਿਆਂ ਨੂੰ ਭੀਖ ਮੰਗਣ ਦੇ ਕਿੱਤੇ ਵਿੱਚ ਸ਼ਾਮਲ ਕਰਨਾ, ਕਿਸ਼ੋਰ ਨਿਆਂ (ਬੱਚਿਆਂ ਦੀ ਦੇਖਭਾਲ ਅਤੇ ਸੁਰੱਖਿਆ) ਐਕਟ, 2015 ਦੇ ਤਹਿਤ ਇੱਕ ਸਜ਼ਾਯੋਗ ਅਪਰਾਧ ਹੈ, ਜੋ ਲੋੜਵੰਦ ਬੱਚਿਆਂ ਦੀ ਦੇਖਭਾਲ, ਸੁਰੱਖਿਆ, ਇਲਾਜ ਅਤੇ ਪੁਨਰਵਾਸ ਦੀ ਵਿਵਸਥਾ ਕਰਦਾ ਹੈ। ਐਕਟ ਦੇ ਅਨੁਸਾਰ, ਕੋਈ ਵੀ ਵਿਅਕਤੀ ਜੋ ਕਿਸੇ ਬੱਚੇ ਨੂੰ ਭੀਖ ਮੰਗਣ ਲਈ ਮਜਬੂਰ ਕਰਦਾ ਹੈ ਜਾਂ ਵਰਤਦਾ ਹੈ, ਨੂੰ ਕੈਦ ਜਾਂ ਜੁਰਮਾਨਾ ਜਾਂ ਦੋਵੇਂ ਹੋ ਸਕਦੇ ਹਨ। ਇਸ ਐਕਟ ਦਾ ਉਦੇਸ਼ ਬੱਚਿਆਂ ਲਈ ਇੱਕ ਸੁਰੱਖਿਅਤ ਵਾਤਾਵਰਣ ਬਣਾਉਣਾ ਅਤੇ ਉਨ੍ਹਾਂ ਦੇ ਅਧਿਕਾਰਾਂ ਨੂੰ ਬਰਕਰਾਰ ਰੱਖਣਾ ਹੈ।ਪੰਜਾਬ ਰਾਜ ਵਪਾਰੀ ਕਮਿਸ਼ਨ ਦੇ ਮੈਂਬਰ ਵਿਨੀਤ ਵਰਮਾ, ਜਿਨ੍ਹਾਂ ਦੀ ਪਹਿਲਕਦਮੀ 'ਤੇ ਇਹ ਮੁਹਿੰਮ ਚਲਾਈ ਗਈ ਸੀ, ਨੇ ਵੀ ਅਜਿਹੀ ਨਿਰੰਤਰ ਛਾਪੇਮਾਰੀ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ ਕਿਉਂਕਿ ਬੱਚਿਆਂ ਦੇ ਸ਼ੋਸ਼ਣ ਤੋਂ ਇਲਾਵਾ, ਇਸ ਸਮਾਜਿਕ ਬੁਰਾਈ ਕਾਰਨ ਬਾਜ਼ਾਰ ਵਿੱਚ ਲੋਕਾਂ ਨੂੰ ਵੀ ਅਕਸਰ ਪ੍ਰੇਸ਼ਾਨ ਹੋਣਾ ਪੈਂਦਾ ਹੈ। ਉਨ੍ਹਾਂ ਜ਼ਿਲ੍ਹਾ ਅਧਿਕਾਰੀਆਂ ਦੁਆਰਾ ਕੀਤੀ ਗਈ ਕਾਰਵਾਈ ਦੀ ਸ਼ਲਾਘਾ ਕੀਤੀ।ਚੇਅਰਮੈਨ ਬਾਲ ਭਲਾਈ ਕਮੇਟੀ ਕੁਲਵੰਤ ਸਿੰਘ ਗੁਰੂ ਨੇ ਕਿਹਾ ਕਿ ਨਾਬਾਲਗਾਂ ਨੂੰ ਚੀਜ਼ਾਂ ਵੇਚਣ ਲਈ ਮਜਬੂਰ ਕਰਨਾ ਵੀ ਭੀਖ ਮੰਗਣ ਦੀ ਪਰਿਭਾਸ਼ਾ ਦੇ ਅਧੀਨ ਆਉਂਦਾ ਹੈ। ਉਨ੍ਹਾਂ ਨੇ ਜਨਤਾ ਨੂੰ ਬੱਚਿਆਂ ਨੂੰ ਭੀਖ ਨਾ ਦੇਣ ਅਤੇ ਉਨ੍ਹਾਂ ਤੋਂ ਚੀਜ਼ਾਂ ਨਾ ਖਰੀਦਣ 'ਤੇ ਜ਼ੋਰ ਦਿੱਤਾ ਕਿਉਂਕਿ ਇਹ ਵਰਤਾਰਾ ਬੱਚਿਆਂ ਨੂੰ ਭੀਖ ਮੰਗਣ ਅਤੇ ਚੀਜ਼ਾਂ ਵੇਚਣ ਲਈ ਸੜਕਾਂ 'ਤੇ ਭੇਜਣ ਲਈ ਉਤਸ਼ਾਹਿਤ ਕਰਦਾ ਹੈ।ਜ਼ਿਲ੍ਹਾ ਪ੍ਰਸ਼ਾਸਨ ਨੇ ਜਨਤਾ ਨੂੰ ਅਪੀਲ ਕੀਤੀ ਕਿ ਅਜਿਹੇ ਕਿਸੇ ਵੀ ਮਾਮਲੇ ਦੀ ਤੁਰੰਤ ਰਿਪੋਰਟ ਕੀਤੀ ਜਾਵੇ ਤਾਂ ਜੋ ਸਮੇਂ ਸਿਰ ਕਾਰਵਾਈ ਨੂੰ ਯਕੀਨੀ ਬਣਾਇਆ ਜਾ ਸਕੇ।

# ਸੀ ਐੱਚ ਸੀ ਕਾਠਗੜ੍ਹ ਵਿਖੇ ਨਸ਼ਿਆਂ ਦੀ ਦੁਰਵਰਤੋਂ ਤੇ ਗੈਰਕਾਨੂੰਨੀ ਤਸਕਰੀ ਵਿਰੁੱਧ ਦਿਵਸ ਮਨਾਇਆ

**ਬਲਾਚੌਰ (ਜਸਵਿੰਦਰ ਬੈਂਸ)** ਸਿਵਲ ਸਰਜਨ ਡਾ. ਗੁਰਿੰਦਰਜੀਤ ਸਿੰਘ ਦੇ ਨਿਰਦੇਸ਼ਾਂ ਅਨੁਸਾਰ ਸੀਨੀਅਰ ਮੈਡੀਕਲ ਅਫਸਰ ਡਾ. ਗੀਤਾਂਜਲੀ ਸਿੰਘ ਦੀ ਅਗਵਾਈ ਵਿੱਚ ਸੀਐਚਸੀ ਕਾਠਗੜ੍ਹ ਵਿਖੇ ਨਸ਼ਿਆਂ ਦੀ ਦੁਰਵਰਤੋਂ ਤੇ ਗੈਰਕਾਨੂੰਨੀ ਤਸਕਰੀ ਵਿਰੁੱਧ ਦਿਵਸ ਮਨਾਇਆ ਗਿਆ। ਨਸ਼ਿਆਂ ਦੇ ਖਾਤਮੇ ਲਈ ਸਮੂਹਿਕ ਯਤਨਾਂ ਦੀ ਮਹੱਤਤਾ 'ਤੇ ਜ਼ੋਰ ਦਿੰਦੇ ਹੋਏ ਆਯੂਰਵੈਦਿਕ ਮੈਡੀਕਲ ਅਫਸਰ ਡਾ. ਸਦੇਸ਼ ਕੁਮਾਰ ਨੇ ਨਸੀਲੇ ਪਦਾਰਥਾਂ ਦੀ ਦੁਰਵਰਤੋਂ ਬਾਰੇ ਲੋਕਾਂ ਨੂੰ ਜਾਗਰੂਕ ਕੀਤਾ। ਨਸ਼ਾ ਮੁਕਤ ਭਾਰਤ ਮੁਹਿੰਮ ਦਾ ਉਦੇਸ਼ ਨਸ਼ੇ ਦੇ ਖਤਰਿਆਂ ਬਾਰੇ ਜਾਗਰੂਕਤਾ ਪੈਦਾ ਕਰਨਾ ਅਤੇ ਇੱਕ ਸਿਹਤਮੰਦ, ਨਸ਼ਾ ਮੁਕਤ ਸਮਾਜ ਦੀ ਸਿਰਜਣਾ ਕਰਨਾ ਹੈ। ਉਨ੍ਹਾਂ ਕਿਹਾ ਕਿ ਸਿਹਤ ਵਿਭਾਗ ਵੱਲੋਂ ਨਸ਼ੇ ਦੇ ਖਾਤਮੇ ਲਈ ਨਸ਼ਾ ਮੁਕਤੀ ਕੇਂਦਰ ਨੂੰ ਨਵਾਂਸਹਿਰ ਵਿਖੇ ਸਫ਼ਲਤਾਪੂਰਵਕ ਢੰਗ ਨਾਲ ਚਲਾਇਆ ਜਾ ਰਿਹਾ ਹੈ। ਇਨ੍ਹਾਂ ਕੇਂਦਰਾਂ ਵਿਚ ਇਲਾਜ ਦੇ ਨਾਲ ਨਾਲ ਮਾਹਿਰ ਕਾਊਂਸਲਰਾਂ ਅਤੇ ਮਨੋਰੋਗ ਮਾਹਿਰਾਂ ਵੱਲੋਂ ਕਾਊਂਸਲਿੰਗ ਕੀਤੀ ਜਾਂਦੀ ਹੈ ਤਾਂ ਜੋ ਮਰੀਜ ਨਸ਼ਾ ਛੱਡਣ ਲਈ ਮਾਨਸਿਕ ਤੌਰ 'ਤੇ ਵੀ ਮਜਬੂਤ ਹੋ ਸਕਣ। ਇਸ ਦੇ ਨਾਲ ਹੀ ਸਿਵਲ ਹਸਪਤਾਲ ਬਲਾਚੌਰ ਅਤੇ ਸੀ ਐਚ ਸੀ ਕਾਠਗੜ੍ਹ ਵਿੱਖੇ ਨਸ਼ਾ ਮੁਕਤੀ ਦਵਾਈ ਕੇਂਦਰਾਂ ਵਿਚ ਮਰੀਜਾਂ ਨੂੰ ਦਵਾਈ ਵੀ ਦਿੱਤੀ ਜਾਂਦੀ ਹੈ। ਸਿਹਤ ਇੰਸਪੈਕਟਰ ਦਿਲਬਾਗ ਸਿੰਘ ਨੇ ਕਿਹਾ ਕਿ ਨਸ਼ਿਆਂ ਨਾਲ ਪੀੜਤ ਵਿਅਕਤੀ ਇੱਕ ਕਿਸਮ ਦਾ ਮਰੀਜ਼ ਹੁੰਦਾ ਹੈ, ਜਿਸਨੂੰ ਇਲਾਜ ਦੀ ਸਖਤ ਜਰੂਰਤ ਹੁੰਦੀ ਹੈ ਅਤੇ ਸਮਾਜ ਦੀ ਵੀ ਜ਼ਿੰਮੇਵਾਰੀ ਬਣਦੀ ਹੈ ਕਿ ਉਹ ਉਸ ਨਾਲ ਵਿਤਕਰੇ ਦੀ ਥਾਂ ਤੇ ਪਿਆਰ ਅਤੇ ਅਪਣੱਤ ਦੀ ਭਾਵਨਾ ਨਾਲ ਉਸਨੂੰ ਇਸ ਸਮੱਸਿਆ ਵਿਚੋਂ ਕੱਢਣ ਦਾ ਯਤਨ ਕਰੇ। ਨਸ਼ਾ ਪੀੜਤ ਲੋਕਾਂ ਨੂੰ ਅਕਸਰ ਇੱਕ ਜਾਂ ਇੱਕ ਤੋਂ ਵੱਧ ਸੰਬੰਧਿਤ ਸਿਹਤ ਸਮੱਸਿਆਵਾਂ ਹੁੰਦੀਆਂ ਹਨ, ਜਿਸ ਵਿੱਚ ਹੈਪੇਟਾਇਟਿਸ, ਫੇਫੜਿਆਂ ਜਾਂ ਦਿਲ ਦੀ ਬਿਮਾਰੀ, ਸਟ੍ਰੋਕ, ਕੈਂਸਰ, ਜਾਂ ਮਾਨਸਿਕ ਸਿਹਤ ਸਥਿਤੀਆਂ ਸ਼ਾਮਲ ਹੋ ਸਕਦੀਆਂ ਹਨ। ਨਸ਼ਾ ਸਾਡੇ ਪਰਵਾਰ ਦੀ ਆਰਥਿਕਤਾ ਨੂੰ ਵੀ ਖ਼ਰਾਬ ਕਰ ਦਿੰਦਾ ਹੈ, ਜਿਸ ਨਾਲ ਵਧੇਰੇ ਪਰਵਾਰਾਂ ਦੀ ਟੁੱਟਣ ਦੀ ਨੌਬਤ ਆ ਜਾਂਦੀ ਹੈ। ਇਸ ਮੌਕੇ ਬਲਾਕ ਐਕਸਟੈਂਸ਼ਨ ਐਜੂਕੇਟਰ ਨਿਰਮਲ ਸਿੰਘ, ਐੱਲਐੱਚਵੀ ਜਸਵਿੰਦਰ ਕੌਰ, ਹਰਪ੍ਰੀਤ ਕੌਰ, ਕੰਵਲ ਕੁਮਾਰ, ਸਿਮਰਨ ਕੌਰ ਤੇ ਪੂਜਾ ਰਾਣੀ ਸਮੇਤ ਹੋਰ ਵੀ ਹਾਜਰ ਸਨ।



# ਜ਼ਿਲ੍ਹਾ ਪੱਧਰੀ ਅੰਤਰਰਾਸ਼ਟਰੀ ਨਸ਼ਾਖੋਰੀ ਤੇ ਗੈਰ-ਕਾਨੂੰਨੀ ਤਸਕਰੀ ਵਿਰੋਧੀ ਦਿਵਸ ਮਨਾਇਆ

**ਨਵਾਂਸ਼ਹਿਰ ( ਕੁਲਵਿੰਦਰ ਸਿੰਘ ਦੁਰਗਾਪੁਰੀਆ)** ਇੰਡੀਅਨ ਰੈਡ ਕਰਾਸ ਸੁਸਾਇਟੀ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਅਤੇ ਰੈਡ ਕਰਾਸ ਨਸ਼ਾ ਪੀੜਤ ਅਤੇ ਇੱਕੀਕ੍ਰਿਤ ਤੇ ਮੁੜ ਵਸੇਬਾ ਕੇਂਦਰ ਨਵਾਂਸ਼ਹਿਰ ਵੱਲੋਂ ਵੱਖ ਵੱਖ ਸਮਾਜ ਸੇਵੀ ਸੰਸਥਾਵਾਂ ਨਾਲ ਮਿਲ ਕੇ ਸਥਾਨਕ ਆਈ ਟੀ ਆਈ (ਲੜਕੇ)ਵਿਖੇ ਜ਼ਿਲ੍ਹਾ ਪੱਧਰੀ ਅੰਤਰਰਾਸ਼ਟਰੀ ਨਸ਼ਾਖੋਰੀ ਅਤੇ ਗੈਰ ਕਾਨੂੰਨੀ ਤਸਕਰੀ ਵਿਰੋਧੀ ਵਿਸ਼ੇ ਤਹਿਤ ਵਿਸ਼ੇਸ਼ ਸੈਮੀਨਾਰ ਕਰਵਾਇਆ ਗਿਆ। ਜਿਸ ਵਿੱਚ ਡੀ ਐਸ ਪੀ ਰਾਜ ਕੁਮਾਰ, ਕਿਰਨ ਕੌਰ ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫਸਰ ਤੋਂ ਇਲਾਵਾ ਗੁਰਚਰਨ ਅਰੋੜਾ ਚੇਅਰਮੈਨ ਆਈ ਟੀ ਆਈ ਨਵਾਂਸ਼ਹਿਰ ਨੇ ਬਤੌਰ ਮੁੱਖ ਮਹਿਮਾਨ ਸ਼ਿਰਕਤ ਕੀਤੀ। ਡੀ ਐਸ ਪੀ ਰਾਜ ਕੁਮਾਰ ਨੇ ਬੱਚਿਆਂ ਦੇ ਮਾਪਿਆਂ ਨੂੰ ਸੁਨੇਹਾ ਦਿੱਤਾ ਕਿ ਉਹ ਆਪਣੇ ਬੱਚਿਆਂ ਦੀ ਗਲਤੀ ਨੂੰ ਧਿਆਨ ਵਿੱਚ ਰੱਖਦੇ ਹੋਏ ਉਨ੍ਹਾਂ ਨੂੰ ਕਦੇ ਵੀ ਨਜ਼ਰ ਅੰਦਾਜ਼ ਨਾ ਕਰਨ ਅਤੇ ਹਮੇਸ਼ਾ ਉਨ੍ਹਾਂ ਨਾਲ ਦੋਸਤਾਨਾ ਸੰਬੰਧ ਬਣਾ ਕੇ ਰਖਣ। ਡੀਐਸਪੀ ਰਾਜ ਕੁਮਾਰ ਵੱਲੋਂ ਸਾਲ 2022- 23 ਦੌਰਾਨ ਨਸ਼ਿਆਂ ਨਾਲ ਮਰਨ ਵਾਲੇ ਵਿਅਕਤੀਆਂ ਦੇ ਅੰਕੜੇ ਪੇਸ਼ ਕੀਤੇ ਜੋ ਕਿ ਇੱਕ ਚਿੰਤਾ ਦਾ ਵਿਸ਼ਾ ਹੈ। ਮੁੱਖ ਮਹਿਮਾਨ ਰਾਜ ਕੁਮਾਰ ਨੇ ਦੱਸਿਆ ਕਿ ਸਾਨੂੰ ਨਸ਼ੇ ਛੱਡ ਕੇ ਸਿਹਤਮੰਦ ਰਹਿਣ ਲਈ ਰੋਜਾਨਾ ਸਰੀਰਕ ਕਸਰਤ ਕਰਨੀ ਚਾਹੀਦੀ ਹੈ ਅਤੇ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ 'ਯੁੱਧ ਨਸ਼ਿਆਂ ਵਿਰੁੱਧ ਮੁਹਿੰਮ' ਦਾ ਹਿੱਸਾ ਬਣਨਾ ਚਾਹੀਦਾ ਹੈ।ਸੈਮੀਨਾਰ ਦੌਰਾਨ ਵਿਸ਼ੇਸ਼ ਬੁਲਾਰੇ ਸਿਵਲ ਹਸਪਤਾਲ ਨਵਾਂਸ਼ਹਿਰ ਤੋਂ ਮਾਨਸਿਕ ਰੋਗਾਂ ਦੇ ਮਾਹਿਰ ਡਾਕਟਰ ਰਾਜਨ ਸ਼ਾਸਤਰੀ ਨੇ ਮੌਕੇ 'ਤੇ ਹਾਜ਼ਰ ਆਈ ਟੀ ਆਈ ਦੇ ਵਿਦਿਆਰਥੀਆਂ ਤੇ ਪਤਵੰਤਿਆਂ ਨੂੰ ਨਸ਼ਿਆਂ ਨਾਲ ਹੋ ਰਹੇ ਨੁਕਸਾਨ ਅਤੇ ਇਨ੍ਹਾਂ ਦੀ ਰੋਕਥਾਮ ਬਾਰੇ ਆਪਣੇ ਕੀਮਤੀ ਵਿਚਾਰ ਪੇਸ਼ ਕੀਤੇ। ਉਨ੍ਹਾਂ ਢੁਕਵੀਂ ਸ਼ਬਦਾਬਲੀ ਰਾਹੀਂ ਆਪਣੀ ਜ਼ਿੰਦਗੀ ਦੇ ਤਜਰਬੇ ਸਾਂਝੇ ਕੀਤੇ। ਡਾਕਟਰ ਸ਼ਾਸਤਰੀ ਨੇ ਕਿਹਾ ਕਿ ਕਦੇ ਵੀ ਆਪਣੇ ਬੱਚਿਆਂ ਨੂੰ ਇਕਾਂਤ ਵਿੱਚ ਨਾ ਛੱਡੋ ਤੇ ਉਨ੍ਹਾਂ ਨੂੰ ਬੇਲੋੜੇ ਮੋਬਾਈਲ ਫੋਨ ਦੀ ਵਰਤੋਂ ਕਰਨ ਤੋਂ ਦੂਰ ਰੱਖੋ। ਇਸ ਮੌਕੇ ਨਸ਼ਾ ਮੁਕਤੀ ਤੇ ਪੁਨਰਵਾਸ ਕੇਂਦਰ ਨਵਾਂਸ਼ਹਿਰ ਕੇਂਦਰ ਦੇ ਪ੍ਰੋਜੈਕਟ ਡਾਇਰੈਕਟਰ ਚਮਨ ਸਿੰਘ ਨੇ ਨੌਜਵਾਨਾਂ ਨੂੰ ਨਸ਼ਿਆਂ ਅਤੇ ਪਤਿਤ ਪੁਣੇ ਤੋਂ ਦੂਰ ਰਹਿਣ ਦਾ ਸੁਨੇਹਾ ਦਿੱਤਾ। ਡਾਇਰੈਕਟਰ ਚਮਨ ਸਿੰਘ ਨੇ ਕਿਹਾ ਕਿ ਸਾਨੂੰ ਇਸ ਅਲਾਮਤ ਤੋਂ ਦੂਰ ਰਹਿ ਕੇ ਧਾਰਮਿਕ ਬਿਰਤੀ ਵਾਲੇ ਇਨਸਾਨ ਬਣਕੇ ਆਪਣੇ ਦੇਸ਼ ਦੀ ਸੇਵਾ ਕਰਨੀ ਚਾਹੀਦੀ ਹੈ। ਸੈਮੀਨਾਰ ਦੌਰਾਨ ਸਮਾਜ ਸੇਵੀ ਸੰਸਥਾਵਾਂ ਜਿਨ੍ਹਾਂ ਵਿੱਚ ਮਝੂਰ ਦੋਆਬਾ ਫਿਲਮ ਪ੍ਰੋਡਕਸ਼ਨ ਦੇ ਸੁਰਜੀਤ ਮਝੂਰ, ਉਪਕਾਰ ਕੋਆਰਡੀਨੇਸ਼ਨ ਸੋਸਾਇਟੀ ਦੇ ਪ੍ਰਿੰਸੀਪਲ ਜਸਪਾਲ ਸਿੰਘ ਗਿੱਦਾ, ਰੋਡ ਸੇਫਟੀ ਜਾਗਰੂਕਤਾ ਸੋਸਾਇਟੀ ਅਤੇ ਬਲੱਡ ਬੈਂਕ ਨਵਾਂਸ਼ਹਿਰ ਦੇ ਪ੍ਰਧਾਨ ਗੁਰਿੰਦਰ ਸਿੰਘ ਤੂਰ ਸੰਚਾਲਨ ਦੀ ਭੂਮਿਕਾ ਪ੍ਰਿੰਸੀਪਲ ਜਸਪਾਲ ਸਿੰਘ ਗਿੱਦਾ ਵਲੋਂ ਬਾਖੂਬੀ ਨਿਭਾਈ। ਇਸ ਮੌਕੇ ਸਿਹਤ ਵਿਭਾਗ, ਸਿੱਖਿਆ ਵਿਭਾਗ ਅਤੇ ਪੁਲਿਸ ਪ੍ਰਸ਼ਾਸਨ ਦੇ ਅਫਸਰਾਂ ਤੋਂ ਇਲਾਵਾ ਬੁੱਧੀਜੀਵੀ ਵਰਗ ਹਾਜ਼ਰ ਰਿਹਾ। ਮੁੱਖ ਮਹਿਮਾਨ ਡੀ ਐਸ ਰਾਜ ਕੁਮਾਰ ਡਾਕਟਰ ਚਮਨ ਸਿੰਘ ਨੇ ਮੁੱਖ ਮਹਿਮਾਨ ਤੇ ਹੋਰ ਸ਼ਖ਼ਸੀਅਤਾਂ ਨੂੰ ਸਨਮਾਨਿਤ ਆਈਆਂ ਹੋਈਆਂ ਸਮਾਜ ਸੇਵੀ ਸੰਸਥਾਵਾਂ ਤੇ ਬਾਕੀ ਪਤਵੰਤਿਆਂ ਦਾ ਧੰਨਵਾਦ ਕੀਤਾ ਅਤੇ ਭਵਿੱਖ ਵਿੱਚ ਵੀ ਅਜਿਹੇ ਸੈਮੀਨਾਰ ਕਰਨ ਦੀ ਗੱਲ ਕਹੀ। ਵਿਦਿਆਰਥਣ ਸਪਨਾ ਰਾਣੀ ਨੇ ਨਸ਼ਿਆਂ ਵਿਰੁੱਧ ਜਾਗਰੂਕਤਾ ਸਬੰਧੀ ਕਵਿਤਾ ਪੇਸ਼ ਕੀਤੀ ਗਈ। ਅਖੀਰ ਵਿੱਚ ਰੈਡ ਕਰਾਸ ਨਸ਼ਾ ਛੁਡਾਊ ਅਤੇ ਪੁਨਰਵਾਸ ਕੇਂਦਰ ਵਲੋਂ ਸਾਰਿਆਂ ਨੂੰ ਰਿਫਰੈਸ਼ਮੈਂਟ ਦਿੱਤੀ ਗਈ।ਇਸ ਵਿਸ਼ੇਸ਼ ਸੈਮੀਨਾਰ ਦੌਰਾਨ ਉਪਕਾਰ ਕੋਆਰਡੀਨੇਸ਼ਨ ਸੋਸਾਇਟੀ ਵਲੋਂ ਜਸਪਾਲ ਸਿੰਘ ਗਿੱਦਾ, ਸੁਰਜੀਤ ਕੌਰ ਡੁਲਕੂ,ਨਰਿੰਦਰ ਸਿੰਘ ਭਾਰਟਾ, ਦੇਸ ਰਾਜ ਬਾਲੀ, ਡਾ. ਅਵਤਾਰ ਸਿੰਘ ਦੇਨੋਵਾਲ ਕਲਾਂ,ਬਲਵਿੰਦਰ ਸਿੰਘ ਨਾਨੋਵਾਲ, ਸ਼ਮਾ ਮੱਲ੍ਹਨ,ਸੁਖਵਿੰਦਰ ਕੌਰ ਸੁੱਖੀ, ਸੀਨੀਅਰ ਸਿਟੀਜਨ ਐਸੋਸੀਏਸ਼ਨ ਵਲੋਂ ਡਾ. ਜੇ.ਡੀ.ਵਰਮਾ, ਸੁਭਾਸ਼ ਅਰੋੜਾ, ਬੀ.ਡੀ.ਸੀ.ਦੇ ਬਾਨੀ ਪ੍ਰਧਾਨ ਜੀ. ਐਸ ਤੂਰ, ਮਨੁੱਖੀ ਅਧਿਕਾਰ ਸੰਗਠਨ ਤੋਂ ਵਾਸਦੇਵ ਪ੍ਰਦੇਸੀ, ਹਰਜੀਤ ਸਿੰਘ,ਦੇਸ ਰਾਜ ਬਾਲੀ ਸੁਰਜੀਤ ਸਿੰਘ ਮਝੂਰ ਕਲਾਂ,ਪ੍ਰਮੋਦ ਭਾਰਤੀ ਪੱਤਰਕਾਰ,ਹਰਿੰਦਰ ਸਿੰਘ ਪੱਤਰਕਾਰ,ਆਈ ਟੀ ਆਈ (ਇ) ਤੋਂ ਮੈਡਮ ਪੂਜਾ ਸ਼ਰਮਾ ਤੇ ਅੰਜਨਾ ਕੁਮਾਰੀ, ਆਈ ਟੀ ਆਈ (ਨੋਡਲ) ਤੋਂ ਓਮਕਾਰ ਸਿੰਘ ਸ਼ੀਹਮਾਰ ਪ੍ਰਿੰਸੀਪਲ, ਰਾਜਿੰਦਰ ਕੁਮਾਰ, ਰਣਜੀਤ ਕੁਮਾਰ , ਪ੍ਰੋਗਰਾਮ ਆਫੀਸਰ ਜਤਿੰਦਰ ਕਾਟਲ,ਪੱਤਰਕਾਰ ਬਹਾਦਰ ਚੰਦ ਅਰੋੜਾ ਆਦਿ ਹਾਜ਼ਰ ਸਨ।



28-JUNE-PAGE-10.qxd 6/27/2025 10:41 PM Page 1



## ਨਸ਼ਾਖੋਰੀ ਤੇ ਗੈਰ-ਕਾਨੂੰਨੀ ਤਸਕਰੀ ਵਿਰੋਧੀ ਜਾਗਰੂਕਤਾ ਕੈਂਪ



**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਸਿਵਲ ਸਰਜਨ ਫਿਰੋਜ਼ਪੁਰ ਡਾ. ਰਾਜਵਿੰਦਰ ਕੌਰ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਡਾ. ਰੇਖਾ ਭੱਟੀ ਸੀਨੀਅਰ ਮੈਡੀਕਲ ਅਫਸਰ ਸੀਐੱਚਸੀ ਫਿਰੋਜ਼ਸ਼ਾਹ ਦੀ ਅਗਵਾਈ ਹੇਠ ਅੰਤਰ-ਰਾਸ਼ਟਰੀ ਨਸ਼ਾਖੋਰੀ ਤੇ ਗੈਰ-ਕਾਨੂੰਨੀ ਤਸਕਰੀ ਵਿਰੋਧੀ ਦਿਵਸ ਤੇ ਨਸ਼ਾ ਮੁਕਤੀ ਦਵਾਈ ਕੇਂਦਰ ਸੀਐੱਚਸੀ ਫਿਰੋਜ਼ਸ਼ਾਹ ਵਿਖੇ ਜਾਗਰੂਕਤਾ ਕੈਂਪ ਲਗਾਇਆ ਗਿਆ। ਡਾ. ਚੇਤਨ ਕੱਕੜ ਮੈਡੀਕਲ ਅਫਸਰ ਸੀਐੱਚਸੀ ਫਿਰੋਜ਼ਸ਼ਾਹ ਨੇ ਕਿਹਾ ਕਿ ਸਿਹਤ ਵਿਭਾਗ ਵੱਲੋਂ ਸਮਾਜ ਵਿੱਚੋਂ ਨਸ਼ਿਆਂ ਨੂੰ ਜੜ੍ਹੋਂ ਖਤਮ ਕਰਨ ਲਈ ਵੱਖ-ਵੱਖ ਪੱਧਰ ’ਤੇ ਯਤਨ ਕੀਤੇ ਜਾ ਰਹੇ ਹਨ। ਨਸ਼ਿਆਂ ਨਾਲ ਪੀੜਤ ਵਿਅਕਤੀ ਇੱਕ ਕਿਸਮ ਦਾ ਮਰੀਜ਼ ਹੁੰਦਾ ਹੈ, ਜਿਸ ਨੂੰ ਕਿ ਇਲਾਜ ਦੀ ਸਖ਼ਤ ਜ਼ਰੂਰਤ ਹੁੰਦੀ ਹੈ ਅਤੇ ਸਮਾਜ ਦੀ ਵੀ ਜ਼ਿੰਮੇਵਾਰੀ ਬਣਦੀ ਹੈ ਕਿ ਉਹ ਉਸ ਨਾਲ ਵਿਤਕਰੇ ਦੀ ਥਾਂ ਪਿਆਰ ਤੇ ਅਪਣੱਤ ਦੀ ਭਾਵਨਾ ਨਾਲ ਉਸ ਨੂੰ ਇਸ ਸਮੱਸਿਆ ਵਿੱਚੋਂ ਕੱਢਣ ਦਾ ਯਤਨ ਕਰੇ। ਉਨ੍ਹਾਂ ਦੱਸਿਆ ਕਿ ਸਿਹਤ ਵਿਭਾਗ ਵੱਲੋਂ ਇਸ ਸਮੱਸਿਆ ਦੇ ਖਾਤਮੇ ਲਈ ਓਟ ਕੇਂਦਰ, ਨਸ਼ਾ ਛੁਡਾਊ ਕੇਂਦਰ ਤੇ ਪੁਨਰਵਸੇਬਾ ਕੇਂਦਰਾਂ ਨੂੰ ਸਫਲਤਾਪੂਰਵਕ ਢੰਗ ਨਾਲ ਚਲਾਇਆ ਜਾ ਰਿਹਾ ਹੈ। ਇਨ੍ਹਾਂ ਕੇਂਦਰਾਂ ਵਿੱਚ ਇਲਾਜ ਦੇ ਨਾਲ ਨਾਲ ਮਾਹਰ ਕਾਊਂਸਲਰਾਂ ਤੇ ਮਨੋਰੋਗ ਮਾਹਰਾਂ ਵੱਲੋਂ ਉਨ੍ਹਾਂ ਦੀ ਕਾਊਂਸਲਿੰਗ ਵੀ ਕੀਤੀ ਜਾਂਦੀ ਹੈ ਤਾਂ ਜੋ ਉਹ ਨਸ਼ਾ ਛੱਡਣ ਲਈ ਮਾਨਸਿਕ ਤੌਰ ’ਤੇ ਵੀ ਮਜ਼ਬੂਤ ਹੋ ਸਕਣ। ਇਸ ਮੌਕੇ ਹਰਦੀਪ ਸਿੰਘ ਸੰਧੂ ਬਲਾਕ ਐਕਸਟੈਂਸ਼ਨ ਐਜੂਕੇਟਰ ਨੇ ਆਮ ਜਨਤਾ ਨੂੰ ਅਪੀਲ ਕੀਤੀ ਕਿ ਲੋਕ ਵੀ ਸਰਕਾਰ ਦੀ ਇਸ ਨਸ਼ਾ ਵਿਰੋਧੀ ਮੁਹਿੰਮ ਵਿੱਚ ਆਪਣਾ ਸਹਿਯੋਗ ਦੇਣ ਤਾਂ ਜੋ ਪੰਜਾਬ ਦੀ ਨੌਜਵਾਨ ਪੀੜ੍ਹੀ ਨੂੰ ਇਸ ਨਸ਼ਿਆਂ ਰੂਪੀ ਦਲਦਲ ਤੋਂ ਬਚਾਇਆ ਜਾ ਸਕੇ ਤੇ ਪੰਜਾਬ ਤਰੱਕੀ ਦੇ ਰਾਹ ’ਤੇ ਵਧ ਸਕੇ।

## ਵਾਤਾਵਰਨ ਪ੍ਰੇਮੀ ਇੰਦਰਜੀਤ ਸਿੰਘ ਗਲੋਬਲ ਇਨਵਾਇਰਨਮੈਂਟ ਐਵਾਰਡ ਨਾਲ ਸਨਮਾਨਤ



**ਮਾਲੇਰਕੋਟਲਾ (ਅਸਗਰ ਪਰਿਹਾਰ)**-ਜ਼ਿਲ੍ਹਾ ਮਾਲੇਰਕੋਟਲਾ ਦੇ ਉੱਘੇ ਸਮਾਜ ਸੇਵੀ ਤੇ ਵਾਤਾਵਰਨ ਪ੍ਰੇਮੀ ਸ. ਇੰਦਰਜੀਤ ਸਿੰਘ ਮੁੰਡੇ ਚੇਅਰਮੈਨ ਕੇ. ਐੱਸ. ਗਰੁੱਪ ਵੱਲੋਂ ਪਿਛਲੇ 25 ਸਾਲਾਂ ਲਗਾਤਾਰ ਵਾਤਾਵਰਨ ਨੂੰ ਬਚਾਉਣ ਤੇ ਹਰਿਆ ਭਰਿਆ ਬਣਾਉਣ ਲਈ ਉਪਰਾਲੇ ਲਗਾਤਾਰ ਕੀਤੇ ਜਾ ਰਹੇ ਹਨ, ਜਿਸ ਤਹਿਤ ਹਰ ਸਾਲ ਪੰਦਰਵਾੜਾ ਮੁਹਿੰਮ ਤਹਿਤ 100 ਕਿਲੋਮੀਟਰ ਦੇ ਖੇਤਰ ’ਚ ਹਜ਼ਾਰਾਂ ਦਰਖਤ ਲਗਾਏ ਜਾਂਦੇ ਹਨ, ਜਿਸ ਕਰਕੇ ਉਨ੍ਹਾਂ ਦੇ ਵਾਤਾਵਰਨ ਪ੍ਰੀਤੀ ਸੇਵਾ ਭਾਵਨਾ ਨੂੰ ਦੇਖਦੇ ਹੋਏ ਉਨ੍ਹਾਂ ਨੂੰ ਪੰਜਾਬ ਭਾਰਤ ਤੋਂ ਇਲਾਵਾ ਇੰਟਰਨੈਸ਼ਨਲ ਪੱਧਰ ਵੱਖ-ਵੱਖ ਸੰਸਥਾਵਾਂ ਵੱਲੋਂ ਸਨਮਾਨਤ ਕੀਤਾ ਜਾ ਚੁੱਕਾ ਹੈ। ਵਰਨਣਯੋਗ ਹੈ ਕਿ ਇੰਦਰਜੀਤ ਸਿੰਘ ਮੁੰਡੇ ਕਿਸੇ ਜਾਣ ਪਹਿਚਾਣ ਦੇ ਮੁਥਾਜ਼ ਨਹੀਂ, ਕਿਉਂਕਿ ਨੇ ਪੰਜਾਬ ਤੋਂ ਇਲਾਵਾ ਭਾਰਤ ’ਚ ਵੀ ਵੱਖ-ਵੱਖ ਥਾਵਾਂ ’ਤੇ ਬੂਟੇ ਲਗਾਉਣ ਦੀ ਸੇਵਾ ਉਨ੍ਹਾਂ ਵੱਲੋਂ ਨਿਭਾਈ ਜਾ ਰਹੀ ਹੈ ਅਤੇ ਪਿਛਲੇ ਸਾਲ ਦੁਬਈ ਤੇ ਮਲੇਸ਼ੀਆ ਦੇ ਗੁਰਦੁਆਰਾ ਸਾਹਿਬਾਨਾਂ ’ਚ ਵੀ ਦਰਜਨਾਂ ਛਾਂ ਬੂਟੇ ਲਗਾਉਣ ਦੀ ਸੇਵਾ ਨਿਭਾਈ ਹੈ, ਉਥੇ ਵੀ ਉਨ੍ਹਾਂ ਨੂੰ ਪਹਿਲਾਂ ਇੰਟਰਨੈਸ਼ਨਲ ਪੱਧਰ ’ਤੇ ਸਨਮਾਨਤ ਕੀਤਾ ਜਾ ਚੁੱਕਾ ਹੈ। ਉਸੇ ਲੜੀ ਤਹਿਤ ਇੰਟਰਨੈਸ਼ਨਲ ਪੱਧਰ ਤੇ ਸਿੱਖ ਭਾਈਚਾਰੇ ਦਾ ਨਾਮ ਉੱਚਾ ਕਰ ਰਹੀ ਸੰਸਥਾ ਨੈੱਟਵਰਕ ਔਫ ਸਿੱਖ ਇੰਟਰਨੈਸ਼ਨਲ ਲਿਮਟਿਡ ਮਲੇਸ਼ੀਆ ਦੇ ਪ੍ਰਧਾਨ ਮੋਹਨ ਸਿੰਘ ਸਿੱਧੂ ਵੱਲੋਂ ਗਲੋਬਲ ਇਨਵਾਇਰਮੈਂਟ ਐਵਾਰਡ 2025 ਨਾਲ ਸਨਮਾਨਤ ਕੀਤਾ ਗਿਆ ਹੈ। ਐਵਾਰਡ ਪ੍ਰਾਪਤ ਕਰਨ ਮੌਕੇ ਇੰਦਰਜੀਤ ਸਿੰਘ ਮੁੰਡੇ ਨੇ ਕਿਹਾ ਕਿ ਇਹ ਸੇਵਾ ਪ੍ਰਮਾਤਮਾ ਨੇ ਆਪ ਸਾਨੂੰ ਬਖਸ਼ ਕੀਤੀ ਹੈ, ਜਿਸ ਕਰਕੇ ਇੰਨ੍ਹਾਂ ਸਤਿਕਾਰ ਮਿਲ ਰਿਹਾ ਹੈ। ਇਨ੍ਹਾਂ ਕਾਰਨਾਂ ਨਾਲ ਸਾਡੀ ਜ਼ਿੰਮੇਵਾਰੀ ਹੋਰ ਵੀ ਵੱਧ ਰਹੀ ਹੈ, ਉਨ੍ਹਾਂ ਕਿਹਾ ਕਿ ਇਹ ਸੇਵਾ ਆਖਰੀ ਸਾਹ ਤੱਕ ਨਿਰੰਤਰ ਜਾਰੀ ਰਹੇਗੀ।

## ਚੇਅਰਮੈਨ ਸੁਰਿੰਦਰ ਪਾਲ ਦੀ ਅਗਵਾਈ ’ਚ ਪੌਦੇ ਲਗਾਏ



**ਨਾਭਾ (ਵਰਿੰਦਰ ਵਰਮਾ)**-ਇੰਪਰੂਵਮੈਂਟ ਟਰੱਸਟ ਦੇ ਚੇਅਰਮੈਨ ਸੁਰਿੰਦਰ ਪਾਲ ਸ਼ਰਮਾ ਵੱਲੋਂ ਐੱਸ ਐੱਸ ਪੀ ਦਫਤਰ ਤੇ ਡੀ ਸੀ ਦਫਤਰ ਪਟਿਆਲਾ ਵਿਖੇ ਵਾਤਾਵਰਨ ਦੀ ਸ਼ੁੱਧਤਾ ਲਈ ਹਵਾਦਾਰ ਤੇ ਫਲਦਾਰ ਬੂਟੇ ਲਗਾਏ ਗਏ। ਇਸ ਮੌਕੇ ਐੱਸ ਪੀ ਸਿਟੀ ਬਹਿਵਲ ਚੌਧਰੀ ਤੇ ਏਡੀਸੀ ਮੈਡਮ ਇਸ਼ਾ ਨੇ ਵਿਸ਼ੇਸ਼ ਤੌਰ ’ਤੇ ਸ਼ਿਰਕਤ ਕੀਤੀ ਤੇ ਲੋਕਾਂ ਨੂੰ ਵਾਤਾਵਰਨ ਦੀ ਸ਼ੁੱਧਤਾ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਚੇਅਰਮੈਨ ਸੁਰਿੰਦਰ ਪਾਲ ਸ਼ਰਮਾ ਵੱਲੋਂ ਹਵਾਦਾਰ ਤੇ ਫਲਦਾਰ ਬੂਟੇ ਲਗਾਉਣਾ ਬਹੁਤ ਵਧੀਆ ਉਪਰਾਲਾ ਹੈ। ਉਨ੍ਹਾਂ ਕਿਹਾ ਕਿ ਵਾਤਾਵਰਨ ਪੱਖੋਂ ਹਰਾ ਭਰਾ ਬਣਾਉਣ ਲਈ ਮੁਹਿੰਮ ਸ਼ੁਰੂ ਕੀਤੀ ਗਈ ਹੈ, ਤਾਂ ਜੋ ਸਾਡਾ ਵਾਤਾਵਰਨ ਸਵੱਛ ਬਣ ਸਕੇ। ਵਾਤਾਵਰਣ ਦੀ ਸੰਭਾਲ ਲਈ ਵੱਧ ਤੋਂ ਵੱਧ ਬੂਟੇ ਲਾਉਣੇ ਅੱਜ ਦੇ ਸਮੇਂ ਦੀ ਵੱਡੀ ਲੋੜ ਹੈ। ਇਸ ਮੌਕੇ ਚੇਅਰਮੈਨ ਸੁਰਿੰਦਰ ਪਾਲ ਸ਼ਰਮਾ ਨੇ ਕਿਹਾ ਕਿ ਮਨੁੱਖ ਵੱਲੋਂ ਤੇਜ਼ੀ ਨਾਲ ਕੀਤੀ ਗਈ ਦਰੱਖਤਾਂ ਦੀ ਕਟਾਈ ਕਾਰਨ ਹੀ ਮੌਸਮ ਵਿੱਚ ਤਬਦੀਲੀਆਂ ਆ ਰਹੀਆਂ ਹਨ, ਇਸ ਲਈ ਸਾਡਾ ਫਰਜ਼ ਬਣਦਾ ਹੈ ਕਿ ਮੌਸਮ ਵਿੱਚ ਸਮਾਨਤਾ ਲਿਆਉਣ ਵਾਸਤੇ ਵੱਧ ਤੋਂ ਵੱਧ ਬੂਟੇ ਲਗਾਈਏ ਤੇ ਉਨ੍ਹਾਂ ਦੀ ਸੰਭਾਲ ਕਰੀਏ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਵੱਲੋਂ ਬੂਟੇ ਲਾਉਣ ਦੀ ਮੁਹਿੰਮ ਸ਼ੁਰੂ ਕੀਤੀ ਗਈ ਹੈ ਤੇ ਆਓ ਰਲ ਮਿਲ ਕੇ ਬੂਟੇ ਲਗਾਈਏ ਤਾਂ ਜੋ ਵਾਤਾਵਰਨ ਨੂੰ ਹਰਾ ਭਰਾ ਤੇ ਸਵੱਛ ਬਣਾਇਆ ਜਾ ਸਕੇ। ਇਸ ਮੌਕੇ ਇੰਪਰੂਵਮੈਂਟ ਟਰੱਸਟ ਕਾਰਜ ਸਾਧਕ ਅਫਸਰ ਯਾਦਵਿੰਦਰ ਸ਼ਰਮਾ, ਸੰਜੇ ਕੁਮਾਰ, ਗੁਰਬਖ਼ਸ਼ ਵਿਰਕ, ਅਵਤਾਰ ਸਿੰਘ, ਹਰਿੰਦਰ ਸਿੰਘ, ਅਸ਼ਵਨੀ ਕੁਮਾਰ ਤੇ ਸਰਦਾਰ ਟਿਵਾਣਾ ਆਦਿ ਹਾਜ਼ਰ ਸਨ।

## ਮਿਸ਼ਨ ਲਾਲੀ ਤੇ ਹਰਿਆਲੀ ਗਰੁੱਪ ਵੱਲੋਂ ਖੂਨਦਾਨ ਕੈਂਪ



**ਡਕਾਲਾ (ਥਿੰਦ)**-ਮਨੁੱਖਤਾ ਦੇ ਭਲੇ ਲਈ ਮਿਸ਼ਨ ਲਾਲੀ ਤੇ ਹਰਿਆਲੀ ਗਰੁੱਪ ਵੱਲੋਂ ਟਿੱਲਾ ਬਾਬਾ ਸ੍ਰੀ ਚੰਦ ਜੀ ਦੇ ਅਸਥਾਨ ਡਕਾਲਾ ਵਿਖੇ ਕੈਂਪ ਕਮਾਂਡਰ ਮਨਵਿੰਦਰ ਸਿੰਘ ਦੀ ਅਗਵਾਈ ਹੇਠ ਦੂਜਾ ਖੂਨਦਾਨ ਕੈਂਪ ਲਗਾਇਆ ਗਿਆ, ਜਿਸ ਵਿੱਚ 12 ਵਲੰਟੀਅਰਾਂ ਨੇ ਖੂਨ ਦਾਨ ਕੀਤਾ। ਖੂਨਦਾਨੀਆਂ ਨੂੰ ਭੁਪਿੰਦਰ ਸਿੰਘ ਡਕਾਲਾ, ਭਾਈ ਜਰਨੈਲ ਸਿੰਘ ਝੰਡੀ, ਰਣਜੀਤ ਸਿੰਘ ਤੇ ਹੋਰਨਾਂ ਨੇ ਸਰਟੀਫਿਕੇਟ ਤੇ ਯਾਦਗਾਰੀ ਮੱਗ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਮਨਵਿੰਦਰ ਸਿੰਘ ਰਾਮਗੜ੍ਹ ਨੇ ਕਿਹਾ ਕਿ ਖੂਨ ਇੱਕ ਅਜਿਹਾ ਤਰਲ ਹੈ, ਜੋ ਡੁਪਲੀਕੇਟ ਨਹੀਂ ਬਣਾਇਆ ਜਾ ਸਕਦਾ। ਦਾਨ ਕੀਤੇ ਖੂਨ ਨਾਲ ਲੋੜਵੰਦ ਮਰੀਜ਼ਾਂ ਦੀ ਜਾਨ ਬਚਾਈ ਜਾ ਸਕਦੀ ਹੈ। ਉਨ੍ਹਾਂ ਕਿਹਾ ਕਿ ਗਰੁੱਪ ਵੱਲੋਂ ਹਰ ਮਹੀਨੇ ਦੀ 5 ਤੇ 20 ਤਰੀਕ ਨੂੰ ਸਰਕਾਰੀ ਰਜਿੰਦਰਾ ਹਸਪਤਾਲ ਦੇ ਬਲੱਡ ਬੈਂਕ ਵਿਖੇ ਸਵੇਰੇ 9 ਤੋਂ 1 ਵਜੇ ਤੱਕ ਖੂਨਦਾਨ ਕੈਂਪ ਲਗਾਇਆ ਜਾਂਦਾ ਹੈ ਤਾਂ ਜੋ ਲੋੜਵੰਦ ਮਰੀਜ਼ਾਂ ਨੂੰ ਸਮੇਂ ਸਿਰ ਖੂਨ ਮਿਲ ਸਕੇ।

## ਪਰਮਜੀਤ ਗਿੱਲ ਸੰਗਠਨ ਇੰਚਾਰਜ ਨਿਯੁਕਤ



**ਮਲੋਟ (ਓਮ ਪ੍ਰਕਾਸ਼ ਸ਼ੇਖੂ)**-ਆਮ ਆਦਮੀ ਪਾਰਟੀ ਦੇ ਟਕਸਾਲੀ ਆਗੂ ਤੇ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਦੇ ਦਫ਼ਤਰ ਇੰਚਾਰਜ ਪਰਮਜੀਤ ਸਿੰਘ ਗਿੱਲ ਨੂੰ ਹਲਕਾ ਮਲੋਟ ਦਾ ਸੰਗਠਨ ਇੰਚਾਰਜ ਨਿਯੁਕਤ ਕੀਤਾ ਗਿਆ। ਇਸ ਮੌਕੇ ਕੈਬਨਿਟ ਮੰਤਰੀ ਵੱਲੋਂ ਪਰਮਜੀਤ ਸਿੰਘ ਗਿੱਲ ਦਾ ਮੂੰਹ ਮਿੱਠਾ ਕਰਵਾ ਕੇ ਵਧਾਈ ਦਿੱਤੀ ਗਈ ਤੇ ਗਿੱਲ ਵੱਲੋਂ ਸਮੁੱਚੀ ਹਾਈ ਕਮਾਨ ਤੇ ਡਾ. ਬਲਜੀਤ ਕੌਰ ਦਾ ਧੰਨਵਾਦ ਕੀਤਾ ਗਿਆ। ਗਿੱਲ ਦੀ ਨਿਯੁਕਤੀ ’ਤੇ ਪੰਜਾਬ ਸਰਕਾਰ ਦੇ ਕੈਬਿਨਟ ਮੰਤਰੀ ਡਾ. ਬਲਜੀਤ ਕੌਰ ਨੇ ਉਨ੍ਹਾਂ ਨੂੰ ਵਧਾਈਆਂ ਦਿੱਤੀਆਂ ਤੇ ਉਮੀਦ ਜਤਾਈ ਕਿ ਉਹ ਪਾਰਟੀ ਦੀ ਨੀਤੀ ਤੇ ਵਿਚਾਰਧਾਰਾ ਨੂੰ ਆਮ ਲੋਕਾਂ ਤੱਕ ਪਹੁੰਚਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਣਗੇ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਜ਼ਮੀਨੀ ਪੱਧਰ ’ਤੇ ਲੋਕਾਂ ਦੀ ਭਲਾਈ ਲਈ ਕੰਮ ਕਰ ਰਹੀ ਹੈ ਤੇ ਨਵੇਂ ਸੰਗਠਨਕ ਢਾਂਚੇ ਰਾਹੀਂ ਇਹ ਮਜ਼ਬੂਤੀ ਹੋਰ ਵਧੇਗੀ। ਇਸ ਮੌਕੇ ਐੱਮ ਸੀ ਹਰਮੇਲ ਸਿੰਘ ਸੰਧੂ, ਜ਼ਿਲ੍ਹਾ ਮੀਡੀਆ ਇੰਚਾਰਜ ਰਮੇਸ਼ ਅਰਨੀਵਾਲਾ, ਟਰੱਕ ਯੂਨੀਅਨ ਦੇ ਵਾਈਸ ਪ੍ਰਧਾਨ ਲਵ ਬੱਤਰਾ, ਸੀਨੀਅਰ ਆਪ ਆਗੂ ਵਿਕਰਾਂਤ ਖੁਰਾਣਾ ਮੌਜੂਦ ਰਹੇ।



ਆਕਸੀਜਨ ਦੀ ਕਮੀ ਤੇ ਗਰਮੀ ਦੇ ਸੀਜ਼ਨ ਨੂੰ ਮੁੱਖ ਰੱਖਦੇ ਹੋਏ ਪਿੰਡ ਮਾਛੀਕੇ ਦੀ ਹਰੀਕੀ ਪੱਤੀ ਬੋੜੇ ਖੂਹ ਵਿਖੇ ਪੌਦੇ ਲਗਾਉਣ ਦੀ ਸੇਵਾ ਨਿਭਾਉਂਦੇ ਹੋਏ ਨੌਜਵਾਨ ਆਗੂ। (ਫੋਟੋ ਤੇ ਵੇਰਵਾ : ਲਵਲੀ ਕੁਮਾਰ)

# ਪਾਤੜਾਂ ’ਚ ਥਾਂ-ਥਾਂ ਲੱਗੇ ਕੂੜੇ ਦੇ ਢੇਰ ਪ੍ਰਸ਼ਾਸਨ ਲਈ ਬਣੇ ਸਿਰਦਰਦੀ

### ਪ੍ਰਸ਼ਾਸਨ ਵੱਲੋਂ ਸ਼ੁਤਰਾਣਾ ਦੀ ਪੰਚਾਇਤ ਦੇ ਨੁਮਾਇੰਦਿਆਂ ਨਾਲ ਮੀਟਿੰਗ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**
ਸ਼ਹਿਰ ਦੇ ਕੂੜੇ ਦਾ ਨਿਪਟਾਰਾ ਕਰਨ ਲਈ ਨਗਰ ਕੌਂਸਲ ਵੱਲੋਂ ਪਿੰਡ ਸ਼ੁਤਰਾਣਾ ਵਿਖੇ ਕੂੜੇ ਕਰਕੱਟ ਨੂੰ ਡੰਪ ਕਰਨ ਲਈ ਜ਼ਮੀਨ ਲੀਜ਼ ’ਤੇ ਲਈ ਹੋਈ ਹੈ। ਇਸ ਡੰਪ ’ਤੇ ਕੂੜਾ ਸੁੱਟੇ ਜਾਣ ਦਾ ਪਿੰਡ ਦੇ ਕੁੱਝ ਲੋਕਾਂ ਵੱਲੋਂ ਵਿਰੋਧ ਕੀਤੇ ਜਾਣ ਨਾਲ ਸ਼ਹਿਰ ਵਿੱਚ ਥਾਂ-ਥਾਂ ਕੂੜੇ ਦੇ ਢੇਰ ਲੱਗੇ ਹੋਏ ਹਨ। ਸ਼ਹਿਰ ਵਿੱਚ ਜਗ੍ਹਾ ਜਗ੍ਹਾ ਲੱਗੇ ਕੂੜੇ ਦੇ ਢੇਰ ਬਰਸਾਤਾਂ ਦੇ ਮੌਸਮ ਦੌਰਾਨ ਪ੍ਰਸ਼ਾਸਨ ਲਈ ਸਿਰਦਰਦੀ ਦਾ ਕਾਰਨ ਬਣਦੇ ਜਾ ਰਹੇ ਹਨ। ਮਸਲੇ ਨੂੰ ਲੈ ਕੇ ਹਰਕਤ ਵਿੱਚ ਆਉਂਦਿਆਂ ਪ੍ਰਸ਼ਾਸਨਕ ਅਧਿਕਾਰੀਆਂ ਪਿੰਡ ਸ਼ੁਤਰਾਣਾ ਦੀ ਪੰਚਾਇਤ ਦੇ ਸਰਪੰਚ ਤੇ ਪੰਚਾਂ ਨਾਲ ਐੱਸ ਡੀ ਐੱਮ ਪਾਤੜਾਂ ਅਸ਼ੋਕ ਕੁਮਾਰ ਤੇ ਡੀ ਐੱਸ ਪੀ ਪਾਤੜਾਂ ਇੰਦਰਪਾਲ ਚੌਹਾਨ ਦੀ ਅਗਵਾਈ ਵਿੱਚ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਪ੍ਰਸ਼ਾਸਨਕ ਅਧਿਕਾਰੀਆਂ ਵੱਲੋਂ ਪੰਚਾਇਤ ਦੇ ਨੁਮਾਇੰਦਿਆਂ ਕੋਲੋਂ ਮਸਲੇ ਦੇ ਹੱਲ ਲਈ ਸਹਿਯੋਗ ਮੰਗਿਆ ਗਿਆ।

ਮੀਟਿੰਗ ਵਿੱਚ ਮੌਜੂਦ ਪਿੰਡ ਸ਼ੁਤਰਾਣਾ ਦੇ ਸਰਪੰਚ ਤੇ ਪੰਚਾਇਤ ਮੈਂਬਰਾਂ ਨੂੰ ਮੁਖਾਤਿਬ ਹੁੰਦਿਆਂ ਨਗਰ ਕੌਂਸਲ ਪਾਤੜਾਂ ਦੇ ਕਾਰਜ ਸਾਧਕ ਅਫਸਰ ਬਲਜਿੰਦਰ ਸਿੰਘ ਨੇ ਦੱਸਿਆ ਕਿ ਨਗਰ ਕੌਂਸਲ ਪਾਤੜਾਂ ਵੱਲੋਂ ਪਿੰਡ ਸ਼ੁਤਰਾਣਾ ਦੇ ਇੱਕ ਕਿਸਾਨ ਤੋਂ ਜ਼ਮੀਨ ਲੀਜ਼ ’ਤੇ ਲੈ ਕੇ ਇਸ ਵਿੱਚ ਕੂੜੇ ਦਾ ਡੰਪ ਬਣਾਇਆ ਗਿਆ ਸੀ, ਜਿਸ ਵਿੱਚ ਕਰੀਬ 8 ਮਹੀਨਿਆਂ ਤੋਂ ਪਾਤੜਾਂ ਸ਼ਹਿਰ ਦਾ ਕੂੜਾ ਸੁੱਟਿਆ ਜਾ ਰਿਹਾ ਸੀ, ਪਰ ਕੁਝ ਦਿਨਾਂ ਤੋਂ ਪਿੰਡ ਦੇ ਲੋਕਾਂ ਵੱਲੋਂ ਇਸ ਡੰਪ ਵਿੱਚ ਕੂੜਾ ਸੁੱਟੇ ਜਾਣ ਦਾ ਵਿਰੋਧ ਕੀਤੇ ਜਾਣ ਕਾਰਨ ਪਾਤੜਾਂ ਸ਼ਹਿਰ ਵਿੱਚ ਕੂੜੇ ਦੇ ਢੇਰ ਲੱਗ ਹੋਏ ਹਨ। ਐੱਸ ਡੀ ਐੱਮ ਅਸ਼ੋਕ ਕੁਮਾਰ ਨੇ ਕਿਹਾ ਕਿ ਜੇਕਰ ਇਸ ਕੂੜੇ ਦੇ ਡੰਪ ਨੂੰ ਲੈ ਕੇ ਕੋਈ ਮੁਸ਼ਕਲ ਹੈ ਤਾਂ ਉਸ ਵੱਲੋਂ ਲਿਖਤੀ ਤੌਰ ’ਤੇ ਦਿੱਤਾ ਜਾ ਸਕਦਾ ਹੈ ਅਤੇ ਇਸ ਕੀਤੀ ਗਈ ਸ਼ਿਕਾਇਤ ਅਨੁਸਾਰ ਪਿੰਡ ਵਾਸੀਆਂ ਦੀ ਮੁਸ਼ਕਲ ਦਾ ਹੱਲ ਕਰਨ ਲਈ ਨਗਰ ਕੌਂਸਲ ਨੂੰ ਲਿਖਤੀ ਨੋਟਿਸ ਦਿੱਤਾ ਜਾਵੇ ਅਤੇ ਲੀਜ਼ ’ਤੇ ਲਈ ਗਈ ਜ਼ਮੀਨ ਦੀ ਅੱਗੇ ਮੁਨਿਆਦ ਤੱਕ ਨਗਰ ਕੌਂਸਲ ਪਾਤੜਾਂ ਨੂੰ ਕੂੜੇ ਦੇ ਡੰਪ ਦਾ ਇੰਤਜ਼ਾਮ ਕਰਨ ਲਈ ਸਮਾਂ ਦਿੱਤਾ ਜਾਵੇ। ਇਸ ਸਬੰਧੀ ਦੱਸਦਿਆਂ ਪਿੰਡ ਦੇ ਸਰਪੰਚ ਸੁਰੇਸ਼ ਕੁਮਾਰ, ਪੰਚਾਇਤ ਮੈਂਬਰ ਜੋਗਿੰਦਰ ਸਿੰਘ, ਹਰਜਿੰਦਰ ਸਿੰਘ ਤੇ ਦਲੇਰ ਚੰਦ ਨੇ ਕਿਹਾ ਕਿ ਉਨ੍ਹਾਂ ਦੇ ਪਿੰਡ ਵਿੱਚ ਨਗਰ ਕੌਂਸਲ ਪਾਤੜਾਂ ਵੱਲੋਂ ਬਣਾਏ ਗਏ ਕੂੜੇ ਦੇ ਡੰਪ ਕਾਰਨ ਇਸ ਦੇ ਨੇੜੇ ਰਹਿਣ ਵਾਲੇ ਲੋਕਾਂ ਨੂੰ ਬਦਬੂ ਆ ਰਹੀ, ਉੱਥੇ ਹੀ ਹੜ੍ਹਾਂ ਦੌਰਾਨ ਇਸ ਡੰਪ ਦੇ ਕੂੜੇ ਦਾ ਸਾਰੇ ਪਿੰਡ ਦੀਆਂ ਜ਼ਮੀਨਾਂ ਤੇ ਘਰਾਂ ਵਿੱਚ ਪੁੱਜ ਜਾਣ ਦਾ ਖਦਸ਼ਾ ਹੈ ਅਤੇ ਇਸ ਲਈ ਉਨ੍ਹਾਂ ਵੱਲੋਂ ਵਿਰੋਧ ਕਰ ਰਹੇ ਲੋਕਾਂ ਨਾਲ ਖੜ੍ਹਨਾ ਪੈ ਰਿਹਾ ਹੈ। ਐੱਸ ਡੀ ਐੱਮ ਅਸ਼ੋਕ ਕੁਮਾਰ ਤੇ ਡੀ ਐੱਸ ਪੀ ਇੰਦਰਪਾਲ ਚੌਹਾਨ ਵੱਲੋਂ ਸਮਝਾਏ ਜਾਣ ’ਤੇ ਪਿੰਡ ਸ਼ੁਤਰਾਣਾ ਦੀ ਪੰਚਾਇਤ ਨੇ ਕਿਹਾ ਕਿ ਉਹ ਪਿੰਡ ਵਾਸੀਆਂ ਤੱਕ ਪ੍ਰਸ਼ਾਸਨ ਦੀ ਗੱਲ ਪਹੁੰਚਾ ਕੇ ਉਨ੍ਹਾਂ ਦੀ ਸਲਾਹ ਨਾਲ ਅਗਲਾ ਫੈਸਲਾ ਕਰਨਗੇ। ਇਸ ਦੌਰਾਨ ਨਗਰ ਕੌਂਸਲ ਪਾਤੜਾਂ ਦੇ ਪ੍ਰਧਾਨ ਰਣਵੀਰ ਸਿੰਘ ਵੱਲੋਂ ਵੀ ਕੂੜਾ ਡੰਪ ਵਿੱਚ ਸੁੱਟਣ ਤੋਂ ਨਾ ਰੋਕੇ ਜਾਣ ਦੀ ਅਪੀਲ ਕੀਤੀ ਗਈ। ਇਸ ਮੀਟਿੰਗ ਵਿੱਚ ਥਾਣਾ ਸ਼ੁਤਰਾਣਾ ਦੇ ਮੁਖੀ ਜਸਪਾਲ ਸਿੰਘ ਤੇ ਨਗਰ ਕੌਂਸਲ ਦੇ ਐੱਸ ਆਈ ਗੁਲਸ਼ਨ ਕੁਮਾਰ ਤੇ ਹੋਰ ਕਰਮਚਾਰੀ ਮੌਜੂਦ ਸਨ।

## ਵਿਦੇਸ਼ ਭੇਜਣ ਦੇ ਨਾਂਅ ’ਤੇ 25 ਲੱਖ ਠੱਗੇ, ਤਿੰਨ ਵਿਰੁੱਧ ਕੇਸ ਦਰਜ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਵਿਦੇਸ਼ ਭੇਜਣ ਦਾ ਝਾਂਸਾ ਦੇ ਕੇ 25 ਲੱਖ ਰੁਪਏ ਦੀ ਠੱਗੀ ਮਾਰੇ ਜਾਣ ਦੇ ਕਥਿਤ ਮਾਮਲੇ ’ਚ ਬਡਾਲੀ ਆਲਾ ਸਿੰਘ ਪੁਲਸ ਵੱਲੋਂ ਦੋ ਮਹਿਲਾਵਾਂ ਸਮੇਤ ਤਿੰਨ ਵਿਅਕਤੀਆਂ ਵਿਰੁੱਧ ਮੁਕੱਦਮਾ ਦਰਜ ਕੀਤਾ ਚਾਰ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਤਰਨਜੀਤ ਸਿੰਘ ਨਾਮਕ ਵਿਅਕਤੀ ਨੇ ਜ਼ਿਲ੍ਹਾ ਪੁਲਸ ਮੁਖੀ ਨੂੰ ਦਿੱਤੀ ਦਰਖਾਸਤ ਵਿੱਚ ਦੋਸ਼ ਲਗਾਏ ਸਨ ਕਿ ਸੋਸ਼ਲ ਮੀਡੀਆ ਰਾਹੀਂ ਉਸ ਦਾ ਸੰਪਰਕ ਹਰਪ੍ਰੀਤ ਸਿੰਘ ਨਾਮਕ ਵਿਅਕਤੀ ਨਾਲ ਹੋਇਆ ਸੀ, ਜਿਸ ਨੇ ਉਸ ਨੂੰ ਦੱਸਿਆ ਕਿ ਉਹ ਲੋਕਾਂ ਨੂੰ ਸਟੂਡੈਂਟ ਵੀਜ਼ੇ ’ਤੇ ਵਿਦੇਸ਼ ਭੇਜਣ ਦਾ ਕੰਮ ਕਰਦਾ ਹੈ ਤੇ ਉਸ ਦਾ ਸੈਕਟਰ 17 ਚੰਡੀਗੜ੍ਹ ਵਿਖੇ ਇੰਮੀਗ੍ਰੇਸ਼ਨ ਸਲਾਹਕਾਰ ਦਾ ਦਫਤਰ ਹੈ, ਜਿਸ ਵਿੱਚ ਹਰਬੰਸ ਕੌਰ ਤੇ ਕੁਲਦੀਪ ਕੌਰ ਵੀ ਪਾਰਟਨਰ ਹਨ ਤੇ ਉਹ ਕੈਨੇਡਾ ਦੇ ਸਰੀ ਵਿੱਚ ਵੀ ਇੱਕ ਕੰਪਨੀ ਚਲਾ ਰਹੇ ਹਨ। ਦਰਖਾਸਤਕਰਤਾ ਨੇ ਦੱਸਿਆ ਕਿ ਉਕਤ ਵਿਅਕਤੀਆਂ ’ਤੇ ਵਿਸ਼ਵਾਸ ਕਰਕੇ ਉਸ ਨੇ ਉਨ੍ਹਾਂ ਨਾਲ ਉਸ ਨੂੰ ਕੈਨੇਡਾ ਭੇਜਣ ਦੀ ਗੱਲ 28 ਲੱਖ ਰੁਪਏ ’ਚ ਮੁਕਾ ਲਈ ਤੇ ਆਪਣੇ ਕਾਗਜ਼ਾਤ ਅਤੇ 5 ਲੱਖ ਰੁਪਏ ਐਡਵਾਂਸ ਵਜੋਂ ਦੇ ਦਿੱਤੇ। ਜਦੋਂ ਉਨ੍ਹਾਂ ਨੇ ਉਸ ਨੂੰ ਦੱਸਿਆ ਕਿ ਤੇਰਾ ਵੀਜ਼ਾ ਪੀ.ਪੀ.ਆਰ. ਆ ਗਿਆ ਹੈ ਤਾਂ ਉਸ ਨੇ ਉਨ੍ਹਾਂ ਦੇ ਕਹਿਣ ਮੁਤਾਬਕ ਉਨ੍ਹਾਂ ਨੂੰ 20 ਲੱਖ ਰੁਪਏ ਹੋਰ ਦੇ ਦਿੱਤੇ, ਜਿਸ ਤੋਂ ਬਾਅਦ ਉਸ ਨੂੰ ਪਤਾ ਲੱਗਾ ਕਿ ਉਕਤ ਵਿਅਕਤੀ ਤਾਂ ਕਈ ਲੋਕਾਂ ਨਾਲ ਵਿਦੇਸ਼ ਭੇਜਣ ਦੇ ਨਾਮ ’ਤੇ ਠੱਗੀ ਮਾਰ ਚੁੱਕੇ ਹਨ। ਦਰਖਾਸਤ ’ਚ ਲਗਾਏ ਦੋਸ਼ਾਂ ਦੀ ਪੜਤਾਲ ਐਂਟੀ-ਹਿਊਮਨ ਟ੍ਰੈਫਿਕਿੰਗ ਯੂਨਿਟ ਫ਼ਤਹਿਗੜ੍ਹ ਸਾਹਿਬ ਵੱਲੋਂ ਕੀਤੀ ਗਈ, ਜਿਸ ਉਪਰੰਤ ਥਾਣਾ ਬਡਾਲੀ ਆਲਾ ਸਿੰਘ ਵਿਖੇ ਹਰਪ੍ਰੀਤ ਸਿੰਘ ਵਾਸੀ ਪਿੰਡ ਮੁੱਲੋਵਾਲ (ਸੰਗਰੂਰ), ਹਰਬੰਸ ਕੌਰ ਵਾਸੀ ਜਲੰਧਰ ਤੇ ਕੁਲਦੀਪ ਕੌਰ ਵਾਸੀ ਜਲੰਧਰ ਹਾਲ ਵਾਸੀ ਕੈਨੇਡਾ ਵਿਰੁੱਧ ਵੱਖ-ਵੱਖ ਧਾਰਾਵਾਂ ਤਹਿਤ ਮੁਕੱਦਮਾ ਦਰਜ ਕਰਵਾ ਕੇ ਡੀ.ਐੱਸ.ਪੀ. ਰਾਜ ਕੁਮਾਰ ਵੱਲੋਂ ਮਾਮਲੇ ਦੀ ਤਫਤੀਸ਼ ਸ਼ੁਰੂ ਕਰ ਦਿੱਤੀ ਗਈ ਹੈ।

## ਮਜ਼ਦੂਰ ਆਗੂ ’ਤੇ ਜਾਨਲੇਵਾ ਹਮਲੇ ਦੇ ਵਿਰੋਧ ’ਚ ਡੀ ਐੱਸ ਪੀ ਦਫ਼ਤਰ ਅੱਗੇ ਧਰਨਾ



**ਮੂਨਕ (ਰਾਜਪਾਲ ਸਿੰਗਲਾ)**-ਸਥਾਨਕ ਸ਼ਹਿਰ ਦੇ ਡੀ ਐੱਸ ਪੀ ਦਫ਼ਤਰ ਅੱਗੇ ਮਜ਼ਦੂਰ ਆਗੂ ’ਤੇ ਭਰੇ ਬਜ਼ਾਰ ਵਿੱਚ ਜਾਨਲੇਵਾ ਹਮਲਾ ਹੋਇਆ। ਇਸ ਸਬੰਧੀ ਸਟੂਡੈਂਟਸ ਯੂਨੀਅਨ ਦੇ ਆਗੂ ਹੁਸ਼ਿਆਰ ਸਿੰਘ ਨੇ ਜਾਣਕਾਰੀ ਦਿੰਦੇ ਹੋਏ ਕਿਹਾ ਕਿ ਅੱਜ ਐੱਸ ਸੀ ਭਾਈਚਾਰੇ ਦੀ ਜ਼ਮੀਨ ਨੂੰ ਲੈ ਕੇ ਨਜ਼ਦੀਕ ਪੈਂਦੇ ਪਿੰਡ ਪਾਪੜਾਂ ਦੇ ਲੋਕਾਂ ਨਾਲ ਮਜ਼ਦੂਰਾਂ ਦਾ ਸੰਘਰਸ਼ ਚੱਲ ਰਿਹਾ ਸੀ, ਪਿੰਡ ਪਾਪੜਾਂ ਦੇ ਕੁੱਝ ਲੋਕਾਂ ਨੇ ਡੀ ਐੱਸ ਪੀ ਦਫ਼ਤਰ ਮੂਨਕ ਅੱਗੇ ਮਜ਼ਦੂਰ ਆਗੂ ਹਰਭਗਵਾਨ ਸਿੰਘ ਉੱਤੇ ਜਾਨਲੇਵਾ ਹਮਲਾ ਬੋਲ ਦਿੱਤਾ। ਉਸ ਸਮੇਂ ਇਹ ਸਾਰੀ ਘਟਨਾ ਪੁਲਸ ਵੀ ਖੜੀ ਦੇਖ ਰਹੀ ਸੀ, ਜਿਸ ਨੂੰ ਲੈ ਕੇ ਮਜ਼ਦੂਰ ਯੂਨੀਅਨ, ਭਾਰਤੀ ਕਿਸਾਨ ਯੂਨੀਅਨ ਦੇ ਆਗੂ ਰਿੰਕੂ ਸੈਣੀ ਮੂਨਕ ਤੇ ਸਟੂਡੈਂਟਸ ਯੂਨੀਅਨ ਦੇ ਆਗੂ ਹੁਸ਼ਿਆਰ ਸਿੰਘ ਨੇ ਇਨਸਾਫ਼ ਲਈ ਡੀਐੱਸਪੀ ਦਫ਼ਤਰ ਮੂਨਕ ਅੱਗੇ ਧਰਨਾ ਲਗਾ ਦਿੱਤਾ। ਇਸ ਮੌਕੇ ਪੰਜਾਬ ਸਰਕਾਰ, ਪੁਲਸ ਪ੍ਰਸ਼ਾਸਨ ਤੇ ਗੁੰਡਾ ਅਨਸਰਾਂ ਖਿਲਾਫ ਜੰਮ ਕੇ ਨਾਅਰੇਬਾਜ਼ੀ ਕੀਤੀ ਗਈ। ਜੇਕਰ ਪੁਲਸ ਨੇ ਜਾਨਲੇਵਾ ਹਮਲਾ ਕਰਨ ਵਾਲੇ ਲੋਕਾਂ ’ਤੇ ਜਲਦ ਕਾਰਵਾਈ ਨਾ ਕੀਤੀ ਤਾਂ ਸੰਘਰਸ਼ ਨੂੰ ਤੇਜ਼ ਕੀਤਾ ਜਾਵੇਗਾ।

## ਡੀ ਸੀ ਵੱਲੋਂ ਪਾਣੀ ਦੀਆਂ ਪਾਈਪਾਂ ਪਾਉਣ ਦੇ ਕੰਮ ਦਾ ਜਾਇਜ਼ਾ

### ਸ਼ਹਿਰ ਦੀਆਂ ਸੜਕਾਂ ਬਣਾਉਣ ਲਈ 20 ਕਰੋੜ ਦੇ ਟੈਂਡਰ ਜਾਰੀ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**
ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਨੇ ਪੀਣ ਵਾਲੇ ਪਾਣੀ ਦੀਆਂ ਪਾਈਪਾਂ ਪਾਉਣ ਲਈ ਪੁੱਟੇ ਲੀਲ੍ਹਾ ਭਵਨ ਚੌਕ ਦਾ ਮੌਕੇ ’ਤੇ ਜਾ ਕੇ ਜਾਇਜ਼ਾ ਲੈਂਦਿਆਂ ਐੱਲ ਐਂਡ ਟੀ ਤੇ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਜੁਲਾਈ ਦੇ ਪਹਿਲੇ ਹਫਤੇ ਸਕੂਲ ਖੁੱਲ੍ਹਣ ਤੋਂ ਪਹਿਲਾਂ ਲੀਲ੍ਹਾ ਭਵਨ ਚੌਕ ’ਚ ਪਾਈਪਾਂ ਪਾਉਣ ਦਾ ਕੰਮ ਮੁਕੰਮਲ ਕੀਤਾ ਜਾਵੇ। ਉਨ੍ਹਾਂ ਲੀਲ੍ਹਾ ਭਵਨ ਚੌਂਕ ਦਾ 24 ਘੰਟੇ (ਦਿਨ-ਰਾਤ) ਕੰਮ ਚਾਲੂ ਰੱਖਣ ਦੀ ਹਦਾਇਤ ਕਰਦਿਆਂ ਕਿਹਾ ਕਿ ਲੀਲ੍ਹਾ ਭਵਨ ਚੌਕ ਸ਼ਹਿਰ ਦਾ ਮੁੱਖ ਚੌਕ ਹੈ, ਜਿਸ ਤੋਂ ਰੋਜ਼ਾਨਾ ਹਜ਼ਾਰਾਂ ਵਾਹਨ ਲੰਘਦੇ ਹਨ, ਇਸ ਲਈ ਇਸ ਸੜਕ ਨੂੰ ਮੋਟਰਏਬਲ ਨਾਲੋਂ ਨਾਲ ਕੀਤੀ ਜਾਵੇ ਤਾਂ ਜੋ ਸ਼ਹਿਰ ਦੇ ਸਭ ਤੋਂ ਵੱਧ ਟ੍ਰੈਫਿਕ ਵਾਲੇ ਖੇਤਰ ਵਿੱਚ ਲੋਕਾਂ ਨੂੰ ਘੱਟ ਤੋਂ ਘੱਟ ਸਮੱਸਿਆ ਦਾ ਸਾਹਮਣਾ ਕਰਨਾ ਪਵੇ। ਡਾ. ਪ੍ਰੀਤੀ ਯਾਦਵ ਨੇ ਕਿਹਾ ਕਿ ਜਿਨ੍ਹਾਂ ਥਾਵਾਂ ’ਤੇ ਸੜਕ ਨੂੰ ਪੁੱਟਿਆ ਗਿਆ ਹੈ, ਉੱਥੇ ਸਹੀ ਸਾਈਨ ਬੋਰਡ ਵੀ ਲਗਾਏ ਜਾਣ ਤਾਂ ਜੋ ਰਾਹਗੀਰਾਂ ਨੂੰ ਸੜਕ ’ਤੇ ਚੱਲ ਰਹੇ ਕੰਮ ਦਾ ਪਤਾ ਲਗਦਾ ਰਹੇ। ਉਨ੍ਹਾਂ ਅਧਿਕਾਰੀਆਂ ਨੂੰ ਸਖ਼ਤ ਹਦਾਇਤ ਕਰਦਿਆਂ ਕਿਹਾ ਕਿ ਸੜਕ ਦੀ ਮੁਰੰਮਤ ਦੇ ਕੰਮ ਵਿੱਚ ਕਿਸੇ ਵੀ ਤਰ੍ਹਾਂ ਦੀ ਅਣਗਹਿਲੀ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਇਸ ਮੌਕੇ ਜਲ ਸਪਲਾਈ ਤੇ ਸੀਵਰੇਜ ਬੋਰਡ ਦੇ ਕਾਰਜਕਾਰੀ ਇੰਜੀਨੀਅਰ ਵਿਕਾਸ ਧਵਨ ਨੇ ਦੱਸਿਆ ਕਿ ਡਾਕਖਾਨੇ ਤੋਂ ਲੀਲ੍ਹਾ ਭਵਨ ਪਾਰ ਕਰਨ ਦਾ ਕੰਮ ਅਗਲੇ ਪੰਜ ਦਿਨ ਵਿੱਚ ਮੁਕੰਮਲ ਕਰ ਲਿਆ ਜਾਵੇਗਾ। ਇਸ ਤੋਂ ਇਲਾਵਾ ਗੋਪਾਲ ਸਵੀਟਸ ਚੌਕ ਤੋਂ ਬਾਰਾਦਰੀ ਵੱਲ ਪਾਈਪਾਂ ਪਾਉਣ ਦਾ ਕੰਮ ਅਗਲੇ 20 ਦਿਨਾਂ ਦੇ ਅੰਦਰ ਮੁਕੰਮਲ ਕੀਤਾ ਜਾਵੇਗਾ।

ਇਸ ਮੌਕੇ ਨਗਰ ਨਿਗਮ ਦੇ ਨਿਗਰਾਨ ਇੰਜੀਨੀਅਰ ਹਰਕਿਰਨਪਾਲ ਸਿੰਘ ਨੇ ਦੱਸਿਆ ਕਿ ਨਗਰ ਨਿਗਮ ਕੋਲ ਸੜਕਾਂ ਬਣਾਉਣ ਲਈ 20 ਕਰੋੜ ਦੇ ਫੰਡ ਉਪਲਬਧ ਹਨ ਤੇ 20 ਕਰੋੜ ਦੇ ਟੈਂਡਰ ਵੀ ਕੀਤੇ ਜਾ ਚੁੱਕੇ ਹਨ ਅਤੇ ਵਰਕ ਆਰਡਰ ਵੀ ਜਾਰੀ ਹੋ ਚੁੱਕੇ ਹਨ। ਉਨ੍ਹਾਂ ਦੱਸਿਆ ਕਿ ਪਾਈਪਾਂ ਦੀ ਟੈਸਟਿੰਗ ਤੋਂ ਤੁਰੰਤ ਬਾਅਦ ਸੜਕਾਂ ਦੀ ਮੁਰੰਮਤ ਸ਼ੁਰੂ ਕਰ ਦਿੱਤੀ ਜਾਵੇਗੀ।

## 40 ਲੀਟਰ ਲਾਹਣ ਸਮੇਤ ਕਾਬੂ

**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਥਾਣਾ ਠੁੱਲੀਵਾਲ ਪੁਲਸ ਨੇ ਗੁਪਤ ਸੂਚਨਾ ਦੇ ਅਧਾਰ ’ਤੇ ਛਾਪਾ ਮਾਰਦਿਆਂ ਇੱਕ ਵਿਅਕਤੀ ਨੂੰ 40 ਲੀਟਰ ਨਾਜਾਇਜ਼ ਲਾਹਣ ਸਮੇਤ ਗ੍ਰਿਫ਼ਤਾਰ ਕੀਤਾ ਹੈ। ਥਾਣਾ ਮੁੱਖ ਅਫ਼ਸਰ ਗੁਰਮੇਲ ਸਿੰਘ ਨੇ ਦੱਸਿਆ ਕਿ ਏ.ਐੱਸ.ਆਈ. ਮਨਜਿੰਦਰ ਸਿੰਘ ਦੀ ਦੇਖ ਰੇਖ ਹੇਠ ਠੁੱਲੀਵਾਲ ਪੁਲਸ ਪਾਰਟੀ ਵੱਲੋਂ ਮਿਲੀ ਗੁਪਤ ਸੂਚਨਾ ਦੇ ਅਧਾਰ ’ਤੇ ਪਿੰਡ ਅਮਲਾ ਸਿੰਘ ਵਾਲਾ ਵਿਖੇ ਇੱਕ ਵਿਅਕਤੀ ਦੇ ਘਰ ’ਚ 40 ਲੀਟਰ ਲਾਹਣ ਬਰਾਮਦ ਹੋਈ ਤੇ ਮੌਕੇ ’ਤੇ ਹੀ ਲਖਬੀਰ ਸਿੰਘ ਵਾਸੀ ਅਮਲਾ ਸਿੰਘ ਵਾਲਾ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ। ਇਸ ਸੰਬੰਧੀ ਉਸ ਵਿਰੁੱਧ ਪਰਚਾ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ। ਇਸ ਮੌਕੇ ਸਹਾਇਕ ਥਾਣੇਦਾਰ ਮਨਜੀਤ ਸਿੰਘ, ਮਹਿਲਾ ਕਾਂਸਟੇਬਲ ਗੁਰਮੀਤ ਕੌਰ ਹੌਲਦਾਰ ਦੀਪ ਸਿੰਘ ਆਦਿ ਹਾਜ਼ਰ ਸਨ।

## ਅੰਤਰਰਾਸ਼ਟਰੀ ਨਸ਼ਾਖੋਰੀ ਤੇ ਗੈਰ-ਕਾਨੂੰਨੀ ਤਸਕਰੀ ਵਿਰੋਧੀ ਦਿਵਸ ਮੌਕੇ ਜ਼ਿਲ੍ਹਾ ਪੱਧਰੀ ਸਮਾਗਮ

### ਨਸ਼ਾ ਛੱਡਣ ਵਾਲਿਆਂ ਨੂੰ ਕਰਵਾਏ ਜਾ ਰਹੇ ਹਨ ਕਿੱਤਾ-ਮੁਖੀ ਕੋਰਸ : ਡੀ ਸੀ





**ਫ਼ਰੀਦਕੋਟ (ਐਲਿਗਜੈਂਡਰ ਡਿਸੂਜ਼ਾ)**-ਸਿਹਤ ਵਿਭਾਗ ਵੱਲੋਂ ਜ਼ਿਲ੍ਹਾ ਸਮਾਜਿਕ ਸੁਰੱਖਿਆ ਵਿਭਾਗ ਦੇ ਸਹਿਯੋਗ ਨਾਲ ਸਥਾਨਕ ਸਿਵਲ ਹਸਪਤਾਲ ਵਿਖੇ ਅੰਤਰਰਾਸ਼ਟਰੀ ਨਸ਼ਾਖੋਰੀ ਤੇ ਗੈਰ-ਕਾਨੂੰਨੀ ਤਸਕਰੀ ਵਿਰੋਧੀ ਦਿਵਸ ਮੌਕੇ ਜ਼ਿਲ੍ਹਾ ਪੱਧਰੀ ਸਮਾਗਮ ਕੀਤਾ ਗਿਆ, ਜਿਸ ਵਿੱਚ ਡਿਪਟੀ ਕਮਿਸ਼ਨਰ ਫਰੀਦਕੋਟ ਮੈਡਮ ਪੂਨਮਦੀਪ ਕੌਰ ਬਤੌਰ ਮੁੱਖ ਮਹਿਮਾਨ ਵਜੋਂ ਪਹੁੰਚੇ ਤੇ ਸਮਾਗਮ ਦੀ ਪ੍ਰਧਾਨਗੀ ਸਿਵਲ ਸਰਜਨ ਡਾ. ਚੰਦਰ ਸ਼ੇਖਰ ਕੱਕੜ ਨੇ ਕੀਤੀ। ਇਸ ਮੌਕੇ ਮੈਡਮ ਪੂਨਮਦੀਪ ਕੌਰ ਨੇ ਦੱਸਿਆ ਕਿ ਕਿਸੇ ਵੀ ਨਸ਼ਾ ਕਰਨ ਵਾਲੇ ਬਿਮਾਰ ਵਿਅਕਤੀ ਨਾਲ ਕਿਸੇ ਵੀ ਕਿਸਮ ਦਾ ਵਿਤਕਰਾ ਜਾਂ ਘਿਰਣਾ ਨਹੀਂ ਕਰਨੀ ਚਾਹੀਦੀ, ਸਗੋਂ ਉਸ ਦਾ ਸਹਿਯੋਗ ਕਰਕੇ ਉਸ ਨੂੰ ਹੌਸਲੇ ਨਾਲ, ਉਤਸ਼ਾਹਤ ਕਰਕੇ ਨਸ਼ਾ ਛੁਡਾਊ ਕੇਂਦਰ ਜਾਂ ਕਿਸੇ ਨੇੜੇ ਦੀ ਸਿਹਤ ਸੰਸਥਾ ਵਿੱਚ ਪਹੁੰਚਾਉਣ ਲਈ ਮਦਦ ਕਰਨੀ ਚਾਹੀਦੀ ਹੈ। ਉਨ੍ਹਾਂ ਦੱਸਿਆ ਕਿ ਸਰਕਾਰ ਵੱਲੋਂ ਸੂਬੇ ਭਰ ਵਿੱਚ ਚੱਲ ਰਹੇ ਸਰਕਾਰੀ ਓਟ ਕੇਂਦਰ, ਨਸ਼ਾ ਛੁਡਾਊ ਕੇਂਦਰ ਤੇ ਮੁੜਵਸੇਬਾ ਕੇਂਦਰਾਂ ਨੂੰ ਸਫ਼ਲਤਾਪੂਰਵਕ ਢੰਗ ਨਾਲ਼ ਚਲਾਇਆ ਜਾ ਰਿਹਾ ਹੈ। ਇਨ੍ਹਾਂ ਕੇਂਦਰਾ ਵਿੱਚ ਮੁਫਤ ਇਲਾਜ ਦੇ ਨਾਲ ਨਾਲ ਮਾਹਰ ਕਾਊਂਸਲਰਾਂ ਤੇ ਮਨੋਰੋਗ ਮਾਹਰਾਂ ਵੱਲੋਂ ਉਨ੍ਹਾਂ ਦੀ ਕਾਊਂਸਲਿੰਗ ਵੀ ਕੀਤੀ ਜਾਂਦੀ ਹੈ ਤਾਂ ਜੋ ਉਹ ਨਸ਼ਾ ਛੱਡਣ ਲਈ ਮਾਨਸਿਕ ਤੌਰ ’ਤੇ ਵੀ ਮਜ਼ਬੂਤ ਹੋ ਸਕਣ। ਪੰਜਾਬ ਸਰਕਾਰ ਵੱਲੋਂ ਸੰਕਲਪ ਯੋਜਨਾ ਤਹਿਤ ਨਸ਼ਾ ਛੁਡਾਊ ਕੇਂਦਰ ਤੇ ਮੁੜ ਵਸੇਬਾ ਕੇਂਦਰ ਵਿਖੇ ਦਾਖਲ ਇੱਛੁਕ ਮਰੀਜ਼ਾਂ ਨੂੰ ਕਿੱਤਾ ਮੁਖੀ ਕੋਰਸ ਵੀ ਕਰਵਾਏ ਜਾ ਰਹੇ ਹਨ ਤਾਂ ਜੋ ਉਹ ਸਿਹਤਮੰਦ ਹੋ ਕੇ ਆਪਣਾ ਤੇ ਆਪਣੇ ਪਰਿਵਾਰ ਦਾ ਪਾਲਣ ਪੋਸ਼ਣ ਕਰ ਸਕਣ ਤੇ ਖੁਸ਼ਹਾਲ ਜ਼ਿੰਦਗੀ ਬਤੀਤ ਕਰਨ।

ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫਸਰ ਨਵੀਨ ਗੜ੍ਹਵਾਲ ਨੇ ਸਰਕਾਰ ਵੱਲੋਂ ਚਲਾਈ ਜਾ ਰਹੀ ਨਸ਼ਾ ਮੁਕਤੀ ਮੁਹਿੰਮ ਬਾਰੇ ਜਾਣਕਾਰੀ ਦਿੰਦਿਆਂ ਸਾਰਿਆਂ ਨੂੰ ਨਸ਼ਾ ਵਿਰੋਧੀ ਸਹੁੰ ਚੁਕਵਾਈ ਤੇ ਆਪਣਾ ਬਣਦਾ ਯੋਗਦਾਨ ਪਾਉਣ ਲਈ ਪ੍ਰੇਰਿਤ ਕੀਤਾ। ਸਿਵਲ ਸਰਜਨ ਡਾ. ਚੰਦਰ ਸ਼ੇਖਰ ਕੱਕੜ ਨੇ ਦੱਸਿਆ ਕਿ ਸਮਾਜ ਵਿੱਚੋਂ ਨਸ਼ਿਆਂ ਨੂੰ ਜੜ੍ਹੋਂ ਖਤਮ ਕਰਨ ਲਈ ਵੱਖ-ਵੱਖ ਪੱਧਰ ’ਤੇ ਯਤਨ ਕੀਤੇ ਜਾ ਰਹੇ ਹਨ। ਨਸ਼ਿਆਂ ਨਾਲ ਪੀੜਤ ਵਿਅਕਤੀ ਇੱਕ ਕਿਸਮ ਦਾ ਮਰੀਜ਼ ਹੁੰਦਾ ਹੈ, ਜਿਸ ਨੂੰ ਕਿ ਇਲਾਜ ਦੀ ਸਖਤ ਜ਼ਰੂਰਤ ਹੁੰਦੀ ਹੈ ਤੇ ਸਮਾਜ ਦੀ ਵੀ ਜ਼ਿੰਮੇਵਾਰੀ ਬਣਦੀ ਹੈ ਕਿ ਉਹ ਉਸ ਨਾਲ ਵਿਤਕਰੇ ਦੀ ਥਾਂ ਪਿਆਰ ਤੇ ਅਪਣੱਤ ਦੀ ਭਾਵਨਾ ਨਾਲ ਉਸ ਨੂੰ ਇਸ ਸਮੱਸਿਆ ਵਿੱਚੋਂ ਕੱਢਣ ਦਾ ਯਤਨ ਕਰੇ।

ਸਮਾਗਮ ਦੌਰਾਨ ਡਿਪਟੀ ਮੈਡੀਕਲ ਕਮਿਸ਼ਨਰ ਡਾ. ਵਿਸ਼ਵਦੀਪ ਗੋਇਲ ਨੇ ਕਿਹਾ ਕਿ ਸਿਹਤ ਵਿਭਾਗ ਅਧੀਨ ਚੱਲ ਰਹੇ ਡੀ ਐਡੀਕਸ਼ਨ ਪ੍ਰੋਗਰਾਮ ਵਿੱਚ ਸਹਿਯੋਗ ਦਿੱਤਾ ਜਾਵੇ। ਸਮਾਗਮ ਤੋਂ ਬਾਅਦ ਯੂਥ ਅਫੇਅਰ ਆਰਗੇਨਾਈਜ਼ੇਸ਼ਨ, ਅਰੋਗਿਆ ਭਾਰਤੀ ਦੇ ਬੈਨਰ ਹੇਠ ਵਲੰਟਰੀਆਂ ਤੇ ਨਰਸਿੰਗ ਵਿਦਿਆਰਥੀਆਂ ਨੇ ਹੱਥਾਂ ਵਿੱਚ ਨਸ਼ਾ ਵਿਰੋਧੀ ਸੁਨੇਹਾ ਦਿੰਦੀਆਂ ਤਖਤੀਆਂ ਪ੍ਰਦਰਸ਼ਿਤ ਕਰਦਿਆਂ ਇੱਕ ਰੈਲੀ ਵੀ ਕੱਢੀ, ਜਿਸ ਨੂੰ ਡਿਪਟੀ ਕਮਿਸ਼ਨਰ ਸ੍ਰੀਮਤੀ ਪੂਨਮਦੀਪ ਕੌਰ ਨੇ ਦਫਤਰ ਸਿਵਲ ਸਰਜਨ ਤੋਂ ਹਰੀ ਝੰਡੀ ਦੇ ਕੇ ਰਵਾਨਾ ਕੀਤਾ। ਸਮਾਗਮ ਤੋਂ ਬਾਅਦ ਸਮੂਹ ਭਾਗੀਦਾਰਾਂ ਨੂੰ ਵਿਭਾਗ ਵੱਲੋਂ ਰਿਫ੍ਰੈਸ਼ਮੈਂਟ ਮੁਹੱਈਆ ਕਰਵਾਈ ਗਈ।

## ਏ ਡੀ ਸੀ ਵੱਲੋਂ ਜ਼ਿਲ੍ਹਾ ਪੱਧਰੀ ਆਧਾਰ ਨਿਗਰਾਨ ਕਮੇਟੀ ਦੀ ਸਮੀਖਿਆ ਮੀਟਿੰਗ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਵਧੀਕ ਡਿਪਟੀ ਕਮਿਸ਼ਨਰ (ਜ) ਦਮਨਜੀਤ ਸਿੰਘ ਮਾਨ ਦੀ ਪ੍ਰਧਾਨਗੀ ਹੇਠ ਜ਼ਿਲ੍ਹਾ ਪੱਧਰੀ ਆਧਾਰ ਨਿਗਰਾਨ ਕਮੇਟੀ ਦੀ ਸਮੀਖਿਆ ਮੀਟਿੰਗ ਕੀਤੀ ਗਈ, ਜਿਸ ’ਚ ਅਧਾਰ ਇਨਰੋਲਮੈਂਟ ਤੇ ਅਪਡੇਟ ਦੀ ਦਰ ਨੂੰ ਵਧਾਉਣ ਲਈ ਕਮੇਟੀ ਮੈਂਬਰਾਂ ਨੂੰ ਢੁੱਕਵੀ ਕਾਰਵਾਈ ਕੀਤੇ ਜਾਣ ਦੀ ਹਦਾਇਤ ਕੀਤੀ ਗਈ।

ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਨੇ ਹਦਾਇਤ ਕੀਤੀ ਕਿ 5 ਸਾਲ ਤੋਂ ਘੱਟ ਉਮਰ ਦੇ ਬੱਚਿਆਂ ਲਈ ਵੀ ਆਧਾਰ ਦੀ ਇੰਨਰੋਲਮੈਂਟ ਕਰਵਾਉਣ ਲਈ ਲੋਕਾਂ ਨੂੰ ਉਤਸ਼ਾਹਤ ਕੀਤੇ ਜਾਣ ’ਤੇ ਜ਼ੋਰ ਦਿੱਤਾ ਜਾਵੇ। ਇਸ ਦੇ ਨਾਲ ਉਨ੍ਹਾਂ ਅਧਿਕਾਰੀਆਂ ਨੂੰ ਇਹ ਨਿਰਦੇਸ਼ ਦਿੱਤੇ ਕਿ 5 ਸਾਲ ਤੇ 15 ਸਾਲ ਦੀ ਉਮਰ ਪੂਰੀ ਹੋਣ ’ਤੇ ਲਾਜ਼ਮੀ ਬਾਇਓ-ਮੈਟ੍ਰਿਕ ਅਪਡੇਟ ਕਰਵਾਉਣੀ ਯਕੀਨੀ ਬਣਾਈ ਜਾਵੇ। ਮੀਟਿੰਗ ਦੌਰਾਨ ਉਨ੍ਹਾਂ ਸਿੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ ਦੇ ਜ਼ਿਲ੍ਹਾ ਪੱਧਰੀ ਅਧਿਕਾਰੀਆਂ ਨੂੰ ਅਧਾਰ ਕਾਰਡ ਬਣਾਉਣ ਤੇ ਅਪਡੇਟ ਕਰਨ ਲਈ ਵਿਸ਼ੇਸ਼ ਕੈਂਪ ਲਗਾਉਣ ਦੀ ਹਦਾਇਤ ਕੀਤੀ। ਵਧੀਕ ਡਿਪਟੀ ਕਮਿਸ਼ਨਰ ਵੱਲੋਂ ਮੀਟਿੰਗ ਦੌਰਾਨ ਹਾਜ਼ਰ ਵੱਖ ਵੱਖ ਵਿਭਾਗਾਂ ਦੇ ਅਧਿਕਾਰੀਆਂ ਨੂੰ ਆਧਾਰ ਕੈਂਪ ਲਗਾਉਣ ਦੀ ਹਦਾਇਤ ਵੀ ਕੀਤੀ। ਉਨ੍ਹਾਂ ਅਧਿਕਾਰੀਆਂ ਨੂੰ ਇਹ ਨਿਰਦੇਸ਼ ਵੀ ਦਿੱਤੇ ਗਏ ਕਿ 18 ਸਾਲ ਦੀ ਉਮਰ ਪੂਰੀ ਕਰ ਚੁੱਕੇ ਨੌਜਵਾਨਾਂ ਦੇ ਆਧਾਰ ਕਾਰਡ ਤੇ ਅਪਡੇਸ਼ਨ ਵੀ ਜ਼ਰੂਰ ਕਰਵਾਈ ਜਾਵੇ। ਇਸ ਦੌਰਾਨ ਉਨ੍ਹਾਂ 10 ਸਾਲ ਦੇ ਅੰਦਰ-ਅੰਦਰ ਆਧਾਰ ਕਾਰਡ ਅਪਡੇਟ ਸਬੰਧੀ ਵੀ ਅਧਿਕਾਰੀਆਂ ਨੂੰ ਲੋੜੀਂਦੇ ਨਿਰਦੇਸ਼ ਦਿੱਤੇ ਅਤੇ ਜ਼ਿਲ੍ਹੇ ਵਿੱਚ ਆਧਾਰ ਕਿੱਟ ਸਬੰਧੀ ਵੀ ਜਾਣਕਾਰੀ ਪ੍ਰਾਪਤ ਕੀਤੀ ਤੇ ਆਧਾਰ ਕਿੱਟ ਦੇ ਚਾਲੂ ਹਾਲਤ ਦੇ ਵੇਰਵਿਆਂ ਸਬੰਧੀ ਸਬੰਧਤ ਅਧਿਕਾਰੀਆਂ ਤੋਂ ਰਿਪੋਰਟ ਵੀ ਮੰਗੀ। ਵਧੀਕ ਡਿਪਟੀ ਕਮਿਸ਼ਨਰ ਨੇ ਜ਼ਿਲ੍ਹਾ ਨਿਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਵੱਖ-ਵੱਖ ਸਰਕਾਰੀ ਸਹੂਲਤਾਂ ਦਾ ਨਿਰਵਿਘਨ ਲਾਭ ਉਠਾਉਣ ਲਈ ਆਪਣਾ ਮੋਬਾਈਲ ਨੰਬਰ ਆਧਾਰ ਨਾਲ ਅੱਪਡੇਟ ਕਰਨ। ਉਨ੍ਹਾਂ ਦੱਸਿਆ ਕਿ ਆਧਾਰ ਕਾਰਡ ਬਣਾਉਣਾ ਹਰੇਕ ਨਾਗਰਿਕ ਲਈ ਜ਼ਰੂਰੀ ਹੈ, ਕਿਉਂਕਿ ਕੇਂਦਰ ਤੇ ਰਾਜ ਸਰਕਾਰ ਦੀਆਂ ਵੱਖ-ਵੱਖ ਯੋਜਨਾਵਾਂ, ਬੈਂਕਿੰਗ ਤੇ ਹੋਰ ਨਾਗਰਿਕ ਸੇਵਾਵਾਂ ਦਾ ਲਾਭ ਹਾਸਲ ਕਰਨ ਲਈ ਆਧਾਰ ਕਾਰਡ ਦੀ ਲੋੜ ਪੈਂਦੀ ਹੈ। ਮੀਟਿੰਗ ਵਿੱਚ ਡੀ ਐੱਸ ਪੀ ਬਚਨ ਸਿੰਘ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ/ਕਰਮਚਾਰੀ ਹਾਜ਼ਰ ਸਨ।

## ਮੋਬਾਇਲ ਖੋਹਣ ਦੇ ਮਾਮਲੇ ’ਚ ਤਿੰਨ ਵਿਰੁੱਧ ਕੇਸ ਦਰਜ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਪਿੰਡ ਸ਼ਾਦੀਪੁਰ ਦੇ ਇੱਕ ਵਿਅਕਤੀ ਤੋਂ ਮੋਬਾਈਲ ਫੋਨ ਖੋਹੇ ਜਾਣ ਦੇ ਕਥਿਤ ਮਾਮਲੇ ’ਚ ਖਮਾਣੋਂ ਪੁਲਸ ਨੇ ਤਿੰਨ ਵਿਅਕਤੀਆਂ ਨੂੰ ਨਾਮਜ਼ਦ ਕੀਤਾ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਗੁਰਿੰਦਰ ਸਿੰਘ ਵਾਸੀ ਪਿੰਡ ਸ਼ਾਦੀਪੁਰ ਨੇ ਪੁਲਸ ਨੂੰ ਦਿੱਤੀ ਸ਼ਿਕਾਇਤ ਵਿੱਚ ਦੱਸਿਆ ਕਿ ਉਹ ਆਪਣੇ ਖੇਤਾਂ ’ਚੋਂ ਨਹਿਰ ਵੱਲ ਦੀ ਪੈਦਲ ਘਰ ਨੂੰ ਜਾ ਰਿਹਾ ਸੀ ਤਾਂ ਮੋਟਰਸਾਈਕਲ ’ਤੇ ਸਵਾਰ ਹੋ ਕੇ ਆਏ ਤਿੰਨ ਵਿਅਕਤੀ, ਜਿਨ੍ਹਾਂ ਕੋਲ ਦਾਹ ਤੇ ਕਿਰਪਾਨ ਆਦਿਕ ਹਥਿਆਰ ਸਨ, ਨੇ ਉਸ ਨੂੰ ਧੱਕਾ ਦੇ ਕੇ ਹੇਠਾਂ ਸੁੱਟ ਦਿੱਤਾ ਤੇ ਉਸ ਦਾ ਮੋਬਾਈਲ ਫੋਨ ਖੋਹ ਕੇ ਚਲੇ ਗਏ।

ਸ਼ਿਕਾਇਤਕਰਤਾ ਨੇ ਦੱਸਿਆ ਕਿ ਉਕਤ ਵਿਅਕਤੀ ਆਪਸੀ ਗੱਲਬਾਤ ਦੌਰਾਨ ਇੱਕ ਦੂਸਰੇ ਨੂੰ ਅਵਿਨਾਸ਼, ਸੰਜੈ ਤੇ ਰਮਨ ਨਾਮਕ ਨਾਵਾਂ ਨਾਲ ਬੁਲਾ ਰਹੇ ਸਨ। ਗੁਰਿੰਦਰ ਸਿੰਘ ਦੇ ਬਿਆਨਾਂ ’ਤੇ ਉਕਤ ਵਿਰੁੱਧ ਮੁਕੱਦਮਾ ਦਰਜ ਕਰਕੇ ਥਾਣਾ ਖਮਾਣੋਂ ਦੀ ਪੁਲਸ ਵੱਲੋਂ ਮਾਮਲੇ ਦੀ ਤਫਤੀਸ਼ ਕੀਤੀ ਜਾ ਰਹੀ ਹੈ।

## ਮਲੇਰੀਆ ਦੀ ਜਾਂਚ ਸਰਕਾਰੀ ਸਿਹਤ ਕੇਂਦਰਾਂ ’ਚ ਮੁਫ਼ਤ ਕੀਤੀ ਜਾਂਦੀ ਹੈ : ਡਾ. ਰਮਨਦੀਪ ਕੌਰ



**ਸਮਰਾਲਾ (ਸੁਰਜੀਤ ਸਿੰਘ)**-ਸਿਹਤ ਵਿਭਾਗ ਵੱਲੋਂ ਮਲੇਰੀਆ ਵਿਰੁੱਧ ਮਨਾਏ ਜਾ ਰਹੇ ਮਹੀਨੇ ਦੌਰਾਨ ਜ਼ਿਲ੍ਹੇ ਦੀਆਂ ਵੱਖ ਵੱਖ ਸਿਹਤ ਸੰਸਥਾਵਾਂ ਵਿੱਚ ਆਮ ਲੋਕਾਂ ਨੂੰ ਜਾਗਰੂਕ ਕਰਨ ਲਈ ਜਾਗਰੂਕਤਾ ਕੈਂਪ ਲਗਾਏ ਜਾ ਰਹੇ ਹਨ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਸਿਵਲ ਸਰਜਨ ਡਾ. ਰਮਨਦੀਪ ਕੌਰ ਨੇ ਦੱਸਿਆ ਕਿ ਸ਼ਹਿਰੀ ਤੇ ਪੇਂਡੂ ਖੇਤਰਾਂ ਦੀਆਂ ਸਿਹਤ ਸੰਸਥਾਵਾਂ ਵਿੱਚ ਮਰੀਜ਼ਾਂ ਤੇ ਆਮ ਲੋਕਾਂ ਨੂੰ ਮਲੇਰੀਆ ਤੋਂ ਬਚਾਅ ਲਈ ਜਾਗਰੂਕ ਕਰਨ ਤਹਿਤ ਵਿਸ਼ੇਸ਼ ਕੈਂਪ ਲਗਾਏ ਜਾ ਰਹੇ ਹਨ ਤਾਂ ਕਿ ਆਮ ਲੋਕਾਂ ਨੂੰ ਬਿਮਾਰੀਆਂ ਤੋਂ ਬਚਾਇਆ ਜਾ ਸਕੇ। ਉਨ੍ਹਾ ਦੱਸਿਆ ਕਿ ਡੇਂਗੂ ਦੀ ਤਰ੍ਹਾਂ ਮਲੇਰੀਆ ਵੀ ਮੱਛਰ ਦੇ ਕੱਟਣ ਕਾਰਨ ਫੈਲਦਾ ਹੈ, ਇਸ ਮੱਛਰ ਨੂੰ ਐਨਫਲੀਜ਼ ਫੀਮੇਲ ਮੱਛਰ ਕਿਹਾ ਜਾਂਦਾ ਹੈ, ਜੋ ਕਿ ਗੰਦੇ ਪਾਣੀ ’ਤੇ ਪੈਦਾ ਹੁੰਦਾ ਹੈ, ਜਿਸ ਦੀ ਪੈਦਾਇਸ਼ ਨੂੰ ਰੋਕਣ ਲਈ ਆਮ ਲੋਕਾਂ ਨੂੰ ਪੂਰਨ ਸਹਿਯੋਗ ਦੇਣਾ ਚਾਹੀਦਾ ਹੈ ਅਤੇ ਆਪਣੇ ਘਰਾਂ ਤੇ ਆਲੇ ਦੁਆਲੇ ਦੀ ਸਫ਼ਾਈ ਰੱਖਣੀ ਚਾਹੀਦੀ ਹੈ। ਉਨ੍ਹਾਂ ਦੱਸਿਆ ਕਿ ਮਲੇਰੀਆ ਦੀ ਜਾਂਚ ਸਾਰੇ ਸਰਕਾਰੀ ਸਿਹਤ ਕੇਂਦਰਾਂ ਵਿੱਚ ਮੁਫ਼ਤ ਕੀਤੀ ਜਾਂਦੀ ਹੈ। ਜ਼ਿਲ੍ਹਾ ਐਪੀਡੀਮੋਲੋਜਿਸਟ ਡਾ. ਸ਼ੀਤਲ ਨਾਰੰਗ ਨੇ ਦੱਸਿਆ ਕਿ ਕੋਈ ਵੀ ਬੁਖਾਰ ਮਲੇਰੀਆ ਹੋ ਸਕਦਾ ਹੈ। ਕਿਸੇ ਵਿਅਕਤੀ ਨੂੰ ਠੰਢ ਲੱਗ ਕੇ ਤੇਜ਼ ਬੁਖਾਰ ਹੋਣਾ, ਸਿਰ ਦਰਦ ਹੋਣਾ, ਮਾਸਪੇਸ਼ੀਆਂ ਤੇ ਜੋੜਾਂ ਵਿੱਚ ਦਰਦ ਅਤੇ ਦਿਲ ਕੱਚਾ ਜਾਂ ਉਲਟੀਆਂ ਆਉਣ ਆਦਿ ਮਲੇਰੀਆ ਦੇ ਲੱਛਣ ਹੋ ਸਕਦੇ ਹਨ। ਜੇਕਰ ਅਜਿਹੇ ਲੱਛਣ ਦਿਖਾਈ ਦੇਣ ਤਾਂ ਤੇ ਤੁਰੰਤ ਨੇੜੇ ਦੀ ਸਰਕਾਰੀ ਸਿਹਤ ਸੰਸਥਾ ਵਿੱਚ ਜਾ ਕੇ ਖ਼ੂਨ ਦੀ ਜਾਂਚ ਕਰਵਾਉਣ ਤੋਂ ਬਾਅਦ ਜੇਕਰ ਮਲੇਰੀਆ ਦੀ ਸ਼ਿਕਾਇਤ ਹੋਵੇ ਤਾਂ ਡਾਕਟਰ ਦੀ ਸਲਾਹ ਨਾਲ ਦਵਾਈ ਲੈਣੀ ਚਾਹੀਦੀ ਹੈ।

## ਗੰਢੂਆਂ ਵਿਖੇ ਸਵੈ-ਰੋਜ਼ਗਾਰ ਤੇ ਰਜਿਸਟ੍ਰੇਸ਼ਨ ਕੈਂਪ



**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਡਿਪਟੀ ਕਮਿਸ਼ਨਰ ਡਾ. ਸੋਨਾ ਥਿੰਦ ਦੇ ਦਿਸ਼ਾ ਨਿਰਦੇਸ਼ਾਂ ਹੇਠ ਜ਼ਿਲ੍ਹਾ ਫਤਹਿਗੜ੍ਹ ਸਾਹਿਬ ਦੇ ਲੋੜਵੰਦ ਪ੍ਰਾਰਥੀਆਂ ਨੂੰ ਰੋਜ਼ਗਾਰ ਦੇ ਬਿਹਤਰੀਨ ਮੌਕੇ ਮੁਹੱਈਆ ਕਰਵਾਉਣ ਲਈ ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਨਿਰੰਤਰ ਯਤਨਸ਼ੀਲ ਹੈ। ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਦੇ ਅਧਿਕਾਰੀ ਹਰਪ੍ਰੀਤ ਸਿੰਘ ਸਿੱਧੂ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪਿੰਡ ਗੰਢੂਆਂ ਵਿਖੇ ਸਵੈ-ਰੋਜ਼ਗਾਰ ਤੇ ਰਜਿਸਟ੍ਰੇਸ਼ਨ ਕੈਂਪ ਲਗਾਇਆ ਗਿਆ, ਜਿਸ ਵਿੱਚ ਪ੍ਰਾਰਥੀਆਂ ਨੂੰ ਸਵੈ-ਰੋਜ਼ਗਾਰ ਦੀਆਂ ਸਕੀਮਾਂ ਬਾਰੇ ਦੱਸਿਆ ਗਿਆ। ਉਨ੍ਹਾਂ ਦੱਸਿਆ ਕਿ ਨੌਜਵਾਨਾਂ ਨੂੰ ਰੋਜ਼ਗਾਰ ਦੇ ਨਾਲ-ਨਾਲ ਆਪਣਾ ਕੰਮਕਾਰ ਸ਼ੁਰੂ ਕਰਨ ਬਾਰੇ ਵੀ ਦੱਸਿਆ ਗਿਆ। ਇਸ ਕੈਂਪ ਵਿੱਚ 30 ਪ੍ਰਾਰਥੀਆਂ ਨੇ ਭਾਗ ਲਿਆ ਤੇ 11 ਪ੍ਰਾਰਥੀਆਂ ਦੀ ਰਜਿਸਟ੍ਰੇਸ਼ਨ ਕੀਤੀ ਗਈ। ਕੈਂਪ ਦੌਰਾਨ ਐੱਸ. ਸੀ. ਕਾਰਪੋਰੇਸ਼ਨ, ਬੀ. ਸੀ. ਕਾਰਪੋਰੇਸ਼ਨ ਤੇ ਜ਼ਿਲ੍ਹਾ ਉਦਯੋਗ ਕੇਂਦਰ ਵੱਲੋਂ ਦਿੱਤੀਆਂ ਜਾਣ ਵਾਲੀਆਂ ਸਹੂਲਤਾਂ ਬਾਰੇ ਪ੍ਰਾਰਥੀਆਂ ਨੂੰ ਜਾਣੂ ਕਰਵਾਇਆ ਗਿਆ।

## ਤੇਜਿੰਦਰ ਖਹਿਰਾ ਬਣੇ ਪੰਜਾਬ ਯੂਥ ਡਿਵੈੱਲਪਮੈਂਟ ਬੋਰਡ ਦੇ ਮੈਂਬਰ



**ਨਾਭਾ (ਵਰਿੰਦਰ ਵਰਮਾ)**-ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੁਚਾਰੂ ਢੰਗ ਨਾਲ ਕੰਮ ਚਲਾਉਣ ਲਈ ਪੰਜਾਬ ਯੂਥ ਡਿਵੈਲਪਮੈਂਟ ਬੋਰਡ ਦੇ ਨਵੇਂ ਮੈਂਬਰਾਂ ਦੀ ਨਿਯੁਕਤੀ ਕੀਤੀ ਗਈ ਹੈ। ਇਸੇ ਤਹਿਤ ਹਲਕਾ ਵਿਧਾਨ ਸਭਾ ਨਾਭਾ ਤੋਂ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਤੇਜਿੰਦਰ ਖਹਿਰਾ ਨੂੰ ਬੋਰਡ ਦਾ ਮੈਂਬਰ ਨਿਯੁਕਤ ਕੀਤਾ ਗਿਆ ਹੈ। ਬੋਰਡ ਦਾ ਮੈਂਬਰ ਲਗਾਏ ਜਾਣ ’ਤੇ ਆਪ ਆਗੂਆਂ ਤੇ ਵਰਕਰਾਂ ਵਿੱਚ ਖੁਸ਼ੀ ਦੀ ਲਹਿਰ ਵੇਖਣ ਨੂੰ ਮਿਲੀ। ਜ਼ਿਕਰਯੋਗ ਹੈ ਕਿ ਤੇਜਿੰਦਰ ਖਹਿਰਾ ਜਿੱਥੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਲਈ ਖੇਡਾਂ ਵੱਲ ਪ੍ਰੇਰਿਤ ਕਰ ਰਹੇ ਹਨ, ਉੱਥੇ ਸਮਾਜ ਸੇਵਾ ਦੇ ਖੇਤਰ ਵਿੱਚ ਵੀ ਵੱਧ ਚੜ੍ਹ ਕੇ ਸਹਿਯੋਗ ਦੇ ਰਹੇ ਹਨ। ਇਸ ਨਿਯੁਕਤੀ ’ਤੇ ਤੇਜਿੰਦਰ ਖਹਿਰਾ ਨੇ ਮੁੱਖ ਮੰਤਰੀ ਪੰਜਾਬ ਸ੍ਰ. ਭਗਵੰਤ ਸਿੰਘ ਮਾਨ, ਹਲਕਾ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਤੇ ਸਮੁੱਚੀ ਲੀਡਰਸ਼ਿਪ ਦਾ ਧੰਨਵਾਦ ਕਰਦਿਆਂ ਕਿਹਾ ਕਿ ਪਿੰਡ ਤੇ ਸ਼ਹਿਰ ਪੱਧਰ ’ਤੇ ਸਮਾਜਿਕ ਕਾਰਜਾਂ ’ਚ ਨੌਜਵਾਨਾਂ ਨੂੰ ਦਿਲਚਸਪੀ ਲੈਣ ਤੇ ਮੋਹਰੀ ਰੋਲ ਅਦਾ ਕਰਨ ਲਈ ਪ੍ਰੇਰਿਤ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਭਵਿੱਖ ਵਿੱਚ ਕਲੱਬਾਂ ਲਈ ਸਹਾਇਤਾ ਗਰਾਂਟ ਰਾਸ਼ੀ ਦਿੱਤੀ ਜਾਵੇਗੀ। ਉਨ੍ਹਾਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸੂਬੇ ਨੂੰ ਰੰਗਲਾ ਪੰਜਾਬ ਬਣਾਉਣ ਲਈ ਕੀਤੇ ਜਾ ਰਹੇ ਉਪਰਾਲਿਆਂ ਵਿੱਚ ਭਾਗੀਦਾਰ ਬਣਨ ਦੀ ਅਪੀਲ ਕੀਤੀ।

## ਨਵਲਦੀਪ ਸਿੰਘ ਮੌਲਵੀਵਾਲਾ ਯੂਥ ਡਿਵੈੱਲਪਮੈਂਟ ਬੋਰਡ ਦੇ ਡਾਇਰੈਕਟਰ ਬਣੇ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਨੌਜਵਾਨਾਂ ਦੇ ਸਰਬਪੱਖੀ ਵਿਕਾਸ ਲਈ ਗਠਿਤ ਕੀਤੇ ਗਏ ਪੰਜਾਬ ਯੂਥ ਡਿਵੈਲਪਮੈਂਟ ਬੋਰਡ ਵਿੱਚ ਵਿਧਾਨ ਸਭਾ ਹਲਕਾ ਸ਼ੁਤਰਾਣਾ ਨੂੰ ਨੁਮਾਇੰਦਗੀ ਦਿੱਤੇ ਜਾਣ ਨੂੰ ਲੈ ਕੇ ਹਲਕੇ ਨਾਲ ਸੰਬੰਧਤ ਨੌਜਵਾਨਾਂ ਅੰਦਰ ਖੁਸ਼ੀ ਪਾਈ ਜਾ ਰਹੀ ਹੈ। ਸੂਬਾ ਸਰਕਾਰ ਵੱਲੋਂ ਯੂਥ ਡਿਵੈਲਪਮੈਂਟ ਬੋਰਡ ਵਿੱਚ ਹਲਕੇ ਦੇ ਪਿੰਡ ਮੌਲਵੀਵਾਲਾ ਨਾਲ ਸੰਬੰਧਤ ਨੌਜਵਾਨ ਵਿਦਿਆਰਥੀ ਆਗੂ ਨਵਲਦੀਪ ਸਿੰਘ ਮੌਲਵੀਵਾਲਾ ਨੂੰ ਡਾਇਰੈਕਟਰ ਬਣਾਇਆ ਗਿਆ ਹੈ। ਆਪਣੀ ਨਿਯੁਕਤੀ ਲਈ ਪਾਰਟੀ ਸੁਪਰੀਮੋ ਅਰਵਿੰਦ ਕੇਜਰੀਵਾਲ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਹਲਕਾ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਸਮੇਤ ਸਮੁੱਚੀ ਪਾਰਟੀ ਹਾਈ ਕਮਾਂਡ ਦਾ ਧੰਨਵਾਦ ਕਰਦਿਆਂ ਆਪ ਆਗੂ ਨਵਲਦੀਪ ਸਿੰਘ ਮੌਲਵੀਵਾਲਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਇੱਕ ਪਾਸੇ ਜਿੱਥੇ ਪਿਛਲੀਆਂ ਸਰਕਾਰਾਂ ਦੀਆਂ ਗਲਤ ਨੀਤੀਆਂ ਕਰਕੇ ਬੇਰੁਜ਼ਗਾਰੀ ਦੇ ਆਲਮ ਵਿੱਚ ਫਸੇ ਨੌਜਵਾਨਾਂ ਨੂੰ ਰੁਜ਼ਗਾਰ ਦੇ ਮੌਕੇ ਮੁਹੱਈਆ ਕਰਵਾ ਰਹੀ ਹੈ, ਉੱਥੇ ਮੁੜ ਤੋਂ ਰੰਗਲਾ ਪੰਜਾਬ ਸਿਰਜਣ ਲਈ ਸਰਕਾਰ ਵੱਲੋਂ ਕੀਤੀਆਂ ਜਾ ਰਹੀਆਂ ਕੋਸ਼ਿਸ਼ਾਂ ਦੇ ਚਲਦਿਆਂ ਨੌਜਵਾਨਾਂ ਨੂੰ ਖੇਡਾਂ ਤੇ ਸਿਹਤ ਦੇ ਖੇਤਰ ਵਿੱਚ ਅੱਗੇ ਲਿਆਂਦਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਵੱਲੋਂ ਕੀਤੀਆਂ ਜਾ ਰਹੀਆਂ ਅਣਥੱਕ ਕੋਸ਼ਿਸ਼ਾਂ ਦੇ ਚਲਦਿਆਂ ਖੇਡਾਂ ਵਤਨ ਪੰਜਾਬ ਦੀਆਂ ਵਰਗੇ ਉਪਰਾਲਿਆਂ ਦੇ ਸਾਰਥਕ ਨਤੀਜੇ ਸਾਹਮਣੇ ਆਉਣ ਲੱਗੇ ਹਨ। ਆਪ ਸਰਕਾਰ ਵੱਲੋਂ ਨਸ਼ਿਆਂ ਵਿਰੁੱਧ ਛੇੜੀ ਜੰਗ ਦੀ ਗੱਲ ਕਰਦਿਆਂ ਉਨ੍ਹਾਂ ਕਿਹਾ ਕਿ ਫੈਸਲਾਕੁੰਨ ਲੜਾਈ ਲਗਾਤਾਰ ਜਾਰੀ ਹੈ।

## 3 ਪੰਜਾਬ ਗਰਲਜ਼ ਬਟਾਲੀਅਨ ਐੱਨ ਸੀ ਸੀ ਦਾ ਕੈਂਪ ਸੱਭਿਆਚਾਰਕ ਸ਼ਾਮ ਨਾਲ ਸੰਪੰਨ



**ਲੁਧਿਆਣਾ (ਰੈਕਟਰ ਕਥੂਰੀਆ)**-3 ਪੰਜਾਬ ਗਰਲਜ਼ ਬਟਾਲੀਅਨ ਐੱਨ.ਸੀ.ਸੀ. ਲੁਧਿਆਣਾ ਵੱਲੋਂ 17 ਜੂਨ ਤੋਂ 26 ਜੂਨ ਤੱਕ ਖਾਲਸਾ ਕਾਲਜ ਫਾਰ ਵੂਮੈਨ ਵਿਖੇ ਸਾਲਾਨਾ ਸਿਖਲਾਈ ਕੈਂਪ (ਏ.ਟੀ.ਸੀ.-54) ਕਰਨਲ ਆਰ. ਐੱਸ. ਚੌਹਾਨ, ਕਮਾਂਡਿੰਗ ਅਫਸਰ ਦੀ ਅਗਵਾਈ ਹੇਠ ਇੱਕ ਜੀਵੰਤ ਸੱਭਿਆਚਾਰਕ ਸ਼ਾਮ ਨਾਲ ਸਮਾਪਤ ਹੋਇਆ। ਇਸ ਸਮਾਗਮ ਵਿੱਚ ਮੁੱਖ ਮਹਿਮਾਨ ਬ੍ਰਿਗੇਡੀਅਰ ਪੀ. ਐੱਸ. ਚੀਮਾ, ਐੱਸ. ਐੱਮ., ਵੀ.ਐੱਸ.ਐੱਮ., ਗਰੁੱਪ ਕਮਾਂਡਰ, ਐੱਨ.ਸੀ.ਸੀ. ਗਰੁੱਪ ਹੈੱਡਕੁਆਰਟਰ ਲੁਧਿਆਣਾ ਨੇ ਸ਼ਿਰਕਤ ਕੀਤੀ, ਜਿਨ੍ਹਾਂ ਕੈਡਿਟਾਂ ਦੀ ਅਨੁਸ਼ਾਸਨ, ਦ੍ਰਿੜ੍ਹਤਾ ਤੇ ਰਾਸ਼ਟਰਵਾਦੀ ਭਾਵਨਾ ਦੀ ਪ੍ਰਸੰਸਾ ਕੀਤੀ। ਸ਼ਾਮ ਨੂੰ ਹੋਰ ਵੀ ਸਨਮਾਨਤ ਮਹਿਮਾਨ ਡਾ. (ਸ੍ਰੀਮਤੀ) ਕਮਲਜੀਤ ਗਰੇਵਾਲ ਪ੍ਰਿੰਸੀਪਲ ਖਾਲਸਾ ਕਾਲਜ ਫਾਰ ਵੂਮੈਨ ਦੀ ਮੌਜੂਦਗੀ ਨਾਲ ਸਨਮਾਨਤ ਕੀਤਾ ਗਿਆ। ਇਸ ਦਸ ਦਿਨਾ ਕੈਂਪ ਦੌਰਾਨ ਕੈਡਿਟਾਂ ਨੇ ਡ੍ਰਿਲ, ਹਥਿਆਰ ਸੰਭਾਲਣ, ਸਵੈ-ਰੱਖਿਆ ਵਿੱਚ ਸਖ਼ਤ ਸਿਖਲਾਈ ਲਈ ਤੇ ਸਾਈਬਰ ਸੁਰੱਖਿਆ, ਆਫ਼ਤ ਪ੍ਰਬੰਧਨ ਤੇ ਸਮਾਜਿਕ ਜ਼ਿੰਮੇਵਾਰੀ ਆਦਿ ਸੈਮੀਨਾਰਾਂ ਵਿੱਚ ਹਿੱਸਾ ਲਿਆ। ਇਨ੍ਹਾਂ ਗਤੀਵਿਧੀਆਂ ਨੇ ਉਨ੍ਹਾਂ ਦੇ ਲੀਡਰਸ਼ਿਪ ਵਿਕਾਸ, ਸਰੀਰਕ ਸਹਿਣਸ਼ੀਲਤਾ ਤੇ ਟੀਮ-ਨਿਰਮਾਣ ਦੇ ਹੁਨਰਾਂ ਵਿੱਚ ਮਹੱਤਵਪੂਰਨ ਯੋਗਦਾਨ ਪਾਇਆ। ਸੱਭਿਆਚਾਰਕ ਸ਼ਾਮ ਨੇ ਮਨਮੋਹਕ ਲੋਕ ਨਾਚਾਂ, ਗੀਤਾਂ ਤੇ ਸਕਿੱਟਾਂ ਰਾਹੀਂ ਕੈਡਿਟਾਂ ਦੇ ਵਿਕਾਸ ਤੇ ਆਤਮਵਿਸ਼ਵਾਸ ਨੂੰ ਪ੍ਰਦਰਸ਼ਤ ਕੀਤਾ, ਜੋ ਕਿ ਅਨੁਸ਼ਾਸਤ, ਜ਼ਿੰਮੇਵਾਰ ਤੇ ਸਸ਼ਕਤ ਨੌਜਵਾਨ ਨਾਗਰਿਕਾਂ ਵਿੱਚ ਉਨ੍ਹਾਂ ਦੇ ਪਰਿਵਰਤਨ ਨੂੰ ਦਰਸਾਉਂਦਾ ਹੈ, ਜੋ ਸੱਚਮੁੱਚ ਐੱਨਸੀਸੀ ਸਿਖਲਾਈ ਦੀ ਭਾਵਨਾ ਤੇ ਉਦੇਸ਼ ਨੂੰ ਦਰਸਾਉਂਦਾ ਹੈ।

## ਪ੍ਰੋ. ਬਲਜਿੰਦਰ ਸਿੰਘ ਅਮਰੀਕਾ ’ਚ ਡਾਇਨਾਮਿਕ ਮੌਲੀਕਿਊਲ ਐਵਾਰਡ ਨਾਲ ਸਨਮਾਨਤ



**ਸਮਰਾਲਾ (ਸੁਰਜੀਤ ਸਿੰਘ)**-ਪੀ.ਜੀ.ਆਈ. ਚੰਡੀਗੜ੍ਹ ਉੱਤਰ ਭਾਰਤ ਦੀ ਇੱਕ ਅਜਿਹੀ ਸਿਹਤ ਸੰਸਥਾ ਹੈ, ਜਿੱਥੇ ਡਾਕਟਰ ਨਾ ਸਿਰਫ ਮਰੀਜ਼ਾਂ ਦੇ ਉੱਚ ਮਿਆਰੀ ਇਲਾਜ ਵਿੱਚ ਵੱਡਾ ਨਾਮਣਾ ਖੱਟ ਰਹੇ ਹਨ, ਬਲਕਿ ਉਸ ਦੇ ਖੋਜਕਰਤਾ ਡਾਕਟਰ ਮੈਡੀਸਨ ਦੇ ਖੇਤਰ ਵਿੱਚ ਨਵੇਂ ਦਿਸਹੱਦੇ ਸਥਾਪਤ ਕਰ ਰਹੇ ਹਨ। ਇਸ ਦਿਸ਼ਾ ਵਿੱਚ ਇੱਕ ਹੋਰ ਵੱਡੀ ਪੁਲਾਂਘ ਪੁੱਟਦੇ ਹੋਏ ਇਸ ਸੰਸਥਾ ਦੇ ਨਿਊਕਲੀਅਰ ਮੈਡੀਸਨ ਵਿਭਾਗ ਦੇ ਪ੍ਰੋ. ਬਲਜਿੰਦਰ ਸਿੰਘ ਨੂੰ ਨਿਊ ਔਰਲੀਅਨਸ, ਅਮਰੀਕਾ ਵਿੱਚ 21 ਤੋਂ 24 ਜੂਨ ਤੱਕ ਹੋਈ ਸਾਊਸਾਇਟੀ ਆਫ਼ ਨਿਊਕਲੀਅਰ ਮੈਡੀਸਨ ਐਂਡ ਮੋਲੀਕਿਊਲਰ ਇਮੇਜਿੰਗ ਦੀ ਸਾਲਾਨਾ ਮੀਟਿੰਗ ਦੌਰਾਨ ਪ੍ਰਤਿਸ਼ਠਤ ਡਾਇਨਾਮਿਕ ਮੌਲੀਕਿਊਲ ਐਵਾਰਡ 2025 ਨਾਲ ਸਨਮਾਨਤ ਕੀਤਾ ਗਿਆ। ਇਹ ਸਨਮਾਨ ਇੰਡੋ-ਅਮਰੀਕਨ ਸੋਸਾਇਟੀ ਆਫ਼ ਨਿਊਕਲੀਅਰ ਮੈਡੀਸਨ ਵੱਲੋਂ ਉਨ੍ਹਾਂ ਦੇ ਵਿਗਿਆਨਕ ਖੋਜ ਪੇਪਰ ‘ਪੀ ਈ ਟੀ/ਸੀ ਟੀ ਦਾ ਉਪਯੋਗ ਕਰ ਮਲਟੀਪਲ ਮਾਇਲੋਮਾ ਮਰੀਜ਼ਾਂ ਵਿੱਚ ਮਿਨੀਮਲ ਰੈਜੀਡੁਅਲ ਡਿਸੀਜ਼ ਦਾ ਮੁਲਾਂਕਣ’ ਲਈ ਦਿੱਤਾ ਗਿਆ। ਇਸਦੇ ਨਾਲ ਹੀ ਪ੍ਰੋ. ਬਲਜਿੰਦਰ ਸਿੰਘ ਨੂੰ ਨਿਊਕਲੀਅਰ ਮੈਡੀਸਨ ਦੇ ਖੇਤਰ ਵਿੱਚ ਰਾਸ਼ਟਰੀ ਤੇ ਅੰਤਰਰਾਸ਼ਟਰੀ ਪੱਧਰ ’ਤੇ ਉਨ੍ਹਾਂ ਦੀਆਂ ਮਹੱਤਵਪੂਰਨ ਪ੍ਰਾਪਤੀਆਂ ਲਈ ਸਪੈਸ਼ਲ ਆਨਰ ਐਵਾਰਡ ਨਾਲ ਵੀ ਸਨਮਾਨਤ ਕੀਤਾ ਗਿਆ। ਪੀ.ਜੀ.ਆਈ. ਦੇ ਡਾਇਰੈਕਟਰ ਪ੍ਰੋ. ਵਿਵੇਕ ਲਾਲ ਨੇ ਖੁਸ਼ੀ ਜ਼ਾਹਰ ਕਰਦਿਆਂ ਕਿਹਾ ਕਿ ਇਹ ਅੰਤਰਰਾਸ਼ਟਰੀ ਪੱਧਰ ਦੀ ਪਛਾਣ ਪੂਰੇ ਇੰਸਟੀਚਿਊਟ ਲਈ ਮਾਣਯੋਗ ਹੈ ਤੇ ਇਹ ਸਾਬਿਤ ਕਰਦੀ ਹੈ ਕਿ ਇੱਥੇ ਹੋ ਰਹੀ ਰਿਸਰਚ ਉੱਚ ਪੱਧਰੀ ਤੇ ਰੋਗੀ ਕੇਂਦਰਿਤ ਹੈ। ਪ੍ਰੋ. ਬਲਜਿੰਦਰ ਸਿੰਘ ਦਾ ਕੰਮ ਇਸ ਗੱਲ ਦੀ ਗਵਾਹੀ ਭਰਦਾ ਹੈ ਕਿ ਅਗੇਤਰੀ ਵਿਗਿਆਨਕ ਖੋਜ ਵਿਸ਼ੇਸ਼ ਤੌਰ ’ਤੇ ਮਲਟੀਪਲ ਮਾਇਲੋਮਾ ਵਰਗੇ ਜਟਿਲ ਰੋਗਾਂ ਵਿੱਚ ਕਿਸ ਤਰ੍ਹਾਂ ਮਰੀਜ਼ ਦੇ ਇਲਾਜ ਵਿੱਚ ਉਪਯੋਗੀ ਸਾਬਿਤ ਹੀ ਸਕਦੀ ਹੈ। ਪ੍ਰੋ. ਪੰਕਜ ਮਲਹੋਤਰਾ ਨੇ ਵੀ ਇਸ ਖੋਜ ਦੀ ਤਾਈਦ ਕੀਤੀ।

28-June-PAGE-11-Majha-25.qxd 6/27/2025 10:36 PM Page 1



# ਪੁਰਾਣਾ ਬੱਸ ਸਟੈਂਡ ਗੁਰਦਾਸਪੁਰ ਵਿਖੇ ਵਿਸ਼ਾਲ ਰੈਲੀ ਤੇ ਰੋਸ ਪ੍ਰਦਰਸ਼ਨ 9 ਨੂੰ

ਗੁਰਦਾਸਪੁਰ (ਜਨਕ ਮਹਾਜਨ)-ਕੇਂਦਰ ਦੀ ਮੋਦੀ ਸਰਕਾਰ ਅਤੇ ਪੰਜਾਬ ਦੀ ਭਗਵੰਤ ਮਾਨ ਸਰਕਾਰ ਦੇ ਮਜ਼ਦੂਰ ਵਿਰੋਧੀ, ਲੋਕ ਵਿਰੋਧੀ ਤੇ ਦੇਸ਼ ਵਿਰੋਧੀ ਫ਼ੈਸਲਿਆਂ ਖ਼ਿਲਾਫ਼ ਕੇਂਦਰੀ ਟਰੇਡ ਯੂਨੀਅਨਾਂ ਅਤੇ ਫੈਡਰੇਸ਼ਨਾਂ ਦੇ ਸੱਦੇ ਤਹਿਤ 9 ਜੁਲਾਈ ਨੂੰ ਦੇਸ਼ ਵਿਆਪੀ ਹੜਤਾਲ ਦੀ ਸਫਲਤਾ ਲਈ ਗੁਰਦਾਸਪੁਰ ਤੋਂ ਟਰੇਡ ਯੂਨੀਅਨਾਂ ਦੇ ਸਾਂਝੇ ਮੋਰਚੇ ਵਿੱਚ ਸ਼ਾਮਲ ਜਥੇਬੰਦੀਆਂ ਏਟਕ, ਸੀਟੂ, ਏਕਟੂ ਅਤੇ ਸੀਟੀਯੂ ਪੰਜਾਬ ਵੱਲੋਂ 9 ਜੁਲਾਈ ਨੂੰ ਪੁਰਾਣਾ ਬੱਸ ਸਟੈਂਡ ਗੁਰਦਾਸਪੁਰ ਵਿਖੇ ਰੈਲੀ ਕਰਨ ਉਪਰੰਤ ਰੋਸ ਪ੍ਰਦਰਸ਼ਨ ਕਰਨ ਦਾ ਫੈਸਲਾ ਕੀਤਾ। ਟਰੇਡ ਯੂਨੀਅਨਾਂ ਦਾ ਸਾਂਝਾ ਮੋਰਚਾ ਜ਼ਿਲ੍ਹਾ ਗੁਰਦਾਸਪੁਰ ਦੀ ਮੀਟਿੰਗ ਸ਼ਹੀਦ ਕਾਮਰੇਡ ਬਲਜੀਤ ਸਿੰਘ ਵਲਟੋਹਾ ਯਾਦਗਾਰ ਟਰੱਸਟ ਭਵਨ ਗੁਲੀਆ ਰਾਮ ਕਲੋਨੀ ਜੇਲ ਰੋਡ ਗੁਰਦਾਸਪੁਰ ਵਿਖੇ ਕਾਮਰੇਡ ਵਿਜੇ ਕੁਮਾਰ ਸੋਹਲ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਉਪਰੰਤ ਪ੍ਰੈਸ ਨੂੰ ਜਾਰੀ ਬਿਆਨ ਵਿੱਚ ਕਾਮਰੇਡ ਗੁਰਮੀਤ ਸਿੰਘ ਬਖਤਪੁਰ, ਮੁਰਾਰੀ ਲਾਲ, ਠਾਕੁਰ ਧਿਆਨ ਸਿੰਘ, ਬਲਵਿੰਦਰ ਸਿੰਘ ਉਦੀਪੁਰ ਅਤੇ ਜਸਵੰਤ ਸਿੰਘ ਬੁੱਟਰ ਨੇ ਕਿਹਾ ਕਿ ਜਦੋਂ ਤੱਕ ਮਜ਼ਦੂਰ, ਕਿਸਾਨ, ਮੁਲਾਜ਼ਮ ਤੇ ਛੋਟੇ ਕਾਰੋਬਾਰੀ ਇਕਜੁੱਟ ਹੋ ਕੇ ਕੇਂਦਰ ਤੇ ਪੰਜਾਬ ਸਰਕਾਰ ਦੀਆਂ ਕਾਰਪੋਰੇਟ ਜਗਤ ਨੂੰ ਮਾਲਾਮਾਲ ਕਰਨ ਵਾਲੀਆਂ ਲੋਕ ਮਾਰੂ ਆਰਥਿਕ ਨੀਤੀਆਂ ਦਾ ਵਿਰੋਧ ਨਹੀਂ ਕਰਦੇ ਦੇਸ਼ ਅੰਦਰ ਬੇਰੋਕ ਵੱਧ ਰਹੀ ਬੇਰੁਜ਼ਗਾਰੀ-ਮਹਿੰਗਾਈ ਤੇ ਭ੍ਰਿਸ਼ਟਾਚਾਰ ਨੂੰ ਰੋਕਣਾ ਸੰਭਵ ਨਹੀਂ। 9 ਜੁਲਾਈ ਦੇਸ਼ ਵਿਆਪੀ ਹੜਤਾਲ ਦੀਆਂ ਮੁੱਖ ਮੰਗਾਂ ਮਜ਼ਦੂਰ ਪੱਖੀ ਸਾਰੇ ਕਿਰਤ ਕਾਨੂੰਨਾਂ ਨੂੰ ਬਹਾਲ ਰੱਖਿਆ ਜਾਵੇ, ਚਾਰ ਲੇਬਰ ਕੋਡ ਰੱਦ ਕੀਤੇ ਜਾਣ, ਮਿਨੀਮਮ ਵੇਜ ਘੱਟੋ-ਘੱਟ 26000 ਰੁਪਏ ਪ੍ਰਤੀ ਮਹੀਨਾ ਤਨਖਾਹ ਤੇ ਦਿਹਾੜੀ 700 ਰੁਪਏ ਨਿਸ਼ਚਿਤ ਕੀਤੀ ਜਾਵੇ, ਅੱਠ ਘੰਟੇ ਕੰਮ ਦਿਹਾੜੀ ਦਾ ਸਮਾਂ ਪਹਿਲੇ ਦੀ ਤਰ੍ਹਾਂ ਬਹਾਲ ਰੱਖਿਆ ਜਾਵੇ, ਠੇਕਿਆਂ ਸਮੇਤ ਸਾਰੇ



ਉਦਯੋਗਾਂ ਦੇ ਕੇਂਦਰੀ ਕਾਨੂੰਨ ਅਧੀਨ ਲਾਗੂ ਕੀਤੇ ਜਾਣ, ਪੰਜਾਬ ਸਰਕਾਰ ਵੱਲੋਂ ਸਾਲ 2012 ਤੋਂ ਰੋਕੀ ਮਿਨੀਮਮ ਸੋਧ ਤੁਰੰਤ ਜਾਰੀ ਕੀਤੀ, ਓਵਰ ਟਾਈਮ ਦਾ ਦੁਗਣੇ ਰੇਟ ਵਿਚ ਮਿਲਣਾ ਯਕੀਨੀ ਬਣਾਇਆ ਜਾਵੇ, ਆਸ਼ਾ ਵਰਕਰ ਮਿਡ-ਡੇ-ਮੀਲ ਵਰਕਰ ਆਂਗਣਵਾੜੀ ਵਰਕਰ ਤੇ ਹੋਰ ਸਕੀਮ ਆਧਾਰਿਤ ਵਰਕਰਾਂ ਨੂੰ ਘੱਟੋ-ਘੱਟ ਉਜਰਤ ਦੇ ਘੇਰੇ ਵਿਚ ਸ਼ਾਮਿਲ ਕੀਤਾ ਜਾਵੇ, ਪੰਜਾਬ ਦੇ ਲੇਬਰ ਵਿਭਾਗ ਅੰਦਰ ਢਿੱਲਮੱਠ ਨੀਤੀ ਨੂੰ ਦੂਰ ਕੀਤਾ ਜਾਏ, ਮਨਰੇਗਾ ਤਹਿਤ ਸਾਰਾ ਸਾਲ ਕੰਮ ਦਿੱਤਾ ਜਾਏ ਤੇ ਦਿਹਾੜੀ ਘੱਟੋ-ਘੱਟ 700 ਰੁਪਏ ਕੀਤੀ ਜਾਵੇ, ਗਰੀਬ ਲੋਕਾਂ ਨੂੰ ਮਾਈਕਰੋ ਫਨਾਂਸ ਕੰਪਨੀਆਂ ਦੇ ਚੁੰਗਲ ਤੋਂ ਬਚਾਇਆ ਜਾਵੇ ਤੇ ਮਜ਼ਦੂਰਾਂ ਦੀਆਂ ਹੋਰ ਮੰਗਾਂ ਤਰੁੰਤ ਲਾਗੂ ਕਰਵਾਉਣ ਲਈ ਆਵਾਜ਼ ਬੁਲੰਦ ਕੀਤੀ ਜਾਵੇਗੀ। ਮੀਟਿੰਗ ਵਿੱਚ ਸ਼ਮਸ਼ੇਰ ਸਿੰਘ ਨਵਾਂ ਪਿੰਡ, ਵਿਜੇ ਕੁਮਾਰ ਸੋਹਲ, ਸ਼ਿਵ ਕੁਮਾਰ, ਜੋਗਿੰਦਰ ਸਿੰਘ ਲੇਹਲ, ਜਗੀਰ ਸਿੰਘ ਬਟਾਲਾ, ਪ੍ਰੇਮ ਮਸੀਹ ਸੋਨਾ, ਸੁਭਾਸ਼ ਕੈਰੇ ਅਤੇ ਹੋਰ ਸਾਥੀ ਹਾਜ਼ਰ ਸਨ।

# ਮੀਥੇਨੌਲ ਦੀ ਵਿਕਰੀ 'ਤੇ ਜ਼ਿਲ੍ਹਾ ਮੈਜਿਸਟ੍ਰੇਟ ਨੇ ਲਗਾਈਆਂ ਪਾਬੰਦੀਆਂ

ਅੰਮ੍ਰਿਤਸਰ (ਨਰਿੰਦਰ ਜੀਤ ਸਿੰਘ)-ਜ਼ਿਲ੍ਹਾ ਮੈਜਿਸਟ੍ਰੇਟ-ਕਮ-ਡਿਪਟੀ ਕਮਿਸ਼ਨਰ ਅੰਮ੍ਰਿਤਸਰ ਸਾਕਸ਼ੀ ਸਾਹਨੀ ਨੇ ਮੀਥੇਨੌਲ ਦੀ ਦੁਰਵਰਤੋਂ ਨੂੰ ਰੋਕਣ ਲਈ ਕਈ ਤਰ੍ਹਾਂ ਦੀਆਂ ਸਖ਼ਤ ਪਾਬੰਦੀਆਂ ਲਗਾ ਦਿੱਤੀਆਂ ਹਨ। ਜਾਰੀ ਕੀਤੇ ਗਏ ਹੁਕਮਾਂ ਵਿੱਚ ਉਨ੍ਹਾਂ ਨੇ ਸਪੱਸ਼ਟ ਕੀਤਾ ਕਿ ਜ਼ਿਲ੍ਹੇ ਵਿੱਚ ਮੀਥੇਨੌਲ ਜਿਸ ਨੂੰ ਮਿਥਾਈਲ ਅਲਕੋਹਲ ਵੀ ਕਿਹਾ ਜਾਂਦਾ ਹੈ, ਦਾ ਗੈਰ-ਕਾਨੂੰਨੀ ਵਪਾਰ ਅਤੇ ਸੰਭਾਵੀ ਦੁਰਵਰਤੋਂ ਹੋ ਰਹੀ ਹੈ। ਮੀਥੇਨੌਲ ਦੇ ਫੀਡਸਟਾਕ, ਘੋਲਕ, ਬਾਲਣ ਅਤੇ ਐਂਟੀਫ੍ਰੀਜ਼ ਵਜੋਂ ਵਰਤੀ ਜਾਂਦੀ ਹੈ, ਪਰ ਇਸਦੀ ਦੁਰਵਰਤੋਂ ਮਨੁੱਖੀ ਸਿਹਤ ਲਈ ਗੰਭੀਰ ਖ਼ਤਰਾ ਹੋ ਸਕਦੀ ਹੈ, ਜਿਸ ਕਾਰਨ ਇਸ ਨੂੰ ਪੰਜਾਬ ਜ਼ਹਿਰ ਐਕਟ, 2012 ਦੇ ਤਹਿਤ ਇੱਕ ਜ਼ਹਿਰੀਲਾ ਪਦਾਰਥ ਘੋਸ਼ਿਤ ਕੀਤਾ ਗਿਆ ਹੈ। ਸੋ, ਇਸਦੀ ਅਣਅਧਿਕਾਰਤ ਅਤੇ ਬਿਨਾਂ ਲਾਇਸੈਂਸ ਵਾਲੀ ਵਿਕਰੀ ਨੂੰ ਰੋਕਣ ਲਈ ਸਾਕਸ਼ੀ ਸਾਹਨੀ ਆਈਏਐੱਸ ਜ਼ਿਲ੍ਹਾ ਮੈਜਿਸਟ੍ਰੇਟ ਅੰਮ੍ਰਿਤਸਰ ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ, 2023 ਦੀ ਧਾਰਾ 163 ਤਹਿਤ ਪ੍ਰਾਪਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਗੈਰ-ਅਧਿਕਾਰਤ ਵਿਅਕਤੀ ਨੂੰ ਮੀਥੇਨੌਲ ਦੀ ਵਿਕਰੀ ਅਤੇ ਡਲਿਵਰੀ 'ਤੇ ਪੂਰੀ ਤਰ੍ਹਾਂ ਪਾਬੰਦੀ ਲਗਾ ਦਿੱਤੀ ਹੈ। ਇਸ ਦੇ ਨਾਲ ਹੀ ਮੀਥੇਨੌਲ ਦੀ ਅਣਅਧਿਕਾਰਤ ਅਤੇ ਗੈਰ-ਲਾਇਸੈਂਸਸ਼ੁਦਾ ਵਿਕਰੀ 'ਤੇ ਸਖ਼ਤੀ ਨਾਲ ਪਾਬੰਦੀ ਰਹੇਗੀ ਅਤੇ ਮੀਥੇਨੌਲ ਦੇ ਸਾਰੇ ਅਧਿਕਾਰਤ ਹੈਂਡਲਰ ਅਤੇ ਵਿਕਰੇਤਾ ਵੀ ਆਪਣੇ ਸਟਾਕ ਰਜਿਸਟਰ ਅਤੇ ਮਾਸਿਕ ਸਟਾਕ ਜਾਣਕਾਰੀ ਸਬੰਧਤ ਸਹਾਇਕ ਆਬਕਾਰੀ ਅਤੇ ਕਰ ਕਮਿਸ਼ਨਰ, ਅੰਮ੍ਰਿਤਸਰ ਦੇ ਦਫ਼ਤਰ ਨੂੰ ਜਮ੍ਹਾਂ ਕਰਵਾਉਣਗੇ।

ਉਨ੍ਹਾਂ ਹਦਾਇਤ ਕੀਤੀ ਕਿ ਸਹਾਇਕ ਆਬਕਾਰੀ ਅਤੇ ਕਰ ਕਮਿਸ਼ਨਰ ਇਸ ਹੁਕਮ ਦੀ ਪਾਲਣਾ ਦੀ ਸਖ਼ਤੀ ਨਾਲ ਨਿਗਰਾਨੀ ਕਰਨਗੇ। ਇਸ ਦੇ ਨਾਲ ਹੀ ਪੁਲਸ ਕਮਿਸ਼ਨਰ, ਅੰਮ੍ਰਿਤਸਰ (ਸ਼ਹਿਰ), ਸੀਨੀਅਰ ਪੁਲਸ ਸੁਪਰਡੈਂਟ, ਅੰਮ੍ਰਿਤਸਰ (ਦਿਹਾਤੀ) ਅਤੇ ਹੋਰ ਸਬੰਧਤ ਕਾਨੂੰਨ ਲਾਗੂ ਕਰਨ ਵਾਲੀਆਂ ਏਜੰਸੀਆਂ ਜ਼ਹਿਰੀਲੇ ਪਦਾਰਥਾਂ ਦੀ ਗੈਰ-ਕਾਨੂੰਨੀ ਵਿਕਰੀ ਅਤੇ ਦੁਰਵਰਤੋਂ ਨੂੰ ਰੋਕਣ ਅਤੇ ਜਨਤਕ ਸਿਹਤ ਦੀ ਰੱਖਿਆ ਲਈ ਢੁੱਕਵੀਂ ਕਾਰਵਾਈ ਕਰਨਗੀਆਂ।ਇਹ ਹੁਕਮ ਅੱਜ ਤੋਂ ਅਗਲੇ ਹੁਕਮਾਂ ਤੱਕ ਲਾਗੂ ਰਹੇਗਾ।

# ਨਸ਼ਿਆਂ ਖਿਲਾਫ ਮੁੱਖ ਮੰਤਰੀ ਮਾਨ ਦ੍ਰਿੜ ਸੰਕਲਪ ਤੇ ਵਾਅਦੇ ਦੇ ਪੱਕੇ : ਧਾਲੀਵਾਲ

ਅਜਨਾਲਾ (ਸੁਖਦੇਵ ਸਿੰਘ ਰਾਜੂ)-ਪ੍ਰਵਾਸੀ ਭਾਰਤੀ ਮਾਮਲਿਆਂ ਦੇ ਮੰਤਰੀ ਪੰਜਾਬ ਸ: ਕੁਲਦੀਪ ਸਿੰਘ ਧਾਲੀਵਾਲ ਨੇ ਕਾਂਗਰਸ, ਅਕਾਲੀ ਦਲ ਤੇ ਭਾਜਪਾ ਨੂੰ ਰਾਜਸੀ ਤੌਰ ਤੇ ਲੰਮੇ ਹੱਥੀਂ ਲੈਂਦਿਆਂ ਕਿਹਾ ਕਿ ਪੰਜਾਬ ਦੀਆਂ ਇਨ੍ਹਾਂ ਰਵਾਇਤੀ ਪਾਰਟੀਆਂ ਦੇ 75 ਸਾਲਾ ਕਾਰਜਕਾਲ ਦੌਰਾਨ ਪੰਜਾਬ 'ਚ ਛਾਲਾਂ ਮਾਰ ਕੇ ਵਧੇ ਨਸ਼ਿਆਂ ਦੀ ਤਸਕਰੀ ਤੇ ਵਰਤੋਂ ਦੇ ਮੰਦਭਾਗੇ ਵਰਤਾਰੇ ਦੀ ਕੋਈ ਨੈਤਿਕ ਜ਼ਿੰਮੇਵਾਰੀ ਲੈਣ ਸਮੇਤ ਨਸ਼ਿਆਂ ਦੇ ਖਾਤਮੇ ਲਈ ਕੋਈ ਉਚਿਤ ਪ੍ਰਸ਼ਾਸਨਿਕ ਤੇ ਸਮਾਜਿਕ ਕਦਮ ਚੁੱਕਣ ਦੀ ਬਜਾਏ ਹੁਣ ਮੁੱਖ ਮੰਤਰੀ ਪੰਜਾਬ ਸ: ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਦ੍ਰਿੜ ਰਾਜਸੀ ਇੱਛਾ ਦਾ ਪ੍ਰਮਾਣ ਦਿੰਦਿਆਂ 1 ਮਾਰਚ ਤੋਂ ਨਸ਼ਿਆਂ ਦੀ ਜੜ੍ਹ ਪੁੱਟਣ ਲਈ ਸ਼ੁਰੂ ਕੀਤੀ ਗਈ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦੌਰਾਨ 19 ਹਜ਼ਾਰ ਤੋਂ ਵੱਧ ਨਸ਼ਾ ਤਸਕਰਾਂ ਨੂੰ ਗ੍ਰਿਫਤਾਰ ਕਰਕੇ ਅਰਬਾਂ ਰੁਪਏ ਦੇ ਨਸ਼ੀਲੇ ਪਦਾਰਥ, 150 ਦੇ ਕਰੀਬ ਨਸ਼ਾ ਤਸਕਰਾਂ ਦੀ ਬੁਲਡੋਜ਼ਰ ਨਾਲ ਨਜਾਇਜ਼ ਸੰਪਤੀ ਨੂੰ ਤਹਿਸ ਨਹਿਸ ਕਰਨ ਅਤੇ 20 ਕਰੋੜ ਰੁਪਏ ਦੇ ਕਰੀਬ ਡਰੱਗ ਮਨੀ ਸਬਤ ਕੀਤੇ ਜਾਣ ਦੀ ਮੁਹਿੰਮ 'ਚ ਪੰਜਾਬ ਨੂੰ ਨਸ਼ਾ ਮੁਕਤ ਕਰਨ ਲਈ ਸਹਿਯੋਗ ਵੀ ਨਹੀਂ ਦਿੱਤਾ, ਸਗੋਂ ਇਨ੍ਹਾਂ ਰਵਾਇਤੀ ਪਾਰਟੀਆਂ ਨੇ ਨੈਤਿਕ ਕਦਰਾਂ ਕੀਮਤਾਂ ਦੀ ਰਾਜਨੀਤੀ ਨੂੰ ਸਿਰੇ ਤੋਂ ਤਿਲਾਂਜਲੀ ਦੇ ਦਿੱਤੀ ਹੈ।ਇਨ੍ਹਾਂ ਵਿਰੋਧੀ ਦਲਾਂ ਨੇ ਸਹੀ ਨੂੰ ਸਹੀ ਅਤੇ ਗਲਤ ਨੂੰ ਗਲਤ ਕਹਿਣਾ ਛੱਡ ਕੇ ਆਪਣਾ ਰਾਜਸੀ ਚਰਿੱਤਰ ਡੇਗ ਲਿਆ ਹੈ।ਗੱਲਬਾਤ ਦੌਰਾਨ ਕੈਬਨਿਟ ਮੰਤਰੀ ਸ: ਧਾਲੀਵਾਲ ਨੇ ਕਿਹਾ ਕਿ ਉਕਤ ਵਿਰੋਧੀ ਧਿਰਾਂ ਦੇ ਰਾਜਸੀ ਦੱਲ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਨੂੰ ਛੋਟੇ ਨਸ਼ਾ ਤਸਕਰਾਂ ਨੂੰ ਗ੍ਰਿਫਤਾਰ ਕੀਤੇ ਜਾਣ ਤੱਕ ਦਾ ਮੁੱਦਾ ਬਣਾ ਕੇ ਵੱਡੇ ਨਸ਼ਾ ਤਸਕਰਾਂ ਭਾਵ ਵੱਡੀਆਂ ਮੱਛੀਆਂ ਨੂੰ ਨਾ ਕਾਬੂ ਕਰਨ ਲਈ ਮਾਨ ਸਰਕਾਰ ਦੀ ਆਲੋਚਨਾ ਕਰਦਿਆਂ ਸਿੱਧੇ ਰੂਪ ਚ ਵੱਡੇ ਮਗਰਮੱਛ ਨੂੰ ਫੜ ਕੇ ਜੇਲ੍ਹ ਪੁਚਾ ਕੇ ਵਧੇ ਕਦਮ ਲਈ ਮਾਨ ਸਰਕਾਰ ਤੇ ਆਪਣਾ ਦਬਾਓ ਵਧਾਇਆ। ਸ: ਧਾਲੀਵਾਲ ਨੇ ਕਿਹਾ ਕਿ ਹੁਣ ਵੱਡੇ ਮਗਰਮੱਛ ਤੇ ਡਰੱਗ ਮਨੀ ਦੀ ਜਾਂਚ ਕਰ ਰਹੀ ਵਿਜੀਲੈਂਸ ਨੇ ਆਪਣਾ ਕਰਤੱਵ ਨਿਭਾਉਂਦਿਆਂ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਦੀ ਅਗਵਾਈ ਵਾਲੀ ਸਾਬਕਾ ਕਾਂਗਰਸ ਸਰਕਾਰ ਦੌਰਾਨ ਕਥਿਤ ਦਰਜ ਨਸ਼ੀਲੇ ਪਦਾਰਥਾਂ ਦੇ ਧੰਦੇ ਤੇ ਡਰੱਗ ਮਨੀ 'ਚ ਲੋੜੀਂਦੇ ਇੱਕ ਵੱਡੇ ਮਗਰਮੱਛ ਨੂੰ ਜੇਕਰ ਵਿਜੀਲੈਂਸ ਨੇ ਗ੍ਰਿਫਤਾਰ ਕਰ ਲਿਆ ਹੈ ਤਾਂ ਨਿੰਦਾਯੋਗ ਗੱਲ ਇਹ ਉਭਰੀ ਹੈ ਕਿ ਸਾਬਕਾ ਮੁੱਖ ਮੰਤਰੀ ਚੰਨੀ ਸਮੇਤ ਸੀਨੀਅਰ ਕਾਂਗਰਸੀ ਲੀਡਰਸ਼ਿਪ ਸਣੇ, ਭਾਜਪਾ ਤੇ ਹੋਰ ਵਿਰੋਧੀ ਨੇ ਵੀ ਇਕੋ ਸੁਰ 'ਚ ਬੇਸੁਰਾ ਰਾਗ ਅਲਾਪਦਿਆਂ ਮਾਨ ਸਰਕਾਰ ਨੂੰ ਸਿਆਸੀ ਬਦਲਾਖੋਰੀ ਦੀ ਕਾਰਵਾਈ ਕਹਿ ਕੇ ਬੋਲਣੀ, ਝੂਠੀ, ਬੇਬੁਨਿਆਦ ਤੇ ਨਿਰਾਧਾਰ ਬਿਆਨਬਾਜ਼ੀ ਕਰਨੀ ਸ਼ੁਰੂ ਕਰ ਦਿੱਤੀ ਹੈ, ਜੋ ਵਿਰੋਧੀ ਧਿਰਾਂ ਦੀ ਨਿਰਪੱਖ ਭੂਮਿਕਾ ਦੀਆਂ ਨੈਤਿਕ ਰਾਜਸੀ ਕਦਰਾਂ ਕੀਮਤਾਂ ਦਾ ਘਾਣ ਹੈ। ਉਹਨਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦਮਦਾਰ ਤੇ ਵਾਅਦੇ ਦੇ ਪੱਕੇ ਬੰਦੇ ਹਨ, ਜੋ ਨਿਆਂ ਦਾ ਪੱਲਾ ਫੜ ਕੇ ਭ੍ਰਿਸ਼ਟਾਚਾਰ ਤੇ ਨਸ਼ਿਆਂ ਤੇ ਜ਼ੀਰੋ ਟਾਲਰੈਂਸ ਨੀਤੀ ਤੇ ਚਲਦਿਆਂ ਰੰਗਲੇ ਪੰਜਾਬ ਦੀ ਸਿਰਜਣਾ ਤਹਿਤ ਪੰਜਾਬ ਵਾਸੀਆਂ ਨੂੰ ਅਨੇਕਾਂ ਸਹੂਲਤਾਂ ਭਰਪੂਰ ਸਵੱਛ ਪ੍ਰਸ਼ਾਸ਼ਨ ਦੀ ਵਚਨਬੱਧਤਾ ਤੇ ਨਿਡਰਤਾ ਨਾਲ ਪਹਿਰਾ ਦੇ ਰਿਹਾ ਹੈ।



# ਤਹਿਸੀਲ ਡੇਰਾ ਬਾਬਾ ਨਾਨਕ 'ਚ ਹੜ੍ਹ ਰੋਕੂ ਪ੍ਰਬੰਧਾਂ ਦਾ ਨਿਰੀਖਣ

## * ਸਿਵਲ ਪ੍ਰਸ਼ਾਸਨ ਨੇ ਬੀ ਐੱਸ ਐੱਫ ਤੇ ਹੋਰ ਰਾਹਤ ਬਲਾਂ ਨਾਲ ਕੀਤਾ ਰਾਬਤਾ ਕਾਇਮ

**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**-ਪੰਜਾਬ ਸਰਕਾਰ ਦੀਆਂ ਹਦਾਇਤਾਂ ਅਤੇ ਡਿਪਟੀ ਕਮਿਸ਼ਨਰ ਦਲਵਿੰਦਰਜੀਤ ਸਿੰਘ ਦੀ ਅਗਵਾਈ ਹੇਠ ਜ਼ਿਲ੍ਹਾ ਪ੍ਰਸ਼ਾਸਨ ਗੁਰਦਾਸਪੁਰ ਬਰਸਾਤੀ ਸੀਜ਼ਨ ਦੌਰਾਨ ਸੰਭਾਵੀ ਹੜ੍ਹਾਂ ਦੀ ਰੋਕਥਾਮ ਲਈ ਪੂਰੀ ਤਰਾਂ ਤਿਆਰ ਹੈ ਅਤੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਮਾਂ ਰਹਿੰਦੇ ਹੋਏ ਹੜ੍ਹ ਰੋਕੂ ਪ੍ਰਬੰਧ ਮੁਕੰਮਲ ਕੀਤੇ ਜਾ ਰਹੇ ਹਨ।ਇਨ੍ਹਾਂ ਯਤਨਾਂ ਤਹਿਤ ਹੀ ਡੇਰਾ ਬਾਬਾ ਨਾਨਕ ਤਹਿਸੀਲ ਵਿੱਚ ਰਾਵੀ ਦਰਿਆ ਦੇ ਨਾਲ ਲੱਗਦੇ ਇਲਾਕਿਆਂ ਵਿੱਚ ਕੀਤੇ ਜਾ ਰਹੇ ਹੜ੍ਹ ਰੋਕੂ ਪ੍ਰਬੰਧਾਂ ਦਾ ਜਾਇਜ਼ਾ ਡੇਰਾ ਬਾਬਾ ਨਾਨਕ ਦੇ ਤਹਿਸੀਲਦਾਰ ਲਛਮਣ ਸਿੰਘ ਰੰਧਾਵਾ ਅਤੇ ਬੀਐੱਸਐੱਫ਼ ਦੇ ਅਧਿਕਾਰੀਆਂ ਵੱਲੋਂ ਲਿਆ ਗਿਆ।ਹੜ੍ਹ ਰੋਕੂ ਪ੍ਰਬੰਧਾਂ ਦਾ ਜਾਇਜ਼ਾ ਲੈਂਦਿਆਂ ਤਹਿਸੀਲਦਾਰ ਲਛਮਣ ਸਿੰਘ ਰੰਧਾਵਾ ਨੇ ਦੱਸਿਆ ਕਿ ਮਾਨਸੂਨ ਸੀਜ਼ਨ ਦੌਰਾਨ ਕਿਸੇ ਵੀ ਸੰਭਾਵੀ ਹੜ੍ਹਾਂ ਦੇ ਟਾਕਰੇ ਲਈ ਜ਼ਿਲ੍ਹਾ ਪ੍ਰਸ਼ਾਸਨ ਪੂਰੀ ਤਰ੍ਹਾਂ ਤਿਆਰ ਹੈ।ਉਨ੍ਹਾਂ ਕਿਹਾ ਕਿ ਸਿਵਲ ਪ੍ਰਸ਼ਾਸਨ ਵੱਲੋਂ ਬੀਐੱਸਐੱਫ ਤੇ ਹੋਰ ਰਾਹਤ ਬਲਾਂ ਨਾਲ ਰਾਬਤਾ ਕਾਇਮ ਕੀਤਾ ਗਿਆ ਹੈ ਅਤੇ ਕਿਸੇ ਵੀ ਹੰਗਾਮੀ ਸਥਿਤੀ ਲਈ ਪੂਰਾ ਪਲਾਨ ਤਿਆਰ ਕਰ ਲਿਆ ਗਿਆ ਹੈ।ਉਨ੍ਹਾਂ ਦੱਸਿਆ ਕਿ ਹੜ੍ਹਾਂ ਦੌਰਾਨ ਬਚਾਅ ਲਈ ਜੋ ਵੀ ਸਾਜ਼ੋ-ਸਾਮਾਨ ਲੋੜੀਂਦਾ ਹੈ, ਉਸ ਦੀ ਉਪਲਬਧਤਾ ਯਕੀਨੀ ਬਣਾ ਲਈ ਗਈ ਹੈ।ਉਨ੍ਹਾਂ ਕਿਹਾ ਕਿ ਡੇਰਾ ਬਾਬਾ ਨਾਨਕ ਤਹਿਸੀਲ ਵਿੱਚ ਬਰਸਾਤੀ ਨਾਲਿਆਂ ਦੀ ਸਫ਼ਾਈ ਵੀ ਕੀਤੀ ਜਾ ਰਹੀ ਹੈ ਤਾਂ ਜੋ ਪਾਣੀ ਦੀ ਨਿਕਾਸੀ ਵਿੱਚ ਕੋਈ ਮੁਸ਼ਕਲ ਨਾ ਆਵੇ।ਇਸ ਦੌਰਾਨ



ਤਹਿਸੀਲਦਾਰ ਲਛਮਣ ਸਿੰਘ ਵੱਲੋਂ ਬੀਐੱਸਐੱਫ਼ ਦੇ ਅਧਿਕਾਰੀਆਂ ਦੇ ਨਾਲ ਰਾਵੀ ਦਰਿਆ ਦੇ ਧੁੱਸੀ ਬੰਨ੍ਹ ਅਤੇ ਘਣੀਏ-ਕੇ-ਬੇਟ ਇਲਾਕੇ ਦਾ ਦੌਰਾ ਕੀਤਾ ਗਿਆ।ਇਸ ਮੌਕੇ ਉਨ੍ਹਾਂ ਨਾਲ ਕਾਨੂੰਗੋ ਜਸਵੰਤ ਸਿੰਘ ਦਾਲਮ, ਰੀਡਰ ਪਰਮਜੀਤ ਸਿੰਘ ਚਾਹਲ ਆਦਿ ਹਾਜ਼ਰ ਸਨ।

# ਗੌਰਮਿੰਟ ਨਰਸਿੰਗ ਸਕੂਲ ਗੁਰਦਾਸਪੁਰ ਵਿਖੇ ਐੱਸ ਐੱਮ ਟੀ ਆਈ ਦੀ ਮੀਟਿੰਗ

ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਸਿਹਤ ਵਿਭਾਗ ਪੰਜਾਬ ਵੱਲੋਂ ਪੂਰੇ ਪੰਜਾਬ ਵਿੱਚ 03 ਸਟੇਟ ਮਿਡਵਾਈਫਰੀ ਟ੍ਰੇਨਿੰਗ ਇੰਸਟੀਚਿਊਟ ਖੋਲ੍ਹੇ ਜਾ ਰਹੇ ਹਨ ਜਿਸ ਤਹਿਤ ਸਰਕਾਰੀ ਜੀਐੱਨਐੱਮ ਨਰਸਿੰਗ ਸਕੂਲ ਗੁਰਦਾਸਪੁਰ ਵਿਖੇ ਵੀ ਸਟੇਟ ਮਿਡਵਾਈਫਰੀ ਇੰਸਟੀਚਿਊਟ ਸਥਾਪਿਤ ਕੀਤਾ ਗਿਆ ਹੈ ਜਿਸ ਸੰਬੰਧੀ ਜਾਣਕਾਰੀ ਦਿੰਦਿਆਂ ਸਕੂਲ ਪ੍ਰਿੰਸੀਪਲ ਪਰਮਜੀਤ ਕੌਰ ਪੁਰੇਵਾਲ ਨੇ ਦਸਿਆ ਇਸ ਪ੍ਰੋਗਰਾਮ ਤਹਿਤ ਪੋਸਟ ਬੇਸਿਕ ਨਰਸ ਮਿਡਵਾਈਫ ਪ੍ਰੈਕਟੀਸ਼ਨਰ ਦਾ ਡੇਢ ਸਾਲ ਦਾ ਕੋਰਸ ਕਰਵਾਇਆ ਜਾਵੇਗਾ ਅਤੇ ਕੋਰਸ ਕਰਨ ਤੋਂ ਬਾਅਦ ਟ੍ਰੇਂਡ ਨਰਸਾਂ ਸਮਾਜ ਨੂੰ ਹੋਰ ਵਧੀਆ ਜੱਚਾ ਬੱਚਾ ਸੇਵਾਵਾਂ ਦੇਣਗੀਆਂ ।ਉਨ੍ਹਾਂ ਦੱਸਿਆ ਕਿ ਇਹ ਪ੍ਰੋਗਰਾਮ ਇਸ ਸਾਲ ਤੋਂ ਸ਼ੁਰੂ ਹੋਵੇਗਾ।ਉਨ੍ਹਾਂ ਇਸ ਪ੍ਰੋਗਰਾਮ ਸੰਬੰਧੀ ਜੋ ਵੀ ਬੇਸਿਕ ਲੋੜਾਂ ਸਨ ਉਨ੍ਹਾਂ ਨੂੰ ਬਹੁਤ ਹੀ ਗੰਭੀਰਤਾ ਨਾਲ ਚੈੱਕ ਕੀਤਾ ਗਿਆ ।



ਉਨ੍ਹਾਂ ਨੇ ਇਸ ਪ੍ਰੋਗਰਾਮ ਦੀ ਸ਼ੁਰੂਆਤ ਲਈ ਸਥਾਪਿਤ ਸਾਰੇ ਬੁਨਿਆਦੀ ਢਾਂਚੇ ਪ੍ਰਤੀ ਸੰਤੁਸ਼ਟੀ ਪ੍ਰਗਟ ਕੀਤੀ ।ਇਸ ਮੌਕੇ ਸਿਵਲ ਸਰਜਨ ਗੁਰਦਾਸਪੁਰ ਡਾ. ਜਸਵਿੰਦਰ ਸਿੰਘ ਨੇ ਇਸ ਪ੍ਰੋਗਰਾਮ ਨੂੰ ਵਧੀਆ ਤਰੀਕੇ ਨਾਲ ਚਲਾਉਣ ਲਈ ਸਹਿਮਤੀ ਪ੍ਰਗਟ ਕੀਤੀ ਅਤੇ ਦੱਸਿਆ ਕਿ ਇਸ ਕੋਰਸ ਵਾਸਤੇ ਭਾਗੀਦਾਰਾਂ ਦੀ ਚੋਣ ਲਿਖਤੀ ਟੈਸਟ ਦੀ ਮੈਰਿਟ ਦੇ ਆਧਾਰ ਤੇ ਕੀਤੀ ਜਾਵੇਗੀ ਅਤੇ ਦਾਖਲਾ ਲੈਣ ਵਾਲੇ ਸਿਖਿਆਰਥੀਆਂ ਨੂੰ ਸਰਕਾਰ ਵੱਲੋਂ ਮੁਫ਼ਤ ਰਿਹਾਇਸ਼ ਦੇ ਨਾਲ ਨਾਲ ਸਟਾਈਫੰਡ ਵੀ ਦਿੱਤਾ ਜਾਵੇਗਾ।

ਡਾ. ਰੋਮੀ ਰਾਜਾ ਡੀਐੱਮਸੀ ਨੇ ਦਸਿਆ ਕਿ ਗੁਰਦਾਸਪੁਰ ਵਿਚ ਅਜਿਹਾ ਇੰਸਟੀਚਿਊਟ ਖੁੱਲ੍ਹਣਾ ਬਾਰਡਰ ਏਰੀਏ ਲਈ ਮਾਣ ਵਾਲੀ ਗੱਲ ਹੈ ।ਇਸ ਮੌਕੇ ਐੱਸਐੱਮਓ ਡਾ ਅਰਵਿੰਦ ਮਹਾਜਨ, ਮਨਿੰਦਰ ਕੌਰ, ਗੁਰਪ੍ਰੀਤ ਸਿੰਘ, ਮੀਨਾ, ਨਿਰਮਲ ਕੌਰ, ਸੁਮਨ, ਦਲਜੀਤ ਕੌਰ, ਪ੍ਰਭਜੋਤ ਕੌਰ, ਅਮਨਦੀਪ ਕੌਰ ਅਤੇ ਸਮੂਹ ਸਕੂਲ ਸਟਾਫ਼ ਹਾਜ਼ਰ ਸੀ।

# ਲਾਂਘਾ ਖੋਲ੍ਹਣ ਦੀ ਮੰਗ ਨੂੰ ਲੈ ਕੇ ਬਾਬਾ ਬੇਦੀ ਵੱਲੋਂ ਸਿੱਖਿਆ ਮੰਤਰੀ ਨਾਲ ਮੁਲਾਕਾਤ

ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਗੁਰਦੁਆਰਾ ਗੁਰੂ ਨਾਨਕ ਦਰਬਾਰ ਅਸਥਾਨ ਬਾਬਾ ਸ੍ਰੀ ਚੰਦ ਜੀ ਟਾਂਡਾ ਸ੍ਰੀ ਹਰਗੋਬਿੰਦਪੁਰ ਰੋਡ ਨੇੜੇ ਪਿੰਡ ਗਿੱਲ ਕੋਟਲੀ ਦੇ ਮੁੱਖ ਸੇਵਾਦਾਰ ਬਾਬਾ ਸੁਖਦੇਵ ਸਿੰਘ ਬੇਦੀ ਦਰਬਾਰ ਸ੍ਰੀ ਚੋਲਾ ਸਾਹਿਬ ਡੇਰਾ ਬਾਬਾ ਨਾਨਕ ਵਾਲਿਆਂ ਨੇ ਸਿੱਖਿਆ ਮੰਤਰੀ ਭਾਰਤ ਧਰਮੇਂਦਰ ਪ੍ਰਧਾਨ ਨਾਲ ਵਿਸ਼ੇਸ਼ ਤੌਰ ਤੇ ਮੁਲਾਕਾਤ ਕੀਤੀ।ਇਸ ਮੌਕੇ ਬਾਬਾ ਸੁਖਦੇਵ ਸਿੰਘ ਬੇਦੀ ਨਾਲ ਗੁਰਦੁਆਰਾ ਸਾਹਿਬ ਦੇ ਸੇਵਾਦਾਰ ਡਾ. ਸੁਖਵਿੰਦਰ ਸਿੰਘ ਬੇਦੀ, ਕਮੇਟੀ ਪ੍ਰਧਾਨ ਨਾਜਰ ਸਿੰਘ ਸਹਿਬਾਜ਼ਪੁਰ ਹੋਰ ਸੇਵਾਦਾਰ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।ਇਸ ਮੌਕੇ ਬਾਬਾ ਬੇਦੀ ਨੇ ਜਿੱਥੇ ਸਿੱਖਿਆ ਦੇ ਪ੍ਰਚਾਰ ਅਤੇ ਪ੍ਰਸਾਰ ਵਾਸਤੇ ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਨਾਲ ਵਿਚਾਰ ਵਟਾਂਦਰਾ ਕੀਤਾ ਅਤੇ ਕਿਹਾ ਕਿ ਅੱਜ ਦੇ ਯੁੱਗ ਵਿੱਚ ਹਰੇਕ ਇਨਸਾਨ ਦਾ ਪੜ੍ਹਿਆ ਲਿਖਿਆ ਹੋਣਾ ਬਹੁਤ ਜ਼ਰੂਰੀ ਹੈ। ਇਸ ਤੋਂ ਇਲਾਵਾ ਨੌਜਵਾਨ ਪੀੜ੍ਹੀ ਉਚੇਰੀ ਸਿੱਖਿਆ ਕਰਕੇ ਆਪਣੇ ਜੀਵਨ ਵਿੱਚ ਚੰਗੇ ਮੁਕਾਮ ਹਾਸਲ ਕਰ ਸਕਦੀ ਹੈ।ਇਸ ਮੌਕੇ ਬਾਬਾ ਬੇਦੀ ਨੇ ਮੰਤਰੀ ਤੋਂ ਮੰਗ ਕੀਤੀ ਕਿ ਸ਼੍ਰੀ ਕਰਤਾਰਪੁਰ ਸਾਹਿਬ ਦਾ ਲਾਂਘਾ ਜਿਸ ਨੂੰ ਪਿਛਲੇ ਸਮੇਂ ਤੋਂ ਬੰਦ ਕੀਤਾ ਗਿਆ ਹੈ ਉਹ ਸੰਗਤਾਂ ਦੀ ਮੰਗ ਅਨੁਸਾਰ ਫਿਰ ਤੋਂ ਖੋਲ੍ਹਿਆ ਜਾਵੇ ਅਤੇ ਉਨ੍ਹਾਂ ਦੀ ਇਹ ਮੰਗ ਭਾਰਤ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੱਕ ਪਹੁੰਚਾਈ ਜਾਵੇ।ਇਸ ਸਮੇਂ ਬਾਬਾ ਬੇਦੀ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਖੁਦ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਹਾਜ਼ਰੀ ਵਿੱਚ ਇਹ ਲਾਂਘਾ ਖੋਲ੍ਹਿਆ ਗਿਆ ਸੀ ਜਿਸ ਦੌਰਾਨ ਦੁਨੀਆ ਭਰ ਵਿੱਚ ਵੱਸ ਰਹੀਆਂ ਸਮੂਹ ਨਾਨਕ ਨਾਮ ਲੇਵਾ ਸੰਗਤਾਂ ਨੇ ਕੇਂਦਰ ਤੇ ਉਸ ਸਮੇਂ ਦੀ ਪੰਜਾਬ ਸਰਕਾਰ ਦਾ ਧੰਨਵਾਦ ਕੀਤਾ ਸੀ ਅਤੇ ਸੰਗਤਾਂ ਵੱਲੋਂ ਬੜੇ ਹੀ ਉਤਸ਼ਾਹ ਅਤੇ ਚਾਅ ਨਾਲ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪਵਿੱਤਰ ਅਸਥਾਨ ਦੇ ਦਰਸ਼ਨ ਦੀਦਾਰੇ ਕੀਤੇ ਜਾਂਦੇ ਸਨ।ਉਨ੍ਹਾਂ ਦੱਸਿਆ ਕਿ ਇਹ ਇਤਿਹਾਸਿਕ ਯਾਤਰਾ ਸ਼ੁਰੂ ਹੋਣ ਨਾਲ ਜਿੱਥੇ ਸੰਗਤਾਂ ਦੇ ਮਨਾਂ ਦੀਆਂ ਅਰਦਾਸਾਂ ਪੂਰੀਆਂ ਹੋਈਆਂ ਸਨ ਉੱਥੇ ਹੀ ਭਾਰਤ ਪਾਕਿਸਤਾਨ ਦਰਮਿਆਨ ਮਾਹੌਲ ਵੀ ਸੁਖਾਲਾ ਹੋ ਰਿਹਾ ਸੀ।ਇਸ ਮੌਕੇ ਮੰਤਰੀ ਨੇ ਵਿਸ਼ਵਾਸ ਦਿਵਾਇਆ ਕਿ ਉਨ੍ਹਾਂ ਦੀ ਇਹ ਮੰਗ ਪ੍ਰਧਾਨ ਮੰਤਰੀ ਮੋਦੀ ਤੱਕ ਪਹੁੰਚਾਈ ਜਾਵੇਗੀ।ਇਸ ਮੌਕੇ ਬਾਬਾ ਸੁਖਦੇਵ ਸਿੰਘ ਬੇਦੀ ਵੱਲੋਂ ਮੰਤਰੀ ਦਾ ਵਿਸ਼ੇਸ਼ ਤੌਰ 'ਤੇ ਸਨਮਾਨ ਵੀ ਕੀਤਾ ਗਿਆ।



# ਪੈਨਸ਼ਨਰ ਸਾਥੀਆਂ ਦੇ ਸੇਵਾਮੁਕਤੀ ਲਾਭ ਸਮੇਂ ਸਿਰ ਜਾਰੀ ਕਰਨ ਦੀ ਮੰਗ

ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)-ਜੂਨ ਪੰਜਾਬ ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਦੀਨਾਨਗਰ ਦੀ ਵਿਸ਼ੇਸ਼ ਇਕੱਤਰਤਾ ਰਕੇਸ਼ ਮਹਾਜਨ ਦੇ ਗ੍ਰਹਿ ਵਿਖੇ ਮੰਗਤ ਚੰਚਲ ਪ੍ਰਧਾਨ ਦੀ ਪ੍ਰਧਾਨਗੀ ਹੇਠ ਹੋਈ ।ਸ਼੍ਰੀ ਵਿਨੋਦ ਕੁਮਾਰ ਸ਼ਰਮਾ ਜਨਰਲ ਸਕੱਤਰ ਵੱਲੋਂ ਹਾਜ਼ਰ ਮੈਂਬਰਾਂ ਨੂੰ ਜੀ ਆਇਆਂ ਨੂੰ ਆਖਣ ਦੇ ਨਾਲ ਹੀ ਏਜੰਡਾ ਪੇਸ਼ ਕੀਤਾ ਗਿਆ ਜਿਸ ਸਬੰਧੀ ਵੱਖ-ਵੱਖ ਬੁਲਾਰਿਆਂ ਵੱਲੋਂ ਵਿਚਾਰ-ਚਰਚਾ ਕਰਦਿਆਂ ਹੋਇਆਂ ਪੰਜਾਬ ਸਰਕਾਰ ਕੋਲੋਂ ਨਵੇਂ ਪੈਨਸ਼ਨਰ ਸਾਥੀਆਂ ਦੇ ਸੇਵਾਮੁਕਤੀ ਲਾਭ ਸਮੇ ਸਿਰ ਜਾਰੀ ਕਰਨ, ਪੇ-ਕਮਿਸ਼ਨ ਦਾ ਬਕਾਇਆ ਯੱਕਮੁਸ਼ਤ ਦੇਣ ਅਤੇ ਮੈਡੀਕਲ ਕਲੇਮ ਬਿੱਲ ਜੋ ਵਿਸ਼ੇਸ਼ ਤੌਰ ਤੇ ਡਾਇਰੈਕਟਰ ਹੈਲਥ ਵੱਲੋਂ ਪਿਛਲੇ ਸਾਲ ਦੇ ਮਨਜ਼ੂਰ ਕੀਤੇ ਜਾ ਚੁੱਕੇ ਹਨ ਪਰ ਵਿਸ਼ੇਸ਼ ਤੌਰ 'ਤੇ ਵਿੱਦਿਆ ਦੇ ਪ੍ਰਇਮਰੀ ਵਿਭਾਗ ਦੇ ਸਬੰਧਤ ਦਫ਼ਤਰਾਂ ਵੱਲੋਂ ਪੇਮੈਂਟਾਂ ਜਾਰੀ ਨਹੀਂ ਕੀਤੀਆਂ ਜਾ ਰਹੀਆਂ ਜਿਸ ਕਾਰਨ ਪੈਨਸ਼ਨਰ ਸਾਥੀ ਪ੍ਰੇਸ਼ਾਨੀਆਂ ਦਾ ਸ਼ਿਕਾਰ ਹੋ ਰਹੇ ਹਨ।



ਇਸ ਤੋਂ ਇਲਾਵਾ 1 ਜਨਵਰੀ 2016 ਤੋਂ ਮਗਰੋਂ ਰਿਟਾਇਰ ਹੋਏ ਪੈਨਸ਼ਨਰਾਂ ਦੇ ਲੀਵ-ਇਨ-ਕੈਸ਼ਮੈਂਟ ਦੇ ਬਕਾਏ ਜਿਨ੍ਹਾਂ ਦੀ ਪਹਿਲੀ ਕਿਸ਼ਤ ਅਪ੍ਰੈਲ ਮਹੀਨੇ ਵਿੱਚ ਦਿੱਤੀ ਜਾਣੀ ਸੀ ਉਹ ਵੀ ਹੁਣ ਤੱਕ ਆਮ ਕਰਕੇ ਪੈਨਸ਼ਨਰ ਸਾਥੀਆਂ ਦੇ ਪੱਲੇ ਨਹੀਂ ਪਈ।ਉਪਰੋਕਤ ਸਾਰੇ ਮਸਲਿਆਂ ਸਬੰਧੀ ਪੰਜਾਬ ਸਰਕਾਰ ਕੋਲੋਂ ਜ਼ੋਰਦਾਰ ਮੰਗ ਕੀਤੀ ਗਈ ਕਿ ਪੈਨਸ਼ਨਰਾਂ ਦੇ ਮਸਲੇ ਬਿਨਾਂ ਦੇਰੀ ਤੋਂ ਹੱਲ ਕੀਤੇ ਜਾਣ ਅਤੇ ਸੀਨੀਅਰ ਸਿਟੀਜ਼ਨਾ ਨੂੰ ਪ੍ਰੇਸ਼ਾਨੀਆਂ ਤੋਂ ਬਚਾਇਆ ਜਾਵੇ।ਇਸ ਮੌਕੇ ਡਾਇਰੈਕਟਰ ਪੈਨਸ਼ਨ ਅਤੇ ਪੈਨਸ਼ਨਰ, ਭਲਾਈ ਵਿਭਾਗ ਵੱਲੋਂ ਪੈਨਸ਼ਨਰਾਂ ਦੇ ਨਿੱਜੀ ਮਸਲਿਆਂ ਦੇ ਹੱਲ ਲਈ ਵੱਟਸਐਪ ਨੰਬਰ 7589002148 ਜਾਰੀ ਕੀਤਾ ਗਿਆ ਹੈ। ਲੋੜ ਪੈਣ 'ਤੇ ਇਸ ਨੰਬਰ 'ਤੇ ਵੀ ਬੇਨਤੀ ਪੱਤਰ ਭੇਜਿਆ ਜਾ ਸਕਦਾ ਹੈ। ਇਸ ਵਿਚਾਰ ਚਰਚਾ ਵਿੱਚ ਮੰਗਤ ਚੰਚਲ, ਵਿਨੋਦ ਕੁਮਾਰ ਸ਼ਰਮਾ, ਪ੍ਰਿੰ: ਬੂਟੀ ਰਾਮ, ਮਦਨ ਲਾਲ ਸ਼ਰਮਾ, ਜੋਗਿੰਦਰ ਪਾਲ ਕਲੀਜਪੁਰ, ਸੁਭਾਸ਼ ਚੰਦਰ, ਰਾਕੇਸ਼ ਮਹਾਜਨ, ਕੇਵਲ ਕ੍ਰਿਸ਼ਨ, ਕਮਲ ਸਿੰਘ, ਬੰਸੀ ਲਾਲ, ਪ੍ਰਬੋਧ ਕੁਮਾਰ, ਮਹਿੰਦਰ ਪਾਲ ਅਤੇ ਸੁਸ਼ਮਾ ਕੁਮਾਰੀ ਨੇ ਭਾਗ ਲਿਆ। ਸਭਾ ਦੇ ਮੁੱਖ ਸਲਾਹਕਾਰ ਜੋਗਿੰਦਰ ਪਾਲ ਸੈਣੀ ਨੇ ਵੀ ਮੁੱਲਵਾਨ ਸੁਝਾਅ ਦਿੱਤੇ।

# ਈ ਟੀ ਓ ਨੂੰ ਇੰਪਲਾਈਜ਼ ਫੈਡਰੇਸ਼ਨ ਵੱਲੋਂ ਜ਼ਿਮਨੀ ਚੋਣ ਜਿੱਤਣ ਦੀ ਵਧਾਈ

ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ):ਇੰਪਲਾਈਜ਼ ਫੈਡਰੇਸ਼ਨ (ਚਾਹਲ) ਜਥੇਬੰਦੀ ਦੇ ਪੰਜਾਬ ਮੀਤ ਪ੍ਰਧਾਨ ਪ੍ਰਤਾਪ ਸਿੰਘ ਤੇ ਮਨਿੰਦਰ ਸਿੰਘ ਮਨੀ ਜੰਡਿਆਲਾ ਡਵੀਜ਼ਨ ਪ੍ਰਧਾਨ ਵੱਲੋਂ ਹਲਕਾ ਜੰਡਿਆਲਾ ਦੇ ਵਿਧਾਇਕ ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ ਨਾਲ ਉਨ੍ਹਾਂ ਦੇ ਦਫਤਰ ਵਿਖੇ ਮੁਲਾਕਾਤ ਕੀਤੀ ਗਈ। ਇਸ ਮੌਕੇ ਜਥੇਬੰਦੀ ਦੇ ਅਹੁਦੇਦਾਰ ਸਾਥੀਆਂ ਵੱਲੋਂ ਕੈਬਨਿਟ ਮੰਤਰੀ ਈਟੀਓ ਨੂੰ ਮਠਿਆਈ ਦਾ ਡੱਬਾ ਦਿੰਦਿਆਂ ਲੁਧਿਆਣਾ ਜ਼ਿਮਨੀ ਚੋਣ ਵਿੱਚ ਵੱਡੀ ਲੀਡ ਨਾਲ ਜਿੱਤ ਦਰਜ ਕਰਨ ਦੀ ਵਧਾਈ ਦਿੱਤੀ। ਇਸ ਮੌਕੇ ਮਨਿੰਦਰ ਸਿੰਘ ਮਨੀ ਨੇ ਦੱਸਿਆ ਕਿ ਕੈਬਨਿਟ ਮੰਤਰੀ ਦੀ ਰਹਿਨੁਮਾਈ ਹੇਠ ਪੀਐੱਸਪੀਸੀਐੱਲ ਵੱਲੋਂ ਪੂਰੇ ਪੰਜਾਬ ਵਿੱਚ ਗਰਮੀ ਦੇ ਮੌਸਮ ਤੇ ਝੋਨੇ ਦੇ ਸੀਜ਼ਨ ਵਿੱਚ ਬਿਜਲੀ ਦੀ ਕੋਈ ਵੀ ਕਮੀ ਨਹੀਂ ਆਉਣ ਦਿੱਤੀ ਗਈ ਅਤੇ ਗਰਮੀ ਦੇ ਮੌਸਮ ਵਿੱਚ ਬਿਜਲੀ ਦੀ ਮੰਗ ਨੂੰ ਹਰ ਹਾਲ ਵਿੱਚ ਰਿਕਾਰਡ ਤੋੜ ਪੂਰਾ ਕੀਤਾ ਜਾ ਰਿਹਾ ਹੈ ।ਇਸ ਮੌਕੇ ਸੁਖਦੇਵ ਸਿੰਘ ਸਰਕਲ ਪ੍ਰਧਾਨ, ਨਿਰਮਲ ਸਿੰਘ ਨਿੰਮਾ ਸਕੱਤਰ, ਹਰਮੀਤ ਸਿੰਘ, ਲਖਵਿੰਦਰ ਸਿੰਘ, ਗੁਰਸੇਵਕ ਸਿੰਘ, ਬਲਜਿੰਦਰ ਸਿੰਘ, ਮਨਜੀਤ ਸਿੰਘ, ਕਰਨ, ਦਵਿੰਦਰ ਸਿੰਘ, ਰਣਜੀਤ ਸਿੰਘ, ਕਾਬਲ ਸਿੰਘ, ਜਸਪਾਲ ਸਿੰਘ ਭੱਟੀ ਨੇ ਵੀ ਵਧਾਈ ਦਿੱਤੀ।



# ਮਜੀਠੀਆ ਦੀ ਗ੍ਰਿਫ਼ਤਾਰੀ ਨਿੰਦਣਯੋਗ : ਮਿੰਨਾ

ਸ੍ਰੀ ਗੋਇੰਦਵਾਲ ਸਾਹਿਬ, (ਕਾਬਲ ਸਿੰਘ ਮੱਲ੍ਹੀ)-ਵਿਜੀਲੈਂਸ ਵਿਭਾਗ ਵੱਲੋਂ ਪੰਜਾਬ ਸਰਕਾਰ ਦੇ ਇਸ਼ਾਰੇ 'ਤੇ ਸਾਬਕਾ ਕੈਬਨਿਟ ਮੰਤਰੀ ਬਿਕਰਮ ਸਿੰਘ ਮਜੀਠੀਆ ਉਪਰ ਕੀਤੀ ਕਾਰਵਾਈ ਅਤੀ ਨਿੰਦਣਯੋਗ ਹੈ।ਇਸ ਕਾਰਵਾਈ ਨੇ ਭਗਵੰਤ ਮਾਨ ਦੀ ਸਰਕਾਰ ਦੀ ਬਦਲਾਖੋਰੀ ਵਾਲੀ ਨੀਤੀ ਦਾ ਚਿਹਰਾ ਸਾਫ ਕਰਕੇ ਰੱਖ ਦਿੱਤਾ ਹੈ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਯੂਥ ਅਕਾਲੀ ਦਲ ਦੇ ਮੀਤ ਪ੍ਰਧਾਨ ਹਰਪ੍ਰੀਤ ਸਿੰਘ ਮਿੰਨਾ ਨੇ ਕੀਤਾ।ਉਨ੍ਹਾਂ ਆਖਿਆ ਕਿ ਮੁੱਖ ਮੰਤਰੀ ਭਗਵੰਤ ਮਾਨ ਆਪਣੀਆਂ ਸਿਆਸੀ ਕਿੜਾਂ ਕੱਢਣ ਲਈ ਇਹ ਸਾਰੀ ਕਾਰਵਾਈ ਵਿਜੀਲੈਂਸ ਰਾਹੀਂ ਕਰਵਾ ਰਹੇ ਹਨ ਅਤੇ ਆਪਣੀ ਸਰਕਾਰ ਦੀਆਂ ਨਾਕਾਮੀਆਂ ਨੂੰ ਛੁਪਾਉਣ ਵਿਚ ਲੱਗੇ ਹੋਏ ਹਨ।ਉਨ੍ਹਾਂ ਕਿਹਾ ਕਿ ਬਿਕਰਮ ਮਜੀਠੀਆ ਨੇ ਆਪ ਸਰਕਾਰ ਦੀਆਂ ਪੰਜਾਬ ਮਾਰੂ ਨੀਤੀਆ ਨੂੰ ਬੇਬਾਕੀ ਨਾਲ ਪੰਜਾਬ ਦੇ ਲੋਕਾਂ ਅੱਗੇ ਰੱਖਿਆ, ਜਿਸ ਕਾਰਨ ਮੁੱਖ ਮੰਤਰੀ ਬੁਖਲਾਹਟ ਵਿਚ ਆ ਕੇ ਬਿਕਰਮ ਮਜੀਠੀਆ ਦੀ ਆਵਾਜ਼ ਨੂੰ ਦਬਾਉਣ ਲਈ ਉਨ੍ਹਾਂ ਉਪਰ ਵਿਜੀਲੈਂਸ ਰਾਹੀਂ ਝੂਠੀ ਕਾਰਵਾਈ ਕਰਵਾ ਕੇ ਆਪਣੀਆਂ ਸਿਆਸੀ ਕਿੜਾਂ ਕੱਢ ਰਹੇ ਹਨ।ਮਿੰਨਾ ਨੇ ਆਖਿਆ ਕਿ ਭਗਵੰਤ ਮਾਨ ਸਰਕਾਰ ਇਸ ਤਰ੍ਹਾਂ ਦੀਆਂ ਕੋਝੀਆਂ ਹਰਕਤਾਂ ਕਰਕੇ ਸ਼੍ਰੋਮਣੀ ਅਕਾਲੀ ਦਲ ਦੀ ਆਵਾਜ਼ ਨੂੰ ਦਬਾਅ ਨਹੀਂ ਸਕੇਗੀ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਕੀਤੀਆਂ ਜਾ ਰਹੀਆਂ ਅਜਿਹੀਆਂ ਘਟੀਆ ਕਾਰਵਾਈਆਂ ਨੂੰ ਬਰਦਾਸ਼ਤ ਨਹੀਂ ਕਰੇਗਾ ਤੇ ਇਸਦਾ ਸਖ਼ਤ ਵਿਰੋਧ ਕੀਤਾ ਜਾਵੇਗਾ।ਹਰਪ੍ਰੀਤ ਸਿੰਘ ਮਿੰਨਾ ਨੇ ਆਖਿਆ ਕਿ ਪੰਜਾਬ ਸਰਕਾਰ ਬਦਲਾਖੋਰੀ ਵਾਲੀ ਗੰਦੀ ਨੀਤੀ ਤਿਆਗ ਕੇ ਪੰਜਾਬ ਦੇ ਹਿੱਤਾਂ ਲਈ ਕੰਮ ਕਰੇ।



# ਖਾਲੀ ਪਏ ਪਲਾਟਾਂ 'ਚੋਂ ਮਾਲਕ ਕੂੜਾ-ਕਰਕਟ ਤੇ ਗੰਦੇ ਪਾਣੀ ਦੀ ਤੁਰੰਤ ਸਫਾਈ ਕਰਵਾਉਣ: ਜ਼ਿਲ੍ਹਾ ਮੈਜਿਸਟਰੇਟ

**ਅੰਮ੍ਰਿਤਸਰ (ਨਰਿੰਦਰ ਜੀਤ ਸਿੰਘ)**-ਜ਼ਿਲ੍ਹਾ ਮੈਜਿਸਟਰੇਟ ਕਮ ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਨੇ ਸ਼ਹਿਰ ਅਤੇ ਕਸਬਿਆਂ ਵਿੱਚ ਖਾਲੀ ਪਏ ਪਲਾਟਾਂ ਵਿੱਚੋਂ ਕੂੜਾ ਕਰਕਟ ਹਟਾਉਣ ਅਤੇ ਗੰਦਾ ਪਾਣੀ ਕੱਢਣ ਦੇ ਹੁਕਮ ਪਲਾਟ ਮਾਲਕਾਂ ਨੂੰ ਕੀਤੇ ਹਨ।ਜਾਰੀ ਕੀਤੇ ਹੁਕਮਾਂ ਵਿੱਚ ਉਨ੍ਹਾਂ ਨੇ ਕਿਹਾ ਕਿ ਸ਼ਹਿਰ ਵਿੱਚ ਜਗ੍ਹਾ-ਜਗ੍ਹਾ ਵੱਖ-ਵੱਖ ਵਿਅਕਤੀਆਂ ਦੀ ਮਾਲਕੀ/ਕਬਜ਼ੇ ਅਧੀਨ ਖਾਲੀ ਪਏ ਪਲਾਟਾਂ ਵਿੱਚ ਕੂੜਾ-ਕਰਕਟ, ਗੰਦਗੀ ਅਤੇ ਗੰਦਾ ਪਾਣੀ ਇਕੱਠਾ ਹੁੰਦਾ ਰਹਿੰਦਾ ਹੈ, ਜਿਸ ਨਾਲ ਕਈ ਤਰ੍ਹਾਂ ਦੇ ਨੁਕਸਾਨਦਾਇਕ ਜੀਵ-ਜੰਤੂ ਪੈਦਾ ਹੁੰਦੇ ਹਨ, ਜੋ ਵੱਖ-ਵੱਖ ਪ੍ਰਕਾਰ ਦੀਆਂ ਬੀਮਾਰੀਆਂ ਜਿਵੇਂ ਡੇਂਗੂ, ਮਲੇਰੀਆ, ਚਿਕਨਗੁਨੀਆ ਆਦਿ ਫੈਲਾਉਂਦੇ ਹਨ।ਇਹ ਬਿਮਾਰੀਆਂ ਸ਼ਹਿਰ ਵਾਸੀਆਂ ਦੀ ਸਿਹਤ ਲਈ ਇੱਕ ਗੰਭੀਰ ਅਤੇ ਜਾਨਲੇਵਾ ਖ਼ਤਰਾ ਹਨ।ਇਨ੍ਹਾਂ ਬਿਮਾਰੀਆਂ ਨੂੰ ਫੈਲਣ ਤੋਂ ਰੋਕਣ ਲਈ ਇਨ੍ਹਾਂ ਖਾਲੀ ਪਏ ਪਲਾਟਾਂ ਦੀ ਸਾਫ-ਸਫਾਈ ਹੋਣੀ ਜ਼ਰੂਰੀ ਹੈ।ਜ਼ਿਲ੍ਹਾ ਮੈਜਿਸਟ੍ਰੇਟ ਅੰਮ੍ਰਿਤਸਰ ਵੱਲੋਂ ਭਾਰਤੀ ਨਾਗਰਿਕ ਸੁਰੱਖਿਆ ਸਹਿੰਤਾ, 2023 ਦੀ ਧਾਰਾ 163 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦੀ ਹੋਏ ਉਕਤ ਪਲਾਟਾਂ ਦੇ ਮਾਲਕਾਂ ਨੂੰ ਪਲਾਟਾਂ ਵਿੱਚੋ ਕੂੜੇ-ਕਰਕਟ, ਗੰਦਗੀ ਅਤੇ ਗੰਦੇ ਪਾਣੀ ਦੀ ਤੁਰੰਤ ਸਾਫ-ਸਫਾਈ ਕਰਵਾਉਣ ਦੀ ਹਦਾਇਤ ਕੀਤੀ ਜਾਂਦੀ ਹੈ। ਇਸ ਤੋਂ ਇਲਾਵਾ ਖਾਲੀ ਪਲਾਟ ਦੇ ਆਲੇ-ਦੁਆਲੇ ਪੱਕੀ ਚਾਰ-ਦੀਵਾਰੀ ਜਾਂ ਫੈਂਸਿੰਗ ਕਰਵਾਉਣੀ ਯਕੀਨੀ ਬਣਾਈ ਜਾਵੇ ਜਾਂ ਪਲਾਟ ਵਿੱਚ ਕੂੜਾ-ਕਰਕਟ ਇਕੱਠਾ ਹੋਣ ਤੋਂ ਰੋਕਿਆ ਜਾਵੇ।ਹੁਕਮਾਂ ਦੀ ਉਲੰਘਣਾ ਕਰਨ ਵਾਲੇ ਵਿਅਕਤੀਆਂ/ਅਦਾਰਿਆਂ ਵਿਰੁੱਧ ਜਨਤਕ ਸਿਹਤ ਨੂੰ ਨੁਕਸਾਨ ਪਹੁੰਚਾਉਣ ਦੇ ਸਿੱਟੇ ਵਜੋਂ ਉਕਤ ਨਿਯਮਾਂ ਤਹਿਤ ਜੁਰਮਾਨੇ ਅਤੇ ਕਾਨੂੰਨੀ ਕਰਵਾਈ ਕਰਦੇ ਹੋਏ ਮਾਮਲੇ ਦਰਜ ਕੀਤੇ ਜਾਣਗੇ ।ਇਹ ਹੁਕਮ 26 ਜੂਨ 2025 ਤੋਂ ਅਗਲੇ ਹੁਕਮਾਂ ਤੱਕ ਲਾਗੂ ਰਹਿਣਗੇ।



# ਪੰਜਾਬ ਸਰਕਾਰ ਡੇਅਰੀ ਕਿਸਾਨਾਂ ਦੀ ਭਲਾਈ ਪ੍ਰਤੀ ਵਚਨਬੱਧ : ਸ਼ੈਰੀ ਕਲਸੀ

**ਬਟਾਲਾ (ਡਾ. ਮਲਵਿੰਦਰ ਸਿੰਘ)**-ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਬਟਾਲਾ ਦੇ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਨੇ ਦੱਸਿਆ ਕਿ ਡੇਅਰੀ ਵਿਕਾਸ ਵਿਭਾਗ ਨੇ ਡੇਅਰੀ ਫਾਰਮਿੰਗ ਖੇਤਰ ਨੂੰ ਹੁਲਾਰਾ ਦਿੰਦਿਆਂ ਡੇਅਰੀ ਕਿੱਤੇ ਨਾਲ ਜੁੜੇ ਕਿਸਾਨਾਂ ਨੂੰ ਅਹਿਮ ਵਿੱਤੀ ਸੁਰੱਖਿਆ ਪ੍ਰਦਾਨ ਕਰਨ ਅਤੇ ਉਨ੍ਹਾਂ ਦੀ ਰੋਜ਼ੀ-ਰੋਟੀ ਦੀ ਰਾਖੀ ਕਰਨ ਵਾਸਤੇ ਮਹਿਜ਼ ਇੱਕ ਸਾਲ ਦੌਰਾਨ ਸੂਬੇ ਭਰ ਵਿੱਚ 30,598 ਦੁਧਾਰੂ ਪਸ਼ੂਆਂ ਦਾ ਬੀਮਾ ਕਰਵਾ ਕੇ ਮੀਲ ਪੱਥਰ ਸਥਾਪਤ ਕੀਤਾ ਹੈ।

ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਡੇਅਰੀ ਕਿਸਾਨਾਂ ਦੀ ਭਲਾਈ ਪ੍ਰਤੀ ਵਚਨਬੱਧ ਹੈ।ਉਨ੍ਹਾਂ ਦੱਸਿਆ ਕਿ ਵਿਭਾਗ ਦੇ ਅਧਿਕਾਰੀਆਂ ਨੂੰ ਨੌਜਵਾਨਾਂ ਨੂੰ ਡੇਅਰੀ ਫਾਰਮਿੰਗ ਬਾਰੇ ਸਰਗਰਮੀ ਨਾਲ ਜਾਗਰੂਕ ਕਰਨ ਅਤੇ ਉਨ੍ਹਾਂ ਨੂੰ ਵਿਭਾਗੀ ਸਕੀਮਾਂ ਬਾਰੇ ਜਾਣੂ ਕਰਵਾਉਣ ਲਈ ਕਿਹਾ ਗਿਆ ਹੈ ਤਾਂ ਜੋ ਜ਼ਮੀਨੀ ਪੱਧਰ 'ਤੇ ਲੋਕ ਇਸ ਦਾ ਵੱਧ ਤੋਂ ਵੱਧ ਲਾਭ ਉਠਾ ਸਕਣ।ਵਿਧਾਇਕ ਕਲਸੀ ਨੇ ਦੱਸਿਆ ਕਿ ਕੌਮੀ ਪਸ਼ੂਧਨ ਮਿਸ਼ਨ ਦੀ ਜੋਖਮ ਪ੍ਰਬੰਧਨ ਅਤੇ ਪਸ਼ੂਧਨ ਬੀਮਾ ਯੋਜਨਾ ਵੱਧ ਤੋਂ ਵੱਧ 70,000 ਰੁਪਏ ਪ੍ਰਤੀ ਪਸ਼ੂ ਕਲੇਮ ਸੀਮਾ ਦੇ ਨਾਲ ਜਨਰਲ ਵਰਗ ਦੇ ਕਿਸਾਨਾਂ ਲਈ 1120 ਰੁਪਏ ਅਤੇ ਅਨੁਸੂਚਿਤ ਜਾਤੀ/ਪੱਛੜੀ ਸ਼੍ਰੇਣੀ ਦੇ ਕਿਸਾਨਾਂ ਲਈ 672 ਰੁਪਏ ਦੀਆਂ ਸਾਲਾਨਾ ਪ੍ਰੀਮੀਅਮ ਦਰਾਂ ਦੀ ਪੇਸ਼ਕਸ਼ ਕਰਦੀ ਹੈ।

ਉਨ੍ਹਾਂ ਦੱਸਿਆ ਕਿ ਪ੍ਰਭਾਵਿਤ ਡੇਅਰੀ ਕਿਸਾਨਾਂ ਨੂੰ ਮਹੱਤਵਪੂਰਨ ਵਿੱਤੀ ਸਹਾਇਤਾ ਪ੍ਰਦਾਨ ਕਰਦਿਆਂ ਹੁਣ ਤੱਕ 1056 ਕਿਸਾਨਾਂ ਨੂੰ 7.39 ਕਰੋੜ ਰੁਪਏ ਵੰਡੇ ਜਾ ਚੁੱਕੇ ਹਨ।ਉਨ੍ਹਾਂ ਦੱਸਿਆ ਕਿ ਵਿੱਤੀ ਸਾਲ 2024-25 ਦੌਰਾਨ 2 ਤੋਂ 20 ਪਸ਼ੂਆਂ ਵਾਲੇ ਡੇਅਰੀ ਯੂਨਿਟ ਸਥਾਪਤ ਕਰਨ ਲਈ 204 ਕਿਸਾਨਾਂ ਨੂੰ 3 ਕਰੋੜ ਰੁਪਏ ਵੰਡੇ ਗਏ ਹਨ।ਇਸ ਤੋਂ ਇਲਾਵਾ 9150 ਬੇਰੁਜ਼ਗਾਰ ਨੌਜਵਾਨਾਂ ਨੂੰ ਸਵੈ-ਰੁਜ਼ਗਾਰ ਦੇ ਯੋਗ ਬਣਾਉਣ ਲਈ ਡੇਅਰੀ ਸਿਖਲਾਈ ਦਿੱਤੀ ਗਈ।

# ਸਰਕਾਰੀ ਕਾਲਜ ਗੁਰਦਾਸਪੁਰ ਵਿਖੇ ਦੋ ਰੋਜ਼ਾ ਫੈਕਲਟੀ ਡਿਵੈਲਪਮੈਂਟ ਪ੍ਰੋਗਰਾਮ ਕਰਵਾਇਆ

ਗੁਰਦਾਸਪੁਰ (ਜਨਕ ਮਹਾਜਨ)- ਸਰਕਾਰੀ ਕਾਲਜ ਗੁਰਦਾਸਪੁਰ ਵਿਖੇ ਫੈਕਲਟੀ ਡਿਵੈਲਪਮੈਂਟ ਪ੍ਰੋਗਰਾਮ ਕਰਵਾਇਆ ਗਿਆ। ਇਸ ਦੋ ਦਿਨਾਂ ਸੈਮੀਨਾਰ ਵਿੱਚ ਪਹਿਲੇ ਦਿਨ ਮੁੱਖ ਮਹਿਮਾਨ ਵਜੋਂ ਡਾ. ਐੱਸ.ਕੇ. ਮਿਸ਼ਰਾ, ਵਾਈਸ ਚਾਂਸਲਰ ਸਰਦਾਰ ਬੇਅੰਤ ਸਿੰਘ ਸਟੇਟ ਯੂਨੀਵਰਸਿਟੀ ਗੁਰਦਾਸਪੁਰ ਵਿਸ਼ੇਸ਼ ਮਹਿਮਾਨ ਵਜੋਂ ਡਾ. ਰਿਸ਼ੀ ਰਾਜ ਸ਼ਰਮਾ, ਡੀਨ (ਅਕਾਦਮਿਕ), ਗੁਰੂ ਨਾਨਕ ਦੇਵ ਯੂਨੀਵਰਸਿਟੀ ਰਿਜਨਲ ਕੈਂਪਸ, ਗੁਰਦਾਸਪੁਰ, ਸੈਸ਼ਨ ਦੇ ਬੁਲਾਰਿਆਂ ਵਜੋਂ ਡਾ. ਖੁਸ਼ਵਿੰਦਰ ਕੁਮਾਰ, ਰਜਿਸਟਰਾਰ, ਖ਼ਾਲਸਾ ਯੂਨੀਵਰਸਿਟੀ, ਅੰਮ੍ਰਿਤਸਰ ਅਤੇ ਡਾ. ਜਸਪਾਲ ਵਰਵਲ, ਐਸੋਸੀਏਟ ਪ੍ਰੋਫੈਸਰ, ਜੰਮੂ ਯੂਨੀਵਰਸਿਟੀ ਵੱਲੋਂ ਸ਼ਿਰਕਤ ਕੀਤੀ ਗਈ। ਸੈਮੀਨਾਰ ਦੀ ਸ਼ੁਰੂਆਤ ਸੰਗੀਤ ਵਿਭਾਗ ਦੇ ਵਿਦਿਆਰਥੀਆਂ ਵੱਲੋਂ ਸ਼ਬਦ ਗਾਇਨ ਨਾਲ ਕੀਤੀ। ਪ੍ਰਿੰਸੀਪਲ ਡਾ. ਅਸ਼ਵਨੀ ਕੁਮਾਰ ਭੱਲਾ ਨੇ ਸਵਾਗਤ ਕਰਦਿਆਂ ਕਿਹਾ ਕਿ ਗੁਰਦਾਸਪੁਰ ਜ਼ਿਲ੍ਹੇ ਅੰਦਰ ਵੱਖ-ਵੱਖ ਵਿੱਦਿਅਕ ਸੰਸਥਾਨ ਇੱਕ ਦੂਸਰੇ ਦੇ ਪੂਰਕ ਹਨ। ਡਾ. ਐੱਸ.ਕੇ. ਮਿਸ਼ਰਾ ਰਾਸ਼ਟਰੀ ਸਿੱਖਿਆ ਨੀਤੀ ਬਾਰੇ ਬੋਲਦਿਆਂ ਕਿਹਾ ਕਿ ਅਧਿਆਪਕ ਆਪਣੇ ਵਿਦਿਆਰਥੀਆਂ ਲਈ ਰੋਲ ਮਾਡਲ ਹੁੰਦਾ ਹੈ। ਉਨ੍ਹਾਂ ਕਲਾਸ-ਰੂਮ ਅਧਿਆਪਨ ਵਿੱਚ ਆ ਰਹੀਆਂ ਸਮੱਸਿਆਵਾਂ ਨੂੰ ਨਜਿੱਠਣ ਦੀਆਂ ਤਕਨੀਕਾਂ ਸੰਬੰਧੀ ਜਾਣਕਾਰੀ ਦਿੱਤੀ। ਪਹਿਲੇ ਸੈਸ਼ਨ ਦੇ ਬੁਲਾਰੇ ਡਾ. ਖੁਸ਼ਵਿੰਦਰ ਕੁਮਾਰ ਨੇ ਉਚੇਰੀ ਸਿੱਖਿਆ ਪ੍ਰਤੀ ਸੰਪੂਰਨ ਅੰਤਰ-ਅਨੁਸ਼ਾਸਨੀ ਸਿੱਖਣ ਵਿਧੀ ਬਾਰੇ ਵਿਸਥਾਰ ਪੂਰਵਕ ਚਰਚਾ ਕੀਤੀ। ਡਾ. ਜਸਪਾਲ ਵਰਵਲ ਨੇ ਸਹਿਯੋਗਾਤਮਕ ਸਿੱਖਣ ਪ੍ਰੀਕਿਰਿਆ ਬਾਰੇ ਇਤਿਹਾਸਕ ਪਰਿਪੇਖ ਵਿੱਚ ਗੱਲ ਕਰਦੇ ਕਿਹਾ ਕਿ ਇਹ ਸ਼ਬਦ ਕੇਵਲ ਸਮੱਸਿਆ ਸਮਾਧਾਨ ਲਈ ਵਰਤਿਆਂ ਜਾਂਦਾ ਸੀ ਪ੍ਰੰਤੂ ਅਜੋਕੇ ਯੁੱਗ ਵਿੱਚ ਇਹ ਪ੍ਰੋਜੈਕਟ ਵਿਧੀ ਦੇ ਰੂਪ ਵਿੱਚ ਵਰਤਿਆਂ ਜਾ ਰਿਹਾ ਹੈ। ਮੰਚ ਸੰਚਾਲਕ ਦੀ ਭੂਮਿਕਾ ਜਤਿੰਦਰ ਸਿੰਘ, ਸਹਾਇਕ ਪ੍ਰੋਫੈਸਰ ਬਾਟਨੀ ਵਿਭਾਗ ਨੇ ਨਿਭਾਈ।



# ਸੰਤ ਬਾਬਾ ਰਾਮ ਸਿੰਘ ਕਾਲੇਕੇ ਵਾਲਿਆਂ ਦੀ 11ਵੀਂ ਬਰਸੀ 7 ਨੂੰ

ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)-ਗੁਰਦੁਆਰਾ ਸ੍ਰੀ ਦਮਦਮਾ ਰੋੜੀ ਸਾਹਿਬ ਪਿੰਡ ਕਾਲੇਕੇ ਦੇ ਮੁੱਖੀ ਸੰਤ ਬਾਬਾ ਗੁਰਦਿਆਲ ਸਿੰਘ ਦੀ ਅਗਵਾਈ ਹੇਠ ਸੱਚਖੰਡ ਵਾਸੀ ਸੰਤ ਬਾਬਾ ਰਾਮ ਸਿੰਘ ਦੀ 11ਵੀ ਬਰਸੀ 7 ਜੁਲਾਈ ਦਿਨ ਸੋਮਵਾਰ ਬੜੀ ਸ਼ਰਧਾ ਭਾਵਨਾ ਨਾਲ ਇਲਾਕਾ ਨਿਵਾਸੀ ਅਤੇ ਐੱਨਆਰਆਈ ਸੰਗਤਾਂ ਦੇ ਸਹਿਯੋਗ ਨਾਲ ਮਨਾਈ ਜਾ ਰਹੀ ਹੈ ਜਿਸ ਵਿੱਚ 1 ਜੁਲਾਈ ਦਿਨ ਮੰਗਲਵਾਰ ਨੂੰ ਪਵਿੱਤਰ ਪਾਵਨ ਸ੍ਰੀ ਅਖੰਡ ਪਾਠਾਂ ਦੀ ਲੜੀ ਆਰੰਭ ਹੋਵੇਗੀ।11 ਜੁਲਾਈ ਦਿਨ ਸੋਮਵਾਰ ਨੂੰ ਪਵਿੱਤਰ ਪਾਵਨ ਗੁਰਬਾਣੀ ਦੇ ਭੋਗ ਪੈਣਗੇ।ਉਪਰੰਤ ਸਾਰੀ ਦਿਹਾੜੀ ਸਿੱਖ ਪੰਥ ਦੇ ਮਹਾਨ ਰਾਗੀ ਕੀਰਤਨੀਏ ਜਥੇ, ਕਵੀਸ਼ਰ, ਢਾਡੀ, ਕਥਾਵਾਚਕ, ਗੁਰਮਤਿ ਵਿਚਾਰਾਂ ਦੀ ਸਾਂਝ ਪਾਉਣਗੇ।ਇਸ ਮੌਕੇ ਸੰਤ, ਮਹਾਪੁਰਖ, ਨਿਹੰਗ ਸਿੰਘ, ਸਮਾਜ ਸੇਵੀ, ਰਾਜਨੀਤਕ ਇਲਾਕਾ ਨਿਵਾਸੀ ਅਤੇ ਐੱਨਆਰਆਈ ਬਹੁਤ ਗਿਣਤੀ ਵਿੱਚ ਸੰਗਤਾਂ ਹਾਜ਼ਰੀਆਂ ਭਰਨਗੀਆਂ।ਗੁਰੂ ਦੇ ਲੰਗਰ ਅਟੁੱਟ ਵਰਤਣਗੇ।ਸੰਤ ਬਾਬਾ ਗੁਰਦਿਆਲ ਸਿੰਘ ਵੱਲੋਂ ਸਮੂਹ ਸੰਗਤਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਵੱਧ ਤੋਂ ਵੱਧ ਹਾਜ਼ਰੀਆਂ ਭਰ ਕੇ ਗੁਰੂ ਸਾਹਿਬ ਦੀਆਂ ਖੁਸ਼ੀਆ ਪ੍ਰਾਪਤ ਕਰਨ।



# ਗੁਰਦਾਸਪੁਰ ਤੋਂ ਚੰਡੀਗੜ੍ਹ ਨੂੰ ਸਰਕਾਰੀ ਏਅਰ ਕੰਡੀਸ਼ਨਡ ਬੱਸਾਂ ਚਲਾਉਣ ਦੀ ਮੰਗ

ਗੁਰਦਾਸਪੁਰ (ਜਨਕ ਮਹਾਜਨ)- ਪੰਜਾਬ ਸਰਕਾਰ ਵੱਲੋਂ ਲੋਕਾਂ ਦੀ ਸਹੂਲਤ ਵਾਸਤੇ ਸੂਬੇ ਦੇ ਕਈ ਜ਼ਿਲ੍ਹਿਆਂ ਤੋਂ ਚੰਡੀਗੜ੍ਹ ਨੂੰ ਸਰਕਾਰੀ ਵਾਲਵੋ ਬੱਸਾਂ ਚਲਾਈਆਂ ਗਈਆਂ ਹਨ ਪਰ ਪੰਜਾਬ ਰੋਡਵੇਜ਼ ਵੱਲੋਂ ਬਾਰਡਰ ਏਰੀਏ ਦੇ ਜ਼ਿਲ੍ਹਾ ਗੁਰਦਾਸਪੁਰ ਤੋਂ ਚੰਡੀਗੜ੍ਹ ਨੂੰ ਕੋਈ ਵੀ ਵਾਲਵੋ ਬੱਸ ਸਿੱਧੀ ਨਹੀਂ ਚਲਾਈ ਗਈ ਜਿਸ ਕਰਕੇ ਇਸ ਜ਼ਿਲ੍ਹੇ ਦੇ ਲੋਕਾਂ ਦਾ ਪੰਜਾਬ ਸਰਕਾਰ ਪ੍ਰਤੀ ਭਾਰੀ ਰੋਸ ਪਾਇਆ ਜਾ ਰਿਹਾ ਹੈ।



ਗੌਰਤਲਬ ਹੈ ਕਿ ਇਸ ਇਲਾਕੇ ਦੇ ਲੋਕਾਂ ਦੀ ਪੰਜਾਬ ਸਰਕਾਰ ਪਾਸੋਂ ਲੰਬੇ ਸਮੇਂ ਤੋਂ ਮੰਗ ਹੈ ਕਿ ਇਸ ਸ਼ਹਿਰ ਨੂੰ ਵੀ ਸਵੇਰ-ਹਨੇਰ ਏ. ਸੀ. ਬੱਸ ਦੀ ਸੁਵਿਧਾ ਪ੍ਰਦਾਨ ਕੀਤੀ ਜਾਵੇ ਤਾਂ ਜੋ ਇਲਾਕੇ ਦੇ ਲੋਕ ਸਰਕਾਰੀ ਏ. ਸੀ. ਬੱਸਾਂ ਰਾਹੀਂ ਚੰਡੀਗੜ੍ਹ ਜਾ ਕੇ ਉਥੇ ਦਫਤਰੀ ਕੰਮਕਾਜ ਨਿਪਟਾ ਕੇ ਸ਼ਾਮ ਵਾਪਸ ਆ ਸਕਣ। ਗੁਰਦਾਸਪੁਰ ਸ਼ਹਿਰ ਦੇ ਨੇੜਲੇ ਸਥਾਨਾਂ ਅੰਮ੍ਰਿਤਸਰ, ਮੁਕਤਸਰ, ਜਲੰਧਰ ਆਦਿ ਸ਼ਹਿਰਾਂ ਤੋਂ ਹਰਿਆਣਾ, ਹਿਮਾਚਲ, ਰਾਜਸਥਾਨ, ਜੰਮੂ-ਕਸ਼ਮੀਰ ਆਦਿ ਨੂੰ ਵਾਲਵੋ ਅਤੇ ਆਰਡਨਰੀ ਬੱਸਾਂ ਚਲਾਈਆਂ ਜਾ ਰਹੀਆਂ ਹਨ। ਲੋਕਾਂ ਦੀ ਮੰਗ ਹੈ ਕਿ ਇਸੇ ਤਰ੍ਹਾਂ ਗੁਰਦਾਸਪੁਰ ਤੋਂ ਚੰਡੀਗੜ੍ਹ, ਹਿਮਾਚਲ ਦੇ ਸ਼ਹਿਰ ਸ਼ਿਮਲਾ, ਡਲਹੌਜ਼ੀ, ਜੰਮੂ-ਕਸ਼ਮੀਰ, ਊਧਮਪੁਰ, ਸ਼੍ਰੀਨਗਰ, ਰਾਜਸਥਾਨ ਦੇ ਸ਼ਹਿਰ ਜੈਪੁਰ, ਗੰਗਾਨਗਰ, ਦਿੱਲੀ ਆਦਿ ਸ਼ਹਿਰਾਂ ਨੂੰ ਸਿੱਧੀਆਂ ਸਰਕਾਰੀ ਵੋਲਵੋ ਅਤੇ ਆਰਡਨਰੀ ਬੱਸਾਂ ਸਵੇਰ-ਸ਼ਾਮ ਸਮੇਂ ਚਲਾਈਆਂ ਜਾਣ।

ਜਦੋਂ ਇਸ ਸਬੰਧੀ ਨਗਰ ਸੁਧਾਰ ਟਰੱਸਟ ਗੁਰਦਾਸਪੁਰ ਦੇ ਚੇਅਰਮੈਨ ਰਾਜੀਵ ਸ਼ਰਮਾ ਨਾਲ ਗੱਲਬਾਤ ਕੀਤੀ ਤਾਂ ਉਨ੍ਹਾਂ ਨੇ ਯਕੀਨ ਦਿਵਾਉਂਦੇ ਹੋਏ ਕਿਹਾ ਕਿ ਉਹ ਟਰਾਂਸਪੋਰਟ ਮੰਤਰੀ ਪੰਜਾਬ ਲਾਲਜੀਤ ਸਿੰਘ ਭੁੱਲਰ ਨਾਲ ਗੱਲਬਾਤ ਕਰਕੇ ਜਲਦੀ ਹੀ ਗੁਰਦਾਸਪੁਰ ਤੋਂ ਸਰਕਾਰੀ ਏ. ਸੀ. ਬੱਸਾਂ ਚੰਡੀਗੜ੍ਹ ਤੋਂ ਇਲਾਵਾ ਹੋਰ ਵੱਡੇ ਸ਼ਹਿਰਾਂ ਨੂੰ ਚਲਾਉਣ ਦੀ ਕੋਸ਼ਿਸ਼ ਕਰਨਗੇ।

# 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਸੰਬੰਧੀ ਲੱਗਾ ਸੈਮੀਨਾਰ

ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਮਾਣਯੋਗ ਸਪੈਸ਼ਲ ਡੀਜੀਪੀ ਕਮਿਊਨਿਟੀ ਅਫੇਅਰ ਡਵੀਜ਼ਨ ਪੰਜਾਬ ਚੰਡੀਗੜ੍ਹ ਦੀਆਂ ਹਦਾਇਤਾਂ ਅਨੁਸਾਰ ਮਾਣਯੋਗ ਐੱਸਐੱਸਪੀ ਬਟਾਲਾ ਅਤੇ ਮਾਣਯੋਗ ਡੀ. ਸੀ. ਪੀ. ਓ-ਕਮ-ਐੱਸ. ਪੀ. ਸਥਾਨਕ ਬਟਾਲਾ ਅਤੇ ਐੱਸ. ਆਈ. ਰੁਪਿੰਦਰਜੀਤ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਥਾਣਾ ਸਾਂਝ ਕੇਂਦਰ ਕਾਦੀਆਂ ਵਿਖੇ ਕਸ਼ਮੀਰ ਸਿੰਘ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਸੈਮੀਨਾਰ ਲਗਾਇਆ ਗਿਆ ਜਿਸ ਵਿਚ ਹਾਜ਼ਰ ਵਿਅਕਤੀਆਂ ਨੂੰ ਨਸ਼ੇ ਦੇ ਬੁਰੇ ਪ੍ਰਭਾਵਾਂ ਅਤੇ ਬਾਲ ਵਿਆਹ ਬਾਰੇ ਜਾਣੂ ਕਰਵਾਇਆ ਅਤੇ ਪੁਲਸ ਹੈਲਪ ਲਾਈਨ ਨੰਬਰਾਂ ਸਬੰਧੀ ਜਾਗਰੂਕ ਕੀਤਾ ਗਿਆ। ਹਾਜ਼ਰ ਵਿਅਕਤੀਆਂ ਨੂੰ ਚੰਗੀ ਜੀਵਨ ਸ਼ੈਲੀ ਅਪਣਾਉਣ ਬਾਰੇ ਅਤੇ ਟਰੈਫਿਕ ਨਿਯਮਾਂ ਸੰਬੰਧੀ ਵੀ ਜਾਗਰੂਕ ਕੀਤਾ ਗਿਆ।ਇਸ ਸਮੇਂ ਸਾਂਝ ਕੇਂਦਰ ਦਾ ਸਟਾਫ ਅਤੇ ਥਾਣੇ ਦੇ ਕਰਮਚਾਰੀ ਹਾਜ਼ਰ ਸਨ।



# 'ਵੀ' ਨੇ ਨਵਾਂ ਵੀ ਮੈਕਸ ਫੈਮਿਲੀ ਪਲਾਨ ਕੀਤਾ ਲਾਂਚ

ਚੰਡੀਗੜ੍ਹ/ਲੁਧਿਆਣਾ : ਭਾਰਤ ਦੇ ਮੋਹਰੀ ਦੂਰਸੰਚਾਰ ਸੇਵਾ ਪ੍ਰਦਾਤਾ ਵੀ ਨੇ ਆਪਣੇ ਨਵੇਂ ਵੀ ਮੈਕਸ ਫੈਮਿਲੀ ਪੋਸਟਪੇਡ ਪਲਾਨ ਦੇ ਲਾਂਚ ਦਾ ਐਲਾਨ ਕੀਤਾ, ਜੋ ਉਦਯੋਗ ਵਿੱਚ ਸਭ ਤੋਂ ਵੱਧ ਡਾਟਾ ਲਾਭ ਪ੍ਰਦਾਨ ਕਰਦਾ ਹੈ।ਇਹ ਪਲਾਨ ਇੱਕ ਬੇਮਿਸਾਲ ਓਟੀਟੀ ਅਨੁਭਵ ਪ੍ਰਦਾਨ ਕਰਦਾ ਹੈ ਜਿਸ ਦੇ ਤਹਿਤ ਤੁਸੀਂ ਮਹੀਨਾਵਾਰ ਬਿੱਲ ਵਿੱਚ ਨੈੱਟਫਲਿਕਸ ਸਬਸਕ੍ਰਿਪਸ਼ਨ ਅਤੇ 18 ਹੋਰ ਓਟੀਟੀ ਪਲੇਟਫਾਰਮਾਂ ਤੱਕ ਪਹੁੰਚ ਪ੍ਰਾਪਤ ਕਰ ਸਕਦੇ ਹੋ , ਜੋ ਕਿ ਤੁਲਨਾਤਮਕ ਤੌਰ ਤੇ ਕਿਫਾਇਤੀ ਕੀਮਤ ਤੇ ਵਧੀਆ ਮੁੱਲ ਪ੍ਰਦਾਨ ਕਰਦਾ ਹੈ।ਅੱਜ ਦੇ ਸਮੇਂ ਭਾਰਤ ਵਿੱਚ ਸਭ ਤੋਂ ਵੱਧ ਡਾਟਾ ਦੀ ਖਪਤ ਮਨੋਰੰਜਨ ਦੇ ਲਈ ਹੁੰਦੀ ਹੈ।ਸਰਵੋਤਮ ਓਟੀਟੀ ਅਨੁਭਵ ਦੀ ਵੱਧਦੀ ਮੰਗ ਨੂੰ ਪੂਰਾ ਕਰਦੇ ਹੋਏ ਵੀ ਨੇ ਵੀ ਮੈਕਸ ਫੈਮਿਲੀ ਪਲਾਨ 871 ਵਿੱਚ ਇੱਕ ਫ਼ਿਕਸਦੀ ਰੈਂਕਿੰਗ ਬੈਨੀਫਿਟ ਵਜੋਂ ਨੈੱਟਫਲਿਕਸ ਸਬਸਕ੍ਰਿਪਸ਼ਨ ਨੂੰ ਵੀ ਸ਼ਾਮਲ ਕੀਤਾ ਹੈ।

# ਬੇਅਦਬੀਆਂ ਸੰਬੰਧੀ ਸਖ਼ਤ ਕਾਨੂੰਨ ਬਣਾਉਣ ਲਈ ਸੰਜੀਦਾ ਹੋਵੇ ਸਰਕਾਰ : ਧਾਮੀ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਨੇ ਬੇਅਦਬੀਆਂ ਦੇ ਮਾਮਲਿਆਂ ਵਿਚ ਦੋਸ਼ੀਆਂ ਖਿਲਾਫ਼ ਸਖ਼ਤ ਕਾਰਵਾਈ ਲਈ ਕਾਨੂੰਨ ਬਣਾਉਣ ਦੀ ਮੰਗ ਨੂੰ ਲੈ ਕੇ ਪਿਛਲੇ ਲੰਮੇ ਸਮੇਂ ਤੋਂ ਸਮਾਣਾ ਵਿਖੇ ਟਾਵਰ 'ਤੇ ਚੜ੍ਹ ਕੇ ਸੰਘਰਸ਼ ਕਰ ਰਹੇ ਸਿੱਖ ਨੌਜੁਆਨ ਸ. ਗੁਰਜੀਤ ਸਿੰਘ ਖ਼ਾਲਸਾ ਦੀ ਵਿਗੜ ਰਹੀ ਹਾਲਤ 'ਤੇ ਚਿੰਤਾ ਪ੍ਰਗਟ ਕਰਦਿਆਂ ਸਰਕਾਰ ਦੀ ਕਰੜੀ ਆਲੋਚਨਾ ਕੀਤੀ ਹੈ।ਉਨ੍ਹਾਂ ਕਿਹਾ ਕਿ ਸਿੱਖ ਭਾਵਨਾਵਾਂ ਨਾਲ ਜੁੜੇ ਇਸ ਮੁੱਦੇ 'ਤੇ ਸਰਕਾਰ ਦੀ ਪਹੁੰਚ ਲਗਾਤਾਰ ਗੈਰ-ਜ਼ੁੰਮੇਵਾਰਾਨਾ ਰਹੀ ਹੈ, ਜਿਸ ਕਾਰਨ ਸਿੱਖ ਨੌਜੁਆਨ ਦੀ ਜ਼ਿੰਦਗੀ ਨੂੰ ਖ਼ਤਰਾ ਬਣਿਆ ਹੋਇਆ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਬੇਅਦਬੀਆਂ ਦਾ ਮਾਮਲਾ ਬੇਹੱਦ ਸੰਜੀਦਾ ਹੈ ਅਤੇ ਸਿੱਖ ਸੰਸਥਾ ਸ਼੍ਰੋਮਣੀ ਕਮੇਟੀ ਹਮੇਸ਼ਾ ਹੀ ਦੋਸ਼ੀਆਂ ਨੂੰ ਸਖ਼ਤ ਸਜ਼ਾਵਾਂ ਦਿਵਾਉਣ ਲਈ ਯਤਨਸ਼ੀਲ ਰਹੀ ਹੈ।ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਨੇ ਬੇਅਦਬੀਆਂ ਦੇ ਮਾਮਲੇ ਵਿੱਚ ਦੋਸ਼ੀਆਂ ਨੂੰ ਸਖ਼ਤ ਸਜ਼ਾਵਾਂ ਦਿਵਾਉਣ ਲਈ ਕਾਨੂੰਨ ਪਾਸ ਕਰਨ ਵਾਸਤੇ ਕਈ ਵਾਰ ਸਰਕਾਰਾਂ ਨੂੰ ਲਿਖਿਆ ਹੈ, ਪ੍ਰੰਤੂ ਦੁੱਖ ਦੀ ਗੱਲ ਹੈ ਕਿ ਸਰਕਾਰਾਂ ਵੱਲੋਂ ਬੇਹੱਦ ਸੰਜੀਦਾ ਮਾਮਲੇ ਨੂੰ ਗੰਭੀਰਤਾ ਨਾਲ ਨਹੀਂ ਲਿਆ ਗਿਆ।ਇਸੇ ਹੀ ਸਬੰਧ ਵਿਚ ਸਿੱਖ ਨੌਜੁਆਨ ਸ. ਗੁਰਜੀਤ ਸਿੰਘ ਖਾਲਸਾ ਸੰਘਰਸ਼ ਦੇ ਰਾਹ 'ਤੇ ਹੈ, ਪ੍ਰੰਤੂ ਸਰਕਾਰ ਦੀ ਖ਼ਾਮੋਸ਼ੀ ਸਵਾਲ ਖੜ੍ਹੇ ਕਰ ਰਹੀ ਹੈ।ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਧਾਰਮਿਕ ਗ੍ਰੰਥਾਂ ਦੀ ਬੇਅਦਬੀ ਦੇ ਮਾਮਲੇ ਵਿਚ ਫੜੇ ਗਏ ਦੋਸ਼ੀ ਅਕਸਰ ਹੀ ਸਖ਼ਤ ਕਾਨੂੰਨ ਦੀ ਘਾਟ ਕਾਰਨ ਜਲਦ ਛੁੱਟ ਜਾਂਦੇ ਹਨ, ਜਿਸ ਨਾਲ ਸੰਗਤਾਂ ਦੀਆਂ ਭਾਵਨਾਵਾਂ ਆਹਤ ਹੁੰਦੀਆਂ ਹਨ।

# ਪੀਐੱਨਬੀ ਮੈਟਲਾਈਫ ਵੱਲੋਂ ਵਿੱਤੀ ਸਾਲ -2025 ਲਈ 1041 ਕਰੋੜ ਬੋਨਸ ਦਾ ਐਲਾਨ

ਅੰਮ੍ਰਿਤਸਰ : ਪੀਐਨਬੀ ਮੈਟਲਾਈਫ ਇੰਡੀਆ ਇੰਸ਼ੋਰੈਂਸ ਕੰਪਨੀ ਲਿਮਿਟਡ (ਪੀਐੱਨਬੀ ਮੈਟਲਾਈਫ) ਨੇ ਆਰਥਿਕ ਵਰ੍ਹਾ 2024-25 ਲਈ ਰੁਪਏ 1041.45 ਕਰੋੜ ਦਾ ਰਿਕਾਰਡ ਬੋਨਸ ਦਾ ਐਲਾਨ ਕੀਤਾ ਹੈ।ਇਹ ਰਕਮ ਪਿਛਲੇ ਸਾਲ ਦੇ ਰੁਪਏ 930 ਕਰੋੜ ਦੇ ਬੋਨਸ ਨਾਲੋਂ 12 ਫੀਸਦੀ ਵੱਧ ਹੈ ਅਤੇ ਲਗਭਗ 5.68 ਲੱਖ ਯੋਗ ਪਾਲਿਸੀਧਾਰਕਾਂ ਨੂੰ ਇਸ ਦਾ ਲਾਭ ਮਿਲੇਗਾ।

ਇਹ ਮੌਕਾ ਪੀਐੱਨਬੀ ਮੈਟਲਾਈਫ ਦੇ ਅਨੁਸ਼ਾਸਤ ਵਿੱਤੀ ਪ੍ਰਬੰਧਨ ਅਤੇ ਦੀਰਘਕਾਲੀਨ ਨਿਵੇਸ਼ ਰਣਨੀਤੀ ਨੂੰ ਦਰਸਾਉਂਦਾ ਹੈ, ਜਿਸ ਨਾਲ ਕੰਪਨੀ ਦੇ ਹਿੱਸਾ ਲੈਣ ਵਾਲੇ ਉਤਪਾਦਾਂ ਉਤੇ ਗਾਹਕਾਂ ਦਾ ਭਰੋਸਾ ਹੋਰ ਮਜ਼ਬੂਤ ਹੋਵੇਗਾ।ਸਮੀਰ ਬੰਸਲ ਐੱਮ. ਡੀ. ਅਤੇ ਸੀਈਓ., ਪੀਐੱਨਬੀ ਮੈਟਲਾਈਫ ਨੇ ਕਿਹਾ ਕਿ ਲੰਮੇ ਸਮੇਂ ਤੱਕ ਲਾਭ ਪ੍ਰਦਾਨ ਕਰਨ ਦੀ ਆਪਣੀ ਵਚਨਬੱਧਤਾ ਨੂੰ ਕਾਇਮ ਰੱਖਦਿਆਂ ਸਾਨੂੰ ਇਹ ਐਲਾਨ ਕਰਕੇ ਬਹੁਤ ਖੁਸ਼ੀ ਹੋ ਰਹੀ ਹੈ ਕਿ ਅਸੀਂ ਹੁਣ ਤੱਕ ਦਾ ਸਭ ਤੋਂ ਵੱਡਾ ਬੋਨਸ 1041 ਕਰੋੜ ਜਾਰੀ ਕਰ ਰਹੇ ਹਾਂ।

# ਵਧੀਕ ਮੁੱਖ ਚੋਣ ਅਫ਼ਸਰ ਨੇ ਵੋਟਿੰਗ ਮਸ਼ੀਨਾਂ ਦੇ ਵੇਅਰ ਹਾਊਸ ਦਾ ਲਿਆ ਜਾਇਜ਼ਾ

ਗੁਰਦਾਸਪੁਰ (ਜਨਕ ਮਹਾਜਨ)- ਮਾਣਯੋਗ ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਵਧੀਕ ਮੁੱਖ ਚੋਣ ਅਫ਼ਸਰ ਪੰਜਾਬ ਹਰੀਸ਼ ਨਈਅਰ ਆਈਏਐੱਸ ਵੱਲੋਂ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਗੁਰਦਾਸਪੁਰ ਦੇ ਬਲਾਕ-ਬੀ ਵਿਖੇ ਵੋਟਿੰਗ ਮਸ਼ੀਨਾਂ ਦੇ ਵੇਅਰਹਾਊਸ ਦਾ ਨਿਰੀਖਣ ਕੀਤਾ ਗਿਆ।

ਇਸ ਮੌਕੇ ਉਨ੍ਹਾਂ ਨਾਲ ਹਰਜਿੰਦਰ ਸਿੰਘ ਬੇਦੀ, ਆਈਏਐੱਸ ਵਧੀਕ ਜ਼ਿਲ੍ਹਾ ਚੋਣ ਅਫ਼ਸਰ-ਕਮ-ਵਧੀਕ ਡਿਪਟੀ ਕਮਿਸ਼ਨਰ (ਜ) ਗੁਰਦਾਸਪੁਰ, ਮਨਜਿੰਦਰ ਸਿੰਘ ਬਾਜਵਾ ਚੋਣ ਤਹਿਸੀਲਦਾਰ ਤੋਂ ਇਲਾਵਾ ਨੋਡਲ ਅਫ਼ਸਰ ਈਵੀਐਮਜ਼. ਗਗਨਦੀਪ ਸਿੰਘ, ਹੋਰ ਅਧਿਕਾਰੀ ਅਤੇ ਵੱਖ-ਵੱਖ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦੇ ਵੀ ਹਾਜ਼ਰ ਸਨ।

ਵੋਟਿੰਗ ਮਸ਼ੀਨਾਂ ਦੇ ਵੇਅਰ ਹਾਊਸ ਦੇ ਨਿਰੀਖਣ ਦੌਰਾਨ ਵਧੀਕ ਮੁੱਖ ਚੋਣ ਅਫ਼ਸਰ ਨੇ ਵੇਅਰ ਹਾਊਸ ਦੀ ਲਾਗ-ਬੁੱਕ ਚੈੱਕ ਕਰਨ ਦੇ ਨਾਲ ਸਟਾਕ ਰਜਿਸਟਰ ਦੀ ਜਾਂਚ ਕੀਤੀ। ਇਸ ਮੌਕੇ ਉਨ੍ਹਾਂ ਵੇਅਰਹਾਊਸ ਵਿੱਚ ਲਗਾਏ ਅੱਗ ਬੁਝਾਊ ਯੰਤਰਾਂ ਅਤੇ ਹੋਰ ਪ੍ਰਬੰਧਾਂ ਦੀ ਜਾਂਚ ਵੀ ਕੀਤੀ। ਉਨ੍ਹਾਂ ਕਿਹਾ ਕਿ ਵੇਅਰ ਹਾਊਸ ਵਿੱਚ ਵੋਟਿੰਗ ਮਸ਼ੀਨਾਂ ਦੇ ਰੱਖ-ਰਖਾਅ ਵਿੱਚ ਚੋਣ ਕਮਿਸ਼ਨ ਦੀਆਂ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕੀਤੀ ਜਾਵੇ।




ਇਸ ਤੋਂ ਬਾਅਦ ਵਧੀਕ ਮੁੱਖ ਚੋਣ ਅਫ਼ਸਰ ਪੰਜਾਬ, ਹਰੀਸ਼ ਨਈਅਰ, ਆਈਏਐੱਸ ਵੱਲੋਂ ਡਿਪਟੀ ਕਮਿਸ਼ਨਰ ਦਲਵਿੰਦਰਜੀਤ ਸਿੰਘ, ਵਧੀਕ ਡਿਪਟੀ ਕਮਿਸ਼ਨਰ (ਜ) ਡਾ. ਹਰਜਿੰਦਰ ਸਿੰਘ ਬੇਦੀ ਅਤੇ ਹੋਰ ਪ੍ਰਸ਼ਾਸਨਿਕ ਅਧਿਕਾਰੀਆਂ ਨਾਲ ਮੀਟਿੰਗ ਵੀ ਕੀਤੀ ਗਈ।

# 'ਸਫ਼ਾਈ ਅਪਣਾਓ ਬਿਮਾਰੀ ਭਜਾਓ' ਮੁਹਿੰਮ ਪਹਿਲੀ ਤੋਂ

ਬਟਾਲਾ (ਡਾ. ਮਲਵਿੰਦਰ ਸਿੰਘ)-ਵਿਕਰਮਜੀਤ ਸਿੰਘ ਪਾਂਥੇ ਐੱਸਡੀਐੱਮ-ਕਮ-ਕਮਿਸ਼ਨਰ ਨਗਰ ਨਿਗਮ ਬਟਾਲਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ 'ਸਵੱਛ ਭਾਰਤ ਅਭਿਆਨ' ਨੂੰ ਮੁੱਖ ਰੱਖਦੇ ਹੋਏ ਸਥਾਨਕ ਸਰਕਾਰ ਵਿਭਾਗ ਦੀਆਂ ਹਦਾਇਤਾਂ ਅਨੁਸਾਰ ਸ਼ਹਿਰ ਵਾਸੀਆਂ ਦੇ ਸਹਿਯੋਗ ਨਾਲ ਸ਼ਹਿਰ ਵਿੱਚ 'ਸਫ਼ਾਈ ਅਪਨਾਓ ਬੀਮਾਰੀ ਭਜਾਓ' ਮੁਹਿੰਮ ਦੀ ਸ਼ੁਰੂਆਤ ਕੀਤੀ ਜਾ ਰਹੀ ਹੈ। ਕਮਿਸ਼ਨਰ ਨਗਰ ਨਿਗਮ ਬਟਾਲਾ ਵੱਲੋਂ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਗਈ ਹੈ ਕਿ ਇਸ ਮੁਹਿੰਮ ਵਿੱਚ ਨਗਰ ਨਿਗਮ ਦੇ ਨਾਲ ਸ਼ਹਿਰਵਾਸੀਆਂ ਨਾਲ ਸਹਿਯੋਗ ਕਰਨ ਅਤੇ ਐੱਨਜੀਓਜ਼ ਇਸ ਮੁਹਿੰਮ ਨੂੰ ਸਫਲ ਬਣਾਉਣ ਲਈ ਆਪਣਾ ਸਾਥ ਦੇਣ ਤਾਂ ਜੋ ਸ਼ਹਿਰ ਨੂੰ ਹੋਰ ਸੁੰਦਰ ਬਣਾਇਆ ਜਾ ਸਕੇ। ਉਨ੍ਹਾਂ ਦੱਸਿਆ ਕਿ ਇਹ ਮੁਹਿੰਮ 1 ਜੁਲਾਈ ਤੋਂ 31 ਜੁਲਾਈ ਤੱਕ ਜਾਰੀ ਰਹੇਗੀ। ਇਸ ਮੁਹਿੰਮ ਵਿੱਚ ਸ਼ਹਿਰ ਦੇ ਵੱਖ-ਵੱਖ ਸਥਾਨਾਂ ਤੇ ਸਫ਼ਾਈ ਅਤੇ ਇਸ ਨਾਲ ਸਬੰਧਤ ਜਾਗਰੂਕਤਾ ਗਤੀਵਿਧੀਆਂ ਕੀਤੀਆਂ ਜਾਣਗੀਆਂ। ਉਨ੍ਹਾਂ ਸ਼ਹਿਰ ਵਾਸੀਆਂ ਨੂੰ ਪੁਰਜ਼ੋਰ ਅਪੀਲ ਕਰਦਿਆਂ ਕਿਹਾ ਕਿ ਸੁਹਿਰਦ ਨਾਗਰਿਕ ਦਾ ਸਬੂਤ ਦਿੰਦੇ ਹੋਏ ਨਗਰ ਨਿਗਮ ਦਾ ਸਾਥ ਦਿੱਤਾ ਜਾਵੇ ਅਤੇ ਸ਼ਹਿਰਵਾਸੀ ਸ਼ਹਿਰ ਨੂੰ ਸੁੰਦਰ ਬਣਾਉਣ ਵਿੱਚ ਆਪਣਾ ਬਣਦਾ ਯੋਗਦਾਨ ਜ਼ਰੂਰ ਪਾਉਣ।

28 Jun Page-12.qxd 6/27/2025 10:35 PM Page 1



# ਢਿਲਵਾਂ ਟੋਲ ਪਲਾਜ਼ਾ ਗੋਲੀਬਾਰੀ ਦੇ ਮਾਮਲੇ 'ਚ 4 ਅਣਪਛਾਤਿਆਂ 'ਤੇ ਕੇਸ ਦਰਜ

**ਕਪੂਰਥਲਾ (ਮਨਜੀਤ ਮਾਨ)**- ਢਿਲਵਾਂ ਟੋਲ ਪਲਾਜ਼ਾ 'ਤੇ ਪਰਚੀ ਲੈਣ ਨੂੰ ਲੈ ਕੇ ਬਿਨਾਂ ਨੰਬਰ ਪਲੇਟ ਵਾਲੀ ਕ੍ਰੇਟਾ ਕਾਰ ਵਿੱਚ ਆਏ ਨੌਜਵਾਨਾਂ ਨਾਲ ਹੋਏ ਝਗੜੇ ਤੋਂ ਬਾਅਦ ਗੋਲੀਬਾਰੀ ਦੀ ਘਟਨਾ ਵਾਪਰੀ। ਇਸ ਦਾ ਸੀ ਸੀ ਟੀ ਵੀ ਵੀ ਸਾਹਮਣੇ ਆਇਆ ਹੈ। ਘਟਨਾ ਦੀ ਸੂਚਨਾ ਮਿਲਣ ਤੋਂ ਬਾਅਦ ਢਿਲਵਾਂ ਪੁਲਸ ਮੌਕੇ 'ਤੇ ਪਹੁੰਚ ਗਈ ਅਤੇ ਸੀ ਸੀ ਟੀ ਵੀ ਫੁਟੇਜ ਆਪਣੇ ਕਬਜ਼ੇ ਵਿੱਚ ਲੈ ਕੇ ਜਾਂਚ ਸ਼ੁਰੂ ਕਰ ਦਿੱਤੀ। ਇਸ ਦੀ ਪੁਸ਼ਟੀ ਕਰਦੇ ਹੋਏ ਐਸ ਐਚ ਓ ਦਲਵਿੰਦਰਬੀਰ ਸਿੰਘ ਨੇ ਦੱਸਿਆ ਕਿ ਟੋਲ ਪਲਾਜ਼ਾ ਦੇ ਨਾਈਟ ਸ਼ਿਫਟ ਇੰਚਾਰਜ ਦੀ ਸ਼ਿਕਾਇਤ 'ਤੇ ਚਾਰ ਅਣਪਛਾਤੇ ਕਾਰ ਸਵਾਰਾਂ ਵਿਰੁੱਧ ਐਫ ਆਈ ਆਰ ਦਰਜ ਕਰ ਲਈ ਗਈ ਹੈ ਅਤੇ ਦੋਸ਼ੀਆਂ ਦੀ ਪਛਾਣ ਕੀਤੀ ਜਾ ਰਹੀ ਹੈ। ਪੁਲਸ ਤੋਂ ਪ੍ਰਾਪਤ ਜਾਣਕਾਰੀ ਅਨੁਸਾਰ ਟੋਲ ਪਲਾਜ਼ਾ ਕਰਮਚਾਰੀ ਗੁਰਰਾਜ ਸਿੰਘ ਪੁੱਤਰ ਸੁੱਚਾ ਸਿੰਘ ਵਾਸੀ ਘਟੋਏ ਕੇ ਥਾਂਗਰ ਥਾਣਾ ਅਲੀਵਾਲ ਗੁਰਦਾਸਪੁਰ ਨੇ ਆਪਣੀ ਸ਼ਿਕਾਇਤ ਵਿੱਚ ਦੱਸਿਆ ਕਿ 25 ਜੂਨ ਨੂੰ ਸਵੇਰੇ 12-33 ਵਜੇ ਉਹ ਟੋਲ ਪਲਾਜ਼ਾ ਢਿਲਵਾਂ 'ਤੇ ਡਿਊਟੀ 'ਤੇ ਸੀ। ਫਿਰ ਜਲੰਧਰ ਤੋਂ ਗੇਟ ਨੰਬਰ ਤਿੰਨ 'ਤੇ ਬਿਨਾਂ ਨੰਬਰ ਪਲੇਟ ਵਾਲੀ ਇੱਕ ਚਿੱਟੀ ਕ੍ਰੇਟਾ ਕਾਰ ਆਈ, ਜਦੋਂ ਡਰਾਈਵਰ ਨੂੰ ਟਿਕਟ ਨਹੀਂ ਮਿਲੀ ਤਾਂ ਟੋਲ ਪਲਾਜ਼ਾ ਕਰਮਚਾਰੀ ਨੇ ਉਸ ਨੂੰ ਰੋਕਿਆ ਅਤੇ ਟਿਕਟ ਲੈਣ ਲਈ ਕਿਹਾ। ਪਰ ਕਾਰ ਚਾਲਕ ਨੇ ਗੱਡੀ ਭਜਾਉਣ ਦੀ ਕੋਸ਼ਿਸ਼ ਕੀਤੀ। ਜਦੋਂ ਕਰਮਚਾਰੀ ਨੇ ਗੱਡੀ ਦੇ ਅੱਗੇ ਬੈਰੀਕੇਡ ਲਗਾਏ ਤਾਂ ਉਸ ਨੇ ਗੱਡੀ ਰੋਕ ਲਈ। ਗੱਡੀ ਵਿੱਚ ਚਾਰ ਲੋਕ ਸਨ, ਜਿਨ੍ਹਾਂ ਵਿੱਚੋਂ ਡਰਾਈਵਰ ਨੇ ਪੱਗ ਬੰਨ੍ਹੀ ਹੋਈ ਸੀ। ਫਿਰ ਚਾਰ ਨੌਜਵਾਨ ਗੱਡੀ ਵਿੱਚੋਂ ਬਾਹਰ ਨਿਕਲੇ। ਉਨ੍ਹਾਂ ਵਿੱਚੋਂ ਇੱਕ ਨੇ ਟੋਲ ਪਲਾਜ਼ਾ ਵੱਲ 3/4 ਗੋਲੀਆਂ ਚਲਾਈਆਂ ਅਤੇ ਕਾਰ ਬਿਆਸ ਵੱਲ ਭਜਾ ਦਿੱਤੀ। ਐਸ ਐਚ ਓ ਨੇ ਦੱਸਿਆ ਕਿ ਟੋਲ ਪਲਾਜ਼ਾ ਦੇ ਨਾਈਟ ਸ਼ਿਫਟ ਇੰਚਾਰਜ ਦੇ ਬਿਆਨ 'ਤੇ ਅਣਪਛਾਤੇ ਕਾਰ ਸਵਾਰਾਂ ਵਿਰੁੱਧ ਥਾਣਾ ਢਿਲਵਾਂ ਵਿੱਚ ਵੱਖ-ਵੱਖ ਧਾਰਾਵਾਂ ਤਹਿਤ ਐਫ ਆਈ ਆਰ ਦਰਜ ਕਰ ਲਈ ਗਈ ਹੈ।

# ਸਰਕਾਰ ਭ੍ਰਿਸ਼ਟਾਚਾਰ-ਮੁਕਤ, ਪਾਰਦਰਸ਼ੀ ਜਨ ਸੇਵਾ ਨੂੰ ਸਮਰਪਤ ਕੰਮ ਕਰ ਰਹੀ : ਡਾ. ਰਾਜ ਕੁਮਾਰ

**ਹੁਸ਼ਿਆਰਪੁਰ (ਓ ਪੀ ਰਾਣਾ)**- ਚੱਬੇਵਾਲ ਵਿਧਾਨ ਸਭਾ ਹਲਕੇ ਵਿੱਚ ਵਿਕਾਸ ਕਾਰਜਾਂ ਨੂੰ ਹੋਰ ਤੇਜ਼ੀ ਦੇਣ ਲਈ ਮੈਂਬਰ ਪਾਰਲੀਮੈਂਟ ਡਾ. ਰਾਜ ਕੁਮਾਰ ਚੱਬੇਵਾਲ ਨੇ ਵੱਖ-ਵੱਖ ਪਿੰਡਾਂ



ਦੀਆਂ ਪੰਚਾਇਤਾਂ ਨੂੰ ਕੁੱਲ 56.63 ਲੱਖ ਰੁਪਏ ਦੇ ਚੈੱਕ ਵੰਡੇ। ਇਸ ਮੌਕੇ ਉਨ੍ਹਾਂ ਨੇ ਦੱਸਿਆ ਕਿ ਇਹ ਰਕਮ ਪਿੰਡਾਂ ਵਿੱਚ ਗਲੀਆਂ, ਨਾਲੀਆਂ, ਸਟਰੀਟ ਲਾਈਟਾਂ, ਪਾਣੀ ਸਪਲਾਈ ਅਤੇ ਹੋਰ ਭੌਤਿਕ ਢਾਂਚੇ ਨੂੰ ਮਜ਼ਬੂਤ ਕਰਨ ਲਈ ਦਿੱਤੀ ਜਾ ਰਹੀ ਹੈ।ਉਨ੍ਹਾਂ ਦੱਸਿਆ ਕਿ ਨੌਜਵਾਨ ਪੀੜ੍ਹੀ ਨੂੰ ਖੇਡ ਵੱਲ ਪ੍ਰੇਰਿਤ ਕਰਨ ਲਈ ਖੇਡ ਮੈਦਾਨ ਅਤੇ ਜਿਮ ਲਈ ਵਿਸ਼ੇਸ਼ ਗ੍ਰਾਂਟ ਦਿੱਤੀ ਗਈ ਹੈ। ਇਹ ਗ੍ਰਾਂਟ ਚੱਬੇਵਾਲ ਹਲਕੇ ਦੇ ਪਿੰਡਾਂ ਜਿਵੇਂ ਕਿ ਢੱਕੋਵਾਲ, ਮਰੂਲੀ ਬ੍ਰਾਹਮਣਾ, ਪੰਡੋਰੀ ਬੀਬੀ, ਹਾਰਟਾ, ਰਾਜਪੁਰ ਭਾਈਆਂ, ਚਿੱਤੋ, ਜੱਲੋਵਾਲ, ਹਰਮੋਇਆ, ਖੜਕਾਂ, ਖਨੌੜਾ, ਜਿਆਣ, ਬਡਲਾ, ਅਹਿਰਾਣਾ ਕਲਾਂ ਆਦਿ ਨੂੰ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਸਰਕਾਰ ਭ੍ਰਿਸ਼ਟਾਚਾਰ-ਮੁਕਤ, ਪਾਰਦਰਸ਼ੀ ਅਤੇ ਜਨ ਸੇਵਾ ਨੂੰ ਸਮਰਪਤ ਢੰਗ ਨਾਲ ਕੰਮ ਕਰ ਰਹੀ ਹੈ। ਇਸ ਮੌਕੇ ਵੱਡੀ ਗਿਣਤੀ ਵਿੱਚ ਗ੍ਰਾਮ ਪੰਚਾਇਤਾਂ ਦੇ ਨੁਮਾਇੰਦੇ, ਸਥਾਨਕ ਨਿਵਾਸੀ ਅਤੇ ਪਾਰਟੀ ਵਰਕਰ ਹਾਜ਼ਰ ਸਨ। ਕਾਰਜਕ੍ਰਮ ਦੇ ਅੰਤ 'ਚ ਡਾ. ਰਾਜਕੁਮਾਰ ਚੱਬੇਵਾਲ ਨੇ ਸਾਰੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਸਰਕਾਰ ਦੀਆਂ ਲੋਕ-ਭਲਾਈ ਯੋਜਨਾਵਾਂ ਦਾ ਲਾਭ ਲੈਣ ਅਤੇ ਆਪਣੇ ਖੇਤਰ ਦੇ ਵਿਕਾਸ ਵਿੱਚ ਭਾਗੀਦਾਰ ਬਣਨ। ਇਸ ਮੌਕੇ ਸਰਪੰਚ ਸੁਨੀਤਾ ਦੇਵੀ, ਸਰਪੰਚ ਮੇਜਰ ਸਿੰਘ, ਸਰਪੰਚ ਮੋਹਨ ਲਾਲ, ਕਾਲਾ ਜੱਲੋਵਾਲ, ਰਿੰਕੂ ਸਿੱਧੂ ਆਦਿ ਹਾਜ਼ਰ ਸਨ।

# ਸੜਕ ਦੀ ਖ਼ਸਤਾ ਹਾਲਤ ਨੂੰ ਜਲਦੀ ਤੋਂ ਜਲਦੀ ਸੁਧਾਰਿਆ ਜਾਵੇ : ਪੇਂਡੂ ਮਜ਼ਦੂਰ ਯੂਨੀਅਨ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਫਿਲੌਰ ਨਵਾਂਸ਼ਹਿਰ ਰੋਡ ਤੇ ਫਿਰੋਜ਼ਵਾਲ ਕੋਲ ਇੱਕ ਆਟੋ ਦੇ ਨਾਲ ਮਹਿੰਦਰਾ ਕਾਰ ਨੇ ਟੱਕਰ ਮਾਰਨ ਨਾਲ ਚਾਰ ਔਰਤਾਂ ਦੀ ਮੌਤ ਹੋ ਗਈ ਅਤੇ ਪੰਜ ਲੋਕ ਗੰਭੀਰ ਜ਼ਖ਼ਮੀ ਹੋ ਗਏ। ਇਹ ਹਾਦਸਾ ਸੜਕ ਵਿੱਚ ਥਾਂ ਥਾਂ ਟੋਏ ਹੋਣ ਕਾਰਨ ਵਾਪਰਿਆ। ਸੜਕ ਦੀ ਖਸਤਾ ਹਾਲਤ ਕਰਕੇ ਪਹਿਲਾਂ ਵੀ ਇਸੇ ਰੋਡ 'ਤੇ ਹਾਦਸੇ ਹੁੰਦੇ ਰਹੇ ਹਨ। ਸਰਕਾਰ ਨੇ ਕੋਈ ਧਿਆਨ ਨਹੀਂ ਦਿੱਤਾ। ਇਸ ਸਬੰਧੀ ਇੱਕ ਡੈਪੂਟੇਸ਼ਨ ਐਸ ਡੀ ਐਮ ਫਿਲੌਰ ਨੂੰ ਕਿਰਤੀ ਕਿਸਾਨ ਯੂਨੀਅਨ ਅਤੇ ਪੇਂਡੂ ਮਜ਼ਦੂਰ ਯੂਨੀਅਨ ਦੀ ਅਗਵਾਈ ਵਿੱਚ ਮਿਲਿਆ ਅਤੇ ਮੰਗ ਪੱਤਰ ਰਾਹੀਂ ਮੰਗ ਕੀਤੀ ਗਈ ਕਿ ਪੀੜਤ ਪਰਿਵਾਰਾਂ ਨੂੰ ਬਣਦਾ ਮੁਆਵਜ਼ਾ ਦਿੱਤਾ ਜਾਵੇ, ਸੜਕ ਦੀ



ਖਸਤਾ ਹਾਲਤ ਨੂੰ ਜਲਦੀ ਤੋਂ ਜਲਦੀ ਸੁਧਾਰਿਆ ਜਾਵੇ, ਅਨਾਥ ਹੋਏ ਬੱਚਿਆਂ ਦੀ ਪੜ੍ਹਾਈ, ਸਿਹਤ ਅਤੇ ਪੈਨਸ਼ਨ ਦਾ ਪ੍ਰਬੰਧ ਕੀਤਾ ਜਾਵੇ। ਜ਼ਖਮੀਆਂ ਦਾ ਵੀ ਫਰੀ ਇਲਾਜ ਕੀਤਾ ਜਾਵੇ।

# ਮਜੀਠੀਆ ਦੀ ਗ੍ਰਿਫ਼ਤਾਰੀ ਦਾ ਸੁਖਜੀਤ ਸਿੰਘ ਖੋਸੇ ਵੱਲੋਂ ਸਵਾਗਤ

**ਜਲੰਧਰ** : ਉੱਘੇ ਸਿੱਖ ਆਗੂ ਅਤੇ ਸਤਿਕਾਰ ਕਮੇਟੀ ਦੇ ਮੁਖੀ ਭਾਈ ਸੁਖਜੀਤ ਸਿੰਘ ਖੋਸੇ ਅਤੇ ਉਹਨਾਂ ਦੇ ਸਾਥੀਆਂ ਵੱਲੋਂ ਜਲੰਧਰ ਪ੍ਰੈਸ ਕਲੱਬ ਵਿਖੇ ਪੱਤਰਕਾਰਾਂ ਨੂੰ ਸੰਬੋਧਨ ਹੋਏ ਕਿਹਾ ਕਿ ਬੀਤੇ ਦਿਨੀ ਵਿਜਲੈਂਸ ਬਿਊਰੋ ਵੱਲੋਂ ਕਾਰਵਾਈ ਕਰਦੇ ਹੋਏ ਅਕਾਲੀ ਆਗੂ ਅਤੇ ਸਾਬਕਾ ਮੰਤਰੀ ਬਿਕਰਮਜੀਤ ਸਿੰਘ ਮਜੀਠੀਆ ਨੂੰ ਆਮਦਨ ਤੋਂ ਵੱਧ ਜਾਇਦਾਦ ਬਣਾਉਣ ਦੇ ਕੇਸ ਵਿੱਚ ਗ੍ਰਿਫਤਾਰ ਕੀਤਾ ਗਿਆ ਹੈ, ਉਸ ਦਾ ਸਵਾਗਤ ਕਰਦਿਆਂ ਉਹਨਾਂ ਕਿਹਾ ਸਰਕਾਰ ਵੱਲੋਂ ਦੇਰ ਨਾਲ ਚੁੱਕਿਆ ਕਦਮ ਦਰੁਸਤ ਹੈ।ਭਾਈ ਸੁਖਜੀਤ ਸਿੰਘ ਖੋਸੇ ਨੇ ਕਿਹਾ ਬਿਕਰਮਜੀਤ ਸਿੰਘ ਮਜੀਠੀਏ ਦੀ ਗ੍ਰਿਫਤਾਰੀ ਨੂੰ ਸਿਆਸੀ ਦੱਸਦੇ ਹੋਏ ਨੁਕਤਾਚੀਨੀ ਕਰਨ ਵਾਲੇ ਆਗੂਆਂ 'ਤੇ ਸਵਾਲ ਚੁੱਕਦੇ ਹੋਏ ਕਿਹਾ ਕਿ ਇਹਨਾਂ ਨੇ ਪੰਜਾਬ 'ਚ ਇਹ ਵਾਅਦਾ ਕਰਕੇ ਸਰਕਾਰ ਬਣਾਈ ਸੀ ਕਿ ਅਸੀਂ ਨਸ਼ਿਆਂ ਖਿਲਾਫ ਕਾਰਵਾਈ ਕਰਾਂਗੇ, ਪਰ ਪੰਜ ਸਾਲ



ਰਾਜ ਭੋਗਣ ਤੋਂ ਬਾਅਦ ਵੀ ਇਹਨਾਂ ਨੇ ਬਿਕਰਮਜੀਤ ਸਿੰਘ ਮਜੀਠੀਏ 'ਤੇ ਕੋਈ ਕਾਰਵਾਈ ਨਹੀਂ ਕੀਤੀ ਅਤੇ ਨਾ ਹੀ ਨਸ਼ਿਆਂ ਨਾਲ ਜੋ ਪੰਜਾਬ ਦੇ ਲੱਖਾਂ ਤੋਂ ਵੱਧ ਨੌਜਵਾਨਾਂ ਦੀਆਂ ਜਾਨਾਂ ਗਈਆਂ ਉਸ ਦਾ ਹਿਸਾਬ ਲਿਆ ਉਸ ਵਾਸਤੇ ਵੀ ਇਹ ਜਿੰਮੇਵਾਰ ਸਨ।ਪੰਜਾਬ ਸਰਕਾਰ ਵੱਲੋਂ ਜੋ ਮਜੀਠੀਆ ਦੀ ਗ੍ਰਿਫਤਾਰੀ ਕੀਤੀ ਹੈ ਉਸ ਦਾ ਵਿਰੋਧ ਕਰਨ ਵਾਲੇ ਨੇਤਾਵਾਂ ਨੂੰ ਕਰੜੇ ਹੱਥੀਂ ਲੈਂਦਿਆਂ ਉਨ੍ਹਾ ਕਿਹਾ ਕਿ ਕਦੇ ਤਾਂ ਤੁਸੀਂ ਮਜੀਠੀਏ ਨੂੰ ਚਿੱਟੇ ਦਾ ਵਪਾਰੀ ਆਖਦੇ ਸੀ, ਅੱਜ ਉਹ ਫੜਿਆ ਗਿਆ ਤਾਂ ਤੁਹਾਨੂੰ ਆਪਣਾ ਵੀ ਡਰ ਸਤਾਉਣ ਲੱਗ ਪਿਆ। ਭਾਈ ਸੁਖਜੀਤ ਸਿੰਘ ਖੋਸਾ ਨੇ ਸਰਕਾਰ ਤੋਂ ਮੰਗ ਕੀਤੀ ਕਿ ਜਿਵੇਂ ਬਾਕੀ ਨਸ਼ਾ ਤਸਕਰਾਂ ਦੇ ਘਰਾਂ ਉੱਤੇ ਬਲਡੋਜ਼ਰ ਚੱਲੇ ਹਨ ਉਵੇਂ ਹੀ ਬਿਕਰਮਜੀਤ ਸਿੰਘ ਮਜੀਠੀਏ ਅਤੇ ਹੋਰ ਸਿਆਸੀ ਆਗੂਆਂ ਵੱਲੋਂ ਗਲਤ ਤਰੀਕੇ ਅਪਣਾ ਕੇ ਇਕੱਠੀ ਕੀਤੀ ਜਾਇਦਾਦ ਸਰਕਾਰ ਜਬਤ ਕਰੇ ਅਤੇ ਇਹਨਾਂ ਦੇ ਕਾਲੀ ਕਮਾਈ ਨਾਲ ਬਣਾਏ ਹੋਏ ਮਹਿਲਾਂ ਉੱਤੇ ਵੀ ਪੀਲਾ ਪੰਜਾ ਚੱਲਣਾ ਚਾਹੀਦਾ ਹੈ।

# ਤਨਜ਼ਾਨੀਆ ਦਾ ਪ੍ਰਤੀਨਿਧੀ ਮੰਡਲ ਅਨੁਰਾਗ ਰਸਤੋਗੀ ਨੂੰ ਮਿਲਿਆ

**ਚੰਡੀਗੜ੍ਹ (ਕ੍ਰਿਸ਼ਨ ਗਰਗ)** ਹਰਿਆਣਾ ਦੇ ਮੁੱਖ ਸਕੱਤਰ ਅਨੁਰਾਗ ਰਸਤੋਗੀ ਨੇ ਇੱਥੇ ਤੰਜਾਨਿਆ ਗਣਰਾਜ ਦੇ ਸਯੁੰਕਤ ਵਿੱਤੀ ਕਮੀਸ਼ਨ (ਜੇ ਐਫ ਸੀ) ਨਾਲ ਉੱਚ ਪੱਧਰੀ ਮੀਟਿੰਗ ਦੀ ਅਗਵਾਈ ਕੀਤੀ।ਮੀਟਿੰਗ ਦੌਰਾਨ ਰਸਤੋਗੀ ਨੇ ਭਾਰਤ ਦੇ ਰਾਜਕੋਸ਼ੀ ਢਾਂਚੇ ਨੂੰ ਰੇਖਾਂਕਿਤ ਕਰਦੇ ਹੋਏ ਕੇਂਦਰ ਅਤੇ ਰਾਜ ਸਰਕਾਰਾਂ ਵਿੱਚਕਾਰ ਟੈਕਸ ਸੰਗ੍ਰਹਿ ਜਿੰਮੇਦਾਰੀਆਂ, ਰਾਜਸਵ ਸਰੋਤਾਂ, ਕਰਜਾ ਵਿਤਪੋਸ਼ਣ ਤੰਤਰ, ਕਰਜਾ ਅਤੇ ਧੰਨ ਦੇ ਵੰਡ ਦੀ ਜਾਣਕਾਰੀ ਦਿੱਤੀ। ਉਨ੍ਹਾਂ ਨੇ ਰਾਜਕੋਸ਼ੀ ਅਨੁਸ਼ਾਸਨ ਲਈ ਹਰਿਆਣਾ ਦੀ ਪ੍ਰਤੀਬੱਧਤਾ ਦੋਹਰਾਂਉਂਦੇ ਹੋਏ ਕਿਹਾ ਕਿ ਰਾਜ ਬਜਟ ਤੋਂ ਬਾਹਰ ਉਧਾਰ ਲੈਅ ਸਕਦੇ ਹਨ।ਸ੍ਰੀ ਰਸਤੋਗੀ ਨੇ ਭਾਰਤ ਵਿੱਚ ਰਾਜ ਖਜਾਨਾ ਸੰਘਵਾਦ ਦੇ ਸਿਧਾਂਤਾ ਦੀ ਵਿਆਖਿਆ ਕਰਦੇ ਹੋਏ ਦੱਸਿਆ ਕਿ ਰਾਜ਼ਿਆਂ ਨੂੰ ਵਿਤੀ ਕਮੀਸ਼ਨ ਦੀ ਸਿਫਾਰਿਸ਼ਾਂ ਦੇ ਅਧਾਰ 'ਤੇ ਕੇਂਦਰੀ ਟੈਕਸ ਰਾਜਸਵ ਦਾ ਹਿੱਸਾ ਮਿਲਦਾ ਹੈ।ਉਨ੍ਹਾਂ ਨੇ ਦੱਸਿਆ ਕਿ 16ਵੇਂ ਵਿਤੀ ਕਮੀਸ਼ਨ ਵੱਲੋਂ 31 ਅਕਤੂਬਰ, 2025 ਤੱਕ ਆਪਣੀ ਰਿਪੋਰਟ ਪੇਸ਼ ਕਰਨ ਦੀ ਉਮੀਦ ਹੈ।ਉਨ੍ਹਾਂ ਨੇ ਨਾਬਾਰਡ ਅਤੇ ਐਨਸੀਆਰ ਯੋਜਨਾ ਬੋਰਡ ਜਿਹੀ ਪ੍ਰਮੁੱਖ ਸੰਸਥਾਵਾਂ ਦੀ ਭੂਮਿਕਾਵਾਂ 'ਤੇ ਵੀ ਚਰਚਾ ਕੀਤੀ। ਸੰਯੁਕਤ ਵਿਤੀ ਕਮੀਸ਼ਨ ਸਕੱਤਰੇਤ ਦੇ ਚੇਅਰਮੈਨ ਅਹਿਮਦ ਸਆਦਤ ਨੇ ਵਿਵਹਾਰਿਕ ਸ਼ੈਸਨ ਲਈ ਹਰਿਆਣਾ ਸਰਕਾਰ ਦਾ ਧੰਨਵਾਦ ਕੀਤਾ।ਮੀਟਿੰਗ ਵਿੱਚ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਦੇ ਪ੍ਰਧਾਨ ਸਕੱਤਰ ਪੰਕਜ ਅਗਰਵਾਲ, ਵਿਦੇਸ਼ ਮਦਦ ਵਿਭਾਗ ਦੀ ਕਮੀਸ਼ਨਰ ਅਤੇ ਸਕੱਤਰ ਸ੍ਰੀਮਤੀ ਅਮਨੀਤ ਪੀ. ਕੁਮਾਰ, ਹਰਿਆਣਾ ਰਾਜ ਵੇਅਰਹਾਊਸਿੰਗ ਕਾਰਪੋਰੇਸ਼ਨ ਦੇ ਪ੍ਰਬੰਧ ਨਿਦੇਸ਼ਕ ਡਾ. ਸ਼ਾਲੀਨ, ਮੁੱਖ ਮੰਤਰੀ ਦੇ ਵਿਦੇਸ਼ ਮਦਦ ਸਲਾਹਕਾਰ ਸ੍ਰੀ ਪਵਨ ਕੁਮਾਰ ਚੌਧਰੀ ਅਤੇ ਵੱਖ ਵੱਖ ਵਿਭਾਗਾਂ ਦੇ ਸੀਨੀਅਰ ਅਧਿਕਾਰੀ ਮੌਜੂਦ ਸਨ।

# ਪੀਰ ਬਾਬਾ ਢੇਰੀ ਸ਼ਾਹ ਦੀ ਯਾਦ 'ਚ 35ਵਾਂ ਜੋੜ ਮੇਲਾ ਭਲਕੇ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)** ਪਿੰਡ ਅਜਨੋਹਾ ਵਿਖੇ ਦਰਬਾਰ ਪੀਰ ਬਾਬਾ ਢੇਰੀ ਸ਼ਾਹ ਦੀ ਮਜ਼ਾਰ ਤੇ ਸਮੂਹ ਨਗਰ ਨਿਵਾਸੀ, ਗ੍ਰਾਮ ਪੰਚਾਇਤ, ਪ੍ਰਵਾਸੀ ਭਾਰਤੀਆਂ ਅਤੇ ਇਲਾਕੇ ਦੇ ਸਹਿਯੋਗ ਨਾਲ ਪੀਰ ਬਾਬਾ ਢੇਰੀ ਸ਼ਾਹ ਵੈਲਫੇਅਰ ਪ੍ਰਬੰਧਕ ਕਮੇਟੀ ਅਜਨੋਹਾ ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਪੀਰ ਬਾਬਾ ਢੇਰੀ ਸ਼ਾਹ ਦੀ ਯਾਦ ਵਿੱਚ ਸਾਲਨਾ 35ਵਾਂ ਜੋੜ ਮੇਲਾ 29 ਜੂਨ ਨੂੰ ਕਰਵਾਇਆ ਜਾ ਰਿਹਾ ਹੈ।ਇਸ ਮੌਕੇ ਕਮੇਟੀ ਦੇ ਪ੍ਰਧਾਨ ਰਾਜ ਕੁਮਾਰ ਰੱਤੂ ਅਜਨੋਹਾ ਨੇ ਦੱਸਿਆ ਕਿ ਸਾਲਾਨਾ ਜੋੜ ਮੇਲੇ ਮੌਕੇ ਚਾਦਰ, ਚਿਰਾਗ ਅਤੇ ਝੰਡੇ ਦੀ ਰਸਮ ਸੰਗਤਾਂ ਵੱਲੋਂ ਅਦਾ ਕੀਤੀ ਜਾਵੇਗੀ।ਇਸ ਮੌਕੇ ਸਾਲਾਨਾ ਜੋੜ ਮੇਲੇ ਦੌਰਾਨ ਪੰਜਾਬ ਦੇ ਨਾਮਵਰ ਕਲਾਕਾਰ ਆਤਮਾ ਰਾਮ ਬੁੱਡੋਆਲੀਆ, ਨਕਾਲ ਪਾਰਟੀ ਰਾਹੋਂ ਵਾਲੇ ਤੋਂ ਇਲਾਵਾ ਹੋਰ ਕਲਾਕਾਰ ਪੀਰਾਂ ਦੀ ਮਹਿਫ਼ਿਲ ਸਜਾਉਣਗੇ। ਇਸ ਮੌਕੇ ਸਾਲਾਨਾ ਜੋੜ ਮੇਲੇ ਮੌਕੇ ਵੱਖ ਵੱਖ ਦਰਬਾਰਾ ਤੋਂ ਫੱਕਰ ਫ਼ਕੀਰ ਪੁੱਜ ਕੇ ਹਾਜ਼ਰੀ ਭਰਨਗੇ। ਉਨ੍ਹਾਂ ਦੱਸਿਆ ਕਿ ਇਸ ਮੇਲੇ ਨੂੰ ਹਰਮੇਸ਼ ਸਾਬ ਪਰਮੋਟ ਕਰ ਰਹੇ ਹਨ।

# ਸਾਲਾਨਾ ਜੋੜ ਮੇਲਾ ਭਲਕ ਤੋਂ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)** ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਪਿੰਡ ਭੀਣ ਪੀਰ ਲੱਖ ਦਾਤਾ ਸਰਵਰ ਸੱਖੀ ਦਰਬਾਰ ਵਿਖੇ 29 ਅਤੇ 30 ਜੂਨ ਨੂੰ ਸਾਲਾਨਾ ਜੋੜ ਮੇਲਾ ਅਤੇ ਭੰਡਾਰਾਂ ਬੜੀ ਸ਼ਰਧਾ ਪੂਰਵਕ ਧੂਮ ਧਾਮ ਨਾਲ ਕਰਵਾਇਆ ਜਾ ਰਿਹਾ ਹੈ ਇਸ ਮੋਕੇ ਤੇ ਜਾਣਕਾਰੀ ਦਿੰਦੀਆ ਦਰਬਾਰ ਦੇ ਗੱਦੀ ਨਸ਼ੀਨ ਸੂਫੀਆਨਾ ਦਰਗਾਹ ਐਕਸ਼ਨ ਕਮੇਟੀ ਪੰਜਾਬ ਦੇ ਵਾਇਸ ਪ੍ਰਧਾਨ ਬਾਬਾ ਮਦਨ ਸ਼ਾਹ



ਨੇ ਦੱਸਿਆ ਕਿ ਮੇਲੇ ਦੇ ਪਹਿਲੇ ਦਿਨ ਦਰਬਾਰ ਵਿੱਚ ਧੂਣੈ ਦੀ ਰਸਮ ਸਵੇਰੇ ਕੀਤੀ ਜਾਵੇਗੀ, ਸ਼ਾਮ ਨੂੰ ਚਿਰਾਗ ਰੋਸ਼ਨ ਕੀਤੇ ਜਾਣਗੇ ਨਾਲ ਹੀ ਮਹਿੰਦੀ ਦੀ ਰਸਮ ਕੀਤੀ ਜਾਵੇਗੀ। ਇਸ ਤਰ੍ਹਾਂ ਮੇਲੇ ਦੇ ਦੂਜੇ ਦਿਨ ਸਵੇਰੇ ਝੰਡੇ ਦੀ ਰਸਮ ਤੇ ਉਸ ਉਪੰਰਤ ਪੰਜਾਬ ਦੇ ਮਸ਼ਹੂਰ ਕਲਾਕਾਰ ਹਰਮਨ ਜਰਮਨ, ਮਹੇਸ਼ ਸਾਜਨ ਵੱਲੋ ਧਾਰਮਿਕ ਪ੍ਰੋਗਰਾਮ ਪੇਸ਼ ਜਾਵੇਗਾ। ਡੇਰਿਆ ਤੋਂ ਸੰਤ ਫਕੀਰਾ ਵੀ ਸ਼ਿਰਕਤ ਕਰਨਗੇ।

# ਪੀਰ ਬਾਬਾ ਰਾਫਤੇ ਸ਼ਾਹ ਦੀ ਯਾਦ 'ਚ ਸਾਲਾਨਾ ਜੋੜ ਮੇਲਾ ਅੱਜ ਤੋਂ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)** ਪਿੰਡ ਮੇਹਟੀਆਣਾ ਵਿਖੇ ਦਰਬਾਰ ਪੀਰ ਬਾਬਾ ਰਾਫਤੇ ਸ਼ਾਹ ਦੀ ਮਜ਼ਾਰ ਤੇ ਸਮੂਹ ਨਗਰ ਨਿਵਾਸੀ, ਗ੍ਰਾਮ ਪੰਚਾਇਤ, ਐਨ ਆਰ ਆਈ ਵੀਰਾਂ ਅਤੇ ਇਲਾਕੇ ਦੇ ਸਹਿਯੋਗ ਨਾਲ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਸਾਲਾਨਾ ਜੋੜ ਮੇਲਾ 28-29 ਜੂਨ ਨੂੰ ਕਰਵਾਇਆ ਜਾ ਰਿਹਾ ਹੈ।ਇਸ ਮੌਕੇ ਡੇਰੇ ਦੇ ਮੁੱਖ ਸੇਵਾਦਾਰ ਸਾਈਂ ਮਦਨ ਸ਼ਾਹ ਨੇ ਦੱਸਿਆ ਕਿ ਸਾਲਾਨਾ ਜੋੜ ਮੇਲੇ ਮੌਕੇ ਚਾਦਰ, ਚਿਰਾਗ ਅਤੇ ਝੰਡੇ ਦੀ ਰਸਮ ਸੰਗਤਾਂ ਵੱਲੋਂ ਅਦਾ ਕੀਤੀ ਜਾਵੇਗੀ।ਇਸ ਮੌਕੇ ਪ੍ਰਬੰਧਕਾਂ ਨੇ ਦੱਸਿਆ ਕਿ 29 ਜੂਨ ਨੂੰ ਸਾਲਾਨਾ ਜੋੜ ਮੇਲੇ ਮੌਕੇ ਪੰਜਾਬ ਦੇ ਨਾਮਵਰ ਕਲਾਕਾਰ ਕੁਲਵਿੰਦਰ ਕਿੰਦਾ ਇੰਟਰਨੈਸ਼ਨਲ ਕਲਾਕਾਰ, ਬੂਟਾ ਮੁਹੰਮਦ ਇੰਟਰਨੈਸ਼ਨਲ ਕਲਾਕਾਰ, ਸੂਫ਼ੀ ਕਵਾਲ ਲਵਜੀਤ ਬਠਿੰਡੇ ਵਾਲੇ, ਕਵਾਲ ਬਲਵੀਰ ਗੋਹਾਰ ਵਾਲੇ, ਕੇ ਕੇ ਸਿੰਘ, ਪਿੰਕੀ ਨਕਾਲ ਪਾਰਟੀ ਮੇਹਟੀਆਣਾ, ਕੁਲਦੀਪ ਰੂਹਾਨੀ ਇੰਟਰਨੈਸ਼ਨਲ ਕਵਾਲ ਭੁੱਲਾਰਾਈ, ਐਂਕਰ ਦਿਨੇਸ, ਕੋਮਲ ਸੌਰਵ ਸਿੱਧੂ, ਐਂਕਰ ਦੀਪਾ ਬਾਂਸਲ ਆਦਿ ਕਲਾਕਾਰ ਪੀਰਾਂ ਦੀ ਮਹਿਫ਼ਿਲ ਸਜਾਉਣਗੇ। ਇਸ ਮੌਕੇ ਸਲਾਨਾ ਜੋੜ ਮੇਲਾ ਦੌਰਾਨ ਇਲਾਕੇ ਭਰੀ ਗਿਣਤੀ ਵਿਚ ਫੱਕਰ ਫ਼ਕੀਰ ਪੁੱਜ ਰਹੇ ਹਨ।ਇਸ ਪ੍ਰੋਗਰਾਮ ਦੀ ਜਾਣਕਾਰੀ ਸੋਢੀ ਮੇਹਟੀਆਣਾ ਨੇ ਪ੍ਰੈਸ ਨੂੰ ਦਿੱਤੀ।

# ਏ ਜੀ ਆਈ ਓਪਨ ਸਵਿਮਿੰਗ ਚੈਂਪੀਅਨਸ਼ਿਪ ਨੇ ਨੌਜਵਾਨਾਂ ਨੂੰ ਪ੍ਰਭਾਵਤ ਕੀਤਾ

**ਜਲੰਧਰ (ਰਾਜੇਸ਼ ਥਾਪਾ)**- ਏ ਜੀ ਆਈ ਓਪਨ ਸਵਿਮਿੰਗ ਚੈਂਪੀਅਨਸ਼ਿਪ ਦੇ ਦੂਜੇ ਦਿਨ ਲਗਭਗ 57 ਤੈਰਾਕਾਂ ਨੇ ਹਿੱਸਾ ਲਿਆ ਜੋ ਕਿ ਜਲੰਧਰ ਹਾਈਟਸ ਦੇ 2, ਕਲੱਬ ਪੂਲ, 66 ਫੁੱਟ ਰੋਡ ਜਲੰਧਰ ਦੇ ਸਵੀਮਿੰਗ ਪੂਲ ਵਿੱਚ ਚੱਲ ਰਹੀ ਹੈ।ਜਲੰਧਰ ਹਾਈਟਸ 1,2, ਸਮਾਰਟ ਹੋਮਜ਼ ਅਤੇ ਮੈਕਸਿਮਾ ਦੇ ਵਸਨੀਕਾਂ ਦੀ ਇੱਕ ਵੱਡੀ ਭੀੜ ਨੇ ਆਉਣ ਵਾਲੇ ਭਾਗੀਦਾਰ ਖਿਡਾਰੀਆਂ ਨੂੰ ਦੇਖਿਆ ਅਤੇ ਉਤਸ਼ਾਹਿਤ ਕੀਤਾ। ਚੈਂਪੀਅਨਸ਼ਿਪ ਲਈ ਬਹੁਤ ਉਤਸ਼ਾਹ ਨਾ ਸਿਰਫ਼ ਵੱਡੀ ਗਿਣਤੀ ਵਿੱਚ ਭਾਗੀਦਾਰ ਖਿਡਾਰੀਆਂ ਵਿੱਚ ਦੇਖਿਆ ਗਿਆ, ਸਗੋਂ ਖਿਡਾਰੀਆਂ ਦੇ ਮਾਪੇ ਵੀ ਆਪਣੇ ਬੱਚਿਆਂ ਨੂੰ ਇਸ ਚੈਂਪੀਅਨਸ਼ਿਪ ਵਿੱਚ ਹਿੱਸਾ ਲੈਂਦੇ ਦੇਖਣ ਲਈ ਉਤਸ਼ਾਹਿਤ ਸਨ। ਅੱਜ ਦਸ ਸਾਲ ਤੋਂ ਘੱਟ ਉਮਰ ਦੇ ਮੁੰਡਿਆਂ ਅਤੇ ਕੁੜੀਆਂ ਲਈ 50 ਮੀਟਰ ਲਈ ਅਤੇ 15 ਸਾਲ ਤੋਂ ਘੱਟ ਉਮਰ ਦੇ ਮੁੰਡਿਆਂ ਅਤੇ ਕੁੜੀਆਂ ਲਈ 75 ਮੀਟਰ ਲਈ ਤੈਰਾਕੀ ਮੁਕਾਬਲੇ ਆਯੋਜਿਤ ਕੀਤੇ ਗਏ।ਅੱਜ ਆਯੋਜਿਤ ਹੀਟਸ ਦੇ ਨਤੀਜੇ ਹਨ;50 ਮੀਟਰ ਲਈ 10 ਸਾਲ ਤੋਂ ਘੱਟ ਉਮਰ ਦੇ ਪਹਿਲੀ ਹੀਟ ਵਿੱਚ ਨਿਜਾਮ, ਪ੍ਰੀਤੀਸ਼, ਅਵਧ, ਆਰਵ ਨੇ ਹਿੱਸਾ ਲਿਆ ।ਆਰਵ ਨੇ ਪਹਿਲਾ ਅਤੇ ਨਿਹਾਨ ਨੇ ਦੂਜਾ ਸਥਾਨ ਪ੍ਰਾਪਤ ਕੀਤਾ, ਦੂਜੀ ਹੀਟ ਵਿੱਚ ਆਰਵ, ਰਿਤਿਕ, ਜਨਤ, ਏਕਾਗਰ, ਸੁਚੇਤ ਨੇ ਹਿੱਸਾ ਲਿਆ। ਸੁਚੇਤ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ। ਤੀਜੀ ਹੀਟ ਵਿੱਚ ਸਾਹਿਬ, ਦਰਸ਼ੀਲ, ਵਿਰਾਜ ਅਤੇ ਵਿਆਨ ਨੇ ਹਿੱਸਾ ਲਿਆ। ਵਿਆਨ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ ਅਤੇ ਸਾਹਿਬ ਨੇ ਦੂਜਾ ਸਥਾਨ ਪ੍ਰਾਪਤ ਕੀਤਾ।50 ਮੀਟਰ ਲਈ 10 ਸਾਲ ਤੋਂ ਘੱਟ ਉਮਰ ਦੀਆਂ ਕੁੜੀਆਂ



ਪਹਿਲੀ ਹੀਟ ਵਿੱਚ ਮਿਸ ਜ਼ਪਨ, ਆਰਵੀ, ਰੰਜਨ, ਜਨਪ੍ਰੀਤ, ਭਾਗੀਰਥੀ, ਜੰਨਤ ਨੇ ਹਿੱਸਾ ਲਿਆ। ਜੰਨਤ ਨੇ ਪਹਿਲਾ, ਰਿੰਜਨ ਨੇ ਦੂਜਾ ਅਤੇ ਭਾਗੀਰਥੀ ਨੇ ਤੀਜਾ ਸਥਾਨ ਪ੍ਰਾਪਤ ਕੀਤਾ। 50 ਮੀਟਰ ਲਈ 15 ਸਾਲ ਤੋਂ ਘੱਟ ਉਮਰ ਦੀਆਂ ਕੁੜੀਆਂ ਪਹਿਲੀ ਹੀਟ ਵਿੱਚ ਮਿਸ ਦਿਵਨੂਰ, ਮੇਹਰ, ਮਹਿਕ ਪ੍ਰੀਤ, ਅਵਾਂਸ਼ੀ, ਧਨਵੀ, ਅਰਜ਼ੋਈ ਅਤੇ ਪ੍ਰਨਿਧੀ ਨੇ ਹਿੱਸਾ ਲਿਆ। ਆਰਜ਼ੋਈ ਨੇ ਪਹਿਲਾ, ਦਿਵਨੂਰ ਨੇ ਦੂਜਾ ਅਤੇ ਅਵਨਸ਼ੀ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਦੂਜੀ ਹੀਟ ਵਿੱਚ ਮਿਸ ਧਨਵੀ, ਪ੍ਰਨਿਧੀ, ਸ੍ਰਿਸ਼ਟੀ, ਆਰਾਧਿਆ, ਅਵਯਾਂਸ਼ੀ, ਮੇਥਾਲੀ ਨੇ ਭਾਗ ਲਿਆ। ਮੇਥਾਲੀ ਨੇ ਪਹਿਲਾ, ਪ੍ਰਨਿਧੀ ਨੇ ਦੂਜਾ ਅਤੇ ਅਰਾਧਿਆ ਨੇ ਤੀਜਾ ਸਥਾਨ ਹਾਸਲ ਕੀਤਾ।15 ਸਾਲ ਤੋਂ ਘੱਟ ਉਮਰ ਦੇ ਲੜਕੇ 75 ਮੀਟਰ ਲਈ ਪਹਿਲੀ ਹੀਟ ਵਿੱਚ ਸੁਹਾਨਾ, ਰਿਤਿਕ, ਰਿਤਵਿਕ, ਰੋਹਨ ਨੇ ਹਿੱਸਾ ਲਿਆ ।ਰੋਹਨ ਨੇ ਪਹਿਲਾ ਸਥਾਨ ਹਾਸਲ ਕੀਤਾ। ਦੂਜੀ ਹੀਟ ਵਿੱਚ ਦਰਸ਼ਨ ਸਿੰਘ, ਆਕਰਸ਼, ਅਬੈਰ ਸਿੰਘ ਅਤੇ ਧਾਰੀਆ ਨੇ ਸ਼ਮੂਲੀਅਤ ਕੀਤੀ ।ਆਕਰਸ਼ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ। ਤੀਜੀ ਹੀਟ ਵਿੱਚ ਆਰਵ ਚਾਵਲਾ ਨੇ ਪਹਿਲਾ ਅਤੇ ਜਗਰਵ ਨੇ ਦੂਜਾ ਸਥਾਨ ਪ੍ਰਾਪਤ ਕੀਤਾ। ਚੌਥੀ ਹੀਟ ਵਿੱਚ ਭਵਿਆ, ਸ਼ਿਵਾਂਸ਼, ਨਿਕੇਤਨ ਨੇ ਭਾਗ ਲਿਆ ਸ਼ਿਵਾਂਸ਼ੀ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ। ਪੰਜਵੀਂ ਹੀਟ ਵਿਚ ਸਕਸ਼ਮ, ਆਰਵ, ਅਥਰਵ, ਆਦਿਤਿਆ ਨੇ ਭਾਗ ਲਿਆ ।ਆਦਿਤਿਆ ਨੇ ਪਹਿਲਾ ਅਤੇ ਆਰਵ ਨੇ ਦੂਜਾ ਸਥਾਨ ਪ੍ਰਾਪਤ ਕੀਤਾ। ਛੇਵੀਂ ਹੀਟ ਵਿਚ ਰਿਆਨ, ਕੇਸ਼ਵ, ਅੰਸ਼, ਲਵਿਸ਼, ਅਧਿਆਨ ਨੇ ਭਾਗ ਲਿਆ ।ਲਵੀਸ਼ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ

# ਸੀ ਪੀ ਆਈ (ਐੱਮ) ਦੇਸ਼-ਵਿਆਪੀ ਹੜਤਾਲ ਦਾ ਸਮਰਥਨ ਕਰੇਗੀ : ਪ੍ਰੇਮ ਰੱਕੜ



**ਬਲਾਚੌਰ (ਜਸਵਿੰਦਰ ਬੈਂਸ)**- ਸੀ ਪੀ ਆਈ (ਐਮ) ਤਹਿਸੀਲ ਕਮੇਟੀ ਬਲਾਚੌਰ ਦੀ ਮੀਟਿੰਗ ਨੰਬਰਦਾਰ ਭਗਤ ਸਿੰਘ ਕੌਲਗੜ੍ਹ ਦੀ ਪ੍ਰਧਾਨਗੀ ਹੇਠ ਦੇਸ਼ ਭਗਤ ਬਾਬਾ ਵਤਨ ਸਿੰਘ ਟੱਪਰੀਆਂ ਭਵਨ ਬਲਾਚੌਰ ਵਿਖੇ ਹੋਈ। ਮੀਟਿੰਗ ਵਿੱਚ ਲਏ ਫੈਸਲਿਆਂ ਦੀ ਜਾਣਕਾਰੀ ਦਿੰਦੇ ਮਾਸਟਰ ਪ੍ਰੇਮ ਰੱਕੜ ਤਹਿਸੀਲ ਸਕੱਤਰ ਨੇ ਦੱਸਿਆ ਕਿ ਦੇਸ਼ ਦੀਆਂ ਸਮੂਹ ਟਰੇਡ ਯੂਨੀਅਨਾਂ, ਅਜ਼ਾਦ ਫੈਡਰੇਸ਼ਨਾਂ, ਮੁਲਾਜ਼ਮ ਫੈਡਰੇਸ਼ਨਾਂ ਦੇ ਸਾਂਝੇ ਸੱਦੇ 'ਤੇ 9 ਜੁਲਾਈ ਨੂੰ ਕੀਤੀ ਜਾ ਰਹੀ ਹੜਤਾਲ ਦਾ ਸੀ ਪੀ ਆਈ (ਐਮ) ਮੁਕੰਮਲ ਸਮਰਥਨ ਕਰੇਗੀ। ਕਮਿਊਨਿਸਟ ਆਗੂਆਂ ਨੇ ਸਨਅਤੀ, ਮਜ਼ਦੂਰਾਂ, ਕਿਸਾਨ, ਖੇਤ ਮਜ਼ਦੂਰ ਜਥੇਬੰਦੀਆਂ, ਵਪਾਰ ਮੰਡਲਾਂ, ਛੋਟੇ ਦੁਕਾਨਦਾਰਾਂ ਨੂੰ ਹੜਤਾਲ ਦਾ ਸਮਰਥਨ ਕਰਨ ਦੀ ਅਪੀਲ ਕੀਤੀ।ਸੀ ਪੀ ਆਈ (ਐਮ) ਆਗੂਆਂ ਨੇ ਪੋਜੇਵਾਲ ਇਲਾਕੇ ਦੇ ਪਿੰਡਾਂ ਅੰਦਰ ਨਜਾਇਜ਼ ਹੋ ਰਹੀ ਮਾਇਨਿੰਗ ਅਤੇ ਨਜਾਇਜ਼ ਚੱਲ ਰਹੇ ਸਟੋਨ ਕਰੱਸ਼ਰ ਨੂੰ ਬੰਦ ਕਰਨ ਲਈ ਜ਼ਿਲ੍ਹਾ ਪ੍ਰਸ਼ਾਸਨ ਦਾ ਸਵਾਗਤ ਕੀਤਾ ਅਤੇ ਚਿਤਾਵਨੀ ਦਿੱਤੀ ਕਿ ਜੇਕਰ ਮੁੜ ਨਜਾਇਜ਼ ਮਾਇਨਿੰਗ ਅਤੇ ਸਟੋਨ ਕਰੱਸ਼ਰ ਚਾਲੂ ਕੀਤਾ ਗਿਆ ਤਾਂ ਜ਼ੋਰਦਾਰ ਸੰਘਰਸ਼ ਆਰੰਭ ਕੀਤਾ ਜਾਵੇਗਾ।ਮੀਟਿੰਗ ਦੌਰਾਨ ਸੀ ਪੀ ਆਈ ਦੇ ਹਰਮਨ ਪਿਆਰੇ ਆਗੂ ਕਾਮਰੇਡ ਸੁਤੰਤਰ ਕੁਮਾਰ ਅਤੇ ਸੀ ਪੀ ਆਈ (ਐਮ) ਦੇ ਬਜ਼ੁਰਗ ਆਗੂ ਕਾਮਰੇਡ ਜਸਕਰਨ ਸਿੰਘ ਸੰਧੂ ਸਾਦਿਕ (ਮੁਕਤਸਰ) ਦੇ ਸਦੀਵੀ ਵਿਛੋੜੇ 'ਤੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ ਅਤੇ ਸ਼ਰਧਾਂਜਲੀ ਭੇਟ ਕੀਤੀ ਗਈ ।ਮੀਟਿੰਗ ਵਿੱਚ ਸਰਵਸਾਥੀ ਮਹਾਂ ਸਿੰਘ ਰੌੜੀ, ਭੁਪਿੰਦਰ ਸਿੰਘ ਕੌਲਗੜ੍ਹ, ਅੱਛਰ ਸਿੰਘ ਟੋਰੋਵਾਲ, ਬੀਰੂ ਰਾਮ ਸਾਬਕਾ ਸਰਪੰਚ, ਜਗਦੀਸ਼ ਰਾਮ ਹਾਜ਼ਰ ਸਨ।ਅੰਤ ਵਿੱਚ ਨੰਬਰਦਾਰ ਭਗਤ ਸਿੰਘ ਨੇ ਹਾਜ਼ਰ ਸਾਥੀਆਂ ਦਾ ਧੰਨਵਾਦ ਕੀਤਾ।

# 20 ਸਾਲਾਂ ਤੱਕ ਸਾਥ ਦੇਣ ਵਾਲੇ ਸਾਰੇ ਦਾਨਵੀਰ ਸ਼ਿਵ ਭਗਤਾਂ ਦੇ ਹਾਂ ਰਿਣੀ : ਅਸ਼ੋਕ ਬਬੀਤਾ ਸੰਧੂ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਜੈ ਸ਼ਿਵ ਸ਼ਕਤੀ ਸੇਵਾ ਮੰਡਲ ਨੂਰਮਹਿਲ ਦੀ ਇੱਕ ਵਿਸ਼ੇਸ਼ ਮੀਟਿੰਗ ਮੰਡਲ ਪ੍ਰਧਾਨ



ਲਾਇਨ ਅਸ਼ੋਕ ਸੰਧੂ ਨੰਬਰਦਾਰ ਨੂਰਮਹਿਲ ਦੀ ਪ੍ਰਧਾਨਗੀ ਹੇਠ ਸੀਤਾ ਰਾਮ ਮੰਦਰ ਨੂਰਮਹਿਲ ਵਿਖੇ ਸ੍ਰੀ ਅਮਰਨਾਥ ਯਾਤਰਾ ਦੀਆਂ ਤਿਆਰੀਆਂ ਅਤੇ ਪ੍ਰਬੰਧਾਂ ਨੂੰ ਲੈ ਕੇ ਹੋਈ। ਇਸ ਮੀਟਿੰਗ ਵਿੱਚ ਮੰਡਲ ਦੇ ਚੇਅਰਮੈਨ ਓ.ਪੀ ਕੁੰਦੀ ਅਤੇ ਮਹਿਲਾ ਵਿੰਗ ਦੀ ਪ੍ਰਧਾਨ ਲਾਇਨ ਬਬਿਤਾ ਸੰਧੂ ਉਚੇਚੇ ਤੌਰ 'ਤੇ ਸ਼ਾਮਿਲ ਹੋਏ। ਚਰਚਾ ਉਪਰੰਤ ਚੇਅਰਮੈਨ ਕੁੰਦੀ ਨੇ ਦੱਸਿਆ ਕਿ ਇਸ ਵਾਰ ਵੀ ਯਾਤਰੀ 2025 ਮਾਡਲ ਦੀ ਏਅਰ ਕੰਡੀਸ਼ਨਡ, ਪੁਸ਼ ਬੈਕ ਸੀਟਾਂ ਵਾਲੀ ਬੱਸ ਵਿੱਚ 5 ਜੁਲਾਈ ਦਿਨ ਸ਼ਨੀਵਾਰ ਨੂੰ ਯਾਤਰਾ ਕਰਨਗੇ। ਪੂਰੀ ਯਾਤਰਾ ਦੌਰਾਨ ਏ.ਸੀ, ਮੈਡੀਕਲ, ਖਾਣ-ਪਾਣ, ਫੋਨ ਚਾਰਜ ਆਦਿ ਦੀ ਸੁਵਿਧਾ ਜਾਰੀ ਰਹੇਗੀ। ਮਹਿਲਾ ਪ੍ਰਧਾਨ ਬਬਿਤਾ ਸੰਧੂ ਨੇ ਕਿਹਾ ਕਿ ਕਿਉਂਕਿ ਮੰਡਲ ਵੱਲੋਂ ਕਰਵਾਈ ਜਾਣ ਯਾਤਰਾ ਪਰਵਾਰਕ ਹੁੰਦੀ ਹੈ, ਮਹਿਲਾਵਾਂ ਦਾ ਹਮੇਸ਼ਾ ਦੀ ਤਰ੍ਹਾਂ ਉੱਚਿਤ ਖਿਆਲ ਅਤੇ ਸਤਿਕਾਰ ਕੀਤਾ ਜਾਵੇਗਾ, ਅਨੁਸ਼ਾਸਿਤ ਸਲੀਕੇ ਨਾਲ ਯਾਤਰਾ ਹੋਵੇਗੀ। ਮੰਡਲ ਪ੍ਰਧਾਨ ਅਸ਼ੋਕ ਸੰਧੂ ਨੇ ਮਾਣ ਮਹਿਸੂਸ ਕਰਦਿਆਂ ਕਿਹਾ ਕਿ ਅੱਜ ਜੋ ਅਸੀਂ 20ਵੀਂ ਵਾਰ ਸ੍ਰੀ ਅਮਰਨਾਥ ਯਾਤਰਾ ਸੇਵਾਵਾਂ ਦੇ ਰਹੇ ਹਾਂ ਇਸ ਦਾ ਸਿਹਰਾ ਅਸਲ ਵਿੱਚ ਦੇਸ਼-ਵਿਦੇਸ਼ ਦੇ ਸਮੂਹ ਦਾਨਵੀਰ ਸ਼ਿਵ ਭਗਤਾਂ ਨੂੰ ਜਾਂਦਾ ਹੈ ਜਿਹਨਾਂ ਨੇ ਹਰ ਸਾਲ ਹਰ ਵਾਰ ਧਨ ਦਾ ਦਾਨ ਦਿੱਤਾ।ਇਸ ਮੌਕੇ ਮੰਡਲ ਦੇ ਵਿਸ਼ੇਸ਼ ਸਲਾਹਕਾਰ ਸੁਭਾਸ਼ ਢੰਡ, ਕੋਆਰਡੀਨੇਟਰ ਲਾਇਨ ਦਿਨਕਰ ਸੰਧੂ, ਸੀਨੀਅਰ ਮੈਂਬਰ ਮਹੇਸ਼ ਕੁਮਾਰ, ਵਰਿੰਦਰ ਕੋਹਲੀ ਤੋਂ ਇਲਾਵਾ ਪੰਡਿਤ ਵਿਜੇ ਕੁਮਾਰ ਸਮੇਤ ਸਮੂਹ ਮੈਂਬਰਾਂ ਨੇ ਬੀਤੇ ਸਮੇਂ ਮੰਡਲ ਦੇ ਵਿਸ਼ੇਸ਼ ਸਲਾਹਕਾਰ ਮਾਸਟਰ ਓਮ ਪ੍ਰਕਾਸ਼ ਜੰਡੂ ਦੇ ਪਰਲੋਕ ਸੁਧਾਰ ਜਾਣ 'ਤੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ।

# ਬੁੱਧੀਜੀਵੀ ਲੇਖਕ ਰਾਜੇਸ਼ ਭਬਿਆਣਾ ਨੂੰ ਕੀਤਾ ਸਨਮਾਨਤ



**ਅਲਾਵਲਪੁਰ (ਮਦਨ ਬੰਗੜ)**- ਬੁੱਧੀਜੀਵੀ ਮਹਾਨ ਚਿੰਤਕ, ਅਨੇਕਾਂ ਪੁਸਤਕਾਂ ਦੇ ਲਿਖਾਰੀ, ਸਾਹਿਤਕ ਕਾਰਜਾਂ ਅਤੇ ਬੇਹਤਰ ਸਮਾਜ ਉਸਾਰੀ ਲਈ, ਸਮਾਜ ਵਿੱਚ ਜਨ ਜਾਗ੍ਰਿਤੀ ਪੈਦਾ ਕਰਨ ਲਈ ਪਾਏ ਜਾ ਰਹੇ ਮਹੱਤਵਪੂਰਨ ਯੋਗਦਾਨ ਨੂੰ ਵੇਖਦਿਆਂ ਪ੍ਰਸਿੱਧ ਲੇਖਕ ਜਨਾਬ ਰਾਜੇਸ਼ ਭਬਿਆਣਾ ਨੂੰ ਬਹੁਜਨ ਸਮਾਜ ਪਾਰਟੀ ਦੇ ਦਫਤਰ ਵਿਖੇ ਸਨਮਾਨਿਤ ਕੀਤਾ ਗਿਆ। ਜ਼ਿਕਰਯੋਗ ਹੈ ਕਿ ਲੇਖਕ ਨੇ ਹੁਣ ਤੱਕ ਸਾਹਿਤਕ ਖੇਤਰ ਵਿਚ ਕਾਵਿ ਰੂਪ ਅਤੇ ਵਾਰਤਕ ਰੂਪ ਵਿੱਚ ਸਮਾਜ ਨੂੰ ਸਹੀ ਸੇਧ ਪ੍ਰਦਾਨ ਕਰਦਿਆਂ ਸਾਹਿਤਕ ਖੇਤਰ ਵਿੱਚ ਵਡਮੁੱਲਾ ਯੋਗਦਾਨ ਪਾਇਆ ਹੈ। ਆਪਣੇ ਰਹਿਬਰਾਂ ਦੇ ਮਿਸ਼ਨ ਨੂੰ ਪੂਰੀ ਤਰ੍ਹਾਂ ਸਮਰਪਤ ਲੇਖਕ ਵਜੋਂ ਆਪਣੀ ਕਲਮ ਤੋਂ ਇੱਕ ਦਰਜਨ ਤੋਂ ਵੱਧ ਪੁਸਤਕਾਂ ਸਮਾਜ ਦੀ ਝੋਲੀ ਪਾ ਚੁੱਕਾ ਹੈ। ਇਸ ਮੌਕੇ ਸਰਬਜੀਤ ਜਾਫ਼ਰ ਪ੍ਰਧਾਨ ਬਸਪਾ ਨਵਾਂਸ਼ਹਿਰ, ਗੁਰਮੁਖ ਨੌਰਥ ਵਾਈਸ ਪ੍ਰਧਾਨ ਨਗਰ ਕੌਂਸਲ ਨਵਾਂਸ਼ਹਿਰ, ਮੇਜਰ ਘਟਾਰੋ, ਗੁਰਨਾਮ ਪੰਨੂ ਮਜਾਰਾ, ਧਰਮਪਾਲ ਜਾੜਲਾ, ਜੱਸੀ ਬੇਗਮਪੁਰ ਆਦਿ ਹਾਜ਼ਰ ਰਹੇ।

# ਆਪ ਸਰਕਾਰ ਦੀ ਵਿਕਾਸ ਕ੍ਰਾਂਤੀ ਦਾ ਜਨਾਜ਼ਾ ਨਿਕਲਿਆ : ਕੋਟਲੀ

**ਆਦਮਪੁਰ (ਪਰਮਜੀਤ ਸਿੰਘ)**- ਪੰਜਾਬ ਅੰਦਰ ਆਮ ਆਦਮੀ ਪਾਰਟੀ ਦੇ ਵਿਕਾਸ ਦਾ ਲੋਕਾਂ ਨੇ ਜਨਾਜ਼ਾ ਕੱਢ ਕੇ ਰੱਖ ਦਿੱਤਾ ਹੈ। ਝੂਠੀ ਇਸ਼ਤਿਹਾਰਬਾਜ਼ੀ ਤੇ ਕਦੀ ਸਿੱਖਿਆ ਕ੍ਰਾਂਤੀ ਤੇ ਕਦੀ ਵਿਕਾਸ ਦੀ ਗੱਲ ਲੋਕਾਂ ਨੂੰ ਸਮਝ ਨਹੀਂ ਲੱਗੀ ਕਿ ਵਿਕਾਸ ਕਿੱਥੇ ਹੋਇਆ ਹੈ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਕਰਦਿਆਂ ਹਲਕਾ



ਆਦਮਪੁਰ ਦੇ ਵਿਧਾਇਕ ਸੁਖਵਿੰਦਰ ਸਿੰਘ ਕੋਟਲੀ ਨੇ ਕਿਹਾ ਕਿ ਸਰਕਾਰ ਨੇ ਪਿਛਲੇ ਸਾਢੇ ਤਿੰਨ ਸਾਲ ਦੇ ਸਮੇਂ ਦੌਰਾਨ ਕੋਈ ਪੈਸਾ ਜਾਰੀ ਹੀ ਨਹੀਂ ਕੀਤਾ ਜਿਸ ਕਰਕੇ ਪੰਚਾਇਤੀ ਤੇ ਹੋਰ ਵਿਕਾਸ ਦੇ ਕੰਮ ਠੱਪ ਪਏ ਹਨ। ਉਹਨਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਸਾਡੇ ਆਦਮਪੁਰ ਹਲਕੇ ਨੂੰ ਕੋਈ ਰਕਮ ਜਾਰੀ ਕੀਤੀ ਹੈ ਤੇ ਵਾਇਟ ਪੇਪਰ ਜਾਰੀ ਕਰੋ ਤਾਂ ਕਿ ਸਚਾਈ ਸਾਹਮਣੇ ਆ ਸਕੇ। ਕਾਂਗਰਸ ਸਰਕਾਰ ਵੇਲੇ ਦੇ ਜਾਰੀ ਕਰੋੜਾਂ ਰੁਪਏ ਵੀ ਅਜੇ ਖਰਚ ਨਹੀਂ ਕੀਤੇ। ਉਹਨਾਂ ਕਿਹਾ ਕਿ ਕੰਧਾਂ ਤੇ ਬਾਥਰੂਮਾਂ ਦੇ ਉਦਘਾਟਨਾਂ ਨਾਲ ਸਿੱਖਿਆ ਕ੍ਰਾਂਤੀ ਨਹੀ ਆਉਣੀ ਤੇ ਨਾ ਹੀ ਲੋਕ ਮੁੱਦਿਆਂ ਦੀ ਆਵਾਜ਼ ਉਠਾਉਣ ਵਾਲੇ ਲੋਕਾਂ ਦੇ ਖਿਲਾਫ ਝੂਠੇ ਪਰਚੇ ਦਰਜ ਕਰਕੇ ਅਵਾਜ਼ ਬੰਦ ਕੀਤੀ ਜਾ ਸਕਦੀ ਹੈ। ਵਿਧਾਇਕ ਕੋਟਲੀ ਨੇ ਆਖਿਆ ਕਿ ਮੈਂ ਵਿਰੋਧੀ ਧਿਰ ਵਿੱਚ ਹੁੰਦਿਆਂ ਆਮ ਲੋਕਾਂ ਦੀ ਆਵਾਜ਼ ਬੁਲੰਦ ਕੀਤੀ ਹੈ ਹਮੇਸ਼ਾ ਕਰਦਾ ਰਹਾਂਗਾ। ਮੈਂ ਸਰਕਾਰ ਤੋਂ ਮੰਗ ਕਰਦਾ ਹਾਂ ਕਿ ਮੇਰੇ ਵਲੋਂ ਸਮੇਂ ਸਮੇਂ 'ਤੇ ਉਠਾਏ ਲੋਕ ਮੁੱਦੇ ਤੇ ਵਿਧਾਨ ਸਭਾ ਵਿੱਚ ਉਠਾਏ ਵੱਖ-ਵੱਖ ਮਸਲਿਆਂ 'ਤੇ ਗੰਭੀਰਤਾ ਨਾਲ ਵਿਚਾਰ ਕਰੇ ਤੇ ਸਰਕਾਰ ਵਲੋਂ ਰਹਿੰਦੇ ਡੇਢ ਸਾਲ ਦੇ ਸਮੇਂ ਦੌਰਾਨ ਪੂਰੇ ਕੀਤੇ ਜਾਣ ।



# ਮੇਲੇ ਦੌਰਾਨ ਠੰਢੇ-ਮਿੱਠੇ ਜਲ ਦੀ ਛਬੀਲ ਲਗਾਈ

**ਅਲਾਵਲਪੁਰ (ਮਦਨ ਬੰਗੜ)**- ਨਜ਼ਦੀਕੀ ਪਿੰਡ ਧੋਗੜੀ ਵਿਖੇ ਦਰਬਾਰ ਫੱਜੇ ਸ਼ਾਹ ਦੇ ਸਲਾਨਾ ਜੋੜ ਮੇਲੇ ਤੇ ਗੁਰਪਿੰਦਰ ਸਿੰਘ ਸੂਸ ਦੀ ਦੇਖ-ਰੇਖ ਹੇਠ ਹਰ ਸਾਲ ਦੀ ਤਰ੍ਹਾਂ ਸੰਗਤਾਂ ਲਈ ਠੰਢੇ ਮਿੱਠੇ ਜਲ ਦੀ ਛਬੀਲ ਲਗਾਈ ਗਈ। ਇਸ ਮੌਕੇ ਗੁਰਵਿੰਦਰ ਸਿੰਘ ਸੂਸ, ਕੁਲਵਿੰਦਰ ਕੌਰ ਸੂਸ, ਸਾਰਾ, ਦਲਬੀਰ ਵੀਰੀ, ਜੈ ਜਲੰਧਰ, ਬਲਵਿੰਦਰ ਬੱਗਾ, ਡਾ. ਰਕੇਸ਼ ਧੋਗੜੀ, ਹਰਪ੍ਰੀਤ ਹੈਪੀ, ਅਵਤਾਰ ਤਾਰੀ, ਸ਼ੇਰਾ, ਆਕਾਸ਼, ਗਗਨਦੀਪ, ਅਭੀ, ਪ੍ਰਭਜੋਤ, ਜੀਵਨਾ, ਸਰਬਜੀਤ, ਪੰਡਿਤ ਦਇਆ ਨੰਦ ਝਾਅ, ਕੁਲਵਿੰਦਰ ਸਿੰਘ, ਸੁਖਵਿੰਦਰ ਸਿੰਘ, ਸੋਢੀ, ਸੁੱਖਾ ਆਦਿ ਤੋਂ ਇਲਾਵਾ ਸੇਵਾਦਾਰ ਹਾਜ਼ਰ ਸਨ।

# ਬੀਸਲਾ ਸ਼ਰੀਫ ਵਿਖੇ ਸਾਲਾਨਾ ਮੇਲਾ ਸ਼ਾਨੋ-ਸ਼ੌਕਤ ਨਾਲ ਮਨਾਇਆ

**ਬੰਗਾ (ਅਵਤਾਰ ਕਲੇਰ)**- ਦਰਬਾਰ ਧੰਨ-ਧੰਨ ਨੂਰੇ ਖੁਦਾ ਬਾਬਾ ਗਾਈਏ ਸ਼ਾਹ ਜੀ ਮੌਲਵੀ, ਬਾਬਾ ਗੰਗੇ ਸ਼ਾਹ ਜੀ ਮੌਲਵੀ, ਸਾਈਂ ਦਿਆਲ ਸ਼ਾਹ ਜੀ ਮੌਲਵੀ ਬੀਸਲਾ ਸ਼ਰੀਫ ਵਿਖੇ ਸਲਾਨਾ ਮੇਲਾ ਮੁੱਖ ਸੇਵਾਦਾਰ ਬਾਬਾ ਅਮਰੀਕ ਸ਼ਾਹ ਮੌਲਵੀ ਦੀ ਰਹਿਨੁਮਾਈ ਹੇਠ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ।



ਮੁੱਖ ਮਹਿਮਾਨ ਬਾਬਾ ਗਾਮੇ ਸ਼ਾਹ ਫਕੀਰ ਬੌਂਕੜ ਡੋਗਰ ਵਿਸ਼ੇਸ਼ ਤੌਰ 'ਤੇ ਪਹੁੰਚੇ। ਇਸ ਤਿੰਨ ਦਿਨਾ ਮੇਲੇ ਦੌਰਾਨ ਪਹਿਲੇ ਦਿਨ ਚਿਰਾਗਾਂ ਦੀ ਰਸਮ, ਮਹਿੰਦੀ ਡੋਰੀ ਦੀ ਰਸਮ, ਦੂਸਰੇ ਦਿਨ ਝੰਡੇ ਦੀ ਰਸਮ, ਤੀਸਰੇ ਦਿਨ ਚਾਦਰ ਦੀ ਰਸਮ ਅਦਾ ਕੀਤੀ ਗਈ। ਤਿੰਨੋਂ ਦਿਨ ਪੰਜਾਬ ਦੇ ਮਸਹੂਰ ਕਲਾਕਾਰ ਮੁਸਕਾਨ ਚੋਪੜਾ ਚੰਡੀਗੜ੍ਹ, ਦਵਿੰਦਰ ਰੂਹੀ, ਬਲਵਿੰਦਰ ਸੋਨੂੰ, ਦਵਿੰਦਰ ਬੀਸਲਾ, ਨਰਿੰਦਰ ਨਿਸ਼ਾਦ, ਨਗਿੰਦਰ ਨਾਗੀ, ਸਾਬਰੀ ਸਾਬ੍ਰ ਤੋਂ ਇਲਾਵਾ ਕੱਵਾਲ ਅਤੇ ਨੱਕਾਲ ਪਾਰਟੀਆਂ ਨੇ ਹਾਜ਼ਰੀਆਂ ਭਰੀਆਂ। ਵੱਖ ਵੱਖ ਦਰਬਾਰਾਂ ਤੋਂ ਸੰਤ ਮਹਾਂਪੁਰਸਾਂ ਨੇ ਸ਼ਿਰਕਤ ਕੀਤੀ। ਬਾਬਾ ਅਮਰੀਕ ਸ਼ਾਹ ਮੌਲਵੀ ਵਲੋਂ ਪਹੁੰਚੇ ਹੋਏ ਮਹਾਂਪੁਰਸ਼ਾਂ, ਕਲਾਕਾਰਾਂ ਅਤੇ ਸੇਵਾਦਾਰਾਂ ਨੂੰ ਸਨਮਾਨਤ ਕੀਤਾ ਗਿਆ। ਸਟੇਜ ਸਕੱਤਰ ਦੀ ਭੂਮਿਕਾ ਪ੍ਰੀਤ ਬਲਿਹਾਰ ਵਲੋਂ ਬਾਖੂਬੀ ਨਿਭਾਈ ਗਈ। ਦਰਬਾਰ 'ਤੇ ਚਾਹ ਪਕੌੜੇ ਅਤੇ ਲੰਗਰ ਅਤੁੱਟ ਵਰਤਾਇਆ ਗਿਆ।

# ਬਿਲਾਸਪੁਰ 'ਚ ਸਾਲਾਨਾ ਜੋੜ ਮੇਲਾ ਸ਼ਰਧਾ ਨਾਲ ਮਨਾਇਆ

**ਮਾਹਿਲਪੁਰ (ਸ.ਫਰੀ)**- ਬਲਾਕ ਮਾਹਿਲਪੁਰ ਦੇ ਪਿੰਡ ਬਿਲਾਸਪੁਰ ਵਿਖੇ ਬਾਬਾ ਲੱਖਦਾਤਾ ਜੀ ਦੇ ਦਰਬਾਰ 'ਤੇ ਸਾਲਾਨਾ ਜੋੜ ਮੇਲਾ ਦਰਬਾਰ ਦੇ ਮੁੱਖ ਸੇਵਦਾਰ ਮਹੰਤ ਸੁਰਿੰਦਰ ਸਿੰਘ ਦੀ ਦੇਖ-ਰੇਖ ਹੇਠ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਸ਼ਰਧਾ ਪੂਰਵਕ ਕਰਵਾਇਆ ਗਿਆ। ਸਭ ਤੋਂ ਪਹਿਲਾਂ ਚਾਦਰ ਚੜ੍ਹਾਉਣ ਦੀ ਰਸਮ ਕੀਤੀ ਗਈ ਅਤੇ ਉਪਰੰਤ ਝੰਡਾ ਚੜ੍ਹਾਇਆ। ਇਸ ਮੌਕੇ ਚੰਨੀ ਐਂਡ ਕੱਵਾਲ ਪਾਰਟੀ ਨੇ ਆਪਣੇ ਕੱਵਾਲ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ।ਇਸ ਮੌਕੇ ਸਾਲਾਨਾ ਜੋੜ ਮੇਲਾ ਵਿਚ ਆਲੇ ਦੁਆਲੇ ਦੇ ਪਿੰਡਾਂ ਦੀਆਂ ਸੰਗਤਾਂ ਵੱਡੀ ਗਿਣਤੀ ਵਿੱਚ ਹਾਜ਼ਰ ਹੋਈਆਂ।ਗੁਰੂ ਦਾ ਲੰਗਰ ਅਤੁੱਟ ਵਰਤਿਆ।ਇਸ ਜੋੜ ਮੇਲੇ ਵਿੱਚ ਆਏ ਹੋਏ ਸੰਤਾਂ ਨੂੰ ਸਨਮਾਨਤ ਕੀਤਾ ਗਿਆ ।ਇਸ ਮੌਕੇ ਰਾਮ ਸਰੂਪ ਸਿੰਘ, ਕੇਵਲ ਸਿੰਘ ਮਾਨ, ਕੁਲਦੀਪ ਸਿੰਘ, ਸੇਵਾ ਸਿੰਘ, ਮਨਪ੍ਰੀਤ ਸਿੰਘ ਗੋਗਾ, ਜੋਗਾ ਸਿੰਘ, ਜਸਵੀਰ ਸਿੰਘ, ਮੈਡਮ ਕਵਿਤਾ, ਸਰਪੰਚ ਜਸਵਿੰਦਰ ਕੌਰ, ਗੁਰਦਿਆਲ ਸਿੰਘ ਸਾਬਕਾ ਪੰਚ, ਕਾਲ਼ਾ, ਗੁਰਮੀਤ ਕੌਰ, ਰਣਜੋਤ ਸਿੰਘ ਜੋਧਾ, ਜਸਵੰਤ ਸਿੰਘ ਬਿੱਲਾ ਮਨਜੀਤ ਸਿੰਘ, ਗੌਰਵ ਹਾਡਾ, ਫ਼ੌਜੀ ਸੋਨੀ ਹੁਸ਼ਿਆਰਪੁਰੀ, ਬਾਬਾ ਪਵਨ ਤਾਜੇਵਾਲ, ਬਾਬਾ ਰਾਣਾ ਬਿਹਾਲਾ, ਬਾਬਾ ਪੰਮਾ ਬੰਬੇਲੀ, ਹੈਪੀ ਬਿਹਾਲਾ, ਸੰਤੋਖ ਸਿੰਘ ਬਿਲਾਸਪੁਰ, ਸੁਰਜੀਤ ਸਿੰਘ ਸਮੇਤ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ



# ਮਿੱਡ-ਡੇ-ਮੀਲ ਵਰਕਰਜ਼ ਯੂਨੀਅਨ ਵੱਲੋਂ 3 ਅਗਸਤ ਨੂੰ ਸੰਗਰੂਰ ਵਿਖੇ ਸੂਬਾ ਪੱਧਰੀ ਰੈਲੀ ਕਰਨ ਦਾ ਫੈਸਲਾ

**ਜਲੰਧਰ (ਰਾਜੇਸ਼ ਥਾਪਾ)**- ਮਿੱਡ-ਡੇ-ਮੀਲ ਵਰਕਰਜ਼ ਯੂਨੀਅਨ ਪੰਜਾਬ ਦੀ ਸੂਬਾਈ ਮੀਟਿੰਗ ਸੂਬਾ ਪ੍ਰਧਾਨ ਬਿਮਲਾ ਰਾਣੀ ਫਾਜ਼ਿਲਕਾ ਦੀ ਪ੍ਰਧਾਨਗੀ ਹੇਠ ਜਲੰਧਰ ਵਿਖੇ ਹੋਈ। ਮੀਟਿੰਗ ਦੀ ਕਾਰਵਾਈ ਜਥੇਬੰਦੀ ਦੀ ਸੂਬਾ

**• 11 ਜੁਲਾਈ ਤੋਂ 20 ਜੁਲਾਈ ਤੱਕ ਜ਼ਿਲ੍ਹਾ ਪੱਧਰ 'ਤੇ ਕੀਤੇ ਜਾਣਗੇ ਰੋਸ ਪ੍ਰਦਰਸ਼ਨ**

ਜਨਰਲ ਸਕੱਤਰ ਕਮਲਜੀਤ ਕੌਰ ਹੁਸ਼ਿਆਰਪੁਰ ਨੇ ਚਲਾਈ। ਮੀਟਿੰਗ ਵਿੱਚ ਆਗੂਆਂ ਨੇ ਕਿਹਾ ਕਿ ਮਿੱਡ-ਡੇ-ਮੀਲ ਵਰਕਰਜ਼ ਯੂਨੀਅਨ ਵਲੋਂ ਲਗਾਤਾਰ ਸੰਘਰਸ਼ ਕਰਨ ਦੇ ਬਾਵਜੂਦ ਪੰਜਾਬ ਸਰਕਾਰ ਵੱਲੋਂ ਮਿੱਡ-ਡੇ-ਮੀਲ ਵਰਕਰਾਂ ਦੀਆਂ ਮੰਗਾਂ ਦਾ ਨਿਪਟਾਰਾ ਕਰਨ ਲਈ ਗੰਭੀਰਤਾ ਨਾ ਦਿਖਾਉਣ ਸੰਬੰਧੀ ਮਿੱਡ -ਡੇ-ਮੀਲ ਵਰਕਰਾਂ ਵਿੱਚ ਗੁੱਸਾ ਪਾਇਆ ਜਾ ਰਿਹਾ ਹੈ। ਆਗੂਆਂ ਨੇ ਕਿਹਾ ਕਿ ਭਗਵੰਤ ਸਿੰਘ ਮਾਨ ਦੀ ਸਰਕਾਰ ਨੇ ਤਿੰਨ ਸਾਲ ਤੋਂ ਉੱਪਰ ਸਮਾਂ ਬੀਤ ਜਾਣ ਦੇ ਬਾਵਜੂਦ ਕੀਤੇ ਗਏ ਚੋਣ ਵਾਅਦੇ ਅਨੁਸਾਰ ਮਿੱਡ-ਡੇ-ਮੀਲ ਵਰਕਰਾਂ ਦਾ ਮਾਣ ਭੱਤਾ ਦੁੱਗਣਾ ਨਹੀਂ ਕੀਤਾ। ਮੀਟਿੰਗ ਉਪਰੰਤ



ਪ੍ਰਵੀਨ ਬਾਲਾ ਫਤਹਿਗੜ੍ਹ ਸਾਹਿਬ ਨੇ ਪ੍ਰੈੱਸ ਬਿਆਨ ਜਾਰੀ ਕਰਦਿਆਂ ਕਿਹਾ ਕਿ ਮੀਟਿੰਗ ਵਿੱਚ 3 ਅਗਸਤ ਨੂੰ ਸੰਗਰੂਰ ਵਿਖੇ ਮਿੱਡ ਡੇ ਮੀਲ ਵਰਕਰਜ਼ ਯੂਨੀਅਨ ਪੰਜਾਬ ਵਲੋਂ ਸੂਬਾ ਪੱਧਰੀ ਰੈਲੀ ਕਰਨ ਦਾ ਫੈਸਲਾ ਕੀਤਾ ਗਿਆ। ਇਸ ਦੇ ਨਾਲ ਹੀ ਇਸ ਰੈਲੀ ਦੀ ਤਿਆਰੀ ਵਜੋਂ 11 ਜੁਲਾਈ ਤੋਂ 20 ਜੁਲਾਈ ਤੱਕ ਜ਼ਿਲ੍ਹਾ ਕਮੇਟੀਆਂ ਦੀਆਂ ਮੀਟਿੰਗਾਂ ਕਰਨ ਦੇ ਨਾਲ ਨਾਲ ਮਿੱਡ ਡੇ ਮੀਲ ਵਰਕਰਾਂ ਦੀਆਂ ਮੰਗਾਂ ਸਬੰਧੀ ਜ਼ਿਲ੍ਹਾ ਪੱਧਰ 'ਤੇ ਡਿਪਟੀ ਕਮਿਸ਼ਨਰਾਂ ਰਾਹੀਂ ਮੰਗ ਪੱਤਰ ਪੰਜਾਬ ਸਰਕਾਰ ਦੇ ਨਾਂ ਭੇਜੇ ਜਾਣਗੇ ।ਮੀਟਿੰਗ ਵਿੱਚ ਰੋਸ ਪ੍ਰਗਟ ਕੀਤਾ ਗਿਆ ਕਿ ਮਿੱਡ -ਡੇ-ਮੀਲ ਵਰਕਰਾਂ ਦਾ ਮਾਣ ਭੱਤਾ ਕੀਤੇ ਚੋਣ ਵਾਅਦੇ ਅਨੁਸਾਰ ਦੁੱਗਣਾ ਨਹੀਂ ਕੀਤਾ ਗਿਆ, ਰੈਗੂਲਰ ਕਰਨ ਲਈ ਕੋਈ ਯਤਨ ਨਹੀਂ ਕੀਤੇ ਗਏ, ਗੁਆਂਢੀ ਸੂਬੇ ਹਰਿਆਣਾ ਦੇ ਬਰਾਬਰ 6500 ਰੁਪਏ ਮਹੀਨਾ ਮਾਣ ਭੱਤਾ ਦੇਣ ਲਈ ਗੰਭੀਰਤਾ ਨਹੀਂ ਦਿਖਾਈ ਜਾ ਰਹੀ, ਵਰਕਰਾਂ ਦਾ ਮੁਫਤ ਪੰਜ ਲੱਖ ਰੁਪਏ ਦਾ ਬੀਮਾ ਨਹੀਂ ਕੀਤਾ ਜਾ ਰਿਹਾ, ਸਾਲ ਦੌਰਾਨ ਦੋ ਵਰਦੀਆਂ ਨਹੀਂ ਦਿੱਤੀਆਂ ਜਾ ਰਹੀਆਂ, ਹਰ 25 ਬੱਚਿਆਂ ਪਿੱਛੇ ਇੱਕ ਹੋਰ ਵਾਧੂ ਵਰਕਰ ਨਹੀਂ ਰੱਖੀ ਜਾ ਰਹੀ, ਘੱਟੋ ਘੱਟ ਉਜਰਤ ਦੇ ਘੇਰੇ ਵਿੱਚ ਲਿਆ ਕੇ ਮਿੱਡ -ਡੇ-ਮੀਲ ਵਰਕਰਾਂ ਨੂੰ 18000 ਰੁਪਏ ਮਹੀਨਾ ਮਿਹਨਤਾਨਾ ਦੇਣ ਲਈ ਵੀ ਕੋਈ ਵੀ ਕਾਰਵਾਈ ਨਹੀਂ ਕੀਤੀ ਜਾ ਰਹੀ, ਮਿੱਡ -ਡੇ-ਮੀਲ ਵਰਕਰਾਂ ਤੋਂ ਜਬਰੀ ਹੋਰ ਵਾਧੂ ਕੰਮ ਲੈਣੇ ਬੰਦ ਨਹੀਂ ਕੀਤੇ ਜਾ ਰਹੇ, ਸਰਵਿਸ ਬੁੱਕਾਂ ਨਹੀਂ ਲਗਾਈਆਂ ਜਾ ਰਹੀਆਂ, ਪਛਾਣ ਪੱਤਰ ਜਾਰੀ ਨਹੀਂ ਕੀਤੇ ਜਾ ਰਹੇ। ਇਸ ਸਮੇਂ ਹੋਰਨਾਂ ਤੋਂ ਇਲਾਵਾ ਵਿੱਤ ਸਕੱਤਰ ਪ੍ਰਵੀਨ ਕੌਰ ਫਤਿਹਗੜ੍ਹ ਸਾਹਿਬ, ਕਮਲਜੀਤ ਕੌਰ ਹੁਸ਼ਿਆਰਪੁਰ, ਮਮਤਾ ਸੈਦਪੁਰ ਪ੍ਰਧਾਨ ਕਪੂਰਥਲਾ, ਕਮਲੇਸ਼ ਕੌਰ ਪ੍ਰਧਾਨ ਰੋਪੜ, ਸਿਮਰਨਜੀਤ ਕੌਰ ਜਲੰਧਰ, ਰਿੰਪੀ ਰਾਣੀ ਪ੍ਰਧਾਨ ਨਵਾਂਸ਼ਹਿਰ, ਸੰਤੋਸ਼ ਪਾਸੀ ਪ੍ਰਧਾਨ ਪਠਾਨਕੋਟ, ਜਸਵੀਰ ਕੌਰ ਪ੍ਰਧਾਨ ਲੁਧਿਆਣਾ, ਇਕਬਾਲ ਕੌਰ ਪ੍ਰਧਾਨ ਪਟਿਆਲਾ ਤੋਂ ਇਲਾਵਾ ਮਿੱਡ -ਡੇ-ਮੀਲ ਵਰਕਰਜ਼ ਯੂਨੀਅਨ ਪੰਜਾਬ ਦੇ ਸੂਬਾ ਸਲਾਹਕਾਰ ਅਤੇ ਪ.ਸ.ਸ.ਫ.ਦੇ ਸੂਬਾ ਜਨਰਲ ਸਕੱਤਰ ਤੀਰਥ ਸਿੰਘ ਬਾਸੀ ਸ਼ਾਮਲ ਸਨ।

# ਟ੍ਰੈਫਿਕ ਪੁਲਸ ਵੱਲੋਂ ਲਗਾਇਆ ਵਿਸ਼ੇਸ਼ ਜਾਗਰੂਕਤਾ ਸੈਮੀਨਾਰ

**ਬਲਾਚੌਰ (ਜਸਵਿੰਦਰ ਬੈਂਸ)** ਬਲਾਚੌਰ ਟ੍ਰੈਫਿਕ ਪੁਲਸ ਇੰਚਾਰਜ ਏ ਐਸ ਆਈ ਜੋਗਿੰਦਰ ਪਾਲ ਦੀ ਅਗਵਾਈ ਹੇਠ ਬਲਿਆਣਾ ਆਟੋ ਯੂਨੀਅਨ ਕੰਗਣਾ ਪੁਲ ਬਾਈਪਾਸ ਵਿਖੇ ਟ੍ਰੈਫਿਕ ਨਿਯਮਾਂ, ਨਸ਼ਿਆਂ ਦੇ ਮਾੜੇ ਪ੍ਰਭਾਵਾਂ ਅਤੇ ਸਾਈਬਰ ਕ੍ਰਾਈਮ ਸੰਬੰਧੀ ਵਿਸ਼ੇਸ਼ ਜਾਗਰੂਕਤਾ ਕੈਂਪ ਲਗਾਇਆ ਗਿਆ।ਏ ਐਸ ਆਈ ਜੋਗਿੰਦਰ ਪਾਲ ਨੇ ਸੰਬੋਧਨ ਕਰਦਿਆਂ ਹੋਇਆਂ ਕਿਹਾ ਕਿ ਸਮੁੱਚੇ ਵਾਹਨ ਚਾਲਕ ਟ੍ਰੈਫਿਕ ਨਿਯਮਾਂ ਦੀ ਪਾਲਣਾ ਕਰਨ ਨੂੰ ਯਕੀਨੀ ਬਣਾਉਣ ਤਾਂ ਜੋ ਹਾਦਸਿਆਂ ਨੂੰ ਠੱਲ ਪਾਈ ਜਾ ਸਕੇ।ਇਸ ਤੋਂ ਇਲਾਵਾ ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਅਤੇ ਪੁਲਸ ਵਿਭਾਗ ਵੱਲੋਂ ਨਸ਼ਿਆਂ ਖਿਲਾਫ ਚਲਾਈ ਗਈ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਦਾ ਵੀ ਵੱਧ ਤੋਂ ਵੱਧ ਸਹਿਯੋਗ ਦੇਣਾ ਚਾਹੀਦਾ ਹੈ ਤਾਂ ਜੋ ਇਸ ਬੁਰੀ ਅਲਾਮਤ ਨੂੰ ਜੜ ਤੋਂ ਖਤਮ ਕੀਤਾ ਜਾ ਸਕੇ।ਉਨ੍ਹਾਂ ਸਾਈਬਰ ਕ੍ਰਾਈਮ ਤੋਂ ਵੀ ਸੁਚੇਤ ਰਹਿਣ ਦੀ ਅਪੀਲ ਕੀਤੀ।ਉਨ੍ਹਾਂ ਕਿਹਾ ਕਿ ਕਿਸੇ ਵੀ ਵਿਅਕਤੀ ਨਾਲ ਮੋਬਾਈਲ ਫੋਨ ਤੇ ਓ ਟੀ ਪੀ, ਆਧਾਰ ਕਾਰਡ ਨੰਬਰ ਜਾਂ ਕਿਸੇ ਬੈਂਕ ਖਾਤੇ ਸਬੰਧੀ ਜਾਣਕਾਰੀ ਸਾਂਝੀ ਨਾ ਕੀਤੀ ਜਾਵੇ। ਇਸ ਮੌਕੇ ਪ੍ਰਧਾਨ ਬੰਸੀ ਲਾਲ, ਪਰਮਜੀਤ ਸਿੰਘ, ਸੁਰਿੰਦਰ ਸਿੰਘ, ਜੋਗਾ ਸਿੰਘ, ਰਜਿੰਦਰ ਸਿੰਘ ਮਲਕੀਤ ਸਿੰਘ, ਜਗਦੀਸ਼ ਕੁਮਾਰ, ਬਲਵੀਰ ਸਿੰਘ, ਪਰਮਜੀਤ ਸਿੰਘ, ਸ਼ਿਵ ਕੁਮਾਰ, ਰਕੇਸ਼ ਕੁਮਾਰ, ਕੁਲਵਿੰਦਰ ਸਿੰਘ, ਮੱਖਣ ਸਿੰਘ ਅਤੇ ਹੋਰ ਇਲਾਕਾ ਵਾਸੀ ਹਾਜ਼ਰ ਸਨ।

